ਵੀਰਵਾਰ, 12 ਮਾਰਚ, 2026
29 ਫੱਗਣ { ਨਾਨਕਸ਼ਾਹੀ 557 / ਬਿਕਰਮੀ 2082 }
ਜਿਲਦ/VOL. : 74
ਅੰਕ/NO. : 280

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • THURSDAY, 12 MARCH, 2026

ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

You Tube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 14



PUNJAB MEANS BUSINESS — PROGRESSIVE PUNJAB INVESTORS SUMMIT 26 — POLICY TO PRACTICE

INVEST PUNJAB INDIA BUSINESS FIRST

GOVT. OF PUNJAB

# 3 ਪਰਿਵਰਤਨਸ਼ੀਲ ਦਿਨ
# 30 ਮਾਰਗਦਰਸ਼ਕ ਸੈਸ਼ਨ

ਪੰਜਾਬ ਦੀ ਭਵਿੱਖੀ ਉਦਯੋਗਿਕ ਕ੍ਰਾਂਤੀ
ਦਾ ਖਾਕਾ ਤਿਆਰ ਕਰਨ ਲਈ ਵਿਚਾਰਾਂ ਦਾ ਪ੍ਰਭਾਵਸ਼ਾਲੀ ਆਦਾਨ ਪ੍ਰਦਾਨ



## ਪਹਿਲਾ ਦਿਨ — 13 ਮਾਰਚ, 2026

- ਦੁਪਹਿਰ 2:30–4:15 ਵਜੇ • ਪੈਰਲਲ ਕੰਟਰੀ ਸੈਸ਼ਨ
- ਸ਼ਾਮ 4:30–5:45 ਵਜੇ • ਪਲੈਨਰੀ ਸੈਸ਼ਨ – ਬਰੈਂਡ ਮੋਹਾਲੀ

## ਦੂਜਾ ਦਿਨ — 14 ਮਾਰਚ, 2026

- ਸਵੇਰੇ 11:00–12:15 ਵਜੇ • ਪਲੈਨਰੀ ਸੈਸ਼ਨ – ਅਕਾਦਮਿਕ ਅਤੇ ਖੋਜ
- ਸਵੇਰੇ 11:00 –12:00 ਵਜੇ • ਟੈਕਸਟਾਈਲ (ਲਿਬਾਸ ਅਤੇ ਤਕਨੀਕੀ ਟੈਕਸਟਾਈਲ)। ਏਅਰੋਸਪੇਸ ਅਤੇ ਰੱਖਿਆ। ਸਾਈਕਲ ਅਤੇ ਈ-ਬਾਈਕਸ। ਸਟਾਰਟਅੱਪਸ
- ਦੁਪਹਿਰ 12:30–1:30 ਵਜੇ • ਆਟੋ ਅਤੇ ਆਟੋ ਕੰਪੋਨੈਂਟਸ ਅਤੇ ਈ.ਵੀਜ਼। ਹੈਵੀ ਮਸ਼ੀਨਰੀ ਅਤੇ ਖੇਤੀਬਾੜੀ ਉਪਕਰਣ। ਸੈਰ ਸਪਾਟਾ ਅਤੇ ਪ੍ਰਾਹੁਣਚਾਰੀ। ਪਸ਼ੂ ਫ਼ੀਡ ਅਤੇ ਡੇਅਰੀ ਪ੍ਰੋਸੈਸਿੰਗ। ਟੈਕਸਟਾਈਲ : ਕਤਾਈ ਅਤੇ ਬੁਣਾਈ। ਹਸਪਤਾਲ ਅਤੇ ਸਿਹਤ ਸੰਭਾਲ
- ਦੁਪਹਿਰ 2:30–3:45 ਵਜੇ • ਪਲੈਨਰੀ ਸੈਸ਼ਨ — ਨਿਰਯਾਤ ਅਤੇ ਲਾਜਿਸਟਿਕਸ
- ਦੁਪਹਿਰ 2:30–3:30 ਵਜੇ • ਨਵਿਆਉਣਯੋਗ ਊਰਜਾ। ਖੇਤੀ ਅਤੇ ਫ਼ੂਡ ਪ੍ਰਾਸੈਸਿੰਗ। ਪਲਾਸਟਿਕ ਅਤੇ ਕੈਮੀਕਲ ਉਤਪਾਦ
- ਸ਼ਾਮ 4:00–5:00 ਵਜੇ • ਖੇਡਾਂ ਅਤੇ ਚਮੜਾ ਉਤਪਾਦ। ਸਟੀਲ ਅਤੇ ਰੋਲਿੰਗ ਮਿੱਲਜ਼। ਫ਼ਾਰਮਾਸਿਊਟੀਕਲਜ਼ ਅਤੇ ਬਾਇਉਟੈਕਨਾਲੌਜੀ। ਟੈਕਸਟਾਈਲ: ਰੰਗਾਈ ਅਤੇ ਫ਼ਿਨਿਸ਼ਿੰਗ। ਦਸਤੀ ਅਤੇ ਮਸ਼ੀਨੀ ਔਜ਼ਾਰ, ਬਿਜਲਈ ਉਪਕਰਣ। ਇਲੈਕਟ੍ਰਾਨਿਕ ਸਿਸਟਮ ਡੀਜ਼ਾਈਨ ਅਤੇ ਨਿਰਮਾਣ
- ਸ਼ਾਮ 5:15-6:30 ਵਜੇ • ਪਲੈਨਰੀ ਸੈਸ਼ਨ- ਆਰਟੀਫ਼ਿਸ਼ੀਅਲ ਇੰਟੈਲੀਜੈਂਸ

## ਤੀਜਾ ਦਿਨ — 15 ਮਾਰਚ, 2026

- ਸਵੇਰੇ 10:00–11:15 • ਪਲੈਨਰੀ ਸੈਸ਼ਨ – ਐਮ.ਐਸ.ਐਮ.ਈ.
- ਸਵੇਰੇ 10:00–11:00 • ਮੀਡੀਆ ਅਤੇ ਮਨੋਰੰਜਨ। ਆਈ.ਟੀ/ਆਈ.ਟੀ.ਈ.ਐਸ. ਅਤੇ ਫ਼ਰਨੀਚਰ ਤੇ ਪਲਾਈ ਉਦਯੋਗ
- ਦੁਪਹਿਰ 12:00–1:30 • ਸਮਾਪਤੀ ਸੈਸ਼ਨ



ਸਾਡੇ ਨਾਲ ਜੁੜੋ:
# ਪ੍ਰਗਤੀਸ਼ੀਲ ਪੰਜਾਬ ਨਿਵੇਸ਼ਕ ਸੰਮੇਲਨ 2026

13-15 ਮਾਰਚ, 2026 ਪਲਾਕਸ਼ਾ ਯੂਨੀਵਰਸਿਟੀ, ਮੋਹਾਲੀ

ਸ. ਭਗਵੰਤ ਸਿੰਘ ਮਾਨ
ਮੁੱਖ ਮੰਤਰੀ, ਪੰਜਾਬ

ਸੂਚਨਾ ਅਤੇ ਲੋਕ ਸੰਪਰਕ ਵਿਭਾਗ, ਪੰਜਾਬ

# ਕੌਮਾਂਤਰੀ ਮਹਿਲਾ ਦਿਵਸ ਮੌਕੇ ਐੱਸ ਡੀ ਗਰਲਜ਼ ਕਾਲਜ ਵਿਖੇ ਸੰਵਾਦ ਦਾ ਆਯੋਜਨ



**ਮਾਨਸਾ (ਆਤਮਾ ਸਿੰਘ ਪਮਾਰ)**

ਭਾਸ਼ਾ ਵਿਭਾਗ, ਪੰਜਾਬ ਵੱਲੋਂ ਕੌਮਾਂਤਰੀ ਮਹਿਲਾ ਦਿਵਸ ਨੂੰ ਸਮਰਪਿਤ ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ 'ਚ ਅਨੇਕ ਤਰ੍ਹਾਂ ਦੇ ਸਮਾਗਮ ਕਰਵਾਏ ਜਾ ਰਹੇ ਹਨ।ਇਸੇ ਕੜੀ ਤਹਿਤ ਦਫ਼ਤਰ ਜ਼ਿਲ੍ਹਾ ਭਾਸ਼ਾ ਅਫ਼ਸਰ ਮਾਨਸਾ ਵੱਲੋਂ ਸਥਾਨਕ ਐੱਸ.ਡੀ. ਕੰਨਿਆ ਮਹਾਂਵਿਦਿਆਲਾ ਵਿਖੇ ਸਖੀ ਸੰਵਾਦ: 'ਚੁੱਪ ਤੋਂ ਚਾਨਣ ਤੱਕ' ਸਿਰਲੇਖ ਅਧੀਨ ਸਮਾਗਮ ਦਾ ਆਯੋਜਨ ਕਰਵਾਇਆ ਗਿਆ। ਸਮਾਗਮ ਦੀ ਪ੍ਰਧਾਨਗੀ ਕਾਲਜ ਦੇ ਪ੍ਰਿੰਸੀਪਲ ਡਾ. ਗਰਿਮਾ ਮਹਾਜਨ ਨੇ ਕੀਤੀ। ਸ਼ਰਨਜੀਤ ਕੌਰ ਜ਼ਿਲ੍ਹਾ ਪ੍ਰਧਾਨ ਇਸਤਰੀ ਵਿੰਗ (ਆਪ) ਮਾਨਸਾ ਅਤੇ ਡਾ. ਗੁਰਮੇਲ ਕੌਰ ਜੋਸ਼ੀ ਨੇ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕੀਤੀ। ਸਮਾਗਮ 'ਚ ਡਾ. ਨੀਤੂ ਅਰੋੜਾ ਸਹਾਇਕ ਪ੍ਰੋਫ਼ੈਸਰ ਯੂਨੀਵਰਸਿਟੀ ਕਾਲਜ ਘੁੱਦਾ, ਡਾ. ਲਵਲੀਨ ਵੜਿੰਗ ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫ਼ਸਰ, ਮਾਨਸਾ ਅਤੇ ਜਸ਼ਨਪ੍ਰੀਤ ਕੌਰ ਰਿਸਰਚ ਸਕਾਲਰ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਸੰਵਾਦ ਕਰਤਾ ਵਜੋਂ ਸ਼ਾਮਲ ਹੋਏ। ਮੰਚ ਸੰਚਾਲਨ ਦੀ ਭੂਮਿਕਾ ਕਾਲਜ ਦੇ ਪੰਜਾਬੀ ਵਿਭਾਗ ਦੀ ਮੁਖੀ ਪ੍ਰੋਫ਼ੈਸਰ ਬਲਜੀਤ ਕੌਰ ਨੇ ਬਾਖ਼ੂਬੀ ਨਿਭਾਈ।ਸਮਾਗਮ ਦੀ ਸ਼ੁਰੂਆਤ ਖੋਜ ਅਫ਼ਸਰ ਗੁਰਪ੍ਰੀਤ ਸਿੰਘ ਨੇ ਆਪਣੀ ਕਵਿਤਾ ਰਾਹੀਂ ਕੀਤੀ।ਜਿਸ 'ਚ ਉਨ੍ਹਾਂ ਧੀ ਨੂੰ ਪੁੱਤਰ ਦੇ ਸਮਾਨ ਆਜ਼ਾਦੀ ਦੇਣ ਦੀ ਗੱਲ ਕਹੀ।ਇਸ ਉਪਰੰਤ ਜ਼ਿਲ੍ਹਾ ਭਾਸ਼ਾ ਅਫ਼ਸਰ ਤੇਜਿੰਦਰ ਕੌਰ ਨੇ ਮਹਿਮਾਨਾਂ ਦਾ ਸਵਾਗਤ ਕਰਦਿਆਂ ਸਮਾਗਮ ਦੇ ਸੰਵਾਦਕਰਤਾਵਾਂ ਡਾ. ਨੀਤੂ ਅਰੋੜਾ, ਡਾ. ਲਵਲੀਨ ਵੜਿੰਗ ਅਤੇ ਜਸ਼ਨਪ੍ਰੀਤ ਕੌਰ ਨਾਲ ਸੰਵਾਦ ਰਚਾਇਆ।ਇਸ ਸੰਵਾਦ ਚੋਂ ਇਹ ਗੱਲ ਉਭਰਕੇ ਸਾਹਮਣੇ ਆਈ ਕਿ ਪੂੰਜੀਵਾਦ ਭਾਵੇਂ ਔਰਤ ਦੀ ਆਜ਼ਾਦੀ ਨੂੰ ਪਹਿਲਾਂ ਨਾਲੋਂ ਬਿਹਤਰ ਦਿਖਾਉਂਦਾ ਹੈ ਪਰੰਤੂ ਔਰਤ ਦਾ ਸਵਾਲ ਅਜੇ ਵੀ ਜਿਉਂ ਦਾ ਤਿਉਂ ਹੀ ਹੈ।ਬੇਸ਼ਕ ਦਾਦੀ ਨਾਲੋਂ ਸਾਡੀਆਂ ਮਾਵਾਂ ਦੀ ਜ਼ਿੰਦਗੀ ਬਿਹਤਰ ਹੋਈ ਹੈ ਮਾਵਾਂ ਨਾਲੋਂ ਸਾਡੀ ਖ਼ੁਦ ਦੀ ਜ਼ਿੰਦਗੀ 'ਚ ਕੁੱਝ ਅੰਤਰ ਦਿਖਾਈ ਦੇ ਰਿਹਾ ਹੈ, ਪਰੰਤੂ ਔਰਤ ਦੀ ਬਰਾਬਰੀ ਦਾ ਸਵਾਲ ਪਰਿਵਾਰਿਕ ਸੰਸਥਾ, ਵਿਆਹ ਦੀ ਸੰਸਥਾ ਅਤੇ ਵਸੀਅਤ ਦੀ ਸੰਸਥਾ ਨੂੰ ਨਵੇਂ ਸਿਰੇ ਤੋਂ ਸਿਰਜਣ ਨਾਲ ਹੀ ਹੱਲ ਹੋਣਾ ਹੈ।ਦੁਨੀਆਂ ਦੀ ਕਿਰਤ 'ਚ 60 ਪ੍ਰਤੀਸ਼ਤ ਔਰਤਾਂ ਦੀ ਭਾਗੇਦਾਰੀ ਹੈ ਜਦੋਂ ਕਿ ਪੂੰਜੀ 'ਚ ਸਿਰਫ਼ ਇੱਕ ਪ੍ਰਤੀਸ਼ਤ ਹੈ। ਇਸ ਲਈ ਇਹ ਆਰਥਿਕ ਨਾਬਰਾਬਰੀ ਵੀ ਔਰਤ ਦੇ ਸਵਾਲ ਨੂੰ ਹੋਰ ਵੱਡਾ ਕਰਦੀ ਹੈ।ਇਸ ਸੰਵਾਦ ਵਿੱਚ ਇਹ ਗੱਲ ਵੀ ਸਾਹਮਣੇ ਆਈ ਕਿ ਔਰਤ ਮਰਦ ਦੀ ਬਰਾਬਰੀ ਅਸਲ 'ਚ ਇੱਕ ਪਰਿਵਾਰ ਤੋਂ ਸ਼ੁਰੂ ਹੋ ਕੇ ਪਿੰਡ, ਸ਼ਹਿਰ ਅਤੇ ਸਮਾਜ 'ਚ ਫੈਲਣੀ ਹੈ।ਇਸ ਲਈ ਔਰਤ ਨੂੰ ਆਪਣਾ ਆਪ ਵੀ ਦੇਖਣਾ ਪਵੇਗਾ।

ਇਸ ਸੰਵਾਦ 'ਚ ਕਾਲਜ ਦੀਆਂ ਵਿਦਿਆਰਥਣਾਂ ਨੇ ਆਪਣੇ ਸਵਾਲ ਕੀਤੇ ਜਿਨ੍ਹਾਂ ਦੇ ਸੰਵਾਦਕਰਤਾਵਾਂ ਵੱਲੋਂ ਸੁਚੱਜੇ ਢੰਗ ਨਾਲ ਜਵਾਬ ਦਿੱਤੇ ਗਏ।ਇਸ ਸਮਾਗਮ 'ਚ ਕਹਾਣੀਕਾਰ ਜਸਵਿੰਦਰ ਰੱਤੀਆਂ, ਇੰਦਰਜੀਤ ਉੱਭਾ ਨੇ ਵੀ ਸਮਾਜ 'ਚ ਔਰਤ ਦੇ ਸਥਾਨ ਪ੍ਰਤੀ ਆਪਣੇ ਵਿਚਾਰ ਪੇਸ਼ ਕੀਤੇ।ਪ੍ਰਧਾਨਗੀ ਭਾਸ਼ਣ ਦਿੰਦਿਆਂ ਕਾਲਜ ਪ੍ਰਿੰਸੀਪਲ ਡਾ. ਗਰਿਮਾ ਮਹਾਜਨ ਨੇ ਭਾਸ਼ਾ ਵਿਭਾਗ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਸਾਡੇ ਕਾਲਜ 'ਚ ਇਸ ਤਰ੍ਹਾਂ ਦਾ ਸੰਵਾਦ ਪਹਿਲੀ ਵਾਰ ਹੋਇਆ ਹੈ।ਸਮਾਗਮ ਦੌਰਾਨ ਦਫ਼ਤਰ ਵੱਲੋਂ ਵਿਭਾਗੀ ਪੁਸਤਕਾਂ ਦੀ ਪ੍ਰਦਰਸ਼ਨੀ ਵੀ ਲਗਾਈ ਗਈ।ਸਮਾਗਮ ਮੌਕੇ ਆਤਮਾ ਸਿੰਘ ਪਮਾਰ, ਹਰਬੰਸ ਸਿੰਘ ਢਿੱਲੋਂ, ਤਰਸੇਮ ਜੋਗਾ, ਸਰਬਜੀਤ ਸਿੰਘ, ਅਰਸ਼ਦੀਪ ਸਿੰਘ, ਓਮ ਪ੍ਰਕਾਸ਼, ਜੁਗਰਾਜ ਸਿੰਘ, ਕਾਲਜ ਦੇ ਪ੍ਰੋਫ਼ੈਸਰ ਸਹਿਬਾਨ ਅਤੇ ਵਿਦਿਆਰਥੀ ਵੀ ਵੱਡੀ ਤਾਦਾਦ ਵਿਚ ਹਾਜ਼ਰ ਸਨ।

## ਭਾਜਪਾ ਦਾ ਕੁਨਬਾ ਲਗਾਤਾਰ ਵਧ ਰਿਹਾ : ਮੁਨੀਸ਼ ਬੱਬੀ ਦਾਨੇਵਾਲੀਆ



**ਭੀਖੀ (ਧਰਮਵੀਰ ਸ਼ਰਮਾ)**-ਭਾਜਪਾ 'ਚ ਲਗਾਤਾਰ ਨਵੀਆਂ ਨਿਯੁਕਤੀਆਂ ਕੀਤੀਆਂ ਜਾ ਰਹੀਆਂ ਹਨ, ਇਸ ਤਹਿਤ ਭਾਰਤੀਯ ਜਨਤਾ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਗੋਮਾ ਰਾਮ ਪੂਨੀਆ ਅਤੇ ਮੁਨੀਸ਼ ਬੱਬੀ ਦਾਨੇਵਾਲੀਆ ਜ਼ਿਲ੍ਹਾ ਜਨਰਲ ਸਕੱਤਰ ਮਾਨਸਾ ਦੀ ਅਗਵਾਈ ਹੇਠ ਮੀਟਿੰਗ ਤੇ ਵਿਚਾਰਾਂ ਕਰਨ ਉਪਰੰਤ ਕੁਲਦੀਪ ਸਿੰਘ ਸਾਬਕਾ ਸਰਪੰਚ ਮੌਜੋ ਕਲਾਂ ਨੂੰ ਸਰਕਲ ਹਮੀਰਗੜ੍ਹ ਢੈਪਈ ਦਾ ਪ੍ਰਧਾਨ, ਬੁੱਧ ਸਿੰਘ ਹੀਰੋਂ ਕਲਾਂ ਨੂੰ ਜਨਰਲ ਸਕੱਤਰ, ਗੁਰਤੇਜ ਸਿੰਘ ਮੌਜੋ ਖੁਰਦ ਨੂੰ ਐੱਸ.ਸੀ. ਵਿੰਗ ਦਾ ਪ੍ਰਧਾਨ ਅਤੇ ਬਬਲੀ ਸਿੰਘ ਮੱਤੀ ਨੂੰ ਯੂਥ ਵਿੰਗ ਦਾ ਪ੍ਰਧਾਨ ਨਿਯੁਕਤ ਕੀਤਾ ਗਿਆ।ਗੁਰਚਰਨ ਸਿੰਘ ਸਾਹਨੇਵਾਲ ਜ਼ਿਲ੍ਹਾ ਯੂਥ ਪ੍ਰਧਾਨ ਅਤੇ ਸੀਨੀਅਰ ਭਾਜਪਾ ਆਗੂ ਅਜੈ ਸ਼ਰਮਾ ਸਮਾਉਂ ਵਿਸ਼ੇਸ਼ ਤੌਰ ਪਹੁੰਚੇ ਤੇ ਮੁਨੀਸ਼ ਬੱਬੀ ਦਾਨੇਵਾਲੀਆ ਨੇ ਇਨਾ ਨਵੇਂ ਅਹੁਦੇਦਾਰਾਂ ਨੂੰ ਨਿਯੁਕਤੀ ਦੀਆਂ ਵਧਾਈਆਂ ਦਿੰਦਿਆਂ ਕਿਹਾ ਕਿ ਭਵਿੱਖ ਚ ਉਨ੍ਹਾਂ ਪਾਸੋਂ ਵੱਡੀਆਂ ਆਸਾਂ ਹਨ।ਉਹ ਪਾਰਟੀ ਲਈ ਤਨਦੇਹੀ ਨਾਲ ਕੰਮ ਕਰਨਗੇ।ਉਨ੍ਹਾਂ ਕਿਹਾ ਕਿ ਭਾਜਪਾ ਦੀ ਟੀਮ ਵਿੱਚ ਨਵੀਆਂ ਨਿਯੁਕਤੀਆਂ ਨਵੀਂ ਸੋਚ ਦਾ ਆਗਾਜ਼ ਹਨ। ਉਨ੍ਹਾਂ ਕਿਹਾ ਕਿ ਭਾਰਤੀਯ ਜਨਤਾ ਪਾਰਟੀ ਪੰਜਾਬ ਵਿੱਚ ਲਗਾਤਾਰ ਵਾਧਾ ਹੋ ਰਿਹਾ ਹੈ, ਜਿਸ ਤੋਂ ਇਹ ਪਤਾ ਲੱਗਦਾ ਹੈ ਕਿ ਆਉਣ ਵਾਲੀਆਂ 2027 ਦੀਆਂ ਚੋਣਾਂ ਵਿੱਚ ਭਾਜਪਾ ਦੀ ਅਗਵਾਈ ਵਾਲੀ ਸਰਕਾਰ ਬਣੇਗੀ।ਹੁਣ ਪੰਜਾਬ ਦੇ ਲੋਕ ਜਾਗ ਪਏ ਹਨ ਅਤੇ ਉਨ੍ਹਾਂ ਨੂੰ ਮੋਦੀ ਦੀ ਸਰਕਾਰ ਦੇ ਕੀਤੇ ਹੋਏ ਕੰਮਾਂ ਲਈ ਅਤੇ ਆ ਰਹੀਆਂ ਸਕੀਮਾਂ ਤੋਂ ਜਾਣੂ ਹੋ ਗਏ ਹਨ। ਇਸ ਲਈ ਭਾਜਪਾ ਪੰਜਾਬ ਵਿੱਚ ਤਰੱਕੀ ਕਰ ਰਹੀ ਹੈ।

## ਤਿੰਨ ਰੋਜ਼ਾ ਪੰਜਾਬ ਸਖੀ ਸ਼ਕਤੀ ਮੇਲਾ ਸ਼ਾਨੋ-ਸ਼ੌਕਤ ਨਾਲ ਸਮਾਪਤ



**ਫ਼ਿਰੋਜ਼ਪੁਰ (ਗੁਰਬਚਨ ਸਿੰਘ)**-ਪੰਜਾਬ ਸਰਕਾਰ ਦੇ ਨਿਰਦੇਸ਼ਾਂ ਹੇਠ ਜ਼ਿਲ੍ਹਾ ਪ੍ਰਸ਼ਾਸਨ ਫ਼ਿਰੋਜ਼ਪੁਰ ਵੱਲੋਂ ਮੇਲਾ ਗਰਾਊਂਡ ਸਾਹਮਣੇ ਸ਼ੀਤਲਾ ਮਾਤਾ ਮੰਦਰ ਫ਼ਿਰੋਜ਼ਪੁਰ ਛਾਉਣੀ ਵਿਖੇ ਕਰਾਇਆ ਗਿਆ। 3 ਰੋਜ਼ਾ ਪੰਜਾਬ ਸਖੀ ਸ਼ਕਤੀ ਮੇਲਾ ਅਮਿੱਟ ਯਾਦਾਂ ਛੱਡਦਿਆਂ ਸੰਪੰਨ ਹੋ ਗਿਆ ਹੈ।ਇਸ ਤਿੰਨ ਰੋਜ਼ਾ ਪੰਜਾਬ ਸਖੀ ਸ਼ਕਤੀ ਮੇਲੇ ਦਾ ਮੁੱਖ ਮਕਸਦ ਪੰਜਾਬ ਸਰਕਾਰ ਵੱਲੋਂ ਸਵੈ ਸਹਾਇਤਾ ਸਮੂਹਾਂ ਖਾਸ ਕਰਕੇ ਉੱਦਮੀ ਔਰਤਾਂ ਦੀ ਮਦਦ ਕਰਨ ਤੇ ਉਨ੍ਹਾਂ ਨੂੰ ਇੱਕ ਮੰਚ ਮੁਹੱਈਆ ਕਰਾਉਣਾ ਹੈ! ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਸ੍ਰੀ ਕ੍ਰਿਸ਼ਨਾ ਪਾਲ ਰਾਜਪੂਤ ਨੇ ਮੇਲੇ ਵਿੱਚ ਸ਼ਿਰਕਤ ਕਰਨ ਲਈ ਆਏ ਵੱਖ-ਵੱਖ ਮਹਿਮਾਨਾਂ ਤੇ ਲੋਕਾਂ ਦਾ ਧੰਨਵਾਦ ਕੀਤਾ ਗਿਆ।ਉਨ੍ਹਾਂ ਕਿਹਾ ਕਿ ਪੰਜਾਬ ਦੀਆਂ ਉੱਦਮੀ ਔਰਤਾਂ ਤੇ ਸ਼ਿਲਪਕਾਰਾਂ ਵੱਲੋਂ ਬਣਾਈਆਂ ਵਸਤਾਂ ਨੂੰ ਇੱਕੋ ਮੰਚ ਮੁਹੱਈਆ ਕਰਾਉਣ ਲਈ ਪੰਜਾਬ ਸਖੀ ਸ਼ਕਤੀ ਮੇਲਾ ਚੱਲ ਰਿਹਾ ਸੀ ਤੇ ਅੱਜ ਇਸ ਮੇਲੇ ਦਾ ਆਖਰੀ ਦਿਨ ਹੈ।ਵਧੀਕ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਡਿਪਟੀ ਕਮਿਸ਼ਨਰ ਦੀਪਸ਼ਿਖ਼ਾ ਸ਼ਰਮਾ ਦੀ ਅਗਵਾਈ ਹੇਠ ਆਯੋਜਤ ਇਸ ਮੇਲੇ ਦੇ ਆਖ਼ਰੀ ਦਿਨ ਵੱਖ-ਵੱਖ ਸਰਕਾਰੀ ਤੇ ਪ੍ਰਾਈਵੇਟ ਸਕੂਲਾਂ ਦੇ ਬੱਚਿਆਂ ਅਤੇ ਲੋਕ ਗਾਇਕਾਂ ਵੱਲੋਂ ਸ਼ਬਦ ਗਾਇਨ, ਪੰਜਾਬੀ ਲੋਕ ਨਾਚ, ਗਿੱਧਾ, ਭੰਗੜਾ, ਗੀਤ, ਕਵਿਤਾਵਾਂ ਤੇ ਨਾਟਕ ਆਦਿ ਦੀ ਪੇਸ਼ਕਾਰੀ ਨੇ ਖੂਬ ਰੰਗ ਬੰਨਿਆ।ਇਸ ਮੇਲੇ ਵਿੱਚ ਨੌਰਥ ਜੋਨ ਕਲਚਰ ਸੈਂਟਰ ਵੱਲੋਂ ਵੱਖ-ਵੱਖ ਅੱਠ ਸੂਬਿਆਂ ਦੇ ਡਾਂਸ ਪਰਫਾਰਮੈਂਸ ਕੀਤੀ ਗਈ। ਇਸ ਦੌਰਾਨ ਵੱਖ-ਵੱਖ ਕਾਲਜਾਂ ਤੇ ਹੋਰਨਾਂ ਸਟੇਟਾਂ ਤੋਂ ਆਈਆਂ ਟੀਮਾਂ ਵੱਲੋਂ ਸੋਲੋ ਲੋਕ ਗੀਤ, ਗਰੁੱਪ ਡਾਂਸ, ਨੁੱਕੜ ਨਾਟਕ, ਭੰਗੜਾ ਆਦਿ ਦੀ ਸ਼ਾਨਦਾਰ ਪੇਸ਼ਕਾਰੀ ਕੀਤੀ ਗਈ। ਮੇਲੇ ਵਿੱਚ ਜਿੱਥੇ ਵੱਖ-ਵੱਖ ਕਲਾਕਾਰਾਂ ਨੇ ਰੰਗ ਬੰਨ੍ਹਿਆ, ਉਥੇ ਵਿਸ਼ੇਸ਼ ਤੌਰ 'ਤੇ ਪੰਜਾਬੀ ਲੋਕ ਗਾਇਕਾ ਅਮਨ ਰੋਜ਼ੀ ਨੇ ਆਪਣੇ ਗੀਤਾਂ ਰਾਹੀਂ ਸਮੂਹ ਹਾਜ਼ਰੀਨ ਨੂੰ ਝੂਮਣ ਲਾਇਆ।

## ਲਿਖਾਰੀ ਸਭਾ ਦੀ ਮੀਟਿੰਗ 'ਚ ਚੱਲਿਆ ਰਚਨਾਵਾਂ ਦਾ ਦੌਰ



**ਮੋਗਾ (ਇਕਬਾਲ ਸਿੰਘ ਖਹਿਰਾ)**-ਨੇਚਰ ਪਾਰਕ ਵਿਖੇ ਲਿਖਾਰੀ ਸਭਾ ਮੋਗਾ ਦੀ ਵਿਸ਼ੇਸ਼ ਮੀਟਿੰਗ ਪਰਮਜੀਤ ਸਿੰਘ ਦੀ ਪ੍ਰਧਾਗੀ ਹੇਠ ਹੋਈ।ਮੀਟਿੰਗ ਵਿਚ ਮੌਜੂਦਾ ਅਮਰੀਕਾ ਇਰਾਨ ਜੰਗ ਬਾਰੇ ਖੁੱਲ੍ਹਾ ਵਿਚਾਰ ਵਟਾਂਦਰਾ ਕਰਦਿਆਂ ਲੇਖਕਾਂ ਨੇ ਚਿੰਤਾ ਪ੍ਰਗਟ ਕੀਤੀ ਕਿ ਸੰਸਾਰ ਤੇ ਯੁੱਧ ਦੀਆਂ ਸੰਭਾਵਨਾਵਾਂ ਵੱਧ ਰਹੀਆਂ ਹਨ, ਜੋ ਚਿੰਤਾਜਨਕ ਹੈ। ਇੱਕ ਮਤਾ ਪਾਸ ਕਰਕੇ ਅੰਤਰਰਾਸ਼ਟਰੀ ਇਸਤਰੀ ਦਿਵਸ 'ਤੇ ਸਮੂਹ ਬੀਬੀਆਂ ਨੂੰ ਮੁਬਾਰਕਾਂ ਦਿੱਤੀਆਂ ਗਈਆਂ। ਜੋਧ ਸਿੰਘ ਨੇ ਉਰਦੂ ਤੇ ਪੰਜਾਬੀ ਵਿਚ 'ਸਾਰੇ ਜਹਾਂ ਸੇ ਅੱਛਾ ਹਿੰਦੁਸਤਾਨ ਹਮਾਰਾ' ਕਵਿਤਾ ਪੇਸ਼ ਕੀਤੀ।

## ਵਿਸ਼ਵਜੋਤ ਸਿੰਘ ਬਰਾੜ ਦੇ ਲੈਫਟੀਨੈਂਟ ਬਣਨ 'ਤੇ ਖ਼ੁਸ਼ੀ ਦੀ ਲਹਿਰ




**ਸ੍ਰੀ ਮੁਕਤਸਰ ਸਾਹਿਬ (ਕੁਲਭੂਸ਼ਨ ਚਾਵਲਾ)**-ਵਿਸ਼ਵਜੋਤ ਸਿੰਘ ਬਰਾੜ ਦੇ ਭਾਰਤੀ ਫੌਜ 'ਚ ਬਤੌਰ ਲੈਫਟੀਨੈਂਟ ਚੁਣੇ ਜਾਣ 'ਤੇ ਮੁਕਤਸਰ ਵਾਸੀਆਂ 'ਚ ਭਾਰੀ ਖ਼ੁਸ਼ੀ ਪਾਈ ਜਾ ਰਹੀ ਹੈ।ਵਿਸ਼ਵਜੋਤ ਸਿੰਘ ਬਰਾੜ ਦੇ ਪਿਤਾ ਹਰਵਿੰਦਰ ਸਿੰਘ ਬਰਾੜ ਤੇ ਮਾਤਾ ਪਰਮਜੀਤ ਕੌਰ ਬਰਾੜ ਨੇ ਦੱਸਿਆ ਕਿ ਬੇਟਾ ਵਿਸ਼ਵਜੋਤ ਸਿੰਘ ਬਰਾੜ ਪੜ੍ਹਾਈ ਦੌਰਾਨ ਹੀ ਭਾਰਤੀ ਫੌਜ 'ਚ ਅਫਸਰ ਬਣਨ ਦੀ ਤਿਆਰੀ ਕਰ ਰਿਹਾ ਸੀ।ਉਨ੍ਹਾਂ ਦੱਸਿਆ ਕਿ ਲਿਟਲ ਫਲਾਵਰ ਸਕੂਲ 'ਚ ਪੜ੍ਹਦਿਆਂ ਹੀ ਉਸਦਾ ਬੇਸ ਬਣਿਆ ਤੇ ਉਸ ਨੇ ਉਚੇਰੀ ਸਿੱਖਿਆ ਗੁਰੂ ਨਾਨਕ ਕਾਲਜ ਸ੍ਰੀ ਮੁਕਤਸਰ ਸਾਹਿਬ ਤੋਂ ਪ੍ਰਾਪਤ ਕੀਤੀ।ਲੈਫਟੀਨੈਂਟ ਵਿਸ਼ਵਜੋਤ ਸਿੰਘ ਬਰਾੜ ਨੇ ਦੱਸਿਆ ਕਿ ਇਸ ਕਾਮਯਾਬੀ ਦਾ ਸਿਹਰਾ ਉਨ੍ਹਾਂ ਦੇ ਪਿਤਾ ਹਰਵਿੰਦਰ ਸਿੰਘ ਬਰਾੜ ਤੇ ਮਾਤਾ ਪਰਮਜੀਤ ਕੌਰ ਬਰਾੜ ਵੱਲੋਂ ਮਿਲੇ ਹਰ ਤਰ੍ਹਾਂ ਦੇ ਸਹਿਯੋਗ ਅਤੇ ਸਕੂਲ ਅਧਿਆਪਕਾਂ ਦੀ ਮਿਹਨਤ ਦਾ ਨਤੀਜਾ ਹੈ।ਇਸ ਖ਼ੁਸ਼ੀ ਦੇ ਮੌਕੇ 'ਤੇ ਰਿਸ਼ਤੇਦਾਰਾਂ ਅਤੇ ਸ਼ਹਿਰ ਵਾਸੀਆਂ ਨੇ ਢੋਲ ਢਮੱਕੇ ਨਾਲ ਉਸਦਾ ਸਵਾਗਤ ਕੀਤਾ ਤੇ ਫੁੱਲਾਂ ਦੀ ਵਰਖਾ ਕੀਤੀ।ਉਹ ਵਾਹਿਗੁਰੂ ਦਾ ਸ਼ੁਕਰਾਨਾ ਕਰਨ ਲਈ ਗੁਰਦੁਆਰਾ ਸ੍ਰੀ ਟੁੱਟੀ ਗੰਢੀ ਸਾਹਿਬ ਵਿਖੇ ਨਤਮਸਤਕ ਹੋਏ, ਉੱਥੇ ਹੀ ਉਹ ਆਪਣੇ ਜੱਦੀ ਪਿੰਡ ਬੂੜਾਗੁੱਜਰ ਵਿਖੇ ਪਹੁੰਚੇ, ਜਿੱਥੇ ਪਿੰਡ ਵਾਸੀਆਂ ਨੇ ਉਨ੍ਹਾਂ ਦਾ ਭਰਪੂਰ ਸਵਾਗਤ ਕੀਤਾ।ਵਿਸ਼ਵਜੋਤ ਸਿੰਘ ਬਰਾੜ ਨੇ ਦੱਸਿਆ ਕਿ ਉਨ੍ਹਾਂ ਨੇ ਇਲਾਹਾਬਾਦ ਸਮੇਤ ਕਈ ਥਾਵਾਂ 'ਤੇ ਲੈਫਟੀਨੈਂਟ ਦੀਆਂ ਪ੍ਰੀਖਿਆਵਾਂ ਦਿੱਤੀਆਂ ਸਨ।ਆਖਰ ਨੌਵੀਂ ਵਾਰ ਉਹ 23 ਫੀਲਡ ਆਰਟੀਲਰੀ ਵਿੱਚ ਬਤੌਰ ਲੈਫਟੀਨੈਂਟ ਸਿਲੈਕਟ ਹੋਏ ਹਨ।ਉਨ੍ਹਾਂ ਦੱਸਿਆ ਕਿ 350 ਜਵਾਨਾਂ ਵਿੱਚੋਂ ਉਹ ਇਕੱਲੇ ਹੀ ਪੰਜਾਬ ਵਿੱਚੋਂ ਸਿੱਖ ਵਜੋਂ ਭਰਤੀ ਹੋਏ ਹਨ।ਉਨ੍ਹਾਂ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਐੱਨ.ਸੀ.ਸੀ. ਵਿੱਚ ਭਰਤੀ ਹੋ ਕੇ ਫੌਜੀ ਟ੍ਰੇਨਿੰਗ ਲੈਣ ਤਾਂ ਜੁ ਫੌਜ ਵਿੱਚ ਭਰਤੀ ਸਮੇਂ ਉਨ੍ਹਾਂ ਨੂੰ ਦਿੱਕਤ ਨਾ ਆਵੇ।

## ਰਣਜੋਧ ਸਿੰਘ ਹਡਾਣਾ ਵੱਲੋਂ ਦਰਜਨਾਂ ਪਿੰਡਾਂ ਨੂੰ ਜੋੜਣ ਵਾਲੀਆਂ ਸੜਕਾਂ ਦੇ ਉਦਘਾਟਨ



**ਸਨੌਰ (ਰਾਜਿੰਦਰ ਸਿੰਘ ਥਿੰਦ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪਿੰਡਾਂ ਦਾ ਵਿਕਾਸ ਹੀ ਪੰਜਾਬ ਦਾ ਵਿਕਾਸ ਨਾਅਰੇ ਨੂੰ ਸਾਰਥਕ ਕਰਦਿਆਂ ਵਿਕਾਸ ਕਾਰਜਾਂ ਦੀ ਲੜੀ ਨੂੰ ਹੋਰ ਤੇਜ਼ ਕੀਤਾ ਗਿਆ।ਹਲਕਾ ਇੰਚਾਰਜ ਸਰਦਾਰ ਰਣਜੋਧ ਸਿੰਘ ਹਡਾਣਾ ਵੱਲੋਂ ਹਲਕੇ ਦੇ ਵੱਖ-ਵੱਖ ਪਿੰਡਾਂ ਵਿੱਚ ਸੜਕਾਂ ਦੇ ਨਵੀਨੀਕਰਨ ਦੇ ਕੰਮਾਂ ਦੇ ਉਦਘਾਟਨ ਕੀਤੇ ਗਏ। ਵਿਸ਼ਾਲ ਇਕੱਠ ਨੂੰ ਸੰਬੋਧਨ ਕਰਦਿਆਂ ਹਡਾਣਾ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਜੋ ਕਹਿੰਦੀ ਹੈ, ਉਹ ਕਰਕੇ ਦਿਖਾਉਂਦੀ ਹੈ।ਦੱਸਣਯੋਗ ਹੈ ਕਿ ਹਡਾਣਾ ਵੱਲੋਂ ਇਨ੍ਹਾਂ ਉਦਘਾਟਨਾਂ ਵਿੱਚ ਪਟਿਆਲਾ-ਰਾਜਪੁਰਾ ਲਿੰਕ ਰੋਡ ਤੋਂ ਗੁਰਦੁਆਰਾ ਨਿੰਮ ਸਾਹਿਬ ਵਾਇਆ ਦੌਣ ਕਲਾਂ ਦੀ ਸੜਕ, ਬੋਹੜਪੁਰ ਤੋਂ ਮਾਜਰੀ ਕਲਾਂ ਵਾਇਆ ਦੌਣ ਖੁਰਦ, ਫਰੀਦਪੁਰ, ਮਿਰਜ਼ਾਪੁਰ, ਭੱਟੇੜੀ ਤੇ ਰਸੂਲਪੁਰ ਜੌੜਾ ਫਤਿਹਪੁਰ ਜੱਟਾਂ ਦੀ ਮਹੱਤਵਪੂਰਨ ਸੜਕ , ਕੌਲੀ ਤੋਂ ਬਾਰਨ ਤੇ ਸਨੌਰ ਤੋਂ ਬੇਸਰ ਕਲਾਂ ਦੀਆਂ ਸੜਕਾਂ ਇਲਾਕਾ ਨਿਵਾਸੀਆਂ ਨੂੰ ਸਮਰਪਤ ਕੀਤੀਆਂ ਗਈਆਂ।ਹਡਾਣਾ ਨੇ ਦੱਸਿਆ ਕਿ ਇਨ੍ਹਾਂ ਸੜਕਾਂ ਦੇ ਨਿਰਮਾਣ ਨਾਲ ਦਰਜਨਾਂ ਪਿੰਡਾਂ ਦੇ ਲੋਕਾਂ ਦਾ ਸਫ਼ਰ ਸੁਖਾਲਾ ਹੋਵੇਗਾ।ਹਲਕਾ ਇੰਚਾਰਜ ਨੇ ਕਿਹਾ ਕਿ ਸਿਰਫ਼ ਸੜਕਾਂ ਹੀ ਨਹੀਂ, ਸਗੋਂ ਪਿੰਡਾਂ ਨੂੰ ਸ਼ਹਿਰਾਂ ਵਰਗੀਆਂ ਸਹੂਲਤਾਂ ਦੇਣ ਲਈ ਸੀਵਰੇਜ ਸਿਸਟਮ ਵਰਗੇ ਪ੍ਰੋਜੈਕਟ ਵੀ ਤੇਜ਼ੀ ਨਾਲ ਮੁਕੰਮਲ ਕੀਤੇ ਜਾ ਰਹੇ ਹਨ, ਜਿਵੇਂ ਪਿੰਡ ਪੂਨੀਆ ਜੱਟਾਂ ਵਿੱਚ ਸ਼ਾਮ 5 ਵਜੇ ਸੀਵਰੇਜ ਦਾ ਉਦਘਾਟਨ ਕੀਤਾ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਵਿਰੋਧੀ ਪਾਰਟੀਆਂ ਸਿਰਫ਼ ਗੱਲਾਂ ਕਰਦੀਆਂ ਸਨ, ਪਰ ਮਾਨ ਸਰਕਾਰ ਨੇ ਅਸਲ ਵਿੱਚ ਵਿਕਾਸ ਕਰਕੇ ਦਿਖਾਇਆ ਹੈ।

# ਅਮਿੱਟ ਯਾਦਾਂ ਛੱਡ ਗਿਆ ਚਮਕੀਲਾ-ਅਮਰਜੋਤ ਮੇਲਾ

**ਜਗਰਾਉਂ (ਸੰਜੀਵ ਅਰੋੜਾ)**

ਦੋਗਾਣਾ ਜੋੜੀ ਸਵ: ਅਮਰ ਸਿੰਘ ਚਮਕੀਲਾ ਤੇ ਅਮਰਜੋਤ ਦੀ 38ਵੀਂ ਬਰਸੀ ਨੂੰ ਸਮਰਪਤ ਸੱਭਿਆਚਾਰਕ ਮੇਲਾ ਪਿੰਡ ਦੁੱਗਰੀ ਦੀ ਸਬਜ਼ੀ ਮੰਡੀ ਵਿਖੇ ਕਰਾਇਆ ਗਿਆ। ਮੇਲੇ ਦਾ ਉਦਘਾਟਨ ਵਿਧਾਨ ਸਭਾ ਹਲਕਾ ਨਾਭਾ ਦੇ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ, ਚਮਕੀਲੇ ਦੀ ਧਰਮ ਪਤਨੀ ਬੀਬੀ ਗੁਰਮੇਲ ਕੌਰ, ਦਾਮਾਦ ਦਿਲਰਾਜ ਪਿੰਕਾ, ਕਲੱਬ ਦੇ ਪ੍ਰਧਾਨ ਬਲਤੇਜ ਸਿੰਘ ਸਰਾਂ ਪੱਖੋਵਾਲ, ਮੁੱਖ ਸਲਾਹਕਾਰ ਗੁਰਮੀਤ ਸਿੰਘ ਬੜੂੰਦੀ ਆਦਿ ਨੇ ਰੀਬਨ ਕੱਟ ਕੇ ਕੀਤਾ। ਮੇਲੇ ਦੀ ਸੁਰੂਆਤ ਅਮਰ ਸਿੰਘ ਚਮਕੀਲਾ ਦੇ ਲਾਡਲੇ ਸ਼ਾਗਿਰਦ ਲੋਕ ਗਾਇਕ ਚਮਕ ਚਮਕੀਲਾ ਅਤੇ ਲੋਕ ਗਾਇਕ ਕਿੱਕਰ ਡਾਲੇਵਾਲ ਨੇ ਧਾਰਮਿਕ ਗੀਤ ਪੇਸ ਕਰਕੇ ਕੀਤੀ। ਇਸ ਮੌਕੇ ਪ੍ਰਸਿੱਧ ਗਾਇਕਾ ਅਮਨ ਰੋਜ਼ੀ, ਮੁਹੰਮਦ ਸੰਦੀਕ-ਸੁਖਜੀਤ ਕੌਰ, ਪਾਲੀ ਦੇਤਵਾਲੀਆ, ਰਣਜੀਤ ਮਣੀ, ਕਰਮਜੀਤ ਅਨਮੋਲ, ਲਾਭ ਹੀਰਾ, ਸੁੱਚਾ ਰੰਗੀਲਾ, ਮਨਦੀਪ ਮੈਂਡੀ, ਸਰਬਜੀਤ ਚੀਮਾ, ਬਲਕਾਰ ਅਣਖੀਲਾ, ਮਨਜਿੰਦਰ ਗੁਲਸ਼ਨ, ਸੋਹਣ ਸਿਕੰਦਰ, ਹਰਜੀਤ ਸਿੱਧੂ, ਪ੍ਰਵੀਨ ਦਰਦੀ, ਭਾਗ ਸੰਦਲੀ, ਤਨਵੀਰ ਜਲਾਲ, ਕੇਵਲ ਜਲਾਲ, ਕਮਲ ਖ਼ਾਨ, ਹਰਵਿੰਦਰ ਹੈਰੀ, ਭਗਵਾਨ ਹਾਂਸ, ਯੁੱਧਵੀਰ ਮਾਣਕ, ਗੁਰਮੀਤ ਮੀਤ, ਦਲੇਰ ਪੰਜਾਬੀ, ਕਰਨੈਲ ਸਿਵੀਆ, ਨਜੀਰ ਮੁਹੰਮਦ, ਚਮਕ ਚਮਕੀਲਾ, ਕਿੱਕਰ ਡਾਲੇ ਵਾਲਾ, ਜਗਪਾਲ ਪਾਲੀ-ਜਸਪ੍ਰੀਤ ਸੰਮੀ, ਬੰਟੀ ਡਾਲੇ ਵਾਲਾ, ਜਸਵੀਰ ਜੱਸ, ਸੀਫਾ ਜੀ, ਮੁਹੰਮਦ ਇਰਸ਼ਾਦ ਤੇ ਊਸਾ ਕਿਰਨ ਆਦਿ ਕਲਾਕਾਰ ਨੇ ਆਪਣੀ ਕਲਾ ਦੇ ਜੌਹਰ ਦਿਖਾਏ। ਇਹ ਮੇਲਾ ਉਸ ਸਮੇਂ ਸਿਖਰਾ ਤੇ ਪਹੁੰਚ ਗਿਆ ਜਦੋਂ ਪ੍ਰਸਿੱਧ ਗੀਤਕਾਰ ਅਲਬੇਲ ਬਰਾੜ ਦਿਉਣ ਵਾਲਾ ਨੇ ਆਪਣੇ ਲਿਖੇ ਗੀਤਾਂ ਦੇ ਮੁੱਖੜੇ ਪੇਸ਼ ਕੀਤੇ ਤਾਂ ਖੁੱਲ੍ਹੇ ਪੰਡਾਲ ਵਿੱਚ ਬੈਠੇ ਦਰਸ਼ਕਾਂ ਨੇ ਤਾੜੀਆ ਦਾ ਮੀਂਹ ਵਰ੍ਹਾ ਦਿੱਤਾ। ਮੇਲਾ ਕਮੇਟੀ ਵੱਲੋਂ ਫਿਲਮੀ ਡਾਇਰੈਕਟਰ ਇਮਤਿਆਜ਼ ਅਲੀ, ਫਿਲਮੀ ਕਲਾਕਾਰਾ ਕਰਮਜੀਤ ਅਨਮੋਲ, ਲੋਕ ਗਾਇਕ ਲਾਭ ਹੀਰਾ, ਪ੍ਰਸਿੱਧ ਗੀਤਕਾਰ ਅਲਬੇਲ ਬਰਾੜ ਦਿਉਣ ਵਾਲਾ, ਬਰਾਊਨ ਕੁੜੀ ਹਰਪਾਲ ਕੌਰ ਅਤੇ ਮੇਲੇ ਵਿਚ ਪਹੁੰਚੇ ਸਮੂਹ ਗੀਤਕਾਰਾਂ, ਕਲਾਕਾਰਾਂ ਤੇ ਸਹਿਯੋਗੀਆ ਨੂੰ ਵਿਸ਼ੇਸ ਤੌਰ ਤੇ ਸਨਮਾਨਤ ਕੀਤਾ। ਅੰਤ ਵਿਚ ਚੇਅਰਮੈਨ ਗੁਰਦੇਵ ਸਿੰਘ ਦੇਵ ਮਾਨ ਵਿਧਾਇਕ ਨਾਭਾ ਨੇ ਵੱਡੀ ਗਿਣਤੀ ਵਿਚ ਪਹੁੰਚੇ ਕਲਾ ਪ੍ਰੇਮੀਆਂ ਦਾ ਧੰਨਵਾਦ ਕੀਤਾ।



## ਭਾਈਚਾਰਕ ਸਾਂਝ ਦੀ ਮਿਸਾਲ : 20 ਸਾਲ ਤੋਂ ਜਾਰੀ ਇਫਤਾਰ ਪਾਰਟੀ ਦੀ ਰਵਾਇਤ



**ਫਰੀਦਕੋਟ (ਐਲਿਗਜੈਂਡਰ ਡਿਸੂਜ਼ਾ)**

ਸ਼ਹਿਰ ਦੀਆਂ ਸਮੂਹ ਧਾਰਮਿਕ ਤੇ ਸਮਾਜਸੇਵੀ ਸੰਸਥਾਵਾਂ ਨੂੰ ਨਾਲ ਜੋੜ ਕੇ ਰੱਖਣ ਵਾਲੇ ਖ਼ੁਦਾ ਦੇ ਨੇਕ ਫ਼ਰਿਸ਼ਤੇ ਵੱਲੋਂ ਬੀਤੇ 20 ਸਾਲਾਂ ਤੋਂ ਇਹ ਨੇਕ ਕਾਰਜ ਬੜੀ ਸ਼ਰਧਾ ਅਤੇ ਉਤਸ਼ਾਹ ਨਾਲ ਨਿਭਾਇਆ ਜਾ ਰਿਹਾ ਹੈ।ਇਹ ਸਮਾਗਮ ਸਿਰਫ਼ ਇੱਕ ਰਸਮ ਨਹੀਂ, ਸਗੋਂ ਸ਼ਹਿਰ ਵਾਸੀਆਂ ਦੇ ਆਪਸੀ ਪ੍ਰੇਮ ਅਤੇ ਸਾਂਝੀਵਾਲਤਾ ਦਾ ਇੱਕ ਜਿਉਂਦੀ-ਜਾਗਦੀ ਮਿਸਾਲ ਬਣ ਚੁੱਕਾ ਹੈ।ਸਮਾਗਮ 13 ਮਾਰਚ ਨੂੰ ਸਥਾਨਕ ਮਹਾਤਮਾ ਗਾਂਧੀ ਸੀਨੀਅਰ ਸੈਕੰਡਰੀ ਸਕੂਲ, ਸਰਕੂਲਰ ਰੋਡ ਵਿਖੇ ਕਰਾਇਆ ਜਾ ਰਿਹਾ ਹੈ।ਸਮਾਗਮ ਦੀ ਸ਼ੁਰੂਆਤ ਸ਼ਾਮ 6:20 ਵਜੇ ਹੋਵੇਗੀ ਤੇ ਰੋਜ਼ਾ ਇਫਤਾਰ ਦਾ ਸਮਾਂ ਸ਼ਾਮ 6:40 ਵਜੇ ਨਿਸ਼ਚਤ ਕੀਤਾ ਗਿਆ ਹੈ।ਇਸ ਮੌਕੇ ਸ਼੍ਰੀ ਐਮ.ਐਫ. ਫਾਰੂਕੀ, ਏਡੀਜੀਪੀ, ਪੰਜਾਬ ਆਰਮਡ ਪੁਲਿਸ (ਜਲੰਧਰ) ਵਿਸ਼ੇਸ਼ ਤੌਰ 'ਤੇ ਪਹੁੰਚ ਰਹੇ ਹਨ।ਉਹ ਰੋਜ਼ੇਦਾਰਾਂ ਨਾਲ ਬੈਠ ਕੇ ਖੁਸ਼ੀਆਂ ਸਾਂਝੀਆਂ ਕਰਨਗੇ ਤੇ ਸ਼ਹਿਰ ਦੀ ਅਮਨ-ਸ਼ਾਂਤੀ ਦਾ ਸੰਦੇਸ਼ ਦੇਣਗੇ।

## ਪੰਜਾਬ ਸਰਕਾਰ ਨੇ ਗਾਰੰਟੀ ਪੂਰੀ ਕਰਕੇ ਇਤਿਹਾਸਕ ਫੈਸਲਾ ਲਿਆ-ਅਮਨ ਕਾਦਰਵਾਲਾ, ਸੋਨਾ ਕਾਦਰਵਾਲਾ



**ਕੋਟ ਈਸੇ ਖਾਂ (ਅਰੋੜਾ)**-ਆਮ ਆਦਮੀ ਪਾਰਟੀ ਵੱਲੋਂ ਆਪਣੇ ਚੋਣ ਮੈਨੀਫੈਸਟੋ ਵਿੱਚ ਪੰਜਾਬ ਦੀਆਂ ਮਹਿਲਾਵਾਂ ਨੂੰ 1000 ਰੁਪੈ ਪ੍ਰਤੀ ਮਹੀਨਾ ਦੇਣ ਦਾ ਵਾਅਦਾ ਕੀਤਾ ਸੀ ਤੇ ਮਹਿਲਾਵਾਂ ਵਿੱਚ ਵੀ ਇਸ ਦੀ ਸ਼ੁਰੂਆਤ ਨੂੰ ਲੈ ਕੇ ਕਾਫੀ ਉਤਸ਼ਾਹ ਸੀ।ਅੰਤਰਰਾਸ਼ਟਰੀ ਮਹਿਲਾ ਦਿਵਸ ਦੇ ਮੌਕੇ ਪੰਜਾਬ ਸਰਕਾਰ ਵੱਲੋਂ ਮਹਿਲਾਵਾਂ ਲਈ ਮਹੱਤਵਪੂਰਨ ਫੈਸਲਾ ਲੈਂਦੇ ਹੋਏ ਮਹਿਲਾਵਾਂ ਨਾਲ ਕੀਤੇ ਵਾਅਦੇ ਨੂੰ ਪੂਰਾ ਕਰਦਿਆਂ ਦਲਿਤ ਵਰਗ ਨਾਲ ਸੰਬੰਧਿਤ ਮਹਿਲਾਵਾਂ ਨੂੰ ਹਰ ਮਹੀਨੇ 1500 ਰੁਪਏ ਤੇ ਜਨਰਲ ਵਰਗ ਨਾਲ ਸੰਬੰਧਿਤ ਮਹਿਲਾਵਾਂ ਨੂੰ ਹਰ ਮਹੀਨੇ 1000 ਰੁਪਏ ਸਨਮਾਨ ਰਾਸ਼ੀ ਦੇਣ ਦਾ ਐਲਾਨ ਕੀਤਾ ਗਿਆ ਹੈ ਜੋ ਕਿ ਇਤਿਹਾਸਕ ਫੈਸਲਾ ਹੈ।ਇਹ ਪ੍ਰਗਟਾਵਾ ਬਲਾਕ ਪ੍ਰਧਾਨ ਤੇ ਸਰਪੰਚ ਅਮਨ ਕਾਦਰਵਾਲਾ, ਯੂਥ ਪ੍ਰਧਾਨ ਸੋਨਾ ਕਾਦਰਵਾਲਾ ਨੇ ਪ੍ਰੈਸ ਨਾਲ ਸਾਂਝਾ ਕੀਤਾ। ਆਗੂਆਂ ਨੇ ਕਿਹਾ ਕਿ ਮਾਨ ਸਰਕਾਰ ਨੇ ਜੋ ਕਿਹਾ ਸੀ, ਉਹ ਕਰ ਦਿਖਾਇਆ ਹੈ ਤੇ ਇਸ ਫੈਸਲੇ ਨਾਲ ਮਹਿਲਾਵਾਂ ਅੰਦਰ ਕਾਫੀ ਖ਼ੁਸ਼ੀ ਦੀ ਲਹਿਰ ਹੈ।

## ਪੀ ਐੱਮ ਕਿਸਾਨ ਸਕੀਮ ਦੀ ਅਗਲੀ ਕਿਸ਼ਤ ਲਈ 'ਫਾਰਮਰ ਆਈ ਡੀ' ਲਾਜ਼ਮੀ



**ਫਰੀਦਕੋਟ (ਐਲਿਗਜੈਂਡਰ ਡਿਸੂਜ਼ਾ)**-ਪ੍ਰਧਾਨ ਮੰਤਰੀ ਕਿਸਾਨ ਸਨਮਾਨ ਨਿਧੀ ਯੋਜਨਾ ਦਾ ਲਾਭ ਲੈ ਰਹੇ ਕਿਸਾਨਾਂ ਲਈ ਅਹਿਮ ਖ਼ਬਰ ਹੈ।ਮੁੱਖ ਖੇਤੀਬਾੜੀ ਅਫਸਰ ਫਰੀਦਕੋਟ ਡਾ. ਕੁਲਵੰਤ ਸਿੰਘ ਨੇ ਜਾਣਕਾਰੀ ਦਿੱਤੀ ਹੈ ਕਿ ਭਾਰਤ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਹੁਣ 'ਐਗਰੀਸਟੈਕ' ਅਧੀਨ ਕਿਸਾਨਾਂ ਦੀ ਰਜਿਸਟਰੀ (ਫਾਰਮਰ ਆਈ.ਡੀ.) ਹੋਣੀ ਲਾਜ਼ਮੀ ਹੈ।ਜਿਨ੍ਹਾਂ ਕਿਸਾਨਾਂ ਦੀ ਇਹ ਆਈ.ਡੀ. ਨਹੀਂ ਬਣੀ ਹੋਵੇਗੀ, ਉਨ੍ਹਾਂ ਦੇ ਖਾਤਿਆਂ ਵਿੱਚ 2 ਹਜ਼ਾਰ ਰੁਪਏ ਦੀ ਅਗਲੀ ਕਿਸ਼ਤ ਰੁਕ ਸਕਦੀ ਹੈ।ਡਾ. ਕੁਲਵੰਤ ਸਿੰਘ ਨੇ ਦੱਸਿਆ ਕਿ ਸਿਰਫ਼ ਨਕਦ ਕਿਸ਼ਤ ਹੀ ਨਹੀਂ, ਸਗੋਂ ਖੇਤੀ ਨਾਲ ਸਬੰਧਤ ਹੋਰ ਸਹੂਲਤਾਂ ਜਿਵੇਂ ਕਿ ਖਾਦਾਂ 'ਤੇ ਸਬਸਿਡੀ, ਖੇਤੀ ਮਸ਼ੀਨਰੀ 'ਤੇ ਛੋਟ ਇਨ੍ਹਾਂ ਸਭ ਲਈ ਵੀ ਫਾਰਮਰ ਆਈ.ਡੀ. ਨੂੰ ਲਾਜ਼ਮੀ ਕਰ ਦਿੱਤਾ ਗਿਆ ਹੈ।ਸਰਕਾਰ ਦਾ ਮਕਸਦ ਖੇਤੀਬਾੜੀ ਸੇਵਾਵਾਂ ਨੂੰ ਡਿਜੀਟਲ ਕਰਨਾ ਅਤੇ ਪਾਰਦਰਸ਼ਤਾ ਲਿਆਉਣਾ ਹੈ।ਮੁੱਖ ਖੇਤੀਬਾੜੀ ਅਫਸਰ ਨੇ ਸਪੱਸ਼ਟ ਕੀਤਾ ਕਿ ਕਿਸਾਨਾਂ ਦੀ ਜ਼ਮੀਨ ਦਾ ਵੇਰਵਾ ਪਹਿਲਾਂ ਹੀ ਆਨਲਾਈਨ ਮੌਜੂਦ ਹੈ, ਹੁਣ ਇਸ ਨੂੰ ਕਿਸਾਨ ਦੇ ਆਧਾਰ ਕਾਰਡ ਨਾਲ ਜੋੜਿਆ ਜਾ ਰਿਹਾ ਹੈ।ਵਿਭਾਗ ਵੱਲੋਂ ਪਿੰਡਾਂ ਵਿੱਚ ਲਗਾਏ ਜਾ ਰਹੇ ਸਿਖਲਾਈ ਕੈਂਪਾਂ ਰਾਹੀਂ ਕਿਸਾਨਾਂ ਨੂੰ ਇਸ ਪ੍ਰਕਿਰਿਆ ਬਾਰੇ ਜਾਗਰੂਕ ਕੀਤਾ ਜਾ ਰਿਹਾ ਹੈ।ਕਿਸਾਨ ਆਪਣੀ ਫਾਰਮਰ ਆਈ.ਡੀ. ਬਣਾਉਣ ਲਈ ਆਪਣੇ ਪਿੰਡ ਜਾਂ ਨੇੜਲੇ ਸੀ.ਐਸ.ਸੀ. (ਕਾਮਨ ਸਰਵਿਸ ਸੈਂਟਰ) ਵਿਖੇ ਪਹੁੰਚ ਕਰਨ। ਆਪਣਾ ਆਧਾਰ ਕਾਰਡ ਅਤੇ ਆਧਾਰ ਨਾਲ ਲਿੰਕ ਮੋਬਾਇਲ ਫੋਨ ਜ਼ਰੂਰ ਲੈ ਕੇ ਜਾਓ।ਇਹ ਆਈ.ਡੀ. ਬਿਲਕੁਲ ਮੁਫ਼ਤ ਬਣਾਈ ਜਾ ਰਹੀ ਹੈ।

## ਕੇਰੀਆਂ ਵਿਖੇ ਕਰਵਾਇਆ ਵਾਲੀਵਾਲ ਟੂਰਨਾਮੈਂਟ



**ਫਾਜ਼ਿਲਕਾ (ਨਿਸ਼ਾ ਸ਼ਰਮਾ)**-ਖੁਸ਼ੀ ਫਾਊਂਡੇਸ਼ਨ ਦੀ ਚੇਅਰਪਰਸਨ ਮੈਡਮ ਖੁਸ਼ਬੂ ਸਾਵਨਸੁੱਖਾ ਸਵਨਾ ਨੇ ਪਿੰਡ ਕੇਰੀਆਂ ਵਿਖੇ ਵਾਲੀਵਾਲ ਟੂਰਨਾਮੈਂਟ ਵਿੱਚ ਸ਼ਿਰਕਤ ਕਰਕੇ ਖਿਡਾਰੀਆਂ ਦੀ ਹੌਸਲਾ ਅਫਜਾਈ ਕੀਤੀ ਅਤੇ ਖੇਡਾਂ ਦੀ ਮਹੱਤਤਾਂ 'ਤੇ ਜ਼ੋਰ ਦਿੱਤਾ।ਇਸ ਮੌਕੇ ਵਿਧਾਇਕ ਫਾਜ਼ਿਲਕਾ ਦੀ ਧਰਮਪਤਨੀ ਮੈਡਮ ਖੁਸ਼ਬੂ ਸਾਵਨਸੁੱਖਾ ਸਵਨਾ ਨੇ ਕਿਹਾ ਕਿ ਪਿੰਡ ਕੇਰੀਆਂ ਦੇ ਵਿਦੇਸ਼ਾਂ ਵਿੱਚ ਰਹਿ ਰਹੇ ਨੌਜਵਾਨਾਂ ਵੱਲੋਂ ਇਸ ਟੂਰਨਾਮੈਂਟ ਨੂੰ ਕਰਵਾਉਣ ਵਿੱਚ ਆਪਣਾ ਯੋਗਦਾਨ ਦਿੱਤਾ ਗਿਆ ਹੈ ਜੋ ਕਿ ਬਹੁਤ ਹੀ ਵਧੀਆ ਸਲਾਹੁਣਯੋਗ ਕਾਰਜ ਹੈ।ਉਨ੍ਹਾਂ ਪਹੁੰਚੇ ਵੱਖ-ਵੱਖ ਪਿੰਡਾਂ ਦੇ ਸਰਪੰਚਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਹੋਰ ਪਿੰਡਾਂ ਵਿੱਚ ਵੀ ਇਹੋ ਜਿਹੇ ਕਾਰਜ ਉਲੀਕੇ ਜਾਣ ਤਾਂ ਜੋ ਸਾਡੀ ਨੌਜਵਾਨ ਪੀੜ੍ਹੀ ਨਸ਼ਿਆਂ ਤੋਂ ਦੂਰ ਰਹਿ ਸਕੇ।ਉਨ੍ਹਾਂ ਕੇਰੀਆਂ ਪਿੰਡ ਸਮੇਤ ਹੋਰਨਾਂ ਪਿੰਡਾਂ ਦੇ ਪਹੁੰਚੇ ਵਾਸੀਆਂ ਨੂੰ ਵਿਸ਼ਵਾਸ ਦਿਵਾਉਂਦਿਆਂ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਖੇਡਾਂ ਨਾਲ ਨੌਜਵਾਨ ਦੇ ਸਰਵਪੱਖੀ ਵਿਕਾਸ ਕਰਨ ਲਈ ਖੇਡਾਂ ਵਤਨ ਪੰਜਾਬ ਦੀਆਂ ਵੀ ਸ਼ੁਰੂ ਕੀਤੀਆਂ ਸਨ ਤੇ ਪੰਜਾਬ ਸਰਕਾਰ ਖੇਡਾਂ ਦੇ ਨਾਲ ਨਾਲ ਸੂਬੇ ਦੇ ਸਰਵਪੱਖੀ ਵਿਕਾਸ ਲਈ ਸਿਰਤੋੜ ਯਤਨ ਕਰ ਰਹੀ ਹੈ।

## ਪੀ ਐਸ ਈ ਬੀ ਫੈਡਰੇਸ਼ਨ ਵਫ਼ਦ ਨਿਗਰਾਨ ਇੰਜੀਨੀਅਰ ਨੂੰ ਮਿਲਿਆ



**ਰਾਜਪੁਰਾ (ਰਮੇਸ਼ ਕਟਾਰੀਆ)**-ਪੀ.ਐੱਸ.ਈ.ਬੀ ਇੰਪਲਾਈਜ ਫੈਡਰੇਸ਼ਨ ਏਟਕ ਪੰਜਾਬ ਸਰਕਲ ਪਟਿਆਲਾ ਦਾ ਵਫਦ ਨਿਗਰਾਨ ਇੰਜੀਨੀਅਰ ਵੰਡ ਹਲਕਾ ਪਟਿਆਲਾ ਸ੍ਰੀ ਜਤਿੰਦਰ ਕੁਮਾਰ ਨੂੰ ਮਿਲਿਆ। ਮੁਲਾਕਾਤ ਬੜੇ ਸਦਭਾਵਨਾ ਵਾਲੇ ਮਾਹੌਲ ਵਿੱਚ ਹੋਈ। ਨਵੇਂ ਚੁਣੇ ਗਏ ਅਹੁਦੇਦਾਰਾਂ ਦੀ ਜਾਣ ਪਛਾਣ ਜਥੇਬੰਦੀ ਦੇ ਸਾਬਕਾ ਸੂਬਾ ਪ੍ਰਧਾਨ ਸਾਥੀ ਹਰਭਜਨ ਸਿੰਘ ਪਿਲਖਣੀ ਵੱਲੋਂ ਕਰਾਈ ਗਈ। ਨਿਗਰਾਨ ਇੰਜੀਨੀਅਰ ਵੱਲੋਂ ਵਿਸ਼ਵਾਸ ਦਿਵਾਇਆ ਗਿਆ ਕਿ ਤੁਹਾਡੀ ਜਥੇਬੰਦੀ ਦਾ ਨਾਂਅ ਪਹਿਲਾਂ ਹੀ ਪੂਰੇ ਪੰਜਾਬ ਵਿੱਚ ਸੱਚਾ ਤੇ ਸੁੱਚਾ ਹੈ। ਤੁਹਾਡੇ ਵਰਕਰਾਂ ਦੇ ਕੰਮ ਸਮੇਂ ਸਿਰ ਸਾਰੇ ਹੀ ਕੀਤੇ ਜਾਣਗੇ। ਵਫ਼ਦ ਵਿੱਚ ਸੂਬਾ ਵਿੱਤ ਸਕੱਤਰ ਸਾਥੀ ਬਲਜੀਤ ਕੁਮਾਰ, ਸਰਕਲ ਪਟਿਆਲਾ ਦੇ ਪ੍ਰਧਾਨ ਸਾਥੀ ਗੁਰਦਿਆਲ ਸਿੰਘ ਬੱਬੂ, ਸਰਕਲ ਸਕੱਤਰ ਸਾਥੀ ਪਿਆਰਾ ਸਿੰਘ, ਮੀਤ ਪ੍ਰਧਾਨ ਸਾਥੀ ਹਰਦੀਪ ਸਿੰਘ ਸਮਾਣਾ, ਸਰਕਲ ਆਗੂ ਸਾਥੀ ਮੁਹੰਮਦ ਅਸ਼ਰਫ ਪਟਿਆਲਾ ਆਗੂ ਸ਼ਾਮਲ ਹੋਏ।

## ਪੰਜਾਬ ਸਰਕਾਰ ਨੇ ਪੈਨਸ਼ਨਰਾਂ ਤੇ ਮੁਲਾਜ਼ਮਾਂ ਦੀਆਂ ਉਮੀਦਾਂ 'ਤੇ ਫੇਰਿਆ ਪਾਣੀ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪ੍ਰੇਮ ਚੰਦ ਪੰਜੋਲਾ ਸੀਨੀਅਰ ਮੀਤ ਪ੍ਰਧਾਨ ਪੁਲਿਸ ਪੈਨਸ਼ਨਰਜ਼ ਵੈਲਫੇਅਰ ਐਸੋਸੀਏਸ਼ਨ ਜ਼ਿਲ੍ਹਾ ਪਟਿਆਲਾ ਅਤੇ ਮੈਂਬਰ ਪੈਨਸ਼ਨਰਜ਼ ਸਾਂਝਾ ਫਰੰਟ ਪੰਜਾਬ ਨੇ ਕਿਹਾ ਕਿ ਪੰਜਾਬ ਦੇ ਪੈਨਸ਼ਨਰਜ਼/ਮੁਲਾਜਮਾਂ ਨੂੰ ਪੂਰੀ ਉਮੀਦ ਸੀ ਕਿ ਬਜਟ ਸੈਸ਼ਨ ਦੌਰਾਨ ਸਰਕਾਰ ਲੰਬਤ ਮੰਗਾਂ ਜਿਵੇਂ ਕਿ 16 ਪ੍ਰਤੀਸ਼ਤ ਡੀ ਏ ਅਤੇ ਡੀ ਏ ਦਾ ਬਕਾਇਆ, ਪੁਰਾਣੀ ਪੈਨਸ਼ਨ ਲਾਗੂ ਕਰਨ ਤੇ ਕੱਚੇ ਕਾਮੇ ਪੱਕੇ ਕਰਨ, ਮੈਡੀਕਲ ਭੱਤੇ ਵਿੱਚ ਵਾਧਾ, ਮਿਤੀ 1/7/15 ਤੋਂ 119 ਪ੍ਰਤੀਸ਼ਤ ਡੀ ਏ ਵਿੱਚ ਵਾਧਾ ਕਰਕੇ, ਮਿਤੀ 1/1/16ਤੋਂ 113% ਦੀ ਬਿਜਾਏ 125% ਡੀ ਏ ਮਰਜ ਕਰਕੇ, ਪੈਨਸ਼ਨ/ਤਨਖਾਹਾਂ ਵਿੱਚ ਸੋਧ ਕੀਤੇ ਜਾਣ ਬਾਰੇ, 1/1/16 ਤੋਂ ਪਹਿਲਾਂ ਰਿਟਾਇਰ ਹੋਏ ਕਰਮਚਾਰੀ ਦੀ ਪੈਨਸ਼ਨ 2.59 ਦੇ ਫੈਕਟਰ ਨਾਲ ਸੋਧ ਕਰਨ ਬਾਰੇ ਕੋਈ ਫੈਸਲਾ ਲਵੇਗੀ ਪਰ ਸਰਕਾਰ ਨੇ ਕੋਈ ਫੈਸਲਾ ਨਹੀਂ ਲਿਆ ਜਿਸ ਕਾਰਨ ਮੁਲਾਜ਼ਮਾਂ/ਪੈਨਸ਼ਨਰਾਂ ਤੇ ਉਹਨਾਂ ਦੇ ਪ੍ਰੀਵਾਰਾਂ ਵਿੱਚ ਨਿਰਾਸ਼ਤਾ ਪਾਈ ਜਾਂਦੀ ਹੈ।

# ਕੇਂਦਰੀ ਪੰਜਾਬੀ ਲੇਖਕ ਸਭਾ (ਸੇਖੋਂ) ਵੱਲੋਂ ਡਾ. ਸਰਬਜੀਤ ਸਿੰਘ ਦੀ ਹਮਾਇਤ : ਹਰਚੰਦਪੁਰ



**ਧੂਰੀ (ਮਨੋਹਰ ਸਿੰਘ ਸੱਗੂ)**-ਕੇਂਦਰੀ ਪੰਜਾਬੀ ਲੇਖਕ ਸਭਾ (ਸੇਖੋਂ) ਰਜਿ: ਦੇ ਪ੍ਰਧਾਨ ਪਵਨ ਹਰਚੰਦਪੁਰੀ ਨੇ ਪ੍ਰੈੱਸ ਨੂੰ ਜਾਰੀ ਆਪਣੇ ਬਿਆਨ 'ਚ ਕਿਹਾ ਕਿ ਸਾਹਿਤ ਅਕੈਡਮੀ ਲੁਧਿਆਣਾ ਦੀ ਪ੍ਰਧਾਨਗੀ ਲਈ 15 ਮਾਰਚ ਨੂੰ ਹੋਣ ਵਾਲੀ ਚੋਣ ਲਈ ਡਾ: ਸਰਬਜੀਤ ਸਿੰਘ ਹੀ ਕੇਂਦਰੀ ਸਭਾ (ਸੇਖੋਂ) ਦੇ ਉਮੀਦਵਾਰ ਹਨ।ਸ੍ਰੀ ਹਰਚੰਦਪੁਰੀ ਨੇ ਕਿਹਾ ਕਿ ਤਿੰਨ ਧਿਰਾਂ ਡਾ: ਸਿਰਸਾ , ਡਾ: ਗਿੱਲ ਅਤੇ ਕੇਂਦਰੀ ਸਭਾ(ਸੇਖੋਂ) ਨੇ ਮਿਲ ਕੇ ਸਾਂਝਾ ਚੋਣ ਪੈਨਲ ਤਿਆਰ ਕੀਤਾ ਸੀ , ਜਿਸ ਵਿੱਚ ਡਾ: ਸਰਬਜੀਤ ਸਿੰਘ ਪ੍ਰਧਾਨਗੀ ਲਈ ਸਾਂਝਾ ਉਮੀਦਵਾਰ ਸੀ ਅਤੇ ਚੋਣ ਪ੍ਰਕਿਰਿਆ ਦੌਰਾਨ ਨਾਮਜ਼ਦਗੀਆਂ ਵਾਪਸ ਲੈਣ ਤੋਂ ਬਾਅਦ ਸਾਂਝੇ ਪੈਨਲ ਦੇ ਬਾਕੀ ਉਮੀਦਵਾਰ ਬਿਨਾਂ ਮੁਕਾਬਲਾ ਜੇਤੂ ਕਰਾਰ ਦਿੱਤੇ ਗਏ ਅਤੇ ਹੁਣ ਸਿਰਫ਼ ਪ੍ਰਧਾਨ ਦੇ ਅਹੁੱਦੇ ਲਈ ਹੀ ਮੁਕਾਬਲਾ ਹੋਣਾ ਬਾਕੀ ਹੈ। ਉਨ੍ਹਾਂ ਡਾ: ਸਰਬਜੀਤ ਸਿੰਘ ਨੂੰ ਅਕੈਡਮੀ ਆ ਕੇ ਵੋਟਾਂ ਪਾ ਕੇ ਜਿਤਾਉਣ ਦੀ ਅਪੀਲ ਕੀਤੀ। ਇਸੇ ਦੌਰਾਨ ਸੰਧੂ ਵਰਿਆਣਵੀ ਨੇ ਸਪਸ਼ਟ ਕੀਤਾ ਕਿ ਅਮਰ ਗਰਗ ਕਲਮਦਾਨ ਕੇਂਦਰੀ ਸਭਾ(ਸੇਖੋਂ) ਦਾ ਉਮੀਦਵਾਰ ਨਹੀਂ ਹੈ।ਇਸ ਬਿਆਨ ਨਾਲ ਸਹਿਮਤੀ ਦੇਣ ਵਾਲਿਆਂ ਵਿੱਚ ਡਾ. ਤੇਜਵੰਤ ਮਾਨ, ਡਾ. ਦੀਪਕ ਮਨਮੋਹਨ ਸਿੰਘ, ਡਾ. ਸਵਰਾਜ ਸਿੰਘ, ਡਾ. ਅਮਰ ਕੋਮਲ, ਓਮ ਪ੍ਰਕਾਸ਼ ਗਾਸੋ, ਡਾ. ਜੋਗਿੰਦਰ ਸਿੰਘ ਨਿਰਾਲਾ, ਭੂਪਿੰਦਰ ਜਗਰਾਓ, ਡਾ. ਗੁਰਚਰਨ ਕੌਰ ਕੋਚਰ, ਡਾ. ਭਗਵੰਤ ਸਿੰਘ, ਡਾ. ਬਲਦੇਵ ਸਿੰਘ ਬੱਧਨ, ਭੁਪਿੰਦਰ ਸੰਧੂ, ਇਕਬਾਲ ਘਾਰੂ, ਡਾ. ਕੰਵਰਜਸਵਿੰਦਰਪਾਲ ਸਿੰਘ, ਲਖਵਿੰਦਰ ਬਾਜਵਾ, ਗੁਲਜ਼ਾਰ ਸਿੰਘ ਸ਼ੌਂਕੀ, ਡਾ. ਸੁਦਰਸ਼ਨ ਗਾਸੋ, ਪ੍ਰਿੰਸੀਪਲ ਗੁਰਜੰਟ ਸਿੰਘ, ਜੁਗਰਾਜ ਧੌਲਾ, ਡਾ. ਹਰਜੀਤ ਸਿੰਘ ਸੱਧਰ, ਜਗਦੀਸ਼ ਰਾਣਾ, ਗੁਰਚਰਨ ਸਿੰਘ ਨੂਰਪੁਰ, ਡਾ. ਨਾਇਬ ਸਿੰਘ ਮੰਡੇਰ, ਜਗਦੀਸ਼ ਰਾਏ ਕੁਲਰੀਆਂ, ਮਾ. ਗੁਰਚਰਨ ਸਿੰਘ ਢੁੱਡੀਕੇ, ਕੇ. ਸਾਧੂ ਸਿੰਘ, ਬਲਵੀਰ ਬੱਲੀ ਰਾਏਕੋਟ, ਦਰਸ਼ਨ ਸਿੰਘ ਪ੍ਰੀਤੀਮਾਨ, ਲਾਲ ਮਿਸਤਰੀ, ਡਾ. ਦਵਿੰਦਰ ਬੀਬੀਪੁਰ, ਹਰਮੇਸ਼ ਮੇਸੀ ਦਿੜ੍ਹਬਾ, ਤੇਜਿੰਦਰ ਸਿੰਘ ਬਰਾੜ, ਬਲਵਿੰਦਰ ਸਿੰਘ ਸੋਢੀ, ਅਮਰੀਕ ਸਿੰਘ ਤਲਵੰਡੀ, ਰਤਨ ਸਿੰਘ ਪੱਡਾ, ਜਤਿੰਦਰ ਹਾਂਸ, ਜਸਵੀਰ ਰਾਣਾ, ਨੱਕਾਸ ਚਿੱਟੇਵਾਣੀ, ਜਰਨੈਲ ਸਿੰਘ ਅੱਚਰਵਾਲ, ਜਗਮੇਲ ਸਿੰਘ ਸਿੱਧੂ, ਸੁਰਜੀਤ ਸਿੰਘ ਪੰਛੀ, ਦਰਸ਼ਨ ਸਿੰਘ ਢਿੱਲੋਂ, ਜਤਿੰਦਰ ਮਾਨ, ਜਗਜੀਤ ਸਿੰਘ, ਡਾ. ਮਨਦੀਪ ਸਿੰਘ, ਡਾ. ਪ੍ਰਿਥਵੀਰਾਜ ਸਿੰਘ ਥਾਪਰ, ਡਾ. ਸਿੰਦਰਪਾਲ ਸਿੰਘ, ਡਾ. ਹਰਮਹਿੰਦਰ ਸਿੰਘ ਹਰਜ਼ੀ, ਡਾ. ਭੁਪਿੰਦਰ ਸਿੰਘ ਬਸਰ, ਡਾ. ਰਾਜਿੰਦਰ ਸਿੰਘ ਚਹਿਲ, ਰਣਜੀਤ ਕੌਰ ਜੀਤ, ਗੁਰਮੀਤ ਕੌਰ ਦੂਆ, ਅਮਰਜੀਤ ਕੌਰ ਮਾਨ, ਅਤਰਜੀਤ ਕਹਾਣੀਕਾਰ, ਡਾ. ਸੰਪੂਰਨ ਸਿੰਘ ਟੱਲੇਵਾਲ, ਹਰੀ ਸਿੰਘ ਢੁੱਡੀਕੇ, ਡਾ. ਸੁਰਜੀਤ ਬਰਾੜ, ਡਾ. ਦਰਸ਼ਨ ਆਸ਼ਟ, ਕਮਲਜੀਤ ਕੰਵਰ, ਸੁਰਿੰਦਰ ਸ਼ਰਮਾ ਨਾਗਰਾ, ਸੁਖਦੇਵ ਔਲਖ, ਡਾ. ਜਗਦੀਪ ਕੌਰ ਆਹੂਜਾ, ਜੰਗੀਰ ਸਿੰਘ ਰਤਨ ਆਦਿ ਸ਼ਾਮਿਲ ਹਨ।

# ਉੱਘੇ ਚਿੱਤਰਕਾਰ ਸਿਧਾਰਥ ਨਾਲ ਕਰਵਾਇਆ ਸੰਵਾਦ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**

ਪੰਜਾਬੀ ਯੂਨੀਵਰਸਿਟੀ ਦੇ ਉਪ-ਕੁਲਪਤੀ ਡਾ. ਜਗਦੀਪ ਸਿੰਘ ਦੀ ਰਹਿਨੁਮਾਈ ਵਿੱਚ ਯੂਨੀਵਰਸਿਟੀ ਦੇ ਪੰਜਾਬੀ ਵਿਭਾਗ ਵੱਲੋਂ ਸਰਦਾਰ ਸੋਭਾ ਸਿੰਘ ਡਿਪਾਰਟਮੈਂਟ ਆਫ਼ ਫਾਈਨ ਆਰਟਸ, ਐਜੂਕੇਸ਼ਨਲ ਮਲਟੀਮੀਡੀਆ ਰਿਸਰਚ ਸੈਂਟਰ ਅਤੇ ਰਵੀ ਖੋਜ ਸਕੂਲ ਪਟਿਆਲਾ ਦੇ ਸਹਿਯੋਗ ਨਾਲ 'ਸਤੀਸ਼ ਗੁਜਰਾਲ ਸ਼ਤਾਬਦੀ : ਦ੍ਰਿਸ਼ ਕਲਾਵਾਂ ਦੀ ਸਲਾਹੀਅਤ' ਵਿਸ਼ੇ 'ਤੇ ਵਿਸ਼ੇਸ਼ ਸਮਾਗਮ ਕਰਵਾਇਆ ਗਿਆ। ਕਲਾਕਾਰ ਸਿਧਾਰਥ ਨੇ ਆਪਣੀ ਕਲਾ-ਯਾਤਰਾ, ਜੀਵਨ-ਪੜਾਵਾਂ ਅਤੇ ਸਿੱਖਿਆ ਨਾਲ ਸੰਬੰਧਤ ਮੁੱਖ ਪਹਿਲੂਆਂ ਬਾਰੇ ਜਾਣਕਾਰੀ ਦਿੱਤੀ।ਉਨ੍ਹਾਂ ਦੱਸਿਆ ਕਿ ਉਹ ਹੁਣ ਤੱਕ ਲਗਭਗ 1 ਲੱਖ 34 ਹਜ਼ਾਰ ਚਿੱਤਰ ਤਿਆਰ ਕਰ ਚੁੱਕੇ ਹਨ। ਉਨ੍ਹਾਂ ਨੇ ਸਤੀਸ਼ ਗੁਜਰਾਲ ਦੀ ਚਿੱਤਰਕਾਰੀ ਵਿੱਚ ਦ੍ਰਿਸ਼ ਅਤੇ ਅਰਥ ਦੇ ਸੰਬੰਧਾਂ ਬਾਰੇ ਵਿਸਥਾਰਪੂਰਵਕ ਚਾਨਣਾ ਪਾਇਆ। ਉਨ੍ਹਾਂ ਨੇ ਚਿੰਨ੍ਹਾਤਮਕ ਤਰੀਕੇ ਨਾਲ ਦੁਨੀਆ 'ਤੇ ਪਸਰ ਰਹੇ ਹਨੇਰੇ ਅਤੇ ਘਟਦੀ ਰੌਸ਼ਨੀ ਵੱਲ ਸੰਕੇਤ ਕਰਦਿਆਂ ਚਿੰਤਾ ਜ਼ਾਹਰ ਕੀਤੀ।ਸਿਧਾਰਥ ਨੇ ਇਹ ਵੀ ਕਿਹਾ ਕਿ ਦੇਸ਼ ਦੀ ਵੰਡ ਨੇ ਸਿਰਫ਼ ਧਰਤੀ ਹੀ ਨਹੀਂ ਵੰਡੀ, ਸਗੋਂ ਮਨੁੱਖੀ ਜੀਵਨ ਨਾਲ ਜੁੜੇ ਹੋਰ ਅਨੇਕ ਪੱਖਾਂ ਨੂੰ ਵੀ ਵੰਡ ਦਿੱਤਾ।ਇਸ ਕਰਕੇ ਸਤੀਸ਼ ਗੁਜਰਾਲ ਦੀ ਚਿੱਤਰਕਲਾ ਵਿੱਚ ਵੰਡ ਦੀ ਤ੍ਰਾਸਦੀ ਅਤੇ ਰੋਂਦੇ ਚਿਹਰਿਆਂ ਦੀ ਪੀੜ ਸਪਸ਼ਟ ਤੌਰ 'ਤੇ ਦਿਖਾਈ ਦਿੰਦੀ ਹੈ।ਇੰਡਿਕ ਫਿਲਾਸਫੀ ਬਾਰੇ ਵਿਚਾਰ-ਚਰਚਾ ਕਰਦਿਆਂ ਉਨ੍ਹਾਂ ਕਿਹਾ ਕਿ ਕਲਾ ਪ੍ਰਚੱਲਿਤ ਫਿਲਾਸਫੀ ਦਾ ਹੀ ਰੂਪਾਂਤਰਨ ਹੁੰਦੀ ਹੈ।ਪੰਜਾਬੀ ਵਿਭਾਗ ਦੇ ਮੁਖੀ ਡਾ. ਰਾਜਵੰਤ ਕੌਰ ਪੰਜਾਬੀ ਨੇ ਸਵਾਗਤੀ ਸ਼ਬਦਾਂ ਦੌਰਾਨ ਸਤੀਸ਼ ਗੁਜਰਾਲ ਦੇ ਜੀਵਨ ਅਤੇ ਰਚਨਾਤਮਕ ਯੋਗਦਾਨ 'ਤੇ ਚਾਨਣਾ ਪਾਇਆ।ਉਨ੍ਹਾਂ ਦੱਸਿਆ ਕਿ ਸਤੀਸ਼ ਗੁਜਰਾਲ ਆਜ਼ਾਦੀ ਤੋਂ ਬਾਅਦ ਦੇ ਭਾਰਤੀ ਕਲਾ-ਜਗਤ ਦੇ ਸਭ ਤੋਂ ਉੱਘੇ ਕਲਾਕਾਰਾਂ ਵਿਚੋਂ ਇੱਕ ਚਿੱਤਰਕਾਰ, ਮੂਰਤੀਕਾਰ, ਆਰਕੀਟੈਕਚਰ ਤੇ ਰਚਨਾਤਮਕ ਚੇਤਨਾ ਦੇ ਵਿਲੱਖਣ ਪ੍ਰਤੀਕ ਸਨ। ਖੋਜਾਰਥੀਆਂ-ਵਿਦਿਆਰਥੀਆਂ ਵਲੋਂ ਪੁੱਛੇ ਗਏ ਪ੍ਰਸ਼ਨਾਂ ਦੇ ਉੱਤਰ ਦਿੰਦਿਆਂ ਸਿਧਾਰਥ ਨੇ ਕਲਾ-ਜੁਗਤਾਂ ਬਾਰੇ ਭਰਪੂਰ ਜਾਣਕਾਰੀ ਦਿੱਤੀ ਅਤੇ ਭਾਵਾਂ ਤੇ ਚੇਤਨਾ ਨਾਲ ਜੁੜੇ ਮੁੱਦਿਆਂ ਨੂੰ ਕਲਾ ਦੇ ਖੇਤਰ ਵਿਚ ਮਹੱਤਵਪੂਰਨ ਠਹਿਰਾਇਆ। ਡਾ. ਸੁਰਜੀਤ ਸਿੰਘ ਨੇ ਸਮਾਗਮ ਦਾ ਸੰਚਾਲਨ ਕਰਦਿਆਂ ਕਲਾਕਾਰ ਸਿਧਾਰਥ ਨਾਲ ਜੁੜੀਆਂ ਯਾਦਾਂ ਅਤੇ ਉਨ੍ਹਾਂ ਦੀਆਂ ਵੱਖ-ਵੱਖ ਚਿੱਤਰਕਲਾ ਸੀਰੀਜ਼ ਬਾਰੇ ਵੀ ਜਾਣਕਾਰੀ ਦਿੱਤੀ।ਧੰਨਵਾਦੀ ਸ਼ਬਦ ਡਾ. ਅੰਬਾਲਿਕਾ ਜੈਕਬ ਨੇ ਸਾਂਝੇ ਕੀਤੇ।

## ਪੈਨਸ਼ਨਰਾਂ ਤੇ ਮੁਲਾਜ਼ਮਾਂ ਲਈ ਬਜਟ ਨਿਰਾਸ਼ਾਜਨਕ : ਸੁਸ਼ੀਲ ਕੁਮਾਰ

**ਲੁਧਿਆਣਾ (ਸਤੀਸ਼ ਸਚਦੇਵਾ)**-ਪੰਜਾਬ ਸਰਕਾਰ ਦੇ ਬੱਜਟ ਵਿੱਚ ਪੈਨਸ਼ਨਰਾਂ/ਮੁਲਾਜ਼ਮਾਂ ਨੂੰ ਨਾ ਡੀ ਏ ਮਿਲਿਆ ਨਾ 2.59 ਦਾ ਫੈਕਟਰ ਲਾਗੂ ਕਰਨ ਦੀ ਵਿਵਸਥਾ ਕੀਤੀ। ਇਹ ਘੋਰ ਨਿਰਾਸ਼ਾਜਨਕ ਬੱਜਟ ਹੈ। ਚੇਅਰਮੈਨ ਪੈਨਸ਼ਨਰ ਭਵਨ ਲੁਧਿਆਣਾ ਸ਼੍ਰੀ ਸੁਸ਼ੀਲ ਕੁਮਾਰ ਚੇਅਰਮੈਨ ਪੈਨਸ਼ਨਰ ਭਵਨ ਲੁਧਿਆਣਾ ਨੇ ਦੱਸਿਆ ਕਿ ਸਰਕਾਰ ਨੇ ਚੋਣਾਂ ਤੋਂ ਪਹਿਲਾਂ ਵਾਅਦੇ ਕੀਤੇ ਸਨ ਕਿ ਤੁਹਾਨੂੰ ਕੋਈ ਧਰਨੇ/ਮੁਜ਼ਾਹਰੇ ਨਹੀਂ ਕਰਨੇ ਪੈਣਗੇ, ਤੁਹਾਡੀਆਂ ਜਾਇਜ਼ ਤੇ ਹੱਕੀ ਮੰਗਾਂ ਫੌਰੀ ਹੱਲ ਹੋਣਗੀਆਂ, ਹੁਣ ਜਦੋਂ ਕਿ ਸਰਕਾਰ ਨੇ ਆਖ਼ਰੀ ਬੱਜਟ ਪੇਸ਼ ਕਰ ਦਿੱਤਾ ਹੈ, ਪੈਨਸ਼ਨਰ/ਮੁਲਾਜ਼ਮਾਂ ਨੂੰ ਆਸ ਸੀ ਕਿ ਮਹਿੰਗਾਈ ਭੱਤਾ ਜਰੂਰ ਵਧੇਗਾ ਕਿਉਂ ਜੋ ਗਵਾਂਢੀ ਰਾਜ ਹਰਿਆਣਾ, ਹਿਮਾਚਲ, ਰਾਜਿਸਥਾਨ ਆਪਣੇ ਪੈਨਸ਼ਨਰਾਂ ਨੂੰ 58 % ਡੀ ਏ ਦੇ ਰਿਹਾ ਪੰਜਾਬ ਦੇ ਪੈਨਸ਼ਨਰ 42% ਲੈ ਰਹੇ ਹਨ 16% ਘੱਟ ਡੀ ਏ ਲੈ ਰਹੇ ਹਨ। ਉਨ੍ਹਾਂ ਕਿਹਾ ਕਿ ਸਮੂੰਹ ਪੈਨਸ਼ਨਰਜ਼ ਸਰਕਾਰੀ ਅਰਧ ਸਰਕਾਰੀ 12 ਮਾਰਚ ਨੂੰ 11 ਵਜੇ ਪੈਨਸ਼ਨਰ ਭਵਨ ਇੱਕਤਰ ਹੋਣਗੇ, ਵਿਰੋਧ ਵਿੱਚ ਬੱਜਟ ਦੀਆਂ ਕਾਪੀਆਂ ਅਗਨ ਭੇਟ ਕਰਨਗੇ ।

## ਦੇਸ਼ ਭਗਤ ਗਲੋਬਲ ਸਕੂਲ 'ਚ ਨਵੇਂ ਸੈਸ਼ਨ ਲਈ ਦਾਖਲੇ ਸ਼ੁਰੂ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਦੇਸ਼ ਭਗਤ ਗਲੋਬਲ ਸਕੂਲ, ਕੋਟਕਪੂਰਾ ਰੋਡ ਵੱਲੋਂ ਅਕਾਦਮਿਕ ਸੈਸ਼ਨ 2026-27 ਲਈ ਪਲੇਅ ਗਰੁੱਪ ਤੋਂ ਲੈ ਕੇ ਕਲਾਸ ਨੌਵੀਂ ਤੇ ਕਲਾਸ ਗਿਆਰ੍ਹਵੀਂ (ਮੈਡੀਕਲ, ਨਾਨ-ਮੈਡੀਕਲ, ਕਾਮਰਸ ਅਤੇ ਆਰਟਸ) ਵਿੱਚ ਦਾਖਲੇ ਸ਼ੁਰੂ ਕਰ ਦਿੱਤੇ ਗਏ ਹਨ।ਸਕੂਲ 'ਚ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਲਈ ਆਧੁਨਿਕ ਤੇ ਉੱਚ ਪੱਧਰੀ ਸਿੱਖਿਆ ਪ੍ਰਣਾਲੀ ਉਪਲਬਧ ਕਰਾਈ ਜਾ ਰਹੀ ਹੈ।ਸਕੂਲ ਦੇ ਪ੍ਰਿੰਸੀਪਲ ਡਾ. ਸੰਜੀਵ ਜਿੰਦਲ ਨੇ ਦੱਸਿਆ ਕਿ ਸਕੂਲ 'ਚ ਵਿਦਿਆਰਥੀਆਂ ਨੂੰ ਉੱਚ ਗੁਣਵੱਤਾ ਵਾਲੀ ਸਿੱਖਿਆ ਦੇਣ ਲਈ ਅਨੁਭਵੀ ਤੇ ਯੋਗ ਅਧਿਆਪਕਾਂ ਦੀ ਟੀਮ ਕੰਮ ਕਰ ਰਹੀ ਹੈ।ਵਿਦਿਆਰਥੀਆਂ ਲਈ ਸਮਾਰਟ ਕਲਾਸਰੂਮ, ਏਅਰ-ਕੰਡੀਸ਼ਨਡ ਕਲਾਸਰੂਮ, ਮਾਡਰਨ ਸਾਇੰਸ ਲੈਬਜ਼, ਕੰਪਿਊਟਰ ਲੈਬ, ਏ.ਆਈ. ਲੈਬ (ਆਰਟੀਫੀਸ਼ੀਅਲ ਇੰਟੈਲੀਜੈਂਸ ਲੈਬ), ਵਿਸ਼ਾਲ ਲਾਇਬ੍ਰੇਰੀ, ਖੇਡ ਮੈਦਾਨ, ਸੁਰੱਖਿਅਤ ਟਰਾਂਸਪੋਰਟ ਸੁਵਿਧਾ ਤੇ ਸੀਸੀਟੀਵੀ ਨਿਗਰਾਨੀ ਵਰਗੀਆਂ ਆਧੁਨਿਕ ਸੁਵਿਧਾਵਾਂ ਉਪਲਬਧ ਹਨ।ਉਨ੍ਹਾਂ ਹੋਰ ਦੱਸਿਆ ਕਿ ਸਕੂਲ 'ਚ ਵਿਦਿਆਰਥੀਆਂ ਦੇ ਭਵਿੱਖ ਨੂੰ ਧਿਆਨ 'ਚ ਰੱਖਦੇ ਹੋਏ ਨੀਟ, ਜੇਈਈ, ਸੀਏ, ਸੀਐੱਸ ਤੇ ਹੋਰ ਮੁਕਾਬਲਤੀ ਪ੍ਰੀਖਿਆਵਾਂ ਲਈ ਇੰਟੀਗ੍ਰੇਟਿਡ ਪ੍ਰੋਗਰਾਮ ਵੀ ਚਲਾਏ ਜਾ ਰਹੇ ਹਨ, ਜਿਸ ਨਾਲ ਵਿਦਿਆਰਥੀਆਂ ਨੂੰ ਸਕੂਲ ਦੀ ਪੜ੍ਹਾਈ ਦੇ ਨਾਲ-ਨਾਲ ਮੁਕਾਬਲਤੀ ਪ੍ਰੀਖਿਆਵਾਂ ਦੀ ਤਿਆਰੀ ਕਰਨ ਦਾ ਵੀ ਮੌਕਾ ਮਿਲਦਾ ਹੈ। ਵਾਈਸ ਪ੍ਰਿੰਸੀਪਲ ਡਾ. ਪਰਮਪ੍ਰੀਤ ਕੌਰ ਨੇ ਦੱਸਿਆ ਕਿ ਸਕੂਲ ਵਿੱਚ ਵਿਦਿਆਰਥੀਆਂ ਦੀ ਸ਼ਖ਼ਸੀਅਤ ਨਿਖਾਰਨ ਲਈ ਅਕਾਦਮਿਕ ਗਤੀਵਿਧੀਆਂ ਦੇ ਨਾਲ-ਨਾਲ ਸਹਿ-ਪਾਠਕ੍ਰਮ ਗਤੀਵਿਧੀਆਂ, ਖੇਡਾਂ, ਸਾਂਸਕ੍ਰਿਤਿਕ ਕਾਰਜਕ੍ਰਮ ਤੇ ਲੀਡਰਸ਼ਿਪ ਗਤੀਵਿਧੀਆਂ 'ਤੇ ਵੀ ਖਾਸ ਧਿਆਨ ਦਿੱਤਾ ਜਾਂਦਾ ਹੈ।ਦੇਸ਼ ਭਗਤ ਯੂਨੀਵਰਸਿਟੀ ਦੇ ਮਾਨਯੋਗ ਚਾਂਸਲਰ ਤੇ ਦੇਸ਼ ਭਗਤ ਕੈਂਪਸ ਸ੍ਰੀ ਮੁਕਤਸਰ ਸਾਹਿਬ ਦੇ ਚੇਅਰਮੈਨ ਡਾ. ਜ਼ੋਰਾ ਸਿੰਘ ਤੇ ਦੇਸ਼ ਭਗਤ ਯੂਨੀਵਰਸਿਟੀ ਦੇ ਪ੍ਰੋ ਚਾਂਸਲਰ ਡਾ. ਤਜਿੰਦਰ ਕੌਰ ਨੇ ਕਿਹਾ ਕਿ ਦੇਸ਼ ਭਗਤ ਗਲੋਬਲ ਸਕੂਲ ਦਾ ਮਕਸਦ ਵਿਦਿਆਰਥੀਆਂ ਨੂੰ ਆਧੁਨਿਕ ਤਕਨੀਕ ਅਤੇ ਨੈਤਿਕ ਮੁੱਲਾਂ ਨਾਲ ਜੋੜ ਕੇ ਉਨ੍ਹਾਂ ਨੂੰ ਸਮਾਜ ਲਈ ਜ਼ਿੰਮੇਵਾਰ ਅਤੇ ਕਾਬਿਲ ਨਾਗਰਿਕ ਬਣਾਉਣਾ ਹੈ।

# ਧੀ ਦੇ ਪਹਿਲੇ ਜਨਮ ਦਿਨ ਮੌਕੇ ਭਾਈਚਾਰਕ ਤੇ ਪਰਵਾਰਕ ਸਾਂਝ ਦਾ ਸ਼ਾਨਦਾਰ ਸੁਨੇਹਾ



**ਸ਼੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)**

ਮਸ਼ਹੂਰ ਸਪੋਰਟਸ ਕੋਚ ਤੇ ਖੇਡ ਪ੍ਰਮੋਟਰ ਹਰਵਿੰਦਰ ਵਿਰਕ ਤੇ ਸਰਕਾਰੀ ਲੈਕਚਰਾਰ ਰੁਪਿੰਦਰਜੀਤ ਕੌਰ ਦੇ ਲੰਬੇ ਵਕਫ਼ੇ ਬਾਅਦ ਝੋਲੀ ਪਈ ਧੀ ਰਿਆਜ਼ ਵਿਰਕ ਦੇ ਮਲੋਟ ਵਿਖੇ ਸ਼ੀਸ਼ ਸ਼ੈਲ ਪੈਲੇਸ 'ਚ ਪਹਿਲੇ ਜਨਮ ਦਿਨ ਮੌਕੇ ਰੱਖੇ ਖ਼ੁਸ਼ੀ ਦੇ ਸਮਾਗਮ ਮੌਕੇ ਇਲਾਕੇ ਦੀਆਂ ਨਾਮਵਰ ਤੇ ਸਿਆਸੀ ਸ਼ਖ਼ਸੀਅਤਾਂ ਵੱਲੋਂ ਵੱਡਾ ਭਾਈਚਾਰਕ ਤੇ ਪਰਿਵਾਰਕ ਸਾਂਝ ਦਾ ਅਲੌਕਿਕ ਸੁਨੇਹਾ ਦਿੱਤਾ ਗਿਆ। ਇਸ ਖ਼ੁਸ਼ੀ ਦੇ ਮੌਕੇ ਵਿਸ਼ੇਸ਼ ਤੌਰ 'ਤੇ ਪੁੱਜੇ ਬਤੌਰ ਪਰਿਵਾਰਕ ਮੈਂਬਰ ਮੌਜੂਦਾ ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ, ਸਾਬਕਾ ਵਿਧਾਇਕ ਰੋਜ਼ੀ ਬਰਕੰਦੀ, ਪੰਜਾਬ ਚੇਅਰਮੈਨ ਤਜਿੰਦਰ ਸਿੰਘ ਮਿੱਡੂਖੇੜਾ, ਸਾਬਕਾ ਚੇਅਰਮੈਨ ਹਨੀ ਫੱਤਣਵਾਲਾ, ਸਾਬਕਾ ਚੇਅਰਮੈਨ ਤੇ ਜ਼ਿਲਾ ਪ੍ਰੀਸ਼ਦ ਮੈਂਬਰ ਮਨਜਿੰਦਰ ਸਿੰਘ ਬਿੱਟੂ, ਜ਼ਿਲ੍ਹਾ ਪ੍ਰਧਾਨ ਗੋਰਾ ਪਠੇਲਾ, ਚੇਅਰਮੈਨ ਨਿੰਦਰ ਕਾਉਣੀ, ਜ਼ਿਲ੍ਹਾ ਪ੍ਰੀਸ਼ਦ ਮੈਂਬਰ ਤੇ ਇੰਚਾਰਜ ਫ਼ਾਜ਼ਿਲਕਾ ਸਿਮਰਜੀਤ ਭੀਨਾ ਬਰਾੜ, ਸਾਬਕਾ ਪ੍ਰਧਾਨ ਨਗਰ ਕੌਂਸਲ ਹਰਪਾਲ ਸਿੰਘ ਬੇਦੀ, ਜ਼ਿਲ੍ਹਾ ਪ੍ਰਧਾਨ ਬੀ ਜੇ ਪੀ ਫਿਰੋਜ਼ਪੁਰ ਸਰਬਜੀਤ ਸਿੰਘ ਬੌਬੀ ਬਾਠ, ਚੇਅਰਮੈਨ ਬਲਰਾਜ ਸਿੰਘ ਭੁੱਲਰ ਵੱਲੋਂ ਜਿੱਥੇ ਵਿਰਕ ਪਰਿਵਾਰ ਨਾਲ ਪਰਿਵਾਰਕ ਸਾਂਝ ਦਾ ਸੁਨੇਹਾ ਦਿੱਤਾ ਉੱਥੇ ਪੂਰੇ ਸਮਾਗਮ ਦੌਰਾਨ ਸਾਰੀਆਂ ਸਿਆਸੀ ਸ਼ਖ਼ਸੀਅਤਾਂ ਵੱਲੋਂ ਇੱਕਠੇ ਬੈਠ ਪੰਜਾਬ ਪ੍ਰਤੀ ਚੇਤਨਤਾ ਦਿਖਾਉਂਦੇ ਹੋਏ ਸਾਰਥਕ ਤੇ ਡੂੰਘੀਆਂ ਵਿਚਾਰਾਂ ਕਰਦਿਆਂ ਭਾਈਚਾਰਕ ਸਾਂਝ ਦੀ ਵਿਲੱਖਣ ਉਦਾਹਰਣ ਪੇਸ਼ ਕਰਦਿਆਂ ਸਮੁੱਚੀ ਸਿਆਸੀ ਜਮਾਤ ਨੂੰ ਸਦਭਾਵਨਾ ਤੇ ਮਿਲਵਰਤਣ ਦਾ ਚੰਗੇਰਾ ਸੁਨੇਹਾ ਵੀ ਦਿੱਤਾ।

ਇਸੇ ਦੌਰਾਨ ਪੰਜਾਬ ਯੂਨੀਵਰਸਿਟੀ ਦੇ ਸੇਨੇਟਰ ਤੇ ਪ੍ਰਿੰਸੀਪਲ ਡਾ ਜਗਪਾਲ ਸਿੰਘ ਸਿੱਧੂ, ਡਿਪਟੀ ਡੀ ਈ ਓ ਕਪਿਲ ਸ਼ਰਮਾ,ਸਾਬਕਾ ਚੇਅਰਮੈਨ ਪੰਜਾਬ ਸਕੂਲ ਸਿੱਖਿਆ ਬੋਰਡ ਡਾ ਤੇਜਿੰਦਰ ਕੌਰ ਧਾਲੀਵਾਲ, ਸਾਬਕਾ ਪ੍ਰਿੰਸੀਪਲ ਤੇ ਉੱਘੇ ਆਰਥਸ਼ਾਸਤਰੀ ਡਾਂ ਬਿਕਰਮ ਸਿੰਘ ਵਿਰਕ, ਸੀ.ਜੀ, ਐਮ.ਕਾਲਜ ਮੋਹਲਾ ਦੇ ਚੇਅਰਮੈਨ ਸਤਪਾਲ ਮੋਹਲਾ, ਸਕੱਤਰ ਸੰਤੋਖ ਸਿੰਘ ਭੰਡਾਰੀ, ਚੇਅਰਮੈਨ ਪਾਲ ਫੱਤਣਵਾਲਾ, ਹਾਕੀ ਪ੍ਰਮੋਟਰ ਮਨਪ੍ਰੀਤ ਸਿੰਘ ਕਾਨੂੰਗੋ, ਹਾਕੀ ਐਸੋਸੀਏਸ਼ਨ ਦੇ ਪ੍ਰਧਾਨ ਡੀ ਸੀ ਸਿੱਧੂ, ਅੰਤਰਰਾਸ਼ਟਰੀ ਖਿਡਾਰੀ ਸਤਪਾਲ ਸਿੰਘ ਮਾਨ, ਪੱਤਰਕਾਰ ਐਚ ਐਸ ਕਪੂਰ ਪ੍ਰਧਾਨ ਚਾਲੀ ਮੁਕਤੇ ਵੈਲਫੇਅਰ ਸੁਸਾਇਟੀ ਸ੍ਰੀ ਮੁਕਤਸਰ ਸਾਹਿਬ, ਗੌਰਵ ਛਾਬੜਾ, ਪ੍ਰਿੰਸੀਪਲ ਸਤਵੰਤ ਕੌਰ ਸਰਕਾਰੀ ਕਾਲਜ, ਸਰਪੰਚ ਪੂਰਨ ਸਿੰਘ ਰੋੜੇ,ਗੁਰਵਿੰਦਰ ਸਿੰਘ ਬਾਜਾ, ਜਗਵੰਤ ਸਿੰਘ ਲੰਬੀ, ਬ੍ਰਹਮਵੇਦ ਸ਼ਰਮਾ, ਪ੍ਰੋ ਡਾ ਬਲੀ ਬਹਾਦਰ, ਬਿੱਟਾ ਗਿੱਲ ਐਮ ਸੀ, ਕਰਮਜੀਤ ਸਿੰਘ ਸੰਮੇਵਾਲੀ, ਇੰਜੀਨੀਅਰ ਰਘਬੀਰ ਸਿੰਘ, ਸਰਕਲ ਪ੍ਰਧਾਨ ਹਰਪਾਲ ਕੋਟਲੀ, ਹਰਬਲਾਸ ਜੰਸੇਆਣਾ ਬਲਾਕ ਸੰਮਤੀ ਮੈਂਬਰ,ਗੁਰੂ ਨਾਨਕ ਕਾਲਜ ਦਾ ਸਮੁੱਚਾ ਸਟਾਫ਼ ਤੇ ਪ੍ਰੋਫੈਸਰ ਸਹਿਬਾਨ ਤੇ ਨਜ਼ਦੀਕੀ ਰਿਸ਼ਤੇਦਾਰਾਂ ਨੇ ਵੀ ਵਿਰਕ ਤੇ ਸੰਧੂ ਪਰਿਵਾਰ ਨਾਲ ਵਿਸ਼ੇਸ਼ ਤੌਰ 'ਤੇ ਖੁਸ਼ੀਆਂ ਸਾਂਝੀਆਂ ਕੀਤੀਆਂ

## ਕੈਂਪ 'ਚ 77 ਯੂਨਿਟ ਖ਼ੂਨ ਇਕੱਤਰ




**ਅਮਲੋਹ (ਪ੍ਰਮੋਦ ਭਾਰਦਵਾਜ)**-ਸ਼ਹੀਦ ਭਗਤ ਸਿੰਘ ਯੂਥ ਸਪੋਰਟਸ ਅਤੇ ਸੱਭਿਆਚਾਰਕ ਕਲੱਬ (ਰਜਿ.) ਕਪੂਰਗੜ੍ਹ (ਪੰਜਾਬ) ਦੇ ਪ੍ਰਧਾਨ ਐਡਵੋਕੇਟ ਤੀਰਥ ਸਿੰਘ ਕਪੂਰਗੜ੍ਹ ਦੀ ਅਗਵਾਈ ਹੇਠ ਦਸਵਾਂ ਖ਼ੂਨਦਾਨ ਕੈਂਪ ਸ੍ਰੀ ਗੁਰਦੁਆਰਾ ਸਿੰਘ ਸਭਾ ਵਿਖੇ ਆਯੋਜਤ ਕੀਤਾ ਗਿਆ, ਜਿਸ ਵਿੱਚ ਮੁੱਖ ਮਹਿਮਾਨ ਦੇ ਤੌਰ 'ਤੇ ਲਖਵੀਰ ਸਿੰਘ ਲੱਖੀ ਮਾਲਕ ਕੈਲੀਫੋਰਨੀਆ ਕੋਲਡ ਸਟੋਰ ਮਛਰਾਏ ਕਲਾਂ ਵੱਲੋਂ ਰੀਬਨ ਕੱਟ ਕੇ ਉਦਘਾਟਨ ਕੀਤਾ ਗਿਆ।ਲੱਖੀ ਨੇ ਕਿਹਾ ਸ਼ਹੀਦ ਭਗਤ ਸਿੰਘ ਯੂਥ ਕਲੱਬ ਕਪੂਰਗੜ੍ਹ ਦਾ ਦਸਵਾਂ ਖ਼ੂਨਦਾਨ ਕੈਂਪ, ਜੋ ਅਤਿ ਉਪਰਾਲੇ ਸ਼ਲਾਘਾਯੋਗ ਕਾਰਜ ਹਨ।ਕੈਂਪ ਦੌਰਾਨ ਵਿਸ਼ੇਸ਼ ਮਹਿਮਾਨ ਦੇ ਤੌਰ 'ਤੇ ਐਡਵੋਕੇਟ ਬ੍ਰਿਜ ਮੋਹਨ ਸਿੰਘ ਸਾਬਕਾ ਪ੍ਰਧਾਨ ਜ਼ਿਲ੍ਹਾ ਬਾਰ ਐਸੋਸੀਏਸ਼ਨ ਫਤਿਹਗੜ੍ਹ ਸਾਹਿਬ, ਡਾ. ਅਮਰਪ੍ਰੀਤ ਸਿੰਘ, ਡਾ. ਗਰਤੀਰਥ, ਹਰਪ੍ਰੀਤ ਸਿੰਘ ਚੈਹਿਲ, ਐਡਵੋਕੇਟ ਰਵਿੰਦਰ ਸਿੰਘ ਸ਼ਾਹਪੁਰ ਨੇ ਸ਼ਿਰਕਤ ਕਰਦਿਆਂ ਕਿਹਾ ਕਿ ਵਿਅਕਤੀ ਵੱਲੋਂ ਦਾਨ ਕੀਤੇ ਖ਼ੂਨ ਨਾਲ ਬਹੁਤ ਸਾਰੀਆਂ ਮਨੁੱਖੀ ਜ਼ਿੰਦਗੀਆਂ ਬਚਾਈਆਂ ਜਾ ਸਕਦੀਆਂ ਹਨ। ਖ਼ੂਨਦਾਨ ਕੈਂਪਾਂ ਵਿੱਚ ਵਧ-ਚੜ੍ਹ ਕੇ ਹਿੱਸਾ ਲੈਣਾ ਚਾਹੀਦਾ।ਇਸ ਮੌਕੇ ਖ਼ੂਨ ਦੀਆਂ 77 ਯੂਨਿਟਾਂ ਇੱਕਤਰ ਕੀਤੀਆਂ ਗਈਆਂ।ਕੈਂਪ ਦੌਰਾਨ ਆਏ ਮਹਿਮਾਨਾਂ ਦਾ ਸਨਮਾਨ ਚਿੰਨ੍ਹ ਤੇ ਸਿਰੋਪਾ ਦੇ ਕੇ ਸਨਮਾਨ ਕੀਤਾ ਗਿਆ।

ਵੀਰਵਾਰ, 12 ਮਾਰਚ, 2026
29 ਫੱਗਣ { ਨਾਨਕਸ਼ਾਹੀ 557 / ਬਿਕਰਮੀ 2082
ਜਿਲਦ/VOL. : 74
ਅੰਕ/NO. : 280

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • THURSDAY, 12 MARCH, 2026 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ
ਪੁੱਛ-ਗਿੱਛ (ਰਿਸੈਪਸ਼ਨ) 0181-5097300
ਇਸ਼ਤਿਹਾਰ ਵਿਭਾਗ 0181-5097302
ਸਾਹਿਤ ਸੰਪਾਦਕ (ਐਤਵਾਰਤਾ) 0181-5097305
ਕੰਪਿਊਟਰ ਰੂਮ 0181-5097310
ਵੈੱਬ ਟੀ ਵੀ 0181-5133160

You Tube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 14

## ਖਹਿਰਾ ਮੁਆਫ਼ੀ ਨਹੀਂ ਮੰਗਦੇ ਤਾਂ ਸਪੀਕਰ ਬਰਖਾਸਤ ਕਰਨ : ਚੀਮਾ

**ਚੰਡੀਗੜ੍ਹ (ਗੁਰਜੀਤ ਬਿੱਲਾ, ਕ੍ਰਿਸ਼ਨ ਗਰਗ)**

ਪੰਜਾਬ ਵਿਧਾਨ ਸਭਾ ਦੀ ਕਾਰਵਾਈ ਦੌਰਾਨ ਬੁੱਧਵਾਰ ਸੁਖਪਾਲ ਸਿੰਘ ਖਹਿਰਾ ਦੀ ਸੋਸ਼ਲ ਮੀਡੀਆ ਪੋਸਟ ਨੂੰ ਲੈ ਕੇ ਵਿਵਾਦ ਹੋਰ ਗੰਭੀਰ ਹੋ ਗਿਆ। 20 ਮਿੰਟ ਦੀ ਮੁਲਤਵੀ ਤੋਂ ਬਾਅਦ ਜਦੋਂ ਸਦਨ ਦੀ ਕਾਰਵਾਈ ਦੁਬਾਰਾ ਸ਼ੁਰੂ ਹੋਈ, ਤਾਂ ਖਹਿਰਾ ਵੱਲੋਂ ਮੁਆਫੀ ਨਾ ਮੰਗਣ ਕਾਰਨ ਮਾਹੌਲ ਮੁੜ ਗਰਮਾ ਗਿਆ। ਇਸ ਮੁੱਦੇ 'ਤੇ ਸੱਤਾਧਾਰੀ ਪਾਰਟੀ ਅਤੇ ਵਿਰੋਧੀ ਧਿਰ ਦੇ ਵਿਧਾਇਕ ਇੱਕ-ਦੂਜੇ ਦੇ ਖਿਲਾਫ ਨਾਅਰੇਬਾਜ਼ੀ ਕਰਦੇ ਹੋਏ ਸਪੀਕਰ ਦੀ ਕੁਰਸੀ ਦੇ ਬਿਲਕੁਲ ਸਾਹਮਣੇ ਆ ਗਏ, ਜਿਸ ਕਾਰਨ ਸਦਨ ਵਿੱਚ ਭਾਰੀ ਅਫਰਾ-ਤਫਰੀ ਮਚ ਗਈ।

ਵਿਰੋਧੀ ਧਿਰ ਦੇ ਆਗੂ ਪ੍ਰਤਾਪ ਸਿੰਘ ਬਾਜਵਾ ਨੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਪਾਸੋਂ ਮੰਗ ਕੀਤੀ ਕਿ ਲੋਕਤੰਤਰੀ ਮਰਿਆਦਾ ਅਨੁਸਾਰ ਖਹਿਰਾ ਨੂੰ ਆਪਣਾ ਪੱਖ ਰੱਖਣ ਦਾ ਮੌਕਾ ਦਿੱਤਾ ਜਾਵੇ। ਸਪੀਕਰ ਨੇ ਇਸ ਮੰਗ ਨੂੰ ਸਿਰੇ ਤੋਂ ਖਾਰਜ ਕਰਦਿਆਂ ਸਪੱਸ਼ਟ ਕੀਤਾ ਕਿ ਜਿੰਨੀ ਦੇਰ ਖਹਿਰਾ ਔਰਤਾਂ ਵਿਰੁੱਧ ਕੀਤੀ ਗਈ ਟਿੱਪਣੀ ਲਈ ਸਦਨ ਵਿੱਚ ਬਿਨਾਂ ਸ਼ਰਤ ਮੁਆਫੀ ਨਹੀਂ ਮੰਗਦੇ, ਉਨ੍ਹਾ



ਨੂੰ ਬੋਲਣ ਦੀ ਇਜਾਜ਼ਤ ਨਹੀਂ ਦਿੱਤੀ ਜਾਵੇਗੀ, ਜਿਸ ਤੋਂ ਬਾਅਦ ਕਾਂਗਰਸੀ ਵਿਧਾਇਕ ਸਦਨ ਵਿੱਚੋਂ ਵਾਕਆਊਟ ਕਰ ਗਏ।

ਸਦਨ ਵਿੱਚ ਉਸ ਸਮੇਂ ਭਾਰੀ ਹੰਗਾਮਾ ਹੋ ਗਿਆ, ਜਦੋਂ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਖਹਿਰਾ ਵੱਲੋਂ ਸੋਸ਼ਲ ਮੀਡੀਆ 'ਤੇ ਔਰਤਾਂ ਵਿਰੁੱਧ ਕੀਤੀ ਗਈ ਕਥਿਤ ਟਿੱਪਣੀ ਦਾ ਮੁੱਦਾ ਚੁੱਕਿਆ। ਪ੍ਰਸ਼ਨ ਕਾਲ ਖਤਮ ਹੁੰਦਿਆਂ ਹੀ ਚੀਮਾ ਨੇ ਇਸ ਟਿੱਪਣੀ ਨੂੰ ਅੱਤ ਮੰਦਭਾਗੀ ਅਤੇ ਔਰਤ ਵਿਰੋਧੀ ਕਰਾਰ ਦਿੰਦਿਆਂ ਸਪੀਕਰ ਪਾਸੋਂ ਮੰਗ ਕੀਤੀ ਕਿ ਖਹਿਰਾ ਨੂੰ ਤੁਰੰਤ ਵਿਧਾਨ ਸਭਾ ਤੋਂ ਬਰਖਾਸਤ ਕੀਤਾ ਜਾਵੇ। ਮਾਹੌਲ ਉਸ ਸਮੇਂ ਹੋਰ ਤਣਾਅਪੂਰਨ ਹੋ ਗਿਆ, ਜਦੋਂ ਆਮ ਆਦਮੀ ਪਾਰਟੀ ਦੀਆਂ ਮਹਿਲਾ ਵਿਧਾਇਕਾਂ ਨੇ ਖਹਿਰਾ ਅਤੇ ਕਾਂਗਰਸ ਵਿਰੁੱਧ ਜ਼ੋਰਦਾਰ ਨਾਅਰੇਬਾਜ਼ੀ ਸ਼ੁਰੂ ਕਰ ਦਿੱਤੀ। ਜਵਾਬ ਵਿੱਚ ਕਾਂਗਰਸੀ ਵਿਧਾਇਕਾਂ ਨੇ ਵੀ ਸਰਕਾਰ ਵਿਰੁੱਧ ਮੋਰਚਾ ਖੋਲ੍ਹ ਦਿੱਤਾ। ਬਾਜਵਾ ਨੇ ਮੁੱਖ ਮੰਤਰੀ ਭਗਵੰਤ ਮਾਨ ਵਿਰੁੱਧ 'ਨਿੰਦਾ ਪ੍ਰਸਤਾਵ' ਲਿਆਉਣ ਦੀ ਮੰਗ ਕੀਤੀ, ਜਿਸ ਨੂੰ ਸਪੀਕਰ ਨੇ ਖਾਰਜ ਕਰ ਦਿੱਤਾ। ਦੋਵਾਂ ਧਿਰਾਂ ਵਿਚਾਲੇ ਵਧਦੇ ਟਕਰਾਅ ਅਤੇ ਲਗਾਤਾਰ ਹੋ ਰਹੀ ਨਾਅਰੇਬਾਜ਼ੀ ਨੂੰ ਦੇਖਦਿਆਂ ਸਪੀਕਰ ਨੇ ਸਦਨ ਦੀ ਕਾਰਵਾਈ 20 ਮਿੰਟ ਲਈ ਮੁਲਤਵੀ ਕਰ ਦਿੱਤੀ।

ਸਦਨ ਦੇ ਬਾਹਰ ਮੀਡੀਆ ਨੂੰ ਸੰਬੋਧਨ ਕਰਨ ਸਮੇਂ ਵਿੱਤ ਮੰਤਰੀ ਨੇ ਕਾਂਗਰਸੀ ਵਿਧਾਇਕ ਦੁਆਰਾ ਮਜ਼ਦੂਰ ਭਾਈਚਾਰੇ ਅਤੇ ਮਹਿਲਾਵਾਂ ਪ੍ਰਤੀ ਵਰਤੀ ਗਈ ਭੱਦੀ ਸ਼ਬਦਾਵਲੀ ਦੇ ਸੰਬੰਧ ਵਿੱਚ ਸਮੁੱਚੀ ਕਾਂਗਰਸ ਪਾਰਟੀ ਨੂੰ ਵੀ ਆਪਣੇ ਮੈਂਬਰ ਦੇ ਇਸ ਘਟੀਆ ਰਵੱਈਏ ਲਈ ਅਧਿਕਾਰਤ ਤੌਰ 'ਤੇ ਮੁਆਫ਼ੀ ਮੰਗਣ ਲਈ ਕਿਹਾ। ਉਨ੍ਹਾ ਜ਼ੋਰ ਦੇ ਕੇ ਕਿਹਾ ਕਿ ਕਾਂਗਰਸ ਪਾਰਟੀ ਦੀ ਲੀਡਰਸ਼ਿਪ ਆਪਣੇ ਮੈਂਬਰ ਦੇ ਇਸ ਸ਼ਰਮਨਾਕ ਵਿਹਾਰ ਦੀ ਜ਼ਿੰਮੇਵਾਰੀ ਲਵੇ।ਉਨ੍ਹਾ ਕਿਹਾ, 'ਮੈਂ ਸਦਨ

• ਬਾਕੀ ਸਫ਼ਾ 10 'ਤੇ

## ਏਟਕ ਅਤੇ ਪ ਸ ਸ ਫ ਵੱਲੋਂ ਜ਼ਬਰਦਸਤ ਰੈਲੀ



**ਮੋਹਾਲੀ :** ਪੰਜਾਬ ਦੇ ਬੱਜਟ ਵਿੱਚ ਪੰਜਾਬ ਦੇ ਲੱਖਾਂ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਨੂੰ ਅੰਗੂਠਾ ਦਿਖਾਉਣ ਦੇ ਰੋਸ ਵਜੋਂ ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰ ਸਾਂਝਾ ਫਰੰਟ ਵੱਲੋਂ ਉਲੀਕੇ ਗਏ ਐਕਸ਼ਨ ਪ੍ਰੋਗਰਾਮ ਨੂੰ ਲਾਗੂ ਕਰਦੇ ਹੋਏ ਬੁੱਧਵਾਰ ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ 1680 ਸੈਕਟਰ 22ਬੀ, ਚੰਡੀਗੜ੍ਹ ਅਤੇ ਏਟਕ ਵਿੱਚ ਸ਼ਾਮਲ ਬਿਜਲੀ ਬੋਰਡ, ਪੀ ਆਰ ਟੀ ਸੀ, ਪੰਜਾਬ ਰੋਡਵੇਜ਼ ਸਮੇਤ ਸਮੂਹ ਵਿਭਾਗਾਂ ਦੇ ਦਰਜਾਚਾਰ, ਕੱਚੇ, ਠੇਕਾ ਅਧਾਰਤ, ਆਊਟ ਸੋਰਸ ਮੁਲਾਜ਼ਮਾਂ, ਰੈਗੂਲਰ ਮੁਲਾਜ਼ਮਾਂ, ਪੈਨਸ਼ਨਰਾਂ, ਆਸ਼ਾ ਵਰਕਰਾਂ, ਮਿੱਡ ਡੇਅ ਮੀਲ ਵਰਕਰਾਂ ਅਤੇ ਆਂਗਣਵਾੜੀ ਵਰਕਰਾਂ ਵੱਲੋਂ ਵੱਡੀ ਗਿਣਤੀ ਵਿੱਚ ਸਥਾਨਕ ਗੁਰਦੁਆਰਾ ਸਾਹਿਬ 6 ਫੇਜ਼ ਦੇ ਸਾਹਮਣੇ ਗਰਾਊਂਡ ਵਿੱਚ ਵਿਸ਼ਾਲ ਰੋਸ ਰੈਲੀ ਕੀਤੀ ਗਈ। ਇਸ ਰੈਲੀ ਵਿੱਚ ਪੰਜਾਬ ਦੇ ਕੋਨੇ-ਕੋਨੇ ਤੋਂ ਆਏ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਨੇ ਬਹੁਤ ਵੱਡੀ ਗਿਣਤੀ ਵਿੱਚ ਲਾਲ ਝੰਡਿਆਂ ਨਾਲ ਸ਼ਮੂਲੀਅਤ ਕੀਤੀ। ਇਸ ਰੈਲੀ ਨੂੰ ਸੰਬੋਧਨ ਕਰਦੇ ਹੋਏ ਏਟਕ ਦੇ ਸੂਬਾਈ ਜਨਰਲ ਸਕੱਤਰ ਨਿਰਮਲ ਸਿੰਘ ਧਾਲੀਵਾਲ ਨੇ ਸਰਕਾਰ ਵੱਲੋਂ ਅਪਣਾਈਆਂ ਜਾ ਰਹੀਆਂ ਲੋਕ ਵਿਰੋਧੀ ਨੀਤੀਆਂ ਦੀ ਸਖਤ ਸ਼ਬਦਾਂ ਵਿੱਚ ਨਿਖੇਧੀ ਕਰਦੇ ਹੋਏ ਕਿਹਾ ਕਿ ਸਰਕਾਰ ਨੂੰ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਵਿਰੋਧੀ ਅਪਣਾਇਆ ਗਿਆ ਇਹ ਵਤੀਰਾ ਆਉਣ ਵਾਲੇ ਸਮੇਂ ਵਿੱਚ ਮਹਿੰਗਾ ਪਵੇਗਾ। ਇਸ ਕਰਕੇ ਸਰਕਾਰ ਨੂੰ ਤਿੱਖੇ ਸੰਘਰਸ਼ਾਂ ਦਾ ਸਾਹਮਣਾ ਕਰਨ ਲਈ ਤਿਆਰ ਰਹਿਣਾ ਚਾਹੀਦਾ ਹੈ। ਐੱਮ ਐੱਲ ਸਹਿਗਲ ਚੇਅਰਮੈਨ ਆਲ ਇੰਡੀਆ ਕਨਫੈਡਰੇਸ਼ਨ, ਦਰਸ਼ਨ ਸਿੰਘ ਲੁਬਾਣਾ, ਗੁਰਦੀਪ ਸਿੰਘ ਮੋਤੀ, ਰਣਜੀਤ ਸਿੰਘ ਰਾਣਵਾਂ, ਜਗਦੀਸ਼ ਸਿੰਘ ਚਾਹਲ, ਸੁਰਿੰਦਰ ਕੁਮਾਰ ਪੁਆਰੀ, ਅਵਤਾਰ ਸਿੰਘ ਗਗੜਾ, ਗੁਰਮੇਲ ਸਿੰਘ ਮੈਲਡੇ, ਗੁਰਪ੍ਰੀਤ ਸਿੰਘ ਮੰਗਵਾਲ, ਦੀਦਾਰ ਸਿੰਘ ਮੰਡ, ਮੇਲਾ ਸਿੰਘ ਪੁੰਨਾਂਵਾਲ, ਅਮਰਜੀਤ ਕੌਰ ਰਣ ਸਿੰਘ ਵਾਲਾ, ਸਰੋਜ ਛੱਪੜੀ ਵਾਲਾ, ਗੁਰਪ੍ਰੀਤ ਸਿੰਘ ਗੰਡੀਵਿੰਡ, ਰਾਧੇ ਸ਼ਿਆਮ, ਚਮਕੌਰ ਸਿੰਘ ਬੀਰਮੀ, ਅਮਰੀਕ ਸਿੰਘ ਮਸੀਤਾਂ, ਸੁਰਿੰਦਰ ਪਾਲ ਸਿੰਘ ਲਹੌਰੀਆ, ਉੱਤਮ ਸਿੰਘ ਬਾਗੜੀ, ਮੁਹੰਮਦ ਖਲੀਲ, ਦਲਜੀਤ ਸਿੰਘ ਪੀ ਆਰ ਟੀ ਸੀ, ਜਸਵਿੰਦਰ ਪਾਲ ਉੱਗੀ, ਟਹਿਲ ਸਿੰਘ ਸਰਾਭਾ, ਕਰਤਾਰ ਸਿੰਘ ਪਾਲ, ਸੁਖਦੇਵ ਸਿੰਘ ਸੁਰਤਾਪੁਰੀ, ਰਣਦੀਪ ਸਿੰਘ ਸ੍ਰੀ ਫਤਿਹਗੜ੍ਹ ਸਾਹਿਬ, ਕ੍ਰਿਸ਼ਨ ਪ੍ਰਸਾਦ ਚੰਡੀਗੜ੍ਹ, ਬਲਵੀਰ ਕੌਰ ਗਿੱਲ, ਸੁਖਵਿੰਦਰ ਕੌਰ ਸੁੱਖੀ ਮਾਨਸਾ, ਦੁਰਗੋ ਬਾਈ ਫਾਜ਼ਿਲਕਾ, ਗੁਰਚਰਨ ਕੌਰ ਮੋਗਾ, ਰਣਜੀਤ ਸਿੰਘ ਢਿੱਲੋਂ, ਨਰਿੰਦਰ ਬੱਲ, ਬਾਬਾ ਅਮਰਜੀਤ ਸਿੰਘ, ਚੰਦ ਸਿੰਘ ਡੋਡ, ਕਾਰਜ ਸਿੰਘ ਕੈਰੋਂ, ਚੰਦਨ ਸਿੰਘ, ਪਰੇਮ ਚੰਦ, ਰਮੇਸ਼ ਕੁਮਾਰ ਚੰਡੀਗੜ੍ਹ, ਮੋਹਣ ਸਿੰਘ ਮੋਹਾਲੀ, ਅੰਮ੍ਰਿਤਪਾਲ ਸਿੰਘ ਬਾਕੀਪੁਰ, ਕੌਰ ਸਿੰਘ ਸੋਹੀ, ਗੁਰਵੇਲ ਸਿੰਘ ਬੱਲਪੁਰੀਆ, ਬਾਜ ਸਿੰਘ ਖਹਿਰਾ, ਕਰਮ ਸਿੰਘ ਧਨੋਆ ਅਤੇ ਡਾ. ਐੱਨ ਕੇ ਕਲਸੀ ਨੇ ਦੋਸ਼ ਲਗਾਇਆ ਕਿ ਕੇਂਦਰ ਅਤੇ ਪੰਜਾਬ ਵਿੱਚ ਸਮੇਂ-ਸਮੇਂ ਦੀਆਂ ਹੁਕਮਰਾਨ ਸਰਕਾਰਾਂ ਨੇ ਕਾਰਪੋਰੇਟ ਸੈਕਟਰ ਦੇ ਦਬਾਅ ਹੇਠ ਜਨਵਰੀ 2004 ਤੋਂ ਬਾਅਦ ਭਰਤੀ ਲੱਖਾਂ ਮੁਲਾਜ਼ਮਾਂ ਤੋਂ ਪੈਨਸ਼ਨ ਦਾ ਹੱਕ ਖੋਹ ਕੇ ਮਾਨਯੋਗ ਸੁਪਰੀਮ ਕੋਰਟ ਦੇ ਫੈਸਲੇ ਦਾ ਅਪਮਾਨ ਕੀਤਾ ਹੈ।ਕੇਂਦਰੀ ਹੁਕਮਰਾਨ ਮੋਦੀ ਸਰਕਾਰ ਵੱਲੋਂ ਸੰਸਦ ਦੇ ਮੌਜੂਦਾ ਸੈਸ਼ਨ ਵਿੱਚ ਬਿਜਲੀ ਸੋਧ ਐਕਟ 2025 ਲਿਆਉਣ, ਪਿਛਲੇ ਸਮੇਂ ਦੌਰਾਨ ਮਜ਼ਦੂਰ ਪੱਖੀ 29 ਕਿਰਤ ਕਾਨੂੰਨਾਂ ਨੂੰ ਖਤਮ ਕਰਕੇ ਚਾਰ ਲੇਬਰ ਕੋਡਾਂ ਨੂੰ ਲਾਗੂ ਕਰ ਦਿੱਤਾ ਹੈ। ਬੁਲਾਰਿਆਂ ਨੇ ਦੋਸ਼ ਲਾਇਆ ਕਿ ਪੰਜਾਬ ਸਰਕਾਰ ਵੀ ਸਪੱਸ਼ਟ ਤੌਰ 'ਤੇ ਕਾਰਪੋਰੇਟ ਸੈਕਟਰ ਦੇ ਹੱਥਾਂ ਵਿੱਚ ਖੇਡ ਰਹੀ ਹੈ। ਵਿੱਤ ਮੰਤਰੀ ਪੰਜਾਬ ਦਾ ਬਜਟ ਭਾਸ਼ਣ ਇਹ ਸਾਫ ਕਰਦਾ ਹੈ ਕਿ ਪੰਜਾਬ ਦੇ ਲੱਖਾਂ ਮੁਲਾਜ਼ਮ ਅਤੇ ਪੈਨਸ਼ਨਰ ਸਰਕਾਰ ਦੇ ਏਜੰਡੇ 'ਤੇ ਨਹੀਂ ਹਨ। ਬੁਲਾਰਿਆਂ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਪੰਜਾਬ ਦੇ ਸਮੂਹ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀਆਂ 16 ਫੀਸਦੀ ਦੀ ਦਰ ਨਾਲ ਡੀ ਏ ਦੀਆਂ ਬਕਾਇਆ ਪਈਆਂ ਪੰਜ ਕਿਸ਼ਤਾਂ ਸਮੇਤ ਬਕਾਇਆ ਤੁਰੰਤ ਦਿੱਤੀਆਂ ਜਾਣ, ਤਨਖਾਹ ਕਮਿਸ਼ਨ ਦਾ ਬਣਦਾ ਸਾਰਾ ਬਕਾਇਆ ਤੁਰੰਤ ਦਿੱਤਾ ਜਾਵੇ, ਪੈਨਸ਼ਨਰਾਂ ਲਈ 2.59 ਦਾ ਗੁਣਾਂਕ ਤੁਰੰਤ ਲਾਗੂ ਕੀਤਾ ਜਾਵੇ, ਪੁਰਾਣੀ ਪੈਨਸ਼ਨ ਸਕੀਮ ਤੁਰੰਤ ਲਾਗੂ ਕੀਤੀ ਜਾਵੇ, ਪੰਜਾਬ ਦੇ ਸੱਤਵੇਂ ਤਨਖਾਹ ਕਮਿਸ਼ਨ ਦਾ ਤੁਰੰਤ ਗਠਨ ਕੀਤਾ ਜਾਵੇ, ਆਸ਼ਾ ਵਰਕਰਾਂ, ਆਂਗਣਵਾੜੀ ਵਰਕਰਾਂ, ਮਿੱਡ ਡੇ ਮੀਲ ਵਰਕਰਾਂ, ਠੇਕਾ ਅਤੇ ਆਊਟ ਸੋਰਸ ਮੁਲਾਜ਼ਮਾਂ ਨੂੰ ਤੁਰੰਤ ਪੂਰੇ ਤਨਖਾਹ ਸਕੇਲਾਂ ਵਿੱਚ ਰੈਗੂਲਰ ਕੀਤਾ ਜਾਵੇ, ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੇ ਹੱਕ ਵਿੱਚ ਹੋਏ ਵੱਖ-ਵੱਖ ਅਦਾਲਤੀ ਫੈਸਲੇ ਤੁਰੰਤ ਲਾਗੂ ਕੀਤੇ ਜਾਣ, ਮੁੱਖ ਮੰਤਰੀ ਪੰਜਾਬ ਸਰਕਾਰ ਵੱਲੋਂ ਤੁਰੰਤ ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰ ਸਾਂਝੇ ਫਰੰਟ ਦੀ ਲੀਡਰਸ਼ਿਪ ਨਾਲ ਮੀਟਿੰਗ ਕਰਕੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ

• ਬਾਕੀ ਸਫ਼ਾ 10 'ਤੇ

## ਕੇਜਰੀਵਾਲ, ਸਿਸੋਦੀਆ ਤੇ ਹੋਰਨਾਂ ਵੱਲੋਂ ਦਿੱਲੀ ਦੇ ਚੀਫ ਜਸਟਿਸ ਨੂੰ ਪੱਤਰ, ਆਬਕਾਰੀ ਕੇਸ ਸਵਰਨ ਕਾਂਤਾ ਸ਼ਰਮਾ ਤੋਂ ਲੈ ਕੇ ਕਿਸੇ ਹੋਰ ਬੈਂਚ ਨੂੰ ਸੌਂਪਣ ਦੀ ਮੰਗ

**ਨਵੀਂ ਦਿੱਲੀ :** ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ, ਸੀਨੀਅਰ ਆਗੂ ਮਨੀਸ਼ ਸਿਸੋਦੀਆ ਅਤੇ ਦਿੱਲੀ ਆਬਕਾਰੀ ਨੀਤੀ ਮਾਮਲੇ ਦੇ ਕਈ ਹੋਰ ਮੁਲਜ਼ਮਾਂ ਨੇ ਦਿੱਲੀ ਹਾਈ ਕੋਰਟ ਦੇ ਚੀਫ ਜਸਟਿਸ ਨੂੰ ਪੱਤਰ ਲਿਖਿਆ ਹੈ। ਉਨ੍ਹਾਂ ਇਸ ਮਾਮਲੇ ਨੂੰ ਜਸਟਿਸ ਸਵਰਨ ਕਾਂਤਾ ਸ਼ਰਮਾ ਦੀ ਅਦਾਲਤ ਤੋਂ ਕਿਸੇ ਹੋਰ ਬੈਂਚ ਵਿੱਚ ਤਬਦੀਲ ਕਰਨ ਦੀ ਮੰਗ ਕੀਤੀ ਹੈ।

ਪੱਤਰ ਵਿੱਚ ਉਨ੍ਹਾਂ ਤਰਕ ਦਿੱਤਾ ਹੈ ਕਿ ਨਿਰਪੱਖਤਾ ਯਕੀਨੀ ਬਣਾਉਣ ਅਤੇ ਨਿਆਂ ਪ੍ਰਣਾਲੀ ਵਿੱਚ ਜਨਤਾ ਦਾ ਵਿਸ਼ਵਾਸ ਬਣਾਈ ਰੱਖਣ ਲਈ ਮਾਮਲੇ ਦੀ ਸੁਣਵਾਈ ਇੱਕ ਨਿਰਪੱਖ ਬੈਂਚ ਦੁਆਰਾ ਕੀਤੀ ਜਾਣੀ ਚਾਹੀਦੀ ਹੈ। ਉਨ੍ਹਾਂ ਦੱਸਿਆ ਕਿ ਇਸੇ ਆਬਕਾਰੀ ਮਾਮਲੇ ਵਿੱਚ ਜੱਜ ਵੱਲੋਂ ਸੁਣਾਏ ਗਏ ਕਈ ਫੈਸਲਿਆਂ ਨੂੰ ਸੁਪਰੀਮ ਕੋਰਟ ਨੇ ਉਲਟਾ ਦਿੱਤਾ ਹੈ।

ਆਪਣੇ ਪੱਤਰ ਵਿੱਚ ਦਿੱਲੀ ਦੇ ਸਾਬਕਾ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਨੇ ਕਿਹਾ ਕਿ ਇਹ ਬੇਨਤੀ ਇੱਕ ਗੰਭੀਰ ਅਤੇ ਅਸਲ ਚਿੰਤਾ ਕਾਰਨ ਕੀਤੀ ਗਈ ਹੈ। ਉਨ੍ਹਾ ਨੂੰ ਡਰ ਹੈ ਕਿ ਇਸ ਮਾਮਲੇ ਵਿੱਚ ਪੂਰੀ ਤਰ੍ਹਾਂ ਨਿਰਪੱਖ ਸੁਣਵਾਈ ਨਹੀਂ ਹੋ ਸਕੇਗੀ। ਉਨ੍ਹਾ ਮੰਗ ਕੀਤੀ ਹੈ ਕਿ ਸੀ ਬੀ ਆਈ ਬਨਾਮ ਕੁਲਦੀਪ ਸਿੰਘ ਅਤੇ ਹੋਰਨਾਂ ਦੇ ਮਾਮਲੇ ਨੂੰ ਕਿਸੇ ਹੋਰ ਬੈਂਚ ਦੇ ਸਾਹਮਣੇ ਰੱਖਿਆ ਜਾਵੇ। ਇਸ ਨਾਲ ਨਿਆਂ ਪ੍ਰਣਾਲੀ ਵਿੱਚ ਨਿਰਪੱਖਤਾ ਅਤੇ ਜਨਤਾ ਦਾ ਵਿਸ਼ਵਾਸ ਬਣਿਆ ਰਹੇਗਾ।ਪੱਤਰ ਵਿੱਚ ਦੱਸਿਆ ਗਿਆ ਹੈ ਕਿ 17 ਅਗਸਤ 2022 ਨੂੰ ਦਰਜ ਸੀ ਬੀ ਆਈ ਐੱਫ ਆਈ ਆਰ ਵਿੱਚ ਅਰਵਿੰਦ ਕੇਜਰੀਵਾਲ ਨੂੰ ਮੁਲਜ਼ਮ ਨੰਬਰ 18 ਬਣਾਇਆ ਗਿਆ ਸੀ। ਉਨ੍ਹਾ ਨੂੰ 26 ਜੂਨ 2024 ਨੂੰ ਗ੍ਰਿਫ਼ਤਾਰ ਕੀਤਾ ਗਿਆ ਸੀ। ਹੇਠਲੀ ਅਦਾਲਤ ਨੇ 23 ਮੁਲਜ਼ਮਾਂ ਨਾਲ ਸਬੰਧਤ ਪੰਜ ਚਾਰਜਸ਼ੀਟਾਂ 'ਤੇ ਲਗਭਗ ਦੋ ਮਹੀਨਿਆਂ ਤੱਕ ਦਲੀਲਾਂ ਸੁਣੀਆਂ। ਇਸ ਤੋਂ ਬਾਅਦ 12 ਫਰਵਰੀ 2026 ਨੂੰ ਆਪਣਾ ਫੈਸਲਾ ਸੁਰੱਖਿਅਤ ਰੱਖ ਲਿਆ। 27 ਫਰਵਰੀ 2026 ਨੂੰ ਵਿਸ਼ੇਸ਼ ਸੀ ਬੀ ਆਈ ਅਦਾਲਤ ਨੇ ਇੱਕ ਵਿਸਤ੍ਰਿਤ ਹੁਕਮ ਜਾਰੀ ਕੀਤਾ, ਜਿਸ ਵਿੱਚ ਸਾਰੇ 23 ਮੁਲਜ਼ਮਾਂ ਨੂੰ ਦੋਸ਼ਮੁਕਤ (ਬਰੀ) ਕਰ ਦਿੱਤਾ ਗਿਆ।ਦਿੱਲੀ ਹਾਈ ਕੋਰਟ ਦੀ ਕਾਰਵਾਈ ਦਾ ਹਵਾਲਾ ਦਿੰਦੇ ਹੋਏ ਕੇਜਰੀਵਾਲ ਨੇ ਕਿਹਾ ਕਿ ਸੀ ਬੀ ਆਈ ਨੇ ਬਰੀ ਕਰਨ ਦੇ ਫੈਸਲੇ ਨੂੰ ਚੁਣੌਤੀ ਦਿੰਦੇ ਹੋਏ ਲਗਭਗ 50 ਪੰਨਿਆਂ ਦੀ ਰਿਵੀਜ਼ਨ ਪਟੀਸ਼ਨ ਦਾਇਰ ਕੀਤੀ ਹੈ। ਹਾਲਾਂਕਿ ਪੱਤਰ ਅਨੁਸਾਰ, ਇਸ ਪਟੀਸ਼ਨ ਵਿੱਚ ਹੇਠਲੀ ਅਦਾਲਤ ਦੇ ਨਤੀਜਿਆਂ ਜਾਂ ਸਬੂਤਾਂ ਵਿੱਚ ਕਿਸੇ ਵੀ ਖਾਸ ਗਲਤੀ ਨੂੰ ਉਜਾਗਰ ਨਹੀਂ ਕੀਤਾ ਗਿਆ। ਅਜਿਹਾ ਕੋਈ ਕਾਰਨ ਨਹੀਂ ਦੱਸਿਆ ਗਿਆ, ਜਿਸ ਨਾਲ ਬਰੀ ਕਰਨ ਦੇ ਹੁਕਮ ਨੂੰ ਰੱਦ ਕੀਤਾ ਜਾ ਸਕੇ।

ਉਨ੍ਹਾ ਕਿਹਾ ਕਿ 9 ਮਾਰਚ 2026 ਨੂੰ ਪਹਿਲੀ ਸੁਣਵਾਈ ਦੌਰਾਨ ਹਾਈ ਕੋਰਟ ਨੇ ਨੋਟਿਸ ਜਾਰੀ ਕੀਤਾ। ਹਾਈ ਕੋਰਟ ਨੇ ਬਰੀ ਕੀਤੇ ਗਏ ਮੁਲਜ਼ਮਾਂ ਨੂੰ ਸੁਣੇ ਬਿਨਾਂ ਹੀ ਮੁੱਢਲੇ ਤੌਰ 'ਤੇ ਇਹ ਵਿਚਾਰ

• ਬਾਕੀ ਸਫ਼ਾ 10 'ਤੇ

## ਜਾਓ ਤੇ ਜਾ ਕੇ ਕੁਝ ਸਵੈਟਰ ਵੇਚੋ...

**ਨਵੀਂ ਦਿੱਲੀ :** ਸੁਪਰੀਮ ਕੋਰਟ ਨੇ ਲੁਧਿਆਣਾ ਦੇ ਇੱਕ ਕੱਪੜਾ ਵਪਾਰੀ ਵੱਲੋਂ ਦਾਇਰ ਕੀਤੀ ਲੋਕ ਹਿੱਤ ਪਟੀਸ਼ਨ ਨੂੰ ਖਾਰਜ ਕਰਦਿਆਂ ਸਖਤ ਨਾਰਾਜ਼ਗੀ ਜ਼ਾਹਰ ਕੀਤੀ ਹੈ। ਜਸਟਿਸ ਅਭੈ ਐੱਸ ਓਕਾ ਅਤੇ ਜਸਟਿਸ ਅਗਸਟੀਨ ਜਾਰਜ ਮਸੀਹ ਦੀ ਬੈਂਚ ਨੇ ਪਾਇਆ ਕਿ ਇਹ ਪਟੀਸ਼ਨ ਕਿਸੇ ਕਾਨੂੰਨੀ ਮਾਹਰ ਦੀ ਸਲਾਹ ਨਾਲ ਨਹੀਂ, ਸਗੋਂ ਚੈਟ ਜੀ ਪੀ ਟੀ ਵਰਗੇ ਆਰਟੀਫੀਸ਼ੀਅਲ ਇੰਟੈਲੀਜੈਂਸ (ਏ ਆਈ) ਟੂਲ ਦੀ ਮਦਦ ਨਾਲ ਤਿਆਰ ਕੀਤੀ ਗਈ ਸੀ।

ਅਦਾਲਤ ਨੇ ਇਸ ਪਹੁੰਚ ਨੂੰ ਬੇਤੁਕੀ ਕਰਾਰ ਦਿੱਤਾ, ਕਿਉਂਕਿ ਪਟੀਸ਼ਨ ਵਿੱਚ ਕੋਈ ਵੀ ਸਾਰਥਕ ਕਾਨੂੰਨੀ ਤਰਕ ਜਾਂ ਤੱਥ ਮੌਜੂਦ ਨਹੀਂ ਸੀ। ਸੁਣਵਾਈ ਦੌਰਾਨ ਬੈਂਚ ਨੇ ਪਟੀਸ਼ਨਕਰਤਾ ਨੂੰ ਫਿਟਕਾਰ ਲਗਾਉਂਦਿਆਂ ਬਹੁਤ ਹੀ ਤਿੱਖੀ ਟਿੱਪਣੀ ਕੀਤੀ। ਅਦਾਲਤ ਨੇ ਕਿਹਾ, 'ਜਾਓ ਅਤੇ ਜਾ ਕੇ ਕੁਝ ਸਵੈਟਰ ਵੇਚੋ।' ਜੱਜਾਂ ਨੇ ਨੋਟ ਕੀਤਾ ਕਿ ਏ ਆਈ ਦੁਆਰਾ ਤਿਆਰ ਕੀਤੀ ਗਈ ਸ਼ਬਦਾਵਲੀ ਪ੍ਰਭਾਵਸ਼ਾਲੀ ਲੱਗ ਸਕਦੀ ਹੈ, ਪਰ ਕਾਨੂੰਨੀ ਪ੍ਰਕਿਰਿਆ ਵਿੱਚ ਸਿਰਫ ਸ਼ਬਦਾਂ ਦੀ ਸੁੰਦਰਤਾ ਨਹੀਂ, ਸਗੋਂ ਕਾਨੂੰਨੀ ਆਧਾਰ ਅਤੇ ਸਬੂਤਾਂ ਦੀ ਲੋੜ ਹੁੰਦੀ ਹੈ।

ਇਹ ਮਾਮਲਾ ਕਾਨੂੰਨੀ ਖੇਤਰ ਵਿੱਚ ਤਕਨੀਕ ਦੀ ਦੁਰਵਰਤੋਂ ਨੂੰ ਲੈ ਕੇ ਇੱਕ ਵੱਡੀ ਮਿਸਾਲ ਬਣ ਗਿਆ ਹੈ। ਸੁਪਰੀਮ ਕੋਰਟ ਨੇ ਸਪੱਸ਼ਟ ਕਰ ਦਿੱਤਾ ਹੈ ਕਿ ਜਨਹਿਤ ਪਟੀਸ਼ਨਾਂ ਵਰਗੇ ਗੰਭੀਰ ਮੁੱਦਿਆਂ ਲਈ ਏ ਆਈ 'ਤੇ ਨਿਰਭਰਤਾ ਖਤਰਨਾਕ ਹੋ ਸਕਦੀ ਹੈ। ਅਦਾਲਤ ਨੇ ਪਟੀਸ਼ਨਕਰਤਾ ਨੂੰ ਭਵਿੱਖ ਵਿੱਚ ਅਜਿਹੇ ਸ਼ਾਰਟਕੱਟ ਨਾ ਅਪਣਾਉਣ ਦੀ ਹਦਾਇਤ ਦਿੱਤੀ ਅਤੇ ਪਟੀਸ਼ਨ ਨੂੰ ਪੂਰੀ ਤਰ੍ਹਾਂ ਖਾਰਜ ਕਰ ਦਿੱਤਾ।

## ਸਨਮਾਨਜਨਕ ਮੌਤ ਦੀ ਆਗਿਆ

**ਨਵੀਂ ਦਿੱਲੀ :** ਸੁਪਰੀਮ ਕੋਰਟ ਨੇ ਬੁੱਧਵਾਰ ਇਤਿਹਾਸਕ ਫੈਸਲਾ ਸੁਣਾਉਂਦੇ ਹੋਏ 2013 ਤੋਂ ਵੈਜੀਟੇਟਿਵ ਸਟੇਟ (ਬੇਹੋਸ਼ੀ ਵਰਗੀ ਹਾਲਤ) ਵਿੱਚ ਪਏ 32 ਸਾਲਾ ਨੌਜਵਾਨ ਲਈ ਪਹਿਲੀ ਵਾਰ 'ਪੈਸਿਵ ਯੂਥੇਨੇਸ਼ੀਆ' (ਮੌਤ ਦੀ ਇਜਾਜ਼ਤ) ਦੀ ਮਨਜ਼ੂਰੀ ਦੇ ਦਿੱਤੀ ਹੈ। ਹਰੀਸ਼ ਰਾਣਾ ਦੀ 13 ਸਾਲ ਪਹਿਲਾਂ ਇੱਕ ਇਮਾਰਤ ਤੋਂ ਡਿੱਗਣ ਕਾਰਨ ਇਹ ਹਾਲਤ ਹੋਈ ਸੀ। ਜਸਟਿਸ ਜੇ ਬੀ ਪਾਰਦੀਵਾਲਾ ਅਤੇ ਜਸਟਿਸ ਕੇ ਵੀ ਵਿਸ਼ਵਨਾਥਨ ਦੀ ਬੈਂਚ ਨੇ ਹਰੀਸ਼ ਦੇ ਪਿਤਾ ਅਸ਼ੋਕ ਰਾਣਾ ਦੀ ਪਟੀਸ਼ਨ 'ਤੇ ਇਹ ਹੁਕਮ ਦਿੱਤਾ, ਜਿਸ ਵਿੱਚ ਉਨ੍ਹਾ ਨੇ ਆਪਣੇ ਪੁੱਤਰ ਨੂੰ ਦਿੱਤੀਆਂ ਜਾ ਰਹੀਆਂ ਜੀਵਨ-ਰੱਖਿਅਕ ਸਹੂਲਤਾਂ ਨੂੰ ਹਟਾਉਣ ਦੀ ਮੰਗ ਕੀਤੀ ਸੀ। ਅਦਾਲਤ ਨੇ 2018 ਦੇ 'ਕਾਮਨ ਕਾਜ਼' ਫੈਸਲੇ ਦਾ ਹਵਾਲਾ ਦਿੱਤਾ, ਜੋ ਮਨੁੱਖ ਨੂੰ ਸਨਮਾਨ ਨਾਲ ਮਰਨ ਦੇ ਮੌਲਿਕ ਅਧਿਕਾਰ ਦੀ ਮਾਨਤਾ ਦਿੰਦਾ ਹੈ। ਅਦਾਲਤ ਵੱਲੋਂ ਗਠਿਤ ਕੀਤੇ ਗਏ ਦੋ ਮੈਡੀਕਲ ਬੋਰਡਾਂ ਨੇ ਪਹਿਲਾਂ ਹੀ ਇਹ ਸਾਫ ਕਰ ਦਿੱਤਾ ਸੀ ਕਿ ਹਰੀਸ਼ ਦੇ ਠੀਕ ਹੋਣ ਦੀ ਕੋਈ ਉਮੀਦ ਨਹੀਂ। ਮੈਡੀਕਲ ਰਿਪੋਰਟਾਂ ਅਨੁਸਾਰ ਉਸ ਦੀ ਹਾਲਤ ਬਹੁਤ ਤਰਸਯੋਗ ਸੀ। ਉਹ ਸਾਹ ਲੈਣ ਅਤੇ ਖਾਣਾ ਖਾਣ ਲਈ ਪਾਈਪਾਂ 'ਤੇ ਨਿਰਭਰ ਸੀ ਅਤੇ ਉਸ ਦੇ ਸਰੀਰ 'ਤੇ ਡੂੰਘੇ ਜ਼ਖਮ ਹੋ ਚੁੱਕੇ ਸਨ। ਬੈਂਚ ਨੇ ਕਿਹਾ ਕਿ ਕਿਉਂਕਿ ਮੈਡੀਕਲ ਬੋਰਡਾਂ ਨੇ ਜੀਵਨ ਸਹਾਇਤਾ ਹਟਾਉਣ ਦੀ ਪੁਸ਼ਟੀ ਕਰ ਦਿੱਤੀ ਹੈ, ਇਸ ਲਈ ਹੁਣ ਅਦਾਲਤ ਦੀ ਦਖਲਅੰਦਾਜ਼ੀ ਦੀ ਲੋੜ ਨਹੀਂ, ਪਰ ਕਿਉਂਕਿ ਇਹ ਪਹਿਲਾ ਮਾਮਲਾ ਸੀ, ਇਸ ਲਈ ਅਦਾਲਤ ਦਾ ਫੈਸਲਾ ਜ਼ਰੂਰੀ ਸਮਝਿਆ ਗਿਆ।

ਸੁਪਰੀਮ ਕੋਰਟ ਨੇ ਏਮਜ਼ ਦਿੱਲੀ ਨੂੰ ਨਿਰਦੇਸ਼ ਦਿੱਤੇ ਹਨ ਕਿ ਉਹ ਮਰੀਜ਼ ਨੂੰ ਆਪਣੇ ਪੈ ਲੀਏ ਟਿਵ

• ਬਾਕੀ ਸਫ਼ਾ 10 'ਤੇ

## ਪੁਰਾਣੀ ਪੈਨਸ਼ਨ ਸਕੀਮ ਦੀ ਬਹਾਲੀ ਕਾਹਲੀ 'ਚ ਨਹੀਂ : ਚੀਮਾ

**ਚੰਡੀਗੜ੍ਹ :** ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਬੁੱਧਵਾਰ ਵਿਧਾਨ ਸਭਾ ਵਿੱਚ ਕਿਹਾ ਕਿ ਪੰਜਾਬ ਦੇ ਮੁਲਾਜ਼ਮਾਂ ਲਈ ਪੁਰਾਣੀ ਪੈਨਸ਼ਨ ਸਕੀਮ ਬਾਰੇ ਫੈਸਲਾ ਕਾਹਲ 'ਚ ਨਹੀਂ ਲਿਆ ਜਾਵੇਗਾ। ਉਨ੍ਹਾ ਕਿਹਾ ਕਿ ਪੁਰਾਣੀ ਪੈਨਸ਼ਨ ਸਕੀਮ ਲਾਗੂ ਕਰਨ ਵਾਲੇ ਛੱਤੀਸਗੜ੍ਹ ਨੇ ਇਹ ਸਕੀਮ ਵਾਪਸ ਲੈ ਲਈ ਹੈ, ਜਦੋਂ ਕਿ ਹਿਮਾਚਲ ਪ੍ਰਦੇਸ਼ ਅਤੇ ਰਾਜਸਥਾਨ ਵਿੱਤੀ ਤੌਰ 'ਤੇ ਮਾੜੀ ਹਾਲਤ 'ਚ ਹਨ। ਵਿੱਤ ਮੰਤਰੀ ਨੇ ਕਿਹਾ ਕਿ ਇਸ ਸੰਬੰਧੀ ਮੁੱਖ ਸਕੱਤਰ ਅਤੇ ਉਨ੍ਹਾ ਦੀ ਅਗਵਾਈ 'ਚ ਕਮੇਟੀ ਬਣੀ ਹੈ ਅਤੇ ਇਹ ਕਮੇਟੀ ਸੋਚ ਵਿਚਾਰ ਕਰਨ ਮਗਰੋਂ ਹੀ ਪੁਰਾਣੀ ਪੈਨਸ਼ਨ ਸਕੀਮ ਬਾਰੇ ਫੈਸਲਾ ਲਵੇਗੀ ਤਾਂ ਜੋ ਸੂਬਾ ਗਲਤ ਰਾਹ 'ਤੇ ਨਾ ਪਵੇ। ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੇ ਬਕਾਇਆ ਬਾਰੇ ਚੀਮਾ ਨੇ ਕਿਹਾ ਕਿ 1 ਜਨਵਰੀ 2016 ਤੋਂ 30 ਜੂਨ 2021 ਤੱਕ ਡੀ ਏ ਦੇ ਪੁਰਾਣੇ 14191 ਕਰੋੜ ਦੇ ਬਕਾਇਆ ਬਾਰੇ ਪਲਾਨ ਬਣਾ ਕੇ ਹਾਈ ਕੋਰਟ 'ਚ ਸੂਬਾ ਸਰਕਾਰ ਨੇ ਦਿੱਤਾ ਹੋਇਆ ਹੈ। ਵਿੱਤ ਮੰਤਰੀ ਨੇ ਕਿਹਾ ਕਿ 75 ਸਾਲ ਤੋਂ ਉਪਰ ਦੇ ਪੈਨਸ਼ਨਰਾਂ ਦੇ ਬਕਾਏ ਸੌ ਫੀਸਦੀ ਕਲੀਅਰ ਕਰ ਦਿੱਤੇ ਗਏ ਹਨ ਅਤੇ ਬਾਕੀ ਆਗਾਮੀ ਪਹਿਲੀ ਅਪਰੈਲ ਤੋਂ ਮੁਲਾਜ਼ਮਾਂ ਤੇ ਪੈਨਸ਼ਨਰਾਂ ਨੂੰ ਪੈਸਾ ਮਿਲਣਾ ਸ਼ੁਰੂ ਹੋ ਜਾਵੇਗਾ।

## ਔਰਤਾਂ ਨੂੰ 1000 ਰੁਪਏ ਦੇਣ ਦੇ ਫੈਸਲੇ ਤੋਂ ਖਫਾ ਹੋ ਕੇ ਵਿਰੋਧੀ ਧਿਰ ਬਜਟ 'ਤੇ ਚਰਚਾ ਕਰਨ ਤੋਂ ਭੱਜੀ : ਭਗਵੰਤ ਸਿੰਘ ਮਾਨ



**ਚੰਡੀਗੜ੍ਹ :** ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਇਥੇ ਕਿਹਾ ਕਿ ਵਿਰੋਧੀ ਧਿਰ ਨੇ ਬਜਟ ਦੀ ਬਹਿਸ ਵਿੱਚ ਇਸ ਕਰਕੇ ਹਿੱਸਾ ਨਹੀਂ ਲਿਆ ਕਿਉਂਕਿ ਮਹਿਲਾਵਾਂ ਨੂੰ 1,000 ਰੁਪਏ ਦੇਣ ਦੇ ਇਤਿਹਾਸਕ ਫੈਸਲੇ ਦਾ ਸਾਹਮਣਾ ਕਰਨ ਤੋਂ ਭੱਜ ਰਹੇ ਹਨ। ਉਨ੍ਹਾਂ ਕਿਹਾ ਕਿ ਦਹਾਕਿਆਂ ਤੱਕ ਲੋਕਾਂ ਨੂੰ ਗਰੀਬ 'ਚ ਧੱਕਣ ਵਾਲੀਆਂ ਪਾਰਟੀਆਂ ਹੁਣ ਆਮ ਆਦਮੀ ਪਾਰਟੀ (ਆਪ) ਦੀ ਸਰਕਾਰ ਅਧੀਨ ਆਮ ਪਰਿਵਾਰਾਂ ਦੇ ਸਸ਼ਕਤੀਕਰਨ ਤੋਂ ਬੁਖਲਾਈਆਂ ਹੋਈਆਂ ਹਨ।ਪੰਜਾਬ ਸਰਕਾਰ ਦੇ ਪੰਜਵੇਂ ਸਾਲਾਨਾ ਬਜਟ ਨੂੰ ਸ਼ਹੀਦਾਂ ਦੇ ਸੁਪਨਿਆਂ ਦਾ ਬਜਟ ਦੱਸਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਬਜਟ ਦਾ ਉਦੇਸ਼ ਸ਼ਹੀਦ ਭਗਤ ਸਿੰਘ ਅਤੇ ਸ਼ਹੀਦ ਊਧਮ ਸਿੰਘ ਵਰਗੇ ਮਹਾਨ ਸ਼ਹੀਦਾਂ ਦੇ ਸੁਪਨਿਆਂ ਨੂੰ ਪੂਰਾ ਕਰਨਾ ਹੈ। ਇਸ ਦੁਹਰਾਇਆ ਕਿ ਪੰਜਾਬ ਸਰਕਾਰ ਨੇ ਚਾਰ ਸਾਲਾਂ ਦੇ ਅੰਦਰ ਆਪਣੀਆਂ ਸਾਰੀਆਂ ਚੋਣ ਗਰੰਟੀਆਂ ਪੂਰੀਆਂ ਕਰ ਲਈਆਂ ਹਨ ਅਤੇ ਉਹ ਸਾਲ 2027 ਦੀਆਂ ਵਿਧਾਨ ਸਭਾ ਚੋਣਾਂ ਲਈ ਆਪਣਾ ਏਜੰਡਾ ਤਿਆਰ ਕਰ ਰਹੇ ਹਨ। ਉਨ੍ਹਾਂ ਇਹ ਵੀ ਕਿਹਾ ਕਿ ਵਿਰੋਧੀ ਧਿਰ ਪਹਿਲਾਂ ਤੋਂ ਹੀ ਇਹ ਜਾਣਦੀ ਹੈ ਕਿ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ 2027 ਵਿੱਚ ਮੁੜ ਸੱਤਾ 'ਚ ਆਵੇਗੀ, ਇਸ ਲਈ ਵਿਰੋਧੀ ਧਿਰ ਨੇ ਲੋਕਾਂ ਦੇ ਸਾਹਮਣੇ ਸੱਚਾਈ ਦਾ ਸਾਹਮਣਾ ਕਰਨ ਦੀ ਥਾਂ ਬਹਿਸ ਤੋਂ ਭੱਜਣਾ ਚੁਣਿਆ।

ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਵੱਲੋਂ ਵਿੱਤੀ ਸਾਲ 2026-27 ਲਈ ਪੇਸ਼ ਕੀਤੇ ਬਜਟ 'ਤੇ ਬਹਿਸ ਨੂੰ ਸਮੇਟਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਪੰਜਾਬ ਦੇ ਇਤਿਹਾਸ ਵਿੱਚ ਪਹਿਲੀ ਵਾਰ ਕਿਸੇ ਸਰਕਾਰ ਨੇ ਚਾਰ ਸਾਲਾਂ ਵਿੱਚ ਸਾਰੀਆਂ ਚੋਣ ਗਾਰੰਟੀਆਂ ਨੂੰ ਪੂਰਾ ਕੀਤਾ ਹੈ। ਰਵਾਇਤੀ ਪਾਰਟੀਆਂ ਦੇ ਚੋਣ ਮੈਨੀਫੈਸਟੋ ਖਾਨਾਪੂਰਤੀ ਹੁੰਦੇ ਸਨ। ਅਸੀਂ ਲੋਕਾਂ ਦੇ ਸਹਿਯੋਗ ਨਾਲ ਸਾਲ 2027 ਵਿੱਚ ਏਸੇ ਭਾਵਨਾ ਨਾਲ ਲੋਕਾਂ ਦੀ ਸੇਵਾ ਕਰਦੇ ਰਹਾਂਗੇ। ਪਹਿਲੀ ਵਾਰ ਕਿਸੇ ਸਰਕਾਰ ਨੇ ਆਪਣੇ ਬਜਟ ਨੂੰ ਪਵਿੱਤਰ ਦਸਤਾਵੇਜ਼ ਸਮਝਦੇ ਹੋਏ ਲੋਕਾਂ ਨਾਲ ਕੀਤਾ ਇਕ-ਇਕ ਵਾਅਦਾ ਪੂਰਾ ਕੀਤਾ ਹੈ।

ਲੋਕ ਪੱਖੀ ਬਜਟ ਪੇਸ਼ ਕਰਨ ਲਈ ਵਿੱਤ ਮੰਤਰੀ ਨੂੰ ਵਧਾਈ ਦਿੰਦੇ ਹੋਏ ਮੁੱਖ ਮੰਤਰੀ ਨੇ ਕਿਹਾ ਕਿ ਇਸ ਬਜਟ ਵਿੱਚ ਉਨ੍ਹਾਂ ਲੋਕਾਂ ਨੂੰ ਸਹੂਲਤਾਂ ਦੇਣ ਦੀ ਗੱਲ ਕੀਤੀ ਗਈ ਹੈ, ਜਿਨ੍ਹਾਂ ਲੋਕਾਂ ਦੀ ਤਰੱਕੀ ਵਿੱਚ ਹਮੇਸ਼ਾ ਆਰਥਿਕ ਕਮਜ਼ੋਰੀ ਰੁਕਾਵਟ ਬਣ ਜਾਂਦੀ ਹੈ। ਉਨ੍ਹਾਂ ਕਿਹਾ ਕਿ ਬਜਟ ਵਿੱਚ 97 ਫੀਸਦੀ ਮਹਿਲਾਵਾਂ ਨੂੰ ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ ਦਾ ਲਾਭ ਦੇਣ, 40 ਲੱਖ ਪਰਿਵਾਰਾਂ ਨੂੰ ਮੇਰੀ ਰਸੋਈ ਯੋਜਨਾ ਤਹਿਤ ਮੁਫਤ ਰਾਸ਼ਨ ਦੇਣ, 10 ਲੱਖ ਰੁਪਏ ਤੱਕ ਕੈਸ਼ਲੈੱਸ ਇਲਾਜ ਦੀ ਸਹੂਲਤ ਦੇਣਾ ਸ਼ਾਮਲ ਹੈ। ਉਨ੍ਹਾਂ ਕਿਹਾ ਕਿ ਜਦੋਂ ਤੋਂ ਔਰਤਾਂ ਨੂੰ 1000-1500 ਰੁਪਏ ਦੇਣ ਦਾ ਐਲਾਨ ਕੀਤਾ ਹੈ, ਵਿਰੋਧੀ ਪਾਰਟੀਆਂ ਘਬਰਾਈਆਂ ਹੋਈਆਂ ਹਨ ਜਿਸ ਕਰਕੇ ਉਹ ਸਦਨ ਦਾ ਬਾਈਕਾਟ ਕਰਕੇ ਭੱਜ ਗਏ ਹਨ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸੂਬੇ ਦੇ ਲੋਕਾਂ ਨੂੰ ਮਿਆਰੀ ਸਹੂਲਤਾਂ ਦੇਣ ਅਤੇ ਨੌਜਵਾਨਾਂ ਨੂੰ ਇੱਥੇ ਰਹਿ ਕੇ ਡਾਕਟਰ ਬਣਨ ਦਾ ਸੁਪਨਾ ਸਾਕਾਰ ਕਰਨ ਲਈ ਸੂਬੇ ਵਿੱਚ 7 ਮੈਡੀਕਲ ਕਾਲਜ ਬਣਾਏ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਇਹ ਕਾਲਜ ਹੁਸ਼ਿਆਰਪੁਰ, ਕਪੂਰਥਲਾ, ਸੰਗਰੂਰ, ਸ਼ਹੀਦ ਭਗਤ ਸਿੰਘ ਨਗਰ, ਲਹਿਰਾਗਾਗਾ, ਮਲੇਰਕੋਟਲਾ

• ਬਾਕੀ ਸਫ਼ਾ 10 'ਤੇ

## ਪੱਤਰਕਾਰਾਂ ਲਈ ਸੂਚਨਾ

'ਨਵਾਂ ਜ਼ਮਾਨਾ' ਦੇ ਜਿਨ੍ਹਾਂ ਪ੍ਰਤੀਨਿਧਾਂ ਦੇ ਸ਼ਨਾਖਤੀ ਕਾਰਡ ਦੀ ਮਿਆਦ 31 ਮਾਰਚ 2026 ਨੂੰ ਲੰਘ ਰਹੀ ਹੈ, ਉਨ੍ਹਾਂ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਉਹ ਆਪਣੇ ਕਾਰਡ 'ਨਵਾਂ ਜ਼ਮਾਨਾ' ਦਫਤਰ ਆ ਕੇ 31 ਮਾਰਚ ਤੋਂ ਪਹਿਲਾਂ-ਪਹਿਲਾਂ ਬਾਅਦ ਦੁਪਹਿਰ ਰੀਨਿਊ ਕਰਵਾਉਣ। ਪਿਛਲੇ ਸਾਲ ਦੀ ਅਧਿਕਾਰਤ ਪੱਤਰ ਦੀ ਕਾਪੀ ਨਾਲ ਲਿਆਉਣ।

-ਮੈਨੇਜਰ

## ਮੈਨਹੋਲ 'ਚ ਉਤਰੇ ਨੌਜਵਾਨ ਦੀ ਮੌਤ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)**-ਸਥਾਨਕ ਅਨਾਜ ਮੰਡੀ ਵਿੱਚ ਮੰਗਲਵਾਰ ਰਾਤ ਸੀਵਰੇਜ ਦੀ ਸਫਾਈ ਦੌਰਾਨ ਇੱਕ ਨੌਜਵਾਨ ਦੀ ਮੈਨਹੋਲ ਵਿੱਚ ਉਤਰਨ ਨਾਲ ਜ਼ਹਿਰੀਲੀ ਗੈਸ ਚੜ੍ਹਨ ਦੇ ਚਲਦਿਆਂ ਮੌਤ ਹੋ ਗਈ। ਕਰੀਬ 20 ਫੁੱਟ ਡੂੰਘੇ ਮੈਨਹੋਲ ਵਿੱਚ ਉਤਰਦੇ ਸਮੇਂ ਉਸ ਕੋਲ ਕੋਈ ਵੀ ਸੁਰੱਖਿਆ ਉਪਕਰਣ ਨਹੀਂ ਸੀ।ਜਾਣਕਾਰੀ ਮੁਤਾਬਕ ਨੌਜਵਾਨ ਕਾਫੀ ਸਮੇਂ ਤੱਕ ਮੈਨਹੋਲ ਤੋਂ ਬਾਹਰ ਨਹੀਂ ਆਇਆ ਤਾਂ ਉੱਥੇ ਮੌਜੂਦ ਲੋਕਾਂ ਨੂੰ ਚਿੰਤਾ ਹੋਣ ਲੱਗੀ। ਮੌਕੇ 'ਤੇ ਮੌਜੂਦ ਸੁਪਰਵਾਈਜ਼ਰ ਨੇ ਨੌਜਵਾਨ ਦੇ ਰਿਸ਼ਤੇਦਾਰ ਨੂੰ ਫੋਨ ਕਰਕੇ ਬੁਲਾਇਆ।ਉਸ

• ਬਾਕੀ ਸਫ਼ਾ 10 'ਤੇ

## ਚੰਡੀਗੜ੍ਹ ਦੇ ਲੇਖਕਾਂ ਵੱਲੋਂ ਡਾ. ਸਰਬਜੀਤ ਸਿੰਘ ਦਾ ਸਮਰਥਨ

**ਚੰਡੀਗੜ੍ਹ :** ਪ੍ਰਗਤੀਸ਼ੀਲ ਲੇਖਕ ਸੰਘ ਚੰਡੀਗੜ੍ਹ ਦੇ ਸਿਰਮੌਰ ਆਗੂਆਂ ਅਤੇ ਹੋਰ ਲੇਖਕਾਂ ਵਿਦਵਾਨਾਂ ਡਾ. ਲਾਭ ਸਿੰਘ ਖੀਵਾ, ਡਾ. ਗੁਰਮੇਲ ਸਿੰਘ, ਪ੍ਰੋ. ਬਲਵਿੰਦਰ ਸਿੰਘ ਚਾਹਲ, ਪ੍ਰੋ. ਮਨਪ੍ਰੀਤ ਜੱਸ, ਪ੍ਰੋ. ਰਾਜਿੰਦਰ ਸਿੰਘ, ਡਾ. ਮਨਦੀਪ ਸਿੰਘ, ਡਾ. ਸੁਰਿੰਦਰ ਗਿੱਲ, ਰਿਪੁਦਮਨ ਸਿੰਘ ਰੂਪ, ਰਿਪੁਦਮਨ ਰਿਪੀ ਅਤੇ ਡਾਕਟਰ ਗੁਰਮਿੰਦਰ ਸਿੱਧੂ, ਡਾਕਟਰ ਬਲਦੇਵ ਖਹਿਰਾ, ਦਵਿੰਦਰ ਦਮਨ, ਜਸਵੰਤ ਦਮਨ, ਗੁਰਨਾਮ ਕੰਵਰ, ਬਲਕਾਰ ਸਿੱਧੂ, ਮਨਜੀਤ ਕੌਰ ਮੀਤ, ਹਰਮਿੰਦਰ ਕਾਲੜਾ, ਭੁਪਿੰਦਰ ਸਾਂਬਰ, ਮਲਕੀਤ ਬਸਰਾ, ਸਿਮਰਜੀਤ ਗਰੇਵਾਲ, ਪਰਮਜੀਤ ਪਰਮ, ਗੁਰਦਰਸ਼ਨ ਮਾਵੀ, ਡਾ. ਰਬਿੰਦਰ ਸ਼ਰਮਾ, ਕਰਮ ਸਿੰਘ ਵਕੀਲ, ਭੁਪਿੰਦਰ ਬੇਕਸ, ਥੰਮਣ ਸਿੰਘ ਸੈਣੀ, ਪ੍ਰਿੰਸੀਪਲ ਗੁਰਦੇਵ ਪਾਲ, ਡਾ. ਅਮਰਜੀਤ ਅਰਪਣ, ਸੰਜੀਵਨ ਸਿੰਘ, ਰੰਜੀਵਨ ਸਿੰਘ, ਡਾ. ਅਮੀਰ ਸੁਲਤਾਨਾ, ਰੈਕਟਰ ਕਥੂਰੀਆ, ਪ੍ਰਹਿਲਾਦ ਸਿੰਘ, ਨਰਿੰਦਰ ਨਸਰੀਨ ਨੇ ਜਾਰੀ ਕੀਤੇ ਸਾਂਝੇ ਬਿਆਨ ਵਿੱਚ ਡਾਕਟਰ ਸਰਬਜੀਤ ਸਿੰਘ ਦਾ ਪੰਜਾਬੀ ਸਾਹਿਤ ਅਕਾਦਮੀ ਦੀਆਂ ਚੋਣਾਂ ਵਿੱਚ ਪ੍ਰਧਾਨਗੀ ਦੇ ਅਹੁਦੇ ਲਈ ਜ਼ੋਰਦਾਰ ਸਮਰਥਨ ਕੀਤਾ ਹੈ, ਜਿਨ੍ਹਾ ਆਪਣੀ ਪਿਛਲੀ ਪ੍ਰਧਾਨਗੀ ਦੀ ਟਰਮ ਵਿੱਚ ਕੇਂਦਰੀ ਪੰਜਾਬੀ ਲੇਖਕ ਸਭਾ ਦੀ ਪ੍ਰਧਾਨਗੀ ਸਮੇਂ ਜਨਰਲ ਸਕੱਤਰ ਸੁਸ਼ੀਲ ਦੁਸਾਂਝ ਨਾਲ ਮਿਲ ਕੇ ਪੰਜਾਬੀ ਭਾਸ਼ਾ, ਪੰਜਾਬੀ ਸਾਹਿਤ ਤੇ ਸੱਭਿਆਚਾਰ ਲਈ ਬਹੁਮੁਖੀ ਸਰਗਰਮੀਆਂ ਕੀਤੀਆਂ ਹਨ।ਪੰਜਾਬੀ ਲੇਖਕ ਸਭਾ ਚੰਡੀਗੜ੍ਹ ਦੇ ਪ੍ਰਧਾਨ ਦੀਪਕ ਸ਼ਰਮਾ ਚਨਾਰਥਲ, ਜਨਰਲ ਸਕੱਤਰ ਭੁਪਿੰਦਰ ਮਲਿਕ, ਸੀਨੀਅਰ ਮੀਤ ਪ੍ਰਧਾਨ ਪਾਲ ਅਜਨਬੀ ਨੇ ਵੱਖਰੇ ਬਿਆਨ ਵਿੱਚ ਆਪਣੇ ਵੱਲੋਂ ਤੇ ਕਾਰਜਕਰਨੀ ਵੱਲੋਂ ਡਾ. ਸਰਬਜੀਤ ਸਿੰਘ ਨੂੰ ਹੂੰਝਾ ਫੇਰ ਜਿੱਤ ਦਿਵਾਉਣ ਦੀ ਅਪੀਲ ਕੀਤੀ ਹੈ।

## ਅੱਜ-ਨਾਮਾ

ਹਾਹਾਕਾਰ ਜਿਹੀ ਮੱਚੀ ਪਈ ਦੇਸ਼ ਅੰਦਰ,
ਸਿਲੰਡਰ ਗੈਸ ਦਾ ਲੱਭ ਰਹੇ ਲੋਕ ਮੀਆਂ।
ਪੁਰਾਣੇ ਚੁੱਲ੍ਹੇ ਦਾ ਯੁੱਗ ਵੀ ਰਿਹਾ ਹੈ ਨਹੀ,
ਸਕਦੇ ਲੱਕੜਾਂ ਜੀਹਦੇ ਵਿੱਚ ਝੋਕ ਮੀਆਂ।
ਵਰਤਣੇ ਛੱਡੇ ਸਟੋਵ ਤੱਕ ਵਿਕ ਗਏ ਈ,
ਮਿੱਟੀ ਦਾ ਤੇਲ ਆ ਛੱਡਿਆ ਰੋਕ ਮੀਆਂ।
ਹੀਟਰ ਬਿਜਲੀ ਦਾ ਮੀਟਰ ਦਾ ਧੂੰਅ ਕੱਢੂ,
ਪਿੱਛੋਂ ਬਿੱਲ ਵੀ ਆਉਣਾ ਈ ਥੋਕ ਮੀਆਂ।
ਲੜਾਈ ਕਿਸੇ ਦੀ ਕਿਸੇ ਨਾਲ ਪਈ ਲੱਗੀ,
ਜਿਨ੍ਹਾਂ ਦੀ ਚਿਰਾਂ ਤੋਂ ਰਹੀ ਹੈ ਤਣੀ ਮੀਆਂ।
ਲਾਗਾ-ਦੇਗਾ ਕੁਝ ਭਾਰਤ ਦੇ ਨਾਲ ਨਾਹੀਂ,
ਔਕੜ ਤਾਂ ਭਾਰਤੀ ਲੋਕਾਂ ਨੂੰ ਬਣੀ ਮੀਆਂ।

-ਤੀਸ ਮਾਰ ਖਾਂ

## ਐਡਵੋਕੇਟ ਵਰਿੰਦਰ ਸਿੰਘ ਗੋਰਾਇਆ ਨੂੰ ਭਰਪੂਰ ਸ਼ਰਧਾਂਜਲੀਆਂ



**ਦੀਨਾਨਗਰ (ਸਰਬਜੀਤ ਸਾਗਰ)**

ਸਰਬ ਭਾਰਤ ਨੌਜਵਾਨ ਸਭਾ ਦੇ ਜ਼ਿਲ੍ਹਾ ਪ੍ਰਧਾਨ ਅਤੇ ਸੀ ਪੀ ਆਈ ਦੇ ਜ਼ਿਲ੍ਹਾ ਕੌਂਸਲ ਮੈਂਬਰ ਐਡਵੋਕੇਟ ਵਰਿੰਦਰ ਸਿੰਘ ਗੋਰਾਇਆ ਨੂੰ ਬੁੱਧਵਾਰ ਵੱਖ-ਵੱਖ ਧਾਰਮਿਕ, ਸਮਾਜਿਕ ਅਤੇ ਸਿਆਸੀ ਪਾਰਟੀਆਂ ਦੇ ਆਗੂਆਂ ਵੱਲੋਂ ਸ਼ਰਧਾਂਜਲੀ ਭੇਟ ਕੀਤੀ ਗਈ। ਉਹ 2 ਮਾਰਚ ਨੂੰ ਅਚਾਨਕ ਬਿਮਾਰ ਹੋਣ ਕਾਰਨ 39 ਸਾਲ ਦੀ ਉਮਰ ਵਿੱਚ ਸਦੀਵੀ ਵਿਛੋੜਾ ਦੇ ਗਏ ਸਨ।

ਇਸ ਦੌਰਾਨ ਸੀ ਪੀ ਆਈ ਦੇ ਸੂਬਾ ਸਕੱਤਰ ਬੰਤ ਸਿੰਘ ਬਰਾੜ, ਸੂਬਾ ਮੀਤ ਸਕੱਤਰ ਪ੍ਰਿਥੀਪਾਲ ਸਿੰਘ ਮਾੜੀਮੇਘਾ, ਸਰਬ ਭਾਰਤ ਨੌਜਵਾਨ ਸਭਾ ਦੇ ਸੂਬਾ ਸਕੱਤਰ ਚਰਨਜੀਤ ਛਾਂਗਾਰਾਏ ਅਤੇ ਏਟਕ ਦੇ ਜ਼ਿਲ੍ਹਾ ਪ੍ਰਧਾਨ ਸੁਭਾਸ਼ ਕੈਰੇ ਨੇ ਕਿਹਾ ਕਿ ਐਡਵੋਕੇਟ ਵਰਿੰਦਰ ਸਿੰਘ ਦਾ ਜਾਣਾ ਪਰਵਾਰ ਅਤੇ ਪਾਰਟੀ ਲਈ ਵੱਡਾ ਘਾਟਾ ਹੈ। ਉਨ੍ਹਾ ਕਿਹਾ ਕਿ ਵਰਿੰਦਰ ਸਿੰਘ ਆਪਣੇ ਦਾਦਾ ਮੁਜ਼ਾਰਾ ਲਹਿਰ ਦੇ ਵੱਡੇ ਆਗੂ ਗੁਰਦਿਆਲ ਸਿੰਘ ਕੱਤੋਵਾਲ ਅਤੇ ਆਪਣੇ ਪਿਤਾ ਕਾਮਰੇਡ ਬਲਬੀਰ ਸਿੰਘ ਕੱਤੋਵਾਲ ਦੇ ਪਦਚਿੰਨ੍ਹਾਂ 'ਤੇ ਚੱਲਦਾ ਹੋਇਆ ਖੱਬੀ ਧਿਰ ਦਾ ਝੰਡਾ ਬੁਲੰਦ ਕਰ ਰਿਹਾ ਸੀ। ਉਨ੍ਹਾ ਕਿਹਾ ਕਿ ਕਰੀਬ 25 ਸਾਲ ਦੀ ਉਮਰ ਵਿੱਚ ਜਦੋਂ ਵਰਿੰਦਰ ਸਿੰਘ ਨੇ ਗੁਰਦਾਸਪੁਰ ਤੋਂ ਲੋਕ ਸਭਾ ਦੀ ਚੋਣ ਲੜੀ ਤਾਂ ਹਲਕੇ ਅੰਦਰ ਇੱਕ ਨੌਜਵਾਨ ਆਗੂ ਦੀ ਆਮਦ ਨੇ ਪਾਰਟੀ ਵਰਕਰਾਂ 'ਚ ਨਵਾਂ ਜੋਸ਼ ਭਰ ਦਿੱਤਾ ਅਤੇ ਪਾਰਟੀ ਉਸਨੂੰ ਦੂਰ ਤੱਕ ਜਾਣ ਵਾਲਾ ਭਵਿੱਖ ਦਾ ਵੱਡਾ ਲੀਡਰ ਮੰਨਣ ਲੱਗੀ, ਪਰ ਉਸ ਦੀ ਅਚਾਨਕ ਹੋਈ ਮੌਤ ਨੇ ਪਰਵਾਰ ਤੇ ਪਾਰਟੀ ਦੇ ਸੁਪਨਿਆਂ ਨੂੰ ਢਾਹ ਲਾ ਦਿੱਤੀ, ਜਿਸ ਦੀ ਪੂਰਤੀ ਕਰਨਾ ਮੁਸ਼ਕਲ ਹੈ।

ਪ੍ਰਿਥੀਪਾਲ ਸਿੰਘ ਮਾੜੀਮੇਘਾ ਨੇ ਕਿਹਾ ਕਿ ਵਰਿੰਦਰ ਸਿੰਘ ਉਰਫ਼ ਵਿੱਕੀ ਸਰਬ ਭਾਰਤ ਨੌਜਵਾਨ ਸਭਾ ਵਿੱਚ ਕੰਮ ਕਰਕੇ ਨੌਜਵਾਨਾਂ ਦੇ ਹੱਕਾਂ ਵਿੱਚ ਆਵਾਜ਼ ਬੁਲੰਦ ਕਰ ਰਿਹਾ ਸੀ ਅਤੇ ਉਹ ਚਾਹੁੰਦਾ ਸੀ ਕਿ ਦੇਸ਼ ਦੀ ਪਾਰਲੀਮੈਂਟ ਵਿੱਚ 'ਰੁਜ਼ਗਾਰ ਗਾਰੰਟੀ ਕਾਨੂੰਨ' ਪਾਸ ਹੋਵੇ ਅਤੇ ਭਾਰਤ ਦੇ ਹਰੇਕ ਨੌਜਵਾਨ ਲਈ ਕੰਮ ਦੀ ਵਿਵਸਥਾ ਹੋਵੇ। ਉਨ੍ਹਾ ਕਿਹਾ ਕਿ ਉਸ ਦੀ ਲੜਾਈ ਲੋਕਾਈ ਨੂੰ ਖੁਸ਼ਹਾਲ ਬਣਾਉਣ ਵਾਸਤੇ ਸੀ। ਸੀ ਪੀ ਆਈ ਦੇ ਜ਼ਿਲ੍ਹਾ ਸਕੱਤਰ ਗੁਲਜ਼ਾਰ ਸਿੰਘ ਬਸੰਤਕੋਟ, ਸੀ ਪੀ ਆਈ (ਐੱਮ) ਆਗੂ ਮੋਹਨ ਸਿੰਘ ਚੌਹਾਨ, ਕਿਸਾਨ ਆਗੂ ਸਤਬੀਰ ਸਿੰਘ ਸੁਲਤਾਨੀ, ਬੀ ਐੱਸ ਪੀ ਨੇਤਾ ਜੇ ਪੀ ਭਗਤ, ਇਕਬਾਲ ਸਿੰਘ ਵਾਲੀਆ, ਮਾਸਟਰ

• ਬਾਕੀ ਸਫ਼ਾ 10 'ਤੇ

## ਜਲ੍ਹਿਆਂਵਾਲਾ ਬਾਗ਼ ਦੀਆਂ ਗੈਲਰੀਆਂ 'ਚ ਇਤਿਹਾਸ ਦੀ ਸੰਭਾਲ ਯਕੀਨੀ ਬਣਾਉਣ ਦੀ ਮੰਗ

**ਜਲੰਧਰ :** ਦੇਸ਼ ਭਗਤ ਯਾਦਗਾਰ ਕਮੇਟੀ ਦੇ ਮੀਤ ਪ੍ਰਧਾਨ ਡਾ. ਪਰਮਿੰਦਰ ਸਿੰਘ ਅੰਮ੍ਰਿਤਸਰ ਵੱਲੋਂ ਪ੍ਰਾਪਤ ਪ੍ਰਮਾਣਿਕ ਜਾਣਕਾਰੀ ਦੇ ਆਧਾਰ 'ਤੇ ਉਹਨਾ ਸਮੇਤ ਕਮੇਟੀ ਦੇ ਪ੍ਰਧਾਨ ਕੁਲਵੰਤ ਸਿੰਘ ਸੰਧੂ, ਜਨਰਲ ਸਕੱਤਰ ਗੁਰਮੀਤ ਸਿੰਘ ਅਤੇ ਸੱਭਿਆਚਾਰਕ ਵਿੰਗ ਦੇ ਕਨਵੀਨਰ ਅਮੋਲਕ ਸਿੰਘ ਨੇ ਲਿਖਤੀ ਪ੍ਰੈੱਸ ਬਿਆਨ ਰਾਹੀਂ ਦੱਸਿਆ ਕਿ ਜਲ੍ਹਿਆਂਵਾਲਾ ਬਾਗ਼ ਦੀ ਗੈਲਰੀ ਵਿੱਚ ਪਹਿਲਾਂ ਲੱਗੀਆਂ ਪਰਵਾਰਾਂ ਵੱਲੋਂ ਦਿੱਤੀਆਂ ਸ਼ਹੀਦਾਂ ਦੀਆਂ ਤਸਵੀਰਾਂ ਹਟਾ ਲੈਣਾ, ਸ਼ਹੀਦਾਂ ਦੀਆਂ ਜੇਬਾਂ ਵਿੱਚੋਂ ਜੋ ਕਰੰਸੀ ਸਿੱਕੇ ਪ੍ਰਾਪਤ ਹੋਏ ਸਨ, ਉਹ ਵੀ ਗੈਲਰੀ ਵਿੱਚੋਂ ਗਾਇਬ ਹੋ ਜਾਣਾ, ਮਾਈਕਲ ਓਡਵਾਇਰ ਖਿਲਾਫ਼ ਅਦਾਲਤ ਵਿੱਚ ਕੇਸ ਦਾ ਸਾਹਮਣਾ ਕਰਨ ਵਾਲੇ ਵਕੀਲ ਚੇਤੂਰ ਸ਼ੰਕਰਨ ਨਾਇਰ ਦੇ ਨਾਂਅ ਦੀ ਤਖ਼ਤੀ ਅਤੇ ਤਸਵੀਰ ਜੋ ਪਹਿਲਾਂ ਗੈਲਰੀ ਨੰ. 1 ਵਿੱਚ ਸਥਾਪਤ ਸੀ, ਦਾ ਹੁਣ ਗਾਇਬ ਹੋ ਜਾਣਾ ਬੇਹੱਦ ਅਫ਼ਸੋਸਨਾਕ ਅਤੇ ਨਿੰਦਣਯੋਗ ਹੈ। ਕਮੇਟੀ ਨੇ ਜਲ੍ਹਿਆਂਵਾਲਾ ਬਾਗ਼ ਦੇ ਚੇਅਰਮੈਨ/ਪ੍ਰਧਾਨ ਮੰਤਰੀ ਨੂੰ ਲਿਖੇ ਪੱਤਰ ਰਾਹੀਂ ਮੰਗ ਕੀਤੀ ਹੈ ਕਿ ਗੈਲਰੀਆਂ ਵਿੱਚ ਇਤਿਹਾਸਕ ਵਸਤਾਂ/ਹਵਾਲਿਆਂ ਦੀ ਸਾਂਭ-ਸੰਭਾਲ ਅਤੇ ਗੈਲਰੀਆਂ ਵਿੱਚ ਮੁੜ ਰੱਖਣ ਦੀ ਜਾਮਨੀ ਕੀਤੀ ਜਾਏ। ਕਮੇਟੀ ਨੇ ਇਹ ਵੀ ਮੰਗ ਕੀਤੀ ਹੈ ਕਿ ਕੌਮੀ ਯਾਦਗਾਰੀ ਇਬਾਦਤਗਾਹ ਜਲ੍ਹਿਆਂਵਾਲਾ ਬਾਗ਼ ਨੂੰ ਕਿਸੇ ਕਿਸਮ ਦੀਆਂ ਵੀ ਨਿੱਜੀ ਕੰਪਨੀਆਂ ਦੇ ਅਧਿਕਾਰ ਖੇਤਰ ਵਿੱਚ ਲਿਆਉਣ ਦੀ ਬਜਾਏ ਜਾਣੇ-ਪਹਿਚਾਣੇ ਇਤਿਹਾਸਕਾਰਾਂ ਅਤੇ ਟਰੱਸਟ ਦੀ ਨਿਗਰਾਨੀ ਹੇਠ ਇਤਿਹਾਸ ਨੂੰ ਸਲਾਮਤ ਰੱਖਣਾ ਯਕੀਨੀ ਬਣਾਇਆ ਜਾਏ। ਪ੍ਰੈੱਸ ਨੋਟ 'ਚ ਕਿਹਾ ਗਿਆ ਹੈ ਕਿ ਜਲ੍ਹਿਆਂਵਾਲਾ ਬਾਗ਼ ਦੀ ਇਤਿਹਾਸਕ ਵਿਰਾਸਤ ਨੂੰ ਸਹਿਜੇ-ਸਹਿਜੇ ਸੈਰਗਾਹ 'ਚ ਤਬਦੀਲ ਕੀਤੇ ਜਾਣ ਦੇ ਜੋ ਦੇਸ਼ ਭਗਤ ਯਾਦਗਾਰ ਕਮੇਟੀ ਅਤੇ ਸਹਿਯੋਗੀ ਸੰਸਥਾਵਾਂ ਨੇ ਕਈ ਵਰ੍ਹੇ ਪਹਿਲਾਂ ਹੀ ਖਦਸ਼ੇ ਪ੍ਰਗਟਾਏ ਸਨ, ਹੁਣ ਉਹਨਾਂ ਦੀ ਹੀ ਪੁਸ਼ਟੀ ਹੋ ਰਹੀ ਹੈ। ਕਮੇਟੀ ਨੇ ਜ਼ੋਰਦਾਰ ਮੰਗ ਕੀਤੀ ਹੈ ਕਿ ਬਾਗ਼ ਦੀ ਇਤਿਹਾਸਕ ਵਿਰਾਸਤ ਨੂੰ ਪ੍ਰਮਾਣਿਕ ਰੂਪ ਵਿੱਚ ਸੰਭਾਲਣ ਦੀ ਜਾਮਨੀ ਕੀਤੀ ਜਾਵੇ।

ਨਵਾਂ ਜ਼ਮਾਨਾ
ਵੀਰਵਾਰ, 12 ਮਾਰਚ 2026

# ਅਮਰੀਕਾ ਤੋਂ ਛੁਟਕਾਰਾ ਕਿਵੇਂ ਹੋਵੇ ?

ਅਮਰੀਕਾ ਤੇ ਇਜ਼ਰਾਈਲ ਨੇ ਸੰਯੁਕਤ ਰਾਸ਼ਟਰ ਦੀ ਮਨਜ਼ੂਰੀ ਤੋਂ ਬਿਨਾਂ 28 ਫਰਵਰੀ ਨੂੰ ਈਰਾਨ 'ਤੇ ਬਿਨਾਂ ਚਿਤਾਵਨੀ ਹਮਲਾ ਕਰਕੇ ਉਸ ਦੇ ਸੁਪਰੀਮ ਲੀਡਰ ਆਇਤੁੱਲ੍ਹਾ ਖਾਮਨੇਈ ਨੂੰ ਮਾਰ ਦਿੱਤਾ। ਇਸ ਤੋਂ ਦੋ ਮਹੀਨੇ ਪਹਿਲਾਂ ਅਮਰੀਕਾ ਵੈਨੇਜ਼ੁਏਲਾ ਦੇ ਰਾਸ਼ਟਰਪਤੀ ਨਿਕੋਲਸ ਮਾਦੁਰੋ ਨੂੰ ਉਸ ਦੇ ਘਰੋਂ ਚੁੱਕ ਲਿਆਇਆ ਸੀ। ਇਨ੍ਹਾਂ ਹਮਲਿਆਂ ਤੋਂ ਪਹਿਲਾਂ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਸੰਯੁਕਤ ਰਾਸ਼ਟਰ ਦੀਆਂ 31 ਜਥੇਬੰਦੀਆਂ ਸਣੇ 66 ਕੌਮਾਂਤਰੀ ਜਥੇਬੰਦੀਆਂ ਵਿੱਚੋਂ ਅਮਰੀਕਾ ਨੂੰ ਬਾਹਰ ਕੱਢ ਲਿਆ ਅਤੇ ਗਾਜ਼ਾ ਦੀ ਮੁੜ-ਉਸਾਰੀ ਲਈ ਸੰਯੁਕਤ ਰਾਸ਼ਟਰ ਨੂੰ ਲਾਂਭੇ ਕਰਕੇ 'ਬੋਰਡ ਆਫ ਪੀਸ' ਨਾਂਅ ਦੀ ਜਥੇਬੰਦੀ ਬਣਾ ਕੇ ਖੁਦ ਉਸ ਦਾ ਚੇਅਰਮੈਨ ਬਣ ਗਿਆ। ਹਾਲੀਆ ਸਾਲਾਂ ਦੀਆਂ ਇਹ ਘਟਨਾਵਾਂ ਦਰਸਾਉਂਦੀਆਂ ਹਨ ਕਿ ਅਮਰੀਕਾ ਨੇ 1945 ਵਿੱਚ ਜਿਸ ਸੰਸਾਰ ਨਿਜ਼ਾਮ ਨੂੰ ਕਾਇਮ ਕਰਨ 'ਚ ਮਦਦ ਕੀਤੀ ਸੀ, ਉਹ ਉਸ ਦੇ ਹਿੱਤਾਂ ਦੀ ਪੂਰਤੀ ਨਹੀਂ ਕਰ ਰਿਹਾ। ਅੱਠ ਦਹਾਕਿਆਂ ਤੱਕ ਅਮਰੀਕੀ ਖਜ਼ਾਨਾ, ਕੂਟਨੀਤਕ ਤੇ ਫੌਜੀ ਸ਼ਕਤੀ ਨੇ ਇਸ ਢਾਂਚੇ ਨੂੰ ਕਾਇਮ ਰੱਖਿਆ, ਪਰ 2026 ਤੱਕ ਕਾਫੀ ਕੁਝ ਬਦਲ ਗਿਆ ਹੈ। ਯੂਰਪ ਮੁੜ ਪੈਰਾਂ 'ਤੇ ਆ ਚੁੱਕਾ ਹੈ, ਚੀਨ ਉੱਭਰ ਚੁੱਕਾ ਹੈ। ਕੈਨੇਡਾ, ਜਾਪਾਨ, ਦੱਖਣੀ ਕੋਰੀਆ ਤੇ ਕਈ ਖਾੜੀ ਦੇਸ਼ ਅਮੀਰ ਹੋ ਚੁੱਕੇ ਹਨ ਅਤੇ ਬ੍ਰਾਜ਼ੀਲ, ਨਾਇਜੇਰੀਆ, ਭਾਰਤ, ਵੀਅਤਨਾਮ ਤੇ ਹੋਰ ਦੇਸ਼ ਉੱਭਰ ਰਹੇ ਹਨ।

ਸਵਾਲ ਪੈਦਾ ਹੁੰਦਾ ਹੈ ਕਿ ਜਦ ਅਮਰੀਕਾ ਸੰਯੁਕਤ ਰਾਸ਼ਟਰ ਨੂੰ ਤਿਲਾਂਜਲੀ ਦੇ ਰਿਹਾ ਹੈ ਤਾਂ ਇਸ ਦਾ ਹੈੱਡਕੁਆਰਟਰ ਨਿਊ ਯਾਰਕ ਵਿੱਚ ਕਿਉਂ ਬਣਾਈ ਰੱਖਿਆ ਜਾਵੇ। ਹੈੱਡਕੁਆਰਟਰ ਨਿਊ ਯਾਰਕ ਵਿੱਚੋਂ ਬਦਲਣ ਨਾਲ ਅਮਰੀਕਾ ਨੂੰ ਇਹ ਸੁਨੇਹਾ ਜਾਵੇਗਾ ਕਿ ਕੌਮਾਂਤਰੀ ਭਾਈਚਾਰਾ ਬਹੁਧਿਰੀ ਨਿਜ਼ਾਮ ਕਾਇਮ ਰੱਖਣਾ ਚਾਹੁੰਦਾ ਹੈ, ਅਮਰੀਕਾ ਇਸ ਵਿੱਚ ਸ਼ਾਮਲ ਹੋਵੇ ਜਾਂ ਨਾ। ਇਹ ਹੈੱਡਕੁਆਰਟਰ ਜਨੇਵਾ ਤੇ ਵੀਆਨਾ ਵਿੱਚ ਲਿਆਂਦਾ ਜਾ ਸਕਦਾ ਹੈ। ਜੇ ਦੁਨੀਆ ਜੰਗਾਂ ਤੇ ਮੁੜ-ਵਸੇਬਿਆਂ ਉੱਤੇ ਖਰਬਾਂ ਰੁਪਏ ਖਰਚ ਸਕਦੀ ਹੈ ਤਾਂ ਨਵਾਂ ਹੈੱਡਕੁਆਰਟਰ ਵੀ ਬਣਾ ਸਕਦੀ ਹੈ।

ਅਮਰੀਕਾ ਸੰਯੁਕਤ ਰਾਸ਼ਟਰ ਦੇ ਖਰਚੇ ਤੇ ਅਮਨ ਸੈਨਾਵਾਂ ਲਈ ਕਰੀਬ 22 ਫੀਸਦੀ ਦਾ ਯੋਗਦਾਨ ਦਿੰਦਾ ਸੀ। ਇਸ ਨਿਰਭਰਤਾ ਨੇ ਹੀ ਸੰਯੁਕਤ ਰਾਸ਼ਟਰ ਨੂੰ ਅਮਰੀਕੀ ਘਰੇਲੂ ਸਿਆਸਤ ਦੀ ਬਾਂਦੀ ਬਣਾ ਦਿੱਤਾ। ਨਵੇਂ ਕੌਮਾਂਤਰੀ ਨਿਜ਼ਾਮ ਨੂੰ ਚਲਾਉਣ ਲਈ ਯੂਰਪੀ ਯੂਨੀਅਨ, ਚੀਨ, ਜਾਪਾਨ, ਖਾੜੀ ਦੇਸ਼ ਤੇ ਉੱਭਰਦੇ ਅਰਥਚਾਰੇ ਵਧੇਰੇ ਯੋਗਦਾਨ ਪਾ ਸਕਦੇ ਹਨ। ਇਸ ਤਰ੍ਹਾਂ ਅਮਰੀਕਾ ਦੀ ਦਾਦਾਗਿਰੀ ਖਤਮ ਹੋਵੇਗੀ। ਸੰਯੁਕਤ ਰਾਸ਼ਟਰ ਨੂੰ ਅਮਰੀਕੀ ਪੈਸੇ ਤੋਂ ਬਿਨਾਂ ਚਲਾਉਣ ਦੀ ਲੋੜ ਬਹੁਤ ਵਧ ਗਈ ਹੈ, ਕਿਉਂਕਿ ਅਮਰੀਕਾ ਨੇ ਈਰਾਨ 'ਤੇ ਹਮਲਾ ਕਰਕੇ ਸੰਸਾਰ ਵਿੱਚ ਤੇਲ ਤੇ ਗੈਸ ਸਪਲਾਈ ਦਾ ਸੰਕਟ ਪੈਦਾ ਕਰ ਦਿੱਤਾ ਹੈ ਅਤੇ ਦੁਨੀਆ ਨੂੰ ਮੰਦਵਾੜੇ ਵੱਲ ਧੱਕ ਦਿੱਤਾ ਹੈ। ਵੈਨੇਜ਼ੁਏਲਾ ਦੇ ਰਾਸ਼ਟਰਪਤੀ ਨੂੰ ਅਗਵਾ ਕਰਨ ਤੋਂ ਬਾਅਦ ਲਾਤੀਨੀ ਅਮਰੀਕਾ ਅਸਥਿਰ ਹੋ ਗਿਆ ਹੈ। ਮਾਦੁਰੋ ਨੂੰ ਅਗਵਾ ਕਰਕੇ ਅਮਰੀਕਾ ਨੇ ਮਿਸਾਲ ਕਾਇਮ ਕਰ ਦਿੱਤੀ ਹੈ ਕਿ ਕੋਈ ਵੀ ਆਗੂ ਖੁਦ ਨੂੰ ਪ੍ਰਭੁਸੱਤਾ ਸੰਪੰਨ ਨਾ ਸਮਝੇ। ਗਾਜ਼ਾ, ਸੁਡਾਨ, ਕਾਂਗੋ ਦੀਆਂ ਜੰਗਾਂ ਵਿੱਚ ਲੱਖਾਂ ਲੋਕ ਉੱਜੜਨ ਲਈ ਮਜਬੂਰ ਹੋਏ ਹਨ, ਪਰ ਸੰਯੁਕਤ ਰਾਸ਼ਟਰ ਦੀ ਸੁਰੱਖਿਆ ਕੌਂਸਲ ਵੀਟੋ ਸਿਸਟਮ ਕਾਰਨ ਨਾਕਾਮ ਸਾਬਤ ਹੋਈ ਹੈ। ਉਹ ਅਮਰੀਕਾ ਖਿਲਾਫ ਕੁਝ ਵੀ ਨਹੀਂ ਕਰ ਸਕੀ। ਸੰਯੁਕਤ ਰਾਸ਼ਟਰ ਦਾ ਹੈੱਡਕੁਆਰਟਰ ਨਿਊ ਯਾਰਕ ਵਿੱਚੋਂ ਕੱਢਣ ਤੇ ਜਥੇਬੰਦੀ ਵਿੱਚ ਨਵੀਂ ਊਰਜਾ ਦਾ ਸੰਚਾਰ ਕਰਨ ਨਾਲ ਉਪਰੋਕਤ ਸੰਕਟ ਰਾਤੋ-ਰਾਤ ਤਾਂ ਹੱਲ ਨਹੀਂ ਹੋ ਜਾਣਗੇ, ਪਰ ਇਹ ਜਥੇਬੰਦੀ ਵਧੇਰੇ ਵਾਜਬੀਅਤ ਨਾਲ ਕੰਮ ਕਰਨ ਜੋਗੀ ਤਾਂ ਹੋ ਜਾਵੇਗੀ।

# ਟਰੰਪ ਦੀ ਧੱਕੇਸ਼ਾਹੀ ਨਾਲ ਨਜਿੱਠਣ ਲਈ ਲੂਲਾ ਦੀ ਤਜਵੀਜ਼

**ਅਰੁਣ ਕੁਮਾਰ**
**ਅਨੁ. : ਐੱਮ ਐੱਸ ਭਾਟੀਆ**

'ਜੇ ਸਾਰੇ ਦੇਸ਼ ਇਕੱਠੇ ਹੋ ਕੇ ਕਾਰਵਾਈ ਕਰਨ, ਤਾਂ ਟਰੰਪ ਪਿਛਲੇ ਇੱਕ ਸਾਲ ਵਾਂਗ ਹੋਰ ਦੇਸ਼ਾਂ ਨੂੰ ਧੱਕੇ ਨਾਲ ਨਹੀਂ ਚਲਾ ਸਕੇਗਾ ।'

ਬ੍ਰਾਜ਼ੀਲ ਦੇ ਰਾਸ਼ਟਰਪਤੀ ਲੂਲਾ ਡਾ ਸਿਲਵਾ ਨੇ ਨਵੀਂ ਦਿੱਲੀ ਵਿੱਚ ਪ੍ਰੈੱਸ ਕਾਨਫਰੰਸ ਦੌਰਾਨ ਇਕ ਮਹੱਤਵਪੂਰਨ ਸੰਦੇਸ਼ ਦਿੱਤਾ। ਉਨ੍ਹਾ ਸੁਝਾਅ ਦਿੱਤਾ ਕਿ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਵੱਲੋਂ ਲਾਗੂ ਕੀਤੀਆਂ ਜਾ ਰਹੀਆਂ 'ਪ੍ਰਤਿਉੱਤਰਕ ਟੈਰਿਫ਼ਾਂ' (ਰੈਸੀਪਰੋਕਲ ਟੈਰਿਫਸ) ਦੇ ਮਾਮਲੇ ਵਿੱਚ ਦੇਸ਼ਾਂ ਨੂੰ ਇਕੱਲੇ ਨਹੀਂ, ਸਗੋਂ ਸੰਯੁਕਤ ਗਠਜੋੜਾਂ (ਨੈਗੋਸ਼ੀਏਟਿੰਗ ਬਲੌਕਸ) ਵਜੋਂ ਗੱਲਬਾਤ ਕਰਨੀ ਚਾਹੀਦੀ ਹੈ।

ਲੂਲਾ ਨੇ ਕਿਹਾ ਕਿ ਦੇਸ਼ਾਂ ਨੂੰ ਆਪਣੇ ਗੁਆਂਢੀ ਨੂੰ ਕੰਗਾਲ ਬਣਾਉਣ ਵਾਲੀ ਨੀਤੀ ਛੱਡਣੀ ਪਵੇਗੀ। ਉਨ੍ਹਾਂ ਆਪਣੇ ਟ੍ਰੇਡ ਯੂਨੀਅਨ ਆਗੂ ਹੋਣ ਦੇ ਅਨੁਭਵ ਦਾ ਹਵਾਲਾ ਦਿੰਦਿਆਂ ਦੱਸਿਆ ਕਿ ਜਦੋਂ ਇੱਕ ਮਜ਼ਦੂਰ ਇਕੱਲਾ ਮਾਲਕ ਨਾਲ ਗੱਲਬਾਤ ਕਰਦਾ ਹੈ, ਜੋ ਉਸ ਨਾਲੋਂ ਕਈ ਗੁਣਾ ਤਾਕਤਵਰ ਹੁੰਦਾ ਹੈ, ਤਾਂ ਅਕਸਰ ਉਹ ਹਾਰ ਜਾਂਦਾ ਹੈ, ਪਰ ਜਦੋਂ ਮਜ਼ਦੂਰ ਇਕੱਠੇ ਹੋ ਕੇ ਸੰਘਰਸ਼ ਕਰਦੇ ਹਨ, ਤਾਂ ਉਹ ਵਧੀਆ ਸ਼ਰਤਾਂ ਹਾਸਲ ਕਰ ਸਕਦੇ ਹਨ।

ਉਨ੍ਹਾ ਦੇ ਮੁਤਾਬਕ, ਜਦੋਂ ਕੋਈ ਛੋਟਾ ਦੇਸ਼ ਕਿਸੇ ਵੱਡੇ ਦੇਸ਼ ਨਾਲ ਇਕੱਲਾ ਮੋਲ-ਤੋਲ ਕਰਦਾ ਹੈ, ਤਾਂ ਉਹ ਅਕਸਰ ਨੁਕਸਾਨ ਵਿੱਚ ਰਹਿੰਦਾ ਹੈ। ਇਸ ਲਈ ਗਲੋਬਲ ਸਾਊਥ ਦੇ ਦੇਸ਼ਾਂ ਨੂੰ ਇਕੱਠੇ ਕਾਰਵਾਈ ਕਰਨੀ ਚਾਹੀਦੀ ਹੈ, ਤਾਂ ਜੋ ਉਹ ਵਿਸ਼ਵ ਦੀਆਂ ਮਹਾਂ-ਸ਼ਕਤੀਆਂ ਨਾਲ ਬਰਾਬਰੀ ਦੇ ਆਧਾਰ 'ਤੇ ਗੱਲਬਾਤ ਕਰ ਸਕਣ।

ਸੰਭਵ ਹੈ ਕਿ ਭਾਰਤ ਅਤੇ ਬ੍ਰਾਜ਼ੀਲ ਮਿਲ ਕੇ ਗਲੋਬਲ ਸਾਊਥ ਦੇ ਦੇਸ਼ਾਂ ਨੂੰ ਇਕ ਮੰਚ 'ਤੇ ਲਿਆ ਸਕਣ।

ਟਰੰਪ ਵੱਲੋਂ ਕੈਨੇਡਾ ਅਤੇ ਯੂਰਪੀ ਸੰਘ ਵਰਗੇ ਕਰੀਬੀ ਸਾਥੀਆਂ ਸਮੇਤ ਕਈ ਦੇਸ਼ਾਂ 'ਤੇ ਟੈਰਿਫ਼ ਲਗਾਉਣ ਦੀ ਯੋਜਨਾ ਦਾ ਐਲਾਨ ਕਰਨ ਤੋਂ ਬਾਅਦ ਇਹ ਵਿਚਾਰ ਉੱਭਰ ਕੇ ਸਾਹਮਣੇ ਆਇਆ ਸੀ ਕਿ ਹੋਰ ਦੇਸ਼ ਇਕੱਠੇ ਹੋ ਕੇ ਜਵਾਬ ਦੇਣ। ਹੁਣ ਲੂਲਾ ਡਾ ਸਿਲਵਾ, ਜੋ ਕਿ ਬ੍ਰਿਕਸ ਦੇ ਮਹੱਤਵਪੂਰਨ ਮੈਂਬਰ ਹਨ, ਵੱਲੋਂ ਇਹ ਸੁਝਾਅ ਦੇਣ ਨਾਲ ਇਸ ਵਿਚਾਰ ਨੂੰ ਹੋਰ ਗੰਭੀਰਤਾ ਅਤੇ ਮਹੱਤਤਾ ਮਿਲੀ ਹੈ।

**ਅਮਰੀਕੀ ਸੁਪਰੀਮ ਕੋਰਟ ਦੇ ਹੁਕਮ ਦੇ ਪ੍ਰਭਾਵ**

ਕਿਉਂਕਿ ਸੰਯੁਕਤ ਰਾਜ ਅਮਰੀਕਾ ਦੀ ਸੁਪਰੀਮ ਕੋਰਟ ਨੇ ਘੋਸ਼ਣਾ ਕੀਤੀ ਹੈ ਕਿ ਰਾਸ਼ਟਰਪਤੀ ਟਰੰਪ ਨੇ 1977 ਦੇ ਇੰਟਰਨੈਸ਼ਨਲ ਐਮਰਜੈਂਸੀ ਇਕਨੌਮਿਕ ਪਾਵਰ ਐਕਟ (ਆਈ ਈ ਈ ਪੀ ਏ) ਅਧੀਨ 'ਪ੍ਰਤਿਉੱਤਰਕ ਟੈਰਿਫ਼ਾਂ' (ਰੈਸੀਪਰੋਕਲ ਟੈਰਿਫਸ) ਲਗਾ ਕੇ ਆਪਣੇ ਅਧਿਕਾਰਾਂ ਤੋਂ ਵੱਧ ਕਦਮ ਚੁੱਕਿਆ। ਅਦਾਲਤ ਦੇ ਫ਼ੈਸਲੇ ਅਨੁਸਾਰ ਇਹ ਕਦਮ ਸੰਵਿਧਾਨ ਵਿਰੁੱਧ ਹਨ।

ਇਸ ਫ਼ੈਸਲੇ ਨਾਲ ਮੱਧ-2025 ਤੋਂ ਬਾਅਦ ਅਮਰੀਕਾ ਵੱਲੋਂ ਹੋਰ ਦੇਸ਼ਾਂ ਨਾਲ ਕੀਤੇ ਗਏ ਵੱਖ-ਵੱਖ ਸਮਝੌਤਿਆਂ ਦੀ ਬੁਨਿਆਦ ਹੀ ਖਤਮ ਹੋ ਜਾਂਦੀ ਹੈ। ਭਾਵੇਂ ਟਰੰਪ ਹੁਣ ਹੋਰ ਕਾਨੂੰਨਾਂ ਹੇਠ ਨਵੇਂ ਟੈਰਿਫ਼ ਲਗਾ ਦੇਣ, ਪਹਿਲਾਂ ਕੀਤੇ ਸਮਝੌਤੇ ਅਵੈਧ ਹੋ ਜਾਂਦੇ ਹਨ।

ਅਮਰੀਕੀ ਸੰਵਿਧਾਨ ਦਾ ਮੂਲ ਸਿਧਾਂਤ ਹੈ ਕਿ ਟੈਕਸ ਲਗਾਉਣ ਦਾ ਅਧਿਕਾਰ ਸੰਯੁਕਤ ਰਾਜ ਅਮਰੀਕਾ ਦੀ ਕਾਂਗਰਸ ਕੋਲ ਹੈ, ਨਾ ਕਿ ਕਾਰਜ ਪਾਲਿਕਾ ਕੋਲ। ਅਮਰੀਕਾ ਨੇ ਆਪਣੀ ਆਜ਼ਾਦੀ ਦੀ ਲੜਾਈ 'ਨੋ ਟੈਕਸੇਸ਼ਨ ਵਿਦਆਊਟ ਰਿਪ੍ਰੈਜ਼ੇਂਟੇਸ਼ਨ' ਦੇ ਨਾਅਰੇ ਨਾਲ ਲੜੀ ਸੀ। ਟਰੰਪ ਨੇ ਵਿਧਾਨ ਸਭਾ ਦੀ ਮਨਜ਼ੂਰੀ ਤੋਂ ਬਿਨਾਂ ਟੈਰਿਫ਼ ਲਗਾ ਕੇ ਇਸ ਮੂਲ ਸਿਧਾਂਤ ਦੀ ਉਲੰਘਣਾ ਕੀਤੀ। ਵਧੇ ਹੋਏ ਟੈਰਿਫ਼ਾਂ ਦਾ ਵੱਡਾ ਬੋਝ ਅਮਰੀਕੀ ਜਨਤਾ ਨੇ ਝੱਲਿਆ (ਕਿਉਂਕਿ ਨਿਰਯਾਤਕਾਂ ਨੇ ਆਪਣੀ ਲਾਭ-ਮਾਰਜਿਨ ਘਟਾਈ), ਜਦੋਂਕਿ ਉਨ੍ਹਾਂ ਦੇ ਚੁਣੇ ਪ੍ਰਤੀਨਿਧੀਆਂ ਨੇ ਇਸ ਦੀ ਮਨਜ਼ੂਰੀ ਨਹੀਂ ਦਿੱਤੀ ਸੀ।

ਅਮਰੀਕੀ ਕਾਨੂੰਨ ਦੇ ਹੋਰ ਭਾਗਾਂ, ਜਿਵੇਂ ਕਿ ਧਾਰਾ 122 ਅਤੇ 301 ਹੇਠ ਟੈਰਿਫ਼ ਲਗਾਉਣ ਦੀ ਵਿਵਸਥਾ ਹੈ, ਪਰ ਇਹ ਉਹ ਅਧਾਰ ਨਹੀਂ ਹਨ, ਜਿਨ੍ਹਾਂ 'ਤੇ ਪਹਿਲਾਂ ਸਮਝੌਤੇ ਕੀਤੇ ਗਏ ਸਨ। ਭਾਵੇਂ ਧਾਰਾ 122 ਹੇਠ 15 ਫੀਸਦੀ ਦਾ ਨਵਾਂ ਟੈਰਿਫ਼ ਐਲਾਨਿਆ ਗਿਆ ਹੈ, ਪਰ ਇਹ ਪਿਛਲੇ ਸਮਝੌਤਿਆਂ ਦਾ ਹਿੱਸਾ ਨਹੀਂ। ਇਸ ਲਈ ਹੋਰ ਦੇਸ਼ ਕਾਨੂੰਨੀ ਤੌਰ 'ਤੇ ਦਾਅਵਾ ਕਰ ਸਕਦੇ ਹਨ ਕਿ ਅਮਰੀਕਾ ਨਾਲ ਕੀਤੇ ਗਏ ਸਮਝੌਤੇ ਅਵੈਧ ਹਨ ਅਤੇ ਮੁੜ ਗੱਲਬਾਤ ਦੀ ਲੋੜ ਹੈ।

**ਪਰ ਕਿੰਨੇ ਦੇਸ਼ ਇਹ ਹਿੰਮਤ ਕਰਨਗੇ ?**

ਜ਼ਿਆਦਾਤਰ ਦੇਸ਼ ਚੁੱਪ ਰਹਿਣਾ ਹੀ ਠੀਕ ਸਮਝਣਗੇ, ਤਾਂ ਜੋ ਟਰੰਪ ਨੂੰ ਨਾਰਾਜ਼ ਨਾ ਕੀਤਾ ਜਾਵੇ ਅਤੇ ਉਹ ਉਨ੍ਹਾਂ ਖ਼ਿਲਾਫ਼ ਹੋਰ ਕਦਮ ਨਾ ਚੁੱਕ ਲਵੇ। ਭਾਰਤ ਨੇ ਵੀ ਅਮਰੀਕੀ ਸੁਪਰੀਮ ਕੋਰਟ ਦੇ ਇਸ ਫ਼ੈਸਲੇ ਤੋਂ ਬਾਅਦ ਕੋਈ ਵੱਡਾ ਬਿਆਨ ਨਹੀਂ ਦਿੱਤਾ।

ਇੱਥੇ ਬ੍ਰਾਜ਼ੀਲ ਦੇ ਰਾਸ਼ਟਰਪਤੀ ਦੀ ਸਲਾਹ ਮਹੱਤਵਪੂਰਨ ਬਣ ਜਾਂਦੀ ਹੈ। ਜੇ ਸਾਰੇ ਦੇਸ਼ ਇਕੱਠੇ ਹੋ ਕੇ ਕਦਮ ਚੁੱਕਣ, ਤਾਂ ਟਰੰਪ ਪਿਛਲੇ ਇੱਕ ਸਾਲ ਵਾਂਗ ਹੋਰ ਦੇਸ਼ਾਂ ਨੂੰ ਧੱਕੇ ਨਾਲ ਨਹੀਂ ਚਲਾ ਸਕੇਗਾ।

ਮੌਜੂਦਾ ਅਨੁਮਾਨ ਅਨੁਸਾਰ ਅਮਰੀਕੀ ਅਰਥ ਵਿਵਸਥਾ ਵਿਸ਼ਵ ਦੇ ਕੁੱਲ ਘਰੇਲੂ ਉਤਪਾਦ (ਜੀ ਡੀ ਪੀ) ਦਾ ਲਗਭਗ 25 ਫੀਸਦੀ ਹੈ। ਇਸ ਕਰਕੇ ਇਕੱਲੇ ਤੌਰ 'ਤੇ ਉਹ ਹੋਰ ਦੇਸ਼ਾਂ 'ਤੇ ਹਾਵੀ ਰਹਿੰਦਾ ਹੈ, ਪਰ ਜੇ ਬਾਕੀ 75 ਫੀਸਦੀ ਵਿਸ਼ਵ ਅਰਥ ਵਿਵਸਥਾ ਇਕੱਠੇ ਹੋ ਕੇ ਕਾਰਵਾਈ ਕਰੇ, ਤਾਂ ਹਾਲਾਤ ਬਦਲ ਸਕਦੇ ਹਨ।

ਚੀਨ ਲਗਭਗ 19 ਫੀਸਦੀ ਹਿੱਸੇ ਨਾਲ ਦੂਜੇ ਨੰਬਰ 'ਤੇ ਹੈ ਅਤੇ ਵਿਸ਼ਵ ਵਪਾਰ ਵਿੱਚ ਆਪਣੀ ਵਿਸ਼ੇਸ਼ ਸਥਿਤੀ ਕਰਕੇ ਉਹ ਅਮਰੀਕੀ ਦਬਾਅ ਦਾ ਕੁਝ ਹੱਦ ਤੱਕ ਮੁਕਾਬਲਾ ਕਰ ਸਕਿਆ ਹੈ। ਭਾਰਤ, ਜਿਸ ਦਾ ਹਿੱਸਾ ਲਗਭਗ 3 ਫੀਸਦੀ ਹੈ, ਇਕੱਲੇ ਅਮਰੀਕਾ ਦਾ ਮੁਕਾਬਲਾ ਕਰਨ ਦੀ ਸਥਿਤੀ ਵਿੱਚ ਨਹੀਂ, ਜਦ ਤੱਕ ਉਹ ਆਪਣੀ ਆਰਥਿਕ ਅਤੇ ਕੂਟਨੀਤਿਕ ਰਣਨੀਤੀ ਵਿੱਚ ਵੱਡਾ ਬਦਲਾਅ ਨਾ ਲਿਆਵੇ ਜਾਂ ਫਿਰ ਹੋਰ ਦੇਸ਼ਾਂ ਨਾਲ ਮਿਲ ਕੇ ਸਾਂਝੀ ਕਾਰਵਾਈ ਨਾ ਕਰੇ।

**ਅਸਥਿਰਤਾ ਅਤੇ ਉਥਲ-ਪੁਥਲ**

ਯੂਰਪੀ ਸੰਘ ਨੇ ਸਪੱਸ਼ਟ ਕਰ ਦਿੱਤਾ ਹੈ ਕਿ ਉਹ ਧਾਰਾ 122 ਹੇਠ ਲਗਾਏ ਗਏ ਵਧੇ ਹੋਏ ਟੈਰਿਫ਼ ਨੂੰ ਕਬੂਲ ਨਹੀਂ ਕਰੇਗਾ। ਭਾਰਤ ਨੇ ਵੀ ਅੰਤਰਮ ਵਪਾਰਕ ਸਮਝੌਤੇ ਨੂੰ ਅੰਤਿਮ ਰੂਪ ਦੇਣ ਲਈ ਹੋਣ ਵਾਲੀ ਮੀਟਿੰਗ ਮੁਲਤਵੀ ਕਰ ਦਿੱਤੀ ਹੈ, ਜਿਸ ਨੂੰ ਪਹਿਲਾਂ ਮੱਧ-ਮਾਰਚ ਤੱਕ ਦਸਤਖਤ ਕੀਤਾ ਜਾਣਾ ਦੱਸਿਆ ਗਿਆ ਸੀ।



ਇਸ ਨਾਲ ਇਹ ਸਪੱਸ਼ਟ ਹੁੰਦਾ ਹੈ ਕਿ ਅਮਰੀਕਾ ਵੱਲੋਂ ਮਨਮਾਨੇ ਢੰਗ ਨਾਲ ਲਗਾਏ ਗਏ ਟੈਰਿਫ਼ਾਂ ਵਿਰੁੱਧ ਵਿਰੋਧ ਵਧ ਰਿਹਾ ਹੈ। ਹਾਲਾਤ ਵਿੱਚ ਗੁੰਝਲ ਅਤੇ ਅਨਿਸਚਿਤਤਾ ਵਧ ਗਈ ਹੈ। ਕਈ ਕਾਨੂੰਨੀ ਵਿਦਵਾਨਾਂ ਦਾ ਮੰਨਣਾ ਹੈ ਕਿ ਧਾਰਾ 122 ਹੇਠ ਲਗਾਏ ਗਏ ਨਵੇਂ 15 ਫੀਸਦੀ ਟੈਰਿਫ਼ ਨੂੰ ਵੀ ਅਦਾਲਤ ਵਿੱਚ ਚੁਣੌਤੀ ਦਿੱਤੀ ਜਾ ਸਕਦੀ ਹੈ। ਇਸ ਕਰਕੇ ਇਹ ਸਪਸ਼ਟ ਨਹੀਂ ਕਿ ਇਹ ਸਥਿਤੀ ਕਿੰਨਾ ਸਮਾਂ ਚੱਲੇਗੀ ਅਤੇ 150 ਦਿਨਾਂ ਬਾਅਦ ਕੀ ਹੋਵੇਗਾ ?

ਸੰਯੁਕਤ ਰਾਜ ਅਮਰੀਕਾ ਦੀ ਸੁਪਰੀਮ ਕੋਰਟ ਦੇ ਫ਼ੈਸਲੇ ਨੇ ਰਾਸ਼ਟਰਪਤੀ ਟਰੰਪ ਦੀ ਸਥਿਤੀ ਨੂੰ ਅਮਰੀਕਾ ਦੇ ਅੰਦਰ ਵੀ ਅਤੇ ਵਿਸ਼ਵ ਪੱਧਰ 'ਤੇ ਵੀ ਕਮਜ਼ੋਰ ਕੀਤਾ ਹੈ। ਇਸ ਨਾਲ ਸੰਭਾਵਨਾ ਹੈ ਕਿ ਹੋਰ ਕਾਂਗਰਸ ਮੈਂਬਰ ਅਤੇ ਅਦਾਲਤਾਂ ਵੀ ਟਰੰਪ ਵੱਲੋਂ ਅਪਣਾਈਆਂ ਜਾ ਰਹੀਆਂ ਗੈਰ-ਸੰਵਿਧਾਨਕ ਨੀਤੀਆਂ ਨੂੰ ਚੁਣੌਤੀ ਦੇਣ ਲਈ ਹਿੰਮਤ ਕਰਨਗੇ।

ਕੁੱਲ ਮਿਲਾ ਕੇ ਅਮਰੀਕੀ ਅੰਦਰੂਨੀ ਰਾਜਨੀਤੀ ਅਤੇ ਵਿਸ਼ਵ ਰਾਜਨੀਤੀ ਦੋਹਾਂ ਵਿੱਚ ਅਸਥਿਰਤਾ ਦਾ ਮਾਹੌਲ ਬਣ ਗਿਆ ਹੈ, ਜਿਸ ਦਾ ਪ੍ਰਭਾਵ ਆਉਣ ਵਾਲੇ ਮਹੀਨਿਆਂ ਵਿੱਚ ਹੋਰ ਸਪੱਸ਼ਟ ਹੋ ਸਕਦਾ ਹੈ।

**ਇਕੱਠੇ ਹੋਣ ਦਾ ਫ਼ਾਇਦਾ**

ਜੇ ਅਮਰੀਕਾ ਧਾਰਾ 122 ਹੇਠ 150 ਦਿਨਾਂ ਲਈ ਲਗਾਏ 15 ਫੀਸਦੀ ਟੈਰਿਫ਼ 'ਤੇ ਕਾਇਮ ਰਹਿੰਦਾ ਹੈ, ਤਾਂ ਬਾਕੀ ਸਾਰੇ ਦੇਸ਼ ਇਕੱਠੇ ਹੋ ਕੇ ਅਮਰੀਕੀ ਨਿਰਯਾਤਾਂ 'ਤੇ 15 ਫੀਸਦੀ ਟੈਰਿਫ਼ ਲਗਾਉਣ 'ਤੇ ਸਹਿਮਤ ਹੋ ਸਕਦੇ ਹਨ। ਇਸ ਨਾਲ ਅਮਰੀਕਾ ਨਾਲ ਵਿਸ਼ਵ ਵਪਾਰ ਵਿੱਚ ਕਮੀ ਆਵੇਗੀ।

ਚੀਨ ਪਹਿਲਾਂ ਹੀ ਅਫ਼ਰੀਕੀ ਦੇਸ਼ਾਂ ਤੋਂ ਡਿਊਟੀ-ਫ਼ਰੀ ਆਯਾਤ ਦੀ ਇਜਾਜ਼ਤ ਦੇਣ ਦਾ ਫ਼ੈਸਲਾ ਕਰ ਚੁੱਕਾ ਹੈ, ਤਾਂ ਜੋ ਉਹਨਾਂ ਦੇ ਬਾਜ਼ਾਰਾਂ ਵਿੱਚ ਵਧੀਆ ਪਹੁੰਚ ਬਣਾਈ ਜਾ ਸਕੇ।

ਇਸ ਤਰ੍ਹਾਂ ਦਾ ਅੰਤਰਰਾਸ਼ਟਰੀ ਸਮਝੌਤਾ ਮੌਜੂਦਾ ਵਿਸ਼ਵ ਵਪਾਰ ਸੰਗਠਨ ਦੇ ਢਾਂਚੇ ਹੇਠ ਤਿਆਰ ਕੀਤਾ ਜਾ ਸਕਦਾ ਹੈ। ਅਮਰੀਕਾ ਵੱਲੋਂ ਮਨਮਾਨੇ ਢੰਗ ਨਾਲ ਟੈਰਿਫ਼ ਲਗਾਉਣਾ ਵਿਸ਼ਵ ਵਪਾਰ ਸੰਗਠਨ ਦੇ ਸਮਝੌਤਿਆਂ ਦੇ ਵਿਰੁੱਧ ਹੈ ਅਤੇ ਇਸ ਲਈ ਉਸ 'ਤੇ ਕਾਰਵਾਈ ਜਾਂ ਜੁਰਮਾਨਾ ਵੀ ਹੋ ਸਕਦਾ ਹੈ।

ਬਾਕੀ ਦੇਸ਼ਾਂ ਲਈ ਜ਼ਰੂਰੀ ਹੈ ਕਿ ਉਹ ਜਲਦੀ ਤੋਂ ਜਲਦੀ ਇਸ ਤਰ੍ਹਾਂ ਦਾ ਸਾਂਝਾ ਸਮਝੌਤਾ ਤਿਆਰ ਕਰਨ। ਰਾਸ਼ਟਰਪਤੀ ਟਰੰਪ ਹੋਰ ਦੇਸ਼ਾਂ ਨੂੰ ਇਕੱਠੇ ਹੋਣ ਤੋਂ ਰੋਕਣ ਲਈ ਛੋਟਾਂ ਜਾਂ ਰਿਆਇਤਾਂ ਦੀ ਪੇਸ਼ਕਸ਼ ਕਰ ਸਕਦੇ ਹਨ। ਅਪ੍ਰੈਲ 2025 ਵਿੱਚ ਉਨ੍ਹਾਂ 90 ਦਿਨਾਂ ਵਿੱਚ 90 ਸਮਝੌਤੇ ਕਰਨ ਦੀ ਗੱਲ ਕਰਕੇ ਕਈ ਦੇਸ਼ਾਂ ਵਿੱਚ ਫੁੱਟ ਪਾ ਦਿੱਤੀ ਸੀ।ਜੇ ਹੋਰ ਦੇਸ਼ ਇਕਜੁੱਟ ਰਹਿੰਦੇ ਹਨ, ਤਾਂ ਉਹ ਅਮਰੀਕੀ ਦਬਾਅ ਦਾ ਪ੍ਰਭਾਵਸ਼ਾਲੀ ਤਰੀਕੇ ਨਾਲ ਮੁਕਾਬਲਾ ਕਰ ਸਕਦੇ ਹਨ ਅਤੇ ਵਿਸ਼ਵ ਵਪਾਰ ਵਿੱਚ ਨਿਆਂਸੰਗਤ ਸੰਤੁਲਨ ਬਣਾਇਆ ਜਾ ਸਕਦਾ ਹੈ।

**'ਟ੍ਰਾਈਫੈਕਟਾ' ਵਿੱਚ ਦਰਾਰ**

ਰਾਸ਼ਟਰਪਤੀ ਟਰੰਪ ਹੋਰ ਕਾਨੂੰਨੀ ਧਾਰਾਵਾਂ ਜਿਵੇਂ 201, 232 ਅਤੇ 301 ਨੂੰ ਵੀ ਸਰਗਰਮ ਕਰਨ ਦੀ ਕੋਸ਼ਿਸ਼ ਕਰ ਸਕਦੇ ਹਨ, ਪਰ ਇਹਨਾਂ ਧਾਰਾਵਾਂ ਹੇਠ ਜਾਂਚ ਅਤੇ ਸੰਯੁਕਤ ਰਾਜ ਕਾਂਗਰਸ ਦੀ ਮਨਜ਼ੂਰੀ ਲਾਜ਼ਮੀ ਹੁੰਦੀ ਹੈ, ਜਿਸ ਵਿੱਚ ਕੁਝ ਮਹੀਨੇ ਲੱਗ ਸਕਦੇ ਹਨ। ਧਾਰਾ 338 ਵੀ ਵਰਤੀ ਜਾ ਸਕਦੀ ਹੈ, ਜਿਸ ਹੇਠ ਟੈਰਿਫ਼ ਦੀ ਉੱਚਤਮ ਸੀਮਾ ਨਿਰਧਾਰਤ ਨਹੀਂ।

ਇਸ ਲਈ ਹੋਰ ਦੇਸ਼ਾਂ ਨੂੰ ਚਾਹੀਦਾ ਹੈ ਕਿ ਇਹ ਪ੍ਰਬੰਧ ਪੂਰੀ ਤਰ੍ਹਾਂ ਲਾਗੂ ਹੋਣ ਤੋਂ ਪਹਿਲਾਂ ਹੀ ਇਕੱਠੇ ਕਦਮ ਚੁੱਕਣ। ਜੇ ਹੋਰ ਦੇਸ਼ ਮਿਲਜੁਲ ਕੇ ਜਵਾਬੀ ਟੈਰਿਫ਼ ਲਗਾਉਣ, ਤਾਂ ਅਮਰੀਕੀ ਕਾਂਗਰਸ ਇਸ ਨੂੰ ਅਮਰੀਕੀ ਹਿੱਤਾਂ ਦੇ ਵਿਰੁੱਧ ਮੰਨ ਸਕਦੀ ਹੈ ਅਤੇ ਟਰੰਪ ਵੱਲੋਂ ਪ੍ਰਸਤਾਵਿਤ ਵਧੇਰੇ ਟੈਰਿਫ਼ਾਂ ਨੂੰ ਮਨਜ਼ੂਰੀ ਦੇਣ ਤੋਂ ਹਿਚਕਚਾ ਸਕਦੀ ਹੈ।

ਅਸਲ ਵਿੱਚ ਟਰੰਪ ਦੀ ਧੱਕੇਸ਼ਾਹੀ ਅੱਗੇ ਝੁਕਣ ਤੋਂ ਇਨਕਾਰ ਕਰਨਾ ਕਾਮਯਾਬ ਹੋ ਸਕਦਾ ਹੈ, ਕਿਉਂਕਿ ਟ੍ਰਾਈਫੈਕਟਾ — ਅਦਾਲਤ, ਵਿਧਾਨ ਸਭਾ ਅਤੇ ਕਾਰਜ ਪਾਲਿਕਾ ਦੀ ਇਕਜੁੱਟਤਾ ਵਿੱਚ ਦਰਾਰ ਪੈ ਚੁੱਕੀ ਹੈ। ਸੰਯੁਕਤ ਰਾਜ ਦੀ ਸੁਪਰੀਮ ਕੋਰਟ ਨੇ ਉਨ੍ਹਾਂ ਦਾ ਸਾਥ ਨਹੀਂ ਦਿੱਤਾ ਅਤੇ ਸੰਭਵ ਹੈ ਕਿ ਵਿਧਾਨ ਸਭਾ ਵੀ ਉਨ੍ਹਾਂ ਦੇ ਟੈਰਿਫ਼ਾਂ ਦਾ ਸਮਰਥਨ ਨਾ ਕਰੇ, ਕਿਉਂਕਿ ਵਧੀਆਂ ਕੀਮਤਾਂ ਦਾ ਬੋਝ ਆਖ਼ਿਰਕਾਰ ਜਨਤਾ 'ਤੇ ਹੀ ਪੈਂਦਾ ਹੈ।

ਇਸ ਪਿਛੋਕੜ ਵਿੱਚ ਬ੍ਰਾਜ਼ੀਲ ਦੇ ਰਾਸ਼ਟਰਪਤੀ ਲੂਲਾ ਡਾ ਸਿਲਵਾ ਦੀ ਸਲਾਹ ਤੁਰੰਤ ਧਿਆਨ ਮੰਗਦੀ ਹੈ। ਟਰੰਪ ਵੱਲੋਂ ਕੀਤੇ ਸਮਝੌਤੇ ਕਈ ਵਾਰ ਇਕਪਾਸੜ ਰਹੇ ਹਨ, ਇੱਥੋਂ ਤੱਕ ਕਿ ਅਮੀਰ ਦੇਸ਼ਾਂ ਨਾਲ ਵੀ । ਇਸ ਕਰਕੇ ਕਈ ਦੇਸ਼ ਅਸੰਤੁਸ਼ਟ ਹਨ ਅਤੇ ਇਕੱਠੇ ਹੋ ਸਕਦੇ ਹਨ, ਜੋ ਸਫ਼ਲਤਾ ਦੀ ਗਾਰੰਟੀ ਬਣ ਸਕਦਾ ਹੈ ।

*(ਲੇਖਕ, ਜਵਾਹਰ ਲਾਲ ਨਹਿਰੂ ਯੂਨੀਵਰਸਿਟੀ ਦੇ ਸਾਬਕਾ ਅਰਥ ਸ਼ਾਸਤਰ ਪ੍ਰੋਫੈਸਰ ਹਨ । ਉਹ 'ਭਾਰਤੀ ਅਰਥ ਵਿਵਸਥਾ ਦਾ ਸਭ ਤੋਂ ਵੱਡਾ ਸੰਕਟ: ਕੋਰੋਨਾ ਵਾਇਰਸ ਦਾ ਪ੍ਰਭਾਵ ਅਤੇ ਅੱਗੇ ਦਾ ਰਸਤਾ' (2020) ਦੇ ਲੇਖਕ ਵੀ ਹਨ।)*

**# ਸੰਪਰਕ : 99884-91002**

# ਆਤਮ-ਵਿਸ਼ਵਾਸ ਬੱਚੇ ਦੀ ਸ਼ਖਸੀਅਤ ਦੀ ਰੂਹ

**ਸੁਰੱਈਆ (ਖੱਤਰੀਵਾਲਾ)**

ਅਜੋਕੇ ਮੁਕਾਬਲੇ ਦੇ ਯੁੱਗ ਵਿੱਚ ਸਫ਼ਲਤਾ ਸਿਰਫ ਅੰਕਾਂ ਜਾਂ ਡਿਗਰੀਆਂ ਤੱਕ ਸੀਮਤ ਨਹੀਂ ਕੀਤੀ ਜਾ ਸਕਦੀ, ਸਗੋਂ ਆਤਮ-ਵਿਸ਼ਵਾਸ ਮਨੁੱਖ ਦੀ ਅਸਲ ਤਾਕਤ ਹੁੰਦਾ ਹੈ।ਖਾਸ ਕਰਕੇ ਬੱਚਿਆਂ ਦੇ ਜੀਵਨ ਵਿੱਚ ਆਤਮ-ਵਿਸ਼ਵਾਸ ਇੱਕ ਅਜਿਹਾ ਗੁਣ ਹੈ, ਜੋ ਉਨ੍ਹਾਂ ਦੀ ਸ਼ਖਸ਼ੀਅਤ, ਸੋਚ ਅਤੇ ਭਵਿੱਖ ਨੂੰ ਨਿਰਧਾਰਿਤ ਕਰਦਾ ਹੈ ।

ਆਤਮ-ਵਿਸ਼ਵਾਸੀ ਬੱਚਾ ਨਾ ਸਿਰਫ਼ ਆਪਣੇ ਹੱਕ ਲਈ ਆਵਾਜ਼ ਬੁਲੰਦ ਕਰਦਾ ਹੈ, ਸਗੋਂ ਮੁਸ਼ਕਿਲ ਹਾਲਤਾਂ ਵਿੱਚ ਵੀ ਡਟ ਕੇ ਖੜ੍ਹੇ ਰਹਿਣ ਦਾ ਸਾਹਸ ਰੱਖਦਾ ਹੈ।ਆਤਮ-ਵਿਸ਼ਵਾਸ ਬੱਚੇ ਦੀ ਸੋਚ, ਵਿਹਾਰ ਅਤੇ ਫ਼ੈਸਲਾ ਕਰਨ ਦੀ ਸਮਰੱਥਾ ਨੂੰ ਮਜ਼ਬੂਤ ਬਣਾਉਂਦਾ ਹੈ। ਸੋ ਜ਼ਰੂਰੀ ਹੈ ਕਿ ਬੱਚਿਆਂ ਵਿੱਚ ਛੋਟੀ ਉਮਰ ਤੋਂ ਹੀ ਆਤਮ-ਵਿਸ਼ਵਾਸ ਪੈਦਾ ਕੀਤਾ ਜਾਵੇ। ਬੱਚਿਆਂ ਵਿੱਚ ਆਤਮ- ਵਿਸ਼ਵਾਸ ਪੈਦਾ ਕਰਨ ਵਿੱਚ ਸਭ ਤੋਂ ਮੋਹਰੀ ਭੂਮਿਕਾ ਮਾਪਿਆਂ ਦੀ ਹੁੰਦੀ ਹੈ ।

ਮਾਪਿਆਂ ਵੱਲੋਂ ਉਸ ਦੀ ਹਰੇਕ ਗੱਲ ਧਿਆਨ ਨਾਲ ਸੁਣਨਾ ਅਤੇ ਉਸ ਦੀਆਂ ਭਾਵਨਾਵਾਂ ਨੂੰ ਸਮਝਣਾ ਬੱਚੇ ਨੂੰ ਮਨੋਵਿਗਿਆਨਿਕ ਤੌਰ 'ਤੇ ਮਜ਼ਬੂਤ ਬਣਾਉਂਦਾ ਹੈ, ਪਰ ਜਦੋਂ ਮਾਪੇ ਆਪਣੇ ਬੱਚੇ ਦੀ ਤੁਲਨਾ ਹੋਰ ਬੱਚਿਆਂ ਨਾਲ ਕਰਨ ਲੱਗ ਜਾਂਦੇ ਹਨ, ਜਿਵੇਂ ਕਿਸੇ ਦੇ ਪਰੀਖਿਆ ਵਿੱਚੋਂ ਅੰਕ ਬਹੁਤ ਵਧੀਆ ਹਨ, ਕਿਸੇ ਦਾ ਗਣਿਤ ਬਹੁਤ ਚੰਗਾ ਹੈ ਜਾਂ ਕਿਸੇ ਦੀ ਖੇਡ ਬਹੁਤ ਵਧੀਆ ਹੈ ਆਦਿ ਅਜਿਹੀ ਤੁਲਨਾ ਬੱਚੇ ਦੇ ਅੰਦਰ ਹੀਣ ਭਾਵਨਾ ਪੈਦਾ ਕਰਦੀ ਹੈ ।ਇਹ ਹੀਣ ਭਾਵਨਾ ਆਤਮ- ਵਿਸ਼ਵਾਸ ਦੀ ਜੜ੍ਹ ਨੂੰ ਖੋਖਲਾ ਕਰ ਦਿੰਦੀ ਹੈ।ਕੁਦਰਤ ਵੱਲੋਂ ਹਰੇਕ ਬੱਚਾ ਵਿਲੱਖਣ ਹੈ ਤਾਂ ਉਸ ਦੀ ਕਾਬਲੀਅਤ ਵੀ ਵੱਖਰੀ ਹੁੰਦੀ ਹੈ, ਇਸ ਕਰਕੇ ਹਰੇਕ ਬੱਚੇ ਨੂੰ ਉਸ ਦੀਆਂ ਖੂਬੀਆਂ ਅਤੇ ਵਿਸ਼ੇਸ਼ਤਾਵਾਂ ਦੇ ਅਨੁਸਾਰ ਉਤਸ਼ਾਹਤ ਕਰਨਾ ਲਾਜ਼ਮੀ ਹੈ ।ਮਾਪਿਆਂ ਤੋਂ ਬਾਅਦ ਇਹ ਜ਼ਿੰਮੇਵਾਰੀ ਸਕੂਲ ਦੇ ਅਧਿਆਪਕਾਂ 'ਤੇ ਆਉਂਦੀ ਹੈ।ਅਧਿਆਪਕ ਬੱਚਿਆਂ ਅੰਦਰ ਆਤਮ-ਵਿਸ਼ਵਾਸ ਪੈਦਾ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਅਦਾ ਕਰਦੇ ਹਨ । ਜਮਾਤ ਦੇ ਕਮਰੇ ਵਿੱਚ ਜਦੋਂ ਬੱਚੇ ਨੂੰ ਆਪਣੇ ਵਿਚਾਰ ਪ੍ਰਗਟਾਉਣ ਦਾ ਮੌਕਾ ਮਿਲਦਾ ਹੈ ਤਾਂ ਉਸ ਦੀ ਗੱਲ ਨੂੰ ਆਦਰ ਨਾਲ ਸੁਣਨ 'ਤੇ ਉਹ ਬੱਚਾ ਨਿਡਰ ਬਣਦਾ ਹੈ। ਅਧਿਆਪਕਾਂ ਵੱਲੋਂ ਦਿੱਤੀ ਹੌਸਲਾ-ਅਫ਼ਜਾਈ ਅਤੇ ਸਕਾਰਾਤਮਕ ਪ੍ਰਤੀਕਿਰਿਆ ਬੱਚੇ ਦੀ ਸੋਚ ਨੂੰ ਮਜ਼ਬੂਤ ਕਰਨ ਦੇ ਨਾਲ-ਨਾਲ ਉਸ ਦਾ ਆਤਮ-ਵਿਸ਼ਵਾਸ ਵਧਾਉਂਦੀ ਹੈ।

ਇਸ ਤੋਂ ਇਲਾਵਾ ਬੱਚਿਆਂ ਨੂੰ ਆਪਣੇ ਛੋਟੇ-ਛੋਟੇ ਫ਼ੈਸਲੇ ਲੈਣ ਦੀ ਆਜ਼ਾਦੀ ਦੇਣ, ਜਿਵੇਂ :ਆਪਣੀ ਪਸੰਦ ਦੇ ਰੰਗ ਦੇ ਕੱਪੜਿਆਂ ਦੀ ਚੋਣ ਕਰਨ, ਆਪਣੇ ਛੋਟੇ-ਛੋਟੇ ਸ਼ੌਕ ਪੂਰੇ ਕਰਨ ਦੀ ਆਜ਼ਾਦੀ ਦੇਣਾ ਆਦਿ ਨਾਲ ਵੀ ਬੱਚਾ ਜ਼ਿੰਦਗੀ ਦੇ ਅਸਲ ਸਬਕ ਸਿੱਖਦਾ ਹੈ । ਉਸ ਤੋਂ ਹੁੰਦੀਆਂ ਗਲਤੀਆਂ ਵੀ ਬੱਚੇ ਦੇ ਵਿਕਾਸ ਲਈ ਲਾਭਦਾਇਕ ਰੋਲ ਨਿਭਾਉਂਦੀਆਂ ਹਨ। ਜੇ ਬੱਚੇ ਨੂੰ ਹਰ ਛੋਟੀ ਗਲਤੀ ਲਈ ਡਾਂਟ ਜਾਂ ਸਜ਼ਾ ਦਿੱਤੀ ਜਾਵੇ ਤਾਂ ਬੱਚਾ ਡਰਪੋਕ ਬਣ ਜਾਂਦਾ ਹੈ।ਗਲਤੀਆਂ ਨੂੰ ਸਿੱਖਣ ਦੇ ਮੌਕੇ ਵਜੋਂ ਮੰਨਣਾ ਵੀ ਬੱਚੇ ਨੂੰ ਹਿੰਮਤੀ ਬਣਾਉਂਦਾ ਹੈ। ਬੱਚੇ ਦੀਆਂ ਛੋਟੀਆਂ ਕਾਮਯਾਬੀਆਂ ਲਈ ਕੀਤੀ ਪ੍ਰਸ਼ੰਸਾ ਉਸ ਦੇ ਆਤਮ-ਵਿਸ਼ਵਾਸ ਨੂੰ ਹੋਰ ਪਕੇਰਾ ਕਰਦੀ ਹੈ।ਮਾਪਿਆਂ ਅਤੇ ਅਧਿਆਪਕਾਂ ਨੂੰ ਚਾਹੀਦਾ ਹੈ ਕਿ ਉਹ ਬੱਚੇ ਨੂੰ ਸਮਝਾਉਣ ਅਤੇ ਸਹੀ ਦਿਸ਼ਾ ਦੇਣ ਦਾ ਕੰਮ ਕਰਨ, ਨਾ ਕਿ ਉਸ ਦਾ ਮਨੋਬਲ ਤੋੜਨ ਦਾ। ਉਪਰੋਕਤ ਤੋਂ ਸਿੱਟਾ ਇਹੀ ਨਿਕਲਦਾ ਹੈ ਕਿ ਮਾਪੇ ਅਤੇ ਅਧਿਆਪਕ ਖੁਦ ਉਦਾਹਰਣ ਬਣਨ।ਜੇ ਵੱਡੇ ਆਤਮ- ਵਿਸ਼ਵਾਸ ਨਾਲ ਆਪਣੇ ਜੀਵਨ ਦੀਆਂ ਚੁਣੌਤੀਆਂ ਦਾ ਸਾਹਮਣਾ ਕਰਦੇ ਹਨ ਤਾਂ ਬੱਚੇ ਵੀ ਉਹੀ ਰਸਤਾ ਅਪਣਾਉਂਦੇ ਹਨ।ਇਸ ਲਈ ਪਿਆਰ, ਸਮਰਥਨ ਅਤੇ ਸਹੀ ਮਾਰਗਦਰਸ਼ਨ ਦੇ ਕੇ ਬੱਚਿਆਂ ਵਿੱਚ ਆਤਮ ਵਿਸ਼ਵਾਸ ਪੈਦਾ ਕੀਤਾ ਜਾਵੇ, ਜੋ ਉਹਨਾਂ ਨੂੰ ਸਫਲਤਾ ਦੀਆਂ ਉਚਾਈਆਂ ਵੱਲ ਲੈ ਜਾਵੇ।

# ਪਲਾਸਟਿਕ ਪ੍ਰਦੂਸ਼ਣ ਮਨੁੱਖੀ ਹੋਂਦ ਲਈ ਖ਼ਤਰਾ

**ਡਾ. ਕ੍ਰਿਸ਼ਨ ਲਾਲ**

ਪਲਾਸਟਿਕ ਦੀ ਖੋਜ ਦਾ ਇਤਿਹਾਸ 1862 ਤੋਂ ਸ਼ੁਰੂ ਹੋਇਆ ਸੀ, ਪਰ 1907 ਵਿੱਚ ਲਿਓ ਬੈਕਲੈਂਡ ਦੁਆਰਾ ਤਿਆਰ ਕੀਤੇ ਪਹਿਲੇ ਸਿੰਥੈਟਿਕ ਪਲਾਸਟਿਕ ਬੈਕਲਾਈਟ ਨੇ ਵਿਗਿਆਨ ਦੀ ਦੁਨੀਆ ਵਿੱਚ ਹਲਚਲ ਮਚਾ ਦਿੱਤੀ। ਆਪਣੀ ਮਜ਼ਬੂਤੀ, ਸਸਤੇ ਮੁੱਲ ਅਤੇ ਬਿਜਲੀ ਦੇ ਕੁਚਾਲਕ ਹੋਣ ਕਾਰਨ ਇਸ ਨੂੰ ਉਸ ਸਮੇਂ ਦੀ ਕਰਾਮਾਤੀ ਕਾਢ ਮੰਨਿਆ ਗਿਆ, ਪਰ ਇਹ ਕਰਾਮਾਤ 1950 ਦੇ ਦਹਾਕੇ ਤੋਂ ਬਾਅਦ ਇੱਕ ਸਰਾਪ ਬਣਨੀ ਸ਼ੁਰੂ ਹੋ ਗਈ, ਜਦੋਂ ਵਰਤੋ ਅਤੇ ਸੁੱਟ ਦੇ ਸੱਭਿਆਚਾਰ ਨੇ ਜਨਮ ਲਿਆ । ਅੱਜ ਸਥਿਤੀ ਇਹ ਹੈ ਕਿ ਦੁਨੀਆ ਭਰ ਵਿੱਚ ਹਰ ਮਿੰਟ 10 ਲੱਖ ਪਲਾਸਟਿਕ ਦੀਆਂ ਬੋਤਲਾਂ ਖਰੀਦੀਆਂ ਜਾਂਦੀਆਂ ਹਨ। ਪੰਜਾਬ ਦੇ ਪਵਿੱਤਰ ਦਰਿਆ—ਸਤਲੁਜ ਅਤੇ ਬਿਆਸ ਅੱਜ ਪਲਾਸਟਿਕ ਦੇ ਪ੍ਰਦੂਸ਼ਣ ਨਾਲ ਕਰਾਹ ਰਹੇ ਹਨ । ਲੁਧਿਆਣਾ ਅਤੇ ਅੰਮ੍ਰਿਤਸਰ ਵਰਗੇ ਮਹਾਨਗਰਾਂ ਵਿੱਚ ਕੂੜੇ ਦੇ ਜੋ ਵਿਸ਼ਾਲ ਪਹਾੜ ਬਣੇ ਹਨ, ਉਨ੍ਹਾਂ ਵਿੱਚ 30 ਫ਼ੀਸਦੀ ਤੋਂ ਵੱਧ ਹਿੱਸਾ ਇਕੱਲੇ ਪਲਾਸਟਿਕ ਦਾ ਹੈ। ਇਹ ਪਲਾਸਟਿਕ ਨਾ ਸਿਰਫ਼ ਵਾਤਾਵਰਣ ਲਈ, ਸਗੋਂ ਜੀਵ-ਜੰਤੂਆਂ ਲਈ ਵੀ ਘਾਤਕ ਹੈ। ਅਕਸਰ ਬੇਜ਼ੁਬਾਨ ਪਸ਼ੂ ਕੂੜੇ ਵਿੱਚੋਂ ਖਾਣਾ ਲੱਭਦੇ ਹੋਏ ਪਲਾਸਟਿਕ ਦੇ ਲਿਫ਼ਾਫ਼ੇ ਨਿਗਲ ਲੈਂਦੇ ਹਨ, ਜੋ ਉਨ੍ਹਾਂ ਦੇ ਸਾਹ ਦੀ ਨਲੀ ਵਿੱਚ ਫਸ ਕੇ ਜਾਂ ਮਿਹਦੇ ਵਿੱਚ ਜ਼ਹਿਰੀਲੀ ਪਰਤ ਬਣਾ ਕੇ ਮੌਤ ਦਾ ਕਾਰਨ ਬਣਦੇ ਹਨ। ਪਲਾਸਟਿਕ ਦੀ ਸਭ ਤੋਂ ਭਿਆਨਕ ਗੱਲ ਇਸ ਦਾ ਅਮਰ ਹੋਣਾ ਹੈ; ਇਹ ਕਦੇ ਖ਼ਤਮ ਨਹੀਂ ਹੁੰਦਾ, ਸਗੋਂ ਧਰਤੀ ਦੀ ਉਪਜਾਊ ਸ਼ਕਤੀ ਨੂੰ ਨਸ਼ਟ ਕਰਕੇ ਉਸ ਨੂੰ ਬੰਜਰ ਬਣਾ ਦਿੰਦਾ ਹੈ ।ਪਲਾਸਟਿਕ ਪ੍ਰਦੂਸ਼ਣ ਹੁਣ ਸਿਰਫ਼ ਸਾਡੀ ਲਾਪਰਵਾਹੀ ਦਾ ਨਤੀਜਾ ਨਹੀਂ ਰਿਹਾ, ਸਗੋਂ ਇਹ ਸਾਡੀ ਜੀਵਨ ਸ਼ੈਲੀ ਦਾ ਇੱਕ ਅਨਿੱਖੜਵਾਂ ਅਤੇ ਘਾਤਕ ਹਿੱਸਾ ਬਣ ਚੁੱਕਾ ਹੈ। ਦੁਖਾਂਤ ਇਹ ਹੈ ਕਿ ਚੰਦ ਮਿੰਟਾਂ ਦੀ ਸਹੂਲਤ ਲਈ ਵਰਤੀਆਂ ਇਹ ਚੀਜ਼ਾਂ ਵਰਤੋਂ ਤੋਂ ਬਾਅਦ ਹਜ਼ਾਰਾਂ ਸਾਲਾਂ ਲਈ ਧਰਤੀ ਉੱਤੇ ਗੰਦਗੀ ਦਾ ਅੰਬਾਰ ਲਗਾ ਦਿੰਦੀਆਂ ਹਨ। ਸ਼ਹਿਰਾਂ ਵਿੱਚ ਪੋਲੀਥੀਨ ਬੈਗਾਂ ਕਾਰਨ ਸੀਵਰੇਜ ਜਾਮ ਹੋਣ ਦੀ ਸਮੱਸਿਆ ਹੁਣ ਇੱਕ ਗੰਭੀਰ ਸੰਕਟ ਬਣ ਗਈ ਹੈ । ਆਮ ਤੌਰ 'ਤੇ ਇਹ ਮੰਨਿਆ ਜਾਂਦਾ ਹੈ ਕਿ ਪਲਾਸਟਿਕ ਰੀਸਾਈਕਲ ਹੋ ਜਾਵੇਗਾ, ਪਰ ਅਸਲੀਅਤ ਬਹੁਤ ਭਿਆਨਕ ਹੈ। ਦੁਨੀਆ ਦਾ ਲਗਭਗ 90 ਫੀਸਦੀ ਪਲਾਸਟਿਕ ਕਦੇ ਰੀਸਾਈਕਲ ਹੀ ਨਹੀਂ ਹੁੰਦਾ । ਕਈ ਕਿਸਮਾਂ ਦੇ ਪਲਾਸਟਿਕ ਅਜਿਹੇ ਹਨ, ਜਿਨ੍ਹਾਂ ਨੂੰ ਮੁੜ-ਵਰਤੋਂ ਯੋਗ ਬਣਾਉਣਾ ਤਕਨੀਕੀ ਤੌਰ 'ਤੇ ਅਸੰਭਵ ਹੈ, ਜਿਸ ਕਾਰਨ ਇਹ ਅਮਰ ਕੂੜਾ ਸਾਡੀ ਧਰਤੀ ਅਤੇ ਵਾਤਾਵਰਣ ਨੂੰ ਹੌਲੀ-ਹੌਲੀ ਨਿਗਲ ਰਿਹਾ ਹੈ।ਪਲਾਸਟਿਕ ਪ੍ਰਦੂਸ਼ਣ ਨੇ ਅੱਜ ਸ੍ਰਿਸ਼ਟੀ ਦੇ ਹਰ ਕੋਨੇ ਨੂੰ ਆਪਣੀ ਲਪੇਟ ਵਿੱਚ ਲੈ ਲਿਆ ਹੈ। ਸਮੁੰਦਰਾਂ ਵਿੱਚ ਪਲਾਸਟਿਕ ਦੇ ਵਿਸ਼ਾਲ ਗਾਰਬੇਜ ਪੈਚ (ਕੂੜੇ ਦੇ ਟਾਪੂ) ਬਣ ਚੁੱਕੇ ਹਨ ਅਤੇ ਅੰਦਾਜ਼ਾ ਹੈ ਕਿ 2040 ਤੱਕ ਇਹ ਪ੍ਰਦੂਸ਼ਣ ਮੌਜੂਦਾ ਪੱਧਰ ਤੋਂ ਦੁੱਗਣਾ ਹੋ ਜਾਵੇਗਾ। ਹਰ ਸਾਲ ਲਗਭਗ 23 ਤੋਂ 37 ਮਿਲੀਅਨ ਟਨ ਪਲਾਸਟਿਕ ਸਮੁੰਦਰਾਂ ਦੀ ਭੇਟ ਚੜ੍ਹੇਗਾ, ਜਿੱਥੇ ਬੇਜ਼ੁਬਾਨ ਸਮੁੰਦਰੀ ਜੀਵ ਇਸ ਨੂੰ ਭੋਜਨ ਸਮਝ ਕੇ ਨਿਗਲ ਲੈਂਦੇ ਹਨ। ਪਲਾਸਟਿਕ ਨਾਲ ਪੇਟ ਭਰ ਜਾਣ ਕਾਰਨ ਉਨ੍ਹਾਂ ਨੂੰ ਭੁੱਖ ਦਾ ਅਹਿਸਾਸ ਨਹੀਂ ਹੁੰਦਾ ਅਤੇ ਅੰਤ ਉਹ ਤੜਫ-ਤੜਫ ਕੇ ਮਰ ਜਾਂਦੇ ਹਨ । ਇਹ ਸੰਕਟ ਸਿਰਫ਼ ਪਾਣੀ ਤੱਕ ਸੀਮਤ ਨਹੀਂ, ਖੇਤਾਂ ਦੀ ਮਿੱਟੀ ਵਿੱਚ ਮਿਲੇ ਪਲਾਸਟਿਕ ਦੇ ਕਣ ਜ਼ਮੀਨ ਦੇ ਰੋਮਾਂ ਨੂੰ ਬੰਦ ਕਰ ਦਿੰਦੇ ਹਨ, ਜਿਸ ਨਾਲ ਹਵਾ ਦਾ ਸੰਚਾਰ ਰੁਕ ਜਾਂਦਾ ਹੈ ਅਤੇ ਧਰਤੀ ਹੇਠਲੇ ਪਾਣੀ ਦਾ ਰੀਚਾਰਜ ਹੋਣਾ ਅਸੰਭਵ ਹੋ ਜਾਂਦਾ ਹੈ।ਇਸ ਤੋਂ ਵੀ ਖ਼ਤਰਨਾਕ ਪਲਾਸਟਿਕ ਦਾ ਸਾਡੀ ਸਿਹਤ 'ਤੇ ਪੈ ਰਿਹਾ ਸਿੱਧਾ ਪ੍ਰਭਾਵ ਹੈ। ਜਦੋਂ ਪਲਾਸਟਿਕ ਨੂੰ ਸਾੜਿਆ ਜਾਂਦਾ ਹੈ, ਤਾਂ ਇਸ ਵਿੱਚੋਂ ਡਾਈਆਕਸਿਨ ਅਤੇ ਫਿਊਰਾਨ ਵਰਗੀਆਂ ਅਤਿ-ਜ਼ਹਿਰੀਲੀਆਂ ਗੈਸਾਂ ਨਿਕਲਦੀਆਂ ਹਨ, ਜੋ ਦਮਾ, ਚਮੜੀ ਦੇ ਰੋਗ ਅਤੇ ਫੇਫੜਿਆਂ ਦੇ ਕੈਂਸਰ ਦਾ ਮੁੱਖ ਕਾਰਨ ਬਣਦੀਆਂ ਹਨ । ਪਲਾਸਟਿਕ ਦੇ ਬਰਤਨਾਂ ਵਿੱਚ ਗਰਮ ਖਾਣਾ ਖਾਣ ਨਾਲ ਇਸ ਵਿੱਚ ਮੌਜੂਦ ਬੀ ਪੀ ਏ ਅਤੇ ਫੈਥਲੇਟ ਵਰਗੇ ਕੈਮੀਕਲ ਸਾਡੇ ਭੋਜਨ ਵਿੱਚ ਘੁਲ ਜਾਂਦੇ ਹਨ । ਇਹ ਕੈਮੀਕਲ ਸਾਡੇ ਸਰੀਰ ਵਿੱਚ ਐਂਡੋਕਰੀਨ ਵਿਘਨ ਪੈਦਾ ਕਰਦੇ ਹਨ, ਜੋ ਕੁਦਰਤੀ ਹਾਰਮੋਨਜ਼ ਦੇ ਸੰਤੁਲਨ ਨੂੰ ਵਿਗਾੜ ਕੇ ਛਾਤੀ, ਪ੍ਰੋਸਟੇਟ ਅਤੇ ਜਿਗਰ ਦੇ ਕੈਂਸਰ ਵਰਗੀਆਂ ਨਾਮੁਰਾਦ ਬਿਮਾਰੀਆਂ ਨੂੰ ਸੱਦਾ ਦਿੰਦੇ ਹਨ।

ਪਲਾਸਟਿਕ ਦਾ ਇਹ ਫੈਲਾਅ ਮਨੁੱਖਤਾ ਲਈ ਇੱਕ ਅਜਿਹੀ ਚੁਣੌਤੀ ਹੈ, ਜਿਸ ਦਾ ਹੱਲ ਜੇਕਰ ਅੱਜ ਨਾ ਲੱਭਿਆ ਗਿਆ, ਤਾਂ ਕੱਲ੍ਹ ਬਹੁਤ ਦੇਰ ਹੋ ਜਾਵੇਗੀ। ਸਭ ਤੋਂ ਭਿਆਨਕ ਸੱਚਾਈ ਇਹ ਹੈ ਕਿ ਪਲਾਸਟਿਕ ਹੁਣ ਸਿਰਫ਼ ਸਾਡੇ ਆਲੇ-ਦੁਆਲੇ ਨਹੀਂ, ਸਗੋਂ ਸਾਡੇ ਖ਼ੂਨ ਦੇ ਦੌਰੇ ਵਿੱਚ ਵੀ ਸ਼ਾਮਲ ਹੋ ਚੁੱਕਾ ਹੈ। ਇਹ 5 ਮਿਲੀਮੀਟਰ ਤੋਂ ਵੀ ਛੋਟੇ ਮਾਈਕ੍ਰੋਪਲਾਸਟਿਕ ਕਣ ਪੀਣ ਵਾਲੇ ਪਾਣੀ, ਸਮੁੰਦਰੀ ਨਮਕ, ਹਵਾ ਅਤੇ ਇੱਥੋਂ ਤੱਕ ਕਿ ਸਾਡੇ ਰੋਜ਼ਾਨਾ ਵਰਤੋਂ ਦੇ ਸ਼ਿੰਗਾਰ ਸਮਾਨ (ਲਿਪਸਟਿਕ, ਫੇਸ ਵਾਸ਼) ਰਾਹੀਂ ਸਾਡੇ ਸਰੀਰ ਵਿੱਚ ਦਾਖਲ ਹੋ ਰਹੇ ਹਨ । ਇਹ ਕਣ ਸਾਡੀਆਂ ਅੰਤੜੀਆਂ ਵਿੱਚ ਜਮ੍ਹਾਂ ਹੋ ਕੇ ਨਾ ਸਿਰਫ਼ ਪਾਚਨ ਸ਼ਕਤੀ ਨੂੰ ਕਮਜ਼ੋਰ ਕਰਦੇ ਹਨ, ਸਗੋਂ ਗੰਭੀਰ ਇਨਫੈਕਸ਼ਨ ਦਾ ਕਾਰਨ ਵੀ ਬਣਦੇ ਹਨ । ਇਸ ਤੋਂ ਵੀ ਵੱਧ ਖ਼ਤਰਨਾਕ ਪਲਾਸਟਿਕ ਵਿੱਚ ਮੌਜੂਦ ਬਿਸਫੇਨੋਲ-ਏ ਅਤੇ ਥੈਲੇਟਸ ਵਰਗੇ ਜ਼ਹਿਰੀਲੇ ਕੈਮੀਕਲ ਹਨ, ਜੋ ਸਾਡੇ ਹਾਰਮੋਨਲ ਸੰਤੁਲਨ ਨੂੰ ਬੁਰੀ ਤਰ੍ਹਾਂ ਵਿਗਾੜ ਦਿੰਦੇ ਹਨ । ਇਹ ਮਰਦਾਂ ਵਿੱਚ ਸ਼ੁਕਰਾਣੂਆਂ ਦੀ ਕਮੀ ਅਤੇ ਔਰਤਾਂ ਵਿੱਚ ਮਾਹਵਾਰੀ ਦੀ ਗੜਬੜੀ ਜਾਂ ਗਰਭ ਧਾਰਨ ਕਰਨ ਵਿੱਚ ਵੱਡੀਆਂ ਰੁਕਾਵਟਾਂ ਪੈਦਾ ਕਰ ਰਹੇ ਹਨ । ਸਭ ਤੋਂ ਦੁਖਦਾਈ ਪਹਿਲੂ ਇਹ ਹੈ ਕਿ ਗਰਭਵਤੀ ਔਰਤਾਂ ਰਾਹੀਂ ਇਹ ਮਾਈਕ੍ਰੋਪਲਾਸਟਿਕ 'ਪਲੈਸਟਾ' ਨੂੰ ਪਾਰ ਕਰਕੇ ਅਣਜੰਮੇ ਬੱਚੇ ਤੱਕ ਪਹੁੰਚ ਰਿਹਾ ਹੈ, ਜੋ ਆਉਣ ਵਾਲੀਆਂ ਨਸਲਾਂ ਦੀ ਸਿਹਤ 'ਤੇ ਸਵਾਲੀਆ ਚਿੰਨ੍ਹ ਲਗਾ ਰਿਹਾ ਹੈ । ਪਲਾਸਟਿਕ ਦੀ ਇਹ ਅਦਿੱਖ ਘੁਸਪੈਠ ਮਨੁੱਖੀ ਸਿਹਤ ਲਈ ਇੱਕ ਬਹੁਤ ਵੱਡਾ ਮੈਡੀਕਲ ਐਮਰਜੈਂਸੀ ਵਰਗਾ ਸੰਕਟ ਹੈ।ਪਲਾਸਟਿਕ ਪ੍ਰਦੂਸ਼ਣ ਦੀ ਭਿਆਨਕਤਾ ਨੂੰ ਦੇਖਦੇ ਹੋਏ ਸਿਰਫ਼ ਸਰਕਾਰ ਨੂੰ ਕੋਸਣ ਨਾਲ ਸੁਧਾਰ ਨਹੀਂ ਹੋਵੇਗਾ, ਸਾਨੂੰ ਖ਼ੁਦ ਨੂੰ ਇਸ ਬਦਲਾਅ ਦਾ ਹਿੱਸਾ ਬਣਾਉਣਾ ਪਵੇਗਾ । ਅੱਜ ਸਮਾਂ ਹੈ ਕਿ ਅਸੀਂ ਰਵਾਇਤੀ ਪਲਾਸਟਿਕ ਦੀ ਥਾਂ ਮੱਕੀ ਦੇ ਸਟਾਰਚ ਜਾਂ ਗੰਨੇ ਦੀ ਰਹਿੰਦ-ਖੂੰਹਦ ਤੋਂ ਬਣੇ ਬਾਇਓਡੀਗ੍ਰੇਡੇਬਲ (ਕੁਦਰਤੀ ਤੌਰ 'ਤੇ ਗਲਣਯੋਗ) ਪਲਾਸਟਿਕ ਦੀ ਵਰਤੋਂ ਨੂੰ ਉਤਸ਼ਾਹਤ ਕਰੀਏ। ਨਵੀਨਤਮ ਤਕਨੀਕਾਂ ਰਾਹੀਂ ਰੀਸਾਈਕਲ ਕੀਤੇ ਪਲਾਸਟਿਕ ਨੂੰ ਲੁੱਕ ਵਿੱਚ ਮਿਲਾ ਕੇ ਬਣਾਈਆਂ ਜਾ ਰਹੀਆਂ ਸੜਕਾਂ ਇੱਕ ਸ਼ਾਨਦਾਰ ਮਿਸਾਲ ਹਨ, ਜੋ ਨਾ ਸਿਰਫ਼ ਜ਼ਿਆਦਾ ਟਿਕਾਊ ਹਨ, ਸਗੋਂ ਕੂੜੇ ਦੇ ਨਿਪਟਾਰੇ ਦਾ ਇੱਕ ਵਧੀਆ ਹੱਲ ਵੀ ਪੇਸ਼ ਕਰਦੀਆਂ ਹਨ। ਸਾਡੇ ਰੋਜ਼ਾਨਾ ਦੇ ਛੋਟੇ ਕਦਮ ਵੱਡੀ ਤਬਦੀਲੀ ਲਿਆ ਸਕਦੇ ਹਨ। ਜਦੋਂ ਵੀ ਘਰੋਂ ਬਾਹਰ ਨਿਕਲੋ, ਆਪਣਾ ਕੱਪੜੇ ਦਾ ਥੈਲਾ ਅਤੇ ਸਟੀਲ ਦੀ ਬੋਤਲ ਨਾਲ ਰੱਖਣ ਦੀ ਆਦਤ ਪਾਓ।ਵਿਆਹ-ਸ਼ਾਦੀਆਂ ਜਾਂ ਹੋਰ ਸਮਾਜਿਕ ਸਮਾਗਮਾਂ ਵਿੱਚ ਪਲਾਸਟਿਕ ਦੇ ਡਿਸਪੋਜ਼ੇਬਲ ਭਾਂਡਿਆਂ ਦੀ ਥਾਂ ਰਵਾਇਤੀ ਪੱਤਲਾਂ ਜਾਂ ਸਟੀਲ ਦੇ ਬਰਤਨਾਂ ਨੂੰ ਤਰਜੀਹ ਦੇਣੀ ਚਾਹੀਦੀ ਹੈ। ਜੇਕਰ ਅਸੀਂ ਅੱਜ ਆਪਣੀ ਜੀਵਨ ਸ਼ੈਲੀ ਵਿੱਚ ਇਹ ਸਾਰਥਕ ਤਬਦੀਲੀਆਂ ਕਰਾਂਗੇ, ਤਾਂ ਹੀ ਅਸੀਂ ਆਪਣੀ ਆਉਣ ਵਾਲੀ ਪੀੜ੍ਹੀ ਨੂੰ ਇੱਕ ਸਾਫ਼-ਸੁਥਰੀ ਅਤੇ ਸੁਰੱਖਿਅਤ ਧਰਤੀ ਸੌਂਪ ਸਕਾਂਗੇ।



ਵਿਗਿਆਨਕ ਜਗਤ ਵਿੱਚ ਹਾਲ ਹੀ ਵਿੱਚ ਹੋਈ ਇੱਕ ਖੋਜ ਨੇ ਪੂਰੀ ਦੁਨੀਆ ਨੂੰ ਹਿਲਾ ਕੇ ਰੱਖ ਦਿੱਤਾ ਹੈ।ਯੂਨੀਵਰਸਿਟੀ ਆਫ ਨਿਊ ਮੈਕਸੀਕੋ ਦੇ ਵਿਗਿਆਨੀ ਮੈਥਿਊ ਕੈਂਪੇਨ ਦੀ ਅਗਵਾਈ ਵਿੱਚ ਹੋਏ ਅਧਿਐਨ ਅਨੁਸਾਰ ਮਨੁੱਖੀ ਦਿਮਾਗ ਵਿੱਚ ਪਲਾਸਟਿਕ ਦੀ ਮਾਤਰਾ ਬਾਕੀ ਸਰੀਰਕ ਅੰਗਾਂ (ਮਿਹਦਾ, ਫੇਫੜੇ ਅਤੇ ਕਿਡਨੀ) ਨਾਲੋਂ 10 ਤੋਂ 20 ਗੁਣਾ ਵੱਧ ਪਾਈ ਗਈ ਹੈ। 91 ਲਾਸ਼ਾਂ 'ਤੇ ਕੀਤੇ ਗਏ ਇਸ ਅਧਿਐਨ ਨੇ ਦਿਖਾਇਆ ਹੈ ਕਿ ਸਮੇਂ ਦੇ ਨਾਲ ਇਹ ਸਥਿਤੀ ਹੋਰ ਭਿਆਨਕ ਹੁੰਦੀ ਜਾ ਰਹੀ ਹੈ। ਸਾਲ 2016 ਦੇ ਮੁਕਾਬਲੇ 2024 ਵਿੱਚ ਮਰੇ ਵਿਅਕਤੀਆਂ ਦੇ ਦਿਮਾਗ ਵਿੱਚ ਪਲਾਸਟਿਕ ਦੀ ਮਾਤਰਾ 50 ਫ਼ੀਸਦੀ ਤੋਂ ਵੱਧ ਸੀ। ਸਭ ਤੋਂ ਚਿੰਤਾਜਨਕ ਪਹਿਲੂ ਇਹ ਹੈ ਕਿ ਮਾਨਸਿਕ ਰੋਗਾਂ ਜਾਂ ਪਾਗਲਪਨ ਦਾ ਸ਼ਿਕਾਰ ਵਿਅਕਤੀਆਂ ਦੇ ਦਿਮਾਗ ਵਿੱਚ ਪਲਾਸਟਿਕ ਦੀ ਮਾਤਰਾ ਆਮ ਲੋਕਾਂ ਨਾਲੋਂ 10 ਗੁਣਾ ਜ਼ਿਆਦਾ ਮਿਲੀ। ਇਹ ਅਧਿਐਨ ਸਪੱਸ਼ਟ ਸੰਕੇਤ ਦਿੰਦਾ ਹੈ ਕਿ ਦਿਮਾਗ ਵਿੱਚ ਜਮ੍ਹਾਂ ਹੋ ਰਿਹਾ ਪਲਾਸਟਿਕ ਸਾਡੇ ਤੰਤੂ-ਤੰਤਰ ਨੂੰ ਨਸ਼ਟ ਕਰ ਰਿਹਾ ਹੈ ਅਤੇ ਭਵਿੱਖ ਵਿੱਚ ਅਲਜ਼ਾਈਮਰ ਅਤੇ ਡਿਮੈਂਸ਼ੀਆ ਵਰਗੀਆਂ ਗੰਭੀਰ ਮਾਨਸਿਕ ਬਿਮਾਰੀਆਂ ਦਾ ਵੱਡਾ ਕਾਰਨ ਬਣ ਸਕਦਾ ਹੈ। ਪਲਾਸਟਿਕ ਦੀ ਇਹ ਅਦਿੱਖ ਘੁਸਪੈਠ ਮਨੁੱਖੀ ਹੋਂਦ ਲਈ ਇੱਕ ਵੱਡੀ ਚੁਣੌਤੀ ਹੈ।ਪਲਾਸਟਿਕ ਨੂੰ ਅਕਸਰ ਸਿਰਫ਼ ਜ਼ਮੀਨੀ ਜਾਂ ਸਮੁੰਦਰੀ ਕੂੜੇ ਵਜੋਂ ਦੇਖਿਆ ਜਾਂਦਾ ਹੈ, ਪਰ ਅਸਲ ਵਿੱਚ ਇਹ ਗਲੋਬਲ ਵਾਰਮਿੰਗ ਦਾ ਇੱਕ ਵੱਡਾ ਕਾਰਨ ਹੈ। ਇਸ ਦਾ ਸਫ਼ਰ ਕੱਚੇ ਤੇਲ ਅਤੇ ਕੋਲੇ ਦੀ ਵਰਤੋਂ ਨਾਲ ਸ਼ੁਰੂ ਹੁੰਦਾ ਹੈ, ਜਿਸ ਦੀ ਨਿਰਮਾਣ ਪ੍ਰਕਿਰਿਆ ਦੌਰਾਨ ਭਾਰੀ ਮਾਤਰਾ ਵਿੱਚ ਕਾਰਬਨ ਡਾਈਆਕਸਾਈਡ ਵਰਗੀਆਂ ਗ੍ਰੀਨ ਹਾਊਸ ਗੈਸਾਂ ਪੈਦਾ ਨੂੰ ਮੁੜ ਹੁਲਾਰਾ ਮਿਲੇਗਾ, ਜਿਸ ਨਾਲ ਹਜ਼ਾਰਾਂ ਲੋਕਾਂ ਨੂੰ ਰੁਜ਼ਗਾਰ ਮਿਲੇਗਾ। ਜੇਕਰ ਅਸੀਂ ਅੱਜ ਆਪਣੀਆਂ ਆਦਤਾਂ ਨਹੀਂ ਬਦਲਦੇ, ਤਾਂ ਸਾਲ 2050 ਤੱਕ ਸਮੁੰਦਰਾਂ ਵਿੱਚ ਮੱਛੀਆਂ ਨਾਲੋਂ ਵੱਧ ਪਲਾਸਟਿਕ ਹੋਵੇਗਾ। ਇਹ ਮਾਈਕ੍ਰੋਪਲਾਸਟਿਕ ਸਾਡੇ ਖਾਣੇ, ਪਾਣੀ ਅਤੇ ਹਵਾ ਰਾਹੀਂ ਸਰੀਰ ਵਿੱਚ ਦਾਖਲ ਹੋ ਕੇ ਕੈਂਸਰ ਵਰਗੀਆਂ ਜਾਨਲੇਵਾ ਬਿਮਾਰੀਆਂ ਦਾ ਕਾਰਨ ਬਣ ਰਿਹਾ ਹੈ। ਸਾਨੂੰ ਇਹ ਸਮਝਣਾ ਪਵੇਗਾ ਕਿ ਪਲਾਸਟਿਕ ਵਿਰੁੱਧ ਲੜਾਈ ਨੂੰ ਇੱਕ 'ਜਨ ਅੰਦੋਲਨ' ਬਣਾਉਣ ਦੀ ਲੋੜ ਹੈ। ਆਪਣੇ ਘਰ ਨੂੰ 'ਪਲਾਸਟਿਕ ਮੁਕਤ' ਬਣਾਉਣ ਦੀ ਸ਼ੁਰੂਆਤ ਅੱਜ ਹੀ ਕਰੋ ।

*# ਸੰਪਰਕ : 62831-16797*

# ਨਰੇਗਾ ਕਾਮਿਆਂ ਨੂੰ ਕੰਮ ਨਾ ਮਿਲਣ ਕਾਰਨ ਕਰਜ਼ੇ ਲੈਣ ਲਈ ਮਜਬੂਰ ਹੋਣਾ ਪੈ ਰਿਹਾ : ਗਦਾਈਆ



**ਨਾਭਾ (ਵਰਿੰਦਰ ਵਰਮਾ)**
ਪੰਜਾਬ ਵਿੱਚ ਨਰੇਗਾ ਦੌਰਾਨ ਹੋਈਆਂ ਮੋਟੀਆਂ ਘਪਲੇਬਾਜ਼ੀਆਂ ਦੀ ਸਜ਼ਾ ਪਿੰਡਾਂ ਵਿਚਲੇ ਨਰੇਗਾ ਕਾਮਿਆਂ ਨੂੰ ਭੁਗਤਣੀ ਪੈ ਰਹੀ ਹੈ। ਕੇਂਦਰ ਸਰਕਾਰ ਨੇ 8 ਮਹੀਨਿਆਂ ਤੋਂ ਕੰਮ 'ਤੇ ਪਾਬੰਦੀਆਂ ਲਾ ਕੇ ਪੰਜਾਬ ਚ ਕੰਮ ਰੋਕਿਆਂ ਹੋਇਆ ਹੈ ਤੇ ਕਿਹਾ ਜਾ ਰਿਹਾ ਹੈ ਕਿ ਪੰਜਾਬ ਵਿੱਚ ਬਹੁਤ ਘਪਲੇਬਾਜ਼ੀ ਹੋਈ ਹੈ। ਇਸ ਵਿੱਚ ਕੋਈ ਸ਼ੱਕ ਨਹੀਂ ਕਿ ਘਪਲੇਬਾਜ਼ੀ ਹੋਈ ਹੈ, ਨਰੇਗਾ ਵਿੱਚ ਬਹੁਤ ਸਾਰੀਆਂ ਘਪਲੇਬਾਜ਼ੀਆ ਹੋਈਆਂ ਹਨ, ਜਿਸ ਨੂੰ ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਰਜਿ: ਨੇ ਨੰਗਿਆਂ ਕਰਨ ਦੀਆਂ ਕੋਸ਼ਿਸ਼ਾਂ ਕੀਤੀਆਂ ਹਨ, ਪਰ ਭ੍ਰਿਸ਼ਟ ਅਫ਼ਸਰਸ਼ਾਹੀ 'ਤੇ ਬਹੁਤ ਘੱਟ ਕਾਰਵਾਈਆਂ ਹੋਈਆਂ, ਜਿਸ ਕਰਕੇ ਪੰਜਾਬ ਵਿੱਚੋਂ 8 ਮਹੀਨਿਆਂ ਤੋਂ ਨਰੇਗਾ ਕੰਮ ਬੰਦ ਹੋਣ ਕਾਰਨ ਪੇਂਡੂ ਕਿਰਤੀਆਂ ਨੂੰ ਮਾਈਕ੍ਰੋ ਫਾਈਨਾਂਸ ਕੰਪਨੀਆਂ ਤੋਂ ਕਰਜ਼ੇ ਲੈ ਕੇ ਜ਼ਿੰਦਗੀ ਬਸਰ ਕਰਨੀ ਪੈ ਰਹੀ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਰਜਿ: ਏਟਕ ਦੇ ਸੂਬਾ ਪ੍ਰਧਾਨ ਕਾਮਰੇਡ ਕਸ਼ਮੀਰ ਸਿੰਘ ਗਦਾਈਆ ਨੇ ਨਾਭਾ ਦੀ ਸਬ ਡਵੀਜ਼ਨ ਭਾਦਸੋਂ ਦੇ ਨੇੜਲੇ ਪਿੰਡ ਸੁੱਧੇਵਾਲ ਵਿਖੇ ਨਰੇਗਾ ਕਾਮਿਆਂ ਦੀ ਪ੍ਰਭਾਵਸ਼ਾਲੀ ਮੀਟਿੰਗ ਨੂੰ ਸੰਬੋਧਨ ਕਰਦਿਆ ਕੀਤਾ।

ਉਨ੍ਹਾਂ ਕਿਹਾ ਕਿ ਪੇਂਡੂ ਕਿਰਤੀਆਂ ਲਈ 100 ਦਿਨ ਕੰਮ ਦੀ ਗਾਰੰਟੀ ਦਾ ਕਾਨੂੰਨ 21 ਸਾਲਾਂ ਦੌਰਾਨ ਪੰਜਾਬ ਦੇ ਸਾਰੇ ਪਿੰਡਾਂ ਵਿੱਚ ਇਨ੍ਹਾਂ ਕਿਰਤੀ ਵਿਰੋਧੀ ਸਰਕਾਰਾਂ ਲਾਗੂ ਨਹੀਂ ਹੋਣ ਦਿੱਤਾ, ਨਰੇਗਾ 2005 ਵਿੱਚ ਕੰਮ ਨਾ ਮਿਲਣ ਦੀ ਸੂਰਤ ਬੇਰੁਜ਼ਗਾਰੀ ਭੱਤੇ ਦੀ ਵੀ ਗਾਰੰਟੀ ਨੂੰ ਲਾਗੂ ਨਹੀਂ ਹੋਣ ਦਿੱਤਾ, ਜਦੋਂ ਕਿ ਨਰੇਗਾ 2005 ਪਿੰਡਾਂ ਦੀ ਹਾਸ਼ੀਏ 'ਤੇ ਧੱਕ ਦਿੱਤੀ ਵੱਡੀ ਆਬਾਦੀ ਲਈ ਜਿਉਂਦੇ ਰਹਿਣ ਦਾ ਇੱਕ ਵਧੀਆ ਕਾਨੂੰਨ ਸੀ, ਪਰ ਕੇਂਦਰ ਦੀ ਬੀਜੇਪੀ ਸਰਕਾਰ ਨਰੇਗਾ 2005 ਤੋਂ ਬਹੁਤ ਸਮੇਂ ਤੋਂ ਔਖੀ ਸੀ, ਇਸ ਲਈ ਹੁਣ ਬੀ ਜੇ ਪੀ ਹਕੂਮਤ ਨੇ ਇਸ ਨੂੰ ਰੱਦ ਕਰਦਿਆਂ ਵੀ ਬੀ ਜੀ ਰਾਮ ਜੀ ਬਣਾਇਆ ਹੈ, ਜਿਸ ਵਿੱਚ ਪਹਿਲਾਂ ਕੇਂਦਰ 90% ਪੈਸਾ ਦਿੰਦਾ ਸੀ ਤੇ ਸੂਬਾ 10% ਪਾਉਂਦਾ ਸੀ ਤੇ ਕਾਮਿਆਂ ਨੂੰ ਕੰਮ ਮਿਲ ਜਾਂਦਾ ਸੀ ਹੁਣ ਕੇਂਦਰ 60% ਪਾਵੇਗਾ ਤੇ ਸੂਬਿਆਂ ਨੂੰ 40% ਪਾਉਣਾ ਪਵੇਗਾ। ਨਰੇਗਾ 2005 ਵਿੱਚ ਪਿੰਡਾਂ ਦੀਆਂ ਗ੍ਰਾਮ ਸਭਾਵਾਂ ਹੋਣ ਵਾਲੇ ਕੰਮਾਂ ਦੀ ਨਿਸ਼ਾਨਦੇਹੀ ਕਰ ਲੈਂਦੀਆਂ ਸੀ, ਪਰ ਹੁਣ ਕੇਂਦਰ ਸਰਕਾਰ ਨੇ ਤਹਿ ਕਰਨਾ ਹੈ ਕਿ ਕੰਮ ਕਿੱਥੇ ਦੇਣਾ ਹੈ ਤੇ ਕਿੰਨਾ ਦੇਣਾ ਹੈ। ਖੇਤੀਬਾੜੀ ਦੇ ਸੀਜ਼ਨ ਦੌਰਾਨ ਬਿਲਕੁਲ ਕੰਮ ਨਾ ਦੇਣਾ ਤਹਿ ਕਰ ਦਿੱਤਾ ਹੈ, ਜਦੋਂ ਕਿ ਖੇਤੀਬਾੜੀ ਵਿੱਚ ਉੱਨਤ ਮਸ਼ੀਨ ਦੇ ਆ ਜਾਣ ਨਾਲ਼ ਹੱਥੀਂ ਕੰਮ ਬਹੁਤ ਘੱਟ ਹੈ। ਉਨ੍ਹਾਂ ਕਿਹਾ ਕਿ ਜਿਸ ਦੇ ਚੱਲਦਿਆਂ ਪੇਂਡੂ ਕਿਰਤੀਆਂ ਨੂੰ ਕੰਮ ਪ੍ਰਾਪਤੀ ਦੀਆਂ ਬਹੁਤ ਘੱਟ ਸੰਭਾਵਣਾ ਹਨ, ਇਸ ਲਈ ਪੇਂਡੂ ਕਿਰਤੀਆਂ ਨੂੰ ਹੋਰ ਭਿਆਨਕ ਦੁਸ਼ਵਾਰੀਆਂ ਨਾਲ਼ ਮੱਥਾ ਲਾਉਣਾ ਪਵੇਗਾ। ਇਨ੍ਹਾਂ ਕਿਰਤੀਆਂ ਲਈ ਰੁਜ਼ਗਾਰ ਘੱਟ ਜਾਣ ਨਾਲ਼ ਇਨ੍ਹਾਂ ਨੂੰ ਮਜਬੂਰਨ ਕਰਜ਼ਿਆਂ ਵੱਲ ਜਾਣਾ ਪਵੇਗਾ, ਜੋ ਇਨ੍ਹਾਂ ਦੀ ਤਰਸਯੋਗ ਹਾਲਤ ਬਣਾਏਗਾ।

# ਡੀ ਸੀ ਦਫ਼ਤਰ ਦੇ ਕਰਮਚਾਰੀਆਂ ਵੱਲੋਂ ਸੂਬੇ ਭਰ 'ਚ ਕੰਮ ਠੱਪ



**ਸ੍ਰੀ ਮੁਕਤਸਰ ਸਾਹਿਬ, (ਸ਼ਮਿੰਦਰਪਾਲ, ਪੂਜਾ)**-ਪੰਜਾਬ ਰਾਜ ਜ਼ਿਲ੍ਹਾ ਡੀ.ਸੀ. ਦਫ਼ਤਰ ਕ੍ਰਮਚਾਰੀ ਯੂਨੀਅਨ ਦੇ ਸੂਬਾ ਪ੍ਰਧਾਨ ਨੂੰ ਗੈਰ ਮਨੁੱਖੀ ਢੰਗ ਨਾਲ ਗ੍ਰਿਫ਼ਤਾਰ ਕਰਨ ਦੇ ਵਿਰੋਧ 'ਚ ਪੰਜਾਬ ਦੇ ਸਮੂਹ ਜ਼ਿਲ੍ਹਿਆਂ ਦੇ ਡਿਪਟੀ ਕਮਿਸ਼ਨਰ ਦਫ਼ਤਰਾਂ, ਉਪ ਮੰਡਲ, ਤਹਿਸੀਲ ਤੇ ਸਬ ਤਹਿਸੀਲ ਦਫ਼ਤਰਾਂ ਦੇ ਕ੍ਰਮਚਾਰੀਆਂ ਵੱਲੋਂ ਦਿਨ ਭਰ ਕਲਮਛੋੜ ਹੜਤਾਲ ਕਰਕੇ ਕੰਮ ਠੱਪ ਰੱਖਿਆ ਗਿਆ ਤੇ ਇਕੱਠੇ ਹੋ ਕੇ ਸਰਕਾਰ ਦੇ ਵਿਰੁੱਧ ਜੰਮ ਦੇ ਨਾਅਰੇਬਾਜ਼ੀ ਕੀਤੀ।ਕ੍ਰਮਚਾਰੀਆਂ ਦੇ ਇਕੱਠ ਨੂੰ ਸੰਬੋਧਨ ਕਰਦੇ ਹੋਏ ਡੀ.ਸੀ. ਦਫ਼ਤਰ ਕ੍ਰਮਚਾਰੀ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਹਰਜਿੰਦਰ ਸਿੰਘ ਸਿੱਧੂ ਨੇ ਕਿਹਾ ਕਿ ਬੀਤੀ 8 ਮਾਰਚ ਨੂੰ ਸੂਬਾ ਬਾਡੀ ਵੱਲੋਂ ਸਮੂਹ ਭਰਾਤਰੀ ਜਥੇਬੰਦੀਆਂ ਦੇ ਸੱਦੇ 'ਤੇ ਮੋਹਾਲੀ ਦੇ ਵਾਈ.ਪੀ.ਐਸ. ਚੌਕ 'ਚ ਭਰਵੀਂ ਰੈਲੀ ਕਰਨ ਉਪਰੰਤ ਵਿਧਾਨ ਸਭਾ ਵੱਲ ਕੂਚ ਕੀਤੀ ਗਈ ਸੀ, ਜਿਸ ਦੌਰਾਨ ਪੁਲਸ ਪ੍ਰਸ਼ਾਸਨ ਵੱਲੋਂ ਹੱਕ ਮੰਗਦੇ ਕ੍ਰਮਚਾਰੀਆਂ ਨੂੰ ਜਲ ਤੋਪਾਂ ਤੇ ਹੰਝੂ ਗੈਸਾਂ ਨਾਲ ਝੰਬਿਆ ਗਿਆ।

ਉਨ੍ਹਾਂ ਕਿਹਾ ਕਿ ਸੂਬੇ ਦੇ ਸਮੂਹ ਕ੍ਰਮਚਾਰੀ ਪਿਛਲੇ ਲੰਮੇ ਸਮੇਂ ਤੋਂ ਪੁਰਾਣੀ ਪੈਨਸ਼ਨ ਸਕੀਮ ਦੀ ਬਹਾਲੀ, ਤਨਖਾਹ ਕਮਿਸ਼ਨ ਦੀਆਂ ਤਰੁੱਟੀਆਂ ਦੂਰ ਕਰਨ, ਮਹਿੰਗਾਈ ਭੱਤੇ ਦੀਆਂ ਬਕਾਇਆ ਕਿਸ਼ਤਾਂ ਜਾਰੀ ਕਰਨ ਤੇ ਹੋਰ ਜਮਹੂਰੀ ਮੰਗਾਂ ਨੂੰ ਲੈ ਕੇ ਸੰਘਰਸ਼ ਕਰਦੇ ਆ ਰਹੇ ਹਨ, ਪ੍ਰੰਤੂ ਸਰਕਾਰ ਦਾ ਰਵੱਈਆ ਬਿਲਕੁਲ ਹੀ ਮੁਲਾਜ਼ਮ ਪੱਖੀ ਨਹੀਂ ਹੈ, ਜਿਸਦੇ ਰੋਸ ਵਜੋਂ ਹੀ 8 ਮਾਰਚ ਨੂੰ ਮੁਹਾਲੀ ਵਿਖੇ ਇਹ ਰੈਲੀ ਕੀਤੀ ਗਈ ਸੀ, ਜਿਸ ਤੋਂ ਬੁਖਲਾਈ ਸਰਕਾਰ ਵੱਲੋਂ ਡੀ.ਸੀ. ਦਫ਼ਤਰ ਕ੍ਰਮਚਾਰੀ ਯੂਨੀਅਨ ਦੇ ਸੂਬਾ ਪ੍ਰਧਾਨ ਨੂੰ ਰਾਤ 12 ਵਜੇ ਗੈਰ ਮਨੁੱਖੀ ਢੰਗ ਨਾਲ ਬਿਨਾਂ ਕਿਸੇ ਵਜ੍ਹਾ ਗ੍ਰਿਫ਼ਤਾਰ ਕੀਤਾ ਤੇ ਸੂਬਾ ਪ੍ਰਧਾਨ ਦੇ ਪਰਿਵਾਰ ਨਾਲ ਵੀ ਬਦਸਲੂਕੀ ਕੀਤੀ।ਪੀ.ਐਸ.ਐਮ.ਐਸ.ਯੂ. ਦੇ ਜ਼ਿਲ੍ਹਾ ਪ੍ਰਧਾਨ ਖੁਸ਼ਕਰਨ ਸਿੰਘ ਨੇ ਆਪਣੇ ਸੰਬੋਧਨ ਦੌਰਾਨ ਸੂਬਾ ਸਰਕਾਰ ਦੀਆਂ ਮੁਲਾਜ਼ਮ ਵਿਰੋਧੀ ਨੀਤੀਆਂ ਦੀ ਅਲੋਚਨਾ ਕੀਤੀ।ਆਗੂਆਂ ਨੇ ਮੰਗ ਕੀਤੀ ਕਿ ਡੀ.ਸੀ. ਦਫ਼ਤਰ ਕਰਮਚਾਰੀ ਯੂਨੀਅਨ ਦੇ ਸੂਬਾ ਪ੍ਰਧਾਨ ਨੂੰ ਗੈਰ ਮਨੁੱਖੀ ਢੰਗ ਨਾਲ ਗ੍ਰਿਫ਼ਤਾਰ ਕਰਨ ਵਾਲੇ ਪੁਲਸ ਮੁਲਾਜ਼ਮਾਂ ਖਿਲਾਫ਼ ਕਾਰਵਾਈ ਕੀਤੀ ਜਾਵੇ।

## ਵਿਧਾਨ ਸਭਾ ਚੋਣਾਂ ਲਈ ਕਾਂਗਰਸ ਵਰਕਰ ਤਿਆਰ ਰਹਿਣ : ਲਖਵੀਰ ਸਿੰਘ ਲੱਖਾ

**ਦੋਰਾਹਾ (ਹਰਮਿੰਦਰ ਸੇਠ)**-ਬਲਾਕ ਕਾਂਗਰਸ ਕਮੇਟੀ ਦੋਰਾਹਾ ਦੀ ਮੀਟਿੰਗ ਕਾਂਗਰਸ ਦਫ਼ਤਰ ਪਾਇਲ ਵਿਖੇ ਜ਼ਿਲ੍ਹਾ ਕਾਂਗਰਸ ਕਮੇਟੀ ਖੰਨਾ ਦੇ ਪ੍ਰਧਾਨ ਲਖਵੀਰ ਸਿੰਘ ਲੱਖਾ ਦੀ ਅਗਵਾਈ ਹੇਠ ਹੋਈ।ਇਸ ਮੌਕੇ ਬਲਾਕ ਪ੍ਰਧਾਨ ਦੋਰਾਹਾ ਗੁਰਵਿੰਦਰ ਸਿੰਘ ਗਿੱਲ ਵੀ ਵਿਸ਼ੇਸ਼ ਤੌਰ 'ਤੇ ਮੌਜੂਦ ਰਹੇ।ਮੀਟਿੰਗ ਦੌਰਾਨ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਸਬੰਧੀ ਚਰਚਾ ਕੀਤੀ ਗਈ ਤੇ ਵਰਕਰਾਂ ਨੂੰ ਹੁਣ ਤੋਂ ਹੀ ਤਿਆਰ ਬਰ



ਤਿਆਰ ਰਹਿਣ ਲਈ ਕਿਹਾ ਗਿਆ। ਆਗੂਆਂ ਨੇ ਕਿਹਾ ਕਿ ਮੌਜੂਦਾ ਸਰਕਾਰ ਝੂਠੇ ਵਾਅਦਿਆਂ ਤੇ ਲਾਰਿਆਂ ਦੇ ਸਹਾਰੇ ਸੱਤਾ ਵਿੱਚ ਆਈ ਸੀ, ਪਰ ਅੱਜ ਤੱਕ ਆਪਣੇ ਕੀਤੇ ਵਾਅਦੇ ਪੂਰੇ ਕਰਨ ਵਿੱਚ ਨਾਕਾਮ ਰਹੀ ਹੈ।ਉਨ੍ਹਾਂ ਦੋਸ਼ ਲਗਾਇਆ ਕਿ ਸਰਕਾਰ ਮੁਲਾਜ਼ਮਾਂ ਦੀਆਂ ਜਾਇਜ਼ ਮੰਗਾਂ ਮੰਨਣ ਦੀ ਬਜਾਏ ਉਨ੍ਹਾਂ ਨਾਲ ਤਾਨਾਸ਼ਾਹੀ ਰਵੱਈਆ ਅਪਣਾ ਰਹੀ ਹੈ ਅਤੇ ਧਰਨਿਆਂ 'ਤੇ ਬੈਠੇ ਮੁਲਾਜ਼ਮਾਂ 'ਤੇ ਲਾਠੀਚਾਰਜ ਕੀਤਾ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਸੂਬੇ ਵਿੱਚ ਦਿਨੋ ਦਿਨ ਕਾਨੂੰਨ-ਵਿਵਸਥਾ ਦੀ ਸਥਿਤੀ ਵੀ ਖਰਾਬ ਹੁੰਦੀ ਜਾ ਰਹੀ ਹੈ।ਹਰ ਰੋਜ਼ ਹੋ ਰਹੇ ਕਤਲ ਅਤੇ ਦਿਨ ਦਿਹਾੜੇ ਲੁੱਟ-ਖਸੁੱਟ ਦੀਆਂ ਘਟਨਾਵਾਂ ਕਾਰਨ ਲੋਕਾਂ ਵਿੱਚ ਡਰ ਅਤੇ ਅਸੁਰੱਖਿਆ ਦਾ ਮਾਹੌਲ ਬਣਿਆ ਹੋਇਆ ਹੈ।

## ਸੰਸਦ ਮੈਂਬਰ ਵੱਲੋਂ ਰਾਮ ਬਾਗ ਲਈ 11 ਲੱਖ ਦਾ ਐਲਾਨ



**ਜੈਤੋ (ਸਤੀਸ਼ ਕੁਮਾਰ ਭੀਰੀ)**-ਸ੍ਰੀ ਰਾਮ ਬਾਗ਼ ਜੈਤੋ ਵਿਖੇ ਮੈਂਬਰ ਪਾਰਲੀਮੈਂਟ ਸਰਬਜੀਤ ਸਿੰਘ ਖਾਲਸਾ ਤੇ ਉਨ੍ਹਾਂ ਨਾਲ ਉਹਨਾ ਦੀ ਧਰਮ ਪਤਨੀ ਬੀਬੀ ਸੰਦੀਪ ਕੌਰ ਤੇ ਦਲੇਰ ਸਿੰਘ ਡੋਡ ਜ਼ਿਲ੍ਹਾ ਪ੍ਰਧਾਨ ਅਤੇ ਰਾਜੀਵ ਗੋਇਲ (ਬਿੱਟੂ ਬਾਦਲ) ਨਾਲ ਪਹੁੰਚਣ 'ਤੇ ਪ੍ਰਧਾਨ ਕਮਲ ਕਿਸ਼ੋਰ ਗੁਪਤਾ ਅਤੇ ਮੈਂਬਰਾਂ ਵੱਲੋ ਉਨ੍ਹਾਂ ਦਾ ਸਵਾਗਤ ਕਰਦੇ ਹੋਏ ਸ੍ਰੀ ਰਾਮ ਬਾਗ ਵਿਖੇ ਕਮਿਊਨਿਟੀ ਹਾਲ ਉਸਾਰਣ ਦੀ ਤਜਵੀਜ਼ ਪੇਸ਼ ਕੀਤੀ, ਜਿਸ 'ਤੇ ਗੌਰ ਕਰਦਿਆਂ ਮੈਂਬਰ ਪਾਰਲੀਮੈਂਟ ਸਰਬਜੀਤ ਸਿੰਘ ਖਾਲਸਾ ਨੇ ਸ੍ਰੀਰਾਮ ਬਾਗ ਵਿੱਚ ਕਮਿਊਨਿਟੀ ਹਾਲ ਦੀ ਉਸਾਰੀ ਸ਼ੁਰੂ ਕਰਾਉਣ ਲਈ ਆਪਣੇ ਫੰਡਾਂ ਵਿੱਚੋ 11 ਲੱਖ ਰੁਪਏ ਦੇਣ ਦਾ ਐਲਾਨ ਕਰਦੇ ਹੋਏ ਕਿਹਾ ਕਿ ਉਨ੍ਹਾਂ ਦੀ ਸ਼ਾਨਦਾਰ ਜਿੱਤ ਵਿੱਚ ਜੈਤੋ ਮੰਡੀ ਦੇ ਸਹਿਯੋਗ ਨੂੰ ਉਹ ਕਦੇ ਭੁੱਲ ਨਹੀਂ ਸਕਦੇ।ਖਾਲਸਾ ਨੇ ਅੱਗੇ ਆਖਿਆ ਕਿ ਸ੍ਰੀ ਰਾਮ ਬਾਗ ਵਿੱਚ ਬਣਨ ਵਾਲੇ ਕਮਿਊਨਿਟੀ ਹਾਲ ਉਸਾਰਣ ਲਈ ਉਹ ਕਦੇ ਪਿੱਛੇ ਨਹੀਂ ਹਟਣਗੇ।ਸ੍ਰੀ ਰਾਮ ਬਾਗ ਸੋਸਾਇਟੀ ਦੇ ਪ੍ਰਧਾਨ ਕਮਲ ਕਿਸ਼ੋਰ ਗੁਪਤਾ ਮੈਂਬਰ ਪ੍ਰਦੀਪ ਸਿੰਗਲਾ, ਸੰਦੀਪ ਸ਼ਰਮਾ ਟੋਨੀ, ਸੁਰਿੰਦਰ ਗਰਗ, ਰਾਜ ਕੁਮਾਰ ਜਿੰਦਲ, ਨਵੀਨ ਗੋਇਲ ਦੀਪੂ, ਭੂਸ਼ਣ ਜਿੰਦਲ ਵੱਲੋਂ ਆਏ ਮਹਿਮਾਨਾਂ ਨਿੱਘਾ ਸਵਾਗਤ ਕੀਤਾ ਗਿਆ ਤੇ ਸਿਰੋਪਾਓ ਭੇਟ ਕਰਕੇ ਸਨਮਾਨਤ ਕੀਤਾ ਗਿਆ।

## ਖੁੱਡੀਆਂ ਯੂ ਪੀ ਐਸ ਸੀ ਪਾਸ ਕਰਨ ਵਾਲੀ ਰਸਨੀਤ ਕੌਰ ਕੰਬੋਜ ਨੂੰ ਵਧਾਈ ਦੇਣ ਪੁੱਜੇ



**ਰਾਜਪੁਰਾ/ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪੰਜਾਬ ਦੇ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਰਾਜਪੁਰਾ ਨੇੜੇ ਪਿੰਡ ਮਦਨਪੁਰ ਵਿਖੇ ਪਹੁੰਚ ਕੇ ਪੰਜਾਬ ਦੀ ਧੀ ਰਸਨੀਤ ਕੌਰ ਨੂੰ ਦੇਸ਼ ਦੀਆਂ ਸਭ ਤੋਂ ਔਖੀਆਂ ਮੁਕਾਬਲੇ ਦੀਆਂ ਪ੍ਰੀਖਿਆਵਾਂ ਵਿੱਚੋਂ ਇੱਕ, ਯੂਨੀਅਨ ਪਬਲਿਕ ਸਰਵਿਸ ਕਮਿਸ਼ਨ (ਯੂਪੀਐਸਸੀ) ਦੀ ਵੱਕਾਰੀ ਪ੍ਰੀਖਿਆ ਵਿੱਚ ਆਲ ਇੰਡੀਆ (ਏਆਈਆਰ) 51ਵਾਂ ਰੈਂਕ ਪ੍ਰਾਪਤ ਕਰਕੇ ਸੂਬੇ ਦਾ ਨਾਂਅ ਰੌਸ਼ਨ ਕਰਨ ਲਈ ਵਧਾਈ ਦਿੱਤੀ।ਵਿਧਾਇਕ ਗੁਰਲਾਲ ਘਨੌਰ ਅਤੇ ਜਲਾਲਾਬਾਦ ਦੇ ਵਿਧਾਇਕ ਜਗਦੀਪ ਸਿੰਘ ਗੋਲਡੀ ਕੰਬੋਜ ਵੀ ਮੌਜੂਦ ਸਨ।ਉਨ੍ਹਾਂ ਨੇ ਰਸਨੀਤ ਕੌਰ ਨੂੰ ਪੰਜਾਬ ਸਰਕਾਰ ਵੱਲੋਂ ਸਨਮਾਨਤ ਕੀਤਾ।ਇਸ ਅਹਿਮ ਪ੍ਰਾਪਤੀ ਹਾਸਲ ਕਰਨ ਵਾਲੀ ਨੌਜਵਾਨ ਬੱਚੀ ਰਸਨੀਤ ਕੌਰ ਨੂੰ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਵਧਾਈ ਦਿੰਦੇ ਹੋਏ, ਖੇਤੀਬਾੜੀ ਮੰਤਰੀ ਨੇ ਉਸਦੇ ਮਾਪਿਆਂ ਨੂੰ ਉਨ੍ਹਾਂ ਦੇ ਸਮਰਥਨ ਅਤੇ ਉਤਸ਼ਾਹ ਲਈ ਵੀ ਵਧਾਈ ਦਿੱਤੀ।ਉਨ੍ਹਾਂ ਨੇ ਰਸਨੀਤ ਕੌਰ ਦੇ ਪਿਤਾ ਅਤੇ ਪੰਜਾਬ ਬਿਜਲੀ ਨਿਗਮ 'ਚ ਲਾਈਨਮੈਨ ਵਜੋਂ ਕੰਮ ਕਰਦੇ ਜਸਵਿੰਦਰ ਸਿੰਘ ਤੇ ਮਾਤਾ ਇੱਕ ਇੱਕ ਘਰੇਲੂ ਸੁਆਣੀ ਸਵਰਨ ਕੌਰ, ਵੱਲੋਂ ਆਪਣੀ ਬੱਚੀ ਦੇ ਸੁਪਨੇ ਨੂੰ ਸਾਕਾਰ ਕਰਨ ਲਈ ਦਿੱਤੇ ਸਹਿਯੋਗ ਦੀ ਸ਼ਲਾਘਾ ਕੀਤੀ।ਗੁਰਮੀਤ ਸਿੰਘ ਖੁੱਡੀਆਂ ਨੇ ਅੱਗੇ ਉਮੀਦ ਪ੍ਰਗਟਾਈ ਕਿ ਰਸਨੀਤ ਕੌਰ ਦੀ ਸਫਲਤਾ ਪੰਜਾਬ ਭਰ ਦੇ ਹੋਰ ਬਹੁਤ ਸਾਰੇ ਨੌਜਵਾਨ ਮੁੰਡੇ-ਕੁੜੀਆਂ ਨੂੰ ਸਮਰਪਣ ਅਤੇ ਦ੍ਰਿੜਤਾ ਨਾਲ ਮੁਕਾਬਲੇ ਦੀਆਂ ਪ੍ਰੀਖਿਆਵਾਂ ਦੀ ਤਿਆਰੀ ਕਰਨ ਲਈ ਪ੍ਰੇਰਿਤ ਕਰੇਗੀ।

## ਕਾਤਰਾਂ

### ਕਿਸਾਨਾਂ ਤੇ ਫ਼ੀਲਡ ਸਟਾਫ ਲਈ ਵਿਸ਼ੇਸ਼ ਕੈਂਪ

**ਫਾਜ਼ਿਲਕਾ (ਨਿਸ਼ਾ ਸ਼ਰਮਾ)**-ਕੇਨ-ਕਮਿਸ਼ਨਰ ਪੰਜਾਬ ਸ.ਅਮਰੀਕ ਸਿੰਘ ਦੀ ਅਗਵਾਈ ਹੇਠ ਅਤੇ ਸ੍ਰੀ ਰਨਬੀਰ ਸਿੰਘ ਏ ਸੀ ਡੀ ਓ ਫ਼ਰੀਦਕੋਟ ਦੀ ਪ੍ਰਧਾਨਗੀ ਵਿੱਚ ਜ਼ਿਲ੍ਹਾ ਫ਼ਾਜ਼ਿਲਕਾ ਦੇ ਪਿੰਡ ਕਬੂਲਸ਼ਾਹ ਖੁੱਬਣ ਦੇ ਸਫਲ ਕਿਸਾਨ ਸ੍ਰੀ ਧੀਰਜ ਸਾਵਨਸੁਖਾ ਦੇ ਖੇਤ ਵਿੱਚ ਫ਼ਾਜ਼ਿਲਕਾ ਸਹਿਕਾਰੀ ਖੰਡ ਮਿੱਲ ਦੇ ਜਨਰਲ ਮੈਨੇਜਰ ਸ.ਅਮਰਦੀਪ ਸਿੰਘ ਸੰਧੂ ਦੀ ਦੇਖ ਰੇਖ ਹੇਠ ਕਿਸਾਨਾਂ ਅਤੇ ਫ਼ੀਲਡ ਸਟਾਫ ਦੇ ਲਈ ਵਿਸ਼ੇਸ਼ ਕੈਂਪ ਲਗਾਇਆ ਗਿਆ। ਕੈਂਪ ਵਿੱਚ ਸ੍ਰੀ ਰਨਬੀਰ ਸਿੰਘ ਨੇ ਕਿਸਾਨਾਂ ਨੂੰ ਗੰਨੇ ਦੀ ਟਰੈਂਚ ਵਿਧੀ ਰਾਹੀਂ ਬਿਜਾਈ ਕਰਨ ਲਈ ਪ੍ਰੇਰਿਤ ਕੀਤਾ ਅਤੇ ਗੰਨੇ ਵਿੱਚ ਅੰਤਰੀ ਫਸਲ ਦੀ ਕਾਸ਼ਤ ਕਰਨ ਦੀ ਮਹੱਤਤਾ ਬਾਰੇ ਜਾਣਕਾਰੀ ਦਿੱਤੀ।

### ਬੇਸਹਾਰਾ ਪਸ਼ੂ ਕਾਰਨ ਵਾਪਰੇ ਹਾਦਸੇ 'ਚ ਇੱਕ ਮੌਤ, ਦੂਜਾ ਗੰਭੀਰ ਜ਼ਖ਼ਮੀ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਕਸਬੇ ਅੰਦਰ ਲੁਧਿਆਣਾ-ਬਠਿੰਡਾ ਮੁੱਖ ਮਾਰਗ 'ਤੇ ਜਿੰਦਲ ਕਲੋਨੀ ਸਾਹਮਣੇ ਬੇਸਹਾਰਾ ਪਸ਼ੂ ਕਾਰਨ ਵਾਪਰੇ ਭਿਆਨਕ ਸੜਕ ਹਾਦਸੇ ਵਿੱਚ ਇੱਕ ਮੋਟਰਸਾਇਕਲ ਸਵਾਰ ਦੀ ਮੌਤ ਹੋ ਗਈ, ਜਦਕਿ ਦੂਜਾ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਿਆ। ਗੁਰਪ੍ਰੀਤ ਸਿੰਘ ਭੀਮਾ ਵਾਸੀ ਮਹਿਲ ਕਲਾਂ, ਜੋ ਇੱਕ ਫ਼ੀਡ ਫੈਕਟਰੀ ਵਿੱਚ ਮਜ਼ਦੂਰੀ ਕਰਦਾ ਸੀ ਤੇ ਲਖਵੀਰ ਸਿੰਘ ਵਾਸੀ ਸੈਦੋਕੇ, ਮੋਗਾ ਜੋ ਪੈਲੇਸਾਂ ਵਿੱਚ ਠੇਕੇਦਾਰ ਵਜੋਂ ਕੰਮ ਕਰਦਾ ਸੀ, ਆਪੋ-ਆਪਣੇ ਮੋਟਰਸਾਇਕਲਾਂ 'ਤੇ ਜਾ ਰਹੇ ਸਨ ਕਿ ਅਚਾਨਕ ਕੋਈ ਪਸ਼ੂ ਅੱਗੇ ਆ ਜਾਣ ਕਾਰਨ ਸੰਤੁਲਨ ਵਿਗੜ ਗਿਆ ਤੇ ਦੋਵੇਂ ਮੋਟਰਸਾਇਲ ਹਾਦਸਾਗ੍ਰਸਤ ਹੋ ਗਏ।ਹਾਦਸੇ ਦੌਰਾਨ ਗੁਰਪ੍ਰੀਤ ਸਿੰਘ ਦੀ ਮੌਕੇ 'ਤੇ ਹੀ ਮੌਤ ਹੋ ਗਈ, ਜਦਕਿ ਲਖਵੀਰ ਸਿੰਘ ਨੂੰ ਗੰਭੀਰ ਹਾਲਤ ਵਿੱਚ ਬਰਨਾਲਾ ਰੈਫਰ ਕੀਤਾ ਗਿਆ ਹੈ।ਘਟਨਾ ਦੀ ਸੂਚਨਾ ਮਿਲਦੇ ਹੀ ਏ.ਐਸ.ਆਈ. ਰਾਜੀਵ ਕੁਮਾਰ ਨੇ ਪੁਲਸ ਪਾਰਟੀ ਸਮੇਤ ਪਹੁੰਚ ਕੇ ਸਥਿਤੀ ਦਾ ਜਾਇਜ਼ਾ ਲਿਆ ਅਤੇ ਵਾਰਸਾਂ ਦੇ ਬਿਆਨਾਂ ਦੇ ਆਧਾਰ 'ਤੇ ਧਾਰਾ 194 ਬੀ.ਐਨ.ਐੱਸ.ਐੱਸ. ਤਹਿਤ ਕਾਰਵਾਈ ਕਰਦਿਆਂ ਪੋਸਟਮਾਰਟਮ ਤੋਂ ਬਾਅਦ ਲਾਸ਼ ਪਰਵਾਰ ਹਵਾਲੇ ਕਰ ਦਿੱਤੀ ਹੈ।

### ਅਪ੍ਰੈਂਟਿਸਸ਼ਿਪ ਮੇਲਾ ਅੱਜ

**ਫ਼ਾਜ਼ਿਲਕਾ (ਨਿਸ਼ਾ ਸ਼ਰਮਾ)**-ਪ੍ਰਧਾਨ ਮੰਤਰੀ ਰਾਸ਼ਟਰੀ ਅਪ੍ਰੈਂਟਿਸਸ਼ਿਪ ਮੇਲਾ ਤਕਨੀਕੀ ਸਿੱਖਿਆ ਅਤੇ ਉਦਯੋਗਿਕ ਸਿਖਲਾਈ ਵਿਭਾਗ, ਪੰਜਾਬ, ਚੰਡੀਗੜ੍ਹ ਦੇ ਦਿਸ਼ਾ-ਨਿਰਦੇਸ਼ਾਂ ਅਧੀਨ ਸਰਕਾਰੀ ਉਦਯੋਗਿਕ ਸਿਖਲਾਈ ਸੰਸਥਾ ਵਿਖੇ 12 ਮਾਰਚ ਸਵੇਰੇ 9 ਵਜੇ ਅਪ੍ਰੈਂਟਿਸਸ਼ਿਪ ਮੇਲਾ ਆਯੋਜਿਤ ਕੀਤਾ ਜਾ ਰਿਹਾ ਹੈ।ਮੇਲੇ ਦਾ ਮੁੱਖ ਉਦੇਸ਼ ਆਈ.ਟੀ.ਆਈ. ਪਾਸ ਹੋਏ ਵਿਦਿਆਰਥੀਆਂ ਤੇ ਹੋਰ ਯੋਗ ਉਮੀਦਵਾਰਾਂ ਨੂੰ ਉਦਯੋਗਾਂ ਨਾਲ ਜੋੜ ਕੇ ਅਪ੍ਰੈਂਟਿਸਸ਼ਿਪ ਦੇ ਮੌਕੇ ਪ੍ਰਦਾਨ ਕਰਨਾ ਹੈ ਤਾਂ ਜੁ ਉਹ ਪ੍ਰੈਕਟੀਕਲ ਤਜਰਬਾ ਹਾਸਲ ਕਰ ਸਕਣ ਅਤੇ ਭਵਿੱਖ ਵਿੱਚ ਚੰਗੇ ਰੁਜ਼ਗਾਰ ਦੇ ਮੌਕੇ ਪ੍ਰਾਪਤ ਕਰ ਸਕਣ।ਸਾਰੇ ਉਮੀਦਵਾਰਾਂ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਉਹ 12 ਮਾਰਚ ਨੂੰ ਸਵੇਰੇ 9:00 ਵਜੇ ਸਰਕਾਰੀ ਆਈ.ਟੀ.ਆਈ. ਵਿਖੇ ਆਪਣੀਆਂ ਯੋਗਤਾ ਸਬੰਧੀ ਦਸਤਾਵੇਜ਼ਾਂ ਦੀਆਂ ਕਾਪੀਆਂ ਨਾਲ ਲੈ ਕੇ ਪਹੁੰਚਣ।

## ਪ੍ਰਭ ਆਸਰਾ ਵਿਖੇ ਕਮਲਜੀਤ ਸਿੰਘ ਆਹਲੂਵਾਲੀਆ ਕੈਨੇਡਾ ਨੇ ਦਿੱਤੀ ਸਹਾਇਤਾ



**ਜਗਰਾਉਂ (ਸੰਜੀਵ ਅਰੋੜਾ)**-ਪ੍ਰਭ ਆਸਰਾ ਨਿਆਸਰਿਆਂ ਦੇ ਘਰ ਫੇਰੂਰਾਈ ਵਿਖੇ ਕੈਨੇਡਾ ਤੋਂ ਕਮਲਜੀਤ ਸਿੰਘ ਆਹਲੂਵਾਲੀਆ ਨੇ ਬਜ਼ੁਰਗਾਂ ਦੇ ਲਈ ਗਰਮੀ ਦੇ ਮੌਸਮ ਵਿੱਚ ਪਾਉਣ ਵਾਲੇ ਕੱਪੜਿਆਂ ਲਈ ਧੰਨਰਾਸ਼ੀ ਦੀ ਸੇਵਾ ਦਿੱਤੀ। ਕਮਲਜੀਤ ਸਿੰਘ ਕੈਨੇਡਾ ਨਿਵਾਸੀ ਨੇ ਦੱਸਿਆ ਕਿ ਹਰਜੀਤ ਸਿੰਘ ਰਾਏ ਜੋ ਪ੍ਰਭ ਆਸਰਾ ਫੇਰਰਾਈ ਦੇ ਪ੍ਰਬੰਧਕ ਹਨ, ਵੱਲੋਂ ਬਜ਼ੁਰਗਾਂ ਨੂੰ ਸਾਂਭਣ ਲਈ ਪ੍ਰਭ ਆਸਰਾ ਨਿਆਸਰਿਆਂ ਦਾ ਘਰ ਪਿੰਡ ਫੇਰੂਰਾਈ ਵਿਖੇ ਬਣਾ ਕੇ ਬਹੁਤ ਹੀ ਨੇਕ ਉਪਰਾਲਾ ਕੀਤਾ ਹੈ।

ਪ੍ਰਭ ਆਸਰਾ ਵੱਲੋਂ ਹੋਰ ਵੀ ਅਨੇਕਾਂ ਸਮਾਜ ਭਲਾਈ ਦੇ ਕੰਮਾਂ ਵਿੱਚ ਆਪਣਾ ਬਣਦਾ ਯੋਗਦਾਨ ਪਇਆ ਜਾ ਰਿਹਾ ਹੈ। ਆਸ ਪਾਸ ਦੇ ਲੋੜਵੰਦ ਵਿਆਕਤੀਆਂ ਨੂੰ ਮੁਫ਼ਤ ਮੈਡੀਕਲ ਚੈਕਅੱਪ, ਦਵਾਈਆਂ, ਐਂਬੂਲੈਂਸ ਦੀ ਸਹਾਇਤਾ, ਮੌਰਚਰੀ ਘਰ ਹੋਰ ਵੀ ਲੋੜੀਂਦੀਆਂ ਸਹੂਲਤਾਂ ਦਿੱਤੀਆਂ ਜਾ ਰਹੀਆਂ ਹਨ। ਕਮਲਜੀਤ ਸਿੰਘ ਤੇ ਉਨ੍ਹਾਂ ਦੀ ਧਰਮ ਪਤਨੀ ਨੂੰ ਬਜ਼ੁਰਗਾਂ ਨਾਲ ਗੱਲਬਾਤ ਕਰਕੇ ਬਹੁਤ ਹੀ ਵਧੀਆ ਲੱਗਿਆ। ਪ੍ਰਭ ਆਸਰਾ ਫੇਰੂਰਾਈ ਦੇ ਪ੍ਰਬੰਧਕ ਹਰਜੀਤ ਸਿੰਘ ਰਾਏ ਤੇ ਗੋਰਾ ਕੈਨੇਡਾ ਵੱਲੋਂ ਕਨੇਡਾ ਤੋਂ ਆਏ ਕਮਲਜੀਤ ਸਿੰਘ ਤੇ ਉਨ੍ਹਾਂ ਦੀ ਪਤਨੀ ਦਾ ਬਜ਼ੁਰਗਾਂ ਲਈ ਆਰਥਿਕ ਸਹਾਇਤਾ ਦੇਣ ਲਈ ਧੰਨਵਾਦ ਕੀਤਾ ਗਿਆ। ਧੰਨਰਾਸ਼ੀ ਦੇਣ ਸਮੇਂ ਇੰਦਰਮੋਹਨ ਸਿੰਘ ਸੋਹੀ, ਬੀਬੀ ਸੁਰਿੰਦਰ ਕੌਰ ਸੋਹੀ, ਹਰਦੀਪ ਸਿੰਘ ਬਿੰਜਲ ਤੇ ਨਿਰਮਲ ਸਿੰਘ ਰਾਏ ਹਾਜ਼ਰ ਸਨ।

# ਨਸ਼ਾ ਮੁਕਤ ਭਾਰਤ ਅਭਿਆਨ ਤਹਿਤ ਜ਼ਿਲ੍ਹਾ ਪੱਧਰੀ ਯੂਥ ਕਨਵੈਨਸ਼ਨ ਕਰਾਉਣੀ ਸ਼ਲਾਘਾਯੋਗ : ਡਾ. ਗਿੱਲ, ਡਾ. ਗਰਗ




**ਪਟਿਆਲਾ (ਰਾਜਿੰਦਰ ਸਿੰਘ ਥਿੰਦ)**
ਯੂਥ ਸਰਵਿਸ ਵਿਭਾਗ ਪਟਿਆਲਾ ਵੱਲੋਂ ਜ਼ਿਲ੍ਹਾ ਸਮਾਜਿਕ ਸੁਰੱਖਿਆ ਦਫਤਰ ਪਟਿਆਲਾ ਦੇ ਸਹਿਯੋਗ ਨਾਲ ਸਟੇਟ ਕਾਲਜ ਆਫ਼ ਐਜੂਕੇਸ਼ਨ ਵਿਖੇ ਸਮਾਜਿਕ ਨਿਆਂ ਤੇ ਸਸ਼ਕਤੀਕਰਨ ਮੰਤਰਾਲਾ ਭਾਰਤ ਸਰਕਾਰ ਵੱਲੋਂ ਸ਼ੁਰੂ ਕੀਤੀ ਨਸ਼ਾ ਮੁਕਤ ਭਾਰਤ ਅਭਿਆਨ ਤਹਿਤ ਜ਼ਿਲ੍ਹਾ ਪੱਧਰੀ ਯੂਥ ਕਨਵੈਨਸ਼ਨ ਕਰਾਈ ਗਈ, ਜਿਸ ਵਿੱਚ ਵੱਖ-ਵੱਖ ਕਾਲਜਾਂ ਦੇ ਐਨ.ਐਸ.ਐਸ ਤੇ ਰੈੱਡ ਰਿਬਨ ਕਲੱਬਾਂ ਦੇ ਵਲੰਟੀਅਰਜ਼ ਨੇ ਸ਼ਿਰਕਤ ਕੀਤੀ, ਜਿਸ ਵਿੱਚ ਮੁੱਖ ਮਹਿਮਾਨ ਡਾਕਟਰ ਅਨਹਦ ਗਿੱਲ ਕੋਆਰਡੀਨੇਟਰ ਐਨ.ਐਸ.ਐਸ ਵਿਭਾਗ ਪੰਜਾਬੀ ਯੂਨੀਵਰਸਿਟੀ ਤੇ ਜ਼ਿਲ੍ਹਾ ਖੇਡ ਅਫ਼ਸਰ ਨਵਜੋਤ ਸਿੰਘ ਧਾਲੀਵਾਲ ਨੇ ਸ਼ਿਰਕਤ ਕੀਤੀ।

ਪ੍ਰੋਗਰਾਮ ਦੀ ਪ੍ਰਧਾਨਗੀ ਪ੍ਰੋਫੈਸਰ ਡਾਕਟਰ ਵਨੀਤਾ ਰਾਣੀ ਪ੍ਰਿੰਸੀਪਲ ਸਟੇਟ ਕਾਲਜ ਆਫ ਐਜੂਕੇਸ਼ਨ ਨੇ ਕੀਤੀ।ਡਾਕਟਰ ਮਲਕੀਤ ਸਿੰਘ ਮਾਨ ਸਹਾਇਕ ਡਾਇਰੈਕਟਰ ਯੂਥ ਸਰਵਿਸ ਵਿਭਾਗ ਪਟਿਆਲਾ ਨੇ ਸਾਰੇ ਆਏ ਹੋਏ ਮਹਿਮਾਨਾਂ ਨੂੰ ਜੀ ਆਇਆਂ ਕਿਹਾ ਗਿਆ।ਵਿਸ਼ੇਸ਼ ਤੌਰ 'ਤੇ ਪ੍ਰੋਗਰਾਮ ਦੇ ਮੁੱਖ ਬੁਲਾਰੇ ਡਾਕਟਰ ਰੋਹਿਤ ਗਰਗ ਪ੍ਰੋਫੈਸਰ ਤੇ ਮੁਖੀ ਨਸ਼ਾ ਛੁਡਾਊ ਕੇਂਦਰ ਰਾਜਿੰਦਰਾ ਹਸਪਤਾਲ, ਯਾਦਵਿੰਦਰ ਸਿੰਘ ਵਿਰਕ ਕੋਆਰਡੀਨੇਟਰ ਪ੍ਰੋਜੈਕਟ ਦਿਸ਼ਾ ਪੰਜਾਬ ਏਡਜ਼ ਕੰਟਰੋਲ ਸੁਸਾਇਟੀ ਤੋਂ ਇਲਾਵਾ ਸਟੇਟ ਐਵਾਰਡੀ ਪਰਮਿੰਦਰ ਭਲਵਾਨ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ, ਗਵਰਨਰ ਐਵਾਰਡੀ ਜਤਵਿੰਦਰ ਗਰੇਵਾਲ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ, ਐਸ ਆਈ ਪ੍ਰਦੀਪ ਕੁਮਾਰ ਇੰਚਾਰਜ ਸਾਂਝ ਕੇਂਦਰ ਸਿਟੀ 1, ਡਾਕਟਰ ਚਾਰੂ ਗੌਤਮ ਫਿਓਜ਼ੋਥੈਰਪਰ, ਕੌਂਸਲਰ ਅਮਰਜੀਤ ਕੌਰ, ਕੌਂਸਲਰ ਜਸਪ੍ਰੀਤ ਸਿੰਘ ਪੰਜਾਬ ਰੈੱਡ ਕਰਾਸ ਨਸ਼ਾ ਛੁਡਾਊ ਕੇਂਦਰ, ਪੋਸਟਰ ਮੇਕਿੰਗ, ਚਾਰਟ ਮੁਕਾਬਲੇ ਦੇ ਜੱਜ ਪ੍ਰੋਫੈਸਰ ਨਵਨੀਤ ਕੌਰ ਜੇਜੀ, ਲੈਕਚਰਾਰ ਗੁਰਸ਼ਰਨਦੀਪ ਸਿੰਘ ਬਰਾੜ ਨੇ ਸ਼ਿਰਕਤ ਕੀਤੀ।ਡਾਕਟਰ ਰੋਹਿਤ ਗਰਗ, ਯਾਦਵਿੰਦਰ ਵਿਰਕ, ਡਾਕਟਰ ਅਨਹਦ ਗਿੱਲ, ਨਵਜੋਤ ਧਾਲੀਵਾਲ, ਡਾਕਟਰ ਮਲਕੀਤ ਮਾਨ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਤਾਬਕੂ ਦੇ ਸੇਵਨ ਕਰਨ ਨਾਲ ਭਾਰਤ ਦੇ ਵੱਖ-ਵੱਖ ਸ਼ਹਿਰਾਂ 'ਚ ਹਰ ਰੋਜ਼ 14000 ਹਜ਼ਾਰ ਮੌਤਾਂ ਹੁੰਦੀਆਂ ਹਨ ਤੇ ਤੰਬਾਕੂ ਦੇ ਸੇਵਨ ਕਰਨ ਨਾਲ ਫੇਫੜਿਆਂ ਦਾ ਕੈਂਸਰ, ਮੂੰਹ ਦੇ ਕੈਂਸਰ ਵਿੱਚ ਬਹੁਤ ਭਾਰੀ ਵਾਧਾ ਹੋ ਰਿਹਾ ਹੈ, ਜਿਸ ਕਾਰਨ ਤੰਬਾਕੂ ਦਾ ਸੇਵਨ ਕਰਨ ਵਾਲਾ ਵਿਅਕਤੀ ਕੈਂਸਰ ਕਾਰਨ ਮੌਤ ਦੇ ਮੂੰਹ ਵਿੱਚ ਚਲਾ ਜਾਂਦਾ ਹੈ।ਉਨ੍ਹਾਂ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹੋ ਆਪਣੀਆਂ ਆਉਣ ਵਾਲੀਆਂ ਪੀੜ੍ਹੀਆਂ ਨੂੰ ਨਸ਼ਿਆਂ ਤੋਂ ਬਚਾਉਣ ਲਈ ਅੱਗੇ ਆ ਕੇ ਲੜਾਈ ਲੜਨ ਤੇ ਨਸ਼ਾ ਤਸਕਰਾਂ ਵਿਰੁੱਧ ਆਵਾਜ਼ ਬੁਲੰਦ ਕਰਨ ਲਈ ਅੱਗੇ ਆਉਣ।ਇਸ ਮੌਕੇ ਸਟੇਟ ਐਵਾਰਡੀ ਪਰਮਿੰਦਰ ਭਲਵਾਨ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ ਸਾਰਿਆਂ ਨੂੰ ਨਸ਼ਿਆਂ ਵਿਰੁੱਧ ਸਹੁੰ ਵੀ ਚੁਕਾਈ ਗਈ।

## ਕੁਰੜ 'ਚ ਐਮ ਪੀ ਲੈਂਡ ਤਹਿਤ ਬਣੀ ਇੰਟਰਲਾਕ ਸੜਕ ਦਾ ਲਿਆ ਜਾਇਜ਼ਾ



**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**-ਐਸ ਡੀ ਐਮ ਸ੍ਰੀਮਤੀ ਕ੍ਰਿਤਿਕਾ ਗੋਇਲ ਵੱਲੋਂ ਪਿੰਡ ਕੁਰੜ ਦਾ ਦੌਰਾ ਕਰਕੇ ਐਮ ਪੀ ਲੈਂਡ ਫੰਡ ਤਹਿਤ ਪਿੰਡ ਤੋਂ ਸਮਾਧਾਂ ਤੱਕ ਬਣਾਈ ਗਈ ਇੰਟਰਲਾਕ ਟਾਇਲਾਂ ਵਾਲੀ ਸੜਕ ਦੇ ਕੰਮ ਦਾ ਜਾਇਜ਼ਾ ਲਿਆ ਗਿਆ।ਉਨ੍ਹਾਂ ਸੜਕ ਦੇ ਕੰਮ ਦੀ ਸਥਿਤੀ ਅਤੇ ਗੁਣਵੱਤਾ ਦੀ ਜਾਂਚ ਕਰਦਿਆਂ ਸਬੰਧਤ ਅਧਿਕਾਰੀਆਂ ਨੂੰ ਲੋੜੀਂਦੇ ਨਿਰਦੇਸ਼ ਜਾਰੀ ਕੀਤੇ।ਦੌਰੇ ਦੌਰਾਨ ਐਸ.ਡੀ.ਐਮ. ਨੇ ਬਲਾਕ ਵਿਕਾਸ ਤੇ ਪੰਚਾਇਤ ਅਫ਼ਸਰ ਬੀ.ਡੀ.ਪੀ.ਓ. ਦਫ਼ਤਰ ਮਹਿਲ ਕਲਾਂ ਦੇ ਸਬੰਧਤ ਜੂਨੀਅਰ ਇੰਜਨੀਅਰ ਨੂੰ ਹਦਾਇਤ ਕੀਤੀ ਕਿ ਇਸ ਪ੍ਰੋਜੈਕਟ ਨਾਲ ਸੰਬੰਧਤ ਸਰਟੀਫਿਕੇਟ ਤਿਆਰ ਕਰਕੇ ਭੇਜਿਆ ਜਾਵੇ, ਤਾਂ ਜੁ ਸਰਕਾਰੀ ਰਿਕਾਰਡ ਨੂੰ ਸਮੇਂ ਸਿਰ ਪੂਰਾ ਕੀਤਾ ਜਾ ਸਕੇ।ਉਨ੍ਹਾਂ ਕਿਹਾ ਕਿ ਪਿੰਡਾਂ 'ਚ ਵਿਕਾਸ ਕਾਰਜਾਂ ਦੀ ਸਮੇਂ-ਸਿਰ ਪੂਰਤੀ ਤੇ ਉਨ੍ਹਾਂ ਦੀ ਗੁਣਵੱਤਾ ਨੂੰ ਯਕੀਨੀ ਬਣਾਉਣਾ ਪ੍ਰਸ਼ਾਸਨ ਦੀ ਜ਼ਿੰਮੇਵਾਰੀ ਹੈ। ਇਸ ਲਈ ਅਧਿਕਾਰੀਆਂ ਨੂੰ ਚਾਹੀਦਾ ਹੈ ਕਿ ਉਹ ਸਰਕਾਰੀ ਸਕੀਮਾਂ ਤਹਿਤ ਚੱਲ ਰਹੇ ਕੰਮਾਂ ਦੀ ਨਿਗਰਾਨੀ ਕਰਦੇ ਰਹਿਣ ਤੇ ਲੋੜੀਂਦੇ ਦਸਤਾਵੇਜ਼ ਸਮੇਂ ਸਿਰ ਮੁਹੱਈਆ ਕਰਾਏ ਜਾਣ।

## ਟੀ-20 ਵਿਸ਼ਵ ਕ੍ਰਿਕਟ ਕੱਪ ਜਿੱਤਣ ਵਾਲੀ ਭਾਰਤੀ ਟੀਮ ਨੂੰ ਵਧਾਈ

**ਕੋਟਕਪੂਰਾ (ਰਛਪਾਲ ਭੁੱਲਰ)**-ਆਈ ਸੀ ਸੀ ਟੀ 20 ਵਿਸ਼ਵ ਕ੍ਰਿਕਟ ਕੱਪ ਭਾਰਤ ਦੀ ਟੀਮ ਨੇ ਅਹਿਮਦਾਬਾਦ ਦੇ ਸਟੇਡੀਅਮ 'ਚ ਨਿਊਜ਼ੀਲੈਂਡ ਦੀ ਟੀਮ ਨੂੰ 96 ਦੌੜਾਂ ਨਾਲ ਹਰਾ ਕੇ ਜਿੱਤਣ ਨਾਲ ਭਾਰਤ ਦੇ ਵੱਖ-ਵੱਖ ਖਿੱਤਿਆਂ 'ਚ ਜ਼ੋਰਦਾਰ ਖੁਸ਼ੀਆਂ ਮਨਾਈਆਂ ਜਾ ਰਹੀਆਂ ਹਨ ਤੇ ਭਾਰਤ ਦੇ ਮਹਾਨ ਖਿਡਾਰੀ ਸੰਜੂ ਸੈਮਸਨ ਦੀ ਵੱਖ ਵੱਖ ਕ੍ਰਿਕਟ ਮੈਚਾਂ ਵਿੱਚ ਸ਼ਾਨਦਾਰ ਬੱਲੇਬਾਜ਼ੀ ਅਤੇ ਜਸਪ੍ਰੀਤ ਬੁਮਰਾ ਦੀ ਵੱਖ ਵੱਖ ਕ੍ਰਿਕਟ ਮੈਚਾਂ ਵਿਸ਼ੇਸ਼ ਤੌਰ 'ਤੇ ਫਾਈਨਲ ਮੈਚ ਵਿੱਚ ਸ਼ਾਨਦਾਰ ਗੇਂਦਬਾਜ਼ੀ ਕਰਨ ਤੇ ਬਹੁਤ ਵਧੀਆ ਖੇਡ ਖੇਡਣ 'ਤੇ ਮਾਣ ਮਹਿਸੂਸ ਕਰਦੇ ਹੋਏ ਸਮੁੱਚੀ ਭਾਰਤੀ ਕ੍ਰਿਕਟ ਟੀਮ ਨੂੰ ਵਧਾਈਆਂ ਦਿੱਤੀਆਂ ਜਾ ਰਹੀਆਂ ਹਨ।ਬਠਿੰਡਾ ਰੋਡ 'ਤੇ ਸਥਿਤ ਅਰਵਿੰਦ ਨਗਰ ਦੇ ਵਸਨੀਕਾਂ ਵੱਲੋਂ ਕਾਲੋਨੀ ਵਿੱਚ ਵੱਡੀ ਸਕਰੀਨ ਲਾ ਕੇ ਇਹ ਮੈਚ ਵੇਖਣ ਵਾਸਤੇ ਬਹੁਤ ਵਧੀਆ ਪ੍ਰਬੰਧ ਕੀਤਾ ਗਿਆ ਸੀ।ਅਰਵਿੰਦ ਨਗਰ ਵਿਕਾਸ ਕਮੇਟੀ ਕੋਟਕਪੂਰਾ ਦੇ ਪ੍ਰਧਾਨ ਸੰਤੋਖ ਸਿੰਘ ਚਾਨਾ, ਚੇਅਰਮੈਨ ਓਮ ਪ੍ਰਕਾਸ਼ ਗੋਇਲ, ਵਿੱਤ ਸਕੱਤਰ ਮਨਦੀਪ ਸਿੰਘ ਸਰਾਂ, ਅਜਮੇਰ ਸਿੰਘ ਬਰਾੜ, ਅਸ਼ੋਕ ਦਾਬੜਾ, ਰਾਜਿੰਦਰ ਸਿੰਘ ਬਰਾੜ, ਨਵਦੀਪ ਸਿੰਘ ਚਾਨਾ ਮਾਸਟਰ ਲਖਵਿੰਦਰ ਸਿੰਘ ਸਿੱਧੂ, ਸੁਰਿੰਦਰ ਪਾਲ ਸਿੰਘ ਬੰਟੀ, ਹਰਜਿੰਦਰ ਸਿੰਘ ਰਾਜੂ ਗਿੱਲ, ਅਮਨਦੀਪ ਗਰੋਵਰ, ਐਡਵੋਕੇਟ ਰਕੇਸ਼ ਸੇਠੀ ਨੇ ਜੇਤੂ ਭਾਰਤੀ ਕ੍ਰਿਕਟ ਟੀਮ ਨੂੰ ਹਾਰਦਿਕ ਵਧਾਈ ਦਿੱਤੀ ਤੇ ਭਾਰਤ ਦਾ ਨਾਂਅ ਸੰਸਾਰ ਭਰ ਵਿੱਚ ਉੱਚ ਕਰਨ ਤੇ ਮਾਣ ਮਹਿਸੂਸ ਕੀਤਾ।

# ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ ਵੱਲੋਂ ਵਿਧਾਨ ਸਭਾ ਦੇ ਅੱਜ ਦੇ ਘਿਰਾਓ 'ਚ ਭਰਵੀਂ ਸ਼ਮੂਲੀਅਤ ਦਾ ਐਲਾਨ

**ਜ਼ੀਰਾ (ਨਰਿੰਦਰ ਅਨੇਜਾ)**-ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ ਦੇ ਸੂਬਾ ਪ੍ਰਧਾਨ ਸੁਖਵਿੰਦਰ ਸਿੰਘ ਚਾਹਲ, ਜਨਰਲ ਸਕੱਤਰ ਗੁਰਬਿੰਦਰ ਸਿੰਘ ਸਸਕੌਰ,ਵਿੱਤ ਸਕੱਤਰ ਮਨੋਹਰ ਲਾਲ ਸ਼ਰਮਾ, ਪ੍ਰੈਸ ਸਕੱਤਰ ਕਰਨੈਲ ਫਿਲੌਰ ਨੇ ਬਿਆਨ ਜਾਰੀ ਕਰਦਿਆਂ ਕਿਹਾ ਕਿ ਸਿੱਖਿਆ ਵਿਭਾਗ ਵਲੋਂ 07-02-2026 ਨੂੰ ਮਾਸਟਰ ਕਾਡਰ ਦੀਆਂ ਪਦਉਨਤੀਆਂ ਲਈ ਟੈੱਟ ਲਾਜਮੀ ਹੋਣ ਦਾ ਪੱਤਰ ਜਾਰੀ ਕਰਕੇ ਟੈੱਟ ਤੋਂ ਛੋਟ ਦੇਣ ਦਾ 14-09-2017 ਦਾ ਪੱਤਰ ਰੱਦ ਕਰਨ ਦੇ ਵਿਰੋਧ ਵਿੱਚ ਪੰਜਾਬ ਪੰਜਾਬ ਦੀਆਂ ਅਧਿਆਪਕ ਜਥੇਬੰਦੀਆਂ ਵੱਲੋਂ 12 ਮਾਰਚ ਨੂੰ ਵਿਧਾਨ ਸਭਾ ਦਾ ਘਿਰਾਓ ਕਰਨ ਦਾ ਐਲਾਨ ਕੀਤਾ ਹੈ।ਜਿਸ ਵਿੱਚ ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰੇਗੀ।ਅਧਿਆਪਕ ਆਗੂਆਂ ਨੇ ਕਿਹਾ ਕਿ ਅਨੰਦਪੁਰ ਸਾਹਿਬ ਵਿਖੇ ਹੋਏ ਸੂਬਾ ਪੱਧਰੀ ਰੋਸ ਰੈਲੀ ਦੇ ਨਤੀਜੇ ਵਜੋਂ ਸਿੱਖਿਆ ਮੰਤਰੀ ਪੰਜਾਬ ਨਾਲ ਅਧਿਆਪਕ ਜਥੇਬੰਦੀਆਂ ਦੀ ਮੀਟਿੰਗ ਹੋਈ ਸੀ ਜਿਸ ਵਿੱਚ ਸਿੱਖਿਆ ਮੰਤਰੀ ਪੰਜਾਬ ਨੇ ਅਧਿਆਪਕਾਂ ਦੇ ਮਸਲੇ ਤੁਰੰਤ ਹੱਲ ਕਰਨ ਦਾ ਵਿਸ਼ਵਾਸ ਦਵਾਇਆ ਸੀ ਪਰ ਅਜੇ ਤੱਕ ਇਸ 'ਤੇ ਕਿਸੇ ਪ੍ਰਕਾਰ ਦੀ ਕੋਈ ਵੀ ਕਾਰਵਾਈ ਨਹੀਂ ਕੀਤੀ ਗਈ ਜਿਸ ਦੇ ਕਾਰਨ ਅਧਿਆਪਕ ਜਥੇਬੰਦੀਆਂ ਨੂੰ ਮਜਬੂਰੀ ਵੱਸ ਵਿਧਾਨ ਸਭਾ ਦਾ ਘਰਾਓ ਕਰਨ ਦਾ ਫੈਸਲਾ ਕਰਨਾ ਪਿਆ। ਜੀ ਟੀ ਯੂ ਪੰਜਾਬ ਦੇ ਆਗੂਆਂ ਤੀਰਥ ਸਿੰਘ ਬਾਸੀ, ਗੁਰਪ੍ਰੀਤ ਸਿੰਘ ਅਮੀਵਾਲ, ਕੁਲਦੀਪ ਪੁਰੋਵਾਲ, ਗੁਰਦੀਪ ਬਾਜਵਾ, ਹਰਿੰਦਰ ਮੱਲੀਆਂ ਰਛਪਾਲ ਵੜੈਚ ਨੇ ਕਿਹਾ ਕਿ ਇਸ ਸਬੰਧੀ ਜਥੇਬੰਦੀ ਵੱਲੋਂ ਆਗੂਆਂ ਦੀਆਂ ਡਿਊਟੀਆਂ ਲਗਾ ਦਿੱਤੀਆਂ ਗਈਆਂ ਹਨ ਜੀ ਟੀ ਯੂ ਪੰਜਾਬ ਵੱਲੋਂ ਇਹਨਾਂ ਸਾਰੇ ਪ੍ਰੋਗਰਾਮਾਂ ਵਿੱਚ ਭਰਵੀਂ ਸ਼ਮੂਲੀਅਤ ਕੀਤੀ ਜਾਵੇਗੀ।

ਇਸ ਸਮੇਂ ਫਤਿਹਗੜ੍ਹ ਸਾਹਿਬ ਤੋਂ ਰਾਜੇਸ਼ ਅਮਲੋਹ, ਰੋਪੜ ਤੋਂ ਧਰਮਿੰਦਰ ਸਿੰਘ ਭੰਗੂ ਹੁਸ਼ਿਆਰਪੁਰ ਤੋਂ ਪ੍ਰਿਤਪਾਲ ਚੋਟਾਲਾ ਜਸਵੀਰ ਤਲਵਾੜਾ, ਜਲੰਧਰ ਤੋਂ ਸੁਖਵਿੰਦਰ ਮੱਕੜ ਮੋਗਾ ਤੋਂ ਜੱਜਪਾਲ ਬਾਜੇ ਕੇ, ਗੁਰਦਾਸਪੁਰ ਤੋਂ, ਦਿਲਦਾਰ ਭੰਡਾਲ ਮੁਕਤਸਰ ਸਾਹਿਬ ਤੋਂ ਮਨਜੀਤ ਸਿੰਘ ਬਰਾੜ ਅੰਮ੍ਰਿਤਸਰ ਤੋਂ ਸੁੱਚਾ ਸਿੰਘ ਟਰਪਈ, ਹਰਵਿੰਦਰ ਸਿੰਘ ਸੁਲਤਾਨਵਿੰਡ ਸੰਗਰੂਰ ਤੋਂ ਦੇਵੀ ਦਿਆਲ, ਸਤਵੰਤ ਆਲਮਪੁਰ, ਬਰਨਾਲਾ ਤੋਂ ਤੇਜਿੰਦਰ ਸਿੰਘ ਤੇਜੀ, ਫਗਵਾੜਾ ਤੋਂ ਸ੍ਰੀ ਗਣੇਸ਼ ਭਗਤ ਫਿਰੋਜ਼ਪੁਰ ਤੋਂ ਜਗਸੀਰ ਸਿੰਘ ਗਿੱਲ, ਬਲਵਿੰਦਰ ਸਿੰਘ ਭੁੱਟੋ, ਫਾਜ਼ਿਲਕਾ ਤੋਂ ਪਰਮਜੀਤ ਸਿੰਘ ਸੇਰੋਵਾਲ, ਨਿਸ਼ਾਂਤ ਅਗਰਵਾਲ ਪਟਿਆਲਾ ਤੋਂ ਜਸਵਿੰਦਰ ਸਿੰਘ ਸਮਾਣਾ, ਪਰਮਜੀਤ ਪਟਿਆਲਾ ਮਲੇਰਕੋਟਲਾ ਤੋਂ ਨੂਰ ਮੁਹੰਮਦ, ਕਮਲ ਜੈਨ, ਪਠਾਨਕੋਟ ਤੋਂ ਸੁਭਾਸ਼ ਚੰਦਰ, ਅਮ੍ਰਿਤਪਾਲ ਸਿੰਘ, ਗੁਰਮੇਲ ਸਿੰਘ ਕੁਰੜੀਆਂ ਮਾਨਸਾ ਤੋਂ ਨਰਿੰਦਰ ਸਿੰਘ ਮਾਖਾ, ਗੁਰਦਾਸ ਸਿੰਘ ਸਿੱਧੂ ਮੁਹਾਲੀ ਤੋਂ ਰਵਿੰਦਰ ਸਿੰਘ ਪੱਪੀ, ਮਨਪ੍ਰੀਤ ਸਿੰਘ, ਕਪੂਰਥਲਾ ਤੋਂ ਸੁਖਚੈਨ ਸਿੰਘ ਬੱਧਣ, ਜੀਵਨਜੋਤ ਮੱਲੀ, ਫਰੀਦਕੋਟ ਤੋਂ ਸਰਬਜੀਤ ਸਿੰਘ ਬਰਾੜ, ਨਵਾਂਸ਼ਹਿਰ ਤੋਂ ਬਿਕਰਮਜੀਤ ਸਿੰਘ, ਲੁਧਿਆਣਾ ਤੋਂ ਜਗਜੀਤ ਸਿੰਘ ਮਾਨ, ਪ੍ਰਭਜੀਤ ਰਸੂਲਪੁਰ, ਤਰਨਤਾਰਨ ਤੋਂ ਸਰਬਜੀਤ ਸਿੰਘ ਸੰਧੂ, ਗੁਰਦੀਪ ਸਿੰਘ, ਬਠਿੰਡਾ ਤੋਂ ਬਲਦੇਵ ਸਿੰਘ ਹਾਜ਼ਰ ਸਨ

## ਵਿਧਾਇਕ ਨੇ ਕਿਰਤੀਆਂ ਦੀ ਭਲਾਈ ਲਈ ਚੁੱਕੀ ਆਵਾਜ਼

**ਫ਼ਾਜ਼ਿਲਕਾ (ਨਿਸ਼ਾ ਸ਼ਰਮਾ)**-ਪੰਜਾਬ ਸਰਕਾਰ ਵੱਲੋਂ ਪਿਛਲੇ ਚਾਰ ਸਾਲਾਂ 'ਚ ਫਾਜ਼ਿਲਕਾ ਹਲਕੇ ਵਿੱਚ ਵੱਖ-ਵੱਖ ਭਲਾਈ ਸਕੀਮਾਂ ਅਧੀਨ ਬੀ ਓ ਸੀ ਡਬਲਿਊ ਵੈਲਫੇਅਰ ਬੋਰਡ ਵੱਲੋਂ ਕੁੱਲ 47.38 ਕਰੋੜ ਰੁਪਏ ਦੀ ਰਕਮ ਕਿਰਤੀਆਂ ਨੂੰ ਦਿੱਤੀ ਜਾ ਚੁੱਕੀ ਹੈ।ਵੱਖ-ਵੱਖ ਭਲਾਈ ਸਕੀਮਾਂ ਅਧੀਨ ਉਸਾਰੀ ਕਿਰਤੀਆਂ ਵੱਲੋਂ ਹੁਣ ਤੱਕ 87 ਹਜ਼ਾਰ 557 ਅਰਜ਼ੀਆਂ ਪ੍ਰਾਪਤ ਹੋਈਆਂ ਹਨ, ਇਨ੍ਹਾਂ ਦਾ ਨਿਪਟਾਰਾ ਦੋ ਮਹੀਨਿਆਂ ਵਿੱਚ ਕੀਤਾ ਜਾਵੇਗਾ।ਇਹ ਪ੍ਰਗਟਾਵਾ ਕੈਬਨਿਟ ਮੰਤਰੀ ਪੰਜਾਬ ਤਰੁਨਪ੍ਰੀਤ ਸਿੰਘ ਸੌਂਦ ਨੇ ਵਿਧਾਨ ਸਭਾ ਸੈਸ਼ਨ ਵਿੱਚ ਵਿਧਾਇਕ ਨਰਿੰਦਰਪਾਲ ਸਿੰਘ ਸਵਨਾ ਦੇ ਸਵਾਲ ਦੇ ਜਵਾਬ ਵਿੱਚ ਕਿਹਾ। ਵਿਧਾਇਕ ਸਵਨਾ ਨੇ ਕਿਹਾ ਕਿ ਸਾਡੇ ਹਲਕੇ ਦੇ ਕਿਰਤੀ ਕਾਮਿਆਂ ਨੂੰ ਆਪਣੇ ਦਫ਼ਤਰੀ ਕੰਮ ਨੂੰ ਲੈ ਕੇ ਕਈ ਵਾਰ ਕਾਫੀ ਦਿੱਕਤ ਦਾ ਸਾਹਮਣਾ ਕਰਨਾ ਪੈਂਦਾ ਹੈ ਤੇ ਗੇੜੇ ਮਾਰਨੇ ਪੈਂਦੇ ਹਨ, ਸੋ ਸਾਡੇ ਕਾਮਿਆ ਦੇ ਕੰਮ ਨੂੰ ਹੋਰ ਸੁਖਾਲਾ ਬਣਾਉਣ ਲਈ ਵਿਭਾਗ ਵੱਲੋਂ ਕੁਝ ਅਹਿਮ ਕਦਮ ਚੁੱਕੇ ਜਾਣ ਜਿਵੇਂ ਕਿ ਪਿੰਡਾਂ ਤੇ ਵਾਰਡਾਂ ਵਿੱਚ ਕੈਂਪ ਲਾ ਕੇ ਦਫਤਰੀ ਕਿਰਤ ਵਿਭਾਗ ਨਾਲ ਸੰਬੰਧਤ ਸਰਕਾਰੀ ਸਕੀਮਾਂ ਬਾਰੇ ਜਾਗਰੂਕ ਕੀਤਾ ਜਾਵੇ।ਕੈਬਨਿਟ ਮੰਤਰੀ ਪੰਜਾਬ ਤਰੁਨਪ੍ਰੀਤ ਸਿੰਘ ਸੌਂਦ ਨੇ ਅੱਗੇ ਕਿਹਾ ਕਿ ਪੰਜਾਬ ਵੈਲਫੇਅਰ ਬੋਰਡ ਵੱਲੋਂ ਫਾਜ਼ਿਲਕਾ ਵਿੱਚ ਲਗਭਗ 40 ਲੱਖ ਰੁਪਇਆ 185 ਉਦਯੋਗਿਕ ਕਿਰਤੀ ਕਾਮਿਆ ਨੂੰ ਦਿਤੇ ਜਾ ਚੁੱਕੇ ਹਨ।

ਇਤਿਹਾਸ ਵਿੱਚ ਇਹ ਪਹਿਲੀ ਵਾਰ ਹੋਇਆ ਹੈ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਚੌਥੇ ਸਾਲ ਕਿਰਤ ਵਿਭਾਗ ਨਾਲ ਸੰਬੰਧਿਤ 45 ਹਜ਼ਾਰ 578 ਲਾਭਪਾਤਰੀਆਂ ਨੂੰ 146.77 ਕਰੋੜ ਰੁਪਏ ਵੰਡੇ ਜਾ ਚੁੱਕੇ ਹਨ।

## ਪੰਜਾਬ 'ਚ ਵਿਗੜ ਰਹੀ ਕਾਨੂੰਨ ਵਿਵਸਥਾ ਚਿੰਤਾ ਦਾ ਵਿਸ਼ਾ : ਕਾਕਾ ਲੋਹਗੜ੍ਹ, ਭੋਲਾ ਮਸਤੇਵਾਲਾ



**ਕੋਟ ਈਸੇ ਖਾਂ (ਅਰੋੜਾ)**-ਕਾਂਗਰਸ ਪਾਰਟੀ ਦੀ ਇੱਕ ਭਰਵੀਂ ਮੀਟਿੰਗ ਸਾਬਕਾ ਚੇਅਰਮੈਨ ਤੇ ਕਾਂਗਰਸ ਕਮੇਟੀ ਦੇ ਬਲਾਕ ਪ੍ਰਧਾਨ ਸ਼ਵਾਜ ਸਿੰਘ ਭੋਲਾ ਮਸਤੇਵਾਲਾ ਦੇ ਗ੍ਰਹਿ ਵਿਖੇ ਹੋਈ, ਜਿਸ ਵਿੱਚ ਸਾਬਕਾ ਵਿਧਾਇਕ ਸੁਖਜੀਤ ਸਿੰਘ ਕਾਕਾ ਲੋਹਗੜ੍ਹ ਨੇ ਸ਼ਿਰਕਤ ਕੀਤੀ।ਮੀਟਿੰਗ ਨੂੰ ਸੰਬੋਧਨ ਕਰਦਿਆਂ ਆਗੂਆਂ ਨੇ ਕਿਹਾ ਕਿ ਪੰਜਾਬ ਵਿੱਚ ਕਾਨੂੰਨ ਵਿਵਸਥਾ ਬਹੁਤ ਬੁਰੀ ਤਰ੍ਹਾਂ ਵਿਗੜ ਚੁੱਕੀ ਹੈ ਤੇ ਲੋਕ ਆਪਣੇ ਆਪ ਨੂੰ ਅਸੁਰੱਖਿਤ ਮਹਿਸੂਸ ਕਰ ਰਹੇ ਹਨ ਅਤੇ ਦਿਨ ਦਿਹਾੜੇ ਕਤਲ ਦੀਆਂ ਵਾਰਦਾਤਾਂ ਨੂੰ ਅੰਜਾਮ ਦਿੱਤਾ ਜਾ ਰਿਹਾ ਹੈ। ਲੋਕਾਂ ਅੰਦਰ ਡਰ ਦਾ ਮਾਹੌਲ ਪੈਦਾ ਹੋ ਰਿਹਾ ਹੈ।ਉਨ੍ਹਾਂ ਕਿਹਾ ਕਿ ਜਦੋਂ ਦੀ ਸੱਤਾਧਾਰੀ ਪਾਰਟੀ ਪੰਜਾਬ ਵਿੱਚ ਆਈ ਹੈ, ਉਦੋਂ ਤੋਂ ਹੀ ਪੰਜਾਬ ਪਿੱਛੇ ਵੱਲ ਨੂੰ ਜਾ ਰਿਹਾ ਹੈ ਅਤੇ ਰੋਜ਼ਾਨਾ ਕੋਈ ਨਾ ਕੋਈ ਘਟਨਾ ਵਾਪਰ ਰਹੀ ਹੈ ਤੇ ਆਮ ਆਦਮੀ ਪਾਰਟੀ ਵੱਲੋਂ ਲੋਕਾਂ ਨਾਲ ਝੂਠੇ ਵਾਅਦੇ ਕਰਕੇ ਲੋਕਾਂ ਨੂੰ ਗੁੰਮਰਾਹ ਕੀਤਾ ਜਾ ਰਿਹਾ ਹੈ। ਆਗੂਆਂ ਵੱਲੋਂ ਕਾਂਗਰਸ ਪਾਰਟੀ ਨੂੰ ਬੂਥ ਲੈਵਲ 'ਤੇ ਮਜ਼ਬੂਤ ਕਰਨ ਲਈ ਅਹਿਮ ਵਿਚਾਰਾਂ ਕੀਤੀਆਂ ਗਈਆਂ ਅਤੇ ਕਿਹਾ ਕਿ ਕਾਂਗਰਸ ਪਾਰਟੀ ਹੀ ਪੰਜਾਬ ਨੂੰ ਮੁੜ ਲੀਹਾਂ 'ਤੇ ਲਿਆ ਸਕਦੀ ਹੈ।ਆਗੂਆਂ ਨੇ ਕਿਹਾ ਕਿ ਲੋਕਾਂ ਦਾ ਹੁਣ ਆਮ ਆਦਮੀ ਪਾਰਟੀ ਤੋਂ ਮੋਹ ਭੰਗ ਹੋ ਚੁੱਕਿਆ ਹੈ ਤੇ ਲੋਕ ਪਾਰਟੀ ਨੂੰ ਚੱਲਦਾ ਕਰਨ ਲਈ ਕਾਹਲੇ ਹਨ ਤੇ ਕਾਂਗਰਸ ਪਾਰਟੀ ਦੀ ਸਰਕਾਰ ਬਣਾਉਣ ਨੂੰ ਉਤਾਵਲੇ ਹਨ।ਉਨ੍ਹਾਂ ਕਿਹਾ ਕਿ ਪੰਜਾਬ ਦੀਆਂ ਆਗਾਮੀ ਵਿਧਾਨ ਸਭਾ ਚੋਣਾਂ ਵਿੱਚ ਕਾਂਗਰਸ ਪਾਰਟੀ ਨੂੰ ਆਮ ਲੋਕ ਆਪਣਾ ਸਮਰਥਨ ਦੇਣ ਤਾਂ ਜੁ ਪੰਜਾਬ ਵਿੱਚ ਕਾਂਗਰਸ ਪਾਰਟੀ ਦੀ ਸਰਕਾਰ ਬਣ ਸਕੇ ਅਤੇ ਪੰਜਾਬ ਨੂੰ ਮੁੜ ਰੰਗਲਾ ਪੰਜਾਬ ਬਣਾਇਆ ਜਾਵੇ।

# ਕ੍ਰਿਕਟ ਮੁਕਾਬਲਾ ਬਣਿਆ ਭਾਈਚਾਰੇ ਦਾ ਮਾਧਿਅਮ, ਨਿਰੰਕਾਰੀ ਨੌਜਵਾਨਾਂ ਨੇ ਮਿਸਾਲ ਕਾਇਮ ਕੀਤੀ




**ਸਮਾਣਾ (ਇਕਬਾਲ ਸਿੰਘ ਬੱਲ)**
26ਵਾਂ ਬਾਬਾ ਗੁਰਬਚਨ ਸਿੰਘ ਯਾਦਗਾਰੀ ਕ੍ਰਿਕਟ ਟੂਰਨਾਮੈਂਟ ਸੰਤ ਨਿਰੰਕਾਰੀ ਅਧਿਆਤਮਿਕ ਸਥਾਨ, ਸਮਾਲਖਾ (ਹਰਿਆਣਾ) ਵਿਖੇ ਬਹੁਤ ਖੁਸ਼ੀ ਨਾਲ ਸਮਾਪਤ ਹੋਇਆ।ਫਰਵਰੀ ਵਿੱਚ ਉਦਘਾਟਨ ਕੀਤੇ ਗਏ ਇਸ ਟੂਰਨਾਮੈਂਟ ਵਿੱਚ ਦੇਸ਼ ਭਰ ਦੇ ਵੱਖ-ਵੱਖ ਰਾਜਾਂ ਤੋਂ ਚੁਣੀਆਂ ਗਈਆਂ 24 ਟੀਮਾਂ ਸ਼ਾਮਲ ਹੋਈਆਂ, ਜਿਨ੍ਹਾਂ ਨੇ ਸ਼ਾਨਦਾਰ ਖੇਡ ਪ੍ਰਤਿਭਾ ਦੇ ਨਾਲ-ਨਾਲ ਆਪਸੀ ਭਾਈਚਾਰੇ ਅਤੇ ਅਨੁਸ਼ਾਸਨ ਦੀ ਭਾਵਨਾ ਦਾ ਪ੍ਰਦਰਸ਼ਨ ਕੀਤਾ। ਨੌਜਵਾਨ ਖਿਡਾਰੀਆਂ ਨੇ ਬਹੁਤ ਉਤਸ਼ਾਹ, ਸਮਰਪਣ ਅਤੇ ਖੇਡ ਭਾਵਨਾ ਨਾਲ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕੀਤਾ।ਖੇਡਾਂ ਰਾਹੀਂ ਉਨ੍ਹਾਂ ਨੇ ਸਹਿਯੋਗ, ਸਹਿਣਸ਼ੀਲਤਾ, ਮਾਣ ਅਤੇ ਆਪਸੀ ਸਤਿਕਾਰ ਵਰਗੇ ਜੀਵਨ ਮੁੱਲਾਂ ਦਾ ਅਭਿਆਸ ਕਰਕੇ ਨਿਰੰਕਾਰੀ ਮਿਸ਼ਨ ਦੀਆਂ ਸਿੱਖਿਆਵਾਂ ਨੂੰ ਮੂਰਤੀਮਾਨ ਕੀਤਾ। 10 ਮਾਰਚ ਨੂੰ ਖੇਡੇ ਗਏ ਕ੍ਰਿਕਟ ਫਾਈਨਲ ਵਿੱਚ ਫਿਰੋਜ਼ਪੁਰ (ਪੰਜਾਬ) ਅਤੇ ਸ੍ਰੀ ਗੰਗਾਨਗਰ (ਰਾਜਸਥਾਨ) ਦੀਆਂ ਸਰਵੋਤਮ ਟੀਮਾਂ ਵਿਚਕਾਰ ਇੱਕ ਰੋਮਾਂਚਕ ਮੁਕਾਬਲਾ ਹੋਇਆ।

ਜੇਤੂ ਟੀਮ ਸ੍ਰੀ ਗੰਗਾਨਗਰ (ਰਾਜਸਥਾਨ) ਨੇ ਸ਼ਾਨਦਾਰ ਪ੍ਰਦਰਸ਼ਨ ਕੀਤਾ ਅਤੇ ਟਰਾਫੀ ਜਿੱਤੀ।ਟੂਰਨਾਮੈਂਟ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲੇ ਖਿਡਾਰੀ ਸੋਨੂੰ ਰਾਜਪੂਤ (ਸ੍ਰੀ ਗੰਗਾਨਗਰ) ਨੂੰ 'ਮੈਨ ਆਫ ਦਿ ਮੈਚ' ਪੁਰਸਕਾਰ ਨਾਲ ਵੀ ਸਨਮਾਨਤ ਕੀਤਾ ਗਿਆ।ਮੁਕਾਬਲੇ ਦੌਰਾਨ ਸਾਰੇ ਭਾਗੀਦਾਰਾਂ ਨੂੰ ਉਨ੍ਹਾਂ ਦੇ ਸ਼ਾਨਦਾਰ ਪ੍ਰਦਰਸ਼ਨ ਲਈ ਸਰਟੀਫਿਕੇਟ ਦੇ ਕੇ ਸਨਮਾਨਤ ਕੀਤਾ ਗਿਆ।ਇਸ ਤੋਂ ਇਲਾਵਾ ਨੌਜਵਾਨਾਂ ਲਈ ਹਰ ਸ਼ਾਮ ਇੱਕ ਸਤਿਸੰਗ ਪ੍ਰੋਗਰਾਮ ਆਯੋਜਤ ਕੀਤਾ ਗਿਆ, ਜਿਸਦਾ ਉਦੇਸ਼ ਉਨ੍ਹਾਂ ਦੀ ਸਰੀਰਕ ਤਾਕਤ ਨੂੰ ਮਜ਼ਬੂਤ ਕਰਨਾ ਸੀ ਅਤੇ ਨਾਲ ਹੀ ਉਨ੍ਹਾਂ ਨੂੰ ਅਧਿਆਤਮਿਕ ਜਾਗਰੂਕਤਾ, ਸਕਾਰਾਤਮਕ ਸੋਚ ਤੇ ਮਾਨਸਿਕ ਸ਼ਾਂਤੀ ਵੱਲ ਪ੍ਰੇਰਿਤ ਕਰਨਾ ਸੀ।ਸਮਾਪਤੀ ਸਮਾਰੋਹ ਵਿੱਚ ਸੰਤ ਨਿਰੰਕਾਰੀ ਮੰਡਲ ਦੇ ਪ੍ਰਚਾਰ ਵਿਭਾਗ ਦੇ ਮੈਂਬਰ ਇੰਚਾਰਜ ਸ੍ਰੀ ਰਾਕੇਸ਼ ਮੁਟਰੇਜਾ ਨੇ ਜੇਤੂ ਟੀਮ ਨੂੰ ਟਰਾਫੀ ਦੇ ਕੇ ਸਨਮਾਨਤ ਕੀਤਾ।ਉਨ੍ਹਾਂ ਅੱਗੇ ਕਿਹਾ ਕਿ ਇਹ ਟੂਰਨਾਮੈਂਟ ਬਾਬਾ ਗੁਰਬਚਨ ਸਿੰਘ ਨੂੰ ਸਮਰਪਤ ਹੈ, ਜੋ ਲੁਧਿਆਣਾ ਵਿੱਚ ਬਾਬਾ ਹਰਦੇਵ ਸਿੰਘ ਮਹਾਰਾਜ ਦੀ ਕਿਰਪਾ ਨਾਲ ਸ਼ੁਰੂ ਹੋਇਆ ਸੀ ਅਤੇ ਹੁਣ ਹਰ ਸਾਲ ਸਤਿਗੁਰੂ ਮਾਤਾ ਜੀ ਅਤੇ ਨਿਰੰਕਾਰੀ ਰਾਜਪਿਤਾ ਜੀ ਦੇ ਆਸ਼ੀਰਵਾਦ ਨਾਲ ਆਯੋਜਤ ਕੀਤਾ ਜਾਂਦਾ ਹੈ।

ਉਨ੍ਹਾਂ ਗੰਗਾਨਗਰ, ਫਿਰੋਜ਼ਪੁਰ, ਜੈਪੁਰ ਅਤੇ ਭੀਲਵਾੜਾ ਦੀਆਂ ਟੀਮਾਂ ਸਮੇਤ ਸਾਰੀਆਂ 24 ਟੀਮਾਂ ਨੂੰ ਆਪਣੀਆਂ ਸ਼ੁਭਕਾਮਨਾਵਾਂ ਦਿੱਤੀਆਂ ਤੇ ਸਥਾਨ 'ਤੇ ਮੌਜੂਦ ਸਾਰੇ ਸੰਤਾਂ ਦਾ ਧੰਨਵਾਦ ਕੀਤਾ।

# ਪੈਨਸ਼ਨਰਾਂ ਤੇ ਮੁਲਾਜ਼ਮਾਂ ਨੂੰ ਬਜਟ 'ਚ ਕੁਝ ਨਾ ਦੇਣ ਦੀ ਨਿਖੇਧੀ



**ਸੰਗਰੂਰ (ਪ੍ਰਵੀਨ ਸਿੰਘ)**
ਖੁਰਾਕ ਤੇ ਸਪਲਾਈ ਵਿਭਾਗ ਵਿੱਚੋਂ ਸੇਵਾਮੁਕਤ ਹੋਏ ਅਧਿਕਾਰੀਆਂ ਤੇ ਕ੍ਰਮਚਾਰੀਆਂ ਦੀ ਸੰਸਥਾ ਖੁਰਾਕ ਅਤੇ ਰਿਟਾਇਰਡ ਇੰਪਲਾਈਜ ਵੈਲਫੇਅਰ ਐਸੋਸੀਏਸ਼ਨ (ਫਸਰੇਵਾ) ਦੇ ਪ੍ਰਮੁੱਖ ਆਗੂਆਂ ਸੂਬਾਈ ਪੈਨਸ਼ਨਰ ਆਗੂ ਰਾਜ ਕੁਮਾਰ ਅਰੋੜਾ, ਐਸੋਸੀਏਸ਼ਨ ਦੇ ਪ੍ਰਧਾਨ ਚਰਨਜੀਤ ਸਿੰਘ ਕੈਂਥ, ਜਗਦੇਵ ਸਿੰਘ ਖੰਡੇਬਾਦ, ਲਾਲ ਚੰਦ ਸੈਣੀ, ਵਿੱਤ ਸਕੱਤਰ ਪ੍ਰੇਮ ਸਿੰਘ ਖੁਰਾਨਾ ਨੇ ਪੰਜਾਬ ਸਰਕਾਰ ਵੱਲੋਂ 8 ਮਾਰਚ ਨੂੰ ਪੇਸ਼ ਕੀਤੇ ਬਜਟ ਵਿੱਚ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀਆਂ ਮੰਗਾਂ ਸੰਬੰਧੀ ਧਾਰੀ ਚੁੱਪ ਅਤੇ ਕੋਈ ਵੀ ਸਹੂਲਤ ਨਾ ਦੇਣ ਕਾਰਨ ਇਸ ਬਜਟ ਦੀ ਨਿਖੇਧੀ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਆਪਣੇ ਇਸ ਆਖਰੀ ਬਜਟ ਵਿੱਚ ਮੁਲਾਜ਼ਮਾਂ ਤੇ ਪੈਨਸ਼ਨਰਾਂ ਨੂੰ 16 ਫੀਸਦੀ ਮਹਿੰਗਾਈ ਭੱਤੇ ਦੀਆਂ ਕਿਸ਼ਤਾਂ ਦੇ ਬਕਾਏ ਸੰਬੰਧੀ, ਪੈਨਸ਼ਨਰਾਂ ਨੂੰ 2.59 ਗੁਣਾਂਕ ਨਾਲ ਪੈਨਸ਼ਨ ਸੋਧਣ ਸੰਬੰਧੀ, ਮੈਡੀਕਲ ਭੱਤੇ ਵਿੱਚ ਵਾਧਾ, ਪੁਰਾਣੀ ਪੈਨਸ਼ਨ ਬਹਾਲ ਕਰਨ ਸੰਬੰਧੀ ਕੋਈ ਵੀ ਗੱਲ ਨਹੀਂ ਕੀਤੀ ਗਈ, ਜਿਸ ਕਾਰਨ ਸੂਬੇ ਦੇ ਸਮੁੱਚੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ।

ਰਾਜ ਕੁਮਾਰ ਅਰੋੜਾ ਨੇ ਕਿਹਾ ਕਿ ਫਸਰੇਵਾ ਦੀ ਅਹਿਮ ਮੀਟਿੰਗ 13 ਮਾਰਚ ਨੂੰ ਸਵੇਰੇ 11 ਵਜੇ ਪੂਨੀਆ ਟਾਵਰ ਧੂਰੀ ਰੋਡ ਵਿਖੇ ਸੱਦ ਲਈ ਗਈ ਹੈ, ਜਿਸ ਵਿੱਚ ਪੈਨਸ਼ਨਰਾਂ ਦੇ ਮਸਲੇ ਅਤੇ ਮੰਗਾਂ 'ਤੇ ਵਿਚਾਰ ਕੀਤਾ ਜਾਵੇਗਾ ਅਤੇ ਐਸੋਸੀਏਸ਼ਨ ਦੀ ਨਵੀ ਕਾਰਜਕਾਰਨੀ ਦਾ ਗਠਨ ਵੀ ਕੀਤਾ ਜਾਵੇਗਾ।

# ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ ਆਰਥਿਕ ਮਜ਼ਬੂਤੀ ਵੱਲ ਇਤਿਹਾਸਕ ਕਦਮ : ਮਹਿਤਾ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**
ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਔਰਤਾਂ ਦੇ ਸਨਮਾਨ, ਆਰਥਿਕ ਮਜ਼ਬੂਤੀ ਅਤੇ ਸਮਾਜਿਕ ਸੁਰੱਖਿਆ ਲਈ ਅਹਿਮ ਤੇ ਇਤਿਹਾਸਕ ਕਦਮ ਚੁੱਕਦਿਆਂ ਸੂਬੇ ਦੀਆਂ ਮਹਿਲਾਵਾਂ ਲਈ ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ ਲਾਗੂ ਕੀਤੀ ਹੈ।ਇਹ ਪ੍ਰਗਟਾਵਾ ਜ਼ਿਲ੍ਹਾ ਯੋਜਨਾ ਕਮੇਟੀ ਦੇ ਚੇਅਰਮੈਨ ਅਤੇ ਆਮ ਆਦਮੀ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ (ਸ਼ਹਿਰੀ) ਤੇਜਿੰਦਰ ਮਹਿਤਾ ਅਤੇ ਇੰਪਰੂਵਮੈਂਟ ਟਰੱਸਟ ਪਟਿਆਲਾ ਦੇ ਚੇਅਰਮੈਨ ਅਤੇ ਆਮ ਆਦਮੀ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ (ਦਿਹਾਤੀ) ਹਰਪਾਲ ਸਿੰਘ ਵਿਰਕ ਨੇ ਮੀਡੀਆ ਨਾਲ ਗੱਲਬਾਤ ਕਰਦਿਆਂ ਕੀਤਾ।

ਉਨ੍ਹਾਂ ਨਾਲ ਮੌਜੂਦ 'ਆਪ' ਦੇ ਮਹਿਲਾ ਵਿੰਗ ਦੀ ਜ਼ੋਨ ਇੰਚਾਰਜ ਵੀਰਪਾਲ ਕੌਰ ਚਹਿਲ, ਜ਼ਿਲ੍ਹਾ ਪ੍ਰਧਾਨ (ਸ਼ਹਿਰੀ) ਆਰਤੀ ਗੁਪਤਾ ਤੇ ਮਹਿਲਾ ਵਿੰਗ ਦੀ ਜ਼ਿਲ੍ਹਾ ਪ੍ਰਧਾਨ (ਦਿਹਾਤੀ) ਮੁਕਤਾ ਗੁਪਤਾ, ਹਲਕਾ ਇੰਚਾਰਜ ਮਨਜੀਤ ਕੌਰ ਤੇ ਰੂਬੀ ਭਾਟੀਆ, ਹਲਕਾ ਕੁਆਰਡੀਨੇਟਰ ਜਤਿੰਦਰ ਕੌਰ ਐਸਕੇ ਨੇ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ ਨੇ ਔਰਤਾਂ ਦਾ ਉਨ੍ਹਾਂ ਦੇ ਪਰਵਾਰਾਂ ਤੇ ਸਮਾਜ ਵਿੱਚ ਸਨਮਾਨ ਵਧਾਇਆ ਹੈ।

ਸਾਰੇ ਆਗੂਆਂ ਨੇ ਇੱਕੋ ਅਵਾਜ ਵਿੱਚ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਹਮੇਸ਼ਾ ਮਹਿਲਾਵਾਂ ਦੇ ਸਨਮਾਨ ਅਤੇ ਉਨ੍ਹਾਂ ਦੀ ਤਰੱਕੀ ਨੂੰ ਪਹਿਲ ਦਿੱਤੀ ਹੈ।ਉਨ੍ਹਾਂ ਕਿਹਾ ਕਿ ਇਹ ਯੋਜਨਾ ਨਾ ਸਿਰਫ਼ ਮਹਿਲਾਵਾਂ ਨੂੰ ਆਰਥਿਕ ਤੌਰ 'ਤੇ ਮਜ਼ਬੂਤ ਕਰੇਗੀ, ਸਗੋਂ ਪਰਵਾਰ ਅਤੇ ਸਮਾਜ ਵਿੱਚ ਉਨ੍ਹਾਂ ਦੀ ਭੂਮਿਕਾ ਨੂੰ ਹੋਰ ਮਜ਼ਬੂਤ ਬਣਾਏਗੀ।




ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਲੋਕਾਂ ਨਾਲ ਕੀਤੇ ਵਾਅਦਿਆਂ ਨੂੰ ਪੂਰਾ ਕਰ ਰਹੀ ਹੈ ਤੇ ਇਹ ਯੋਜਨਾ ਵੀ ਚੋਣਾਂ ਦੌਰਾਨ ਦਿੱਤੀ ਗਈ ਇੱਕ ਮਹੱਤਵਪੂਰਨ ਗਰੰਟੀ ਨੂੰ ਪੂਰਾ ਕਰਨ ਵੱਲ ਵੱਡਾ ਕਦਮ ਹੈ।ਤੇਜਿੰਦਰ ਮਹਿਤਾ ਤੇ ਹਰਪਾਲ ਸਿੰਘ ਵਿਰਕ ਨੇ ਇਸ ਯੋਜਨਾ ਨੂੰ ਇੱਕ ਵੱਡਾ ਅਤੇ ਇਤਿਹਾਸਕ ਕਦਮ ਕਰਾਰ ਦਿੰਦਿਆਂ ਦੱਸਿਆ ਕਿ ਇਹ ਯੋਜਨਾ ਪੰਜਾਬ ਸਰਕਾਰ ਦੇ ਬਜਟ 2026-27 ਵਿੱਚ ਐਲਾਨੀ ਗਈ ਹੈ ਅਤੇ ਇਸ ਲਈ ਲਗਭਗ 9,300 ਕਰੋੜ ਰੁਪਏ ਦਾ ਪ੍ਰਬੰਧ ਕੀਤਾ ਗਿਆ ਹੈ।ਉਨ੍ਹਾਂ ਦੱਸਿਆ ਕਿ ਇਸ ਯੋਜਨਾ ਤਹਿਤ 18 ਸਾਲ ਤੋਂ ਵੱਧ ਉਮਰ ਦੀਆਂ ਮਹਿਲਾਵਾਂ ਨੂੰ ਪ੍ਰਤੀ ਮਹੀਨਾ 1000 ਰੁਪਏ ਦੀ ਆਰਥਿਕ ਸਹਾਇਤਾ ਦਿੱਤੀ ਜਾਵੇਗੀ, ਜਦਕਿ ਅਨੁਸੂਚਿਤ ਜਾਤੀ ਨਾਲ ਸਬੰਧਿਤ ਮਹਿਲਾਵਾਂ ਨੂੰ ਪ੍ਰਤੀ ਮਹੀਨਾ 1500 ਰੁਪਏ ਦਿੱਤੇ ਜਾਣਗੇ।ਆਗੂਆਂ ਨੇ ਦੱਸਿਆ ਕਿ ਇਸ ਯੋਜਨਾ ਦੇ ਦਾਇਰੇ ਵਿੱਚ ਪੰਜਾਬ ਦੀ ਲਗਭਗ 97 ਫੀਸਦੀ ਬਾਲਗ ਮਹਿਲਾਵਾਂ ਨੂੰ ਲਾਭ ਮਿਲੇਗਾ, ਜਿਸ ਨਾਲ ਸੂਬੇ ਦੀਆਂ ਲੱਖਾਂ ਮਹਿਲਾਵਾਂ ਦੀ ਆਰਥਿਕ ਹਾਲਤ ਮਜ਼ਬੂਤ ਹੋਵੇਗੀ ਅਤੇ ਉਹ ਆਪਣੇ ਘਰਾਂ ਦੇ ਖਰਚਾਂ ਵਿੱਚ ਵੀ ਯੋਗਦਾਨ ਪਾ ਸਕਣਗੀਆਂ।ਵੀਰਪਾਲ ਕੌਰ ਚਹਿਲ, ਆਰਤੀ ਗੁਪਤਾ, ਮੁਕਤਾ ਗੁਪਤਾ, ਮਨਜੀਤ ਕੌਰ, ਰੂਬੀ ਭਾਟੀਆ ਅਤੇ ਜਤਿੰਦਰ ਕੌਰ ਐਸਕੇ ਨੇ ਕਿਹਾ ਕਿ ਇਸ ਯੋਜਨਾ ਨਾਲ ਮਹਿਲਾਵਾਂ ਵਿੱਚ ਆਤਮ-ਵਿਸ਼ਵਾਸ ਵਧੇਗਾ।

# ਔਰਤਾਂ ਨੂੰ ਨਿਸ਼ਾਨਾ ਬਣਾ ਕੇ ਪੈਸੇ ਵਸੂਲਣ ਵਾਲੇ ਸਾਈਬਰ ਧੋਖਾਧੜੀ ਰੈਕੇਟ ਦਾ ਪਰਦਾ ਫਾਸ਼

**ਚੰਡੀਗੜ੍ਹ, (ਗੁਰਜੀਤ ਬਿੱਲਾ)**- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਪੰਜਾਬ ਨੂੰ ਸੁਰੱਖਿਅਤ ਸੂਬਾ ਬਣਾਉਣ ਲਈ ਵਿੱਢੀ ਮੁਹਿੰਮ ਦੌਰਾਨ, ਪੰਜਾਬ ਪੁਲਿਸ ਦੇ ਸਟੇਟ ਸਾਈਬਰ ਕ੍ਰਾਈਮ ਡਿਵੀਜ਼ਨ ਨੇ ਤਿੰਨ ਵਿਅਕਤੀਆਂ ਨੂੰ ਗ੍ਰਿਫ਼ਤਾਰ ਕਰਕੇ ਸੋਸ਼ਲ ਮੀਡੀਆ 'ਤੇ ਔਰਤਾਂ ਬਣ ਕੇ

**● 3.49 ਲੱਖ ਰੁਪਏ, 500 ਡਾਲਰ ਸਮੇਤ ਤਿੰਨ ਕਾਬੂ : ਗੌਰਵ ਯਾਦਵ**

ਅਣਜਾਣ ਪੀੜਤਾਂ ਨਾਲ ਧੋਖਾਧੜੀ ਕਰਨ ਅਤੇ ਉਨ੍ਹਾਂ ਤੋਂ ਪੈਸੇ ਵਸੂਲਣ ਵਾਲੇ ਅੰਤਰ-ਰਾਜੀ ਰੈਕੇਟ ਦਾ ਪਰਦਾਫਾਸ਼ ਕੀਤਾ ਹੈ। ਇਹ ਜਾਣਕਾਰੀ ਇੱਥੇ ਡਾਇਰੈਕਟਰ ਜਨਰਲ ਆਫ ਪੁਲਿਸ (ਡੀ ਜੀ ਪੀ) ਪੰਜਾਬ ਗੌਰਵ ਯਾਦਵ ਨੇ ਦਿੱਤੀ। ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਅਭਿਸ਼ੇਕ ਭਾਰਗਵ, ਆਕਾਸ਼ ਭਾਰਗਵ ਉਰਫ਼ ਅਮਨ ਅਤੇ ਲੱਕੀ ਭਾਰਗਵ ਤਿੰਨੋਂ ਵਾਸੀ ਝੁੰਝੁਨੂ, ਰਾਜਸਥਾਨ ਵਜੋਂ ਹੋਈ ਹੈ ਜੋ ਤਿੰਨੋ ਭਰਾ ਹਨ ਤੇ ਮੌਜੂਦਾ ਸਮੇਂ ਇਹ ਸੈਕਟਰ 70, ਐਸ ਏ ਐਸ ਨਗਰ (ਮੋਹਾਲੀ) ਵਿਖੇ ਰਹਿ ਰਹੇ ਸਨ। ਪੁਲਿਸ ਟੀਮਾਂ ਨੇ ਉਨ੍ਹਾਂ ਦੇ ਕਬਜ਼ੇ ਵਿੱਚੋਂ 3.49 ਲੱਖ ਰੁਪਏ ਦੀ ਨਕਦੀ, 500 ਅਮਰੀਕੀ ਡਾਲਰ, 29 ਮੋਬਾਈਲ ਫੋਨ, ਇੱਕ ਲੈਪਟਾਪ, ਇੱਕ ਡੌਂਗਲ, ਇੱਕ ਟੈਬਲੇਟ ਅਤੇ ਮੋਬਾਈਲ ਫੋਨਾਂ ਦੇ 38 ਖਾਲੀ ਡੱਬੇ ਬਰਾਮਦ ਕੀਤੇ ਹਨ। ਡੀ ਜੀ ਪੀ ਗੌਰਵ ਯਾਦਵ ਨੇ ਦੱਸਿਆ ਕਿ ਮੁਲਜ਼ਮਾਂ ਨੇ ਇੰਸਟਾਗ੍ਰਾਮ ਅਤੇ ਵਟਸਐਪ ਵਰਗੇ ਸੋਸ਼ਲ ਮੀਡੀਆ ਪਲੇਟਫਾਰਮਾਂ 'ਤੇ ਔਰਤਾਂ ਬਣਕੇ ਫਰਜ਼ੀ ਪ੍ਰੋਫਾਈਲ ਬਣਾਏ ਹੋਏ ਸਨ ਅਤੇ ਇਹਨਾਂ ਰਾਹੀਂ



ਆਪਣੇ ਟਾਰਗੇਟ ਨਾਲ ਸੰਪਰਕ ਕਰਦੇ ਸਨ। ਉਨ੍ਹਾਂ ਦੱਸਿਆ, ਦੋਸ਼ੀ ਆਪਣੇ ਟਾਰਗੇਟ, ਖਾਸ ਕਰਕੇ ਔਰਤਾਂ ਦਾ ਵਿਸ਼ਵਾਸ ਜਿੱਤਣ ਲਈ ਔਰਤਾਂ ਵਰਗੀ ਆਵਾਜ਼ ਕੱਢਣ ਵਾਸਤੇ ਆਵਾਜ਼ ਬਦਲਣ ਵਾਲੇ ਸਾਫਟਵੇਅਰ ਦੀ ਵਰਤੋਂ ਕਰਦੇ ਸਨ। ਫਿਰ ਉਹ ਪੀੜਤਾਂ ਦੇ ਏ ਆਈ ਦੁਆਰਾ ਤਿਆਰ ਕੀਤੇ ਇਤਰਾਜ਼ਯੋਗ ਵੀਡੀਓ ਸੋਸ਼ਲ ਮੀਡੀਆ 'ਤੇ ਪ੍ਰਸਾਰਿਤ ਕਰਨ ਦੀ ਧਮਕੀ ਦੇ ਕੇ ਪੈਸੇ ਵਸੂਲਦੇ ਸਨ। ਇਸ ਆਪਰੇਸ਼ਨ ਬਾਰੇ ਵੇਰਵੇ ਸਾਂਝੇ ਕਰਦਿਆਂ, ਸਪੈਸ਼ਲ ਡਾਇਰੈਕਟਰ ਜਨਰਲ ਆਫ ਪੁਲਿਸ (ਸਪੈਸ਼ਲ ਡੀਜੀਪੀ) ਸਾਈਬਰ ਕ੍ਰਾਈਮ ਵੀ. ਨੀਰਜਾ ਨੇ ਦੱਸਿਆ ਕਿ ਇੱਕ ਪੀੜਤ ਦੇ ਪਿਤਾ ਦੀ ਸ਼ਿਕਾਇਤ ਤੋਂ ਬਾਅਦ ਇਹ ਮਾਮਲਾ ਦਰਜ ਕੀਤਾ ਗਿਆ ਸੀ। ਦੱਸਣਯੋਗ ਹੈ ਕਿ ਪੀੜਤ ਨਾਲ ਸਾਲ 2023 ਅਤੇ 2025 ਦੇ ਵਿਚਕਾਰ ਉਸ ਸਮੇਂ 3.10 ਲੱਖ ਰੁਪਏ ਦੀ ਠੱਗੀ ਮਾਰੀ ਗਈ ਸੀ, ਜਦੋਂ ਉਹ ਕੈਨੇਡਾ ਵਿੱਚ ਰਹਿ ਰਹੀ ਸੀ। ਸਪੈਸ਼ਲ ਡੀਜੀਪੀ ਨੇ ਦੱਸਿਆ ਕਿ ਐਸ ਪੀ ਜਸਪਿੰਦਰ ਸਿੰਘ ਦੀ ਨਿਗਰਾਨੀ ਹੇਠ ਸਟੇਟ ਸਾਈਬਰ ਕ੍ਰਾਈਮ ਪੁਲਿਸ ਸਟੇਸ਼ਨ ਦੇ ਐਸਐਚਓ ਅਮਨਦੀਪ ਸਿੰਘ ਦੀ ਅਗਵਾਈ ਹੇਠ ਕੀਤੀ ਗਈ ਜਾਂਚ ਤੋਂ ਪਤਾ ਲੱਗਾ ਹੈ ਕਿ ਸਰਗਨਾ ਆਕਾਸ਼ ਭਾਰਗਵ ਨੇ ਦੋ ਸਾਲ ਪਹਿਲਾਂ ਇਹ ਢੰਗ-ਤਰੀਕਾ ਤਿਆਰ ਕੀਤਾ ਸੀ ਜਿਸ ਰਾਹੀਂ ਉਹ ਨਕਲੀ ਸੋਸ਼ਲ ਮੀਡੀਆ ਪ੍ਰੋਫਾਈਲਾਂ ਦੀ ਵਰਤੋਂ ਕਰਕੇ ਮਾਸੂਮ ਲੋਕਾਂ ਨੂੰ ਨਿਸ਼ਾਨਾ ਬਣਾ ਰਹੇ ਸਨ ਤੇ ਨਕਲੀ ਧਾਰਮਿਕ ਗੁਰੂ ਜਾਂ ਜੋਤਸ਼ੀ ਬਣ ਕੇ ਉਨ੍ਹਾਂ ਨਾਲ ਧੋਖਾ ਕਰ ਰਹੇ ਸਨ। ਪੁੱਛਗਿੱਛ ਦੌਰਾਨ, ਮੁਲਜ਼ਮਾਂ ਨੇ ਖੁਲਾਸਾ ਕੀਤਾ ਕਿ ਉਨ੍ਹਾਂ ਨੇ ਇਸ ਢੰਗ ਦੀ ਵਰਤੋਂ ਕਰਕੇ ਲਗਭਗ 40 ਲੱਖ ਰੁਪਏ ਠੱਗੇ ਹਨ।ਉਨ੍ਹਾਂ ਕਿਹਾ ਕਿ ਮਾਮਲਿਆਂ ਵਿੱਚ ਸ਼ਾਮਲ ਹੋਰ ਵਿਅਕਤੀਆਂ ਅਤੇ ਸਾਈਬਰ ਧੋਖਾਧੜੀ ਦਾ ਸ਼ਿਕਾਰ ਬਣੇ ਹੋਰ ਪੀੜਤਾਂ ਦਾ ਪਤਾ ਲਗਾਉਣ ਲਈ ਜਾਂਚ ਜਾਰੀ ਹੈ।ਇਸ ਸਬੰਧੀ ਐਫ ਆਈ ਆਰ ਥਾਣਾ ਸਟੇਟ ਸਾਈਬਰ ਕ੍ਰਾਈਮ, ਮੋਹਾਲੀ ਵਿਖੇ ਦਰਜ ਕੀਤੀ ਗਈ ਹੈ।

# ਮਹਿਲਾਵਾਂ ਦੀ ਸਿਹਤ ਤੇ ਸਸ਼ਕਤੀਕਰਨ ਨਾਲ ਹੀ ਸਮਾਜ ਦੀ ਤਰੱਕੀ ਸੰਭਵ : ਡਾ. ਕਮਲ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਅੰਤਰਰਾਸ਼ਟਰੀ ਮਹਿਲਾ ਦਿਵਸ ਦੇ ਮੌਕੇ 'ਤੇ ਸਿਵਲ ਸਰਜਨ ਹੁਸ਼ਿਆਰਪੁਰ ਡਾ. ਮਨਦੀਪ ਕਮਲ ਨੇ ਜ਼ਿਲ੍ਹਾ ਵਾਸੀਆਂ ਨੂੰ ਸੰਦੇਸ਼ ਦਿੰਦਿਆਂ ਕਿਹਾ ਕਿ ਮਹਿਲਾਵਾਂ ਸਮਾਜ ਦੀ ਮਜ਼ਬੂਤ ਨੀਂਹ ਹਨ ਅਤੇ ਹਰ ਖੇਤਰ ਵਿੱਚ ਆਪਣੀ ਯੋਗਤਾ, ਮਿਹਨਤ ਅਤੇ ਸਮਰਪਣ ਨਾਲ ਮਹੱਤਵਪੂਰਨ ਯੋਗਦਾਨ ਪਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਅੱਜ ਦੇ ਸਮੇਂ ਵਿੱਚ ਮਹਿਲਾਵਾਂ ਸਿੱਖਿਆ, ਸਿਹਤ, ਵਿਗਿਆਨ, ਪ੍ਰਸ਼ਾਸਨ, ਖੇਡਾਂ ਅਤੇ ਸਮਾਜ ਸੇਵਾ ਸਮੇਤ ਹਰ ਖੇਤਰ ਵਿੱਚ ਅਹਿਮ ਭੂਮਿਕਾ ਨਿਭਾ ਰਹੀਆਂ ਹਨ। ਅੰਤਰਰਾਸ਼ਟਰੀ ਮਹਿਲਾ ਦਿਵਸ ਸਾਨੂੰ ਇਹ ਮੌਕਾ ਦਿੰਦਾ ਹੈ ਕਿ ਅਸੀਂ ਮਹਿਲਾਵਾਂ ਦੇ ਅਧਿਕਾਰਾਂ, ਸਨਮਾਨ ਅਤੇ ਸਿਹਤ ਪ੍ਰਤੀ ਜਾਗਰੂਕਤਾ ਫੈਲਾਈਏ। ਉਨ੍ਹਾਂ ਕਿਹਾ ਕਿ ਸਿਹਤ ਵਿਭਾਗ ਵੱਲੋਂ ਮਹਿਲਾਵਾਂ ਦੀ ਸਿਹਤ ਨੂੰ ਧਿਆਨ ਵਿੱਚ ਰੱਖਦਿਆਂ ਕਈ ਮਹੱਤਵਪੂਰਨ ਯੋਜਨਾਵਾਂ ਅਤੇ ਸਿਹਤ ਪ੍ਰੋਗਰਾਮ ਚਲਾਏ ਜਾ ਰਹੇ ਹਨ, ਜਿਵੇਂ ਕਿ ਮਾਤਾ ਅਤੇ ਬੱਚਾ ਸਿਹਤ ਸੇਵਾਵਾਂ, ਗਰਭਵਤੀ ਮਹਿਲਾਵਾਂ ਦੀ ਨਿਯਮਿਤ ਜਾਂਚ, ਟੀਕਾਕਰਨ, ਪੋਸ਼ਣ ਸੰਬੰਧੀ ਸਲਾਹ ਅਤੇ ਕੈਂਸਰ ਦੀ ਸਕ੍ਰੀਨਿੰਗ ਆਦਿ। ਉਨ੍ਹਾਂ ਦੱਸਿਆ ਕਿ ਇਨ੍ਹਾਂ ਯੋਜਨਾਵਾਂ



ਦਾ ਮੁੱਖ ਉਦੇਸ਼ ਮਹਿਲਾਵਾਂ ਨੂੰ ਸਿਹਤਮੰਦ ਜੀਵਨ ਪ੍ਰਦਾਨ ਕਰਨਾ ਅਤੇ ਉਨ੍ਹਾਂ ਨੂੰ ਬਿਮਾਰੀਆਂ ਤੋਂ ਬਚਾਉਣਾ ਹੈ।ਉਨ੍ਹਾਂ ਕਿਹਾ ਕਿ ਮਹਿਲਾਵਾਂ ਨੂੰ ਆਪਣੀ ਸਿਹਤ ਪ੍ਰਤੀ ਜਾਗਰੂਕ ਰਹਿਣਾ ਬਹੁਤ ਜ਼ਰੂਰੀ ਹੈ ਅਤੇ ਸਮੇਂ-ਸਮੇਂ 'ਤੇ ਸਿਹਤ ਜਾਂਚ ਕਰਵਾਉਣੀ ਚਾਹੀਦੀ ਹੈ। ਉਨ੍ਹਾਂ ਖਾਸ ਕਰਕੇ ਗਰਭਵਤੀ ਮਹਿਲਾਵਾਂ ਨੂੰ ਸਰਕਾਰੀ ਸਿਹਤ ਸੰਸਥਾਵਾਂ ਵਿੱਚ ਆਪਣੀ ਰਜਿਸਟ੍ਰੇਸ਼ਨ ਕਰਵਾਉਣ ਅਤੇ ਡਾਕਟਰੀ ਸਲਾਹ ਮੁਤਾਬਕ ਜਾਂਚਾਂ ਅਤੇ ਟੀਕਾਕਰਨ ਕਰਵਾਉਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ ਕਿ ਜਦੋਂ ਮਹਿਲਾਵਾਂ ਸਿਹਤਮੰਦ, ਸਿੱਖਿਆਯੁਕਤ ਅਤੇ ਸਸ਼ਕਤ ਹੋਣਗੀਆਂ ਤਾਂ ਹੀ ਸਮਾਜ ਅਤੇ ਦੇਸ਼ ਦੀ ਤਰੱਕੀ ਸੰਭਵ ਹੈ।ਉਨ੍ਹਾਂ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਕਿ ਮਹਿਲਾਵਾਂ ਦੀ ਸਿਹਤ ਅਤੇ ਭਲਾਈ ਲਈ ਜਾਗਰੂਕਤਾ ਫੈਲਾਉਣ ਅਤੇ ਉਨ੍ਹਾਂ ਨੂੰ ਸਮਾਜ ਵਿੱਚ ਸਮਾਨ ਮੌਕੇ ਅਤੇ ਸਨਮਾਨ ਦੇਣ ਲਈ ਸਹਿਯੋਗ ਦਿੱਤਾ ਜਾਵੇ।

# ਗੈਂਗਸਟਰਾਂ ਨੂੰ ਅਪਰਾਧ ਤੋਂ ਪਹਿਲਾਂ ਹੀ ਨਾਕਾਮ ਕਰਨ ਵਿੱਚ ਕੰਮ ਕਰਦਾ ਹੈ ਪੰਜਾਬ ਪੁਲਸ ਦਾ ਵਾਰ ਰੂਮ

**ਚੰਡੀਗੜ੍ਹ, (ਗੁਰਜੀਤ ਬਿੱਲਾ)**- ਪੰਜਾਬ ਪੁਲਿਸ ਦਾ ਵਾਰ ਰੂਮ ਕਾਲ ਰਿਕਾਰਡਾਂ, ਡਿਜੀਟਲ ਨਕਸ਼ਿਆਂ ਅਤੇ ਖੁਫੀਆ ਜਾਣਕਾਰੀ ਬਾਰੇ ਸੂਚਨਾਵਾਂ ਨਾਲ ਹਰ ਸਮੇਂ ਕਾਰਜਸ਼ੀਲ ਰਹਿੰਦਾ ਹੈ। ਸੂਬੇ ਭਰ ਦੇ ਜ਼ਿਲ੍ਹਿਆਂ ਤੋਂ ਮਿਲਦੇ ਫੀਲਡ ਅਪਡੇਟਸ ਨਾਲ ਫੋਨਾਂ ਦੀਆਂ ਘੰਟੀਆਂ ਖੜਕਦੀਆਂ ਰਹਿੰਦੀਆਂ ਹਨ। ਇਥੇ ਕੰਮ ਕਰਦੇ ਅਧਿਕਾਰੀਆਂ ਲਈ ਇਹ ਸੰਗਠਿਤ ਅਪਰਾਧ ਵਿਰੁੱਧ ਇੱਕ ਸ਼ਾਂਤ ਪਰ ਨਿਰੰਤਰ ਲੜਾਈ ਦਾ ਕੇਂਦਰ ਬਿੰਦੂ ਹੈ- ਜੋ ਗੈਂਗਸਟਰਾਂ ਵੱਲੋਂ ਕਾਰਵਾਈ ਨੂੰ ਅੰਜਾਮ ਦੇਣ ਤੋਂ ਪਹਿਲਾਂ ਹੀ ਇਸ ਨੂੰ ਰੋਕਣ ਦਾ ਟੀਚਾ ਰੱਖਦਾ ਹੈ।ਪਿਛਲੇ ਕੁਝ ਸਾਲਾਂ ਵਿੱਚ ਪੰਜਾਬ ਪੁਲਿਸ ਪ੍ਰਾਪਤ ਹੋਣ ਵਾਲੀ ਖੁਫੀਆ ਜਾਣਕਾਰੀ ਨੂੰ ਤਕਨਾਲੋਜੀ ਨਾਲ ਜੋੜ ਕੇ ਰਾਜਾਂ ਅਤੇ ਇੱਥੋਂ ਤੱਕ ਕਿ ਵਿਦੇਸ਼ਾਂ ਵਿੱਚ ਬੈਠ ਕੇ ਕੰਮ ਕਰਦੇ ਗੈਂਗਸਟਰਾਂ ਦੇ ਨੈਟਵਰਕਾਂ ਨੂੰ ਟਰੈਕ ਕਰਨ ਲਈ ਖੁਫੀਆ ਜਾਣਕਾਰੀ ਅਧਾਰਤ ਪੁਲਿਸਿੰਗ ਵੱਲ ਲਗਾਤਾਰ ਕਦਮ ਵਧਾ ਰਹੀ ਹੈ। ਸੂਬੇ 'ਚ ਸਰਗਰਮ ਜ਼ਿਆਦਾਤਰ ਨਾਮੀ ਗਿਰੋਹ ਹੁਣ ਵਿਕੇਂਦਰੀਕ੍ਰਿਤ ਸੈੱਲਾਂ ਰਾਹੀਂ ਕੰਮ ਕਰਦੇ ਹਨ, ਜਿਸ ਵਿੱਚ ਵਿਦੇਸ਼-ਅਧਾਰਤ ਹੈਂਡਲਰ ਨਿਰਦੇਸ਼ ਜਾਰੀ ਕਰਦੇ ਹਨ ਜਦੋਂ ਕਿ ਸਥਾਨਕ ਕਾਰਕੁੰਨ ਕਾਰਵਾਈ ਨੂੰ ਅੰਜਾਮ ਦਿੰਦੇ ਹਨ।ਇਸ ਵੱਧ ਰਹੇ ਖ਼ਤਰੇ ਦਾ ਮੁਕਾਬਲਾ ਕਰਨ ਲਈ, ਜਾਂਚਕਰਤਾ ਅਧਿਕਾਰੀ/ਕਰਮਚਾਰੀ ਡਿਜੀਟਲ ਸਾਧਨਾਂ ਵੱਲ ਰੁਖ ਕਰ ਰਹੇ ਹਨ ਜੋ ਉਹਨਾਂ ਨੂੰ ਪ੍ਰਾਪਤ ਜਾਣਕਾਰੀ ਦੇ ਆਧਾਰ 'ਤੇ ਖੁਫੀਆ ਕਾਰਵਾਈ ਦੀ ਆਗਿਆ ਦਿੰਦੇ ਹਨ।

# ਰਾਮ ਨੌਮੀ ਸ਼ੋਭਾ ਯਾਤਰਾ 'ਚ ਸ਼ਾਮਿਲ ਹੋਣ ਲਈ ਵੱਖ-ਵੱਖ ਮੰਦਰ ਕਮੇਟੀਆਂ ਨੇ ਦਿੱਤਾ ਭਰੋਸਾ : ਦੀਪਕ ਬਹਿਲ

**ਟਾਂਡਾ ਉੜਮੁੜ (ਜਸਵਿੰਦਰ ਸੰਧੂ ਓਂਕਾਰ ਸਿੰਘ)**- ਰਾਮ ਨੌਮੀ ਤਿਉਹਾਰ ਸਬੰਧੀ ਸਨਾਤਨ ਧਰਮ ਸਭਾ ਉੜਮੁੜ ਟਾਂਡਾ ਦੇ ਪ੍ਰਧਾਨ ਦੀਪਕ ਬਹਿਲ ਦੀ ਅਗਵਾਈ ਵਿੱਚ ਇਲਾਕੇ ਦੀਆਂ ਵੱਖ-ਵਖ ਧਾਰਮਿਕ, ਸਮਾਜਿਕ ਅਤੇ ਸਨਾਤਨੀ ਸੰਗਠਨਾਂ ਤੋਂ ਇਲਾਵਾ ਮੰਦਿਰ ਕਮੇਟੀਆਂ ਦੇ ਸਹਿਯੋਗ ਨਾਲ 24 ਮਾਰਚ ਨੂੰ ਮਹਾਦੇਵ ਮੰਦਿਰ ਉੜਮੁੜ ਟਾਂਡਾ ਤੋਂ ਕੱਢੀ ਜਾ ਰਹੀ ਵਿਸ਼ਾਲ ਅਲੌਕਿਕ ਸ਼ੋਭਾ ਯਾਤਰਾ ਦੀ ਕਾਮਯਾਬੀ ਲਈ ਇੱਕ ਮੁਹਿੰਮ ਸ਼ੁਰੂ ਕੀਤੀ ਗਈ ਹੈ। ਇਸੇ ਮੁਹਿੰਮ ਕੜੀ ਤਹਿਤ ਸਨਾਤਨ ਧਰਮ ਸਭਾ ਉੜਮੁੜ ਦੇ ਪ੍ਰਧਾਨ ਦੀਪਕ ਬਹਿਲ ਆਪਣੇ ਸਾਥੀਆਂ ਸਮੇਤ ਸ਼ਿਵ ਮੰਦਿਰ ਕਮੇਟੀ ਨੂੰ ਸੱਦਾ ਪੱਤਰ ਦੇਣ ਲਈ ਟਾਂਡਾ ਵਿਖੇ ਪਹੁੰਚੇ ਜਿੱਥੇ ਮੰਦਿਰ ਦੇ ਮੁੱਖ ਸੇਵਾਦਾਰ ਸੰਜੀਵ ਕੁਮਾਰ ਸ਼ਰਮਾ ਤੇ ਮੰਦਿਰ ਕਮੇਟੀ ਨੇ ਉਨ੍ਹਾਂ ਦਾ ਭਰਪੂਰ ਸਵਾਗਤ ਕਰਦੇ ਹੋਏ ਉਨ੍ਹਾਂ ਨੂੰ ਜੀ ਆਇਆ ਕਿਹਾ। ਇਸ ਮੌਕੇ ਤੇ ਅਸ਼ੋਕ ਬਹਿਲ, ਸੁਰਿੰਦਰ ਨਈਅਰ, ਮਨੀਸ਼ ਠੇਕੇਦਾਰ, ਮਹੇਸ਼ ਸੋਬਤੀ, ਪੰਡੋਰੀ ਧਾਮ ਸਭਾ ਟਾਂਡਾ ਦੇ ਪ੍ਰਧਾਨ ਡਾ. ਰਕੇਸ਼ ਮੋਹਨ, ਜੀਵਨ ਕੁਮਾਰ ਬਬਲੀ, ਰਣਜੀਤ ਸਿੰਘ ਜੀਤਾ, ਦਿਲਬਾਗ ਰਾਏ, ਸਨਾਤਨ ਧਰਮ ਸਭਾ ਟਾਂਡਾ ਦੇ ਪ੍ਰਧਾਨ ਡਾ. ਵਿਨੋਦ, ਪਵਨ ਚੱਢਾ,





ਰਸ਼ਪਾਲ ਰਾਣਾ, ਸੁਖਦੇਵ ਸ਼ਰਮਾ, ਗਾਇਕ ਲੱਖਾ ਮਲਿਕ ਅਤੇ ਹੋਰ ਹਾਜ਼ਰ ਸਨ। ਹਾਜ਼ਰ ਇਕੱਠ ਨੂੰ ਸੰਬੋਧਨ ਕਰਦੇ ਹੋਏ ਪ੍ਰਧਾਨ ਦੀਪਕ ਬਹਿਲ ਨੇ ਕਿਹਾ ਕਿ 24 ਮਾਰਚ ਨੂੰ ਕੱਢੀ ਜਾ ਰਹੀ ਵਿਸ਼ਾਲ ਅਲੌਕਿਕ ਸ਼ੋਭਾ ਯਾਤਰਾ ਵਿੱਚ ਸ਼ਾਮਿਲ ਹੋਣ ਲਈ ਦੁਸ਼ਹਿਰਾ ਕਮੇਟੀ ਟਾਂਡਾ ਅਤੇ ਇਲਾਕੇ ਦੀਆਂ ਵੱਖ-ਵੱਖ ਰਾਮਲੀਲਾ ਕਮੇਟੀਆਂ ਤੋਂ ਇਲਾਵਾ ਇਲਾਕੇ ਦੀਆਂ ਸਾਰੀਆਂ ਮੰਦਰ ਕਮੇਟੀਆਂ ਨੂੰ ਸੱਦਾ ਪੱਤਰ ਦਿੱਤਾ ਜਾ ਰਿਹਾ ਹੈ ਤਾਂ ਜੋ ਇਸ ਸ਼ੋਭਾ ਯਾਤਰਾ ਦੀ ਸ਼ਾਨ ਵਿੱਚ ਹੋਰ ਵਾਧਾ ਹੋ ਸਕੇ। ਉਨ੍ਹਾਂ ਕਿਹਾ ਕਿ ਇਹ ਸ਼ੋਭਾ ਯਾਤਰਾ ਮਹਾਦੇਵ ਮੰਦਰ ਉੜਮੁੜ ਟਾਂਡਾ ਨਜ਼ਦੀਕ ਹਸਪਤਾਲ ਚੌਕ ਤੋਂ ਚੱਲ ਕੇ ਸ਼ਹਿਰ ਦੇ ਵੱਖ-ਵੱਖ ਚੌਰਾਹਿਆਂ ਅਤੇ ਬਾਜ਼ਾਰਾਂ ਵਿੱਚੋਂ ਹੁੰਦੀ ਹੋਈ ਮੁੜ ਮਹਾਦੇਵ ਮੰਦਰ ਪਹੁੰਚ ਕੇ ਸੰਪੰਨ ਹੋਵੇਗੀ। ਦੀਪਕ ਬਹਿਲ ਨੇ ਕਿਹਾ ਕਿ ਇਸ ਸ਼ੋਭਾ ਯਾਤਰਾ ਵਿੱਚ ਵਿਸ਼ੇਸ਼ ਤੌਰ ਤੇ ਪਹੁੰਚ ਰਹੇ ਪੰਡੋਰੀ ਧਾਮ ਦੇ ਗੱਦੀ ਨਸ਼ੀਨ ਮਹੰਤ ਰਘੁਵੀਰ ਦਾਸ ਜੀ ਮਹਾਰਾਜ ਇਸ ਸ਼ੋਭਾ ਯਾਤਰਾ ਦਾ ਸ਼ੁਭ ਆਰੰਭ ਕਰਨਗੇ। ਉਨ੍ਹਾਂ ਕਿਹਾ ਕਿ ਮਧੂ ਸੂਦਨ ਮਹਾਰਾਜ ਵਰਿੰਦਾਵਨ ਵਾਲਿਆਂ ਤੋਂ ਇਲਾਵਾ ਹੋਰ ਕਈ ਸੰਤ ਮਹਾਂਪੁਰਸ਼ ਇਸ ਸ਼ੋਭਾ ਯਾਤਰਾ ਵਿੱਚ ਪਹੁੰਚ ਰਹੇ ਹਨ। ਉਨ੍ਹਾਂ ਕਿਹਾ ਕਿ ਇਸ ਸ਼ੋਭਾ ਯਾਤਰਾ ਦੀ ਕਾਮਯਾਬੀ ਲਈ ਵੱਖ-ਵੱਖ ਸੰਸਥਾਵਾਂ ਦੀਆਂ ਕਮੇਟੀਆਂ ਦਾ ਗਠਨ ਕਰ ਦਿੱਤਾ ਗਿਆ ਹੈ ਤਾਂ ਜੋ ਸਾਰੀਆਂ ਮੰਦਰ ਕਮੇਟੀਆਂ ਨਾਲ ਸੰਪਰਕ ਕਰਕੇ ਉਨ੍ਹਾਂ ਨੂੰ ਇਸ ਸ਼ੋਭਾ ਯਾਤਰਾ ਵਿੱਚ ਸ਼ਾਮਿਲ ਹੋਣ ਲਈ ਪ੍ਰੇਰਿਤ ਕੀਤਾ ਜਾ ਸਕੇ।

# ਅਕਾਦਮੀ ਅਹੁਦੇਦਾਰਾਂ ਦੀ ਬਿਨਾਂ ਮੁਕਾਬਲਾ ਚੋਣ ਸ਼ਲਾਘਾਯੋਗ : ਸੰਜੀਵਨ ਸਿੰਘ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਪੰਜਾਬੀ ਸਾਹਿਤ ਅਕਾਡਮੀ ਦੇ ਸੀਨੀਅਰ ਮੀਤ ਪ੍ਰਧਾਨ, ਜਨਰਲ ਸਕੱਤਰ, ਮੀਤ ਪ੍ਰਧਾਨਾਂ ਅਤੇ ਪ੍ਰਬੰਧਕੀ ਬੋਰਡ ਦੇ ਮੈਂਬਰਾਂ ਦੀ ਬਿਨਾਂ ਮੁਕਾਬਲਾ ਚੋਣ ਦਾ ਸ਼ਲਾਘਾ ਕਰਦਿਆਂ ਨਾਟਕਕਰਮੀ ਅਤੇ ਇਪਟਾ, ਪੰਜਾਬ ਦੇ ਪ੍ਰਧਾਨ ਸੰਜੀਵਨ ਸਿੰਘ ਨੇ ਅਕਾਡਮੀ ਦੇ ਪ੍ਰਧਾਨ ਦੀ ਚੋਣ ਲੜ ਰਹੇ ਆਲੋਚਕ ਅਤੇ ਵਿਦਵਾਨ ਡਾ. ਸਰਬਜੀਤ ਸਿੰਘ ਦੀ ਹਮਾਇਤ ਵਿਚ ਨਿੱਤਰਦਿਆਂ ਨੇ ਕਿਹਾ ਕਿ ਪਿਛਲੇ ਦੋ ਸਾਲਾਂ ਵਿੱਚ ਡਾ. ਸਰਬਜੀਤ ਸਿੰਘ ਦੀ ਰਹਿਨੁਮਾਈ ਹੇਠ ਅਕਾਡਮੀ ਦੀਆਂ ਸਰਗਮੀਆਂ ਲਗਾਤਾਰਤਾ ਨਾਲ ਜਾਰੀ ਰਹੀਆਂ।ਜਿਨ੍ਹਾਂ ਵਿਚ ਪ੍ਰੋ. ਕਿਸ਼ਨ ਸਿੰਘ ਰਚਨਾਵਲੀ ਦੀਆਂ 17 ਜਿਲਦਾਂ ਸਮੇਤ 22 ਪੁਸਤਕਾਂ ਦਾ ਪ੍ਰਕਾਸ਼ਨ, ਆਲੋਚਨਾ ਮੈਗਜ਼ੀਨ ਨੂੰ ਨਿਰੰਤਰ ਛਾਪ ਕੇ 8 ਅੰਕ ਪ੍ਰਕਾਸ਼ਤ ਕਰਨਾ, ਪੰਜਾਬ, ਹਰਿਆਣਾ ਅਤੇ ਰਾਜਸਥਾਨ ਵਿਚ 20 ਦੇ ਕਰੀਬ ਰਾਸ਼ਟਰੀ ਸੈਮੀਨਾਰ ਕਰਨਾ, ਇਕ ਸੰਵਾਦ: ਇਕ ਪੁਸਤਕ ਲੜੀ ਅਧੀਨ 20 ਤੋਂ ਵੱਧ ਪੁਸਤਕਾਂ ਉਪਰ ਸੈਮੀਨਾਰ ਕਰਨਾ, ਚਾਰ ਰੋਜ਼ਾ ਪੁਸਤਕ ਮੇਲਾ ਉਤਸਵ ਹਰ ਸਾਲ ਕਰਨਾ, ਸਾਲਾਂ ਤੋਂ ਬੰਦ ਪਏ ਬਲਰਾਜ ਸਾਹਨੀ ਓਪਨ ਏਅਰ ਥੀਏਟਰ ਦੀ ਮੁਰੰਮਤ ਕਰਕੇ ਸ਼ਹੀਦ-ਏ-ਆਜ਼ਮ ਭਗਤ ਸਿੰਘ ਸ਼ਹੀਦੀ ਦਿਵਸ ਦੇ ਅਵਸਰ 'ਤੇ ਪੰਜ ਰੋਜ਼ਾ ਨਾਟ ਮੇਲੇ ਦਾ ਆਯੋਜਨ ਕਰਨ ਤੋਂ ਇਲਾਵਾ ਅਕਾਡਮੀ ਵਾਸਤੇ ਕੁਲਤਾਰ ਸਿੰਘ ਸੰਧਵਾ (ਮਾਣਯੋਗ ਸਪੀਕਰ) ਤੋਂ 20 ਲੱਖ ਰੁਪਏ ਅਤੇ ਧਰਮਵੀਰ ਗਾਂਧੀ (ਲੋਕ ਸਭਾ ਮੈਂਬਰ) ਤੋਂ 5 ਲੱਖ ਰੁਪਏ ਵਿੱਤੀ ਮਦਦ ਆਏ।ਲੇਖਕ ਰਿਪੁਦਮਨ ਸਿੰਘ ਰੂਪ, ਇਪਟਾ, ਪੰਜਾਬ ਦੇ ਜਨਰਲ ਸਕੱਤਰ ਇੰਦਰਜੀਤ ਰੂਪੋਵਾਲੀ, ਇਪਟਾ, ਚੰਡੀਗੜ੍ਹ ਦੇ ਪ੍ਰਧਾਨ ਬਲਕਾਰ ਸਿੱਧੂ ਤੇ ਜਨਰਲ ਸਕੱਤਰ ਕਮਲ ਨੈਣ ਸਿੰਘ ਸੇਖੋਂ ਤੇ ਇਪਟਾ, ਪੰਜਾਬ ਦੇ ਆਗੂਆਂ ਬਠਿੰਡਾ ਤੋਂ ਕਿਰਤੀ ਕਿਰਪਾਲ, ਮਾਨਸਾ ਤੋਂ ਬਿੱਟੂ ਔਲਖ, ਫਿਰੋਜ਼ਪੁਰ ਤੋਂ ਮੇਘ ਰਾਜ ਰੱਲਾ, ਸੰਗਰੂਰ ਤੋਂ ਗੁਰਦਿਆਲ ਨਿਰਮਾਣ ਅਤੇ ਦਲਬਾਰ ਸਿੰਘ ਚੱਠਾ ਸੇਖਵਾਂ, ਪਟਿਆਲਾ ਤੋਂ ਹਰਜੀਤ ਕੈਂਥ ਅਤੇ ਡਾ. ਕੁਲਦੀਪ ਸਿੰਘ ਦੀਪ, ਮੁਹਾਲੀ ਤੋਂ ਡਾ. ਅਮਨ ਭੋਗਲ ਅਤੇ ਨਰਿੰਦਰ ਪਾਲ ਨੀਨਾ, ਰੋਪੜ ਤੋਂ ਸੁਰਿੰਦਰ ਰਸੂਲਪੁਰ ਤੇ ਰਾਬਿੰਦਰ ਰੱਬੀ, ਅੰਮ੍ਰਿਤਸਰ ਤੋਂ ਬਲਬੀਰ ਮੂਧਲ ਅਤੇ ਦਲਜੀਤ ਸੋਨਾ, ਗੁਰਦਾਸਪੁਰ ਤੋਂ ਗੁਰਮੀਤ ਪਾਹੜਾ ਅਤੇ ਬੂਟਾ ਰਾਮ ਅਜ਼ਾਦ, ਪਠਾਨਕੋਟ ਤੋਂ ਡਾ. ਸੁਰੇਸ਼ ਮਹਿਤਾ ਕਪੂਰਥਲਾ ਤੋਂ ਡਾ. ਹਰਭਜਨ ਸਿੰਘ, ਲੁਧਿਆਣਾ ਤੋਂ ਪ੍ਰਦੀਪ ਸ਼ਰਮਾ ਤੇ ਰਾਜਵਿੰਦਰ ਸਮਰਾਲਾ, ਨਵਾਂਸ਼ਹਿਰ ਤੋਂ ਗਮਨ ਬਾਂਸਲ, ਮੋਗੇ ਤੋਂ ਇੰਦਰਜੀਤ ਮੋਗਾ, ਜਲੰਧਰ ਤੋਂ ਨੀਰਜ ਕੌਸ਼ਿਕ ਅਤੇ ਗੁਰਵਿੰਦਰ ਸਿੰਘ, ਹੁਸ਼ਿਆਰਪੁਰ ਤੋਂ ਅਸ਼ੋਕ ਪੁਰੀ ਅਤੇ ਪੰਜਾਬ ਦੀਆਂ ਵੱਖ-ਵੱਖ ਨਾਟ ਅਤੇ ਸਭਿਆਚਾਰਕ ਟੋਲੀਆਂ ਸਰਘੀ ਕਲਾ ਕੇਂਦਰ, ਨੌਰਾ ਰਿਚਰਡ ਮੰਚ, ਸੁਚੇਤਕ ਰੰਗਮੰਚ, ਅਦਾਕਾਰ ਮੰਚ, ਲੋਕਾਈ ਕਲਾ ਕੇਂਦਰ, ਸੱਜਰੀ ਸਵੇਰ ਕਲਾ ਦੇ ਰੰਗਕਰਮੀ ਅਤੇ ਫਿਲਮਾਂ ਦੇ ਅਦਾਕਾਰ ਰੰਜੀਵਨ ਸਿੰਘ, ਡਾ. ਸਾਹਿਬ ਸਿੰਘ, ਕੁੱਕੂ ਦੀਵਾਨ, ਅਨੀਤਾ ਸ਼ਬਦੀਸ਼, ਸਬਦੀਸ਼, ਰਮਨਦੀਪ ਢਿੱਲੋਂ, ਜਸਬੀਰ ਢਿੱਲੋਂ, ਸਤਵਿੰਦਰ ਧੀਮਾਨ, ਲਖਵਿੰਦਰ ਸਿੰਘ, ਨਰਦਿੰਰ ਨਸਰੀਨ ਨੇ ਡਾ. ਸਰਬਜੀਤ ਸਿੰਘ ਦੀ ਹਮਾਇਤ ਦਾ ਐਲਾਨ ਕਰਦਿਆਂ ਅਕਾਡਮੀ ਦਾ ਤਮਾਮ ਲੇਖਕ, ਨਾਟਕਰਮੀ, ਬੁੱਧੀਜੀਵੀ ਅਤੇ ਵਿਦਵਾਨ ਮੈਂਬਰਾਂ ਨੂੰ 15 ਮਾਰਚ ਨੂੰ ਪੰਜਾਬੀ ਭਵਨ, ਲੁਧਿਆਣਾ ਪੁੱਜ ਕੇ ਵੋਟ ਦੇ ਨਾਲ ਨਾਲ ਸਮਰਥਨ ਦੀ ਵੀ ਅਪੀਲ ਕੀਤੀ ਹੈ।

# ਹਰਜੋਤ ਸਿੰਘ ਫਰਵਾਲਾ ਵੱਲੋਂ ਸ਼੍ਰੋਮਣੀ ਅਕਾਲੀ ਦਲ ਨੂੰ ਸਮਰਥਨ ਦੇਣ ਦਾ ਐਲਾਨ



**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**- ਹਲਕਾ ਨਕੋਦਰ ਦੇ ਸ਼੍ਰੋਮਣੀ ਅਕਾਲੀ ਦਲ ਸੇਵਾਦਾਰ ਐਡਵੋਕੇਟ ਰਾਜਕਮਲ ਸਿੰਘ ਭੁੱਲਰ ਦੇ ਗ੍ਰਹਿ ਪਿੰਡ ਭੁੱਲਰਾਂ ਵਿਖੇ ਇੱਕ ਮੀਟਿੰਗ ਹੋਈ ਜਿਸ ਵਿੱਚ ਸ਼੍ਰੋਮਣੀ ਅਕਾਲੀ ਦਲ ਦੇ ਟਕਸਾਲੀ ਆਗੂ ਹਰਜੋਤ ਸਿੰਘ ਫਰਵਾਲਾ ਜੋ ਮੌਜੂਦਾ ਬਲਾਕ ਸੰਮਤੀ ਮੈਂਬਰ ਹਨ ਕਿਸੇ ਕਾਰਨਾਂ ਕਰਕੇ ਉਨ੍ਹਾਂ ਨੂੰ ਆਜ਼ਾਦ ਤੌਰ 'ਤੇ ਚੋਣ ਲੜਨੀ ਪਈ, ਫਿਰ ਤੋਂ ਉਹਨਾਂ ਨੇ ਆਪਣੀ ਜ਼ਿੰਮੇਵਾਰੀ ਸਮਝਦੇ ਹੋਏ ਕਿਹਾ ਕਿ ਮੈਂ ਅਕਾਲੀ ਹਾਂ, ਅਕਾਲੀ ਰਹਿਣਾ ਹੈ ਦੇ ਏਜੰਡੇ ਹੇਠ ਸ਼੍ਰੋਮਣੀ ਅਕਾਲੀ ਦਲ 'ਤੇ ਉੱਤੇ ਭਰੋਸਾ ਜਤਾਉਂਦਿਆਂ ਉਹਨਾਂ ਨੇ ਸ਼੍ਰੋਮਣੀ ਅਕਾਲੀ ਦਲ ਨੂੰ ਸਮਰਥਨ ਦੇਣ ਦਾ ਐਲਾਨ ਕੀਤਾ ਅਤੇ ਨੂਰਮਹਿਲ ਬਲਾਕ ਵਿੱਚੋਂ ਦੋ ਸ਼੍ਰੋਮਣੀ ਅਕਾਲੀ ਦਲ ਦੇ ਬਲਾਕ ਸੰਮਤੀ ਮੈਂਬਰ ਹਨ ਡਾਕਟਰ ਜੱਸੀ ਅਤੇ ਬੀਬੀ ਰਾਣੋ ਬੁਰਜ ਹਸਨ ਇਹ ਫੈਸਲਾ ਹੋਇਆ ਇਹਨਾਂ ਤਿੰਨਾਂ ਹੀ ਬਲਾਕ ਸੰਮਤੀ ਮੈਂਬਰਾਂ ਨੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀ ਰਹਿਨੁਮਾਈ ਹੇਠ ਕਿਸੇ ਵੀ ਪਾਰਟੀ ਨੂੰ ਫਿਲਹਾਲ ਨਾ ਸਮਰਥਨ ਦੇਣ ਦਾ ਫੈਸਲਾ ਕੀਤਾ। ਇਸ ਮੌਕੇ ਡੂੰਗਰ ਸਿੰਘ ਭੁੱਲਰ ਸਾਬਕਾ ਚੇਅਰਮੈਨ ਪਰਵਿੰਦਰ ਸਿੰਘ ਸ਼ਾਮਪੁਰ ਵਾਈਸ ਚੇਅਰਮੈਨ ਕਮਲਜੀਤ ਸਿੰਘ ਗੋਖਾ ਪਵਾਦੜਾ ਸਰਪੰਚ ਪ੍ਰੀਤਮ ਸਿੰਘ ਬੁਰਜ ਹਸਨ ਕੁਲਵਿੰਦਰ ਸਿੰਘ ਕੰਦੋਲਾ ਖੁਰਦ ਬਲਵਿੰਦਰ ਸਿੰਘ ਕੰਦੋਲਾ ਕਲਾਂ ਪੱਪੂ ਕੰਦੋਲਾ ਕਲਾਂ ਅਤੇ ਹੋਰ ਵੀ ਅਕਾਲੀ ਵਰਕਰ ਮੌਜੂਦ ਸਨ।

# ਸਿੱਖਿਆ ਹਰ ਨਾਗਰਿਕ ਦਾ ਬੁਨਿਆਦੀ ਹੱਕ : ਅਮਰਜੀਤ ਸਿੰਘ



**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**- ਪੰਜਾਬ ਸਰਕਾਰ ਨੇ ਸਰਕਾਰੀ ਸਕੂਲਾਂ ਵੱਲ ਉਚੇਚਾ ਧਿਆਨ ਦੇ ਕੇ ਸਿੱਖਿਆ ਖੇਤਰ ਵਿੱਚ ਕ੍ਰਾਂਤੀ ਲਿਆਂਦੀ ਹੈ। ਹੁਣ ਹਰ ਇੱਕ ਸਕੂਲ ਆਧੁਨਿਕ ਸਹੂਲਤਾਂ ਨਾਲ ਲੈਸ ਨਜ਼ਰ ਆ ਰਿਹਾ ਹੈ। ਸਿੱਖਿਆ ਹਰ ਨਾਗਰਿਕ ਦਾ ਬੁਨਿਆਦੀ ਹੱਕ ਹੈ ਅਤੇ ਕੋਈ ਵੀ ਬੱਚਾ ਸਿੱਖਿਆ ਤੋਂ ਵਾਂਝਾ ਨਹੀਂ ਰਹਿਣਾ ਚਾਹੀਦਾ। ਇਹਨਾਂ ਗੱਲਾਂ ਦਾ ਪ੍ਰਗਟਾਵਾ ਅਮਰਜੀਤ ਸਿੰਘ ਸਿੱਖਿਆ ਕੋਆਰਡੀਨੇਟਰ ਹਲਕਾ ਨਕੋਦਰ ਹੋਰਾਂ ਨੇ ਵੱਖ-ਵੱਖ ਸਕੂਲਾਂ ਵਿੱਚ ਵਿਜਿਟ ਕਰਨ ਉਪਰੰਤ ਕੀਤਾ। ਸਰਕਾਰੀ ਪ੍ਰਾਇਮਰੀ ਸਕੂਲ ਭਾਰਤਵਾਜ ਨੂਰ ਮਹਿਲ ਵਿਖੇ ਪਹੁੰਚਣ ਤੇ ਸਾਬਕਾ ਸਰਪੰਚ ਰਜਿੰਦਰ ਚਾਹਲ, ਸਰਪੰਚ ਨੀਲਮ ਚਾਹਲ, ਡਾਕਟਰ ਦੇਸਰਾਜ, ਚੇਅਰ ਪਰਸਨ ਐਸਐਮਸੀ ਅੰਜੂ ਬਾਲਾ ਬਲਾਕ ਸੰਮਤੀ ਮੈਂਬਰ ਪਰਮਜੀਤ ਕੌਰ ਯੂਥ ਬਲਾਕ ਪ੍ਰਧਾਨ ਨਵਪ੍ਰੀਤ, ਸਕੂਲ ਸਟਾਫ ਅਤੇ ਐਸਐਮਸੀ ਦੇ ਮੈਂਬਰਾਂ ਨੇ ਅਮਰਜੀਤ ਸਿੰਘ ਸਿੱਖਿਆ ਕੋਆਰਡੀਨੇਟਰ ਦਾ ਸਕੂਲ ਪਹੁੰਚਣ ਤੇ ਨਿੱਘਾ ਸਵਾਗਤ ਕੀਤਾ ਅਤੇ ਸਕੂਲ ਵਿੱਚ ਚੱਲ ਰਹੇ ਕੰਮਾਂ ਦਾ ਵੇਰਵਾ ਵੀ ਦਿੱਤਾ। ਸਕੂਲ ਵਿਖੇ ਸਾਫ ਸਫਾਈ ਅਤੇ ਬੱਚਿਆਂ ਦੀ ਪੜ੍ਹਾਈ ਤੇ ਤਸੱਲੀ ਪ੍ਰਗਟ ਕੀਤੀ ਗਈ ਇਸੇ ਤਰ੍ਹਾਂ ਸਰਕਾਰੀ ਸਮਾਰਟ ਸੀਨੀਅਰ ਸੈਕਡਰੀ ਸਕੂਲ ਨੂਰਮਹਿਲ ਵਿਖੇ ਪਹੁੰਚਣ ਤੇ ਸਕੂਲ ਪ੍ਰਿੰਸੀਪਲ ਸ਼੍ਰੀ ਚੰਦਰ ਸ਼ੇਖਰ ਸਕੂਲ ਇੰਚਾਰ ਹਰਪ੍ਰੀਤ ਕੌਰ ਐਸ ਐਮ ਸੀ ਚੇਅਰ ਪਰਸਨ ਸਮੂਹ ਸਟਾਫ ਤੇ ਐਸ ਐਮ ਸੀ ਮੈਂਬਰਾਂ ਨੇ ਸਕੂਲ ਪਹੁੰਚਣ ਤੇ ਨਿੱਘਾ ਸਵਾਗਤ ਕੀਤਾ।

# ਸ਼ਹੀਦ ਭਗਤ ਸਿੰਘ ਨੌਜਵਾਨ ਸਭਾ ਦੀ ਦੋ ਰੋਜ਼ਾ ਸੂਬਾਈ ਕਾਨਫਰੰਸ ਸੰਪੰਨ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਇਥੇ ਸ੍ਰੀ ਗੁਰੂ ਰਵਿਦਾਸ ਮੰਦਰ ਸੈਕਟਰ-3 ਦੇ ਅਹਾਤੇ 'ਚ ਵਸਾਏ ਪੰਡਤ ਕਿਸ਼ੋਰੀ ਲਾਲ ਨਗਰ 'ਚ ਸ਼ਹੀਦ ਭਗਤ ਸਿੰਘ ਨੌਜਵਾਨ ਸਭਾ,ਪੰਜਾਬ ਦੀ ਦੋ ਰੋਜ਼ਾ ਕਾਨਫਰੰਸ



ਸਫ਼ਲਤਾਪੂਰਵਕ ਸੰਪੰਨ ਹੋ ਗਈ। ਦੂਜੇ ਦਿਨ ਸੂਬਾਈ ਇਜਲਾਸ ਨੂੰ ਸੰਬੋਧਨ ਕਰਦਿਆਂ ਸਭਾ ਦੇ ਸੰਸਥਾਪਕ ਮੈਂਬਰ ਡਾ. ਸਰਬਜੀਤ ਮੁੱਠਡਾ ਨੇ ਕਿਹਾ ਕਿ ਵਿਸ਼ਵ ਪੱਧਰ 'ਤੇ ਸਾਜ਼ਿਸ਼ ਤਹਿਤ ਨੌਜਵਾਨਾਂ ਦੀ ਸੋਚ ਨੂੰ ਖੁੰਢਾ ਕਰਨ ਲਈ ਨਸ਼ਿਆਂ ਸਮੇਤ ਹੋਰ ਹਰਬੇ ਵਰਤ ਕੇ ਜਵਾਨੀ ਨੂੰ ਕੁਰਾਹੇ ਪਾਉਣ ਦੇ ਯਤਨ ਕੀਤੇ ਜਾ ਰਹੇ ਹਨ। ਸ਼ਹੀਦ ਭਗਤ ਸਿੰਘ ਨੌਜਵਾਨ ਸਭਾ ਲਾਜ਼ਮੀ ਤੌਰਤੇ ਸ਼ਹੀਦ-ਏ-ਆਜ਼ਮ ਭਗਤ ਸਿੰਘ, ਪੰਡਤ ਕਿਸ਼ੋਰੀ ਲਾਲ ਜਿਹੇ ਯੋਧਿਆਂ ਦੇ ਵਿਚਾਰਾਂ 'ਤੇ ਚੱਲ ਨੌਜਵਾਨਾਂ ਲਈ ਬਿਹਤਰ ਕੰਮ ਕਰੇਗੀ। ਕਾਨਫਰੰਸ ਦੇ ਅੰਤਿਮ ਦਿਨ 21 ਮੈਂਬਰੀ ਸੂਬਾ ਕਮੇਟੀ ਦੀ ਚੋਣ ਕੀਤੀ ਗਈ। ਮਨਜਿੰਦਰ ਸਿੰਘ ਢੇਸੀ ਨੂੰ ਪ੍ਰਧਾਨ, ਧਰਮਿੰਦਰ ਮੁਕੇਰੀਆਂ ਨੂੰ ਜਨਰਲ ਸਕੱਤਰ, ਜਤਿੰਦਰ ਫਰੀਦਕੋਟ ਅਤੇ ਲਾਜਰ ਲਾਖਣਾ ਨੂੰ ਮੀਤ ਪ੍ਰਧਾਨ, ਰਵਿੰਦਰ ਲੋਹਗੜ੍ਹ ਨੂੰ ਪ੍ਰੈੱਸ ਸਕੱਤਰ, ਨਵਦੀਪ ਕੋਟਕਪੂਰਾ ਸਕੱਤਰ ਤੇ ਅਜੇ ਫਿਲੌਰ ਨੂੰ ਖ਼ਜ਼ਾਨਚੀ ਚੁਣਿਆ ਗਿਆ। ਸਾਥੀ ਜੱਗਾ ਅਜਨਾਲਾ, ਸਤਵਿੰਦਰ ਹੋਠੀਆਂ, ਗੁਰਜੰਟ ਮੁੱਛਲ, ਕੈਪਟਨ ਕਾਹਲਵਾਂ, ਬੌਬੀ ਗੋਇੰਦਵਾਲ, ਮੱਖਣ ਸੰਗਰਾਮੀ, ਵਿਕਰਮ ਮੰਡਿਆਲਾ, ਅਕਸ਼ੇ ਰੇਡੂ ਪੱਤੀ, ਅਜੇ ਲੁਧਿਆਣਾ, ਸੁਖਮੰਦਰ ਗਿੱਲ, ਗਗਨਦੀਪ ਮਾਨਸਾ, ਮਨਪ੍ਰੀਤ ਸਰਦੂਲਗੜ੍ਹ ਆਦਿ ਨੂੰ ਸੂਬਾ ਕਮੇਟੀ ਮੈਂਬਰ ਚੁਣਿਆ। ਕਾਨਫਰੰਸ 'ਚ ਕੰਮ ਜਾਂ ਬੇਰੁਜ਼ਗਾਰੀ ਭੱਤੇ, ਸਿਹਤ ਸਹੂਲਤਾਂ, ਨਸ਼ੇ ਰੋਕਣ, ਪੰਜਾਬ ਦੇ ਬਿਹਤਰ ਭਵਿੱਖ, ਖੇਡਾਂ, ਇੱਕਸਾਰ ਅਤੇ ਲਾਜ਼ਮੀ ਵਿੱਦਿਆ ਦੇਣ, ਔਰਤਾਂ ਅਤੇ ਘੱਟ ਗਿਣਤੀਆ 'ਤੇ ਹਮਲੇ, ਭ੍ਰਿਸ਼ਟਾਚਾਰ, ਝੂਠੇ ਪੁਲੀਸ ਮੁਕਾਬਲੇ ਰੋਕਣ ਆਦਿ ਬਾਰੇ ਤੋਂ ਇਲਾਵਾ ਸ਼ਹੀਦਾਂ ਦੀਆਂ ਵਿਰਾਸਤਾਂ ਸਾਂਭਣ ਦੀ ਮੰਗ ਨੂੰ ਲੈ ਕੇ ਮਤੇ ਪਾਸ ਕੀਤੇ ਗਏ। ਇਜਲਾਸ ਨੂੰ ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ ਪਸਸਫ਼ ਦੇ ਸੂਬਾ ਪ੍ਰਧਾਨ ਸਤੀਸ਼ ਰਾਣਾ ਤੇ ਜਨਰਲ ਸਕੱਤਰ ਤੀਰਥ ਸਿੰਘ ਬਾਸੀ, ਪੰਜਾਬ ਨਿਰਮਾਣ ਯੂਨੀਅਨ ਦੇ ਆਗੂ ਗੰਗਾ ਪ੍ਰਸ਼ਾਦ, ਜ਼ਮਹੂਰੀ ਕਿਸਾਨ ਸਭਾ ਦੇ ਸੂਬਾ ਖਜ਼ਾਨਚੀ ਹਰਪ੍ਰੀਤ ਸਿੰਘ ਬੁਟਾਰੀ ਨੇ ਭਰਾਤਰੀ ਸੰਦੇਸ਼ ਦਿੱਤਾ। ਆਗੂਆਂ ਨੇ ਨੌਜਵਾਨ ਸਭਾ ਨੂੰ ਹਰ ਸੰਭਵ ਮਦਦ ਦੇਣ ਦਾ ਵਿਸ਼ਵਾਸ ਦਿੱਤਾ। ਅੰਤ 'ਚ ਨਵੀਂ ਕਮੇਟੀ ਨੇ ਤਲਵਾੜਾ ਵਾਸੀਆਂ ਦਾ ਸਫ਼ਲ ਕਾਨਫਰੰਸ ਅਤੇ ਪ੍ਰਬੰਧਾਂ ਲਈ ਉਚੇਚਾ ਧਨਵਾਦ ਕੀਤਾ।

# ਵਧੀਆ ਕਾਰਗੁਜ਼ਾਰੀ ਦਿਖਾਉਣ ਵਾਲੀਆਂ 27 ਮਹਿਲਾ ਬੀ ਐੱਲ ਓਜ਼ ਸਨਮਾਨਤ

**ਜਲੰਧਰ, (ਸੁਰਿੰਦਰ ਕੁਮਾਰ)** ਮੁੱਖ ਚੋਣ ਅਫ਼ਸਰ, ਪੰਜਾਬ ਦੇ ਨਿਰਦੇਸ਼ਾਂ ਅਨੁਸਾਰ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸਪੈਸ਼ਲ ਇੰਟੈਨਸਿਵ ਰਵੀਜ਼ਨ ਦੀ ਪ੍ਰੀ-ਰਵੀਜ਼ਨ ਗਤੀਵਿਧੀ ਵਿੱਚ ਵਧੀਆ ਕਾਰਗੁਜ਼ਾਰੀ ਦਿਖਾਉਣ ਵਾਲੀਆਂ 27 ਮਹਿਲਾ ਬੀ ਐੱਲ ਓਜ਼ ਨੂੰ ਅੰਤਰ ਰਾਸ਼ਟਰੀ ਮਹਿਲਾ ਦਿਵਸ ਸਬੰਧੀ ਕਰਵਾਏ ਗਏ ਜ਼ਿਲ੍ਹਾ ਪੱਧਰੀ ਮਹਿਲਾ ਦਿਵਸ ਸਮਾਗਮ ਦੌਰਾਨ ਸਨਮਾਨਤ ਕੀਤਾ ਗਿਆ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ-ਕਮ-ਵਧੀਕ ਜ਼ਿਲ੍ਹਾ ਚੋਣ ਅਫ਼ਸਰ ਦਿਵਿਆ ਪੀ ਨੇ ਜ਼ਿਲ੍ਹਾ ਜਲੰਧਰ ਵਿੱਚ ਪੈਂਦੇ 9 ਵਿਧਾਨ ਸਭਾ ਚੋਣ ਹਲਕਿਆਂ ਵਿੱਚ ਸਪੈਸ਼ਲ ਇੰਟੈਨਸਿਵ ਰਵੀਜ਼ਨ (ਐੱਸ.ਆਈ.ਆਰ.) ਦੀ ਪ੍ਰੀ-ਰਵੀਜ਼ਨ ਗਤੀਵਿਧੀ ਤਹਿਤ ਮੌਜੂਦਾ ਵੋਟਰ ਸੂਚੀ ਦੀ 2003 ਦੀ ਵੋਟਰ ਸੂਚੀ ਨਾਲ ਮੈਪਿੰਗ ਵਿੱਚ ਵਧੀਆ ਕਾਰਗੁਜ਼ਾਰੀ ਦਿਖਾਉਣ ਵਾਲੀਆਂ ਮਹਿਲਾ ਬੀ.ਐਲ.ਓਜ਼ ਨੂੰ ਪ੍ਰਸ਼ੰਸਾ ਪੱਤਰ ਸੌਂਪੇ ਗਏ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਚੋਣ ਪ੍ਰਕਿਰਿਆ ਦੀ ਮਜ਼ਬੂਤੀ ਲਈ ਤਰੁੱਟੀ ਰਹਿਤ ਵੋਟਰ ਸੂਚੀਆਂ ਤਿਆਰ ਕਰਨ ਵਿੱਚ ਬੀ.ਐਲ.ਓਜ਼ ਦੀ ਬੜੀ ਅਹਿਮ ਭੂਮਿਕਾ ਹੈ। ਉਨ੍ਹਾਂ ਬੀ.ਐਲ.ਓਜ਼ ਨੂੰ ਭਵਿੱਖ ਵਿੱਚ ਵੀ ਇਸੇ ਤਨਦੇਹੀ ਅਤੇ ਲਗਨ ਨਾਲ ਕੰਮ ਕਰਨ ਲਈ ਪ੍ਰੇਰਿਤ ਕੀਤਾ। ਇਸ ਮੌਕੇ ਜਿਨ੍ਹਾਂ ਬੀ.ਐਲ.ਓਜ਼ ਨੂੰ



ਸਨਮਾਨਤ ਕੀਤਾ ਗਿਆ, ਉਨ੍ਹਾਂ ਵਿੱਚ ਵਿਧਾਨ ਸਭਾ ਹਲਕਾ ਫਿਲੌਰ ਦੇ ਬੂਥ ਨੰਬਰ 71 ਤੋਂ ਕਿਰਨਜੀਤ ਕੌਰ, ਬੂਥ ਨੰਬਰ 77 ਤੋਂ ਕਿਰਨ ਗਿੱਲ ਤੇ ਬੂਥ ਨੰਬਰ 85 ਤੋਂ ਭਜਨ ਕੌਰ, ਵਿਧਾਨ ਸਭਾ ਹਲਕਾ ਨਕੋਦਰ ਦੇ ਬੂਥ ਨੰਬਰ 40 ਤੋਂ ਬੀ.ਐਲ.ਓ ਜਮੀਲਾ, ਬੂਥ ਨੰਬਰ 191 ਤੋਂ ਹਰਪ੍ਰੀਤ ਕੌਰ, ਬੂਥ ਨੰਬਰ 234 ਤੋਂ ਪਲਵਿੰਦਰ ਕੌਰ, ਵਿਧਾਨ ਸਭਾ ਹਲਕਾ ਸ਼ਾਹਕੋਟ ਦੇ ਬੂਥ ਨੰਬਰ 24 ਤੋਂ ਪਰਮਜੀਤ ਕੌਰ, ਬੂਥ ਨੰਬਰ 36 ਤੋਂ ਜਸਵਿੰਦਰ ਕੌਰ ਅਤੇ ਬੂਥ ਨੰਬਰ 231 ਤੋਂ ਹਰਜੀਤ ਕੌਰ, ਵਿਧਾਨ ਸਭਾ ਹਲਕਾ ਕਰਤਾਰਪੁਰ ਦੇ ਬੂਥ ਨੰਬਰ 14 ਤੋਂ ਬਲਵਿੰਦਰ ਕੌਰ, ਬੂਥ ਨੰਬਰ 5 ਤੋਂ ਕਰਮਜੀਤ ਕੌਰ ਅਤੇ ਬੂਥ ਨੰਬਰ 165 ਤੋਂ ਪਲਵਿੰਦਰ ਕੌਰ ਸ਼ਾਮਲ ਹਨ। ਇਸੇ ਤਰ੍ਹਾਂ ਵਿਧਾਨ ਸਭਾ ਹਲਕਾ ਜਲੰਧਰ ਪੱਛਮੀ ਦੇ ਬੂਥ ਨੰਬਰ 116 ਤੋਂ ਮਹਿਲਾ ਬੀ.ਐਲ.ਓ ਮੀਨੂੰ, ਬੂਥ ਨੰਬਰ 19 ਤੋਂ ਮੀਨੂੰ ਡੋਗਰਾ ਤੇ ਬੂਥ ਨੰਬਰ 156 ਤੋਂ ਸਵਿਤਾ ਰਾਣੀ, ਵਿਧਾਨਸਭਾ ਹਲਕਾ ਜਲੰਧਰ ਕੇਂਦਰੀ ਦੇ ਬੂਥ ਨੰਬਰ 7 ਤੋਂ ਸੋਨਿਕਾ ਅਰੋੜਾ, ਬੂਥ ਨੰਬਰ 100 ਤੋਂ ਪਰਮਜੀਤ ਕੌਰ ਤੇ ਬੂਥ ਨੰਬਰ 65 ਤੋਂ ਬੀਨੂੰ ਧੀਰ, ਵਿਧਾਨਸਭਾ ਹਲਕਾ ਜਲੰਧਰ ਉੱਤਰੀ ਦੇ ਬੂਥ ਨੰਬਰ 80 ਤੋਂ ਅਨੁਰਾਧਾ, ਬੂਥ ਨੰਬਰ 193 ਤੋਂ ਰਜਨੀ ਬਾਲਾ ਤੇ ਬੂਥ ਨੰਬਰ 82 ਤੋਂ ਮੋਨੀਕਾ, ਵਿਧਾਨਸਭਾ ਹਲਕਾ ਜਲੰਧਰ ਛਾਉਣੀ ਦੇ ਬੂਥ ਨੰਬਰ 182 ਤੋਂ ਮੰਜੂ ਬਾਲਾ, ਬੂਥ ਨੰਬਰ 191 ਤੋਂ ਸੁਨੀਤਾ ਰਾਣੀ ਤੇ ਬੂਥ ਨੰਬਰ 193 ਤੋਂ ਬੱਬਲੀ ਅਤੇ ਵਿਧਾਨਸਭਾ ਹਲਕਾ ਆਦਮਪੁਰ ਦੇ ਬੂਥ ਨੰਬਰ 63 ਤੋਂ ਨੀਲਮ ਕੁਮਾਰੀ, ਬੂਥ ਨੰਬਰ 125 ਤੋਂ ਪ੍ਰੀਤੀ ਤੇ ਬੂਥ ਨੰਬਰ 92 ਤੋਂ ਸੁਨੀਤਾ ਨੂੰ ਵੀ ਪ੍ਰਸ਼ੰਸਾ ਪੱਤਰ ਨਾਲ ਸਨਮਾਨਿਤ ਕੀਤਾ ਗਿਆ।

# ਸੀ ਟੀ ਗਰੁੱਪ ਸ਼ਾਹਪੁਰ ਨੇ ਜਿੱਤਿਆ ਇੰਟਰ-ਕਾਲਜ ਕ੍ਰਿਕਟ ਟੂਰਨਾਮੈਂਟ

**ਜਲੰਧਰ (ਸ਼ੈਲੀ ਐਲਬਰਟ)**- ਸੀ ਟੀ ਗਰੁੱਪ ਆਫ ਇੰਸਟੀਚਿਊਸ਼ਨਜ਼ ਦਾ ਪ੍ਰਮੁੱਖ ਸੰਸਥਾਨ ਸੀ ਟੀ ਇੰਸਟੀਚਿਊਟ ਆਫ ਫਾਰਮਾਸਿਊਟਿਕਲ ਸਾਇੰਸਿਜ਼ ਨੇ ਆਈ ਕੇ ਜੀ ਪੰਜਾਬ ਟੈਕਨੀਕਲ ਯੂਨੀਵਰਸਿਟੀ ਵੱਲੋਂ ਕਰਵਾਏ ਗਏ ਇੰਟਰ-ਕਾਲਜ ਕ੍ਰਿਕਟ ਟੂਰਨਾਮੈਂਟ



2026 ਦੇ ਫਾਈਨਲ ਮੁਕਾਬਲੇ ਵਿੱਚ ਡੀ ਏ ਵੀ ਇੰਸਟੀਚਿਊਟ ਆਫ ਇੰਜੀਨੀਅਰਿੰਗ ਐਂਡ ਟੈਕਨਾਲੋਜੀ ਨੂੰ ਰੋਮਾਂਚਕ ਮੈਚ ਵਿੱਚ ਹਰਾ ਕੇ ਚੈਂਪੀਅਨਸ਼ਿਪ ਟਰਾਫੀ ਆਪਣੇ ਨਾਮ ਕਰ ਲਈ। ਇਸ ਟੂਰਨਾਮੈਂਟ ਵਿੱਚ ਯੂਨੀਵਰਸਿਟੀ ਨਾਲ ਸੰਬੰਧਿਤ ਵੱਖ-ਵੱਖ ਕਾਲਜਾਂ ਦੀਆਂ ਕੁੱਲ 35 ਟੀਮਾਂ ਨੇ ਹਿੱਸਾ ਲਿਆ, ਜਿਸ ਨਾਲ ਮੁਕਾਬਲਾ ਕਾਫ਼ੀ ਰੋਮਾਂਚਕ ਅਤੇ ਮੁਕਾਬਲੇਦਾਰ ਬਣ ਗਿਆ। ਫਾਈਨਲ ਮੈਚ 40 ਓਵਰਾਂ ਦਾ ਖੇਡਿਆ ਗਿਆ, ਜਿਸ ਵਿੱਚ ਦੋਵੇਂ ਟੀਮਾਂ ਨੇ ਸ਼ਾਨਦਾਰ ਪ੍ਰਦਰਸ਼ਨ ਕੀਤਾ। ਪਹਿਲਾਂ ਬੱਲੇਬਾਜ਼ੀ ਕਰਦਿਆਂ ਸੀ ਟੀ ਆਈ ਪੀ ਐਸ ਦੀ ਟੀਮ ਨੇ 109 ਰਨ ਬਣਾਏ। ਜਵਾਬ ਵਿੱਚ ਡੀ ਏ ਵੀ ਆਈ ਈ ਟੀ ਦੀ ਟੀਮ ਨੇ ਭਰਪੂਰ ਕੋਸ਼ਿਸ਼ ਕੀਤੀ, ਪਰ ਪੂਰੀ ਟੀਮ 103 ਰਨਾਂ 'ਤੇ ਆਊਟ ਹੋ ਗਈ। ਇਸ ਤਰ੍ਹਾਂ ਸੀ ਟੀ ਆਈ ਪੀ ਐੱਸ ਨੇ 6 ਰਨਾਂ ਨਾਲ ਸ਼ਾਨਦਾਰ ਜਿੱਤ ਦਰਜ ਕੀਤੀ।ਮੈਚ ਆਖ਼ਰੀ ਓਵਰਾਂ ਤੱਕ ਬਹੁਤ ਹੀ ਰੋਮਾਂਚਕ ਬਣਿਆ ਰਿਹਾ ਅਤੇ ਦਰਸ਼ਕਾਂ ਦੀ ਦਿਲਚਸਪੀ ਲਗਾਤਾਰ ਬਣੀ ਰਹੀ। ਦੋਵੇਂ ਟੀਮਾਂ ਦੇ ਖਿਡਾਰੀਆਂ ਦੇ ਅਨੁਸ਼ਾਸਨ, ਸਮਰਪਣ ਅਤੇ ਉਤਕ੍ਰਿਸ਼ਟ ਪ੍ਰਦਰਸ਼ਨ ਦੀ ਸਭ ਵੱਲੋਂ ਖੂਬ ਪ੍ਰਸ਼ੰਸਾ ਕੀਤੀ ਗਈ।ਇਸ ਮੌਕੇ 'ਤੇ ਖੁਸ਼ੀ ਜਤਾਉਂਦੇ ਹੋਏ ਖੇਡ ਵਿਭਾਗ ਦੇ ਮੁਖੀ ਸਤਪਾਲ ਸਿੰਘ ਨੇ ਕਿਹਾ ਕਿ ਇਹ ਜਿੱਤ ਖਿਡਾਰੀਆਂ ਦੀ ਮਿਹਨਤ, ਸਮਰਪਣ ਅਤੇ ਮਜ਼ਬੂਤ ਟੀਮ ਭਾਵਨਾ ਦਾ ਨਤੀਜਾ ਹੈ।

# ਜਲ ਸਪਲਾਈ ਮੰਡਲ ਅਨੰਦਪੁਰ ਸਾਹਿਬ ਵਿਖੇ ਦਿੱਤਾ ਧਰਨਾ

**ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਮੁਲਾਜ਼ਮਾਂ ਦੀ ਸਿਰਮੌਰ ਜਥੇਬੰਦੀ ਪੀ ਡਬਲਯੂ ਡੀ ਫੀਲਡ ਅਤੇ ਵਰਕਸ਼ਾਪ ਵਰਕਰ ਯੂਨੀਅਨ ਪੰਜਾਬ ਜ਼ਿਲਾ ਰੋਪੜ ਵੱਲੋਂ ਜਲ ਸਪਲਾਈ ਮੰਡਲ ਅਨੰਦਪੁਰ ਸਾਹਿਬ ਵਿਖੇ ਮੁਲਾਜ਼ਮਾਂ ਦੀਆਂ ਭਖਦੀਆਂ ਮੰਗਾਂ ਤੇ ਸੂਬਾ ਕਮੇਟੀ ਦੇ ਫੈਸਲੇ ਅਨੁਸਾਰ ਕਾਰਜਕਾਰੀ ਇੰਜਨੀਅਰ ਦੁਆਰਾ ਜਲ ਸਪਲਾਈ ਵਿਭਾਗ ਦੇ ਮੁਖੀ ਮੁਹਾਲੀ ਨੂੰ ਮੰਗ ਪੱਤਰ ਭੇਜਿਆ। ਜ਼ਿਲ੍ਹਾ ਪ੍ਰਧਾਨ ਰਾਮ ਲੁਭਾਇਆ ਦਿਵੇਦੀ, ਜਨਰਲ ਸਕੱਤਰ ਅਨਿਲ ਕੁਮਾਰ ਤੇ ਚੇਅਰਮੈਨ ਜਸਵਿੰਦਰ ਸਿੰਘ ਨੇ



ਦੱਸਿਆ ਕਿ ਵਿਭਾਗ ਦੇ ਮੁਖੀ ਵੱਲੋਂ 320 ਆਊਟਸੋਰਸ ਅਤੇ ਇਨਲਿਸਟਡ ਮੁਲਾਜ਼ਮਾਂ ਨੂੰ ਵਿਭਾਗ ਵਿੱਚੋਂ ਬਾਹਰ ਕੱਢਣ ਦੇ ਜਾਰੀ ਕੀਤੇ ਪੱਤਰ ਦੇ ਵਿਰੋਧ ਦੇ ਵਿੱਚ 1 ਮਾਰਚ ਤੋਂ 10 ਮਾਰਚ ਤੱਕ ਸਬ ਡਿਵੀਜ਼ਨ ਅੱਗੇ ਰੋਸ ਧਰਨੇ ਦੇਣ ਉਪਰੰਤ ਮੰਡਲ ਅਨੰਦਪੁਰ ਸਾਹਿਬ ਵਿਖੇ ਧਰਨਾ ਦਿੱਤਾ ਗਿਆ। ਕਾਫੀ ਲੰਬੇ ਸਮੇਂ ਤੋਂ ਕੰਮ ਕਰਦੇ ਆਊਟਸੋਰਸ ਅਤੇ ਇਨਲਿਸਟਡ ਮੁਲਾਜ਼ਮਾਂ ਵਿਭਾਗ ਵਿੱਚ ਪੱਕੇ ਕਰਨ ਦੀ ਬਜਾਏ, ਬਾਹਰ ਦਾ ਰਸਤਾ ਦਿਖਾਇਆ ਜਾ ਰਿਹਾ ਹੈ। ਪੈਨਸ਼ਨਰ ਵੈਲਫੇਅਰ ਐਸੋਸੀਏਸ਼ਨ ਦੇ ਜ਼ਿਲਾ ਪ੍ਰਧਾਨ ਦਰਸ਼ਨ ਸਿੰਘ ਬੜਵਾ ਨੇ ਦੱਸਿਆ ਕਿ ਕੱਚੇ ਮੁਲਾਜ਼ਮ ਪੱਕੇ ਨਹੀਂ ਕੀਤੇ ਜਾ ਰਹੇ, ਪੁਰਾਣੀ ਪੈਨਸ਼ਨ ਬਹਾਲ ਨਹੀਂ ਕੀਤੀ ਜਾ ਰਹੀ, ਆਊਟਸੋਰਸ ਅਤੇ ਇਨਲਿਸਟਡ ਕਾਮਿਆਂ ਨੂੰ 30,000

**● ਪੱਕੇ ਮੋਰਚੇ ਲਗਾਉਣਾ ਦੀ ਦਿੱਤੀ ਚੇਤਾਵਨੀ**

ਰੁਪਏ ਤਨਖਾਹ ਨਹੀਂ ਦਿੱਤੀ ਜਾ ਰਹੀ, ਰੂਲਾਂ ਵਿੱਚ ਸੋਧ ਨਹੀਂ ਕੀਤੀ ਜਾ ਰਹੀ, ਦਰਜਾ ਚਾਰ ਮੁਲਾਜ਼ਮਾਂ ਨੂੰ ਪ੍ਰਮੋਟ ਨਹੀਂ ਕੀਤਾ ਜਾ ਰਿਹਾ, ਡਿਪਲੋਮਾ ਹੋਲਡਰ ਸਾਥੀਆਂ ਪਰ ਨਜਾਇਜ਼ ਕੇਸ ਦਰਜ ਕੀਤੇ ਜਾ ਰਹੇ ਹਨ,16% ਡੀ ਏ ਨਹੀਂ ਦਿੱਤਾ ਜਾ ਰਿਹਾ। ਆਦਿ ਮੰਗਾਂ ਨੂੰ ਲੈ ਕੇ ਮੁਲਾਜ਼ਮਾਂ ਵਿੱਚ ਬਹੁਤ ਹੀ ਜਿਆਦਾ ਰੋਸ ਪਾਇਆ ਜਾ ਰਿਹਾ ਹੈ। ਬੁਲਾਰਿਆਂ ਨੇ ਬੋਲਦਿਆਂ ਕਿਹਾ ਕਿ ਜੇਕਰ 18 ਮਾਰਚ ਤੱਕ ਜਲ ਸਪਲਾਈ ਵਿਭਾਗ ਦੇ ਮੁਖੀ ਮੋਹਾਲੀ ਵੱਲੋਂ ਮੰਗਾਂ ਦਾ ਹੱਲ ਨਾ ਕੀਤਾ ਗਿਆ ਤਾਂ 18 ਮਾਰਚ ਨੂੰ ਜਲ ਸਪਲਾਈ ਵਿਭਾਗ ਦੇ ਮੁਖੀ ਮੁਹਾਲੀ ਦੇ ਦਫਤਰ ਦਾ ਘਿਰਾਓ ਕੀਤਾ ਜਾਵੇਗਾ। ਜੇਕਰ ਫਿਰ ਵੀ ਮੰਗ ਨਾ ਹੋਇਆ ਤਾਂ ਜਲ ਸਪਲਾਈ ਵਿਭਾਗ ਦੇ ਮੁਖੀ ਮੁਹਾਲੀ ਦੇ ਦਫਤਰ ਅੱਗੇ ਪੱਕਾ ਮੋਰਚਾ ਲਗਾਇਆ ਜਾਵੇਗਾ। ਇਸ ਮੌਕੇ ਹਾਜ਼ਰ ਅਮਰਜੀਤ ਸਿੰਘ, ਨਰਿੰਦਰ ਕੁਮਾਰ, ਰਕੇਸ਼ ਕੁਮਾਰ, ਰਾਮ ਕਿਸ਼ਨ,ਇੰਦਰਦੇਵ, ਚਰਨਜੀਤ ਸਿੰਘ,ਰਾਹੁਲ ਅਗਰਵਾਲ, ਸੁਖਵਿੰਦਰ ਸਿੰਘ, ਗੁਰਕਿਰਤ ਸਿੰਘ,ਕਮਲ ਦੇਵ, ਮਨਜੀਤ ਸਿੰਘ, ਸੁਖਵੀਰ ਸਿੰਘ, ਕੁਲਜੀਤ ਸਿੰਘ, ਜਰਨੈਲ ਸਿੰਘ, ਮੰਗਤ ਰਾਮ,ਸੰਜੀਵ ਕੁਮਾਰ, ਬਲਵਿੰਦਰ ਸਿੰਘ, ਹਰਜਿੰਦਰ ਸਿੰਘ, ਸੁਖਦੇਵ ਸਿੰਘ, ਹਰਮਿੰਦਰ ਸਿੰਘ, ਮਨੀਸ਼ ਕੁਮਾਰ, ਮੋਹਨ ਸਿੰਘ, ਅਨਿਲ ਕੁਮਾਰ, ਜਸਵਿੰਦਰ ਪਾਲ, ਗਿਆਨ ਚੰਦ, ਅਜੇ ਸਿੰਘ, ਬਲਜੀਤ ਸਿੰਘ, ਚਰਨਜੀਤ ਸਿੰਘ,ਧਰਮਪਾਲ ਅਤੇ ਰਿਤੂ ਸ਼ਰਮਾਂ ਤੋਂ ਇਲਾਵਾ ਹੋਰ ਵੀ ਬਹੁਤ ਸਾਰੇ ਸਾਥੀ ਹਾਜ਼ਰ ਹੋਏ।

# ਭਾਰਤ ਵਿਕਾਸ ਪ੍ਰੀਸ਼ਦ ਵੱਲੋਂ 12 ਮਹਿਲਾਵਾਂ ਸਨਮਾਨਤ

**ਡੇਰਾਬੱਸੀ (ਵਿਨੈ ਕੁਮਾਰ ਜੈਨ)**- ਭਾਰਤ ਵਿਕਾਸ ਪ੍ਰੀਸ਼ਦ ਵਿਵੇਕਾਨੰਦ ਡੇਰਾਬੱਸੀ ਨੇ ਅੰਤਰਰਾਸ਼ਟਰੀ ਮਹਿਲਾ ਦਿਵਸ ਨੂੰ ਸਮਰਪਿਤ ਪ੍ਰੋਗਰਾਮ ਕਰਵਾਇਆ ਗਿਆ ਜਿਸ ਵਿਚ ਸ਼ਹਿਰ ਦੀਆਂ ਵੱਖ-ਵੱਖ ਖੇਤਰਾਂ ਵਿਚ ਨਾਮਣਾ ਖੱਟਣ ਵਾਲੀਆਂ 12 ਮਹਿਲਾਵਾਂ ਨੂੰ ਸਨਮਾਨਤ ਕੀਤਾ ਗਿਆ ਹੈ। ਸਮਾਜ ਸੇਵੀ ਸ੍ਰੀ ਸੁਭਾਸ਼ ਚੋਪੜਾ ਦੀ ਅਗਵਾਈ ਵਿਚ



ਆਯੋਜਿਤ ਇਸ ਸਮਾਗਮ ਦੌਰਾਨ ਸ਼ਾਖਾ ਦੇ ਰੀਜ਼ਨਲ ਸਕੱਤਰ ਸੋਮਨਾਥ ਸ਼ਰਮਾ ਨੇ ਵਿਸ਼ੇਸ਼ ਤੌਰ ਤੇ ਸ਼ਮੂਲੀਅਤ ਕੀਤੀ ਜਦਕਿ ਸ੍ਰੀ ਗੁਰਦੀਪ ਸਿੰਘ ਚਹਿਲ ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਿਲ ਹੋਏ। ਭਾਰਤ ਵਿਕਾਸ ਪ੍ਰੀਸ਼ਦ ਵਿਵੇਕਾਨੰਦ ਦੇ ਪ੍ਰਧਾਨ ਬਰਖਾ ਰਾਮ ਅਤੇ ਸਕੱਤਰ ਉਪੇਸ਼ ਬੰਸਲ ਨੇ ਦੱਸਿਆ ਕਿ ਮਹਿਲਾ ਦਿਵਸ ਪ੍ਰੋਗਰਾਮ ਦੌਰਾਨ ਡਾ. ਸਾਧਨਾ ਸੰਗਰ, ਡਾ. ਰੇਨੂੰ ਅਰੋੜਾ, ਡਾ. ਨਿਧੀ ਗੁਪਤਾ, ਡਾ. ਰਵੀਨਾ ਸੂਰੀ, ਮੇਨਕਾ ਰਾਣੀ, ਕੌਂਸਲ ਦੀ ਪ੍ਰਧਾਨ ਆਸ਼ੂ ਅਪਨੇਜਾ, ਗੁਰਚਰਨ ਕੌਰ, ਦਵਿੰਦਰ ਕੌਰ ਸੰਧੂ, ਚੇਤਨ ਬੰਸਲ, ਸ਼ੁਭ ਲਤਾ, ਪ੍ਰਿਯੰਕਾ ਵਿਪਨਦੀਪ ਕੌਰ ਕੌਂਸਲਰ ਸਮੇਤ ਹੋਰ ਮਹਿਲਾਵਾਂ ਨੂੰ ਵਿਸ਼ੇਸ਼ ਤੌਰ ਤੇ ਸਨਮਾਨਤ ਕੀਤਾ ਗਿਆ ਹੈ। ਇਸ ਮੌਕੇ ਭੂਸ਼ਣ ਕੁਮਾਰ ਅਗਰਵਾਲ ਜ਼ਿਲ੍ਹਾ ਸੰਯੋਜਕ ਨੇ ਆਏ ਮਹਿਮਾਨਾਂ ਦਾ ਧੰਨਵਾਦ ਕੀਤਾ। ਉਨ੍ਹਾਂ ਦੱਸਿਆ ਕਿ ਸ਼ਾਖਾ ਵੱਲੋਂ ਹਰ ਸਾਲ 225 ਪ੍ਰੋਜੈਕਟ ਕੀਤੇ ਗਏ ਅਤੇ ਸ਼ਾਖਾ ਸਮਾਜ ਸੇਵਾ ਦੇ ਕੰਮਾਂ ਵਿਚ ਹਮੇਸ਼ਾ ਤੱਤਪਰ ਰਹੇਗੀ।

# ਇਨੋਸੈਂਟ ਹਾਰਟਸ ਸਕੂਲ 'ਚ ਬੈਸਟੋਵਲ ਆਫ ਆਨਰਜ਼ ਗ੍ਰੈਜੂਏਸ਼ਨ ਸਮਾਰੋਹ

**ਜਲੰਧਰ (ਸ਼ੈਲੀ ਐਲਬਰਟ)**- ਬਹੁਤ ਮਾਣ ਤੇ ਖੁਸ਼ੀ ਦੇ ਨਾਲ, ਇੰਨੋਸੈਂਟ ਹਾਰਟਸ ਸਕੂਲ, ਲੋਹਾਰਾਂ ਨੇ ਕੇਜੀ-2 ਦੇ ਨੰਨੇ ਮੁੰਨੇ ਬੱਚਿਆਂ ਲਈ ਗ੍ਰੈਜੂਏਸ਼ਨ ਸਮਾਰੋਹ ਆਯੋਜਿਤ ਕੀਤਾ, ਜਿਸ ਦਾ ਥੀਮ ਲਿਟਲ ਸਟੈਪਸ, ਬਿਗ ਡ੍ਰੀਮਜ਼ ਸੀ। ਸਮਾਰੋਹ ਦੇ ਮੁੱਖ ਮਹਿਮਾਨ ਪ੍ਰਸਿੱਧ ਵਿਟਰੀਓ-ਰੇਟੀਨਾ ਅਤੇ ਕੈਟਰੇਕਟ ਸਰਜਨ ਡਾ. ਸੌਰਭ ਸੂਦ ਅਤੇ ਡੈਂਟਲ ਸਰਜਰੀ ਵਿਸ਼ੇਸ਼ਗਿਆ ਡਾ. ਈਸ਼ਾ ਸੂਦ ਸਨ। ਇਸ ਮੌਕੇ 'ਤੇ ਡਾ. ਆਸਥਾ ਬੌਰੀ (ਐਮ ਡੀ ਐੱਸਪੇਰੀਓਡੋਂਟਿਸਟ), ਮਿਸ ਸ਼ਾਲੂ ਸਹਿਗਲ (ਪ੍ਰਿੰਸੀਪਲ) ਅਤੇ ਮਿਸ ਬੰਦੀਪ ਕੌਰ (ਕੋਆਰਡੀਨੇਟਰ, ਪ੍ਰੀ-ਪ੍ਰਾਈਮਰੀ) ਵੀ ਮੌਜੂਦ ਸਨ।ਸਮਾਰੋਹ ਦੀ ਸ਼ੁਰੂਆਤ ਰਵਾਇਤੀ ਤੌਰ 'ਤੇ ਦੀਪ ਜਲਾ ਕੇ ਕੀਤੀ ਗਈ, ਜੋ ਗਿਆਨ ਦੀ ਰੋਸ਼ਨੀ ਦਾ ਪ੍ਰਤੀਕ ਹੈ। ਰੰਗ-ਬਰੰਗੇ ਸੱਭਿਆਚਾਰਕ ਪ੍ਰੋਗਰਾਮ ਦੌਰਾਨ ਲਿਟਲ



ਸਟਾਰਜ਼ ਨੇ ਆਪਣੀ ਕਾਬਲੀਅਤ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ।ਸਮਾਰੋਹ ਦਾ ਸਭ ਤੋਂ ਖਾਸ ਪਲ ਉਸ ਵੇਲੇ ਆਇਆ ਜਦੋਂ ਛੋਟੇ ਗ੍ਰੈਜੂਏਟ ਆਪਣੇ ਸਮਾਰੋਹਕ ਲਿਬਾਸ ਵਿੱਚ ਮੰਚ 'ਤੇ ਆਏ ਅਤੇ ਉਨ੍ਹਾਂ ਨੂੰ ਟੋਕਨਜ਼ ਆਫ ਰਿਕਗਨਿਸ਼ਨ ਪ੍ਰਦਾਨ ਕੀਤੇ ਗਏ। ਇਹ ਯਾਦਗਾਰ ਚਿੰਨ੍ਹ ਜਿਨ੍ਹਾਂ ਨੂੰ ਉਨ੍ਹਾਂ ਦੇ ਭਵਿੱਖ ਵੱਲ ਪਹਿਲੇ ਪਾਸਪੋਰਟ ਵਜੋਂ ਦਰਸਾਇਆ ਗਿਆ ਉਨ੍ਹਾਂ ਦੇ ਗ੍ਰੇਡ 1 ਵਿੱਚ ਦਾਖਲੇ ਦੀ ਸ਼ੁਰੂਆਤ ਦਾ ਪ੍ਰਤੀਕ ਸਨ। ਮਾਪਿਆਂ ਲਈ ਇਹ ਪਲ ਬਹੁਤ ਹੀ ਖੁਸ਼ੀ ਅਤੇ ਮਾਣ ਨਾਲ ਭਰਪੂਰ ਸੀ ਕਿਉਂਕਿ ਉਹ ਆਪਣੇ ਬੱਚਿਆਂ ਦੀ ਇਸ ਮਹੱਤਵਪੂਰਣ ਉਪਲਬਧੀ ਦੇ ਗਵਾਹ ਬਣੇ।ਪ੍ਰਿੰਸੀਪਲ ਮਿਸ ਸ਼ਾਲੂ ਸਹਿਗਲ ਨੇ ਮਾਨਯੋਗ ਮਹਿਮਾਨਾਂ ਨੂੰ ਸਨਮਾਨਤ ਕੀਤਾ ਅਤੇ ਉਨ੍ਹਾਂ ਦੇ ਸਹਿਯੋਗ ਲਈ ਧੰਨਵਾਦ ਕੀਤਾ।

# ਅੰਤਰਰਾਸ਼ਟਰੀ ਮਹਿਲਾ ਦਿਵਸ ਮਨਾਇਆ

**ਆਦਮਪੁਰ (ਪਰਮਜੀਤ ਸਿੰਘ)**- ਪ੍ਰਿਥਵੀ ਵੈਲਫੇਅਰ ਸੋਸਾਇਟੀ ਵੱਲੋਂ ਅੰਤਰਰਾਸ਼ਟਰੀ ਮਹਿਲਾ ਦਿਵਸ ਨੂੰ ਸਮਰਪਿਤ ਲੜਕਿਆਂ ਦੇ ਅਥਲੈਟਿਕਸ ਮੁਕਾਬਲੇ ਕਰਵਾਏ ਗਏ।ਉਘੇ ਸਮਾਜ ਸੇਵੀ ਤੇ ਸੰਸਥਾ ਦੇ ਪ੍ਰਧਾਨ



ਹਰਿੰਦਰ ਸਿੰਘ ਨੇ ਦੱਸਿਆ ਕਿ ਇਹ ਆਦਮਪੁਰ ਦੇ ਇਤਿਹਾਸ ਵਿੱਚ ਪਹਿਲੀ ਵਾਰ ਹੈ ਕਿ ਮਹਿਲਾ ਦਿਵਸ ਮੌਕੇ ਵੱਖ ਵੱਖ ਉਮਰ ਵਰਗ ਦੇ ਵੱਖ ਵੱਖ ਦੌੜਾਂ, ਲੰਬੀ ਛਲਾਂਗ ਤੇ ਗੋਲਾ ਸੁੱਟਣ ਦੇ ਮੁਕਾਬਲੇ ਕਰਵਾਏ ਗਏ।ਇਸ ਮੌਕੇ ਤੇ ਵਿਸ਼ੇਸ਼ ਮਹਿਮਾਨ ਵਜੋਂ ਪਰਵਿੰਦਰ ਕੌਰ ਬੰਗਾ (ਪ੍ਰਧਾਨ ਐਨ ਆਰ ਆਈ ਸਭਾ ਪੰਜਾਬ ), ਭੈਣ ਸੰਤੋਸ਼ (ਆਰਕੀਟੈਕਟ ਤੇ ਸਾਮਜ ਸੇਵੀ) ਤੇ ਇੰਸਪੈਕਟਰ ਮੀਨਾ ਕੁਮਾਰੀ ਪਵਾਰ (ਅੰਤਰਰਾਸ਼ਟਰੀ ਖਿਡਾਰਨ) ਸ਼ਾਮਲ ਹੋਏ।ਬਖਸ਼ੀਸ਼ ਕੌਰ ਨੇ ਸਾਥੀ ਮਹਿਲਾਵਾਂ ਨਾਲ ਵਿਸ਼ੇਸ਼ ਮਹਿਮਾਨਾਂ ਦਾ ਗੁਲਦਸਤਾ ਦੇ ਕੇ ਸਵਾਗਤ ਕੀਤਾ ਤੇ ਜੀ ਆਇਆਂ ਕਿਹਾ। ਖੇਡ ਮੁਕਾਬਲਿਆਂ ਵਿੱਚ 80 ਮੀਟਰ ਦੌੜ (12 ਸਾਲ ਮਾਲ ਤੋਂ ਘੱਟ ਉਮਰ ) ਪਹਿਲੇ ਤੇ ਆਰਤੀ, ਦੂਜੇ ਤੇ ਬਾਨੀ ਅਤੇ ਤੀਸਰੇ ਸਥਾਨ ਤੇ ਖੁਸ਼ੀ ਰਹੀ। 100 ਮੀਟਰ ਦੌੜ ਮੁਕਾਬਲੇ (14 ਸਾਲ ਤੋਂ ਘੱਟ ਉਮਰ) ਵਿੱਚ ਪਹਿਲੇ ਤੇ ਸ਼ਰਨਪ੍ਰੀਤ ਕੌਰ, ਦੂਜੇ ਤੇ ਸੁਨੈਂਨਾ , ਅਤੇ ਤੀਸਰੇ ਸਥਾਨ ਤੇ ਜੈਸਮੀਨ ਰਹੀ। 400 ਮੀਟਰ ਦੌੜ ਮੁਕਾਬਲੇ (17 ਸਾਲ ਤੋਂ ਘੱਟ ਉਮਰ) ਵਿੱਚ ਸਿਮਰਨ ਪਹਿਲੇ ਤੇ , ਸੰਧਿਆ ਦੂਜੇ ਤੇ ਅਤੇ ਵੰਸ਼ਿਕਾ ਤੀਸਰੇ ਸਥਾਨ ਤੇ ਰਹੀ। 800 ਮੀਟਰ ਦੌੜ ਮੁਕਾਬਲੇ ( 19 ਸਾਲ ਤੋਂ ਘੱਟ ਉਮਰ ) ਵਿੱਚ ਸਵੀਟੀ ਪਹਿਲੇ ਤੇ, ਇੰਦੂ ਕੁਮਾਰੀ ਦੂਜੇ ਤੇ ਅਤੇ ਵੰਸ਼ਿਕਾ ਤੀਸਰੇ ਸਥਾਨ ਤੇ ਰਹੀ। ਲੰਬੀ ਛਲਾਂਗ ਮੁਕਾਬਲੇ ( 14 ਸਾਲ ਤੋਂ ਘੱਟ ਉਮਰ ) ਵਿੱਚ ਸੁਨੈਨਾ (ਭੋਗਪੁਰ ) ਪਹਿਲੇ ਤੇ, ਜੈਸਮੀਨ (ਪਿੰਡ ਨੰਗਲ ਸਲਾਲਾ) ਦੂਜੇ ਤੇ ਅਤੇ ਰਾਧਿਕਾ ਤੀਸਰੇ ਸਥਾਨ ਤੇ ਰਹੀ। ਗੋਲਾ ਸੁੱਟਣ (ਸ਼ੋਟਪੁਟ) ਮੁਕਾਬਲੇ (17 ਸਾਲ ਤੋਂ ਘੱਟ ਉਮਰ ) ਵਿੱਚ ਸਿਮਰਨ ਕੌਰ ਪਹਿਲੇ ਤੇ, ਜਸਜੀਤ ਦੂਜੇ ਤੇ ਅਤੇ ਸਿਮਰਨ ਤੀਸਰੇ ਸਥਾਨ ਤੇ ਰਹੀ। ਜੇਤੂ ਖਿਡਾਰੀਆਂ ਨੂੰ ਪਹਿਲਾ ਇਨਾਮ 2500/- ਰੁਪਏ, ਦੂਜਾ ਇਨਾਮ 1500/- ਰੁਪਏ ਤੀਸਰਾ ਇਨਾਮ 1000/- ਰੁਪਏ ਦਿੱਤਾ ਗਿਆ। ਨਾਲ ਹੀ ਹਰ ਜੇਤੂ ਨੂੰ ਤਗਮੇ ( ਮੈਡਲ ) ਨਾਲ ਵੀ ਨਿਵਾਜਿਆ ਗਿਆ। ਦੋਆਬੇ ਦੀਆਂ ਤਕਰੀਬਨ 100 ਤੋਂ ਵੱਧ ਲੜਕੀਆਂ ਨੇ ਖੇਡ ਮੁਕਾਬਲਿਆਂ ਵਿੱਚ ਹਿੱਸਾ ਲਿਆ। ਸੰਸਥਾ ਵੱਲੋਂ ਖਿਡਾਰੀਆਂ ਸਮੇਤ ਸਭਨਾਂ ਲਈ ਦੁੱਧ ਦਾ ਲੰਗਰ ਅਤੇ ਫਲਾਂ ਦਾ ਲੰਗਰ ਲਗਾਇਆ ਗਿਆ। ਏਥੇ ਜੀਕਰਯੋਗ ਹੈ ਕਿ ਇਨ੍ਹਾਂ ਮੁਕਾਬਲਿਆਂ ਵਿੱਚ 6 ਇਨਾਮ ਸ਼੍ਰੀ ਗੁਰੂ ਹਰਿਗੋਬਿੰਦ ਸਾਹਿਬ ਖੇਡ ਅਕਾਡਮੀ ( ਪਿੰਡ ਡੱਲੀ, ਭੋਗਪੁਰ ) ਦਿਆਂ ਲੜਕੀਆਂ ਨੇ ਜਿੱਤੇ। ਉਨ੍ਹਾਂ ਦੇ ਖੇਡ ਗੁਰੂ ( ਕੋਚ ) ਸ. ਨਰਿੰਦਰ ਸਿੰਘ ਨੇ ਬੱਚਿਆਂ ਨੂੰ ਵਧਾਈ ਦਿੱਤੀ।

# 15 ਦੀ ਰੈਲੀ ਪੰਜਾਬ ਦੇ ਸਿਆਸੀ ਸਮੀਕਰਨ ਬਦਲੇਗੀ : ਕਰੀਮਪੁਰੀ



**ਬੰਗਾ (ਅਵਤਾਰ ਕਲੇਰ)** ਬਹੁਜਨ ਸਮਾਜ ਪਾਰਟੀ ਪੰਜਾਬ ਵੱਲੋਂ ਬਸਪਾ ਦੇ ਸੰਸਥਾਪਕ ਸਾਹਿਬ ਸ੍ਰੀ ਕਾਂਸ਼ੀ ਰਾਮ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ 15 ਮਾਰਚ ਨੂੰ ਬਹਿਰਾਮ ਦਾਨਾ ਮੰਡੀ ਵਿਖੇ ਹੋਣ ਵਾਲੀ 'ਸੱਤਾ ਪ੍ਰਾਪਤ ਕਰੋ ਰੈਲੀ' ਦੀਆਂ ਤਿਆਰੀਆਂ ਸਬੰਧੀ ਮੀਟਿੰਗ ਪਿੰਡ ਗੁਣਾਚੌਰ ਵਿਖੇ ਬਸਪਾ ਆਗੂ ਵਿਜੇ ਗੁਣਾਚੌਰ ਦੇ ਗ੍ਰਿਹ ਵਿਖੇ ਹੋਈ। ਇਸ ਮੀਟਿੰਗ ਦੀ ਪ੍ਰਧਾਨਗੀ ਸਾਬਕਾ ਮੈਂਬਰ ਪਾਰਲੀਮੈਂਟ ਅਤੇ ਬਸਪਾ ਪੰਜਾਬ ਦੇ ਪ੍ਰਧਾਨ ਅਵਤਾਰ ਸਿੰਘ ਕਰੀਮਪੁਰੀ ਵੱਲੋਂ ਕੀਤੀ ਗਈ।ਮੀਟਿੰਗ ਨੂੰ ਸੰਬੋਧਨ ਕਰਦਿਆਂ ਕਰੀਮਪੁਰੀ ਨੇ ਕਿਹਾ ਕਿ 15 ਮਾਰਚ ਨੂੰ ਹੋਣ ਵਾਲੀ 'ਸੱਤਾ ਪ੍ਰਾਪਤ ਕਰੋ ਰੈਲੀ' ਵਿਚ ਵੱਡੀ ਗਿਣਤੀ ਵਿਚ ਲੋਕਾਂ ਦੀ ਭਾਗੀਦਾਰੀ ਪੰਜਾਬ ਦੀ ਸਿਆਸੀ ਦਿਸ਼ਾ ਬਦਲਣ ਦਾ ਕੰਮ ਕਰੇਗੀ।ਉਨ੍ਹਾਂ ਪਾਰਟੀ ਵਰਕਰਾਂ ਨੂੰ ਅਪੀਲ ਕੀਤੀ ਕਿ 15 ਮਾਰਚ ਦੀ ਰੈਲੀ ਨੂੰ ਕਾਮਯਾਬ ਬਣਾਉਣ ਲਈ ਘਰ-ਘਰ ਜਾ ਕੇ ਲੋਕਾਂ ਨੂੰ ਸ਼ਾਮਲ ਹੋਣ ਲਈ ਪ੍ਰੇਰਿਤ ਕੀਤਾ ਜਾਵੇ। ਮੀਟਿੰਗ ਦੌਰਾਨ ਆਗੂਆਂ ਨੇ ਭਰੋਸਾ ਦਿਵਾਇਆ ਕਿ ਬਹਿਰਾਮ ਵਿਚ ਹੋਣ ਵਾਲੀ ਰੈਲੀ ਨੂੰ ਇਤਿਹਾਸਕ ਬਣਾਇਆ ਜਾਵੇਗਾ ਤੇ ਵੱਡੀ ਗਿਣਤੀ ਵਿਚ ਲੋਕ ਇਸ ਵਿਚ ਸ਼ਿਰਕਤ ਕਰਨਗੇ। ਇਸ ਸਮੇਂ ਪ੍ਰਵੀਨ ਬੰਗਾ ਜਨਰਲ ਸਕੱਤਰ ਪੰਜਾਬ, ਮਨੋਹਰ, ਵਿਜੈ ਮਜਾਰੀ, ਹਰਬਲਾਸ ਬਸਰਾ, ਵਿਜੇ ਗੁਣਾਚੌਰ, ਰਵਿੰਦਰ ਮਹਿੰਮੀ, ਗੁਰਦੇਵ ਰਾਮ, ਵਰਿੰਦਰ ਵਿਰਦੀ, ਮਾਸਟਰ ਕੇਵਲ ਰਾਮ, ਗੁਰਮੇਜ਼ ਰਾਮ, ਬਲਜੀਤ, ਜੱਸੀ ਵਿਰਦੀ, ਰਾਮ ਦਿਆਲ, ਹੈਪੀ ਵਿਰਦੀ, ਅਵਤਾਰ ਵਿਰਦੀ ਆਦਿ ਹਾਜ਼ਰ ਸਨ।

# ਤਨਖਾਹ ਨਾ ਮਿਲਣ 'ਤੇ ਮੁਲਾਜ਼ਮ ਪਰੇਸ਼ਾਨ : ਪ੍ਰਿੰਸ ਪਲਿਆਲ



**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**- ਗੌਰਮਿੰਟ ਟੀਚਰਜ਼ ਯੂਨੀਅਨ ਦੇ ਸੀਨੀਅਰ ਜ਼ਿਲ੍ਹਾ ਆਗੂ ਪ੍ਰਿੰਸ ਪਲਿਆਲ ਗੜ੍ਹਦੀਵਾਲ ਨੇ ਕਿਹਾ ਕਿ ਮੁਲਾਜ਼ਮਾਂ ਨੂੰ ਫਰਵਰੀ ਮਹੀਨੇ ਦੀ ਤਨਖਾਹ ਨਾ ਮਿਲਣ ਕਰਕੇ ਭਾਰੀ ਪਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਉਹਨਾਂ ਕਿਹਾ ਕਿ ਤਨਖਾਹ ਨਾ ਮਿਲਣ ਕਰਕੇ ਮੁਲਾਜ਼ਮਾਂ ਦੇ ਘਰਾਂ ਦੇ ਚੁੱਲੇ ਠੰਡੇ ਹਨ। ਉਹਨਾਂ ਕਿਹਾ ਕਿ ਸਰਕਾਰ ਤੁਰੰਤ ਸਾਲ ਦਾ ਇਕੱਠਾ ਬਜਟ ਜਾਰੀ ਕਰੇ।

## ਗਾਇਕ ਬਲਧੀਰ ਮਾਹਲਾ ਦੇ ਦੋ ਨਵੇਂ ਗੀਤਾਂ ਦੀ ਸ਼ੂਟਿੰਗ ਮੱਤਾ ਪਿੰਡ 'ਚ ਅੱਜ ਤੋਂ



**ਫ਼ਰੀਦਕੋਟ (ਐਲਿਗਜੈਂਡਰ ਡਿਸੂਜ਼ਾ)**-ਲੋਕ ਗਾਇਕ ਬਲਧੀਰ ਮਾਹਲਾ ਜਲਦ ਹੀ ਸਰੋਤਿਆਂ ਦੀ ਕਚਹਿਰੀ ਵਿੱਚ ਦੋ ਨਵੇਂ ਅਰਥ-ਭਰਪੂਰ ਗੀਤ ਲੈ ਕੇ ਹਾਜ਼ਰ ਹੋ ਰਹੇ ਹਨ।ਬਲਧੀਰ ਮਾਹਲਾ ਨੇ ਦੱਸਿਆ ਕਿ ਉਨ੍ਹਾਂ ਦੇ ਦੋ ਨਵੇਂ ਪ੍ਰੋਜੈਕਟਾਂ ਦੀ ਸ਼ੂਟਿੰਗ ਮਿਤੀ 12 ਤੇ 13 ਮਾਰਚ ਨੂੰ ਪਿੰਡ ਮੱਤਾ ਅਤੇ ਇਸ ਦੇ ਆਸ-ਪਾਸ ਦੀਆਂ ਸੁੰਦਰ ਲੋਕੇਸ਼ਨਾਂ 'ਤੇ ਕੀਤੀ ਜਾ ਰਹੀ ਹੈ।ਪਹਿਲੇ ਗੀਤ 'ਮਾਂਵਾਂ' ਬਾਰੇ ਭਾਵੁਕ ਹੁੰਦਿਆਂ ਬਲਧੀਰ ਮਾਹਲਾ ਨੇ ਕਿਹਾ ਕਿ ਮਾਂ ਤਿਆਗ ਅਤੇ ਨਿਰਸਵਾਰਥ ਪਿਆਰ ਦੀ ਉਹ ਮੂਰਤ ਹੈ, ਜਿਸ ਦਾ ਕੋਈ ਬਦਲ ਨਹੀਂ।ਉਨ੍ਹਾਂ ਕਿਹਾ ਕਿ ਮਾਂ ਤੋਂ ਬਿਨਾਂ ਘਰ ਸਿਰਫ਼ ਇੱਕ ਮਕਾਨ ਰਹਿ ਜਾਂਦਾ ਹੈ ਤੇ ਉਸ ਦੀ ਕਮੀ ਦੁਨੀਆ ਦੀ ਕੋਈ ਵੀ ਸ਼ੈਅ ਪੂਰੀ ਨਹੀਂ ਕਰ ਸਕਦੀ।ਇਸ ਦਰਦ ਭਰੇ ਗੀਤ ਨੂੰ ਸੀਨੀਅਰ ਲੇਖਕ ਭੱਟੀ ਭੜੀਵਾਲਾ ਨੇ ਬਹੁਤ ਹੀ ਖ਼ੂਬਸੂਰਤ ਸ਼ਬਦਾਂ ਵਿੱਚ ਪਰੋਇਆ ਹੈ।ਦੂਜੇ ਗੀਤ 'ਡੱਬੀ ਮੱਲ੍ਹਮ ਦੀ' ਬਾਰੇ ਦੱਸਿਆ ਕਿ ਇਹ ਗੀਤ ਸਿੱਖ ਇਤਿਹਾਸ ਦੀ ਅਮੀਰ ਵਿਰਾਸਤ ਨਾਲ ਸਬੰਧਤ ਹੈ।ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀ ਮਹਿਮਾ, ਪੰਜ ਪਿਆਰਿਆਂ ਦੀ ਸਾਜਨਾ ਅਤੇ ਸੇਵਾ ਦੇ ਪੁੰਜ ਭਾਈ ਘਨਈਆ ਜੀ ਦੇ ਜੀਵਨ 'ਤੇ ਅਧਾਰਤ ਹੈ।ਇਹ ਗੀਤ ਖ਼ੁਦ ਬਲਧੀਰ ਮਾਹਲਾ ਵੱਲੋਂ ਲਿਖਿਆ ਗਿਆ ਹੈ ਤੇ ਇਸ ਨੂੰ ਵਿਸਾਖੀ ਦੇ ਸ਼ੁਭ ਦਿਹਾੜੇ 'ਤੇ 'ਬਲਧੀਰ ਮਾਹਲਾ ਆਫੀਸ਼ੀਅਲ' ਯੂ-ਟਿਊਬ ਚੈਨਲ ਰਾਹੀਂ ਰਿਲੀਜ਼ ਕੀਤਾ ਜਾਵੇਗਾ।ਦੋਵਾਂ ਗੀਤਾਂ ਦਾ ਫਿਲਮਾਂਕਣ ਪ੍ਰਸਿੱਧ ਵੀਡੀਓ ਨਿਰਦੇਸ਼ਕ ਗੁਰਬਾਜ ਗਿੱਲ ਦੀ ਅਗਵਾਈ ਹੇਠ 'ਗਿੱਲ ਫ਼ਿਲਮਜ਼' ਵੱਲੋਂ ਕੀਤਾ ਜਾ ਰਿਹਾ ਹੈ।

## ਪੰਜਾਬ ਬਜਟ 'ਚ ਔਰਤਾਂ ਲਈ 1000 ਰੁਪਏ ਦਾ ਐਲਾਨ ਚੋਣ ਸਟੰਟ : ਜਗਸੀਰ ਸਿੰਘ ਕਾਲੇਕੇ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਪੰਜਾਬ ਸਰਕਾਰ ਵੱਲੋਂ ਹਾਲ ਹੀ ਵਿਚ ਪੇਸ਼ ਕੀਤੇ ਗਏ ਬਜਟ ਨੂੰ ਲੈ ਕੇ ਵਿਰੋਧੀ ਧਿਰ ਦੇ ਆਗੂਆਂ ਵੱਲੋਂ ਤਿੱਖੀਆਂ ਪ੍ਰਤੀਕਿਰਿਆਵਾਂ ਸਾਹਮਣੇ ਆ ਰਹੀਆਂ ਹਨ।ਕਾਂਗਰਸੀ ਆਗੂ ਜਗਸੀਰ ਸਿੰਘ ਕਾਲੇਕੇ ਨੇ ਕਿਹਾ ਕਿ ਸਰਕਾਰ ਵੱਲੋਂ ਬਜਟ ਵਿਚ ਔਰਤਾਂ ਨੂੰ ਮਹੀਨਾ 1000 ਰੁਪਏ ਦੇਣ ਦਾ ਐਲਾਨ ਸਿਰਫ ਇੱਕ ਚੋਣੀ ਸਟੰਟ ਹੈ ਤੇ ਇਸ ਦਾ ਹਕੀਕਤ ਨਾਲ ਕੋਈ ਲੈਣਾ-ਦੇਣਾ ਨਹੀਂ।ਕਾਲੇਕੇ ਨੇ ਕਿਹਾ ਕਿ ਵਿਧਾਨ ਸਭਾ 2022 ਦੀਆਂ ਚੋਣਾਂ ਤੋਂ ਪਹਿਲਾਂ ਮੌਜੂਦਾ ਸਰਕਾਰ ਨੇ ਵੱਡੇ-ਵੱਡੇ ਵਾਅਦੇ ਕਰਕੇ ਲੋਕਾਂ ਤੋਂ ਵੋਟਾਂ ਹਾਸਲ ਕੀਤੀਆਂ ਸਨ।ਉਨ੍ਹਾਂ ਵਿਚੋਂ ਇੱਕ ਮੁੱਖ ਵਾਅਦਾ ਇਹ ਸੀ ਕਿ ਸੂਬੇ ਦੀ ਹਰ ਔਰਤ ਨੂੰ ਸਰਕਾਰ ਬਣਦੇ ਹੀ ਪ੍ਰਤੀ ਮਹੀਨਾ 1000 ਰੁਪਏ ਦਿੱਤੇ ਜਾਣਗੇ, ਪ੍ਰੰਤੂ ਸਰਕਾਰ ਬਣਨ ਤੋਂ ਬਾਅਦ ਚਾਰ ਸਾਲ ਲੰਘ ਜਾਣ ਦੇ ਬਾਵਜੂਦ ਇਹ ਵਾਅਦਾ ਪੂਰਾ ਨਹੀਂ ਕੀਤਾ ਗਿਆ।ਉਨ੍ਹਾਂ ਕਿਹਾ ਕਿ ਹੁਣ ਜਦੋਂ ਸਰਕਾਰ ਦਾ ਮਿਆਦ ਲਗਭਗ ਖਤਮ ਹੋਣ ਵਾਲਾ ਹੈ ਅਤੇ ਕੇਵਲ ਇੱਕ ਸਾਲ ਹੀ ਬਾਕੀ ਰਹਿ ਗਿਆ ਹੈ, ਤਾਂ ਬਜਟ ਵਿੱਚ ਮੁੜ ਇਸ ਤਰ੍ਹਾਂ ਦੇ ਐਲਾਨ ਕਰਨਾ ਸਪੱਸ਼ਟ ਤੌਰ 'ਤੇ ਲੋਕਾਂ ਨੂੰ ਭੁਲਾਵਾ ਦੇਣ ਦੇ ਬਰਾਬਰ ਹੈ।ਕਾਲੇਕੇ ਨੇ ਕਿਹਾ ਕਿ ਸਰਕਾਰ ਵੱਲੋਂ ਜਨਰਲ ਵਰਗ ਦੀਆਂ ਮਹਿਲਾਵਾਂ ਨੂੰ 1000 ਰੁਪਏ ਤੇ ਐਸ.ਸੀ ਵਰਗ ਦੀਆਂ ਮਹਿਲਾਵਾਂ ਨੂੰ 1500 ਰੁਪਏ ਦੇਣ ਦਾ ਐਲਾਨ ਕੀਤਾ ਗਿਆ ਹੈ, ਪਰ ਇਹ ਐਲਾਨ ਵੀ ਸਿਰਫ ਕਾਗਜ਼ਾਂ ਤੱਕ ਹੀ ਸੀਮਤ ਰਹੇਗਾ।ਉਨ੍ਹਾਂ ਦੋਸ਼ ਲਾਇਆ ਕਿ ਸਰਕਾਰ ਨੇ ਆਪਣੇ ਚਾਰ ਸਾਲਾਂ ਦੇ ਕਾਰਜਕਾਲ ਦੌਰਾਨ ਲੋਕਾਂ ਨਾਲ ਕੀਤੇ ਬਹੁਤ ਸਾਰੇ ਵਾਅਦੇ ਪੂਰੇ ਨਹੀਂ ਕੀਤੇ। ਮਹਿਲਾਵਾਂ ਨੂੰ ਆਰਥਿਕ ਸਹਾਇਤਾ ਦੇਣ ਦਾ ਵਾਅਦਾ ਵੀ ਉਨ੍ਹਾਂ ਵਿਚੋਂ ਇੱਕ ਵੱਡਾ ਵਾਅਦਾ ਸੀ, ਜਿਸ ਨੂੰ ਹੁਣ ਤੱਕ ਪੂਰਾ ਨਹੀਂ ਕੀਤਾ ਗਿਆ।ਉਨ੍ਹਾਂ ਕਿਹਾ ਕਿ ਜੇ ਸਰਕਾਰ ਸੱਚਮੁੱਚ ਮਹਿਲਾਵਾਂ ਦੀ ਭਲਾਈ ਚਾਹੁੰਦੀ ਸੀ ਤਾਂ ਇਹ ਸਕੀਮ ਸਰਕਾਰ ਬਣਦੇ ਹੀ ਲਾਗੂ ਕਰ ਦੇਣੀ ਚਾਹੀਦੀ ਸੀ।

## ਰਸਨੀਤ ਕੌਰ ਤੇ ਬਲਜਿੰਦਰ ਕੌਰ ਦਾ ਯੂ ਜੀ ਸੀ ਨੀਟ ਪਾਸ ਕਰਨ 'ਤੇ ਸਨਮਾਨ



**ਰਾਜਪੁਰਾ (ਰਮੇਸ਼ ਕਟਾਰੀਆ)**-ਹਲਕੇ ਘਨੌਰ ਦੀਆਂ ਦੋ ਹੋਣਹਾਰ ਧੀਆਂ ਰਸਨੀਤ ਕੌਰ ਨੇ ਯੂ ਪੀ ਐਸ ਸੀ ਅਤੇ ਬਲਜਿੰਦਰ ਕੌਰ ਯੂ ਜੀ ਸੀ ਨੀਟ ਪਾਸ ਕਰਕੇ ਪੂਰੇ ਇਲਾਕੇ ਦਾ ਨਾਂਅ ਰੌਸ਼ਨ ਕੀਤਾ ਹੈ।ਘਨੌਰ ਦੇ ਵਿਧਾਇਕ ਗੁਰ ਲਾਲ ਸਿੰਘ ਕੈਬਨਿਟ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਅਤੇ ਵਿਧਾਇਕ ਜਗਦੀਪ ਸਿੰਘ ਗੋਲਡੀ ਕੰਬੋਜ ਨਾਲ ਬੱਚੀਆਂ ਦੇ ਗ੍ਰਹਿ ਵਿਖੇ ਪਹੁੰਚ ਕੇ ਪਰਵਾਰਾਂ ਨੂੰ ਵਧਾਈ ਦਿੱਤੀ ਅਤੇ ਪੰਜਾਬ ਸਰਕਾਰ ਵੱਲੋਂ ਬੱਚੀਆਂ ਦਾ ਵਿਸ਼ੇਸ਼ ਸਨਮਾਨ ਕੀਤਾ।ਇਨ੍ਹਾਂ ਧੀਆਂ ਦੀ ਕਾਮਯਾਬੀ ਸਾਡੇ ਨੌਜਵਾਨਾਂ ਲਈ ਪ੍ਰੇਰਣਾ ਦਾ ਸਰੋਤ ਹੈ।

## ਨਾਰੀ ਜਲ ਸ਼ਕਤੀ ਦਿਵਸ ਮਨਾਇਆ ਗਿਆ




**ਜਲਾਲਾਬਾਦ (ਨਿਸ਼ਾ ਸ਼ਰਮਾ)**-ਪਿੰਡ ਹਜ਼ਾਰਾਂ ਰਾਮ ਸਿੰਘ ਵਾਲਾ ਵਿਖੇ ਨਾਰੀ ਜਲ ਸ਼ਕਤੀ ਦਿਵਸ ਪਿੰਡ ਦੀ ਸਮੂਹ ਗ੍ਰਾਮ ਪੰਚਾਇਤ ਤੇ ਮਹਿਲਾ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਜ਼ਿਲ੍ਹਾ ਫ਼ਾਜ਼ਿਲਕਾ, ਪਿੰਡ ਵਾਸੀਆਂ ਦੇ ਸਹਿਯੋਗ ਨਾਲ ਸਰਕਾਰੀ ਪ੍ਰਾਇਮਰੀ ਸਕੂਲ ਵਿਖੇ ਮਨਾਇਆ ਗਿਆ। ਪਿੰਡ ਵਾਸੀਆਂ ਤੇ ਸਕੂਲ ਦੇ ਵਿਦਿਆਰਥੀਆਂ ਨੂੰ ਮਹਿਲਾ ਦਿਵਸ ਦੀ ਮਹੱਤਤਾ ਬਾਰੇ ਜਾਣਕਾਰੀ ਦਿੰਦਿਆਂ ਪੀਣ ਯੋਗ ਪਾਣੀ ਦੀ ਸੰਭਾਲ, ਰੱਖ-ਰਖਾਵ ਤੇ ਸਵੱਛ ਭਾਰਤ ਮਿਸ਼ਨ ਤਹਿਤ ਅਪਣੇ ਆਲੇ-ਦੁਆਲੇ ਦੀ ਸਫਾਈ ਦੇ ਨਾਲ ਸੁੱਕੇ ਤੇ ਗਿੱਲੇ ਕੂੜੇ ਦੇ ਸੁਰੱਖਿਅਤ ਨਿਪਟਾਰੇ ਬਾਰੇ ਜਾਗਰੂਕ ਕੀਤਾ ਗਿਆ ਤੇ ਮੌਕੇ 'ਤੇ ਫੀਲਡ ਟੈਸਟ ਕਿਟ ਨਾਲ ਮੌਕੇ 'ਤੇ ਪੀਣ ਯੋਗ ਪਾਣੀ ਦੇ ਨਮੂਨਿਆਂ ਦੇ ਟੈਸਟ ਵੀ ਕੀਤੇ ਗਏ!

## ਸਪੋਰਟਸ ਸਾਇੰਸ ਵਿਭਾਗ ਦੀ ਅਲੈਟਿਕਸ ਮੀਟ 'ਚ ਰੀਆ ਰਿਆਲ ਤੇ ਸੁਖਵਿੰਦਰ ਸਿੰਘ ਮੋਹਰੀ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪੰਜਾਬੀ ਯੂਨੀਵਰਸਿਟੀ ਦੇ ਸਪੋਰਟਸ ਸਾਇੰਸ ਵਿਭਾਗ ਵੱਲੋਂ ਵਿਭਾਗ ਦੇ ਮੁਖੀ ਡਾ. ਅਨੁਰਾਧਾ ਲਹਿਰੀ ਦੀ ਅਗਵਾਈ ਹੇਠ ਕਰਾਈ ਗਈ ਸਾਲਾਨਾ ਅਥਲੈਟਿਕਸ ਮੀਟ ਦੌਰਾਨ ਕੁੜੀਆਂ ਵਿਚੋਂ ਰੀਆ ਰਿਆਲ ਤੇ ਮੁੰਡਿਆਂ 'ਚੋਂ ਸੁਖਵਿੰਦਰ ਸਿੰਘ ਟੌਪਰ ਰਹੇ।ਇਨਾਮਾਂ ਵੰਡਦਿਆਂ ਡਾ. ਅਨੁਰਾਧਾ ਲਹਿਰੀ ਨੇ ਕਿਹਾ ਕਿ ਖੇਡਾਂ ਜਿਥੇ ਮਾਨਸਿਕ ਤੇ ਸਰੀਰਕ ਤੰਦਰੁਸਤੀ ਸਮੇਤ ਸ਼ਹਿਣਸ਼ੀਲਤਾ ਤੇ ਅਨੁਸ਼ਾਸ਼ਨ ਦੀ ਭਾਵਨਾ ਵੀ ਪੈਦਾ ਕਰਦੀਆਂ ਹਨ। ਮੁਕਾਬਲਿਆਂ ਦੌਰਾਨ ਜਿੱਥੇ ਡਾ. ਅਸ਼ੋਕ ਕੁਮਾਰ ਨੇ ਕੋਆਰਡੀਨੇਟਰ ਵਜੋਂ ਬਾਖ਼ੂਬੀ ਜ਼ਿੰਮੇਵਾਰੀ ਨਿਭਾਈ, ਉਥੇ ਹੀ ਬਾਕੀ ਅਧਿਆਪਕਾਂ ਸਰਵਸ੍ਰੀ ਡਾ. ਪਰਮਵੀਰ ਸਿੰਘ ਤੇ ਡਾ. ਹਰੀਸ਼ ਕੁਮਾਰ ਸਮੇਤ ਡਾ. ਅਮਰਜੋਤ ਕੌਰ ਨੇ ਵੀ ਬਣਦੀਆਂ ਸੇਵਾਵਾਂ ਪ੍ਰਦਾਨ ਕੀਤੀਆਂ ਤੇ ਜੇਤੂਆਂ ਨੂੰ ਵਧਾਈ ਵੀ ਦਿੱਤੀ।100 ਮੀਟਰ ਦੌੜ (ਲੜਕੀਆਂ) ਵਿਚੋਂ ਰੀਆ ਰਿਆਲ ਨੇ ਪਹਿਲਾ ਤੇ ਤਨੂ ਨੇ ਦੂਜਾ ਸਥਾਨ ਹਾਸਲ ਕੀਤਾ।ਲੰਬੀ ਛਾਲ (ਲੜਕੀਆਂ) ਵਿਚੋਂ ਵੀ ਰੀਆ ਰਿਆਲ ਪਹਿਲੇ ਤੇ ਤਨੂ ਦੂਜੇ ਸਥਾਨ 'ਤੇ ਰਹੀ।ਜੈਵਲਿਨ ਥਰੋਹ ਵਿਚ ਪਹਿਲਾ ਸਥਾਨ ਇਸ਼ਿਤਾ ਨੇ ਤੇ ਦੂਜਾ ਗਗਨ ਨੇ ਪਾਇਆ।ਨਿੰਬੂ ਦੌੜ ਮੁਕਾਬਲੇ ਵਿਚ ਗਗਨ ਪਹਿਲੇ ਸਥਾਨ 'ਤੇ ਰਹੀ ਤੇ ਦੂਜਾ ਸਥਾਨ ਸੋਨਾਲੀ ਦੇ ਹਿੱਸੇ ਆਇਆ।ਲੜਕਿਆਂ ਦਰਮਿਆਨ ਹੋਏ ਮੁਕਾਬਲਿਆਂ 'ਚੋਂ 100 ਮੀਟਰ ਦੌੜ ਵਿੱਚ ਅਨਿਕੇਤ ਸਿੰਘ ਪਹਿਲੇ ਸਥਾਨ 'ਤੇ ਰਿਹਾ।ਲੰਬੀ ਛਾਲ ਵਿਚ ਪਹਿਲਾ ਸਥਾਨ ਸੁਖਵਿੰਦਰ ਸਿੰਘ ਨੇ ਅਤੇ ਦੂਸਰਾ ਅਨਿਕੇਤ ਦਲਾਲ ਨੇ ਹਾਸਲ ਕੀਤਾ। ਅੰਤ 'ਚ ਮੁੱਖ ਪ੍ਰਬੰਧਕ ਡਾ. ਅਨੁਰਾਧਾ ਲਹਿਰੀ ਸਮੇਤ ਡਾ. ਅਸ਼ੋਕ ਕੁਮਾਰ, ਡਾ. ਪਰਮਵੀਰ ਸਿੰਘ, ਡਾ. ਹਰੀਸ਼ ਕੁਮਾਰ ਅਤੇ ਡਾ.ਅਮਰਜੋਤ ਕੌਰ ਨੇ ਇਨਾਮਾਂ ਦੀ ਵੰਡ ਕਰਦਿਆਂ ਜੇਤੂਆਂ ਨੂੰ ਵਧਾਈ ਦਿੱਤੀ ਤੇ ਖੇਡਾਂ ਦੀ ਤਰ੍ਹਾਂ ਹੀ ਪੜ੍ਹਾਈ ਵਿੱਚ ਵੀ ਮੱਲਾਂ ਮਾਰਨ ਲਈ ਪ੍ਰੇਰਿਆ।

## ਪੁਲਸ ਕਿਸੇ ਸਿਆਸੀ ਦਬਾਅ ਹੇਠ ਕੰਮ ਨਹੀਂ ਕਰ ਰਹੀ : ਡੀ ਜੀ ਪੀ



**ਧੂਰੀ (ਮਨੋਹਰ ਸਿੰਘ ਸੱਗੂ)**-ਪੰਜਾਬ ਪੁਲਿਸ ਦੇ ਡੀ ਜੀ ਪੀ (ਬੀ ਓ ਆਈ) ਐਲ ਕੇ ਯਾਦਵ ਨੇ ਆਪਣੇ ਧੂਰੀ ਦੌਰੇ ਦੌਰਾਨ ਪੰਜਾਬ ਸਰਕਾਰ ਵੱਲੋਂ ਨਸ਼ਿਆਂ ਦੇ ਖਿਲਾਫ਼ ਚਲਾਈ ਜਾ ਰਹੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਦੇ ਦੂਜੇ ਪੜਾਓ ਪਰਿਹਾਰ-2 ਦਾ ਜਾਇਜ਼ਾ ਲਿਆ।ਇਸ ਮੌਕੇ ਐਸ ਐਸ ਪੀ ਸੰਗਰੂਰ ਸਰਤਾਜ ਸਿੰਘ ਚਾਹਲ, ਐਸ ਪੀ (ਐਚ) ਰਾਜੇਸ਼ ਛਿੱਬਰ, ਡੀ ਐਸ ਪੀ ਧੂਰੀ ਗੁਰਪ੍ਰੀਤ ਸਿੰਘ, ਐਸ ਐਚ ਓ ਸਦਰ ਕਰਨਵੀਰ ਸਿੰਘ ਸੰਧੂ ਅਤੇ ਐਸ ਐਚ ਓ ਸਿਟੀ ਜਸਵੀਰ ਸਿੰਘ ਤੂਰ ਵੀ ਮੌਜੂਦ ਸਨ।ਸ੍ਰੀ ਐਲ ਕੇ ਯਾਦਵ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਪੰਜਾਬ ਪੁਲਿਸ ਕਿਸੇ ਸਿਆਸੀ ਦਬਾਓ ਹੇਠ ਕੰਮ ਨਹੀਂ ਕਰ ਰਹੀ ਸਗੋਂ ਪੁਲਿਸ ਆਪਣੇ ਤੁਜਰਬੇ ਨਾਲ ਆਪਣੀ ਡਿਊਟੀ ਨਿਭਾ ਰਹੀ ਹੈ।ਪੰਜਾਬ ਅੰਦਰ ਅਮਨ ਕਾਨੂੰਨ ਦੀ ਸਥਿਤੀ ਬਾਰੇ ਉਨ੍ਹਾਂ ਕਿਹਾ ਕਿ ਭਾਵੇਂ ਸੂਬੇ 'ਚ ਵਾਰਦਾਤਾਂ ਵਾਪਰ ਰਹੀਆਂ ਹਨ, ਪਰ ਪੁਲਿਸ ਸਥਿਤੀ ਨੂੰ ਕਾਬੂ ਹੇਠ ਰੱਖਣ ਦੇ ਪੂਰੀ ਤਰ੍ਹਾਂ ਸਮਰਥ ਹੈ।ਪੰਜਾਬ ਪੁਲਿਸ ਦੇ ਮੁਲਾਜ਼ਮਾਂ ਦੀ ਵਧੇਰੇ ਡਿਊਟੀ ਕਾਰਨ ਮਾਨਸਿਕ ਤਣਾਓ ਬਾਰੇ ਪੁੱਛੇ ਜਾਣ 'ਤੇ ਉਨ੍ਹਾਂ ਕਿਹਾ ਕਿ ਭਾਵੇਂ ਤਣਾਓ ਹੁੰਦਾ ਹੈ, ਪਰ ਮੁਲਾਜ਼ਮਾਂ ਵੱਲੋਂ ਆਪਣੀ ਡਿਊਟੀ ਚੰਗੇ ਤਰੀਕੇ ਨਾਲ ਨਿਭਾਈ ਜਾ ਰਹੀ ਹੈ ਅਤੇ ਸਰਕਾਰ ਵੱਲੋਂ ਮੁਲਾਜਮਾਂ 'ਤੇ ਅਜਿਹਾ ਤਣਾਓ ਘਟਾਉਣ ਲਈ ਹੋਰ ਮੁਲਾਜ਼ਮ ਭਰਤੀ ਕੀਤੇ ਜਾ ਰਹੇ ਹਨ।ਡੀ ਜੀ ਪੀ ਸ੍ਰੀ ਯਾਦਵ ਨੇ ਕਿਹਾ ਮੁੱਖ ਮੰਤਰੀ ਦਾ ਹਲਕਾ ਹੋਣ ਕਾਰਨ ਹਲਕੇ 'ਚ ਜੁਰਮ ਨੂੰ ਰੋਕਣ ਲਈ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਹੈ।

# ਕਿਰਤੀ ਕਾਲਜ ਸਾਹਮਣੇ ਬੱਸਾਂ ਨਾ ਰੁਕਣ 'ਤੇ ਵਿਦਿਆਰਥੀ ਪਰੇਸ਼ਾਨ




**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**

ਸਰਕਾਰੀ ਕਿਰਤੀ ਕਾਲਜ ਨਿਆਲ ਦੇ ਵਿਦਿਆਰਥੀਆਂ ਦੀਆਂ ਆਵਾਜਾਈ ਸਬੰਧੀ ਮੁਸ਼ਕਲਾਂ ਨੂੰ ਮੁੱਖ ਰੱਖਦਿਆਂ ਵਿਦਿਆਰਥੀ ਜਥੇਬੰਦੀ ਪੰਜਾਬ ਸਟੂਡੈਂਟਸ ਯੂਨੀਅਨ ਦੀ ਅਗਵਾਈ ਵਿੱਚ ਇੱਕ ਵਫ਼ਦ ਵੱਲੋਂ ਐੱਸਡੀਐੱਮ ਕਾਲਾ ਰਾਮ ਬਾਂਸਲ ਨੂੰ ਮੰਗ ਪੱਤਰ ਸੌਂਪਿਆ ਗਿਆ। ਵਿਦਿਆਰਥੀਆਂ ਨੇ ਮੰਗ ਕੀਤੀ ਕਿ ਕਾਲਜ ਦੇ ਮੁੱਖ ਗੇਟ 'ਤੇ ਸਰਕਾਰੀ ਅਤੇ ਪ੍ਰਾਈਵੇਟ ਬੱਸਾਂ ਦੇ ਪੱਕੇ ਠਹਿਰਾਅ ਦਾ ਪ੍ਰਬੰਧ ਕੀਤਾ ਜਾਵੇ ਤਾਂ ਜੁ ਸੈਂਕੜੇ ਵਿਦਿਆਰਥੀਆਂ ਨੂੰ ਹੋ ਰਹੀ ਰੋਜ਼ਾਨਾ ਦੀ ਖੱਜਲ-ਖੁਆਰੀ ਤੋਂ ਨਿਜਾਤ ਮਿਲ ਸਕੇ।ਮੰਗ ਪੱਤਰ ਹਾਸਲ ਕਰਨ ਉਪਰੰਤ ਐੱਸ ਡੀ ਐੱਮ ਨੇ ਵਿਦਿਆਰਥੀਆਂ ਨੂੰ ਵਿਸ਼ਵਾਸ ਦਿਵਾਇਆ ਕਿ ਇਹ ਮਸਲਾ ਗੰਭੀਰ ਹੈ ਤੇ ਜਲਦ ਹੀ ਸਬੰਧਿਤ ਵਿਭਾਗਾਂ ਨਾਲ ਰਾਬਤਾ ਕਾਇਮ ਕਰਕੇ ਬੱਸਾਂ ਦੇ ਠਹਿਰਾਅ ਦਾ ਹੱਲ ਕੱਢਿਆ ਜਾਵੇਗਾ।ਦੂਜੇ ਪਾਸੇ ਵਿਦਿਆਰਥੀ ਆਗੂਆਂ ਨੇ ਮਸਲੇ ਦਾ ਹੱਲ ਨਾ ਹੋਣ ਤੇ ਸੰਘਰਸ਼ ਨੂੰ ਤਿੱਖਾ ਕਰਨ ਦੀ ਚੇਤਾਵਨੀ ਦਿੱਤੀ ਹੈ।

ਜਥੇਬੰਦੀ ਦੇ ਜ਼ਿਲ੍ਹਾ ਆਗੂ ਗੁਰਧਿਆਨ ਸਿੰਘ, ਕਾਲਜ ਕਮੇਟੀ ਮੈਂਬਰ ਸੁਮਨਦੀਪ ਕੌਰ ਅਤੇ ਪਰਨੀਤ ਕੌਰ ਨੇ ਦੱਸਿਆ ਕਿ ਵਿਦਿਆਰਥੀ ਪਿਛਲੇ ਲੰਮੇ ਸਮੇਂ ਤੋਂ ਇਸ ਜਾਇਜ਼ ਮੰਗ ਨੂੰ ਲੈ ਕੇ ਸੰਘਰਸ਼ ਕਰ ਰਹੇ ਹਨ।ਬੱਸਾਂ ਕਾਲਜ ਗੇਟ 'ਤੇ ਨਾ ਰੁਕਣ ਕਾਰਨ ਵਿਦਿਆਰਥੀਆਂ ਨੂੰ ਸੰਗਰੂਰ ਕੈਂਚੀਆਂ ਉਤਰਨਾ ਪੈਂਦਾ ਹੈ, ਜਿੱਥੋਂ ਕਾਲਜ ਤੱਕ ਦਾ ਲੰਮਾ ਸਫ਼ਰ ਪੈਦਲ ਤੈਅ ਕਰਨਾ ਪੈਂਦਾ ਹੈ।ਇਹੀ ਸਿਲਸਿਲਾ ਛੁੱਟੀ ਸਮੇਂ ਵੀ ਦੁਹਰਾਇਆ ਜਾਂਦਾ ਹੈ।ਬੱਸਾਂ ਦੀ ਘਾਟ ਅਤੇ ਸਹੀ ਸਟਾਪ ਨਾ ਹੋਣ ਕਾਰਨ ਵਿਦਿਆਰਥੀ ਅਕਸਰ ਆਪਣੀਆਂ ਕਲਾਸਾਂ ਦੇ ਸਮੇਂ ਸਿਰ ਕਾਲਜ ਨਹੀਂ ਪਹੁੰਚ ਪਾਉਂਦੇ, ਜਿਸ ਦਾ ਸਿੱਧਾ ਅਸਰ ਉਨ੍ਹਾਂ ਦੀ ਪੜ੍ਹਾਈ 'ਤੇ ਪੈ ਰਿਹਾ ਹੈ।ਉਨ੍ਹਾਂ ਦੱਸਿਆ ਕਿ ਕਾਲਜ ਵਿੱਚ ਪੜ੍ਹਨ ਵਾਲੇ ਜ਼ਿਆਦਾਤਰ ਵਿਦਿਆਰਥੀ ਦੂਰ-ਦੁਰਾਡੇ ਦੇ ਪਿੰਡਾਂ ਤੋਂ ਆਉਂਦੇ ਹਨ।ਪਹਿਲਾਂ ਹੀ ਲੰਮਾ ਸਫ਼ਰ ਕਰਕੇ ਆਉਣ ਤੋਂ ਬਾਅਦ ਪੈਦਲ ਚੱਲਣਾ ਉਨ੍ਹਾਂ ਲਈ ਸਰੀਰਕ ਤੇ ਮਾਨਸਿਕ ਤੌਰ 'ਤੇ ਪ੍ਰੇਸ਼ਾਨੀ ਦਾ ਸਬੱਬ ਬਣਦਾ ਹੈ। ਵਿਦਿਆਰਥੀ ਆਗੂ ਮਨਦੀਪ ਸਿੰਘ ਨੇ ਸਪੱਸ਼ਟ ਸ਼ਬਦਾਂ ਵਿੱਚ ਚਿਤਾਵਨੀ ਦਿੱਤੀ ਕਿ ਜੇਕਰ ਪ੍ਰਸ਼ਾਸਨ ਨੇ ਜਲਦ ਕੋਈ ਠੋਸ ਕਾਰਵਾਈ ਨਾ ਕੀਤੀ, ਤਾਂ ਪੰਜਾਬ ਸਟੂਡੈਂਟਸ ਯੂਨੀਅਨ ਦੀ ਅਗਵਾਈ ਹੇਠ ਵਿਦਿਆਰਥੀ ਸੰਘਰਸ਼ ਵਿੱਢਣ ਲਈ ਮਜਬੂਰ ਹੋਣਗੇ।ਉਨ੍ਹਾਂ ਕਿਹਾ ਕਿ ਜੇਕਰ ਵਿਦਿਆਰਥੀਆਂ ਨੂੰ ਸੜਕਾਂ 'ਤੇ ਉਤਰਨਾ ਪਿਆ ਤਾਂ ਇਸ ਦੀ ਸਾਰੀ ਜ਼ਿੰਮੇਵਾਰੀ ਸਥਾਨਕ ਪ੍ਰਸ਼ਾਸਨ ਦੀ ਹੋਵੇਗੀ।

# ਮਿੱਟੀ ਦੀ ਸਿਹਤ ਤੇ ਟਿਕਾਊ ਖੇਤੀ ਬਾਰੇ ਵਿਸ਼ੇਸ਼ ਭਾਸ਼ਣ



**ਸ੍ਰੀ ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ, ਫਤਿਹਗੜ੍ਹ ਸਾਹਿਬ ਦੇ ਖੇਤੀਬਾੜੀ ਵਿਭਾਗ ਵੱਲੋਂ ਜੀਵਤ ਮਿੱਟੀ, ਜੀਵਤ ਪੰਜਾਬ: ਪੰਜਾਬ ਦੇ ਟਿਕਾਊ ਖੇਤੀਬਾੜੀ ਭਵਿੱਖ ਲਈ ਮਿੱਟੀ ਜੀਵ ਵਿਗਿਆਨ ਨੂੰ ਮੁੜ ਸੁਰਜੀਤ ਕਰਨਾ ਵਿਸ਼ੇ 'ਤੇ ਇੱਕ ਵਿਸ਼ੇਸ਼ ਭਾਸ਼ਣ ਦਾ ਆਯੋਜਨ ਕੀਤਾ ਗਿਆ।ਸੈਸ਼ਨ ਦੀ ਸ਼ੁਰੂਆਤ ਡੀਨ ਅਕਾਦਮਿਕ ਮਾਮਲੇ ਪ੍ਰੋ. (ਡਾ.) ਸੁਖਵਿੰਦਰ ਸਿੰਘ ਬਿਲਿੰਗ ਦੇ ਸਵਾਗਤੀ ਭਾਸ਼ਣ ਨਾਲ ਹੋਈ, ਜਿਨ੍ਹਾਂ ਨੇ ਜੀਵਨ ਨੂੰ ਕਾਇਮ ਰੱਖਣ ਵਿੱਚ ਹਵਾ, ਪਾਣੀ ਅਤੇ ਮਿੱਟੀ ਦੀ ਮਹੱਤਵਪੂਰਨ ਭੂਮਿਕਾ 'ਤੇ ਚਾਨਣਾ ਪਾਇਆ। ਗੁਰੂ ਨਾਨਕ ਦੇਵ ਜੀ ਦੀਆਂ ਸਿੱਖਿਆਵਾਂ ਦਾ ਹਵਾਲਾ ਦਿੰਦੇ ਹੋਏ ਉਨ੍ਹਾਂ ਨੇ ਇਨ੍ਹਾਂ ਕੁਦਰਤੀ ਸਰੋਤਾਂ ਦੀ ਰੱਖਿਆ ਕਰਨ ਦੀ ਲੋੜ 'ਤੇ ਜ਼ੋਰ ਦਿੱਤਾ ਅਤੇ ਕਿਹਾ ਕਿ ਹਰੀ ਕ੍ਰਾਂਤੀ ਤੋਂ ਬਾਅਦ ਰਸਾਇਣਕ ਖਾਦਾਂ 'ਤੇ ਬਹੁਤ ਜ਼ਿਆਦਾ ਨਿਰਭਰਤਾ ਨੇ ਪੰਜਾਬ ਵਿੱਚ ਮਿੱਟੀ ਦੀ ਸਿਹਤ ਅਤੇ ਭੂਮੀਗਤ ਪਾਣੀ 'ਤੇ ਮਾੜਾ ਪ੍ਰਭਾਵ ਪਾਇਆ ਹੈ।ਇਸ ਮੌਕੇ ਵਿਸ਼ੇਸ਼ ਭਾਸ਼ਣ ਪ੍ਰਸਿੱਧ ਵਾਤਾਵਰਣ ਵਿਗਿਆਨੀ ਡਾ. ਸੁਲਤਾਨ ਅਹਿਮਦ ਇਸਮਾਈਲ ਦੁਆਰਾ ਦਿੱਤਾ ਗਿਆ। ਉਹ ਇਸ ਸਮੇਂ ਖੇਤੀ ਵਿਰਾਸਤ ਮਿਸ਼ਨ ਦੇ ਸਹਿਯੋਗ ਨਾਲ ਪੰਜਾਬ ਦੌਰੇ 'ਤੇ ਹਨ।ਡਾ. ਇਸਮਾਈਲ ਨੇ ਮਿੱਟੀ ਦੀ ਉਪਜਾਊ ਸ਼ਕਤੀ ਨੂੰ ਬਣਾਈ ਰੱਖਣ ਅਤੇ ਖੇਤੀਬਾੜੀ ਦੀ ਲੰਬੇ ਸਮੇਂ ਦੀ ਸਥਿਰਤਾ ਨੂੰ ਯਕੀਨੀ ਬਣਾਉਣ ਵਿੱਚ ਮਿੱਟੀ ਦੀ ਜੀਵ ਵਿਭਿੰਨਤਾ, ਕੀੜੇ ਅਤੇ ਸੂਖਮ ਜੀਵਾਣੂ ਭਾਈਚਾਰਿਆਂ ਦੀ ਮਹੱਤਵਪੂਰਨ ਭੂਮਿਕਾ 'ਤੇ ਚਾਨਣਾ ਪਾਇਆ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਰਸਾਇਣਕ ਪਦਾਰਥਾਂ 'ਤੇ ਬਹੁਤ ਜ਼ਿਆਦਾ ਨਿਰਭਰਤਾ ਨੇ ਮਿੱਟੀ ਦੀ ਸਿਹਤ 'ਤੇ ਮਾੜਾ ਪ੍ਰਭਾਵ ਪਾਇਆ ਹੈ ਅਤੇ ਕਿਸਾਨ ਭਾਈਚਾਰੇ ਅਤੇ ਨੌਜਵਾਨ ਖੇਤੀਬਾੜੀ ਵਿਗਿਆਨੀਆਂ ਨੂੰ ਪੰਜਾਬ ਵਿੱਚ ਇੱਕ ਲਚਕੀਲੇ ਖੇਤੀਬਾੜੀ ਭਵਿੱਖ ਲਈ ਕੁਦਰਤੀ ਮਿੱਟੀ ਜੈਵਿਕ ਪ੍ਰਕਿਰਿਆਵਾਂ ਨੂੰ ਮੁੜ ਸੁਰਜੀਤ ਕਰਨ ਦੀ ਅਪੀਲ ਕੀਤੀ।ਇਸ ਸੈਸ਼ਨ ਦੀ ਪ੍ਰਧਾਨਗੀ ਯੂਨੀਵਰਸਿਟੀ ਦੇ ਵਾਈਸ-ਚਾਂਸਲਰ ਪ੍ਰੋ. (ਡਾ.) ਪਰਿਤ ਪਾਲ ਸਿੰਘ ਨੇ ਕੀਤੀ।ਉਨ੍ਹਾਂ ਜੈਵਿਕ ਖੇਤੀ ਨੂੰ ਉਤਸ਼ਾਹਿਤ ਕਰਨ ਦੀ ਮਹੱਤਤਾ 'ਤੇ ਜ਼ੋਰ ਦਿੱਤਾ।ਇਸ ਮੌਕੇ ਖੇਤੀ ਵਿਰਾਸਤ ਮਿਸ਼ਨ ਦੇ ਡਾਇਰੈਕਟਰ ਸ੍ਰੀ ਉਮੇਂਦਰ ਦੱਤ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ।ਭਾਸ਼ਣ ਤੋਂ ਬਾਅਦ ਯੂਨੀਵਰਸਿਟੀ ਕੈਂਪਸ ਵਿੱਚ ਇੱਕ ਪੌਦੇ ਲਗਾਉਣ ਦੀ ਮੁਹਿੰਮ ਦਾ ਆਯੋਜਨ ਕੀਤਾ ਗਿਆ।ਇਸ ਅਧੀਨ ਯੂਨੀਵਰਸਿਟੀ ਵਿੱਚ ਵਿਕਸਤ ਕੀਤੇ ਗਏ ਗੁਰੂ ਗੋਬਿੰਦ ਸਿੰਘ ਬਾਗ ਵਿੱਚ ਚੀਕੂ (ਸਪੋਟਾ) ਦੇ ਪੌਦਿਆਂ ਦਾ ਨਵਾਂ ਸੈਕਸ਼ਨ ਬਣਾਇਆ ਗਿਆ। ਪੌਦੇ ਲਗਾਉਣ ਦੀ ਮੁਹਿੰਮ ਸੰਸਥਾ ਦੀ ਵਾਤਾਵਰਣ ਸੰਭਾਲ ਅਤੇ ਟਿਕਾਊ ਖੇਤੀਬਾੜੀ ਅਭਿਆਸਾਂ ਪ੍ਰਤੀ ਵਚਨਬੱਧਤਾ ਦਾ ਪ੍ਰਤੀਕ ਹੈ।ਇਹ ਪ੍ਰੋਗਰਾਮ ਖੇਤੀਬਾੜੀ ਵਿਭਾਗ ਦੇ ਮੁਖੀ ਡਾ. ਜਸਪ੍ਰੀਤ ਕੌਰ ਢਿੱਲੋਂ ਦੁਆਰਾ ਰਸਮੀ ਧੰਨਵਾਦ ਦੇ ਨਾਲ ਸਮਾਪਤ ਹੋਇਆ।

# ਭਲਕੇ ਘੁੱਦਾ ਵਿਖੇ ਵਿਸ਼ਾਲ ਰੋਜ਼ਗਾਰ ਮੇਲਾ : ਡੀ ਸੀ

**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਨੌਜਵਾਨਾਂ ਨੂੰ ਰੋਜ਼ਗਾਰ ਦੇ ਵਧੀਆ ਮੌਕੇ ਪ੍ਰਦਾਨ ਕਰਨ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ।

ਇਸੇ ਮਕਸਦ ਨੂੰ ਧਿਆਨ ਵਿੱਚ ਰੱਖਦਿਆਂ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਬਠਿੰਡਾ ਵੱਲੋਂ 13 ਮਾਰਚ ਦਿਨ ਸ਼ੁੱਕਰਵਾਰ ਨੂੰ ਪੰਜਾਬੀ ਯੂਨੀਵਰਸਿਟੀ ਕਾਲਜ ਨੇੜੇ ਸਪੋਰਟਸ ਸਕੂਲ ਘੁੱਦਾ ਵਿਖੇ ਵਿਸ਼ਾਲ ਰੋਜ਼ਗਾਰ ਮੇਲੇ ਦਾ ਆਯੋਜਨ ਕੀਤਾ ਜਾ ਰਿਹਾ ਹੈ। ਇਹ ਜਾਣਕਾਰੀ ਡਿਪਟੀ ਕਮਿਸ਼ਨਰ-ਕਮ-ਚੇਅਰਮੈਨ ਡੀ.ਬੀ.ਈ.ਈ. ਬਠਿੰਡਾ ਸ੍ਰੀ ਰਾਜੇਸ਼ ਧੀਮਾਨ ਵੱਲੋਂ ਦਿੱਤੀ ਗਈ।ਉਨ੍ਹਾਂ ਦੱਸਿਆ ਕਿ ਇਸ ਰੋਜ਼ਗਾਰ ਮੇਲੇ ਦਾ ਉਦੇਸ਼ ਨੌਜਵਾਨਾਂ ਨੂੰ ਵੱਖ-ਵੱਖ ਪ੍ਰਾਈਵੇਟ ਕੰਪਨੀਆਂ ਵਿੱਚ ਰੋਜ਼ਗਾਰ ਦੇ ਮੌਕੇ ਪ੍ਰਦਾਨ ਕਰਨਾ ਹੈ ਤਾਂ ਜੋ ਉਹ ਆਪਣੇ ਹੁਨਰ ਅਤੇ ਯੋਗਤਾ ਦੇ ਅਨੁਸਾਰ ਨੌਕਰੀ ਪ੍ਰਾਪਤ ਕਰ ਸਕਣ। ਇਸ ਮੇਲੇ ਵਿੱਚ ਐਲ.ਆਈ.ਸੀ. ਆਫ ਇੰਡੀਆ, ਵਿਜੈ ਰਾਜ ਜਿੰਦਲ ਐਂਡ ਕੰਪਨੀ, ਪੁਖਰਾਜ ਹੈਲਥ ਕੇਅਰ, ਐਕਸਪਰਟ ਸਲਿਊਸ਼ਨ, ਏ.ਵੀ.ਸੀ. ਮਹਿੰਦਰਾ, ਅਗਰਵਾਲ ਟਫਐਂਡ ਐਂਡ ਗਲਾਸਸ, ਚੈਕਮੇਟ ਸਕਿਓਰਿਟੀ ਸਰਵਿਸਜ਼, ਸਕਾਈ ਅਚੀਵਰਜ, ਅਥਰਵਾ ਟੈੱਕ ਪ੍ਰਾਈਵੇਟ ਲਿਮਟਿਡ, ਪੇਅ ਟੀ ਐਮ, ਐਸ.ਬੀ.ਆਈ. ਲਾਈਫ ਇੰਸ਼ੋਰੈਂਸ, ਅਗਰਵਾਲ ਗਲਾਸ ਵਰਕਸ, ਸ਼੍ਰੀਰਾਮ ਫਾਈਨਾਂਸ, ਇੰਦਰਾ ਇੰਨਫਰਾਟੈੱਕ ਪ੍ਰਾਈਵੇਟ ਲਿਮਟਿਡ, ਪੰਜਾਬ ਰੂਟਸ ਰਿਐਲਟੀ, ਦਵਾਰਾ ਲੋਨਸ ਅਤੇ ਗੋਲਡਨ ਸਕਿਓਰਿਟੀ ਸਰਵਿਸਜ਼ ਵਰਗੀਆਂ ਨਾਮਵਰ ਕੰਪਨੀਆਂ ਹਿੱਸਾ ਲੈਣਗੀਆਂ।ਇਸ ਸਬੰਧੀ ਹੋਰ ਜਾਣਕਾਰੀ ਦਿੰਦਿਆਂ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਕਮ ਸੀ.ਈ.ਓ. ਡੀ.ਬੀ.ਈ.ਈ. ਬਠਿੰਡਾ ਮੈਡਮ ਕੰਚਨ ਨੇ ਦੱਸਿਆ ਕਿ ਵੱਖ-ਵੱਖ ਕੰਪਨੀਆਂ ਵੱਲੋਂ ਮਹਿਲਾ ਕਰੀਅਰ ਏਜੰਟ, ਟੈਲੀਕਾਲਰ, ਸਰਵਿਸ ਅਡਵਾਈਜ਼ਰ, ਬੈਕਐਂਡ ਆਫਿਸ ਐਗਜੀਕਿਊਟਿਵ, ਵੈਲਨੈੱਸ ਅਡਵਾਈਜ਼ਰ, ਟੀਮ ਲੀਡਰ, ਸੇਲਜ਼ ਐਗਜੀਕਿਊਟਿਵ, ਬਰਾਂਚ ਮੈਨੇਜਰ, ਡਿਵੈਲਪਮੈਂਟ ਮੈਨੇਜਰ, ਕੰਪਿਊਟਰ ਉਪਰੇਟਰ, ਅਕਾਊਂਟੈਂਟ, ਸਕਿਓਰਿਟੀ ਗਾਰਡ, ਪ੍ਰੋਸੈਸ ਕੋਆਰਡੀਨੇਟਰ ਅਤੇ ਰਿਲੇਸ਼ਨਸ਼ਿਪ ਮੈਨੇਜਰ ਆਦਿ ਅਸਾਮੀਆਂ ਲਈ ਚੋਣ ਕੀਤੀ ਜਾਵੇਗੀ।

# ਨੰਬਰਦਾਰ ਯੂਨੀਅਨ ਪਟਿਆਲਾ ਦਾ ਜਨਰਲ ਅਜਲਾਸ ਸੰਪੰਨ

**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਮਾਲ ਵਿਭਾਗ ਅਧੀਨ ਸੂਬੇ ਵਿੱਚ ਕੰਮ ਕਰਦੇ ਨੰਬਰਦਾਰਾਂ ਦੀ ਜਥੇਬੰਦੀ ਨੰਬਰਦਾਰ ਯੂਨੀਅਨ ਪੰਜਾਬ ਜ਼ਿਲ੍ਹਾ ਪਟਿਆਲਾ ਦਾ ਜਨਰਲ ਇਜਲਾਸ ਸੰਪੰਨ ਹੋ ਗਿਆ ਹੈ।ਜਥੇਬੰਦੀ ਦੇ ਸੂਬਾ ਚੀਫ ਪੈਟਰਨ ਗੁਰਦਰਸ਼ਨ ਸਿੰਘ ਗਲੌਲੀ ਦੀ ਦੇਖ ਰੇਖ ਹੇਠ ਹੋਏ ਜ਼ਿਲ੍ਹਾ ਪੱਧਰੀ ਇਜਲਾਸ ਵਿੱਚ ਸੂਬਾ ਪ੍ਰਧਾਨ ਗੁਰਪਾਲ ਸਿੰਘ ਸਮਰਾ, ਕਾਰਜਕਾਰੀ ਪ੍ਰਧਾਨ ਸੁਰਜੀਤ ਸਿੰਘ ਨਨਹੇੜਾ ਅਤੇ ਸਕੱਤਰ ਜਨਰਲ ਰਛਪਾਲ ਸਿੰਘ ਕੁਲਾਰ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ।ਇਸ ਜਨਰਲ ਇਜਲਾਸ ਦੌਰਾਨ ਨੰਬਰਦਾਰ ਯਾਦਵਿੰਦਰ ਸਿੰਘ ਨਿਆਲ ਨੂੰ ਸਰਬ ਸੰਮਤੀ ਨਾਲ ਜਥੇਬੰਦੀ ਦਾ ਜ਼ਿਲ੍ਹਾ ਪ੍ਰਧਾਨ ਚੁਣਿਆ ਗਿਆ।ਜਦੋਂ ਕਿ ਬਾਕੀ ਦੀ ਟੀਮ ਚੁਣਨ ਦੇ ਅਧਿਕਾਰ ਨਵੇਂ ਚੁਣੇ ਗਏ ਜ਼ਿਲ੍ਹਾ ਪ੍ਰਧਾਨ ਨੂੰ ਸੌਂਪ ਦਿੱਤੇ ਗਏ।ਮੀਟਿੰਗ ਨੂੰ ਸੰਬੋਧਨ ਕਰਦਿਆਂ ਜਥੇਬੰਦੀ ਦੇ ਚੀਫ ਪੈਟਰਨ ਗੁਰਦਰਸ਼ਨ ਸਿੰਘ ਗਲੌਲੀ ਨੇ ਕਿਹਾ ਕਿ ਸੂਬੇ ਦੇ ਲੋਕਾਂ ਨੂੰ ਬਹੁਤ ਨਿਗੂਣੇ ਮਾਨ ਭੱਤੇ ਉੱਤੇ ਨੰਬਰਦਾਰ ਪਿਛਲੇ ਲੰਬੇ ਸਮੇਂ ਤੋਂ ਸੇਵਾਵਾਂ ਦਿੰਦੇ ਆ ਰਹੇ ਹਨ। ਮਾਲ ਵਿਭਾਗ ਦੇ ਕੰਮਾਂ ਦੇ ਨਾਲ ਨਾਲ ਪਿੰਡਾਂ ਨਾਲ ਸਬੰਧਤ ਬਹੁਤ ਸਾਰੇ ਕੰਮਾਂ ਦੀ ਜਾਣਕਾਰੀ ਨੰਬਰਦਾਰ ਹੀ ਜਿਥੇ ਸਰਕਾਰ ਤੱਕ ਪਹੁੰਚਾਉਂਦੇ ਹਨ।ਉਨ੍ਹਾਂ ਸਪੱਸ਼ਟ ਕੀਤਾ ਕਿ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਆਪ ਸਰਕਾਰ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਦਿੱਤੀਆਂ ਗਈਆਂ ਸਾਰੀਆਂ ਗਰੰਟੀਆਂ ਪੂਰੀਆਂ ਕਰਨ ਦਾ ਦਾਅਵਾ ਕਰ ਰਹੀ ਹੈ ਪਰ ਬਦਕਿਸਮਤੀ ਦੀ ਗੱਲ ਹੈ ਕਿ ਨੰਬਰਦਾਰ ਭਾਈਚਾਰੇ ਨੂੰ ਦਿੱਤੀਆਂ ਦੋਵੇਂ ਗਰੰਟੀਆਂ ਵਿੱਚੋਂ ਕੋਈ ਵੀ ਗਰੰਟੀ ਸਰਕਾਰ ਨੇ ਪੂਰੀ ਨਹੀਂ ਕੀਤੀ। ਉਨ੍ਹਾਂ ਸਪੱਸ਼ਟ ਕੀਤਾ ਕਿ ਆਪ ਵੱਲੋਂ ਬਣਾਏ ਗਏ 13 ਨੁਕਾਤੀ ਪ੍ਰੋਗਰਾਮ ਵਿੱਚ ਨੰਬਰਦਾਰਾਂ ਨੂੰ ਪ੍ਰਤੀ ਮਹੀਨਾ ਤਿੰਨ ਹਜ਼ਾਰ ਰੁਪਏ ਮਾਣਭੱਤਾ ਅਤੇ ਮੌਤ ਹੋ ਜਾਣ ਦੀ ਸੂਰਤ ਵਿੱਚ ਨੰਬਰਦਾਰੀ ਨੂੰ ਪਿਤਾ ਪੁਰਖੀ ਬਣਾਉਣਾ ਸ਼ਾਮਲ ਸੀ।ਇਸ ਦੌਰਾਨ ਨਵ ਨਿਯੁਕਤ ਜ਼ਿਲ੍ਹਾ ਪ੍ਰਧਾਨ ਯਾਦਵਿੰਦਰ ਸਿੰਘ ਨਿਆਲ ਵੱਲੋਂ ਭਾਈਚਾਰੇ ਦਾ ਧੰਨਵਾਦ ਕਰਦਿਆਂ ਦਿੱਤੀ ਗਈ ਜ਼ੁੰਮੇਵਾਰੀ ਨੂੰ ਇਮਾਨਦਾਰੀ ਅਤੇ ਤਨਦੇਹੀ ਨਾਲ ਨਿਭਾਉਣ ਦਾ ਭਰੋਸਾ ਦਿੱਤਾ ਗਿਆ। ਇਸ ਮੌਕੇ ਹੋਰਨਾਂ ਤੋਂ ਇਲਾਵਾ ਜ਼ਿਲ੍ਹਾ ਪ੍ਰਧਾਨ ਜਲੰਧਰ ਦੇ ਪ੍ਰਧਾਨ ਹਰਕੰਵਲ ਸਿੰਘ, ਹਰਦਰਸ਼ਨ ਸਿੰਘ, ਕਰਮਜੀਤ ਸਿੰਘ ਨਮੋਲ, ਹਰਵਿੰਦਰ ਸਿੰਘ, ਗੁਰਪ੍ਰੀਤ ਸਿੰਘ ਤਹਿਸੀਲ ਪ੍ਰਧਾਨ ਪਾਤੜਾਂ, ਹਰਪ੍ਰੀਤ ਸਿੰਘ ਗੁਰਦਿੱਤਪੁਰਾ, ਵਾਸਦੇਵ ਸਿੰਘ ਗਲੋਲੀ, ਧਿਆਨ ਸਿੰਘ ਹਰਿਆਊ, ਗੁਰਚਰਨ ਸਿੰਘ ਘੰਗਰੋਲੀ, ਅੰਮ੍ਰਿਤਪਾਲ ਸਿੰਘ ਮਤੌਲੀ, ਸਬਾਜ਼ ਸਿੰਘ।ਮੌਲਵੀਵਾਲਾ, ਪ੍ਰਹਿਲਾਦ ਸਿੰਘ ਸਰਪੰਚ ਨਿਆਲ, ਗੁਰਦੀਪ ਸਿੰਘ ਸਮਾਣਾ, ਹਰਬੰਸ ਸਿੰਘ ਗੁਲਾਹੜ, ਦਲਜੀਤ ਸਿੰਘ ਬਲਾਕ ਸਕੱਤਰ ਆਦਿ ਹਾਜ਼ਰ ਸਨ।

## ਯਾਦਵਿੰਦਰ ਸਿੰਘ ਨਿਆਲ ਜਥੇਬੰਦੀ ਦੇ ਜ਼ਿਲ੍ਹਾ ਪ੍ਰਧਾਨ ਬਣੇ



# ਮਾਤਾ ਗੁਜਰੀ ਭਲਾਈ ਕੇਂਦਰ ਨੇ 13 ਲੜਕੀਆਂ ਦੇ ਸਮੂਹਿਕ ਵਿਆਹ ਕਰਵਾਏ



**ਬੁਢਲਾਡਾ (ਅਸ਼ੋਕ ਲਾਕੜਾ)**

ਇਲਾਕੇ ਦੀ ਸਮਾਜ ਸੇਵੀ ਸੰਸਥਾ ਮਾਤਾ ਗੁਜਰੀ ਭਲਾਈ ਕੇਂਦਰ ਬੁਢਲਾਡਾ ਵਲੋਂ ਸਥਾਨਕ ਸ਼ਹਿਰ ਅਤੇ ਇਲਾਕਾ ਨਿਵਾਸੀਆਂ ਦੇ ਸਹਿਯੋਗ ਨਾਲ 13 ਲੜਕੀਆਂ ਦੇ ਸਮੂਹਿਕ ਵਿਆਹ ਕਰਵਾਏ ਗਏ।ਸਥਾਨਕ ਗੁਰਦੁਆਰਾ ਪਾਤਸ਼ਾਹੀ ਨੌਵੀਂ ਵਿਖੇ ਕਰਵਾਏ ਗਏ ਸਮਾਗਮ ਦੌਰਾਨ ਵੱਖ ਵੱਖ ਰਾਜਨੀਤਿਕ, ਸਮਾਜਿਕ, ਧਾਰਮਿਕ ਅਤੇ ਮੁਲਾਜ਼ਮ ਜਥੇਬੰਦੀਆਂ ਦੇ ਆਗੂਆਂ ਨੇ ਨਵ-ਵਿਆਹੁਤਾ ਜੋੜਿਆਂ ਨੂੰ ਆਸ਼ੀਰਵਾਦ ਦਿੱਤਾ।ਪ੍ਰੋਗਰਾਮ ਮੌਕੇ ਜਾਣਕਾਰੀ ਦਿੰਦਿਆਂ ਸੰਸਥਾ ਦੇ ਮੁਖੀ ਮਾਸਟਰ ਕੁਲਵੰਤ ਸਿੰਘ ਨੇ ਦੱਸਿਆ ਕਿ ਇਸ ਸਾਲਾਨਾ ਵਿਆਹ ਮਹਾ ਉਤਸਵ 'ਚ ਨੇੜਲੇ ਪਿੰਡਾਂ ਦੇ ਬਹੁਤ ਲੋੜਵੰਦ ਅਤੇ ਗਰੀਬ ਪਰਿਵਾਰ ਦੀਆਂ ਲੜਕੀਆਂ ਦੇ 13 ਆਨੰਦ ਕਾਰਜ ਸੰਪੰਨ ਹੋਏ। ਇਹ ਰਸਮ ਸਥਾਨਕ ਰਾਗੀ ਜਥਿਆਂ ਤੋਂ ਇਲਾਵਾ ਬਾਬਾ ਜਗਜੀਤ ਸਿੰਘ ਗੁਰਨੇ ਕਲਾਂ ਵਾਲਿਆਂ ਦੇ ਜਥੇ ਵੱਲੋਂ ਨਿਭਾਈ ਗਈ। ਉਨ੍ਹਾਂ ਦੱਸਿਆ ਕਿ ਦਾਨੀ ਸੱਜਣਾਂ ਦੇ ਸਹਿਯੋਗ ਨਾਲ ਸਮੁੱਚੇ ਜੋੜਿਆਂ ਨੂੰ ਆਪਣੀ ਘਰ ਗ੍ਰਹਿਸਤੀ ਲਈ ਪੂਰਾ ਸਮਾਨ ਦਿੱਤਾ ਗਿਆ ਹੈ। ਇਸ ਮੌਕੇ ਸਾਬਕਾ ਵਿਧਾਇਕ ਨਾਜਰ ਸਿੰਘ ਮਾਨਸ਼ਾਹੀਆ, ਮਾਰਕੀਟ ਕਮੇਟੀ ਬੁਢਲਾਡਾ ਦੇ ਚੇਅਰਮੈਨ ਸਤੀਸ਼ ਸਿੰਗਲਾ, ਚੇਅਰਮੈਨ ਸੋਹਣਾ ਸਿੰਘ ਕਲੀਪੁਰ, ਟਰੱਕ ਯੂਨੀਅਨ ਬੁਢਲਾਡਾ ਦੇ ਪ੍ਰਧਾਨ ਗੁਰਮੀਤ ਸਿੰਘ ਭਾਦੜਾ, ਸੀਨੀਅਰ ਅਕਾਲੀ ਆਗੂ ਬਲਵਿੰਦਰ ਸਿੰਘ ਹਾਕਮਵਾਲਾ, ਗਿਆਨੀ ਭਰਪੂਰ ਸਿੰਘ ਸਿੱਧੂ, ਮੁਸਲਿਮ ਫਰੰਟ ਦੇ ਆਗੂ ਐਮ ਐਸ ਮੌਫ਼ਰ, ਚਿਰੰਜੀ ਲਾਲ ਗਰਗ, ਮਹੰਤ ਗੁਰਮੇਲੋ ਝਾਂਜਰ, ਸਾਬਕਾ ਸਰਪੰਚ ਹੰਸ ਰਾਜ ਅਹਿਮਦਪੁਰ, ਰਜਿੰਦਰ ਕੁਮਾਰ ਵਰਮਾ, ਡਾ: ਕਰਨੈਲ ਵੈਰਾਗੀ, ਬਲਵੰਤ ਸਿੰਘ ਭੀਖੀ, ਗੁਰਦਰਸ਼ਨ ਸਿੰਘ ਪਟਵਾਰੀ, ਕੁਲਦੀਪ ਸਿੰਘ ਅਨੇਜਾ ,ਸੁਰਜੀਤ ਸਿੰਘ ਟੀਟਾ, ਹਿੱਤ ਅਭਿਲਾਸ਼ੀ ਰੱਲੀ, ਸੁਖਦਰਸ਼ਨ ਸਿੰਘ ਕੁਲਾਣਾ, ਪੈਨਸ਼ਨਰਜ ਐਸੋਸੀਏਸ਼ਨ ਦੇ ਪ੍ਰਧਾਨ ਪ੍ਰਗਟ ਸਿੰਘ, ਰਘੂਨਾਥ ਸਿੰਗਲਾ ਸਮੇਤ ਵੱਡੀ ਗਿਣਤੀ ਆਗੂ ਮੌਜੂਦ ਸਨ।

## ਉਗਰ ਸ਼ਰਮਾ ਚੂਹੜਚੱਕ ਬਣਿਆ ਭਾਜਪਾ ਸਰਕਲ ਖੋਸਾ ਕੋਟਲਾ ਦਾ ਪ੍ਰਧਾਨ



**ਮੋਗਾ (ਇਕਬਾਲ ਸਿੰਘ ਖਹਿਰਾ)**-ਉਗਰ ਸ਼ਰਮਾ ਦਾ ਪਰਿਵਾਰ ਪਿਛਲੇ ਲੰਬੇ ਸਮੇਂ ਤੋਂ ਭਾਜਪਾ ਦੀ ਅਣਥੱਕ ਸੇਵਾ ਕਰਦਾ ਆ ਰਿਹਾ ਹੈ।ਇਹ ਜਾਣਕਾਰੀ ਹਲਕਾ ਧਰਮਕੋਟ ਦੇ ਇੰਚਾਰਜ ਸ਼ਮਸ਼ੇਰ ਸਿੰਘ ਕੈਲਾ ਨੇ ਦਿੰਦਿਆਂ ਕਿਹਾ ਕਿ ਉਗਰ ਸ਼ਰਮਾ ਦਾ ਪਰਿਵਾਰ ਲੰਬੇ ਸਮੇਂ ਤੋਂ ਭਾਰਤੀ ਜਨਤਾ ਪਾਰਟੀ ਦੀ ਸੇਵਾ ਕਰਦੇ ਆ ਰਹੇ ਹਨ, ਜਿਸ ਦੇ ਚੱਲਦਿਆਂ ਉਸ ਨੂੰ ਭਾਜਪਾ ਮੋਗਾ ਤੇ ਜ਼ਿਲ੍ਹਾ ਪ੍ਰਧਾਨ ਡਾ. ਹਰਜੋਤ ਕਮਲ ਵੱਲੋਂ ਸਰਕਲ ਖੋਸਾ ਕੋਟਲਾ ਦਾ ਪ੍ਰਧਾਨ ਨਿਯੁਕਤ ਕੀਤਾ। ਉਨ੍ਹਾਂ ਕਿਹਾ ਕਿ ਉਗਰ ਸ਼ਰਮਾ ਦੀ ਅਗਵਾਈ ਹੇਠ ਸਰਕਲ ਖੋਸਾ ਕੋਟਲਾ ਵਿੱਚ ਪਾਰਟੀ ਨਵੇਂ ਪੁਰਾਣੇ ਵਰਕਰਾਂ ਨੂੰ ਪਾਰਟੀ ਨੀਤੀਆਂ ਨੂੰ ਘਰ-ਘਰ ਪੁਚਾਉਣ ਵਿੱਚ ਵੀ ਅਹਿਮ ਭੂਮਿਕਾ ਨਿਭਾਏਗਾ।


### ਉਤਰ ਰੇਲਵੇ

**ਖੁਲ੍ਹੀ ਨਿਵਿਦਾ ਸੂਚਨਾ**

ਵ.ਮੰਡਲ ਬਿਜਲੀ ਇੰਜੀਨੀਅਰ/ਟੀ.ਆਰ.ਡੀ., ਉਤਰ ਰੇਲਵੇ, ਫਿਰੋਜ਼ਪੁਰ ਦੇ ਲਈ ਅਤੇ ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਈ-ਨਿਵਿਦਾਵਾਂ ਅੰਤਮ ਮਿਤੀ 02.04.2026 ਨੂੰ 15.00 ਵਜੇ ਤਕ ਮੰਗ ਕੀਤੀ ਜਾਂਦੀ ਹੈ। ਟੈਂਡਰਕਾਰਕ ਆਪਣੇ ਮੂਲ/ਸੰਸ਼ੋਧਿਤ ਟੈਂਡਰ ਮਿਤੀ 02.04.2026 ਨੂੰ 15:00 ਤਕ ਪੇਸ਼ ਕਰ ਸਕਦੇ ਹਨ। ਮੈਨੂੰਅਲ ਪ੍ਰਸਤਾਵ ਇਸ ਟੈਂਡਰ ਦੇ ਲਈ ਮਾਨਯ ਨਹੀਂ ਹਨ।

| ਟੈਂਡਰ ਨੰ. | ਕੰਮਾਂ ਦਾ ਵੇਰਵਾ | ਅੰਦਾਜ਼ਨ ਲਾਗਤ (ਰੁ.) | ਨਿਵਿਦਾ ਦੀ ਸਮਾਪਤੀ ਮਿਤੀ ਤੇ ਸਮਾਂ | ਬਿਆਨਾ ਰਾਸ਼ੀ (ਰੁ.) | ਕੰਮ ਦਾ ਸਮਾਂ | ਟੈਂਡਰ ਖੁਲਣ ਦੀ ਮਿਤੀ ਅਤੇ ਸਮਾਂ |
|---|---|---|---|---|---|---|
| 720B–ਟੀ.ਆਰ.ਡੀ.-ਫਿਰੋਜ਼ਪੁਰ-2025–26 | ਫਿਰੋਜ਼ਪੁਰ/ਐਨਆਰ ਡਵੀਜਨ ਦੇ ਸਾਰੇ ਸੈਕਸ਼ਨਾਂ ਵਿਚ ਮੌਜੂਦਾ ਐਸਸੀਏਡੀਏ (SCADA) ਪ੍ਰਣਾਲੀ ਵਿਚ ਸਾਈਬਰ ਸੁਰੱਖਿਆ ਦੇ ਲਾਗੂ ਕਰਨ ਦੇ ਲਈ ਕੰਮ। | 2,19,75,503.27 | 02.04.2026 15:00 ਵਜੇ ਤਕ | 2,59,900/- | 12 ਮਹੀਨੇ | 02.04.2026 15:00 ਵਜੇ ਦੇ ਬਾਅਦ |
| | | ਵੈਬਸਾਈਟ | www.ireps.gov.in | | | |

ਕੰਮ ਦੀ ਸਮਾਨ ਨੇਚਰ (ਉਪਰੋਕਤ ਨਿਵਿਦਾ ਨੰ. 720ਬੀ-ਟੀ.ਆਰ.ਡੀ.-ਫਿਰੋਜ਼ਪੁਰ-2025-26 ਦੇ ਲਈ): "50 ਹਟ੍ਰਜ ਸਿੰਗਲ ਫੇਜ 25ਕੇਵੀ ਏਸੀ ਓਐਚਈ ਦਾ ਡਿਜਾਈਨ, ਸਪਲਾਈ, ਉਸਾਰੀ, ਪ੍ਰੀਖਸ਼ਣ ਅਤੇ ਕਮਿਸ਼ਨਿੰਗ" (ਸੰਦਰਭ: Pr.CEE/NR ਦੇ ਪੱਤਰ ਨੰਬਰ 181-ਇਲੈਕਟ/ ਟੀਆਰਡੀ/189/ ਭਾਗ II, ਮਿਤੀ 29.07.2021 ਦੇ ਓਐਚਈ ਕੰਮ ਦਾ ਲੜੀ ਨੰਬਰ 1.1).

| ਟੈਂਡਰ ਨੰ. | ਕੰਮਾਂ ਦਾ ਵੇਰਵਾ | ਅੰਦਾਜ਼ਨ ਲਾਗਤ (ਰੁ.) | ਨਿਵਿਦਾ ਦੀ ਸਮਾਪਤੀ ਮਿਤੀ ਤੇ ਸਮਾਂ | ਬਿਆਨਾ ਰਾਸ਼ੀ (ਰੁ.) | ਕੰਮ ਦਾ ਸਮਾਂ | ਟੈਂਡਰ ਖੁਲਣ ਦੀ ਮਿਤੀ ਅਤੇ ਸਮਾਂ |
|---|---|---|---|---|---|---|
| 729A–ਟੀ.ਆਰ.ਡੀ.-ਫਿਰੋਜ਼ਪੁਰ-2025–26 | ਫਿਰੋਜ਼ਪੁਰ ਮੰਡਲ ਵਿਚ ਬਾਕੀ ਸਾਈਡਿੰਗ ਅਤੇ ਪੈਚ ਦੇ ਬਿਜਲੀਕਰਨ ਦੇ ਲਈ ਟੀਆਰਡੀ ਦਾ ਕੰਮ। | 4,84,98,765.24 | 02.04.2026 15:00 ਵਜੇ ਤਕ | 3,92,500/- | 12 ਮਹੀਨੇ | 02.04.2026 15:00 ਵਜੇ ਦੇ ਬਾਅਦ |
| | | ਵੈਬਸਾਈਟ | www.ireps.gov.in | | | |

ਕੰਮ ਦੀ ਸਮਾਨ ਨੇਚਰ (ਉਪਰੋਕਤ ਨਿਵਿਦਾ ਨੰ. 729ਏ-ਟੀ.ਆਰ.ਡੀ.-ਫਿਰੋਜ਼ਪੁਰ-2025-26 ਦੇ ਲਈ): (i) ਯੋਗਤਾ ਮਾਨਦੰਡ ਦੇ ਲਈ ਰੇਲਵੇ ਬੋਰਡ/ਆਰਡੀਐਸਓ ਦਿਸ਼ਾਨਿਰਦੇਸ਼ਾਂ ਦਾ ਪਾਲਨ ਕੀਤਾ ਜਾਣਾ ਚਾਹੀਦਾ। ਜਾਂ (ii) ਆਈਸੀਸੀ ਪ੍ਰੋਟੋਕਾਲ ਤੇ ਆਧਾਰਿਤ ਸੀਰੀਅਲ ਕਮਿਊਨੀਕੇਸ਼ਨ ਪੋਰਟ ਦੇ ਮਾਧਿਅਮ ਨਾਲ ਸੰਖਿਆਤਮਕ ਰਿਲੇ ਨੂੰ ਐਸਸੀਏਡੀਏ ਸਿਸਟਮ ਨਾਲ ਇੰਟਰਫੇਸ ਕਰਨਾ। (ਸੰਦਰਭ: ਪ੍ਰਧਾਨ ਮੁੱਖ ਬਿਜਲੀ ਇੰਜੀਨੀਅਰ/ਐਨਆਰ ਦੇ ਪੱਤਰ ਨੰਬਰ 181-ਇਲੈਕਟ/ਟੀਆਰਡੀ/189/ ਭਾਗ II, ਮਿਤੀ 29.07.2021 ਦੇ ਬਿੰਦੂ ਨੰਬਰ 2.8 ਅਤੇ 2.9).

ਨੰ.:720B ਅਤੇ 729A–ਟੀ.ਆਰ.ਡੀ./ਫਿਰੋਜ਼ਪੁਰ/ਟੀ–2025–26 ਮਿਤੀ: 11.03.2026 819/2026

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

### ਉੱਤਰ ਰੇਲਵੇ

**ਟੈਂਡਰ ਸੂਚਨਾ**

ਸੀਨੀ. ਮੰਡਲ ਬਿਜਲੀ ਇੰਜੀਨੀਅਰ ਉੱਤਰ ਰੇਲਵੇ, ਲੁਧਿਆਨਾ ਦੇ ਲਈ ਅਤੇ ਭਾਰਤ ਦੇ ਰਾਸ਼ਟਰਪਤੀ ਦੀ ਤਰਫ ਤੋਂ ਈ-ਟੈਂਡਰਾ ਨੰ: 2025-26-14A ਮੰਗ ਕੀਤੀ ਜਾਂਦੀ ਹੈ। ਟੈਂਡਰਕਰਤਾ ਅਪਣੇ ਮੂਲ/ਸੰਸ਼ੋਧਿਤ ਟੈਂਡਰ ਮਿਤੀ 06.04.2026 ਨੂੰ 15.00 ਵਜੇ ਤਕ ਪੇਸ਼ ਕਰ ਸਕਦੇ ਹਨ। ਇਨ੍ਹਾਂ ਟੈਂਡਰਾਂ ਦੇ ਲਈ ਮੈਨੂੰਅਲ ਪ੍ਰਸਤਾਵ ਮਾਨਯ ਨਹੀਂ ਹੈ ਅਤੇ ਐਸੇ ਕਿਸੀ ਵੀ ਮੈਨੂੰਅਲ ਪ੍ਰਾਪਤ ਪ੍ਰਸਤਾਵ ਨੂੰ ਸਵੀਕਾਰ ਨਹੀਂ ਕੀਤਾ ਜਾਵੇਗਾ। ਟੈਂਡਰਕਰਤਾ ਟੈਂਡਰ ਪ੍ਰਪੱਤਰ ਦੀ ਲਾਗਤ ਅਤੇ ਬਿਆਨਾ ਰਾਸ਼ੀ ਦੇ ਭੁਗਤਾਨ ਕਰਨ ਦੇ ਲਈ ਕੇਵਲ ਆਈ.ਆਰ.ਈ.ਪੀ.ਐਸ. ਪੋਰਟਲ ਉਤੇ ਉਪਲਬਧ ਆਨਲਾਈਨ ਸਾਧਨਾਂ ਦੇ ਦੁਆਰਾ ਜਿਸ ਤਰ੍ਹਾਂ ਨੇਟ ਬੈਂਕਿੰਗ, ਡੇਬਿਟ ਕਾਰਡ ਤੇ ਕ੍ਰੇਡਿਟ ਕਾਰਡ ਤੋਂ ਭੁਗਤਾਨ ਕਰ ਸਕਦੇ ਹਨ। ਮੈਨੂੰਅਲ ਭੁਗਤਾਨ ਜਿਸ ਤਰ੍ਹਾਂ ਡਿਮਾਂਡ ਡਰਾਫਟ, ਬੈਂਕਰਸ ਚੈਕ, ਜਮਾਂ ਰਸੀਦਾਂ ਤੇ ਐਫ.ਡੀ.ਆਰ. ਆਦਿ ਦੇ ਦੁਆਰਾ ਤੋਂ ਭੁਗਤਾਨ ਦੀ ਅਨੁਮਤੀ ਨਹੀਂ ਹੈ।

| ਟੈਂਡਰ ਨੰਬਰ | ਕੰਮਾਂ ਦਾ ਵੇਰਵਾ | ਅਨੁਮਾਨਿਤ ਲਾਗਤ (₹) | ਟੈਂਡਰ ਦੀ ਕੀਮਤ (₹) | ਟੈਂਡਰ ਦੀ ਪੂਰਾ ਕਰਨ ਦੀ ਮਿਤੀ ਤੇ ਸਮਾਂ | ਬਿਆਨਾ ਰਾਸ਼ੀ (₹) | ਕੰਮ ਦਾ ਸਮਾਂ | ਟੈਂਡਰ ਖੁਲਣ ਦੀ ਮਿਤੀ ਅਤੇ ਸਮਾਂ | ਵੇਬਸਾਈਟ |
|---|---|---|---|---|---|---|---|---|
| 2025-26-14A | ਇਲੈਕਿਟ੍ਰਕ ਲੋਕੋਮੋਟਿਵ ਦੇ ਟ੍ਰਾਈਡੈਂਟ ਮੇਕ ਦੇ ਏਅਰ ਡ੍ਰਾਯਰ ਦੀ ਓਵਰਹਾਲਿੰਗ | ₹ 3843488.11/- | ਸਿਫ਼ਰ | 06.04.2026 15:00 ਵਜੇ ਤਕ | 76900/- | 24 ਮਹੀਨੇ | 06.04.2026 15:00 ਵਜੇ ਦੇ ਬਾਦ | www.ireps.gov.in |

ਨੰ: 230-Elect/TRS/LDH/WC/Air Dryer/2025-26/14A
ਮਿਤੀ : 11.03.2026 824/2026

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

### pnb Punjab National Bank

B/O:- MACHHIWARA, DISTT. LUDHIANA
Email:- bo814102@pnb.co.in

**ਵਿਕਰੀ ਦੀ ਜਾਣਕਾਰੀ ਹਿੱਤ ਕਰਜ਼ਦਾਰ ਨੂੰ ਨੋਟਿਸ (30 ਦਿਨਾ ਨੋਟਿਸ)**
**ਸਕਿਓਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 ਦਾ ਰੂਲ 8 (6)**

ਸੇਵਾ 'ਚ 05.03.2026

| | | |
|---|---|---|
| 1. (ਕਰਜ਼ਦਾਰ/ਰਹਿਣਕਾਰ) :- ਸ੍ਰੀ ਨਰਿੰਦਰ ਪਾਲ ਸਿੰਘ ਬਾਜਵਾ ਪੁੱਤਰ ਸ੍ਰੀ ਵਿਰਸਾ ਸਿੰਘ # ਦਸਮੇਸ਼ ਨਗਰ, ਮਾਛੀਵਾੜਾ, ਜ਼ਿਲ੍ਹਾ ਲੁਧਿਆਣਾ, ਦੂਜਾ ਪਤਾ ਮਕਾਨ ਨੰ. 67, ਪਿੰਡ ਹੇਡੋਂ ਬੇਟ, ਤਹਿਸੀਲ ਸਮਰਾਲਾ, ਜ਼ਿਲ੍ਹਾ ਲੁਧਿਆਣਾ | 2. ਸ੍ਰੀਮਤੀ ਸੁਖਜੀਤ ਕੌਰ ਪਤਨੀ ਸ੍ਰੀ ਨਰਿੰਦਰ ਪਾਲ ਸਿੰਘ # ਦਸਮੇਸ਼ ਨਗਰ, ਮਾਛੀਵਾੜਾ, ਜ਼ਿਲ੍ਹਾ ਲੁਧਿਆਣਾ, ਦੂਜਾ ਪਤਾ ਮਕਾਨ ਨੰ. 67, ਪਿੰਡ ਹੇਡੋਂ ਬੇਟ, ਤਹਿਸੀਲ ਸਮਰਾਲਾ, ਜ਼ਿਲ੍ਹਾ ਲੁਧਿਆਣਾ | 3. (ਗਰੰਟਰ) ਸ੍ਰੀ ਅਮਰੀਕ ਸਿੰਘ ਪੁੱਤਰ ਸ੍ਰੀ ਕਲਕੱਤਾ ਸਿੰਘ # ਦਾਣਾ ਮੰਡੀ, ਮਾਛੀਵਾੜਾ, ਜ਼ਿਲ੍ਹਾ ਲੁਧਿਆਣਾ |

ਸ੍ਰੀਮਾਨ/ਸ੍ਰੀਮਤੀ

**ਸਕਿਉਰਡ ਐਸੇਟਸ ਦੀ ਵਿਕਰੀ ਵਾਸਤੇ ਸਕਿਓਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ ਦੇ ਰੂਲ 8 (6) ਨਾਲ ਪੜ੍ਹੇ ਜਾਂਦੇ ਸਰਫੇਸੀ ਐਕਟ, 2002 ਦੇ ਸੈਕਸ਼ਨ 13(8) ਅਧੀਨ ਰਜਿਸਟਰਡ ਨੋਟਿਸ**

ਤੁਹਾਨੂੰ ਪੱਤਰ ਹਾਸਲ ਕਰਨ ਵਾਲਿਆਂ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਸਕਿਉਰਡ ਕ੍ਰੈਡਿਟਰ ਕੋਲ ਰਹਿਣ/ਚਾਰਜਡ ਹੇਠਾਂ ਦਰਸਾਈਆਂ ਚੱਲ/ਅਚੱਲ ਜਾਇਦਾਦਾਂ, ਜਿਨ੍ਹਾਂ ਦਾ ਪੀ ਐਨ ਬੀ ਸਕਿਉਰਡ ਕ੍ਰੈਡਿਟਰ ਦੇ ਅਧਿਕਾਰਤ ਅਫਸਰ ਨੇ ਸੰਕੇਤਕ/ਭੌਤਿਕ ਕਬਜ਼ਾ ਹਾਸਲ ਕਰ ਲਿਆ ਹੈ, ਪੰਜਾਬ ਨੈਸ਼ਨਲ ਬੈਂਕ ਸਕਿਉਰਡ ਕ੍ਰੈਡਿਟਰ ਦੀ 1. (ਕਰਜ਼ਦਾਰ/ਰਹਿਣਕਾਰ) :- ਸ੍ਰੀ ਨਰਿੰਦਰ ਪਾਲ ਸਿੰਘ ਬਾਜਵਾ ਪੁੱਤਰ ਸ੍ਰੀ ਵਿਰਸਾ ਸਿੰਘ # ਦਸਮੇਸ਼ ਨਗਰ, ਮਾਛੀਵਾੜਾ, ਜ਼ਿਲ੍ਹਾ ਲੁਧਿਆਣਾ, ਦੂਜਾ ਪਤਾ ਮਕਾਨ ਨੰ. 67, ਪਿੰਡ ਹੇਡੋਂ ਬੇਟ, ਤਹਿਸੀਲ ਸਮਰਾਲਾ, ਜ਼ਿਲ੍ਹਾ ਲੁਧਿਆਣਾ 2. ਸ੍ਰੀਮਤੀ ਸੁਖਜੀਤ ਕੌਰ ਪਤਨੀ ਸ੍ਰੀ ਨਰਿੰਦਰ ਪਾਲ ਸਿੰਘ # ਦਸਮੇਸ਼ ਨਗਰ, ਮਾਛੀਵਾੜਾ, ਜ਼ਿਲ੍ਹਾ ਲੁਧਿਆਣਾ, ਦੂਜਾ ਪਤਾ ਮਕਾਨ ਨੰ. 67, ਪਿੰਡ ਹੇਡੋਂ ਬੇਟ, ਤਹਿਸੀਲ ਸਮਰਾਲਾ, ਜ਼ਿਲ੍ਹਾ ਲੁਧਿਆਣਾ 3. (ਗਰੰਟਰ) ਸ੍ਰੀ ਅਮਰੀਕ ਸਿੰਘ ਪੁੱਤਰ ਸ੍ਰੀ ਕਲਕੱਤਾ ਸਿੰਘ # ਦਾਣਾ ਮੰਡੀ, ਮਾਛੀਵਾੜਾ, ਜ਼ਿਲ੍ਹਾ ਲੁਧਿਆਣਾ ਸਰਫੇਸੀ ਐਕਟ ਦੇ ਸੈਕਸ਼ਨ 13(2) ਤਹਿਤ 31.07.2025 ਨੂੰ ਜਾਰੀ ਡਿਮਾਂਡ ਨੋਟਿਸ ਅਨੁਸਾਰ ਵਸੂਲੀ ਲਈ "ਜਿਵੇਂ ਹੈ ਜਿੱਥੇ ਹੈ", ਜਿਵੇਂ ਹੈ ਜੋ ਹੈ" ਅਤੇ "ਉੱਥੇ ਜੋ ਵੀ ਹੈ" ਦੇ ਅਧਾਰ 'ਤੇ ਵਿਕਰੀ ਕੀਤੀ ਜਾਵੇਗੀ।

ਜਿਨ੍ਹਾਂ ਸਕਿਉਰਡ ਐਸੇਟਸ ਦੀ ਵਿਕਰੀ ਕੀਤੀ ਜਾਣੀ ਹੈ, ਦੇ ਵੇਰਵੇ ਹੇਠਾਂ ਦਰਸਾਏ ਗਏ ਹਨ :

ਅਚੱਲ ਰਿਹਾਇਸ਼ੀ ਜਾਇਦਾਦ ਦਾ ਉਚਿਤ ਗਿਰਵੀਨਾਮਾ ਕੁੱਲ ਜਾਇਦਾਦ ਰਕਬਾ 0 ਕਨਾਲ 3-1/4 ਮਰਲਾ, ਜਮ੍ਹਾਂਬੰਦੀ ਸਾਲ 2006-2007, ਦਸਮੇਸ਼ ਨਗਰ, ਮਾਛੀਵਾੜਾ-1 ਵਿਖੇ ਸਥਿਤ, ਤਹਿਸੀਲ ਸਮਰਾਲਾ, ਜ਼ਿਲ੍ਹਾ ਲੁਧਿਆਣਾ, ਬੈਨਾਮਾ ਵਸੀਕਾ ਨੰ. 783 ਮਿਤੀ 19.07.2010 ਸ੍ਰੀ ਨਰਿੰਦਰ ਪਾਲ ਸਿੰਘ ਬਾਜਵਾ ਪੁੱਤਰ ਵਿਰਸਾ ਸਿੰਘ ਦੇ ਨਾਂਅ/ਵੇਰਵੇ ਹੇਠਾਂ ਦਰਸਾਏ ਗਏ ਹਨ : ਜਾਇਦਾਦ ਰਕਬਾ 0 ਕਨਾਲ-2-1/4 ਮਰਲਾ, ਜ਼ਮੀਨ 42, ਕਨਾਲ 4 ਮਰਲੇ ਦਾ 2-1/4/844 ਹਿੱਸਾ, ਖੇਵਟ ਨੰ. 447, ਖਤੌਨੀ ਨੰ. 503 ਕਿੱਲਾ ਨੰ. 92//5/3(0-3), 6/3(2-0), 7/1(6-13) 4/3(0-1), 14(8-0), 15/1(1-16), 16/4(1-4) 17(8-0), 18/1(1-18), 23/2(3-12) 24(6-12), 25/1(1-6), 28(1-8)

ਜਾਇਦਾਦ ਰਕਬਾ 0 ਕਨਾਲ-1 ਮਰਲਾ, ਜ਼ਮੀਨ 6 ਕਨਾਲ-16 ਮਰਲੇ ਦਾ 1/35 ਹਿੱਸਾ, ਖੇਵਟ ਨੰ. 448, ਖਤੌਨੀ ਨੰ. 504, ਕਿੱਲਾ ਨੰ. 92//8/3 (3-2), 13/2(3-13) ਪੂਰਬ : ਗਲੀ, ਪੱਛਮ : ਗਲੀ, ਉੱਤਰ : ਗਲੀ, ਦੱਖਣ : ਗਲੀ

ਕ੍ਰਿਪਾ ਕਰਕੇ ਧਿਆਨ ਦਿੱਤਾ ਜਾਵੇ ਕਿ ਸਰਫੇਸੀ ਐਕਟ ਦੇ ਸੈਕਸ਼ਨ 13(8) ਅਨੁਸਾਰ ਤੁਸੀਂ ਉਕਤ ਸਕਿਉਰਡ ਐਸੇਟ ਸਾਰੇ ਬਕਾਏ ਦੀ ਅਦਾਇਗੀ ਕਰਕੇ 30 ਦਿਨਾਂ ਦੇ ਅੰਦਰ ਪੁਨਰਗ੍ਰਹਿਣ ਕਰ ਸਕਦੇ ਹੋ। ਸੈਕਸ਼ਨ 13 ਦੇ ਸਬ-ਸੈਕਸ਼ਨ 8 ਹੇਠ ਅਨੁਸਾਰ ਹੈ :-

"ਜਿੱਥੇ ਸਕਿਉਰਡ ਕ੍ਰੈਡਿਟਰ ਦੀ ਬਕਾਇਆ ਸਾਰੀ ਰਕਮ ਸਮੇਤ ਉਸ ਦੀਆਂ ਸਾਰੀਆਂ ਲਾਗਤਾਂ, ਚਾਰਜਿਜ਼ ਅਤੇ ਖਰਚਿਆਂ ਦੇ ਸਕਿਉਰਡ ਕ੍ਰੈਡਿਟਰ ਨੂੰ ਜਨਤਕ ਨਿਲਾਮੀ ਨੋਟਿਸ ਜਾਂ ਕੁਟੇਸ਼ਨਾਂ ਦਾ ਸੱਦਾ ਦੇਣ ਜਾਂ ਜਨਤਾ ਤੋਂ ਟੈਂਡਰ ਸੱਦਣ ਜਾਂ ਲੀਜ਼ ਰਾਹੀਂ ਤਬਾਦਲੇ ਸੰਬੰਧੀ ਨਿੱਜੀ ਸੰਧੀ, ਇਕਰਾਰਨਾਮਾ ਜਾਂ ਸਕਿਉਰਡ ਐਸੇਟਸ ਦੀ ਵਿਕਰੀ ਤੋਂ ਪਹਿਲਾਂ ਸਕਿਉਰਡ ਕ੍ਰੈਡਿਟਰ ਨੂੰ ਜਮ੍ਹਾਂ ਕਰਵਾ ਦਿੱਤੇ ਜਾਣ।

(i) ਸਕਿਉਰਡ ਐਸੇਟਸ ਸਕਿਉਰਡ ਕ੍ਰੈਡਿਟਰ ਵੱਲੋਂ ਲੀਜ਼, ਇਕਰਾਰਨਾਮੇ ਜਾਂ ਵਿਕਰੀ ਰਾਹੀਂ ਤਬਦੀਲ ਨਹੀਂ ਕੀਤੇ ਜਾਣਗੇ ਅਤੇ

(ii) ਜੇਕਰ ਸਕਿਉਰਡ ਕ੍ਰੈਡਿਟਰ ਵੱਲੋਂ ਲੀਜ਼ ਜਾਂ ਇਕਰਾਰਨਾਮੇ ਜਾਂ ਵਿਕਰੀ ਰਾਹੀਂ ਸਕਿਉਰਡ ਐਸੇਟਸ ਸੰਬੰਧੀ ਸਬ-ਸੈਕਸ਼ਨ ਹੇਠ ਰਕਮ ਜਮ੍ਹਾਂ ਕਰਵਾਉਣ ਤੋਂ ਪਹਿਲਾਂ ਕੋਈ ਕਦਮ ਉਠਾਇਆ ਜਾ ਚੁੱਕਿਆ ਹੋਵੇਗਾ, ਸਕਿਉਰਡ ਕ੍ਰੈਡਿਟਰ ਵੱਲੋਂ ਲੀਜ਼ ਇਕਰਾਰਨਾਮੇ ਜਾਂ ਵਿਕਰੀ ਰਾਹੀਂ ਅਗਲਾ ਕੋਈ ਕਦਮ ਨਹੀਂ ਚੁੱਕਿਆ ਜਾਵੇਗਾ।"

ਤੁਹਾਨੂੰ ਪੱਤਰ ਪ੍ਰਾਪਤ ਕਰਤਾ ਨੂੰ ਰੂਲਜ਼ 2002 ਦੇ ਰੂਲ 8(6) ਨਾਲ ਪੜ੍ਹੇ ਜਾਂਦੇ ਸਰਫੇਸੀ ਐਕਟ ਦੇ ਸੈਕਸ਼ਨ 13(8) ਦੀ ਪਾਲਣਾ 'ਚ 30 ਦਿਨਾਂ ਦੇ ਅੰਦਰ 31.05.2025 ਨੂੰ ਮੌਜੂਦਾ ਬਕਾਇਆ ਰਕਮ ਰੁ. 3,49,659.49/- (ਤਿੰਨ ਲੱਖ ਉਨਿੰਜਾ ਹਜ਼ਾਰ ਛੇ ਸੌ ਉਨਾਹਠ ਅਤੇ ਉਨਿੰਜਾ ਪੈਸੇ ਕੇਵਲ) ਸਮੇਤ ਅਗਲੇ ਵਿਆਜ, ਅਚਨਚੇਤੀ ਖਰਚੇ ਅਦਾ ਕਰਕੇ ਉਕਤ ਸਕਿਉਰਡ ਐਸੇਟਸ ਦੇ ਪੁਨਰਗ੍ਰਹਿਣ ਕਰਨ ਦੀ ਬੇਨਤੀ ਕੀਤੀ ਜਾਂਦੀ ਹੈ, ਅਸਫਲ ਰਹਿਣ 'ਤੇ ਉਕਤ ਸਕਿਉਰਡ ਐਸੇਟਸ ਦੀ ਵਿਕਰੀ ਵਾਸਤੇ ਸਕਿਉਰਡ ਐਸੇਟਸ ਦੀ ਨਿਲਾਮੀ ਰੱਖ ਦਿੱਤੀ ਜਾਵੇਗੀ ਅਤੇ ਵਿਕਰੀ ਨੋਟਿਸ ਦੀ ਸਕਿਓਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ ਦੇ ਰੂਲ 3(1) ਦੀ ਪਾਲਣਾ 'ਚ ਵਿਕਰੀ ਨੋਟਿਸ ਦੀ ਪ੍ਰਕਾਸ਼ਨਾ ਕਰ ਦਿੱਤੀ ਜਾਵੇਗੀ।

ਸਥਾਨ : ਲੁਧਿਆਣਾ ਅਧਿਕਾਰਤ ਅਫਸਰ
ਮਿਤੀ : 05.03.2026 ਪੰਜਾਬ ਨੈਸ਼ਨਲ ਬੈਂਕ ਸਕਿਉਰਡ ਕ੍ਰੈਡਿਟਰ

### YES BANK

Registered Office: Yes Bank House, Western Express Highway, Santacruz (E), Mumbai, 400 055
Also At :- SCO No 129-130 2nd floor Sector 9-C Madhya Marg Chandigarh 160009
AlsoAt:-B-XX 2427–928, 1stFloor, Gobind Nagar, Ferozepur Road, Ludhiana–141001

**ਕਬਜ਼ਾ ਨੋਟਿਸ (ਰੂਲ-8 (1) ਦੇ ਸੈਕਸ਼ਨ ਅਧੀਨ ਅਚੱਲ ਜਾਇਦਾਦ ਵਾਸਤੇ)**

ਜਦੋਂਕਿ, ਨਿਮਨਹਸਤਾਖਰੀ ਨੇ ਯੈੱਸ ਬੈਂਕ ਲਿਮ: ਦੇ ਅਧਿਕਾਰਤ ਅਫਸਰ ਵਜੋਂ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐਸੇਟਸ ਅਤੇ ਇਨਫੋਰਸਮੈਂਟ ਆਫ ਸਕਿਓਰਿਟੀ ਇੰਟਰੈਸਟ ਐਕਟ, 2002 ਅਤੇ ਸਕਿਓਰਿਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 3 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਸੰਬੰਧਤ ਕਰਜ਼ਦਾਰਾਂ ਨੂੰ ਉਕਤ ਐਕਟ ਦੇ ਸੈਕਸ਼ਨ 13 (2) ਅਧੀਨ ਸੰਬੰਧਤ ਨੋਟਿਸਾਂ 'ਚ ਦਰਸਾਈ ਰਕਮ ਨੋਟਿਸ ਦੀ ਪ੍ਰਾਪਤੀ ਮਿਤੀ ਤੋਂ 60 ਦਿਨਾਂ ਦੇ ਅੰਦਰ ਵਾਪਸ ਮੋੜਨ ਲਈ ਡਿਮਾਂਡ ਨੋਟਿਸ ਜਾਰੀ ਕੀਤਾ ਸੀ। ਸੰਬੰਧਤ ਕਰਜ਼ਦਾਰ ਰਕਮ ਵਾਪਸ ਮੋੜਨ 'ਚ ਅਸਫਲ ਰਹੇ ਹਨ। ਕਰਜ਼ਦਾਰਾਂ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਹੇਠਾਂ ਦਰਸਾਈਆਂ ਜਾਇਦਾਦਾਂ ਦਾ ਰੂਲ 9 ਨਾਲ ਪੜ੍ਹੇ ਜਾਂਦੇ ਐਕਟ ਦੇ ਸੈਕਸ਼ਨ 13 (4) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਸੰਕੇਤਕ ਕਬਜ਼ਾ ਪ੍ਰਾਪਤ ਕਰ ਲਿਆ ਹੈ। ਸੰਬੰਧਤ ਕਰਜ਼ਦਾਰਾਂ ਨੂੰ ਖਾਸ ਕਰਕੇ ਅਤੇ ਆਮ ਜਨਤਾ ਨੂੰ ਇਹਨਾਂ ਜਾਇਦਾਦਾਂ ਸੰਬੰਧੀ ਕਿਸੇ ਤਰ੍ਹਾਂ ਦੀ ਸੌਦੇਬਾਜ਼ੀ ਤੋਂ ਖਬਰਦਾਰ ਕੀਤਾ ਜਾਂਦਾ ਹੈ, ਕਿਸੇ ਤਰ੍ਹਾਂ ਦੀ ਸੌਦੇਬਾਜ਼ੀ ਹੇਠ ਦਰਸਾਈ ਬਕਾਇਆ ਰਕਮ ਅਤੇ ਇਸ ਉੱਪਰ ਠੇਕਾ ਦਰ ਵਿਆਜ ਸਮੇਤ ਯੈੱਸ ਬੈਂਕ ਲਿਮ: ਦੀ ਵਸੂਲੀ ਹੇਠ ਹੋਵੇਗੀ।

| ਕਰਜ਼ਦਾਰ ਦਾ ਨਾਂਅ | ਸਕਿਉਰਡ ਐਸੇਟਸ ਦਾ ਵੇਰਵਾ | ਸੈਕਸ਼ਨ 13 (2) ਅਧੀਨ ਨੋਟਿਸ ਦੀ ਮਿਤੀ | ਨੋਟਿਸ 'ਚ ਰਕਮ (ਰੁਪਏ) | ਕਬਜ਼ੇ ਦੀ ਮਿਤੀ | ਪ੍ਰੋਡਕਟ ਅਤੇ ਕਰਜ਼ਾ ਨੰਬਰ |
|---|---|---|---|---|---|
| (1) 1. ਕੇ. ਟੀ ਨਿੱਟਵੇਅਰਜ਼ ਰਾਹੀਂ ਇਸ ਦੇ ਮਾਲਕ ਵਿਕਰਮ ਜੈਨ ਪੁੱਤਰ ਰਮੇਸ਼ ਕੁਮਾਰ ਜੈਨ ਪਤਾ ਬੀ-XXIV-2179, ਗਲੀ ਨੰ. 3, ਕੁਲਦੀਪ ਨਗਰ ਲੁਧਿਆਣਾ, ਪੰਜਾਬ 141008 (ਕਰਜ਼ਦਾਰ) (2). ਵਿਕਰਮ ਜੈਨ ਪੁੱਤਰ ਰਮੇਸ਼ ਕੁਮਾਰ ਜੈਨ ਪਤਾ : ਮਕਾਨ ਨੰ. 144, ਗਲੀ ਨੰ. 2, ਨੇੜੇ ਸ਼ਮਰੋਕ ਸਕੂਲ, ਹੰਬੜਾਂ ਰੋਡ, ਗੋਲਫਲਿੰਕ ਕਲੋਨੀ, ਲੁਧਿਆਣਾ-141008 (ਸਹਿ-ਕਰਜ਼ਦਾਰ ਅਤੇ ਰਹਿਣਕਾਰ) (3). ਵੈਸ਼ਾਲੀ ਜੈਨ ਪਤਨੀ ਵਿਕਰਮ ਜੈਨ ਪਤਾ : ਮਕਾਨ ਨੰ. 144 ਗਲੀ ਨੰ. 2, ਨੇੜੇ ਸ਼ਮਰੋਕ ਸਕੂਲ, ਹੰਬੜਾਂ ਰੋਡ, ਗੋਲਫਲਿੰਕ ਕਲੋਨੀ, ਲੁਧਿਆਣਾ-141008 (ਸਹਿ-ਕਰਜ਼ਦਾਰ, ਗਰੰਟਰ) | ਜਾਇਦਾਦ ਨੰਬਰ 1: ਮਕਾਨ, ਐਮ.ਸੀ. ਨੰਬਰ ਬੀ-XXIV-2177/ਏ, ਜਾਇਦਾਦ ਰਕਬਾ 133 ਵਰਗ ਗਜ਼, ਖਸਰਾ ਨੰਬਰ 1389/610/398 ਖੱਤਾ ਨੰਬਰ 471/484, ਸਫਾ ਨੰਬਰ 432, ਜਮ੍ਹਾਂਬੰਦੀ ਸਾਲ 2010-11, ਹੱਦਬਸਤ ਨੰਬਰ-77 ਪਿੰਡ ਤਰਫ਼ ਜੋਧੇਵਾਲ ਵਿਖੇ ਸਥਿਤ, ਅਬਾਦੀ ਕੁਲਦੀਪ ਨਗਰ ਵਜੋਂ ਜਾਣੀ ਜਾਂਦੀ, ਗਲੀ ਨੰਬਰ-3, ਤਹਿਸੀਲ ਤੇ ਜ਼ਿਲ੍ਹਾ ਲੁਧਿਆਣਾ। ਹੱਦਾਂ : ਪੂਰਬ : ਪਲਾਟ ਨੰਬਰ 39, ਸੁਭਾਸ਼ ਚੰਦ ਬਾਹੀ 60', ਪੱਛਮ : ਪਲਾਟ ਨੰ. 37/1, ਗਣਪਤ ਰਾਏ ਬਾਹੀ 60', ਉੱਤਰ : ਪਲਾਟ ਨੰ. 23 ਬਾਹੀ 20', ਦੱਖਣ : ਗਲੀ 20' ਚੌੜੀ ਬਾਹੀ 20' ਅਤੇ ਰਹਿਣਕਾਰ : ਸ੍ਰੀ ਵਿਕਰਮ ਜੈਨ ਪੁੱਤਰ ਸ੍ਰੀ ਰਮੇਸ਼ ਕੁਮਾਰ ਜੈਨ। ਜਾਇਦਾਦ ਨੰ. 2 ਮਕਾਨ ਐਮ.ਸੀ. ਨੰ. ਬੀ-XXIV-21779, ਜਾਇਦਾਦ ਰਕਬਾ 133-1/3 ਵਰਗ ਗਜ਼, ਖਸਰਾ ਨੰਬਰ 1389/610/398-404, ਖੱਤਾ ਨੰਬਰ 565/578, ਸਫਾ ਨੰ. 464, ਜਮ੍ਹਾਂਬੰਦੀ ਸਾਲ 2010-11, ਹੱਦਬਸਤ ਨੰਬਰ-77, ਪਿੰਡ ਤਰਫ ਜੋਧੇਵਾਲ ਵਿਖੇ ਸਥਿਤ, ਅਬਾਦੀ ਕੁਲਦੀਪ ਨਗਰ, ਗਲੀ ਨੰ. 3, ਤਹਿਸੀਲ ਅਤੇ ਜ਼ਿਲ੍ਹਾ ਲੁਧਿਆਣਾ। ਹੱਦਾਂ : ਪੂਰਬ : ਗੁਆਂਢੀ ਬਾਹੀ 60' ਪੱਛਮ : ਮੀਨਾ ਜੈਨ ਬਾਹੀ 60' ਉੱਤਰ : ਪਲਾਟ ਨੰ. 23 ਬਾਹੀ 20' ਦੱਖਣ : ਗਲੀ 20' ਚੌੜੀ ਬਾਹੀ 20' ਰਹਿਣਕਾਰ : ਸ੍ਰੀ ਵਿਕਰਮ ਜੈਨ ਪੁੱਤਰ ਸ੍ਰੀ ਰਮੇਸ਼ ਕੁਮਾਰ ਜੈਨ | 27-11-2025 | 15 ਨਵੰਬਰ 2025 ਨੂੰ ਰੁਪਏ 5,46,21,791/- (ਪੰਜ ਕਰੋੜ ਛਿਆਲੀ ਲੱਖ ਇੱਕੀ ਹਜ਼ਾਰ ਸੱਤ ਸੌ ਇਕਾਨਵੇਂ ਰੁਪਏ ਕੇਵਲ) | 09-03-2026 | 9936866 |
| (1) ਮਾਹੀ ਟਰੇਡਰਜ਼ ਰਾਹੀਂ ਇਸ ਦੇ ਮਾਲਕ ਯਸ਼ਪਾਲ ਪੁੱਤਰ ਬੈਜ ਨਾਥ ਪਤਾ : ਵ੍ਹਾਈਟ ਕੁਆਰਟਰ, ਮਕਾਨ ਨੰ. 1838, ਗਲੀ ਨੰ. 3, ਧੂਰੀ ਲਾਈਨ, ਲੁਧਿਆਣਾ-141003 (ਕਰਜ਼ਦਾਰ) (2) ਯਸ਼ਪਾਲ ਪੁੱਤਰ ਬੈਜਨਾਥ ਪਤਾ : ਮਕਾਨ ਨੰ. 1838, ਵ੍ਹਾਈਟ ਕੁਆਰਟਰ, ਗਲੀ ਨੰ. 3, ਧੂਰੀ ਲਾਈਨ, ਨੇੜੇ ਵਿਕਾਸ ਧਰਮਸ਼ਾਲਾ ਲੁਧਿਆਣਾ-141003 (ਸਹਿ-ਕਰਜ਼ਦਾਰ ਅਤੇ ਰਹਿਣਕਾਰ) (3) ਨੇਹਾ ਪਤਨੀ ਯਸ਼ਪਾਲ ਪਤਾ : ਮਕਾਨ ਨੰ. 1838, ਵ੍ਹਾਈਟ ਕੁਆਰਟਰ, ਗਲੀ ਨੰ. 3, ਧੂਰੀ ਲਾਈਨ, ਨੇੜੇ ਵਿਕਾਸ ਧਰਮਸ਼ਾਲਾ, ਲੁਧਿਆਣਾ-141003 (ਗਰੰਟਰ) | ਮਕਾਨ ਨੰ. ਬੀ-17-1838 ਜਾਇਦਾਦ ਰਕਬਾ 142-1/3 ਵਰਗ ਗਜ਼, ਖਸਰਾ ਨੰ. 2208/1793/294, 1233/996/997/294, ਖੱਤਾ ਨੰ. 976/1235, 1028/1287, ਜਮ੍ਹਾਂਬੰਦੀ ਸਾਲ 2011-12, ਪਿੰਡ ਪੀਰੂਬੰਦਾ ਵਿਖੇ ਸਥਿਤ, ਹੱਦਬਸਤ ਨੰ. 167, ਅਬਾਦੀ ਬਸਤੀ ਅਬਦੁੱਲਾਪੁਰ ਵਜੋਂ ਜਾਣੀ ਜਾਂਦੀ, ਤਹਿਸੀਲ ਤੇ ਜ਼ਿਲ੍ਹਾ ਲੁਧਿਆਣਾ। ਹੱਦਾਂ : ਪੂਰਬ : ਪਲਾਟ ਨੰ. 1 ਬਾਹੀ 61', ਪੱਛਮ : ਪਲਾਟ ਨੰ. 4, ਬਾਹੀ 61', ਉੱਤਰ : ਕੂਚਾ ਆਮ, ਬਾਹੀ 21', ਦੱਖਣ : ਪਲਾਟ ਨੰ. 3 ਬਾਹੀ 21', ਰਹਿਣਕਾਰ : ਯਸ਼ਪਾਲ ਪੁੱਤਰ ਬੈਜ ਨਾਥ। | 27-11-2025 | 30 ਨਵੰਬਰ 2025 ਨੂੰ ਰੁਪਏ 1,31,21,984.15/- (ਇੱਕ ਕਰੋੜ ਇਕੱਤੀ ਲੱਖ ਇੱਕੀ ਹਜ਼ਾਰ ਨੌਂ ਸੌ ਚੁਰਾਸੀ ਰੁਪਏ ਅਤੇ ਪੰਦਰਾਂ ਪੈਸੇ ਕੇਵਲ) | 09-03-2026 | 9073390 |

ਕਿਰਪਾ ਕਰਕੇ ਨੋਟ ਕੀਤਾ ਜਾਵੇ ਕਿ ਐਕਟ ਦੇ ਸੈਕਸ਼ਨ 13 (8) ਅਧੀਨ ਜੇਕਰ ਸਾਰੇ ਬਕਾਏ ਸਮੇਤ ਸਾਰੀਆਂ ਲਾਗਤਾਂ, ਚਾਰਜਿਜ਼ ਅਤੇ ਖਰਚੇ ਜਨਤਕ ਨਿਲਾਮੀ/ਵਿਕਰੀ ਲਈ ਨੋਟਿਸ ਦੀ ਪ੍ਰਕਾਸ਼ਨਾ ਮਿਤੀ ਤੋਂ ਪਹਿਲਾਂ ਕਿਸੇ ਵੀ ਸਮੇਂ ਜਮ੍ਹਾਂ ਕਰਵਾਏ ਜਾਂਦੇ ਹਨ ਤਾਂ ਸਾਡੇ ਵੱਲੋਂ ਸਕਿਉਰਡ ਐਸੇਟ ਦੀ ਵਿਕਰੀ ਨਹੀਂ ਕੀਤੀ ਜਾਵੇਗੀ ਅਤੇ ਸਾਡੇ ਵੱਲੋਂ ਸਕਿਉਰਡ ਐਸੇਟ ਦੀ ਵਿਕਰੀ ਜਾਂ ਤਬਦੀਲੀ ਨਹੀਂ ਕੀਤੀ ਜਾਵੇਗੀ ਅਤੇ ਸਾਡੇ ਵੱਲੋਂ ਉਸ ਸਕਿਉਰਡ ਐਸੇਟ ਦੀ ਵਿਕਰੀ ਜਾਂ ਤਬਦੀਲੀ ਲਈ ਹੋਰ ਕੋਈ ਕਦਮ ਨਹੀਂ ਉਠਾਇਆ ਜਾਵੇਗਾ।

ਮਿਤੀ : 12/03/2026, ਸਥਾਨ : ਲੁਧਿਆਣਾ ਸਹੀ/- (ਅਧਿਕਾਰਤ ਅਫਸਰ) ਯੈੱਸ ਬੈਂਕ ਲਿਮਿਟਡ

## ਵਿਧਾਨ ਸਭਾ 'ਚ ਡਾ. ਇਸ਼ਾਂਕ ਵੱਲੋਂ ਹਲਕੇ ਦੇ ਪੁਲਾਂ ਲਈ ਫ਼ੰਡ ਅਲਾਟਮੈਂਟ ਦੀ ਮੰਗ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਪੰਜਾਬ ਵਿਧਾਨ ਸਭਾ ਦੇ ਚੱਲ ਰਹੇ ਬਜਟ ਸੈਸ਼ਨ ਦੌਰਾਨ ਹਲਕਾ ਚੱਬੇਵਾਲ ਦੇ ਵਿਧਾਇਕ ਡਾ. ਇਸ਼ਾਂਕ ਕੁਮਾਰ ਨੇ ਸਦਨ ਵਿੱਚ ਪੰਜਾਬ ਸਰਕਾਰ ਵੱਲੋਂ ਪੇਸ਼ ਕੀਤੇ ਗਏ ਬਜਟ 'ਤੇ ਆਪਣੇ ਵਿਚਾਰ ਰੱਖੇ ਅਤੇ ਵੱਖ-ਵੱਖ ਖੇਤਰਾਂ ਵਿੱਚ ਮਾਨ ਸਰਕਾਰ ਦੀਆਂ ਮੁੱਖ ਉਪਲਬਧੀਆਂ ਨੂੰ ਉਜਾਗਰ ਕੀਤਾ। ਵਿਧਾਨ ਸਭਾ 'ਚ ਡਾ. ਇਸ਼ਾਂਕ ਕੁਮਾਰ ਨੇ ਕਿਹਾ ਕਿ ਮਾਨ ਸਰਕਾਰ ਨੇ ਸਿਹਤ ਖੇਤਰ ਨੂੰ ਮਜ਼ਬੂਤ ਕਰਨ ਲਈ ਵੱਡੇ ਕਦਮ ਚੁੱਕੇ ਹਨ। ਉਨ੍ਹਾਂ ਦੱਸਿਆ ਕਿ 881 ਆਮ ਆਦਮੀ ਕਲੀਨਿਕਾਂ ਰਾਹੀਂ ਹੁਣ ਤੱਕ ਕਰੀਬ 5 ਕਰੋੜ ਲੋਕ ਮੁਫ਼ਤ ਇਲਾਜ ਅਤੇ ਸਿਹਤ ਸੇਵਾਵਾਂ ਦਾ ਲਾਭ ਲੈ ਚੁੱਕੇ ਹਨ। ਜ਼ਿਲ੍ਹਾ ਹੁਸ਼ਿਆਰਪੁਰ ਵਿੱਚ ਲਗਭਗ ?275 ਕਰੋੜ ਦੀ ਲਾਗਤ ਨਾਲ ਮੈਡੀਕਲ ਕਾਲਜ ਸਥਾਪਿਤ ਕੀਤਾ ਜਾਵੇਗਾ, ਜਿਸ ਦਾ ਕੰਮ ਜਲਦ ਹੀ ਸ਼ੁਰੂ ਹੋਣ ਜਾ ਰਿਹਾ ਹੈ ।ਸਿੱਖਿਆ ਖੇਤਰ ਦੀਆਂ ਪ੍ਰਾਪਤੀਆਂ ਦਾ ਜ਼ਿਕਰ ਕਰਦਿਆਂ ਉਨ੍ਹਾਂ ਕਿਹਾ ਕਿ ਸਿੱਖਿਆ ਦੇ ਖੇਤਰ ਵਿੱਚ ਪੰਜਾਬ ਨੇ ਪੂਰੇ ਦੇਸ਼ ਵਿੱਚ ਪਹਿਲਾ ਸਥਾਨ ਹਾਸਲ ਕੀਤਾ ਹੈ। ਉਨ੍ਹਾਂ ਇਹ ਵੀ ਦੱਸਿਆ ਕਿ ਪੋਸਟ ਮੈਟ੍ਰਿਕ



ਸਕਾਲਰਸ਼ਿਪ ਸਕੀਮ ਤਹਿਤ ਲਗਭਗ 1 ਲੱਖ 65 ਹਜ਼ਾਰ ਵਿਦਿਆਰਥੀਆਂ ਨੂੰ ?96 ਕਰੋੜ ਦੀ ਰਕਮ ਜਾਰੀ ਕਰਕੇ ਲਾਭ ਦਿੱਤਾ ਜਾ ਰਿਹਾ ਹੈ। ਡਾ. ਇਸ਼ਾਂਕ ਕੁਮਾਰ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਲੋਕਾਂ ਨੂੰ ਵੱਡੀ ਰਾਹਤ ਦਿੰਦਿਆਂ ਲਗਭਗ 90 ਫ਼ੀਸਦੀ ਘਰਾਂ ਦੇ ਬਿਜਲੀ ਬਿੱਲ ਜ਼ੀਰੋ ਕਰ ਦਿੱਤੇ ਹਨ, ਜਿਸ ਨਾਲ ਆਮ ਪਰਵਾਰਾਂ ਉੱਤੇ ਆਰਥਿਕ ਬੋਝ ਘੱਟ ਹੋਇਆ ਹੈ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਨਸ਼ਾ ਤਸਕਰਾਂ ਅਤੇ ਗੈਂਗਸਟਰਾਂ ਖ਼ਿਲਾਫ਼ ਸਖ਼ਤ ਅਤੇ ਲਗਾਤਾਰ ਕਾਰਵਾਈਆਂ ਕੀਤੀਆਂ ਜਾ ਰਹੀਆਂ ਹਨ, ਤਾਂ ਜੋ ਪੰਜਾਬ ਨੂੰ ਨਸ਼ਿਆਂ ਅਤੇ ਅਪਰਾਧ ਤੋਂ ਮੁਕਤ ਬਣਾਇਆ ਜਾ ਸਕੇ।ਡਾ. ਇਸ਼ਾਂਕ ਕੁਮਾਰ ਨੇ ਸੜਕ ਨੈੱਟਵਰਕ ਨੂੰ ਮਜ਼ਬੂਤ ਕਰਨ ਲਈ ਬਜਟ ਵਿੱਚ ?5400 ਕਰੋੜ ਰੱਖਣ ਲਈ ਪੰਜਾਬ ਸਰਕਾਰ ਦੀ ਸਰਾਹਨਾ ਕੀਤੀ।ਉਨ੍ਹਾਂ ਆਪਣੇ ਇਲਾਕੇ ਦੀਆਂ ਜ਼ਰੂਰਤਾਂ ਨੂੰ ਧਿਆਨ ਵਿੱਚ ਰੱਖਦਿਆਂ ਚੱਕ ਸਾਧੂ, ਨੌਨੀਤਪੁਰ, ਰੂਪੋਵਾਲ, ਜੇਜੋਂ, ਮਾਂਝੀ ਅਤੇ ਕਹਾਰਪੁਰ ਸਮੇਤ ਹੋਰ ਥਾਵਾਂ 'ਤੇ ਬਣਨ ਵਾਲੇ ਪੁਲਾਂ ਲਈ ਫ਼ੰਡ ਅਲਾਟਮੈਂਟ ਦੀ ਮੰਗ ਕੀਤੀ, ਕਿਉਂਕਿ ਇਹ ਪ੍ਰੋਜੈਕਟ ਇਲਾਕੇ ਦੇ ਲੋਕਾਂ ਲਈ ਬਿਹਤਰ ਕਨੈਕਟਿਵਿਟੀ ਅਤੇ ਆਵਾਜਾਈ ਸੁਵਿਧਾ ਲਈ ਬਹੁਤ ਮਹੱਤਵਪੂਰਨ ਹਨ।ਡਾ. ਇਸ਼ਾਂਕ ਕੁਮਾਰ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਲੋਕਾਂ ਨਾਲ ਕੀਤੇ ਵਾਅਦਿਆਂ ਨੂੰ ਪੂਰਾ ਕਰਨ ਲਈ ਵਚਨਬੱਧ ਹੈ ।

## ਕੰਢੀ ਕਨਾਲ ਦੇ ਆਸਪਾਸ ਲੱਗੇ ਦਰੱਖਤਾਂ ਨੂੰ ਬੇਰਹਿਮੀ ਨਾਲ ਕੱਟਿਆ, ਵਿਭਾਗ ਨੇ ਸਾਧੀ ਚੁੱਪੀ

**ਮੇਹਟੀਆਣਾ (ਜਗਤਾਰ ਸਿੰਘ ਭੂੰਗਰਨੀ)**- ਕੰਢੀ ਕਨਾਲ ਦੇ ਆਸ ਪਾਸ ਲੱਗੇ ਹਰੇ ਦਰਖਤਾਂ ਦੀ ਵਣ ਵਿਭਾਗ ਨਾਲ ਮਿਲੀ ਭੁਗਤ ਕਾਰਨ ਮੋਟੇ ਮੋਟੇ ਟਾਹਣੇ ਕੱਟਣ ਅਤੇ ਦਰਖਤਾਂ ਦੀ ਹਰਿਆਲੀ ਗਾਇਬ ਕਰਨ ਤੇ ਦਰਖਤਾਂ ਦੀ ਸ਼ਕਲ ਬਿਗਾੜਣ ਦੀ ਲੇਬਰ ਪਾਰਟੀ ਦੇ ਪ੍ਰਧਾਨ ਜੈ ਗੋਪਾਲ ਧੀਮਾਨ ਅਤੇ ਸੋਨੂ ਮਹਿਤ ਪੁਰ ਨੇ ਸਖਤ ਸ਼ਬਦਾਂ ਵਿਚ ਨਿੰਦਾ ਰਕਦਿਆਂ ਕਿਹਾ ਕਿ ਇਸ ਮੋਕੇ ਸਾਰਾ ਮਾਮਲਾ ਰੇਂਜ ਅਫਸਰ ਤੇ ਡਵਿਜ਼ਨਲ ਫਾਰੈਸਟ ਅਫਸਰ ਦੇ ਧਿਆਨ ਹੇਠ ਲਿਆਉਣ ਦੇ ਧਿਆਨ ਹੇਠ ਲਿਆਉਣ ਤੇ ਵੀ ਨਿਯਮਾਂ ਅਨੁਸਾਰ ਕੋਈ ਕਾਰਵਾਈ ਨਹੀਂ ਹੋਈ ਜਿਸ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਗਈ । ਧੀਮਾਨ ਨੇ ਦਸਿਆ ਕਿ ਦਰਖਤਾਂ ਪ੍ਰਤੀ ਵਣ ਵਿਭਾਗ ਦੇ ਅਵੇਸਲੇਪਨ ਕਾਰਨ ਵਾਤਾਵਰਣ ਵਿਚ ਤਪਸ਼ ਵੱਧ ਰਹੀ ਏ ਤੇ ਜਿਸ ਦਾ ਪੂਰਾ ਪ੍ਰਭਾਵ ਆਮ ਲੋਕਾਂ ਦੇ ਜੀਵਨ,ਕਿਸਾਨਾ ਅਤੇ ਜੰਗਲੀ ਜਾਨਵਰਾਂ ਉਤੇ ਆਮ ਵੇਖਣ ਨੂੰ ਮਿਲ ਰਿਹਾ ਹੈ।ਉਨ੍ਹਾਂ ਦਸਿਆ ਕਿ ਜਦੋਂ ਦਰਖਤਾਂ ਦੇ ਸਿਰ ਕੱਟੇ ਜਾਣ ਤਾਂ ਦਰਖਤਾਂ ਦੀ ਸਹੀ ਗ੍ਰੋਥ ਕਦੇ



ਵੀ ਨਹੀਂ ਹੋਵੇਗੀ ਤੇ ਫਿਰ ਧਰਤੀ ਉਤੇ ਛਾਂ ਵੀ ਖਤਮ ਹੋ ਜਾਵੇਗੀ।ਅੱਜ ਹਲਾਤ ਇਹ ਬਣ ਰਹੇ ਹਨ ਕਿ ਦਰਖਤ ਆਮਦਨ ਦਾ ਸਾਧਨ ਬਣਦੇ ਜਾ ਰਹੇ ਹਨ ਪਰ ਮਨੁੱਖ ਇਹ ਨਹੀਂ ਜਾਣਦਾ ਕਿ ਦਰਖਤਾਂ ਦੀ ਹੋਂਦ ਘਟਣ ਨਾਲ ਵਾਤਾਵਰਣ ਅਸਥਿਰਤ ਤਾਂ ਆਵੇਗੀ ਤੇ ਨਾਲ ਆਰਥਿਕ ਅਸਥਿਰਤਾ ਵੀ ਵੇਖਣ ਨੂੰ ਮਿਲੇਗੀ।ਅਜਿਹਾ ਹੋਣ ਨਾਲ ਠੰਡਕ ਵੀ ਅਲੋਪ ਹੋਵੇਗੀ।ਜਦੋਂ ਕਿ ਵਣ ਵਿਭਾਗ ਵਿਚ ਕਰੋੜਾ ਰੁਪਇਆ ਮਨਰੇਗਾ ਦੇ ਤਹਿਤ ਖਰਚਿਆ ਜਾ ਚੁੱਕਾ ਹੈ ਤੇ ਲਗਾ ਤਾਰ ਖਰਚ ਵੀ ਹੋ ਰਿਹਾ ਹੈ। ਧੀਮਾਨ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਦਰਖਤਾਂ ਦੀ ਰਖਿਆ ਲਈ ਨਿਰਪੱਖ ਭਾਵਨਾ ਨਾਲ ਕੰਮ ਕਰਨ ਲਈ ਅੱਗੇ ਆਉਣ।

## ਟੀਚਿੰਗ ਟੀਮ ਨੇ ਫਰੈਂਡਲੀ ਕ੍ਰਿਕਟ ਮੈਚ ਜਿੱਤਿਆ

**ਜਲੰਧਰ (ਸ਼ੈਲੀ ਐਲਬਰਟ)**- ਲਾਇਲਪੁਰ ਖ਼ਾਲਸਾ ਕਾਲਜ ਜਲੰਧਰ ਵਿਖੇ ਕਾਲਜ ਦੇ ਖੇਡ ਮੈਦਾਨ ਵਿਚ ਟੀਚਿੰਗ ਯੀ (ਇਲੈਵਨ) ਅਤੇ ਨਾਨ-ਟੀਚਿੰਗ ਯੀ (ਇਲੈਵਨ) ਵਿਚਕਾਰ ਕ੍ਰਿਕਟ ਮੈਚ ਖੇਡਿਆ ਗਿਆ। ਪ੍ਰਿੰਸੀਪਲ ਡਾ. ਰਛਪਾਲ ਸਿੰਘ ਸੰਧੂ ਬਤੌਰ ਮੁੱਖ ਮਹਿਮਾਨ ਸ਼ਾਮਲ ਹੋਏ। ਡਾ. ਅਰੁਣ ਦੇਣ ਸ਼ਰਮਾ ਮੁਖੀ ਬਾਇਓਟੈਕ ਵਿਭਾਗ ਟੀਚਿੰਗ ਯੀ (ਇਲੈਵਨ) ਟੀਮ ਦੇ ਕਪਤਾਨ ਅਤੇ ਸ੍ਰੀ ਸਰਬਜੀਤ ਸਿੰਘ ਹੋਸਟਲ ਵਾਰਡਨ ਨਾਨ-ਟੀਚਿੰਗ ਯੀ (ਇਲੈਵਨ) ਟੀਮ ਦੇ ਕਪਤਾਨ ਸਨ। ਟੀਚਿੰਗ ਦੀ ਟੀਮ ਵਿਚ ਡਾ. ਅਰੁਣ ਦੇਵ ਸ਼ਰਮਾ (ਕਪਤਾਨ), ਡਾ. ਦਿਨਕਰ ਸ਼ਰਮਾ, ਡਾ. ਅਜੀਤਪਾਲ ਸਿੰਘ ਪ੍ਰੋ. ਸਰਬਜੀਤ ਸਿੰਘ,ਡਾ. ਪਲਵਿੰਦਰ ਸਿੰਘ,ਪ੍ਰੋ. ਐਨੀ ਗੋਇਲ,ਪ੍ਰੋ. ਅਜੈ ਕੁਮਾਰ, ਪ੍ਰੋ. ਮਨਵੀਰ ਪਾਲ, ਪ੍ਰੋ. ਭਾਗਵਤ ਕੁਮਾਰ, ਪ੍ਰੋ. ਕਾਰਤਿਕ,ਪ੍ਰੋ. ਸਾਹਿਲ ਅਤੇ ਨਾਨ-ਟੀਚਿੰਗ ਸਟਾਫ ਵਿਚ ਸਰਬਜੀਤ ਸਿੰਘ (ਕਪਤਾਨ), ਰਣਜੀਤ ਸਿੰਘ, ਸੁਨੀਲ ਕੁਮਾਰ,ਰਕੇਸ਼ ਸਿੰਘ,ਰਜੀਵ ਕੁਮਾਰ,ਗੋਪੀ ਚੰਦ,ਇੰਦਰਜੀਤ ਗਿੱਲ, ਭੂਸ਼ਣ ਵਰਮਾ,ਹਰਜੀਤ ਸਿੰਘ,ਮੋਹਿਤ ਤੇ ਕੁਲਦੀਪ ਸਿੱਧੂ ਖਿਡਾਰੀ ਸਨ। ਨਾਨ-ਟੀਚਿੰਗ ਸਟਾਫ ਦੀ ਟੀਮ ਨੇ ਪਹਿਲਾਂ ਟਾਸ ਜਿੱਤ ਕੇ ਬੈਟਿੰਗ ਕਰਨ ਦਾ ਫੈਸਲਾ ਲਿਆ। ਨਾਨ-ਟੀਚਿੰਗ ਟੀਮ ਨੇ ਬੈਟਿੰਗ ਕਰਦਿਆਂ ਅਥਧ ਦੌੜਾਂ ਬਣਾਈਆਂ, ਜਿਸਦਾ ਪਿੱਛਾ ਕਰਦਿਆਂ ਟੀਚਿੰਗ ਸਟਾਫ ਦੀ ਟੀਮ ਨੇ ਮੈਚ ਜਿੱਤਿਆ। ਪ੍ਰਿੰਸੀਪਲ ਰਛਪਾਲ ਸਿੰਘ ਸੰਧੂ ਨੇ ਮੈਚ ਜਿੱਤਣ ਲਈ ਟੀਚਿੰਗ ਸਟਾਫ਼ ਨੂੰ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਇਹ ਮੈਚ ਟੀਚਿੰਗ ਅਤੇ ਨਾਨ ਟੀਚਿੰਗ ਸਟਾਫ ਦੀ ਹੈਲਥ ਫਿਟਨੈੱਸ ਨੂੰ ਬਰਕਰਾਰ ਰੱਖਣ ਲਈ ਹਰ ਸਾਲ ਕਰਵਾਇਆ ਜਾਂਦਾ ਹੈ। ਉਨ੍ਹਾ ਇਹ ਵੀ ਕਿਹਾ ਕਿ ਅਜਿਹੇ ਮੈਚ ਸਟਾਫ ਵਿਚਕਾਰ ਇੱਕ ਖੁਸ਼ਨੁਮਾ ਵਾਤਾਵਰਨ ਬਣਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ। ਪ੍ਰੋ. ਸਤਪਾਲ ਸਿੰਘ, ਡਾ. ਸੁਖਦੇਵ ਸਿੰਘ ਨਾਗਰਾ ਅਤੇ ਡਾ. ਦਲਜੀਤ ਕੌਰ ਨੇ ਮੈਚ ਦੌਰਾਨ ਕਾਮੈਂਟਰੀ ਦੀ ਭੂਮਿਕਾ, ਪ੍ਰੋ. ਸੰਦੀਪ ਅਹੂਜਾ ਤੇ ਅਸ਼ਵਨੀ ਕੁਮਾਰ ਨੇ ਅੰਪਾਇਰ ਦੀ ਭੂਮਿਕਾ ਅਤੇ ਪ੍ਰੋ. ਵਿਕਾਸ ਕੁਮਾਰ, ਪ੍ਰੋ. ਨਵਨੀਤ ਅਰੋੜਾ, ਅਤੇ ਅਮਨਦੀਪ ਕੁਮਾਰ ਨੇ ਸਕੋਰ ਬੋਰਡ ਤੇ ਸਕੋਰ ਦਾ ਲੇਖਾ ਰੱਖਣ ਦੀ ਭੂਮਿਕਾ ਨਿਭਾਈ। ਤੀਜੇ ਅੰਪਾਇਰ ਦੀ ਭੂਮਿਕਾ ਪ੍ਰੋ. ਮਨੀਸ਼ ਗੋਇਲ ਨੇ ਨਿਭਾਈ। ਇਸ ਮੌਕੇ ਦਰਸ਼ਕਾਂ ਦੇ ਰੂਪ ਵਿਚ ਸਮੂਹ ਸਟਾਫ ਅਤੇ ਵਿਦਿਆਰਥੀ ਹਾਜ਼ਰ ਸਨ। ਅੰਤ ਵਿਚ ਡਾ. ਐਸ ਐਸ ਬੈਂਸ, ਡੀਨ ਸਪੋਰਟਸ ਨੇ ਸਾਰਿਆਂ ਦਾ ਧੰਨਵਾਦ ਕੀਤਾ।



## ਔਰਤਾਂ ਬਾਰੇ ਕੀਤੀ ਘਟੀਆ ਟਿੱਪਣੀ ਲਈ ਖਹਿਰਾ ਮੰਗੇ ਮੁਆਫੀ : ਥਿਆੜਾ

**ਜਲੰਧਰ (ਸ਼ੈਲੀ ਐਲਬਰਟ)**- ਹਲਕਾ ਜਲੰਧਰ ਕੈਂਟ ਦੀ ਇੰਚਾਰਜ ਰਾਜਵਿੰਦਰ ਕੌਰ ਥਿਆੜਾ ਨੇ ਕਾਂਗਰਸ ਆਗੂ ਸੁਖਪਾਲ ਖਹਿਰਾ ਵੱਲੋਂ ਮਾਵਾਂ, ਭੈਣਾਂ ਅਤੇ ਧੀਆਂ ਬਾਰੇ ਵਰਤੀ ਗਈ ਇਤਰਾਜ਼ਯੋਗ ਅਤੇ ਘਟੀਆ ਸ਼ਬਦਾਵਲੀ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਹੈ। ਉਨ੍ਹਾਂ ਕਿਹਾ ਕਿ ਇਸ ਤਰ੍ਹਾਂ ਦੀ ਬਿਆਨਬਾਜ਼ੀ ਨਾ ਸਿਰਫ ਮਹਿਲਾਵਾਂ ਦੀ ਇੱਜ਼ਤ ਨੂੰ ਠੇਸ ਪਹੁੰਚਾਉਂਦੀ ਹੈ ਸਗੋਂ ਸਮਾਜ ਵਿੱਚ ਗਲਤ ਸੰਦੇਸ਼ ਵੀ ਦਿੰਦੀ ਹੈ। ਰਾਜਵਿੰਦਰ ਕੌਰ ਥਿਆੜਾ ਨੇ ਕਿਹਾ ਕਿ ਪੰਜਾਬ ਦੀਆਂ ਮਹਿਲਾਵਾਂ ਹਮੇਸ਼ਾ ਸਮਾਜ ਦੇ ਹਰ ਖੇਤਰ ਵਿੱਚ ਅਹਿਮ ਯੋਗਦਾਨ ਪਾਉਂਦੀਆਂ ਆ ਰਹੀਆਂ ਹਨ ਤੇ ਉਨ੍ਹਾਂ ਬਾਰੇ ਇਸ ਤਰ੍ਹਾਂ ਦੀ ਅਸ਼ਲੀਲ ਅਤੇ ਨਿੰਦਣਯੋਗ ਟਿੱਪਣੀ ਕਦੇ ਵੀ ਬਰਦਾਸ਼ਤ ਨਹੀਂ ਕੀਤੀ ਜਾ ਸਕਦੀ।



ਉਨ੍ਹਾਂ ਕਿਹਾ ਕਿ ਜਨਤਕ ਜੀਵਨ ਨਾਲ ਜੁੜੇ ਆਗੂਆਂ ਨੂੰ ਆਪਣੀ ਬੋਲੀ ਤੇ ਵਿਵਹਾਰ ਵਿੱਚ ਸੰਯਮ ਰੱਖਣਾ ਚਾਹੀਦਾ ਹੈ। ਉਨ੍ਹਾਂ ਮੰਗ ਕੀਤੀ ਕਿ ਸੁਖਪਾਲ ਖਹਿਰਾ ਆਪਣੀ ਇਸ ਨਿੰਦਣਯੋਗ ਹਰਕਤ ਲਈ ਤੁਰੰਤ ਪੰਜਾਬ ਦੀਆਂ ਮਹਿਲਾਵਾਂ ਤੋਂ ਮੁਆਫੀ ਮੰਗਣ। ਨਾਲ ਹੀ ਕਾਂਗਰਸ ਦੀ ਉੱਚ ਲੀਡਰਸ਼ਿਪ ਨੂੰ ਵੀ ਇਸ ਮਾਮਲੇ ਵਿੱਚ ਆਪਣਾ ਸਟੈਂਡ ਸਾਫ ਕਰਦੇ ਹੋਏ ਖਹਿਰਾ ਤੋਂ ਮੁਆਫੀ ਮੰਗਵਾਉਣੀ ਚਾਹੀਦੀ ਹੈ।

## ਬਲਾਕ ਰੁੜਕਾ ਕਲਾਂ ਦੀ ਚੇਅਰਮੈਨ ਤੇ ਉਪ ਚੇਅਰਮੈਨ ਦੀ ਚੋਣ ਮੁਲਤਵੀ

**ਗੁਰਾਇਆ (ਬਿੰਦਰ ਸੁੰਮਨ)**- ਵਿਧਾਨ ਸਭਾ ਹਲਕਾ ਫਿਲੌਰ ਅਧੀਨ ਬਲਾਕ ਰੁੜਕਾ ਕਲਾਂ ਦੀ ਚੇਅਰਮੈਨ ਅਤੇ ਉਪ ਚੇਅਰਮੈਨ ਦੀ ਚੋਣ ਲਈ ਰਿਟਰਨਿੰਗ ਅਫਸਰ ਐਸ ਡੀ ਐਮ ਫਿਲੌਰ ਦੀਪਕ ਬਾਲੀ ਦੀ ਅਗਵਾਈ ਹੇਠ ਮੀਟਿੰਗ ਬਲਾਕ ਰੁੜਕਾ ਕਲਾਂ ਦੇ ਦਫਤਰ ਵਿਖੇ ਹੋਈ, ਜਿਸ ਵਿੱਚ ਛੇ ਚੁਣੇ ਬਲਾਕ ਸੰਮਤੀ ਮੈਂਬਰ ਅਤੇ ਵਿਧਾਇਕ ਫਿਲੌਰ ਚੌਧਰੀ ਵਿਕਰਮਜੀਤ ਸਿੰਘ ਹਾਜ਼ਰ ਹੋਏ। ਇਸ ਸਬੰਧੀ ਐਸ ਡੀ ਐਮ ਫਿਲੌਰ ਦੀਪਕ ਬਾਲੀ ਨੇ ਪੱਤਰਕਾਰਾਂ ਨੂੰ ਦੱਸਿਆ ਕਿ ਬਲਾਕ ਰੁੜਕਾ ਕਲਾਂ ਅਧੀਨ 15 ਬਲਾਕ ਸੰਮਤੀ ਮੈਂਬਰ ਚੁਣੇ ਗਏ ਸਨ। ਅੱਜ ਚੋਣ ਪ੍ਰਕ੍ਰਿਆ ਦਾ ਕੋਰਮ ਪੂਰਾ ਨਾ ਹੋਣ ਕਰਕੇ ਚੋਣ ਮੁਲਤਵੀ ਕਰ ਦਿੱਤੀ ਗਈ ਹੈ। ਉਨ੍ਹਾਂ ਕਿਹਾ ਕਿ ਇਹ ਚੋਣ 11 ਮਾਰਚ ਨੂੰ ਕਰਵਾਈ ਜਾਵੇਗੀ। ਇਸ ਮੀਟਿੰਗ ਵਿੱਚ ਦੋ ਆਮ ਪਾਰਟੀ ਅਤੇ ਤਿੰਨ ਕਾਂਗਰਸ ਅਤੇ ਦੋ ਅਜ਼ਾਦ ਉਮੀਦਵਾਰ ਹਾਜ਼ਰ ਹੋਏ। ਬਸਪਾ ਦੇ ਦੋ, ਅਕਾਲੀ ਦਲ ਦੇ 5 ਅਤੇ ਦੋ ਅਜ਼ਾਦ ਉਮੀਦਵਾਰਾਂ ਨੇ ਇਸ ਚੋਣ ਦਾ ਬਾਈਕਾਟ ਕੀਤਾ ਸੀ। ਇੱਕ ਆਮ ਪਾਰਟੀ ਦੇ ਉਮੀਦਵਾਰ ਦਾ ਪਰਚਾ ਦਰਜ ਹੋਣ ਕਰਕੇ ਮੀਟਿੰਗ ਵਿੱਚ ਹਾਜ਼ਰ ਨਹੀਂ ਹੋ ਸਕੇ। ਬਲਾਕ ਸੰਮਤੀ ਚੋਣਾਂ ਦੌਰਾਨ ਨਵਪ੍ਰੀਤ ਸਿੰਘ ਬੁੰਡਾਲਾ ਜ਼ੋਨ, ਰਿੱਕੀ ਰਾਣੀ ਰੁੜਕਾ ਕਲਾਂ ਜ਼ੋਨ, ਜਸਪਾਲ ਕੌਰ ਪਾਸਲਾ ਜ਼ੋਨ, ਅਮਨਦੀਪ ਕੌਰ ਮਹਿਸਮਪੁਰ ਜ਼ੋਨ, ਕਮਲਜੀਤ ਮੁਠੱਡਾ ਜ਼ੋਨ, ਜਸਪਾਲ ਮਹਿੰਮੀ ਡੱਲੇਵਾਲ ਜ਼ੋਨ, ਸੁਨੀਤਾ ਰਾਣੀ ਢੰਡਾ ਜ਼ੋਨ, ਸੋਡੀ ਰਾਮ ਘੁੜਕਾ ਜ਼ੋਨ, ਜਸਪ੍ਰੀਤ ਸਿੰਘ ਮਾਹਲਾ ਜ਼ੋਨ, ਅਨੂਪ ਬੰਗੜ ਪੱਦੀ ਖਾਲਸਾ ਜ਼ੋਨ, ਵੀਨਾ ਕੁਮਾਰੀ ਵਿਰਕਾ ਜ਼ੋਨ, ਜਸਵਿੰਦਰ ਕੁਮਾਰ ਜੌਹਲ ਜ਼ੋਨ, ਗੁਰਪ੍ਰੀਤ ਕੌਰ ਦੁਸਾਂਝ ਕਲਾਂ ਜ਼ੋਨ, ਮਹਿੰਦਰ



ਕੌਰ ਅਨੀਹਰ ਜ਼ੋਨ ਆਦਿ ਮੈਂਬਰ ਚੁਣੇ ਗਏ। ਚੋਣਾਂ ਦੌਰਾਨ ਕਿਸੇ ਵੀ ਪਾਰਟੀ ਨੂੰ ਬਹੁਮਤ ਨਹੀਂ ਮਿਲਿਆ। ਮੌਜੂਦਾ ਸਰਕਾਰ ਦੇ ਤਿੰਨ ਉਮੀਦਵਾਰ ਢੰਡਾ ਜ਼ੋਨ, ਵਿਰਕਾ ਅਤੇ ਰੁੜਕੀ ਜ਼ੋਨ ਤੋਂ ਜੇਤੂ ਰਹੇ, ਅਕਾਲੀ ਦਲ ਦੇ ਚਾਰ ਉਮੀਦਵਾਰ ਪੱਦੀ ਖਾਲਸਾ, ਅਨੀਹਰ, ਜੌਹਲ, ਮਾਹਲਾ ਜ਼ੋਨ ਤੋਂ ਜੇਤੂ ਰਹੇ। ਬਸਪਾ ਦੇ ਦੋ ਉਮੀਦਵਾਰ ਕਾਹਨਾ ਢੇਸੀਆਂ ਅਤੇ ਮੁਠੱਡਾ ਜ਼ੋਨ ਤੋਂ ਜੇਤੂ ਰਹੇ। ਕਾਂਗਰਸ ਦੇ ਦੋ ਉਮੀਦਵਾਰ ਮਹਿਸਮਪੁਰ ਅਤੇ ਡੱਲੇਵਾਲ ਜ਼ੋਨ ਤੋਂ ਜੇਤੂ ਰਹੇ ਅਤੇ ਅਜ਼ਾਦ ਚਾਰ ਉਮੀਦਵਾਰ ਬੁੰਡਾਲਾ, ਪਾਸਲਾ, ਰੁੜਕਾ ਕਲਾਂ ਅਤੇ ਦੁਸਾਂਝ ਕਲਾਂ ਤੋਂ ਜੇਤੂ ਰਹੇ।

## ਮਹਿੰਦਰਾ ਹਸਪਤਾਲ 'ਤੇ 2 ਅਣਪਛਾਤੇ ਨੌਜਵਾਨਾਂ ਨੇ ਚਲਾਈਆਂ ਗੋਲੀਆਂ

**ਬੰਗਾ (ਅਵਤਾਰ ਕਲੇਰ)**- ਬੰਗਾ ਵਿਖੇ ਮੁਕੰਦਪੁਰ ਰੋਡ 'ਤੇ ਮਹਿੰਦਰਾ ਹਸਪਤਾਲ 'ਤੇ ਦੋ ਮੋਟਰਸਾਈਕਲ ਸਵਾਰ ਅਗਿਆਤ ਨੌਜਵਾਨਾਂ ਨੇ ਤਿੰਨ ਫਾਇਰ ਕੀਤੇ ਅਤੇ ਫਰਾਰ ਹੋ ਗਏ। ਇੱਕ ਗੋਲੀ ਮਹਿੰਦਰਾ ਹਸਪਤਾਲ ਦੇ ਮੇਨ ਗੇਟ ਦੇ ਸ਼ੀਸ਼ੇ ਵਿੱਚੋਂ ਲੰਘਦੀ ਹੋਈ ਰਿਸੈਪਸ਼ਨ ਦੀ ਕੰਧ 'ਤੇ ਜਾ ਵੱਜੀ । ਰਿਸੈਪਸ਼ਨ 'ਤੇ ਕੋਈ ਵੀ ਹਾਜ਼ਰ ਨਾ ਹੋਣ ਕਾਰਨ ਰਿਸੈਪਸ਼ਨ ਵਾਲੀਆਂ ਲੜਕੀਆਂ ਦਾ ਬਚਾਅ ਹੋ ਗਿਆ। ਇਸ ਦੀ ਪੁਸ਼ਟੀ ਮਹਿੰਦਰਾ ਹਸਪਤਾਲ ਦੇ ਪ੍ਰਮੁੱਖ ਡਾ. ਓਂਕਾਰ ਸਿੰਘ ਨੇ ਕਰਦਿਆਂ ਕਿਹਾ ਕਿ ਇਹ ਹਮਲਾ ਕਰੀਬ ਸਾਢੇ ਛੇ ਵਜੇ ਹੋਇਆ। ਉਨ੍ਹਾਂ ਦੱਸਿਆ ਕਿ ਦੋ ਅਗਿਆਤ ਨੌਜਵਾਨਾਂ ਵੱਲੋਂ ਫਾਇਰ ਕੀਤੇ ਗਏ।ਮਹਿੰਦਰਾ ਹਸਪਤਾਲ ਦਾ ਸਟਾਫ ਵਾਲ ਵਾਲ ਬਚ ਗਿਆ ਤੇ ਹਸਪਤਾਲ ਅੰਦਰ ਦਾਖਲ ਮਰੀਜ਼ਾਂ ਦਾ ਵੀ ਬਚਾ ਰਿਹਾ। ਗੋਲੀਬਾਰੀ ਦਾ ਮੁੱਖ ਕਾਰਨ ਫਿਰੌਤੀ ਦਾ ਦੱਸਿਆ ਜਾ ਰਿਹਾ ਹੈ। ਕੁੱਝ ਦਿਨ ਪਹਿਲਾਂ ਮਹਿੰਦਰਾ ਹਸਪਤਾਲ ਦੇ ਪ੍ਰਮੁੱਖ ਡਾ. ਓਂਕਾਰ ਸਿੰਘ ਨੂੰ ਉਹਨਾਂ ਦੇ ਮੋਬਾਇਲ ਨੰਬਰ 'ਤੇ ਇੱਕ ਵਿਦੇਸ਼ੀ ਨੰਬਰ ਤੋਂ ਫੋਨ ਆਇਆ। ਉਸ ਨੇ ਡਾ. ਓਂਕਾਰ ਸਿੰਘ ਨੂੰ ਧਮਕੀ ਦਿੰਦੇ ਹੋਏ ਕਿਹਾ ਕਿ ਉਹ ਸਟਾਫ ਨਾਲ ਮਿਸ ਬਿਹੇਵ ਕਰਦਾ ਹੈ। ਇਸ ਕਰਕੇ ਉਸ ਕੋਲ ਦੋ ਹੀ ਗੱਲਾਂ ਹਨ ਜਾਂ ਤਾਂ 50 ਲੱਖ ਰੁਪਏ ਦਾ ਪ੍ਰਬੰਧ ਕਰ ਲਵੇ ਨਹੀਂ ਤਾਂ ਗੋਲੀ ਖਾਣ ਲਈ ਤਿਆਰ ਹੋ ਜਾਵੇ। ਇਸ ਸਬੰਧੀ ਡਾ. ਓਂਕਾਰ ਸਿੰਘ ਨੇ ਥਾਣਾ ਸਿਟੀ ਬੰਗਾ ਵਿਖੇ ਸ਼ਿਕਾਇਤ ਕੀਤੀ। ਇਸ ਸਬੰਧੀ 7 ਮਾਰਚ ਨੂੰ ਡਾ. ਓਂਕਾਰ ਸਿੰਘ ਦੇ ਬਿਆਨਾਂ 'ਤੇ ਮਾਮਲਾ ਦਰਜ ਕਰ ਦਿੱਤਾ ਗਿਆ। ਪਰ ਅੱਜ ਮਹਿੰਦਰਾ ਹਸਪਤਾਲ 'ਤੇ ਮੋਟਰਸਾਈਕਲ ਸਵਾਰ ਦੋ ਨੌਜਵਾਨ ਤਿੰਨ ਫਾਇਰ ਕਰਕੇ ਫਰਾਰ ਹੋ ਗਏ।

## ਸਤਨਾਮ ਜਲਾਲਪੁਰ ਨੇ ਪੰਚਾਇਤਾਂ ਨੂੰ ਦਿੱਤੀ ਇੱਕ-ਇੱਕ ਲੱਖ ਰੁਪਏ ਦੀ ਗਰਾਂਟ

**ਬਲਾਚੌਰ (ਜਸਵਿੰਦਰ ਬੈਂਸ)**- ਸਤਨਾਮ ਜਲਾਲਪੁਰ ਚੇਅਰਮੈਨ ਜਿਲਾ ਯੋਜਨਾ ਬੋਰਡ ਅਤੇ ਜਿਲਾ ਪ੍ਰਧਾਨ, ਸ਼ਹੀਦ ਭਗਤ ਸਿੰਘ ਨਗਰ ਨੇ ਬੇਲਾ ਤਾਜੋਵਾਲ ਅਤੇ ਜੀਓਵਾਲ ਦੀ ਪੰਚਾਇਤ ਨੂੰ ਇੱਕ-ਇੱਕ ਲੱਖ ਰੁਪਏ ਦੀ ਗਰਾਂਟ ਆਪਣੇ ਅਖਤਿਆਰੀ ਕੋਟੇ ਵਿੱਚੋਂ ਜਾਰੀ ਕੀਤੀ। ਉਹਨਾਂ ਨੇ ਸਰਕਾਰ ਵੱਲੋਂ ਮਹਿਲਾਵਾਂ ਨੂੰ ਦਿੱਤੀ ਗਈ ਗਰੰਟੀ ਨੂੰ ਪੂਰਾ ਕਰਨ ਤੇ ਵਧਾਈ ਦਿੱਤੀ ਤੇ ਮਹਿਲਾਵਾਂ ਨੂੰ ਮਿਠਿਆਈ ਵੰਡ ਕੇ ਪਿੰਡ ਵਾਸੀਆਂ ਨੇ ਖੁਸ਼ੀ ਮਨਾਈ। ਇਸ ਸਮੇਂ ਜੀਓਵਾਲ ਵਿਖੇ ਬਲਾਕ ਪ੍ਰਧਾਨ ਨਰੇਸ਼ ਕੁਮਾਰ ਅਤੇ ਬਲਵੀਰ ਮੀਲੂ, ਸਾਬਕਾ ਬਲਾਕ ਪ੍ਰਧਾਨ ਜਸਵਿੰਦਰ ਕੁਮਾਰ, ਸਰਪੰਚ ਬਲਵੀਰ ਸਿੰਘ, ਪੰਚ ਬਲਵੰਤ ਸਿੰਘ ਅਤੇ ਭੁਪਿੰਦਰ ਕੌਰ, ਬੰਦਨਾ ਰਾਣੀ, ਅਮਨਦੀਪ ਕੌਰ, ਮਨਮੋਹਨ ਸਿੰਘ, ਜਸਵੀਰ ਸਿੰਘ, ਪੰਡਿਤ ਸਰੂਪ ਜੀ, ਚਰਨਜੀਤ ਸਿੰਘ, ਕੁਲਵਿੰਦਰ ਕੁਮਾਰ, ਦਿਲਬਾਗ ਸਿੰਘ ਤੋਂ ਇਲਾਵਾ ਬਹੁਤ ਸਾਰੀਆਂ ਮਹਿਲਾਵਾਂ ਹਾਜ਼ਰ ਸਨ। ਇਸੇ ਤਰ੍ਹਾਂ ਬੇਲਾ ਤਾਜੋਵਾਲ ਵਿਖੇ ਕੈਪਟਨ ਨਿਰੰਜਨ ਸਿੰਘ, ਹਰਦਿਆਲ ਸਿੰਘ ਕੇਵਲ ਸਿੰਘ ਕਰਨੈਲ ਸਿੰਘ ਕਸ਼ਮੀਰ ਸਿੰਘ ਬਲਵਿੰਦਰ ਸਿੰਘ ਹਰਨੇਕ ਸਿੰਘ ਬਖਸ਼ੀਸ਼ ਸਿੰਘ ਸ਼ਿੰਗਾਰਾ ਸਿੰਘ ਮਲਕੀਤ ਸਿੰਘ ਪੰਚ ਤਰਸੇਮ ਸਿੰਘ ਪੰਚ ਚਰਨਜੀਤ ਸਿੰਘ ਤੋਂ ਇਲਾਵਾ ਬਹੁਤ ਸਾਰੇ ਪਿੰਡ ਵਾਸੀ ਹਾਜ਼ਰ ਸਨ।



## ਡਾਕਟਰ ਦੀ ਦੁਕਾਨ 'ਚ ਚੋਰੀ

**ਫਿਲੌਰ, (ਨਿਰਮਲ)**- ਫਿਲੌਰ ਦੇ ਨਜ਼ਦੀਕ ਮੁਹੱਲਾ ਸੰਤੋਖਪੁਰਾ ਵਿਖੇ ਚੋਰਾਂ ਵੱਲੋਂ ਇੱਕ ਡਾਕਟਰ ਦੀ ਦੁਕਾਨ ਨੂੰ ਨਿਸ਼ਾਨਾ ਬਣਾਉਣ ਦਾ ਮਾਮਲਾ ਸਾਹਮਣੇ ਆਇਆ ਹੈ। ਇਲਾਕੇ ਵਿੱਚ ਚੋਰੀ ਅਤੇ ਲੁੱਟਖੋਹ ਦੀਆਂ ਵਾਰਦਾਤਾਂ ਦਿਨੋ-ਦਿਨ ਵੱਧ ਰਹੀਆਂ ਹਨ, ਜਿਸ ਕਾਰਨ ਸਥਾਨਕ ਲੋਕਾਂ ਵਿੱਚ ਡਰ ਦਾ ਮਾਹੌਲ ਬਣਿਆ ਹੋਇਆ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਡਾਕਟਰ ਜੋਸ਼ੀ ਨੇ ਦੱਸਿਆ ਕਿ ਉਹ ਹਰ ਰੋਜ਼ ਦੀ ਤਰ੍ਹਾਂ ਆਪਣੀ ਦੁਕਾਨ ਬੰਦ ਕਰਕੇ ਘਰ ਚਲੇ ਗਏ ਸਨ। ਬੀਤੀ ਰਾਤ ਅਣਪਛਾਤੇ ਚੋਰਾਂ ਨੇ ਉਹਨਾਂ ਦੇ ਘਰ ਦੇ ਗੇਟ ਦਾ ਜਿੰਦਰਾ ਤੋੜ ਕੇ ਅੰਦਰ ਦਾਖਲ ਹੋਏ ਅਤੇ ਦੁਕਾਨ ਦਾ ਦਰਵਾਜ਼ਾ ਵੀ ਤੋੜ ਦਿੱਤਾ। ਚੋਰ ਕਰੀਬ 60 ਤੋਂ 70 ਹਜ਼ਾਰ ਰੁਪਏ ਨਕਦ ਅਤੇ ਦੋ ਮੋਬਾਈਲ ਫੋਨ ਚੋਰੀ ਕਰਕੇ ਫਰਾਰ ਹੋ ਗਏ। ਡਾਕਟਰ ਜੋਸ਼ੀ ਨੇ ਦੱਸਿਆ ਕਿ ਗੁਆਂਢ ਦੇ ਪਰਿਵਾਰ ਵੱਲੋਂ ਉਨ੍ਹਾਂ ਨੂੰ ਜਾਣਕਾਰੀ ਦਿੱਤੀ ਸੀ ਕਿ ਉਹਨਾਂ ਦੇ ਗੇਟ ਦਾ ਜਿੰਦਰਾ ਟੁੱਟਿਆ ਹੋਇਆ ਹੈ ਅਤੇ ਦੁਕਾਨ ਵਿੱਚ ਚੋਰੀ ਹੋ ਗਈ ਹੈ। ਸਵੇਰੇ ਜਦੋਂ ਉਹ ਦੁਕਾਨ 'ਤੇ ਪਹੁੰਚੇ ਤਾਂ ਗੇਟ ਦਾ ਜਿੰਦਰਾ ਟੁੱਟਿਆ ਹੋਇਆ ਦੇਖ ਕੇ ਉਨ੍ਹਾਂ ਨੂੰ ਚੋਰੀ ਦੀ ਘਟਨਾ ਦਾ ਪਤਾ ਲੱਗਿਆ।ਇਸ ਦੀ ਸੂਚਨਾ ਤੁਰੰਤ ਥਾਣਾ ਫਿਲੌਰ ਪੁਲਸ ਨੂੰ ਦਿੱਤੀ ਗਈ। ਸੂਚਨਾ ਮਿਲਣ 'ਤੇ ਥਾਣਾ ਪੁਲਿਸ ਤੋਂ ਏ ਐੱਸ ਆਈ ਜਸਵਿੰਦਰ ਸਿੰਘ ਮੌਕੇ 'ਤੇ ਪਹੁੰਚੇ ਅਤੇ ਇਲਾਕੇ ਵਿੱਚ ਲੱਗੇ ਸੀ ਸੀ ਟੀ ਵੀ ਕੈਮਰਿਆਂ ਦੀ ਫੁਟੇਜ ਦੇਖੀ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ।ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਏ ਐੱਸ ਆਈ ਜਸਵਿੰਦਰ ਸਿੰਘ ਨੇ ਕਿਹਾ ਕਿ ਮਾਮਲੇ ਦੀ ਗੰਭੀਰਤਾ ਨਾਲ ਜਾਂਚ ਕੀਤੀ ਜਾ ਰਹੀ ਹੈ ਅਤੇ ਦੋਸ਼ੀਆਂ ਦੀ ਪਛਾਣ ਕਰਕੇ ਉਨ੍ਹਾਂ ਨੂੰ ਜਲਦ ਕਾਬੂ ਕਰ ਲਿਆ ਜਾਵੇਗਾ।

## ਖਿਸੀ ਗੋਤਰ ਸਤੀ ਮਾਤਾ ਦਾ ਮੇਲਾ 17 ਨੂੰ

**ਬਲਾਚੌਰ, (ਜਸਵਿੰਦਰ ਬੈਂਸ)**- ਖਿਸੀ ਗੋਤਰ ਸਤੀ ਮਾਤਾ ਦੇ ਸਥਾਨ ਕੰਗਣਾ ਪੁਲ ਬਲਾਚੌਰ, ਸ਼ਹੀਦ ਭਗਤ ਸਿੰਘ ਨਗਰ ਵਿਖੇ ਚੇਤ ਚੌਦਾਂ ਨੂੰ ਸਮਰਪਿਤ ਮੇਲਾ 17 ਮਾਰਚ ਨੂੰ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਸ਼ਰਧਾ ਪੂਰਵਕ ਕਰਵਾਇਆ ਜਾ ਰਿਹਾ ਹੈ।ਮੁੱਖ ਸੇਵਾਦਾਰ ਤੇਜ ਪ੍ਰਕਾਸ਼ ਖਾਸਾ,ਸੂਬੇਦਾਰ ਕ੍ਰਿਸ਼ਨ ਲਾਲ ,ਗਿਆਨ ਚੰਦ, ਕੁਲਵਿੰਦਰ ਸਿੰਘ ਫਗਵਾੜਾ, ਸਤਨਾਮ ਸੱਤੀ, ਸ਼ਾਮ ਲਾਲ, ਰਾਮ ਪਾਲ ਰਾਮਾ, ਕਾਲਾ, ਵਰਿੰਦਰ ਖਾਸੀਆ, ਸੁਰਿੰਦਰ ਪਾਲ ਸੇਠੀ ਚਾਹਲਾਂ ਨੇ ਦੱਸਿਆ ਕਿ 17 ਮਾਰਚ ਨੂੰ ਸਵੇਰੇ 8 ਵਜੇ ਹਵਨ ਪੂਜਾ ਕਰਨ ਉਪਰੰਤ ਸਤੀ ਮਾਤਾ ਜੀ ਦਾ ਝੰਡਾ ਚੜ੍ਹਾਉਣ ਦੀ ਰਸਮ ਅਦਾ ਕੀਤੀ ਜਾਵੇਗੀ ਅਤੇ 11 ਵਜੇ ਕੰਜਕ ਪੂਜਨ ਕਰਨ ਉਪਰੰਤ 11:30 ਵਜੇ ਮਾਤਾ ਦਾ ਅਟੁੱਟ ਲੰਗਰ ਵਰਤਾਇਆ ਜਾਵੇਗਾ।ਸਤੀ ਮਾਤਾ ਜੀ ਦੇ ਮੇਲੇ ਨੂੰ ਦੇਖਦੇ ਹੋਏ ਤਿਆਰੀਆਂ ਚੱਲ ਰਹੀਆਂ ਹਨ।

## ਭਾਰਦਵਾਜ ਰਤਨ (ਲਾਮਿਆਂ) ਜਠੇਰੇ ਪੂਜਨ 17 ਤੇ 18 ਨੂੰ

**ਫਗਵਾੜਾ (ਜਸਵਿੰਦਰ ਢੱਡਾ)**- ਭਾਰਦਵਾਜ ਰਤਨ (ਲਾਮਿਆਂ) ਗੋਤਰ ਸਲਾਨਾ ਜਠੇਰੇ ਪੂਜਨ ਸਮਾਗਮ 17 ਅਤੇ 18 ਮਾਰਚ ਨੂੰ ਬਾਬਾ ਫਤਿਹ ਸਿੰਘ ਨਗਰ ਸੁਖਚੈਨ ਸਾਹਿਬ ਰੋਡ ਫਗਵਾੜਾ ਵਿਖੇ ਕਰਵਾਇਆ ਜਾ ਰਿਹਾ ਹੈ। ਜਾਣਕਾਰੀ ਦਿੰਦਿਆਂ ਸੁਦੇਸ਼ ਸ਼ਰਮਾ ਨੇ ਦੱਸਿਆ ਕਿ ਸਵੇਰੇ 8 ਤੋਂ 11 ਵਜੇ ਤੱਕ ਜਠੇਰੇ ਪੂਜਨ ਹੋਵੇਗਾ। ਉਪਰੰਤ ਧਾਰਮਿਕ ਸਮਾਗਮ ਅਤੇ 12 ਵਜੇ ਭੰਡਾਰੇ ਦੀ ਸੇਵਾ ਵਰਤਾਈ ਜਾਵੇਗੀ। ਉਹਨਾਂ ਸਮੂਹ ਭਾਰਦਵਾਜ ਰਤਨ ਪਰਵਾਰਾਂ ਨੂੰ ਵੱਡੇ ਵਡੇਰਿਆਂ ਦਾ ਅਸ਼ੀਰਵਾਦ ਪ੍ਰਾਪਤ ਕਰਨ ਲਈ ਸਲਾਨਾ ਜਠੇਰੇ ਪੂਜਨ ਸਮਾਗਮ ਵਿਚ ਪਰਵਾਰਾਂ ਸਮੇਤ ਹਾਜ਼ਰੀ ਲਗਵਾਉਣ ਦੀ ਅਪੀਲ ਵੀ ਕੀਤੀ।

## 'ਮਾਵਾਂ-ਧੀਆਂ ਸਤਿਕਾਰ ਯੋਜਨਾ' ਲਾਗੂ ਹੋਣ ਨਾਲ ਔਰਤਾਂ 'ਚ ਖੁਸ਼ੀ ਦੀ ਲਹਿਰ : ਕਸ਼ਮੀਰ

**ਫਗਵਾੜਾ (ਡਾ. ਰਮਨ)**- ਆਮ ਆਦਮੀ ਪਾਰਟੀ ਦੇ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਬਲਾਕ ਫਗਵਾੜਾ ਦੇ ਕੋਆਰਡੀਨੇਟਰ ਕਸ਼ਮੀਰ ਸਿੰਘ ਖਲਵਾੜਾ ਨੇ ਬੀਤੇ ਦਿਨ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਵੱਲੋਂ ਵਿਧਾਨ ਸਭਾ ਵਿੱਚ ਪੇਸ਼ ਕੀਤੇ ਬਜਟ ਦੌਰਾਨ ਔਰਤਾਂ ਨੂੰ ਪ੍ਰਤੀ ਮਹੀਨਾ 1000 ਰੁਪਏ ਸਨਮਾਨ ਭੱਤਾ ਦੇਣ ਦੇ ਵਾਅਦੇ ਨੂੰ ਪੂਰਾ ਕਰਨ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਭਗਵੰਤ ਮਾਨ ਦੀ ਅਗਵਾਈ ਹੇਠ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਇੱਕ ਵਾਰ ਫਿਰ ਸਾਬਤ ਕਰ ਦਿੱਤਾ ਹੈ ਕਿ ਇਹ ਸਰਕਾਰ ਸਿਰਫ਼ ਵਾਅਦੇ ਨਹੀਂ ਕਰਦੀ, ਸਗੋਂ ਉਹਨਾਂ ਨੂੰ ਪੂਰਾ ਵੀ ਕਰਦੀ ਹੈ। ਉਹਨਾਂ ਕਿਹਾ ਕਿ ਇਹ ਹੋਰ ਵੀ ਖੁਸ਼ੀ ਦੀ ਗੱਲ ਹੈ ਕਿ ਅਨੁਸੂਚਿਤ ਜਾਤੀ ਨਾਲ ਸਬੰਧਤ ਔਰਤਾਂ ਨੂੰ 1500 ਰੁਪਏ ਪ੍ਰਤੀ ਮਹੀਨਾ ਮਿਲੇਗਾ। ਉਨ੍ਹਾਂ ਕਿਹਾ ਕਿ 'ਮਾਵਾਂ-ਧੀਆਂ ਸਤਿਕਾਰ ਯੋਜਨਾ' ਦੇ ਲਾਗੂ ਹੋਣ ਨਾਲ ਪੰਜਾਬ ਦੀਆਂ ਮਹਿਲਾਵਾਂ ਵਿੱਚ ਖੁਸ਼ੀ ਦੀ ਲਹਿਰ ਹੈ ਅਤੇ ਇਹ ਫੈਸਲਾ ਔਰਤਾਂ ਦੇ ਸਨਮਾਨ ਅਤੇ ਆਰਥਿਕ ਸਸ਼ਕਤੀਕਰਨ ਵੱਲ ਇਕ ਇਤਿਹਾਸਕ ਕਦਮ ਹੈ। ਕਸ਼ਮੀਰ ਸਿੰਘ ਖਲਵਾੜਾ ਨੇ ਕਿਹਾ ਕਿ ਲੰਮੇ ਸਮੇਂ ਤੋਂ ਮਹਿਲਾਵਾਂ ਇਸ ਯੋਜਨਾ ਦੀ ਉਡੀਕ ਕਰ ਰਹੀਆਂ ਸਨ ਅਤੇ ਹੁਣ ਇਸ ਦੇ ਲਾਗੂ ਹੋਣ ਨਾਲ ਉਨ੍ਹਾਂ ਨੂੰ ਆਪਣੀਆਂ ਘਰੇਲੂ ਜ਼ਰੂਰਤਾਂ ਪੂਰੀਆਂ ਕਰਨ ਵਿੱਚ ਵੱਡੀ ਸਹਾਇਤਾ ਮਿਲੇਗੀ।



## ਪਾਵਰਕਾਮ ਤੇ ਟਰਾਂਸਕੋ ਪੈਨਸ਼ਨਰ ਯੂਨੀਅਨ ਦੀ ਮੀਟਿੰਗ

**ਬੰਗਾ (ਅਵਤਾਰ ਕਲੇਰ)**- ਪਾਵਰਕਾਮ ਤੇ ਟਰਾਸਕੋ ਪੈਨਸ਼ਨਰ ਯੂਨੀਅਨ ਪੰਜਾਬ ਏਟਕ ਮੰਡਲ ਨਵਾਂ ਸ਼ਹਿਰ ਦੀ ਮਹੀਨਾਵਾਰ ਮੀਟਿੰਗ ਬੰਗਾ ਰੋਡ ਮਲਕੀਤ ਚੰਦ ਮੇਹਲੀ ਭਵਨ ਪਾਰਟੀ ਦਫਤਰ ਵਿਖੇ ਮੰਡਲ ਪ੍ਰਧਾਨ ਗੁਰਦੀਪ ਸਿੰਘ ਦੀ ਪ੍ਰਧਾਨਗੀ ਹੇਠ ਕੀਤੀ ਗਈ। ਮੀਟਿੰਗ ਵਿੱਚ ਸਰਕਲ ਪ੍ਰਧਾਨ ਹਸ਼ਮਤ ਅਲੀ ਤੇ ਸਰਕਲ ਆਗੂ ਹਰਮੇਸ਼ ਲਾਲ ਵਲੋਂ ਸ਼ਿਰਕਤ ਕੀਤੀ ਗਈ। ਮੀਟਿੰਗ ਸ਼ੁਰੂ ਕਰਨ ਤੋਂ ਪਹਿਲਾਂ ਸਾਥੀ ਸ਼ੰਕਰ ਦਾਸ ਤੇ ਬੀਬੀ ਸ਼ਾਮ ਦੁਲਾਰੀ ਜੋ ਪਿਛਲੇ ਦਿਨੀ ਸਦੀਵੀਂ ਵਿਛੋੜਾ ਦੇ ਗਏ। ਉਨ੍ਹਾਂ ਨੂੰ ਦੋ ਮਿੰਟ ਲਈ ਮੌਨ ਧਾਰਨ ਕਰਕੇ ਸ਼ਰਧਾਂਜਲੀ ਭੇਟ ਕੀਤੀ। ਸਟੇਜ ਦੀ ਕਾਰਵਾਈ ਮੰਡਲ ਸਕੱਤਰ ਇੰਜ: ਵਿਜੇ ਸਿੰਘ ਵੱਲੋਂ ਕੀਤੀ ਗਈ। ਮੀਟਿੰਗ ਵਿੱਚ ਮੰਡਲ ਆਗੂ ਇੰਜ: ਰਾਮ ਆਸਰਾ, ਰਾਮ ਲਖਣ ਕੈਸ਼ੀਅਰ, ਲਛਮਣ ਦਾਸ, ਜਗਦੀਸ਼ ਸਿੰਘ, ਕੁਲਵੰਤ ਸਿੰਘ ਬੈਂਸ,ਪਰਭਾਕਰ ਤਿਵਾੜੀ, ਸੁਖਵਿੰਦਰ ਸਿੰਘ, ਹਰੀ ਕਿਸ਼ਨ ਕੈਸ਼ੀਅਰ, ਸੁਰੇਸ਼ ਕੁਮਾਰ ਕੈਸ਼ੀਅਰ ਅਤੇ ਕੁੰਦਨ ਸਿੰਘ ਨੇ ਸੰਬੋਧਨ ਕਰਦਿਆਂ ਕਿਹਾ ਕਿ ਸਰਕਾਰ ਵੱਲੋਂ ਪੈਨਸ਼ਨਰਾਂ ਤੇ ਮੁਲਾਜ਼ਮਾਂ ਦੀਆਂ ਹੱਕੀ ਤੇ ਜਾਇਜ਼ ਮੰਗਾਂ ਵੱਲ ਬਿਲਕੁਲ ਧਿਆਨ ਨਹੀਂ ਦਿੱਤਾ ਜਾ ਰਿਹਾ। ਕੇਂਦਰ ਸਰਕਾਰ ਦੇ ਮੁਲਾਜ਼ਮਾਂ ਤੋਂ ਪੰਜਾਬ ਦੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਨੂੰ 16% ਡੀ ਏ ਘੱਟ ਮਿਲਦਾ ਹੈ। ਹਰੇਕ ਵਿਭਾਗ ਦੇ ਲੱਖਾਂ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀਆਂ ਬਹੁਤ ਸਾਰੀਆਂ ਮੰਗਾਂ ਜਿਉ ਦੀਆਂ ਤਿਉਂ ਪਈਆਂ ਹਨ। ਇਹਨਾਂ ਮੰਗਾਂ ਤੋਂ ਇਲਾਵਾ ਠੇਕੇ ਤੇ ਕੰਮ ਕਰਦੇ ਮੁਲਾਜ਼ਮ ਅਤੇ ਆਊਟਸੋਰਸ ਕਾਮਿਆਂ ਨੂੰ ਪੱਕਾ ਕਰਨ ਸਬੰਧੀ 2004 ਤੋਂ ਬਾਅਦ ਨਿਯੁਕਤ ਕੀਤੇ ਮੁਲਾਜ਼ਮਾਂ ਨੂੰ ਪੁਰਾਣੀ ਪੈਨਸ਼ਨ ਸਕੀਮ ਦੇ ਦਾਇਰੇ ਅਧੀਨ ਲਿਆਉਣ ਆਦਿ ਨੂੰ ਆਮ ਆਦਮੀ ਸਰਕਾਰ ਵੱਲੋਂ ਕੋਈ ਹਾਂ ਪੱਖੀ ਜਾਂ ਠੋਸ ਹੁੰਗਾਰਾ ਨਹੀਂ ਮਿਲਿਆ। ਇਸ ਤੋਂ ਬਾਅਦ ਸਾਰੇ ਸਾਥੀਆਂ ਨੂੰ ਰਲ ਕੇ ਸੰਘਰਸ਼ ਕਰਨ ਲਈ ਪ੍ਰੇਰਿਤ ਕੀਤਾ 11 ਤਰੀਕ ਨੂੰ ਚੰਡੀਗੜ੍ਹ ਵਿਖੇ ਹੋਣ ਜਾ ਰਹੀ ਰੋਸ ਰੈਲੀ ਵਿੱਚ ਵੱਧ ਤੋਂ ਵੱਧ ਸ਼ਮੂਲੀਅਤ ਕਰਨ ਲਈ ਕਿਹਾ ਗਿਆ ਅਤੇ ਅਗਲੇ ਸੰਘਰਸ਼ਾਂ ਦੀ ਰੂਪ ਰੇਖਾ ਤਿਆਰ ਹੋਣ ਤੱਕ ਸੰਘਰਸ਼ਾ ਨਾਲ ਜੁੜੇ ਰਹਿਣ ਲਈ ਅਪੀਲ ਕੀਤੀ। ਸਰਕਲ ਪ੍ਰਧਾਨ ਹਸ਼ਮਤ ਅਲੀ ਵਲੋਂ ਪੈਨਸ਼ਨਰਾਂ ਸਾਥੀਆਂ ਦੀਆਂ ਸਮੱਸਿਆਵਾਂ ਸੁਣੀਆਂ ਗਈਆਂ ਜਿਸ ਵਿੱਚ ਬਹੁ ਗਿਣਤੀ ਵਿੱਚ ਪੈਨਸ਼ਨਰ ਸਾਥੀਆਂ ਨੇ ਮੈਡੀਕਲ ਬਿੱਲਾਂ ਦੀ ਅਦਾਇਗੀ ਲਈ ਮੰਡਲ ਦਫ਼ਤਰ ਨਵਾਂ ਸ਼ਹਿਰ ਵਲੋਂ ਕੀਤੀ ਜਾਂਦੀ ਬੇਲੋੜੀ ਦੇਰੀ ਨੂੰ ਮੁੱਖ ਸਮੱਸਿਆ ਦੱਸਿਆ ਗਿਆ। ਇਸ ਉਪਰੰਤ ਮੰਡਲ ਪ੍ਰਧਾਨ ਗੁਰਦੀਪ ਸਿੰਘ ਵਲੋਂ ਆਏ ਹੋਏ ਸਾਰੇ ਸਾਥੀਆਂ ਦਾ ਧੰਨਵਾਦ ਕੀਤਾ ਗਿਆ। ਇਸ ਮੀਟਿੰਗ ਵਿੱਚ ਮੱਖਣ ਸਿੰਘ,ਸੁਰਿੰਦਰ ਸਿੰਘ, ਰਾਣਾ ਕੁਲਵਿੰਦਰ ਸਿੰਘ, ਮੋਹਨ ਲਾਲ , ਅਸ਼ੋਕ ਕੁਮਾਰ, ਤਰਸੇਮ ਲਾਲ, ਹਰਬੰਸ ਸਿੰਘ, ਪਰੇਮ ਲਾਲ, ਸੁਰਿੰਦਰ ਸਿੰਘ, ਰਾਜ ਕੁਮਾਰ, ਸੁੱਚਾ ਸਿੰਘ, ਧਰਮ ਪਾਲ ਅਤੇ ਹੋਰ ਵੀ ਵੱਡੀ ਗਿਣਤੀ ਵਿੱਚ ਪੈਨਸ਼ਨਰ ਸਾਥੀਆਂ ਨੇ ਸ਼ਮੂਲੀਅਤ ਕੀਤੀ।

## ਏ ਆਈ ਤੇ ਰੋਬੋਟਿਕਸ ਵਿਸ਼ੇ 'ਤੇ ਵਰਕਸ਼ਾਪ

**ਗੁਰਾਇਆ (ਬਿੰਦਰ ਸੁਮਨ)**- ਪਲਵਿੰਦਰ ਕੁਮਾਰ ਦੀ ਅਗਵਾਈ ਹੇਠ ਸ੍ਰੀ ਹਨੂੰਮਤ ਇੰਸਟੀਚਿਊਟ ਆਫ਼ ਮੈਨੇਜਮੈਂਟ ਐਂਡ ਟੈਕਨਾਲੋਜੀ (ਐਸ ਐਚ ਆਈ ਐਮ ਟੀ) ਨੇ ਬੀ ਸੀ ਏ ਵਿਭਾਗ ਦੇ ਵਿਦਿਆਰਥੀਆਂ ਲਈ



ਟੈਕਕੈਡ ਕੰਪਿਊਟਰ ਇੰਸਟੀਚਿਊਟ ਦੇ ਸਹਿਯੋਗ ਨਾਲ ਟੈਕਨੋਲੋਜੀ ਦਾ ਭਵਿੱਖ ਆਰਟੀਫਿਸ਼ਲ ਇੰਟੈਲੀਜੈਂਸ ਐਂਡ ਰੋਬੋਟਿਕਸ ਵਿਸ਼ੇ 'ਤੇ ਇਕ ਜਾਣਕਾਰੀ ਭਰਪੂਰ ਤੇ ਦਿਲਚਸਪ ਵਰਕਸ਼ਾਪ ਦਾ ਆਯੋਜਨ ਕੀਤਾ। ਸੈਸ਼ਨ ਦਾ ਸੰਚਾਲਨ ਟੈੱਕਕੈਡ ਦੇ ਸੰਸਥਾਪਕ ਗੌਰਵ ਗੁਪਤਾ ਦੁਆਰਾ ਕੀਤਾ ਗਿਆ, ਜਿਨ੍ਹਾਂ ਨੇ ਆਪਣੇ ਕੀਮਤੀ ਉਦਯੋਗ ਗਿਆਨ ਤੇ ਸੂਝ ਨੂੰ ਵਿਦਿਆਰਥੀਆਂ ਨਾਲ ਸਾਂਝਾ ਕੀਤਾ। ਵਰਕਸ਼ਾਪ ਦੌਰਾਨ, ਉਨ੍ਹਾਂ ਨੇ ਆਰਟੀਫਿਸ਼ਲ ਇੰਟੈਲੀਜੈਂਸ, ਰੋਬੋਟਿਕਸ ਤੇ ਉੱਭਰ ਰਹੀਆਂ ਟੈਕਨੋਲੋਜੀਆਂ ਦੇ ਸੰਕਲਪ, ਸਕੋਪ ਅਤੇ ਭਵਿੱਖ ਦੀਆਂ ਸੰਭਾਵਨਾਵਾਂ ਬਾਰੇ ਚਰਚਾ ਕੀਤੀ ਅਤੇ ਦੱਸਿਆ ਕਿ ਇਹ ਇਨੋਵੇਸ਼ਨ ਸਿੱਖਿਆ, ਸਿਹਤ ਸੰਭਾਲ, ਕਾਰੋਬਾਰੀ ਵਿਸ਼ਲੇਸ਼ਣ, ਆਟੋਮੇਸ਼ਨ ਅਤੇ ਸਮਾਰਟ ਟੈਕਨੋਲੋਜੀਆਂ ਵਰਗੇ ਵੱਖ-ਵੱਖ ਖੇਤਰਾਂ ਨੂੰ ਕਿਵੇਂ ਬਦਲ ਰਹੇ ਹਨ। ਸ੍ਰੀ ਗੁਪਤਾ ਨੇ ਆਰਟੀਫਿਸ਼ਲ ਇੰਟੈਲੀਜੈਂਸ ਦੇ ਭਵਿੱਖ ਬਾਰੇ ਦੱਸਦੇ ਹੋਏ ਇੱਕ ਸੂਝਵਾਨ ਪੇਸ਼ਕਾਰੀ ਦਿੱਤੀ, ਜਿਸ ਵਿੱਚ ਇਸ ਦੀਆਂ ਐਪਲੀਕੇਸ਼ਨਾਂ ਅਤੇ ਆਈ ਟੀ ਅਤੇ ਟੈਕਨੋਲੋਜੀ ਖੇਤਰ ਵਿੱਚ ਵਿਦਿਆਰਥੀਆਂ ਲਈ ਪੇਸ਼ ਕੀਤੇ ਜਾਣ ਵਾਲੇ ਕਰੀਅਰ ਦੇ ਮੌਕਿਆਂ ਨੂੰ ਉਜਾਗਰ ਕੀਤਾ ਗਿਆ। ਵਰਕਸ਼ਾਪ ਦਾ ਸਫਲਤਾਪੂਰਵਕ ਆਯੋਜਨ ਬੀ. ਸੀ. ਏ. ਵਿਭਾਗ ਦੀ ਮੁਖੀ ਡਾ. ਪੁਸ਼ਪਾ ਸ਼ਰਮਾ ਦੀ ਅਗਵਾਈ ਵਿੱਚ ਸਹਾਇਕ ਪ੍ਰੋਫੈਸਰ ਅਕਸ਼ਿਤ ਅਹੀਰ, ਜਗਦੀਪ ਕੌਰ, ਹੈਪੀ ਅਤੇ ਰਾਸ਼ੀ ਸਮੇਤ ਫੈਕਲਟੀ ਮੈਂਬਰਾਂ ਦੀ ਸਮਰਪਿਤ ਟੀਮ ਨਾਲ ਕੀਤਾ ਗਿਆ, ਜਿਨ੍ਹਾਂ ਨੇ ਸਮਾਗਮ ਦੇ ਤਾਲਮੇਲ ਅਤੇ ਪ੍ਰਬੰਧਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ।

## ਸਿੱਖਿਆ ਹਰ ਨਾਗਰਿਕ ਦਾ ਬੁਨਿਆਦੀ ਹੱਕ : ਅਮਰਜੀਤ ਸਿੰਘ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**- ਪੰਜਾਬ ਸਰਕਾਰ ਨੇ ਸਰਕਾਰੀ ਸਕੂਲਾਂ ਵੱਲ ਉਚੇਚਾ ਧਿਆਨ ਦੇ ਕੇ ਸਿੱਖਿਆ ਖੇਤਰ ਵਿੱਚ ਕ੍ਰਾਂਤੀ ਲਿਆਂਦੀ ਹੈ। ਹੁਣ ਹਰ ਇੱਕ



ਸਕੂਲ ਆਧੁਨਿਕ ਸਹੂਲਤਾਂ ਨਾਲ ਲੈਸ ਨਜ਼ਰ ਆ ਰਿਹਾ ਹੈ। ਸਿੱਖਿਆ ਹਰ ਨਾਗਰਿਕ ਦਾ ਬੁਨਿਆਦੀ ਹੱਕ ਹੈ ਅਤੇ ਕੋਈ ਵੀ ਬੱਚਾ ਸਿੱਖਿਆ ਤੋਂ ਵਾਂਝਾ ਨਹੀਂ ਰਹਿਣਾ ਚਾਹੀਦਾ। ਇਹਨਾਂ ਗੱਲਾਂ ਦਾ ਪ੍ਰਗਟਾਵਾ ਅਮਰਜੀਤ ਸਿੰਘ ਸਿੱਖਿਆ ਕੋਆਰਡੀਨੇਟਰ ਹਲਕਾ ਨਕੋਦਰ ਨੇ ਵੱਖ-ਵੱਖ ਸਕੂਲਾਂ ਵਿੱਚ ਵਿਜ਼ਿਟ ਕਰਨ ਉਪਰੰਤ ਕੀਤਾ। ਸਰਕਾਰੀ ਪ੍ਰਾਇਮਰੀ ਸਕੂਲ ਭਾਰਤਵਾਜ ਨੂਰ ਮਹਿਲ ਵਿਖੇ ਪਹੁੰਚਣ 'ਤੇ ਸਾਬਕਾ ਸਰਪੰਚ ਰਜਿੰਦਰ ਚਾਹਲ, ਸਰਪੰਚ ਨੀਲਮ ਚਾਹਲ, ਡਾਕਟਰ ਦੇਸਰਾਜ, ਚੇਅਰ ਪਰਸਨ ਐਸ ਐਮ ਸੀ ਅੰਜੂ ਬਾਲਾ, ਬਲਾਕ ਸੰਮਤੀ ਮੈਂਬਰ ਪਰਮਜੀਤ ਕੌਰ, ਯੂਥ ਬਲਾਕ ਪ੍ਰਧਾਨ ਨਵਪ੍ਰੀਤ, ਸਕੂਲ ਸਟਾਫ ਅਤੇ ਐਸ ਐਮ ਸੀ ਦੇ ਮੈਂਬਰਾਂ ਨੇ ਅਮਰਜੀਤ ਸਿੰਘ ਸਿੱਖਿਆ ਕੋਆਰਡੀਨੇਟਰ ਦਾ ਸਕੂਲ ਪਹੁੰਚਣ 'ਤੇ ਨਿੱਘਾ ਸਵਾਗਤ ਕੀਤਾ ਅਤੇ ਸਕੂਲ ਵਿੱਚ ਚੱਲ ਰਹੇ ਕੰਮਾਂ ਦਾ ਵੇਰਵਾ ਵੀ ਦਿੱਤਾ। ਸਕੂਲ ਵਿਖੇ ਸਾਫ ਸਫਾਈ ਅਤੇ ਬੱਚਿਆਂ ਦੀ ਪੜ੍ਹਾਈ 'ਤੇ ਤਸੱਲੀ ਪ੍ਰਗਟ ਕੀਤੀ ਗਈ। ਇਸੇ ਤਰ੍ਹਾਂ ਸਰਕਾਰੀ ਸਮਾਰਟ ਸੀਨੀਅਰ ਸੈਕੰਡਰੀ ਸਕੂਲ ਨੂਰਮਹਿਲ ਵਿਖੇ ਪਹੁੰਚਣ 'ਤੇ ਸਕੂਲ ਪ੍ਰਿੰਸੀਪਲ ਚੰਦਰ ਸ਼ੇਖਰ, ਸਕੂਲ ਇੰਚਾਰਜ ਮੈਡਮ ਹਰਪ੍ਰੀਤ ਕੌਰ, ਐਸਐਮਸੀ ਚੇਅਰ ਪਰਸਨ, ਸਮੂਹ ਸਟਾਫ ਅਤੇ ਐਸਐਮਸੀ ਮੈਂਬਰਾਂ ਨੇ ਸਕੂਲ ਪਹੁੰਚਣ 'ਤੇ ਨਿੱਘਾ ਸਵਾਗਤ ਕੀਤਾ।

## ਕਿਸਾਨ ਜਾਗ੍ਰਿਤੀ ਯਾਤਰਾ ਦਾ ਫਗਵਾੜਾ ਪਹੁੰਚਣ 'ਤੇ ਸਵਾਗਤ

**ਫਗਵਾੜਾ (ਡਾ. ਰਮਨ)**- ਕਿਸਾਨ ਮੋਰਚਾ ਗੈਰ ਸਿਆਸੀ ਭਾਰਤ ਵਲੋਂ ਕੌਮੀ ਕਨਵੀਨਰ ਜਗਜੀਤ ਸਿੰਘ ਡੱਲੇਵਾਲ ਦੀ ਅਗਵਾਈ ਹੇਠ ਕੰਨਿਆਕੁਮਾਰੀ ਤੋਂ ਲੈ ਕੇ ਕਸ਼ਮੀਰ ਤੱਕ ਕੱਢੀ ਜਾ ਰਹੀ ਕਿਸਾਨ ਜਾਗਰੂਕਤਾ ਯਾਤਰਾ ਦਾ ਫਗਵਾੜਾ ਪੁੱਜਣ 'ਤੇ ਭਾਰਤੀ ਕਿਸਾਨ ਯੂਨੀਅਨ (ਦੋਆਬਾ) ਦੇ ਜਨਰਲ ਸਕੱਤਰ ਸਤਨਾਮ ਸਿੰਘ ਸਾਹਨੀ ਦੀ ਅਗਵਾਈ ਹੇਠ ਸਰਕਲ ਫਗਵਾੜਾ ਦੇ ਸਮੂਹ ਕਿਸਾਨਾਂ ਵਲੋਂ ਸ਼ੂਗਰ ਮਿਲ ਚੌਂਕ ਜੀ ਟੀ ਰੋਡ ਵਿਖੇ ਭਰਵਾਂ ਸਵਾਗਤ ਕੀਤਾ ਗਿਆ। ਇਸ ਦੌਰਾਨ ਜਗਜੀਤ ਸਿੰਘ ਡੱਲੇਵਾਲ, ਅਭਿਮਨਿਯੂ ਕੋਹਾੜ, ਸਤਨਾਮ ਸਿੰਘ ਬਹਿਰੂ, ਜਸਵੀਰ ਸਿੰਘ ਸਿੱਧੂਪੁਰ, ਅਰੁਣ ਪਟੇਲ ਮੱਧ ਪ੍ਰਦੇਸ਼, ਰਾਜਵੀਰ ਸਿੰਘ ਯੂ.ਪੀ., ਸੋਨਵੀਰ ਚੌਧਰੀ ਯੂ.ਪੀ., ਨਿਤਿਨ ਬਲਿਆਨ ਯੂ.ਪੀ., ਇੰਦਰਜੀਤ ਪੰਨੀਵਾਲਾ ਰਾਜਸਥਾਨ ਅਤੇ ਹਰਸ਼ਦੀਪ ਸਿੰਘ ਹਰਿਆਣਾ ਨੇ ਕਿਹਾ ਕਿ ਭਾਰਤ ਤੇ ਅਮਰੀਕਾ ਵਿਚਾਲੇ ਹੋਣ ਵਾਲਾ ਮੁਕਤ ਵਪਾਰਕ ਸਮਝੌਤਾ ਭਾਰਤ ਦੇ ਕਿਸਾਨਾਂ ਅਤੇ ਖੇਤੀਬਾੜੀ ਉੱਪਰ ਵੱਡਾ ਹਮਲਾ ਹੈ। ਜਿਸਦਾ ਸਮੂਹ ਕਿਸਾਨਾਂ ਨੂੰ ਮਿਲ ਕੇ ਮੁਕਾਬਲਾ ਕਰਨਾ ਪਵੇਗਾ। ਉਨ੍ਹਾਂ ਦੱਸਿਆ ਕਿ ਇਹ ਕਿਸਾਨ ਯਾਤਰਾ 7 ਫਰਵਰੀ ਨੂੰ ਕੰਨਿਆ ਕੁਮਾਰੀ ਤੋਂ ਸ਼ੁਰੂ ਹੋਈ ਸੀ ਅਤੇ ਕਿਸਾਨ ਯਾਤਰਾ ਨੂੰ ਸਾਰੇ ਰਾਜਾਂ ਵਿੱਚ ਵੱਡੀ ਪੱਧਰ ਤੇ ਜਨਤਕ ਸਮਰਥਨ ਮਿਲਿਆ ਹੈ। ਉਨ੍ਹਾਂ ਭਰੋਸਾ ਜਤਾਇਆ ਕਿ 19 ਮਾਰਚ ਨੂੰ ਦੇਸ਼ ਭਰ ਤੋਂ ਲੱਖਾਂ ਕਿਸਾਨ ਦਿੱਲੀ ਦੇ ਰਾਮਲੀਲਾ ਮੈਦਾਨ ਪਹੁੰਚ ਕੇ ਭਾਰਤ ਸਰਕਾਰ ਉੱਪਰ ਖੇਤੀਬਾੜੀ, ਡੇਅਰੀ ਤੇ ਪੋਲਟਰੀ ਸੈਕਟਰ ਨੂੰ ਇਸ ਮੁਕਤ ਵਪਾਰ ਸਮਝੌਤੇ ਤੋਂ ਬਾਹਰ ਰੱਖਣ ਲਈ ਜ਼ਰੂਰੀ ਦਬਾਅ ਬਣਾਉਣ ਵਿੱਚ ਸਫਲ ਹੋਣਗੇ। ਉਹਨਾਂ ਨੇ ਕਿਹਾ ਕਿ ਸਵਾਮੀਨਾਥਨ ਕਮਿਸ਼ਨ ਦੀ ਰਿਪੋਰਟ 2006 ਵਿੱਚ ਜਾਰੀ ਕੀਤੀ ਗਈ ਸੀ ਤੇ ਰਿਪੋਰਟ ਆਈ ਨੂੰ ਵੀਹ ਸਾਲ ਬੀਤ ਚੁੱਕੇ ਹਨ, ਅਤੇ ਕਈ ਸਰਕਾਰਾਂ ਆਈਆਂ ਅਤੇ ਗਈਆਂ, ਪਰ ਇੱਕ ਵੀ ਸਰਕਾਰ ਵੱਲੋਂ ਉਸ ਰਿਪੋਰਟ ਨੂੰ ਲਾਗੂ ਨਹੀਂ



ਕੀਤਾ ਗਿਆ। ਇਸ ਦੌਰਾਨ ਭਾਰਤੀ ਕਿਸਾਨ ਯੂਨੀਅਨ (ਦੋਆਬਾ) ਦੇ ਜਨਰਲ ਸਕੱਤਰ ਸਤਨਾਮ ਸਿੰਘ ਸਾਹਨੀ, ਕੁਲਵਿੰਦਰ ਸਿੰਘ ਕਾਲਾ ਸਰਪੰਚ ਅਠੌਲੀ, ਹਰਭਜਨ ਸਿੰਘ ਬਾਜਵਾ ਮਲਕਪੁਰ, ਸਤਨਾਮ ਸਿੰਘ ਸੇਖੋਂ, ਮਨਜੀਤ ਸਿੰਘ ਖਾਲਸਾ, ਰਾਜਿੰਦਰ ਸਿੰਘ ਖੁਨਖੁਨ ਮਾਨਾਵਾਲੀ ਅਤੇ ਦਲਵਿੰਦਰ ਸਿੰਘ ਚੱਕ ਮੰਡੇਰ ਨੇ ਦੱਸਿਆ ਕਿ ਕਿਸਾਨਾਂ ਦੀਆਂ ਮੁੱਖ ਮੰਗਾਂ ਐਮ ਐੱਸ ਪੀ ਗਰੰਟੀ ਕਾਨੂੰਨ ਬਣਵਾਉਣਾ, ਕਿਸਾਨਾਂ ਦੀ ਪੂਰਨ ਕਰਜ਼ਾ ਮੁਕਤੀ, ਭਾਰਤ-ਅਮਰੀਕਾ ਵਪਾਰ ਸਮਝੌਤਾ ਰੱਦ ਕਰਵਾਉਣਾ, ਭੂਮੀ ਅਧਿਗ੍ਰਹਿਣ ਕਾਨੂੰਨ 2013 ਨੂੰ ਮੁੜ ਤੋਂ ਲਾਗੂ ਕਰਵਾਉਣਾ, ਗੰਨੇ ਦਾ ਐਫ ਆਰ ਪੀ ਵਧਾ ਕੇ 600 ਰੁਪਏ ਪ੍ਰਤੀ ਕੁਇੰਟਲ ਕਰਵਾਉਣਾ, ਪ੍ਰਧਾਨ ਮੰਤਰੀ ਫ਼ਸਲ ਬੀਮਾ ਯੋਜਨਾ 'ਚ ਸੁਧਾਰ, ਬਿਜਲੀ ਦੀਆਂ ਹਾਈਟੈਂਸ਼ਨ ਟਰਾਂਸਮਿਸ਼ਨ ਲਾਈਨਾਂ ਦਾ ਮਾਰਕੀਟ ਰੇਟ ਤੋਂ 4 ਗੁਣਾਂ ਵੱਧ ਮੁਆਵਜ਼ਾ, ਬਿਜਲੀ ਬਿੱਲ ਅਤੇ ਸੀਡ ਬਿਲ 'ਤੇ ਸੰਬੰਧਿਤ ਕੋਈ ਵੀ ਕਾਨੂੰਨ ਕਿਸਾਨਾਂ ਦੀ ਸਹਿਮਤੀ ਤੋਂ ਬਿਨਾ ਲਾਗੂ ਨਾ ਕੀਤਾ ਜਾਣਾ ਹਨ। ਉਹਨਾਂ ਭਰੋਸਾ ਦਿੱਤਾ ਕਿ 19 ਮਾਰਚ ਨੂੰ ਭਾਰਤੀ ਕਿਸਾਨ ਯੂਨੀਅਨ ਦੋਆਬਾ ਦਾ ਵੱਡਾ ਜੱਥਾ ਦਿੱਲੀ ਦੇ ਰਾਮਲੀਲਾ ਮੈਦਾਨ ਪਹੁੰਚੇਗਾ। ਇਸ ਮੌਕੇ ਬਲਦੇਵ ਸਿੰਘ ਸਿਰਸਾ, ਹਰਸੁਲਿੰਦਰ ਸਿੰਘ ਢਿੱਲੋਂ, ਅਮਰਜੀਤ ਸਿੰਘ ਰੜਾ, ਸਤਨਾਮ ਸਿੰਘ ਬਾਗੜੀਆਂ, ਸੋਨੂ ਔਲਖ, ਮਨਪ੍ਰੀਤ ਬਾਠ, ਸੁਖਪਾਲ ਸਿੰਘ ਡੱਫਰ, ਬਾਬਾ ਕੰਵਲਜੀਤ ਸਿੰਘ, ਮੱਖਣ ਸਿੰਘ, ਦਿਲਬਾਗ ਸਿੰਘ, ਸੁਰਿੰਦਰ ਸਿੰਘ ਕਾਹਲੋਂ, ਕੁਲਵੀਰ ਸਿੰਘ ਰਸੂਲਪੁਰ, ਜਤਿੰਦਰ ਪਾਲ ਸਿੰਘ ਪਲਾਹੀ, ਸੁਰਿੰਦਰ ਸਿੰਘ ਜੇ.ਈ. ਮਲਕਪੁਰ, ਸ਼ਰਨਜੀਤ ਸਿੰਘ ਅਠੌਲੀ, ਕੁਲਦੀਪ ਸਿੰਘ ਹਰਬੰਸਪੁਰ, ਕਾਮਰੇਡ ਰਣਦੀਪ ਸਿੰਘ ਰਾਣਾ, ਤਾਰਾ ਜਗਪਾਲਪੁਰ, ਤਰਸੇਮ ਸਿੰਘ ਉੱਚਾ ਪਿੰਡ, ਯੂਹੜ ਸਿੰਘ ਗੰਡਮ, ਹਰਿੰਦਰ ਸਿੰਘ ਨੰਗਲਮੱਝਾ, ਰਣਜੀਤ ਸਿੰਘ ਨਾਰੰਗਸ਼ਾਹਪੁਰ, ਸੁਖਦੇਵ ਸਿੰਘ ਜਗਪਾਲਪੁਰ, ਰਾਜਵੀਰ ਸਿੰਘ ਜਗਪਾਲਪੁਰ, ਸ਼ਾਮਾ ਜਗਪਾਲਪੁਰ, ਬਲਜਿੰਦਰ ਸਿੰਘ ਅਠੌਲੀ ਅਤੇ ਬਲਵੀਰ ਸਿੰਘ ਤੋਂ ਇਲਾਵਾ ਸਰਕਲ ਫਗਵਾੜਾ ਦੇ ਕਿਸਾਨ ਵੱਡੀ ਗਿਣਤੀ ਵਿੱਚ ਸ਼ਾਮਲ ਸਨ।

## ਕੌਮਾਂਤਰੀ ਮਹਿਲਾ ਦਿਵਸ ਨੂੰ ਸਮਰਪਿਤ 'ਹੌਸਲਿਆਂ ਦੇ ਰੂ-ਬ-ਰੂ' ਸਮਾਗਮ

**ਸਾਹਿਬਜ਼ਾਦਾ ਅਜੀਤ ਸਿੰਘ ਨਗਰ, (ਗੁਰਜੀਤ ਬਿੱਲਾ)** ਡਾਇਰੈਕਟਰ ਭਾਸ਼ਾ ਵਿਭਾਗ, ਪੰਜਾਬ ਦੀ ਰਹਿਨੁਮਾਈ ਹੇਠ ਜ਼ਿਲ੍ਹਾ ਭਾਸ਼ਾ ਦਫ਼ਤਰ, ਐੱਸ ਏ ਐੱਸ ਨਗਰ ਵੱਲੋਂ ਕੌਮਾਂਤਰੀ ਨਾਰੀ ਦਿਹਾੜੇ ਨੂੰ ਸਰਪਿਤ ਸਮਾਗਮ 'ਹੌਸਲਿਆਂ ਦੇ ਰੂ-ਬ-ਰੂ' ਦਾ ਆਯੋਜਨ ਕੀਤਾ ਗਿਆ। ਸਮਾਗਮ ਦਾ ਆਰੰਭ ਭਾਸ਼ਾ ਵਿਭਾਗ, ਪੰਜਾਬ ਦੀ ਵਿਭਾਗੀ ਧੁਨੀ 'ਧਨੁ ਲੇਖਾਰੀ ਨਾਨਕਾ' ਨਾਲ ਕੀਤਾ ਗਿਆ। ਡਾ. ਦਰਸ਼ਨ ਕੌਰ ਖੋਜ ਅਫ਼ਸਰ ਨੇ ਸਮੂਹ ਹਾਜ਼ਰੀਨ ਨੂੰ 'ਜੀ ਆਇਆਂ ਨੂੰ' ਕਹਿੰਦਿਆਂ ਹੋਇਆਂ ਸਮਾਗਮ ਦੀ ਰੂਪ ਰੇਖਾ ਸਾਂਝੀ ਕੀਤੀ ਤੇ ਆਖਿਆ ਕਿ ਔਰਤ ਸਮਾਜ ਦਾ ਕੇਵਲ ਹਿੱਸਾ ਨਹੀਂ ਸਗੋਂ ਸਮਾਜ ਦੀ ਬੁਨਿਆਦ ਹੈ। ਉੱਘੀ ਕਵਿੱਤਰੀ ਸੁਖਵਿੰਦਰ ਅੰਮ੍ਰਿਤ ਨੇ ਆਖਿਆ ਕਿ ਔਰਤ ਦੀ ਹਸਤੀ ਉਸ ਨਦੀ ਵਾਂਗ ਹੈ ਜੋ ਰਾਹ ਦੇ ਪੱਥਰ ਨੂੰ ਤਰਾਸ਼ ਕੇ ਨਵਾਂ ਰੂਪ ਦਿੰਦੀ ਹੈ। ਇਸ ਮੌਕੇ ਉਨ੍ਹਾਂ ਨੇ ਨਾਰੀ ਮੁੱਦਿਆਂ ਨੂੰ ਮੁਖ਼ਾਤਿਬ ਆਪਣੀਆਂ ਕਈ ਰਚਨਾਵਾਂ ਜਿਵੇਂ 'ਮੈਂ ਕੇਵਲ ਮਿੱਟੀ ਨਹੀਂ', 'ਮਾਵਾਂ ਤੇ ਧੀਆਂ', 'ਨੀ ਫੁੱਲਾਂ ਵਰਗੀਓ ਕੁੜੀਓ', 'ਭ੍ਰਮਣ' ਆਦਿ ਸ੍ਰੋਤਿਆਂ ਨਾਲ ਸਾਂਝੀਆਂ ਕੀਤੀਆਂ।



## ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਅੰਮ੍ਰਿਤਸਰ ਲਈ ਬੱਸ ਰਵਾਨਾ

**ਨੰਗਲ ਭਲਾਣ (ਹਰਭਜਨ ਸਿੰਘ ਢਿੱਲੋਂ)**- ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਪਿੰਡ ਮਜਾਰੀ ਲੋਅਰ ਦੇ ਬੂਥ ਨੰਬਰ 5 ਤੋਂ ਸ਼ਰਧਾਲੂਆਂ ਲਈ ਅੰਮ੍ਰਿਤਸਰ ਵਿਖੇ ਸ੍ਰੀ ਦਰਬਾਰ ਸਾਹਿਬ ਦੇ ਦਰਸ਼ਨਾਂ ਲਈ ਵਿਸ਼ੇਸ਼ ਬੱਸ ਰਵਾਨਾ



ਕੀਤੀ ਗਈ। ਇਸ ਮੌਕੇ ਤੇ ਚੇਅਰਮੈਨ ਸੰਜੀਵ ਗੌਤਮ ਨੇ ਹਰੀ ਝੰਡੀ ਦੇ ਕੇ ਬੱਸ ਨੂੰ ਰਵਾਨਾ ਕੀਤਾ ਅਤੇ ਯਾਤਰੀਆਂ ਨੂੰ ਸੁਖਮਈ ਅਤੇ ਆਤਮਿਕ ਯਾਤਰਾ ਲਈ ਸ਼ੁਭਕਾਮਨਾਵਾਂ ਦਿੱਤੀਆਂ। ਬੱਸ ਰਵਾਨਗੀ ਸਮੇਂ ਪਿੰਡ ਵਾਸੀਆਂ ਅਤੇ ਸ਼ਰਧਾਲੂਆਂ ਵਿੱਚ ਖਾਸਾ ਉਤਸ਼ਾਹ ਵੇਖਣ ਨੂੰ ਮਿਲਿਆ। ਇਸ ਮੌਕੇ ਹਲਕਾ ਇੰਚਾਰਜ ਸ਼ਾਮ ਲਾਲ, ਸਰਪੰਚ ਰਜਨੀ ਦੇਵੀ, ਬਲਾਕ ਪ੍ਰਧਾਨ ਸੰਜੀਵ, ਸਾਬਕਾ ਸਰਪੰਚ ਬ੍ਰਿਜ਼ ਮੋਹਨ ਵਿੱਕੀ ਤੇ ਬੀ ਐੱਲ ਓ ਮੀਨਾ ਕੁਮਾਰੀ ਵਿਸ਼ੇਸ਼ ਤੌਰ 'ਤੇ ਮੌਜੂਦ ਰਹੇ। ਉਨ੍ਹਾਂ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਚਲਾਈ ਗਈ ਇਹ ਯੋਜਨਾ ਲੋਕਾਂ ਲਈ ਬਹੁਤ ਹੀ ਲਾਭਦਾਇਕ ਹੈ, ਜਿਸ ਨਾਲ ਬਜ਼ੁਰਗਾਂ ਅਤੇ ਆਮ ਲੋਕਾਂ ਨੂੰ ਧਾਰਮਿਕ ਸਥਾਨਾਂ ਦੇ ਦਰਸ਼ਨ ਕਰਨ ਦਾ ਮੌਕਾ ਮਿਲ ਰਿਹਾ ਹੈ। ਸ਼ਰਧਾਲੂਆਂ ਨੇ ਦੱਸਿਆ ਕਿ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਸਰਕਾਰ ਵੱਲੋਂ ਸ਼ਰਧਾਲੂਆਂ ਨੂੰ ਵੱਖ-ਵੱਖ ਪ੍ਰਸਿੱਧ ਧਾਰਮਿਕ ਅਸਥਾਨਾਂ ਦੇ ਦਰਸ਼ਨ ਕਰਵਾਏ ਜਾ ਰਹੇ ਹਨ। ਇਸ ਯੋਜਨਾ ਦਾ ਮਕਸਦ ਲੋਕਾਂ ਦੀ ਆਸਥਾ ਦਾ ਸਨਮਾਨ ਕਰਨਾ ਅਤੇ ਉਹਨਾਂ ਨੂੰ ਸੁਵਿਧਾਜਨਕ ਢੰਗ ਨਾਲ ਧਾਰਮਿਕ ਯਾਤਰਾ ਕਰਨ ਦਾ ਮੌਕਾ ਪ੍ਰਦਾਨ ਕਰਨਾ ਹੈ। ਇਸ ਤਹਿਤ ਆਵਾਜਾਈ ਅਤੇ ਹੋਰ ਲੋੜੀਂਦੀਆਂ ਸਹੂਲਤਾਂ ਸਰਕਾਰ ਵੱਲੋਂ ਉਪਲਬਧ ਕਰਵਾਈਆਂ ਜਾ ਰਹੀਆਂ ਹਨ। ਇਸ ਮੌਕੇ ਮੌਜੂਦ ਸਾਰੇ ਆਗੂਆਂ ਅਤੇ ਸ਼ਰਧਾਲੂਆਂ ਨੇ ਪੰਜਾਬ ਸਰਕਾਰ ਅਤੇ ਖਾਸ ਤੌਰ 'ਤੇ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਦਾ ਧੰਨਵਾਦ ਕੀਤਾ।

## ਹਾਈਵੇ ਤੋਂ ਸਰੀਆ ਚੋਰੀ ਕਰਨ ਵਾਲੇ 4 ਨੌਜਵਾਨ ਕਾਬੂ

**ਜਲੰਧਰ (ਲਖਵਿੰਦਰ ਸਿੰਘ ਆਧੀ)**- ਭਾਰਤ ਸਰਕਾਰ ਦੇ ਭਾਰਤ ਮਾਲਾ ਪ੍ਰੋਜੈਕਟ ਅਧੀਨ ਸਦਰ ਥਾਣਾ ਨਕੋਦਰ ਅਧੀਨ ਪੈਂਦੇ ਪਿੰਡ ਰਸੂਲਪੁਰ ਕਲਾਂ ਕੋਲ ਦੀ ਲੰਘ ਰਹੇ ਨੈਸ਼ਨਲ ਹਾਈਵੇ ਤੋ ਚਾਰ ਨੌਜਵਾਨਾਂ ਵੱਲੋ ਨੈਸ਼ਨਲ ਹਾਈਵੇ ਦਾ ਸਰਕਾਰੀ ਸਰੀਆ ਚੋਰੀ ਕਰਨ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਘਟਨਾ ਸਥਾਨ ਤੇ ਹਾਜਰ ਲੋਕਾ ਨੇ ਆਪਣਾ ਨਾ ਛਾਪਣ ਦੀ ਸ਼ਰਤ ਤੇ ਪ੍ਰੈੱਸ ਨੂੰ ਦੱਸਿਆ ਕਿ ਇੱਕ ਰਾਹਗੀਰ ਸਵੇਰੇ ਸੈਰ ਕਰ ਰਿਹਾ ਸੀ ਉਸ ਨੇ ਦੇਖਿਆ ਕਿ ਨੌਜਵਾਨ ਦੋ ਮੋਟਰਸਾਈਕਲਾ ਅਤੇ ਇੱਕ ਸਕੂਟਰੀ ਉੱਪਰ ਸਰੀਆ ਲੱਦ ਰਹੇ ਸਨ। ਉਕਤ ਵਿਅਕਤੀ ਨੇ ਪਿੰਡ ਫੋਨ ਕੀਤਾ ਅਤੇ ਹੋਰ ਬੰਦਿਆ ਨੂੰ ਬਲਾ ਕੇ ਨੌਜਵਾਨਾ ਨੂੰ ਲੋਹੇ ਦੀਆ ਆਰੀਆ ਅਤੇ ਬਲੇਡਾ ਨਾਲ ਮੌਕੇ ਤੇ ਕਾਬੂ ਕਰ ਲਿਆ। ਸਦਰ ਥਾਣਾ ਨਕੋਦਰ ਅਧੀਨ ਪੈਂਦੀ ਪੁਲਸ ਚੌਂਕੀ ਨੂੰ ਵਾਰ ਵਾਰ ਫੋਨ ਕਰਨ ਤੇ ਪੁਲਸ ਮੌਕੇ ਤੇ ਨਾ ਪਹੁੰਚੀ ਆਖਿਰ ਸਦਰ ਥਾਣਾ ਨਕੋਦਰ ਨਾਲ ਸੰਪਰਕ ਕੀਤਾ ਗਿਆ ਤਾ ਮੌਕੇ ਤੇ ਏ ਐਸ ਆਈ ਤੀਰਥ ਸਿੰਘ ਪੁਲਸ ਪਾਰਟੀ ਨਾਲ ਪੁੱਜ ਕੇ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ। ਪੁਲਸ ਨੇ ਸਰਕਾਰੀ ਸਰੀਆ ਦੋ ਮੋਟਰਸਾਈਕਲ ਇੱਕ



ਸਕੂਟਰੀ ਅਤੇ ਚਾਰ ਨੌਜਵਾਨਾ ਨੂੰ ਅਪਣੇ ਕਬਜੇ ਵਿੱਚ ਲੈ ਲਿਆ। ਉਕਤ ਚੋਰ ਨੇ ਪੁਲਸ ਨੂੰ ਦਲਜੀਤ ਸਿੰਘ ਤੇ ਲਵਪ੍ਰੀਤ ਸਿੰਘ ਪੁੱਤਰ ਗੁਰਨਾਮ ਸਿੰਘ, ਰੇਸ਼ਮ ਸਿੰਘ ਪੁੱਤਰ ਮੱਲ ਸਿੰਘ, ਜੇਤਿੰਦਰ ਪੁੱਤਰ ਵੇਦ ਪ੍ਰਕਾਸ਼, ਨਿਰਮਲ ਸਿੰਘ ਉਰਫ ਨਿੰਮਾ ਪੁੱਤਰ ਕਾਲਾ ਸਿੰਘ ਵਾਸੀ ਪਿੰਡ ਤੁੰਗਵਾਲ ਸਦਰ ਥਾਣਾ ਕਪੂਰਥਲਾ ਵਜੋ ਆਪੋ ਆਪਣੀ ਪਹਿਚਾਣ ਦੱਸੀ। ਪੁਲਸ ਨੇ ਕਥਿਤ ਤੌਰ ਤੇ ਦੋਸ਼ੀਆ ਖਿਲਾਫ ਕਾਨੂੰਨੀ ਕਾਰਵਾਈ ਕਰਨ ਉਪਰੰਤ ਨਕੋਦਰ ਦੀ ਮਾਨਯੋਗ ਅਦਾਲਤ ਵਿੱਚ ਪੇਸ਼ ਕਰਨ ਉਪਰੰਤ ਜੇਲ ਭੇਜ ਦਿੱਤਾ। ਜਿਕਰਯੋਗ ਹੈ ਕਿ ਹਾਜ਼ਰ ਲੋਕਾ ਨੇ ਪੁਲਸ ਚੌਕੀ ਪਿੰਡ ਉੱਗੀ ਵੱਲੋ ਇਲਾਕੇ ਅੰਦਰ ਦਿਨ ਅਤੇ ਰਾਤ ਨੂੰ ਗਸ਼ਤ ਘੱਟ ਹੋਣ ਤੇ ਭਾਰੀ ਰੋਸ ਜਾਹਿਰ ਕੀਤਾ ਗਿਆ ਇਸ ਨਾਲ ਇਲਾਕੇ ਅੰਦਰ ਚੋਰਾ ਦੇ ਹੌਸਲੇ ਬੁਲੰਦ ਹੋ ਰਹੇ ਹਨ। ਲੋਕਾ ਵਿੱਚ ਡਰ ਦਾ ਮਹੌਲ ਬਣਿਆ ਹੋਇਆ ਹੈ। ਇਲਾਕੇ ਦੇ ਲੋਕਾਂ ਨੇ ਪੁਲਸ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਨਕੋਦਰ -ਕਪੂਰਥਲਾ ਮਾਰਗ ਤੇ ਦੁਆਰ ਤੋਂ ਪੀ ਸੀ ਆਰ ਗਸ਼ਤ ਚਾਲੂ ਕੀਤੀ ਜਾਵੇ ਤੇ ਪੁਲਸ ਚੌਕੀ ਪਿੰਡ ਉੱਗੀ ਵਿਚ ਪੁਲਸ ਮੁਲਾਜ਼ਮਾਂ ਦੀ ਨੱਫਰੀ ਵਿਚ ਤੁਰੰਤ ਵਾਧਾ ਕੀਤਾ ਜਾਵੇ। ਇਸ ਬਾਰੇ ਨਕੋਦਰ ਦੇ ਡੀ ਐਸ ਪੀ ਓਕਾਂਰ ਸਿੰਘ ਬਰਾੜ ਨੇ ਕਿਹਾ ਕਿ ਲੋਕਾਂ ਨੂੰ ਕਿਸੇ ਵੀ ਤਰ੍ਹਾਂ ਦੀ ਕੋਈ ਪ੍ਰੇਸ਼ਾਨੀ ਨਹੀਂ ਆਉਣ ਨਹੀਂ ਦਿੱਤੀ ਜਾਵੇਗੀ ਪੁਲਸ ਵੱਲੋਂ ਇਲਾਕੇ ਅੰਦਰ ਗਸ਼ਤ ਤੇਜ਼ ਕੀਤੀ ਗਈ ਹੈ।

## ਸੇਵਾ-ਮੁਕਤੀ ਮੌਕੇ ਵਿਦਾਇਗੀ ਪਾਰਟੀ

**ਬੁੱਲ੍ਹੋਵਾਲ, ਹੁਸ਼ਿਆਰਪੁਰ (ਵਿਰਦੀ, ਬਲਵੀਰ ਸਿੰਘ ਸੈਣੀ)**- ਬਹੁਪੱਖੀ ਸ਼ਖ਼ਸੀਅਤ ਦੇ ਮਾਲਕ ਰਾਜੇਸ਼ ਕੁਮਾਰ ਮੈਥ ਮਾਸਟਰ ਸਰਕਾਰੀ ਕੰਨਿਆ ਹਾਈ ਸਕੂਲ ਸੂਸ ਤੋਂ ਆਪਣੀ ਜ਼ਿੰਦਗੀ ਦੇ 29 ਸਾਲ ਸਿੱਖਿਆ ਦੇ ਲੇਖੇ ਲਾ ਕੇ ਸੇਵਾ ਮੁਕਤ ਹੋ ਗਏ । ਉਹ ਬਹੁਤ ਹੀ ਸ਼ਾਂਤ ਸੁਭਾਅ



ਵਾਲੇ, ਮਿਹਨਤੀ ਅਤੇ ਆਪਣੇ ਕੰਮ ਨੂੰ ਜ਼ਿੰਮੇਵਾਰੀ ਨਾਲ ਨਿਭਾਉਣ ਵਾਲੇ ਅਧਿਆਪਕ ਰਹੇ ਹਨ ।ਉਹਨਾਂ ਦਾ ਜਨਮ 1968 ਵਿੱਚ ਪਿਤਾ ਕ੍ਰਿਸ਼ਨ ਗੋਪਾਲ ਅਤੇ ਮਾਤਾ ਸ੍ਰੀਮਤੀ ਕ੍ਰਿਸ਼ਨਾ ਦੇਵੀ ਦੇ ਘਰ ਪਿੰਡ ਮਾਧੋਪੁਰ ਵਿਖੇ ਹੋਇਆ। ਅਧਿਆਪਕ ਦਾ ਕਿੱਤਾ ਉਹਨਾਂ ਨੂੰ ਵਿਰਾਸਤ ਵਿੱਚ ਮਿਲਿਆ। ਆਪ ਨੇ ਆਪਣੇ ਪਰਵਾਰ ਦੇ ਨਾਲ ਨਾਲ ਸਮਾਜ ਭਲਾਈ, ਪਿੰਡ ਦੀ ਉਨਤੀ ਅਤੇ ਸਕੂਲ ਦੇ ਸਰਪੱਖੀ ਵਿਕਾਸ ਵਿੱਚ ਆਪਣਾ ਬਣਦਾ ਯੋਗਦਾਨ ਪਾਇਆ । ਆਪ ਨੇ ਸਰਕਾਰੀ ਕੰਨਿਆ ਹਾਈ ਸਕੂਲ ਸੂਸ ਵਿਖੇ 20 ਸਤੰਬਰ 1999 ਤੋਂ 28 ਫਰਵਰੀ 2026 ਤੱਕ ਸੇਵਾ ਨਿਭਾਈ ਅਤੇ ਮੈਥ ਦਾ ਵਿਸ਼ਾ ਬਾਖ਼ੂਬੀ ਪੜ੍ਹਾਇਆ। ਆਪ ਬੱਚਿਆਂ ਨੂੰ ਸਵਾਲ ਬੜੇ ਸੌਖੇ ਤਰੀਕੇ ਨਾਲ ਸਮਝਾਉਂਦੇ ਸਨ ਜਿਸ ਕਾਰਨ ਆਪ ਜੀ ਦਾ ਨਤੀਜਾ ਹਮੇਸ਼ਾ 100% ਰਿਹਾ। ਉਹਨਾਂ ਦੀ ਸੇਵਾ ਮੁਕਤੀ ਉੱਤੇ ਵੱਖ ਵੱਖ ਸ਼ਖ਼ਸੀਅਤਾਂ, ਸਾਕ ਸੰਬੰਧੀ ਅਤੇ ਸਕੂਲ ਤੋਂ ਪੜ੍ਹਾ ਕੇ ਗਏ ਅਧਿਆਪਕ ਹਾਜ਼ਰ ਹੋਏ । ਇਸ ਮੌਕੇ ਰਾਜੇਸ਼ ਕੁਮਾਰ ਨੇ ਭਾਵੁਕ ਹੁੰਦੇ ਹੋਏ ਸਾਰੇ ਸਕੂਲ ਦਾ ਧੰਨਵਾਦ ਕੀਤਾ। ਉਨ੍ਹਾਂ ਸਕੂਲ ਨੂੰ ਇੱਕ ਏਸੀ ਅਤੇ ਵਾਟਰ ਕੂਲਰ ਦਾਨ ਦਿੱਤਾ ਅਤੇ ਉਹਨਾਂ ਦੁਆਰਾ ਸਾਰੇ ਸਕੂਲ ਲਈ ਪ੍ਰੀਤੀ ਭੋਜਨ ਦਾ ਪ੍ਰਬੰਧ ਵੀ ਕੀਤਾ ਗਿਆ ਸੀ। ਇਸ ਤੋਂ ਇਲਾਵਾ ਉਨ੍ਹਾਂ ਨੇ ਸਕੂਲ ਦੀ ਬਿਹਤਰੀ ਅਤੇ ਬੱਚਿਆਂ ਦੇ ਸਰਬਪੱਖੀ ਵਿਕਾਸ ਲਈ ਹਮੇਸ਼ਾ ਨਾਲ ਖੜੇ ਰਹਿਣ ਦਾ ਵਾਅਦਾ ਵੀ ਕੀਤਾ। ਇਸ ਮੌਕੇ ਸਰਕਾਰੀ ਕੰਨਿਆ ਹਾਈ ਸਕੂਲ ਦੇ ਮੁਖੀ ਸੁਖਵਿੰਦਰ ਸਿੰਘ ਨੇ ਉਨ੍ਹਾਂ ਦੇ ਉਜਵਲ ਭਵਿੱਖ ਦੀ ਕਾਮਨਾ ਕੀਤੀ । ਉਹਨਾਂ ਨੇ ਆਏ ਹੋਏ ਸਾਰੇ ਮਹਿਮਾਨਾਂ ਦਾ ਧੰਨਵਾਦ ਕੀਤਾ। ਇਸ ਵਿਸ਼ੇਸ਼ ਸਮਾਗਮ ਵਿੱਚ ਬਲਵੀਰ ਸਿੰਘ, ਹਰੀਸ਼ ਕੁਮਾਰ ਜਸਪਾਲ, ਰਿਤੂ ਬਾਲਾ, ਸਿਮਰਜੀਤ ਕੌਰ, ਸੁਨੀਤਾ ਰਾਣੀ, ਰਾਜਪਾਲ ਕੌਰ, ਗੁਰਬਖਸ਼ ਕੌਰ, ਵਿਜੇ ਕੁਮਾਰ ਅਤੇ ਹੋਰ ਵੀ ਬਹੁਤ ਸਾਰੀਆਂ ਅਹਿਮ ਸ਼ਖ਼ਸੀਅਤਾਂ ਹਾਜ਼ਰ ਸਨ।

## ਪੰਜਾਬ ਬਜਟ ਵਿੱਚ ਪੱਤਰਕਾਰਾਂ ਨੂੰ ਅਣਗੌਲਿਆਂ ਕਰਨ ਦੀ ਨਿਖੇਧੀ



**ਅਜੀਤਲਵਾਲ (ਲਵਲੀ ਕੁਮਾਰ)**-ਪੰਜਾਬ ਅਤੇ ਚੰਡੀਗੜ੍ਹ ਜਰਨਲਿਸਟ ਯੂਨੀਅਨ ਦੇ ਸੂਬਾਈ ਚੇਅਰਮੈਨ ਬਲਬੀਰ ਸਿੰਘ ਜੰਡੂ, ਪ੍ਰਧਾਨ ਜੈ ਸਿੰਘ ਛਿੱਬਰ ਅਤੇ ਸਕੱਤਰ ਜਨਰਲ ਸੰਤੋਖ ਗਿੱਲ ਨੇ ਸੂਬੇ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਵੱਲੋਂ ਪੇਸ਼ ਕੀਤੇ ਬਜਟ ਵਿੱਚ ਸੂਬੇ ਦੇ ਪੱਤਰਕਾਰਾਂ ਨੂੰ ਪੂਰੀ ਤਰ੍ਹਾਂ ਅਣਗੌਲ਼ਿਆਂ ਕਰਨ ਦੀ ਜ਼ੋਰਦਾਰ ਨਿੰਦਾ ਕੀਤੀ ਹੈ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਨੇ ਪਿਛਲੇ ਸਾਲਾਂ ਵਾਂਗ ਆਪਣੀ ਸਰਕਾਰ ਦੇ ਆਖ਼ਰੀ ਬਜਟ ਵਿੱਚ ਵੀ ਪੱਤਰਕਾਰਾਂ ਨੂੰ ਪੂਰੀ ਤਰ੍ਹਾਂ ਅਣਡਿੱਠ ਕੀਤਾ ਹੈ। ਉਨ੍ਹਾਂ ਦੋਸ਼ ਲਾਇਆ ਕਿ ਜਿਸ ਮੀਡੀਆ ਦੇ ਸਹਾਰੇ ਆਮ ਆਦਮੀ ਪਾਰਟੀ ਦੀ ਸਰਕਾਰ ਬਣੀ ਸੀ, ਸਰਕਾਰ ਹੁਣ ਉਸ ਮੀਡੀਆ ਵੱਲ ਪਿੱਠ ਕਰ ਕੇ ਖੜ੍ਹੀ ਹੈ।ਆਗੂਆਂ ਨੇ ਕਿਹਾ ਕਿ ਅਗਾਮੀ ਵਿਧਾਨ ਸਭਾ ਚੋਣਾਂ ਵਿੱਚ ਸੱਤਾਧਾਰੀ ਧਿਰ ਨੂੰ ਇਸ ਦਾ ਖ਼ਮਿਆਜ਼ਾ ਭੁਗਤਣਾ ਪਵੇਗਾ।ਪੰਜਾਬ ਅਤੇ ਚੰਡੀਗੜ੍ਹ ਜਰਨਲਿਸਟ ਯੂਨੀਅਨ ਨੇ ਸਰਕਾਰ ਦੇ ਪੱਤਰਕਾਰ ਵਿਰੋਧੀ ਰਵਈਏ ਖ਼ਿਲਾਫ਼ ਸੂਬੇ ਵਿੱਚ ਹਰ ਪੱਧਰ 'ਤੇ ਸੰਘਰਸ਼ ਵਿੱਢਣ ਦਾ ਸੱਦਾ ਦਿੱਤਾ ਹੈ।ਆਗੂਆਂ ਨੇ ਕਿਹਾ ਕਿ ਵੱਖ-ਵੱਖ ਸਮੇਂ ਸਰਕਾਰ ਦੇ ਨੁਮਾਇੰਦਿਆਂ, ਮੰਤਰੀਆਂ ਅਤੇ ਵਿਧਾਨ ਸਭਾ ਦੇ ਸਪੀਕਰ ਵੱਲੋਂ ਭਰੋਸਾ ਮਿਲਣ ਦੇ ਬਾਵਜੂਦ ਬਜਟ ਪੇਸ਼ ਕਰਨ ਸਮੇਂ ਪੱਤਰਕਾਰਾਂ ਸਮੇਤ ਡੈਸਕ ਸਟਾਫ਼ ਨੂੰ ਪੈਨਸ਼ਨ, ਹਰਿਆਣਾ ਪੈਟਰਨ 'ਤੇ ਮੁਫ਼ਤ ਬੱਸ ਸਫ਼ਰ, ਐਕਸ-ਗਰੇਸ਼ੀਆ ਸਕੀਮ ਅਧੀਨ ਲਿਆਉਣ, ਚੰਡੀਗੜ੍ਹ ਸਥਿਤ ਪੱਤਰਕਾਰਾਂ ਲਈ ਮਕਾਨਾਂ ਦਾ ਕੋਟਾ 50% ਕਰਨ, ਜ਼ਿਲ੍ਹਿਆਂ ਵਿੱਚ ਪੱਤਰਕਾਰਾਂ ਨੂੰ ਰਿਹਾਇਸ਼ੀ ਮਕਾਨ-ਫਲੈਟ ਬਣਾਉਣ ਲਈ ਸਸਤੀਆਂ ਦਰਾਂ ਉਪਰ ਪਲਾਟ ਦੇਣ, ਪ੍ਰਿੰਟ ਅਤੇ ਇਲੈਕਟ੍ਰਾਨਿਕਸ ਮੀਡੀਆ ਦੇ ਨਿਊਜ਼ ਟੇਬਲਾਂ ਉਪਰ ਕੰਮ ਕਰਨ ਵਾਲੇ ਮੀਡੀਆ ਕਰਮੀਆਂ ਨੂੰ ਫ਼ੀਲਡ ਪੱਤਰਕਾਰਾਂ ਵਾਲੀਆਂ ਸਹੂਲਤਾਂ ਦੇਣ, ਸਾਰੇ ਪੱਤਰਕਾਰਾਂ ਲਈ ਸਿਹਤ ਬੀਮਾ ਯੋਜਨਾ ਲਾਗੂ ਕਰਨ ਦੇ ਮਾਮਲੇ ਵਿੱਚ ਬਜਟ ਵਿੱਚ ਜ਼ਿਕਰ ਤੱਕ ਨਾ ਕਰਨਾ ਸਰਕਾਰ ਦੇ ਮੀਡੀਆ ਪ੍ਰਤੀ ਰਵਈਏ ਨੂੰ ਨੰਗਾ ਕਰ ਕੇ ਰੱਖ ਦਿੱਤਾ ਹੈ।ਇਸ ਮੌਕੇ ਜ਼ਿਲ੍ਹਾ ਮੋਗਾ ਦੇ ਸਰਪ੍ਰਸਤ ਜਗਸੀਰ ਸ਼ਰਮਾ, ਪ੍ਰਧਾਨ ਮਨੋਜ ਭੱਲਾ ਅਤੇ ਜਨਰਲ ਸਕੱਤਰ ਮਨਪ੍ਰੀਤ ਸਿੰਘ ਮੱਲੇਆਣਾ ਆਦਿ ਹਾਜਰ ਸਨ।

## ਸ੍ਰੀ ਖਾਟੂ ਸ਼ਿਆਮ ਅਤੇ ਸਾਲਾਸਰ ਧਾਮ ਦੀ ਪਹਿਲੀ ਪਰਿਵਾਰਕ ਯਾਤਰਾ ਕਰਵਾਈ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਸ਼ਰਧਾਲੂਆਂ ਨੂੰ ਸ੍ਰੀ ਖਾਟੂ ਸ਼ਿਆਮ ਅਤੇ ਸਾਲਾਸਰ ਧਾਮ ਦੇ ਦਰਸ਼ਨ ਕਰਵਾਉਣ ਲਈ ਜੇ.ਪੀ.ਡਬਲਿਯੂ. ਐਂਟੀਰੀਓ ਪ੍ਰਾਈਵੇਟ ਲਿਮਿਟਡ ਦੇ ਸਰਪ੍ਰਸਤ ਸਰੋਜ ਰਾਣੀ ਜਿੰਦਲ ਅਤੇ ਡਾਇਰੈਕਟਰ ਸੰਜੀਵ ਕੁਮਾਰ ਹੈਪੀ ਜਿੰਦਲ ਵੱਲੋਂ ਪਹਿਲੀ ਵਿਸ਼ਾਲ ਪਰਿਵਾਰਿਕ ਬੱਸ ਯਾਤਰਾ ਦਾ ਆਯੋਜਨ ਕੀਤਾ ਗਿਆ, ਜਿਸ ਵਿਚ ਵੱਡੀ ਗਿਣਤੀ ਵਿਚ ਵੱਖ-ਵੱਖ ਪਰਿਵਾਰਾਂ ਨੇ ਸ਼ਮੂਲੀਅਤ ਕੀਤੀ। ਇਸ ਮੌਕੇ ਸ੍ਰੀ ਖਾਟੂ ਸ਼ਿਆਮ ਧਾਮ ਅਤੇ ਸਾਲਾਸਰ ਵਿਖੇ ਚੌਂਕੀ ਕਾਰਵਾਈ ਗਈ, ਜਿਸ ਦੌਰਾਨ ਇਕੱਤਰ ਸ਼ਰਧਾਲੂਆਂ ਨੂੰ ਭਜਨ ਗਾਇਕ ਟਿੰਕਾ ਸੋਨੀ ਵੱਲੋਂ ਭਜਨ ਸੁਣਾਏ ਗਏ ਅਤੇ ਪ੍ਰਭੂ ਦਾ ਆਸ਼ੀਰਵਾਦ ਪ੍ਰਾਪਤ ਕੀਤਾ ਗਿਆ।

## ਬਸੰਤ ਰਿਤੂ ਕਲੱਬ ਨੇ ਅੱਖਾਂ ਦੇ ਉਪਰੇਸ਼ਨ ਕਰਵਾਏ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਬਸੰਤ ਰਿਤੂ ਕਲੱਬ ਵੱਲੋਂ ਹਰ ਮਹੀਨੇ ਮੁਫਤ ਮੋਤੀਆ ਬਿੰਦ ਦੇ ਉਪਰੇਸ਼ਨ ਕਰਵਾਏ ਜਾਂਦੇ ਹਨ।ਬਸੰਤ ਰਿਤੂ ਯੂਥ ਕਲੱਬ ਤ੍ਰਿਪੜੀ ਪਟਿਆਲਾ ਵੱਲੋਂ ਸ੍ਰੀ ਗੁਰੂ ਤੇਗ ਬਹਾਦਰ ਅੱਖਾਂ ਦੇ ਹਸਪਤਾਲ ਸਾਹਮਣੇ ਦੁਖਨਿਵਾਰਨ ਸਾਹਿਬ ਪਟਿਆਲਾ ਵਿਖੇ ਅੱਖਾਂ ਦਾ ਮੁਫ਼ਤ ਉਪਰੇਸ਼ਨ ਕੈਂਪ ਆਯੋਜਿਤ ਕੀਤਾ ਗਿਆ।ਜਿਸ ਦੀ ਪ੍ਰਧਾਨਗੀ ਸੰਤੋਸ਼ ਕੁਮਾਰ ਲਾਲਵਾਨੀ ਨੇ ਕੀਤੀ।ਇਸ ਕੈਂਪ ਵਿੱਚ ਡਾ. ਆਸ਼ਾ ਪ੍ਰਿਤਪਾਲ ਕੌਰ ਆਈ ਸਰਜਨ ਵਲੋਂ ਮਰੀਜਾਂ ਦਾ ਨਿਰੀਖਣ ਕਰਕੇ ਜਰੂਰਤਮੰਦਾਂ ਦੇ ਉਪਰੇਸ਼ਨ ਕੀਤੇ ਗਏ।ਕਲੱਬ ਦੇ ਪ੍ਰਧਾਨ ਇੰਜੀ: ਆਕਰਸ਼ ਸ਼ਰਮਾ ਨੇ ਦੱਸਿਆ ਕਿ ਬਸੰਤ ਰਿਤੂ ਯੂਥ ਕਲੱਬ ਤ੍ਰਿਪੜੀ ਪਟਿਆਲਾ ਵੱਲੋਂ ਹਰ ਮਹੀਨੇ ਜਰੂਰਤਮੰਦ ਬੰਦਿਆਂ ਦੇ ਅੱਖਾਂ ਦੇ ਮੋਤੀਆਂ ਬਿੰਦ ਦੇ ਉਪਰੇਸ਼ਨ ਮੁਫ਼ਤ ਕਰਵਾਏ ਜਾਂਦੇ ਹਨ ।ਇਸ ਕੈਂਪ ਵਿੱਚ ਜਿੱਥੇ ਮੋਤੀਆਬਿੰਦ ਦੇ ਮੁਫ਼ਤ ਲੈਂਜ ਵਾਲੇ ਉਪਰੇਸ਼ਨ ਕਰਵਾਏ ਜਾਂਦੇ ਹਨ ਉਸ ਦੇ ਨਾਲ ਨਾਲ ਮਰੀਜਾਂ ਨੂੰ ਐਨਕਾਂ ਅਤੇ ਦਵਾਈਆਂ ਵੀ ਮੁਫ਼ਤ ਦਿੱਤੀਆਂ ਜਾਂਦੀਆਂ ਹਨ।ਕਲੱਬ ਦੇ ਸੰਸਥਾਪਕ ਰਾਜੇਸ਼ ਸ਼ਰਮਾ ਰਾਮਟੱਟਵਾਲੀ ਨੇ ਆਖਿਆ ਕਿ ਪਿਛਲੇ ਤਿੰਨ ਸਾਲਾਂ ਤੋਂ ਲਗਾਤਾਰ ਚੱਲ ਰਹੇ ਅੱਖਾਂ ਦੇ ਮੋਤੀਆ ਬਿੰਦ ਦੇ ਲੈਂਜ ਵਾਲੇ ਉਪਰੇਸ਼ਨ ਤਹਿਤ ਹੁਣ ਤੱਕ ਲਗਭਗ 300 ਲੋਕਾਂ ਦੇ ਉਪਰੇਸ਼ਨ ਕਰਵਾਏ ਜਾ ਚੁੱਕੇ ਹਨ।ਇਸ ਕੈਂਪ ਵਿੱਚ ਅਵਤਾਰ ਸਿੰਘ, ਮੇਹਰਵਾਨ ਸਿੰਘ ਮਾਗੋ, ਅਸ਼ੋਕ ਨਾਸਰਾ, ਨੀਵ ਨਾਸਰਾ, ਹਰਸ਼ਪ੍ਰੀਤ ਸਿੰਘ, ਜਗਤਾਰ ਸਿੰਘ ਆਦਿ ਨੇ ਭਾਗ ਲਿਆ।

## ਪ੍ਰਸਿੱਧ ਅਦਾਕਾਰ ਨਿਸ਼ਾ ਬਾਨੋ ਦੀ ਮਾਤਾ ਨੂੰ ਪਫਟਾ ਵੱਲੋਂ ਭਾਵਪੂਰਤ ਸ਼ਰਧਾਂਜਲੀ ਭੇਂਟ



**ਮਾਨਸਾ (ਆਤਮਾ ਸਿੰਘ ਪਮਾਰ)**-ਮਸ਼ਹੂਰ ਫ਼ਿਲਮੀ ਅਦਾਕਾਰਾ ਅਤੇ ਗਾਇਕਾ ਨਿਸ਼ਾ ਬਾਨੋ ਦੀ ਮਾਤਾ ਮਜੀਦਾ ਬੇਗਮ ਦੀ ਮੱਗਫਿਰਤ ਦੀ ਦੁਆ (ਅੰਤਿਮ ਅਰਦਾਸ) ਮੌਕੇ ਸਥਾਨਕ ਵਿਸ਼ਵਕਰਮਾ ਭਵਨ ਵਿਖੇ ਫ਼ਿਲਮ ਇੰਡਸਟਰੀ ਨਾਲ ਸਬੰਧਤ ਵੱਡੀ ਗਿਣਤੀ ਕਲਾਕਾਰਾਂ ਨੇ ਸ਼ਿਰਕਤ ਕਰਦਿਆਂ ਉਨ੍ਹਾਂ ਨੂੰ ਭਾਵਪੂਰਤ ਸ਼ਰਧਾਂਜਲੀ ਭੇਂਟ ਕੀਤੀ।ਫ਼ਿਲਮੀ ਅਦਾਕਾਰ ਕਰਮਜੀਤ ਅਨਮੋਲ ਨੇ ਭਾਵੁਕ ਸ਼ਬਦਾਂ 'ਚ ਕਿਹਾ ਕਿ ਮਾਂ ਦਾ ਦਰਜ਼ਾ ਸਭ ਤੋਂ ਉੱਤਮ ਹੈ,ਜਿਸ ਦੀ ਨਿੱਘ ਦਾ ਅਹਿਸਾਸ ਇਨਸਾਨ ਨੂੰ ਉਮਰ ਭਰ ਰਹਿੰਦਾ ਹੈ।ਅਨਮੋਲ ਨੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਪੰਜਾਬੀ ਫ਼ਿਲਮ ਐਂਡ ਟੈਲੀਵਿਜ਼ਨ ਐਕਟਰ ਐਸੋਸੀਏਸ਼ਨ (ਪਫਟਾ) ਦੇ ਪ੍ਰਧਾਨ ਐਮੀ ਵਿਰਕ ਤੇ ਮਲਕੀਅਤ ਰੌਣੀ ਦਾ ਸ਼ੋਕ ਸੰਦੇਸ਼ ਵੀ ਪੜ੍ਹਿਆ ਜਿਨ੍ਹਾਂ ਨੇ ਆਪਣੇ ਸਾਥੀ ਅਦਾਕਾਰਾ ਨਿਸ਼ਾ ਬਾਨੋ ਨਾਲ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ।ਮਰਹੂਮ ਪੰਜਾਬੀ ਗਾਇਕ ਸਿੱਧੂ ਮੂਸੇ ਵਾਲਾ ਦੇ ਪਿਤਾ ਬਲਕੌਰ ਸਿੰਘ ਸਿੱਧੂ,ਪੰਜਾਬੀ ਫਿਲਮ ਐਂਡ ਟੈਲੀਵਿਜ਼ਨ ਐਕਟਰ ਐਸੋਸੀਏਸ਼ਨ (ਪਫਟਾ) ਦੇ ਜ਼ਿਲ੍ਹਾ ਕੋਆਰਡੀਨੇਟਰ ਅਤੇ ਫ਼ਿਲਮੀ ਅਦਾਕਾਰ ਰਾਜ ਜੋਸ਼ੀ ਨੇ ਕਿਹਾ ਕਿ ਫ਼ਿਲਮ ਇੰਡਸਟਰੀ ਅਤੇ ਗਾਇਕੀ ਦੇ ਖੇਤਰ 'ਚ ਨਿਸ਼ਾ ਬਾਨੋ ਦਾ ਵੱਡਾ ਯੋਗਦਾਨ ਹੈ। ਸ਼ਰਧਾਂਜਲੀ ਸਮਾਗਮ ਦੌਰਾਨ ਗਾਇਕ ਕਮਲ ਖ਼ਾਨ, ਰਵਿੰਦਰ ਮੰਡ, ਕਰਮ ਰਾਜ ਕਰਮਾ, ਪ੍ਰਗਟ ਸਮਰਾਓ, ਮਿਊਜ਼ਿਕ ਡਾਇਰੈਕਟਰ ਜੈਸਨ ਥਿੰਦ, ਸਰਪੰਚ ਪਵਿੱਤਰ ਬੈਨੀਪਾਲ, ਅਜੈ ਲੁਥਰਾ, ਹਰਿੰਦਰ ਮਾਨਸ਼ਾਹੀਆ, ਡਾਕਟਰ ਜਨਕ ਰਾਜ ਸਿੰਗਲਾ, ਨਗਰ ਕੌਂਸਲ ਮਾਨਸਾ ਦੇ ਪ੍ਰਧਾਨ ਸੁਨੀਲ ਕੁਮਾਰ ਨੀਨੂ, ਹੰਸ ਰਾਜ ਮੋਫ਼ਰ, ਰਾਜਦੀਪ ਮੋਦਗਿਲ,ਅਦਾਕਾਰ ਸ਼ਹਿਨਾਜ ਅਲੀ,ਰਵੀ ਖਾਨ,ਸੇਮੀ ਮਾਨਸਾ ਨੇ ਵੀ ਸ਼ਰਧਾਂਜਲੀ ਅਰਪਿਤ ਕੀਤੀ।

## ਅਮਿਤ ਸ਼ਾਹ ਦੀ 14 ਮਾਰਚ ਦੀ ਰੈਲੀ ਨੂੰ ਲੈ ਕੇ ਭਾਜਪਾ ਵਰਕਰ ਪੱਬਾਂ ਭਾਰ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਮੋਗਾ ਵਿਖੇ 14 ਮਾਰਚ ਨੂੰ ਹੋਣ ਜਾ ਰਹੀ ਗ੍ਰਹਿ ਮੰਤਰੀ ਅਮਿਤ ਸ਼ਾਹ ਦੀ ਬਦਲਾਅ ਰੈਲੀ ਨੂੰ ਲੈ ਕੇ ਭਾਜਪਾ ਆਗੂ ਤੇ ਵਰਕਰ ਪੱਬਾਂ ਭਾਰ ਨਜ਼ਰ ਆ ਰਹੇ ਹਨ ਤੇ ਪਿੰਡ-ਪਿੰਡ ਮੀਟਿੰਗਾਂ ਦਾ ਸਿਲਸਿਲਾ ਜਾਰੀ ਹੈ। ਰੈਲੀ ਲਈ ਵਿਧਾਨ ਸਭਾ ਇੰਚਾਰਜ਼ ਲਾਏ ਗਏ ਸਾਬਕਾ ਚੇਅਰਮੈਨ ਅਸ਼ੋਕ ਭਾਰਤੀ ਬਠਿੰਡਾ ਤੇ ਸਾਬਕਾ ਜਿਲਾ ਪ੍ਰਧਾਨ ਰਾਜੇਸ਼ ਗੋਰਾ ਪਠੇਲਾ ਦੀ ਅਗਵਾਈ ਹੇਠ ਝਬੇਲਵਾਲੀ, ਬਰੀਵਾਲਾ, ਮੁਕੰਦ ਸਿੰਘ ਵਾਲਾ, ਜਗਤ ਸਿੰਘ ਵਾਲਾ ਆਦਿ ਪਿੰਡਾਂ 'ਚ ਦੌਰਾ ਕੀਤਾ ਗਿਆ ਤੇ ਵਰਕਰਾਂ ਚ ਰੈਲੀ ਦੀਆਂ ਤਿਆਰੀਆਂ ਨੂੰ ਲੈ ਕੇ ਜੋਸ਼ ਭਰਿਆ ਗਿਆ।ਇਸ ਮੌਕੇ ਮੰਡਲ ਪ੍ਰਧਾਨ ਬਰੀਵਾਲਾ ਰਿੰਪੀ ਬਾਂਸਲ,ਪਾਲਾ ਸਿੰਘ ਖੱਪਿਆਂਵਾਲੀ, ਸਰਬਜੀਤ ਸਿੰਘ ਲਵਲੀ, ਯੁਵਾ ਮੋਰਚਾ ਪ੍ਰਧਾਨ ਮੰਡਲ ਬਰੀਵਾਲਾ ਜਗਮੀਤ ਸਿੰਘ, ਦਰਸ਼ਨ ਸਿੰਘ ਜੈਲਦਾਰ, ਤੇਜਾ ਸਿੰਘ ਪ੍ਰਧਾਨ ਸਰਾਏਨਾਗਾ, ਪ੍ਰੀਤ ਬਾਜਾ ਮਰਾੜ, ਸੂਬਾ ਸਿੰਘ ਮਾਂਗਟਕੇਰ, ਨਿਰਵੈਰ ਸਿੰਘ ਮਰਾੜ, ਮੰਦਰ ਸਿੰਘ ਸੰਗਰਾਣਾ ਸਮੇਤ ਵੱਡੀ ਗਿਣਤੀ 'ਚ ਵਰਕਰ ਮੌਜੂਦ ਸਨ।

## ਗਊਸ਼ਾਲਾਵਾਂ ਦੇ ਪ੍ਰਬੰਧਨ ਤੇ ਸਾਂਭ-ਸੰਭਾਲ ਲਈ ਆੜ੍ਹਤੀਆਂ ਐਸੋ. ਨਾਲ ਮੀਟਿੰਗ

**ਫ਼ਾਜ਼ਿਲਕਾ (ਨਿਸ਼ਾ ਸ਼ਰਮਾ)**-ਡਿਪਟੀ ਕਮਿਸ਼ਨਰ ਅਮਰਪ੍ਰੀਤ ਕੌਰ ਸੰਧੂ ਨੇ ਜ਼ਿਲ੍ਹੇ ਦੀਆਂ ਗਊਸ਼ਾਲਾਵਾਂ ਦੇ ਸੁਚਾਰੂ ਪ੍ਰਬੰਧਨ ਤੇ ਗਊਆਂ ਲਈ ਚਾਰੇ ਦੀ ਵਿਵਸਥਾ ਦੇ ਸਥਾਈ ਹੱਲ ਲਈ ਇੱਕ ਵਿਸ਼ੇਸ਼ ਮੀਟਿੰਗ ਕੀਤੀ।ਉਨ੍ਹਾਂ ਗਊਸ਼ਾਲਾਵਾਂ ਦੀ ਕਾਰਜਪ੍ਰਣਾਲੀ ਵਿੱਚ ਪਾਰਦਰਸ਼ਤਾ ਤੇ ਸੁਧਾਰ ਲਿਆਉਣ ਲਈ ਇੱਕ ਸਾਂਝੀ ਕਮੇਟੀ ਦਾ ਗਠਨ ਕਰਨ ਲਈ ਕਿਹਾ।ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਜਗਵਿੰਦਰਜੀਤ ਸਿੰਘ ਗਰੇਵਾਲ ਤੇ ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫਸਰ ਹਰਜਿੰਦਰ ਸਿੰਘ ਵੀ ਮੌਜੂਦ ਸਨ।ਡਿਪਟੀ ਕਮਿਸ਼ਨਰ ਨੇ ਆਗਾਮੀ ਸੀਜ਼ਨ ਨੂੰ ਦੇਖਦੇ ਹੋਏ ਗਊਸ਼ਾਲਾਵਾਂ ਵਿੱਚ ਸਾਲ ਭਰ ਦੇ ਚਾਰੇ ਅਤੇ ਤੂੜੀ ਦੇ ਸਟਾਕ ਨੂੰ ਸੁਰੱਖਿਅਤ ਕਰਨ ਦੇ ਨਿਰਦੇਸ਼ ਦਿੱਤੇ ਤੇ ਮੌਕੇ ਦਾ ਨਿਰੀਖਣ ਕਰਨ ਲਈ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਤੇ ਜ਼ਿਲ੍ਹਾ ਵਿਕਾਸ ਪੰਚਾਇਤ ਅਫਸਰ ਨੂੰ ਕਿਹਾ ਤੇ ਤਾਜ਼ਾ ਹਾਲਾਤਾਂ ਦੀ ਰਿਪੋਰਟ ਦੇਣ ਨੂੰ ਕਿਹਾ। ਉਨ੍ਹਾਂ ਜ਼ਿਲ੍ਹੇ ਦੇ ਕਿਸਾਨਾਂ ਤੇ ਸਮਾਜ ਸੇਵਕਾਂ ਨੂੰ ਅਪੀਲ ਕੀਤੀ ਕਿ ਉਹ ਕਣਕ ਦੀ ਕਟਾਈ ਤੋਂ ਬਾਅਦ ਗਊਸ਼ਾਲਾਵਾਂ ਲਈ ਆਪਣੀ ਇੱਛਾ ਅਨੁਸਾਰ ਜਿੱਥੇ ਤੂੜੀ ਦਾਨ ਕਰਨ ਉੱਥੇ ਹੀ ਆਪਣੀ ਇੱਛਾ ਅਨੁਸਾਰ ਹਰਾ ਚਾਰਾ ਵੀ ਦਾਨ ਕਰਨ। ਉਨ੍ਹਾਂ ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫਸਰ ਨੂੰ ਆਪਣੇ ਪੰਚਾਇਤ ਅਫਸਰ ਤੇ ਪੰਚਾਇਤ ਸੈਕਟਰੀਆਂ ਦੀਆਂ ਡਿਊਟੀਆਂ ਲਾ ਕੇ ਪਿੰਡਾਂ ਅਤੇ ਸ਼ਹਿਰਾਂ ਦੇ ਲੋਕਾਂ ਨੂੰ ਇਸ ਪੁੰਨ ਦੇ ਕੰਮ ਵਿੱਚ ਆਪਣਾ ਸਹਿਯੋਗ ਕਰਨ ਲਈ ਪ੍ਰੇਰਿਤ ਕਰਨ ਲਈ ਕਿਹਾ।

## ਮਜ਼ਦੂਰਾਂ ਵੱਲੋਂ ਪਿੰਡ ਮਦਰੱਸ 'ਚ ਪ੍ਰਭਾਵਸ਼ਾਲੀ ਨੁੱਕੜ ਮੀਟਿੰਗ

**ਮੁਕਤਸਰ ਸਾਹਿਬ (ਸ਼ਮਿੰਦਰਪਾਲ/ਪੂਜਾ)**-ਸਬ ਤਹਿਸੀਲ ਲੱਖੇਵਾਲੀ ਦੇ ਪਿੰਡ ਚੱਕ ਮਦਰੱਸਾ ਵਿਖੇ ਦਿਹਾਤੀ ਮਜ਼ਦੂਰ ਸਭਾ ਦੀ ਅਗਵਾਈ 'ਚ ਪਿੰਡ ਦੇ ਨਰੇਗਾ ਮਜ਼ਦੂਰਾਂ ਨੇ ਪ੍ਰਭਾਵਸ਼ਾਲੀ ਦੀ ਮੀਟਿੰਗ ਕੀਤੀ। ਪਿੰਡ ਦੀ ਮਜ਼ਦੂਰ ਬਸਤੀ ਦੀ ਧਰਮਸ਼ਾਲਾ 'ਚ ਨੁੱਕੜ ਮੀਟਿੰਗ ਨੂੰ ਹਰਜੀਤ ਸਿੰਘ ਮਦਰੱਸਾ ਤੇ ਕਰਮ ਸਿੰਘ ਮਦਰੱਸਾ ਨੇ ਸੰਬੋਧਨ ਕੀਤਾ ਦੋਹਾਂ ਆਗੂਆਂ ਨੇ ਕੇਂਦਰ ਦੀ ਮੋਦੀ ਸਰਕਾਰ ਵੱਲੋਂ ਪਹਿਲਾਂ ਚੱਲ ਰਿਹਾ ਨਰੇਗਾ ਦਾ ਕਾਨੂੰਨ ਬਦਲ ਕੇ ਨਵਾਂ ਕਾਨੂੰਨ ਜੀ ਰਾਮ ਜੀ ਲਾਗੂ ਕਰਨ ਦੀ ਜ਼ੋਰਦਾਰ ਨਿੰਦਾ ਕੀਤੀ। ਉਨ੍ਹਾਂ ਕਿਹਾ ਕਿ ਇਸ ਨਵੇਂ ਕਾਨੂੰਨ 'ਚ ਮਜ਼ਦੂਰਾਂ ਨੂੰ 100 ਦਿਨ ਦਾ ਕੰਮ ਵੀ ਨਹੀਂ ਮਿਲਣਾ, ਕਿਉਂਕਿ ਨਵੇਂ ਕਾਨੂੰਨ ਵਿੱਚ ਕੱਸੀਆਂ, ਪੱਕੇ ਖਾਲਿਆਂ, ਕੱਚੇ ਰਾਹਾਂ ਸਮੇਤ ਸਾਰੇ ਕੰਮ ਬੰਦ ਕਰ ਦਿੱਤੇ ਗਏ ਹਨ ਤੇ ਮੋਦੀ ਸਰਕਾਰ ਵੱਲੋਂ ਨਵੇਂ ਕਾਨੂੰਨ 'ਚ ਕੇਂਦਰ ਵੱਲੋਂ ਨਰੇਗਾ ਲਈ ਰਾਸ਼ੀ ਸਿਰਫ 60% ਤੇ 40% ਸੂਬਾ ਸਰਕਾਰ ਨੂੰ ਦੇਣ ਦੀ ਹਦਾਇਤ ਕਰਨ ਦੀ ਜ਼ੋਰਦਾਰ ਨਿੰਦਾ ਕੀਤੀ। ਉਨ੍ਹਾਂ ਕਿਹਾ ਕਿ ਇਸ ਕਾਨੂੰਨ 'ਚ ਮਜ਼ਦੂਰਾਂ ਨੂੰ 125 ਦਿਨ ਦੀ ਕੰਮ ਦੇਣ ਦੀ ਗਰੰਟੀ ਕੀਤੀ ਗਈ ਹੈ, ਪਰ ਨਵੇਂ ਕਾਨੂੰਨ ਜੀ ਰਾਮ ਜੀ ਵਿੱਚ ਕੰਮ ਦੀ ਮੰਗ ਦੀ ਅਰਜ਼ੀ ਦੇਣ ਦੀ ਮੱਦ ਵੀ ਰੱਦ ਕਰ ਦਿੱਤੀ ਗਈ ਹੈ।ਉਨ੍ਹਾਂ ਕਿਹਾ ਕਿ ਜੇਕਰ ਮੋਦੀ ਸਰਕਾਰ ਨੇ ਪਹਿਲਾਂ ਆਲੇ ਕਾਨੂੰਨ ਦਾ ਸਰੂਪ ਬਹਾਲ ਨਾ ਕੀਤਾ ਤਾਂ ਜ਼ੋਰਦਾਰ ਸੰਘਰਸ਼ ਵਿੱਢਿਆ ਜਾਵੇਗਾ।



## ਦੂਜੇ ਜ਼ਿਲ੍ਹੇ 'ਚੋਂ ਰੋਜ਼ਾਨਾ ਆਉਂਦੇ ਪਨੀਰ ਦੇ ਟੈਂਕਰ 'ਤੇ ਬੀ ਕੇ ਯੂ ਕਾਦੀਆਂ ਨੇ ਮਰਾਇਆ ਛਾਪਾ



**ਜ਼ੀਰਾ (ਨਰਿੰਦਰ ਅਨੇਜਾ)**-ਘੰਟਾ ਘਰ ਚੌਕ ਵਿੱਚ ਉਦੋਂ ਲੋਕਾਂ ਦਾ ਵੱਡਾ ਇਕੱਠ ਹੋ ਗਿਆ, ਜਦੋਂ ਬੀਕੇਯੂ ਕਾਦੀਆਂ ਫੂਡ ਸੇਫਟੀ ਦੀ ਟੀਮ ਨੂੰ ਨਾਲ ਲੈ ਕੇ ਜੋ ਪਿਛਲੇ ਲੰਮੇ ਸਮੇਂ ਤੋਂ ਜੀਰਾ ਇਲਾਕੇ ਵਿੱਚ ਵੱਖ-ਵੱਖ ਦੁਕਾਨਾਂ 'ਤੇ ਪਨੀਰ ਸਪਲਾਈ ਕਰਦੀ ਹੈ।ਕੇਵਲ ਪਨੀਰ ਹੀ ਨਹੀਂ, ਇਸ ਗੱਡੀ ਵਿੱਚ ਬਰਫੀ ਗੁਲਾਬ ਜਾਮਨ, ਰਸਗੁੱਲੇ ਤੇ ਹੋਰ ਖਾਣ-ਪੀਣ ਦੀਆਂ ਚੀਜ਼ਾਂ ਵੀ ਮਿਲੀਆਂ। ਭਰੋਸੇਯੋਗ ਸੂਤਰਾਂ ਤੋਂ ਪਤਾ ਲੱਗਾ ਕਿ ਇਹ ਪਨੀਰ ਕਈ ਮਹੀਨਿਆਂ ਤੋਂ ਜੀਰਾ ਵਿੱਚ ਹੀ ਨਹੀਂ ਬਲਕਿ ਹੋਰ ਸ਼ਹਿਰਾਂ ਵਿੱਚ ਵੀ ਸਪਲਾਈ ਹੁੰਦਾ ਹੈ।ਭਾਰਤੀ ਕਿਸਾਨ ਯੂਨੀਅਨ ਕਾਦੀਆਂ ਦੀ ਟੀਮ ਸੁਖਦੇਵ ਸਿੰਘ ਬਲਾਕ ਪ੍ਰਧਾਨ ਜੀਰਾ, ਦਰਸ਼ਨ ਸਿੰਘ ਐਗਜੈਕਟਿਵ ਮੈਂਬਰ, ਪ੍ਰੀਤਮ ਸਿੰਘ ਮੀਆਂ ਸਿੰਘ ਵਾਲਾ, ਮਨਦੀਪ ਸਿੰਘ ਅਲੀਪੁਰ ਸਕੱਤਰ ਜ਼ਿਲ੍ਹਾ ਫਿਰੋਜ਼ਪੁਰ ਦੀ ਅਗਵਾਈ ਇਸ ਸਾਰੀ ਕਾਰਵਾਈ ਨੂੰ ਅੰਜਾਮ ਦਿੱਤਾ ਗਿਆ।ਕਈ ਦਿਨਾਂ ਤੋਂ ਕਿਸਾਨ ਇਸ ਗੱਡੀ ਨੂੰ ਫੜਨ ਦੀ ਕੋਸ਼ਿਸ਼ ਕਰ ਰਹੇ ਸਨ? ਪਰ ਫੂਡ ਸੇਫਟੀ ਐਕਟ ਦੀ ਟੀਮ ਨਾ ਹੋਣ ਕਰਕੇ ਇਹ ਸਾਰੀ ਯੋਜਨਾ ਅਸਫਲ ਹੋ ਜਾਂਦੀ ਸੀ।ਅੱਜ ਜਦੋਂ ਫੂਡ ਸੇਫਟੀ ਅਫਸਰ ਵੱਲੋਂ ਇਸ ਗੱਡੀ ਨੂੰ ਰੋਕਿਆ ਗਿਆ ਤਾਂ ਇਸ ਵਿੱਚ ਵੱਡੀ ਗਿਣਤੀ ਵਿੱਚ ਵੱਖ ਵੱਖ ਤਰ੍ਹਾਂ ਦੀਆਂ ਮਠਿਆਈਆਂ ਤੇ ਪਨੀਰ ਦੇ ਪੈਕਟ ਪਾਏ ਗਏ।ਫੂਡ ਸੇਫਟੀ ਅਫਸਰ ਦੀ ਰਹਿਨੁਮਾਈ ਹੇਠ ਇਨ੍ਹਾਂ ਸਭ ਚੀਜ਼ਾਂ ਦੇ ਸੈਂਪਲ ਭਰੇ ਗਏ। ਆਗੂਆਂ ਨੇ ਕਿਹਾ ਕਿ ਅਸੀਂ ਪੁੱਛਣਾ ਚਾਹੁੰਦੇ ਹਾਂ ਕਿ ਜਿੱਥੋਂ ਇਹ ਗੱਡੀ ਏਨੀ ਵੱਡੀ ਮਾਤਰਾ ਵਿੱਚ ਪਨੀਰ ਬਣਾ ਕੇ ਲਿਆਉਂਦੀ ਹੈ ਅਤੇ ਜੀਰਾ ਅਤੇ ਇਸ ਦੇ ਆਸ ਪਾਸ ਦੇ ਸ਼ਹਿਰਾਂ ਵਿੱਚ ਸਪਲਾਈ ਕਰਦੀ ਹੈ, ਇਸ ਦੇ ਮਾਲਕਾਂ ਦੇ ਪਸ਼ੂਆਂ ਦੇ ਫਾਰਮ ਕਿੱਥੇ ਬਣੇ ਹੋਏ ਹਨ।ਜਦੋਂ ਇਹੋ ਸਵਾਲ ਗੱਡੀ ਦੇ ਮਾਲਕਾਂ ਨੂੰ ਕੀਤਾ ਗਿਆ ਤਾਂ ਇਸ ਦਾ ਉਹਨਾਂ ਕੋਲ ਕੋਈ ਤਸੱਲੀਬਖਸ਼ ਜਵਾਬ ਨਹੀਂ ਸੀ।ਕਿਸਾਨ ਆਗੂਆਂ ਨੇ ਕਿਹਾ ਸਰਕਾਰ ਨੂੰ ਚਾਹੀਦਾ ਹੈ ਕਿ ਉਹ ਖਰੀਦਦਾਰ ਨੂੰ ਵੀ ਇਹ ਅਧਿਕਾਰ ਮੁਹੱਈਆ ਕਰਾਵੇ ਕਿ ਉਹ ਖਾਣ-ਪੀਣ ਵਾਲੀਆਂ ਚੀਜ਼ਾਂ ਦੀ ਚੈਕਿੰਗ ਆਪ ਕਰਾ ਸਕੇ।

## ਬਿਜਲੀ ਸੋਧ ਬਿੱਲ 2025 ਦੇ ਵਿਰੋਧ ਵਿੱਚ ਰੋਸ ਰੈਲੀ



**ਦੋਰਾਹਾ (ਹਰਮਿੰਦਰ ਸੇਠ)**-ਬਿਜਲੀ ਮੁਲਾਜ਼ਮਾਂ ਦੀਆਂ ਜੱਥੇਬੰਦੀਆਂ ਟੈਕਨੀਕਲ ਸਰਵਿਸਜ਼ ਯੂਨੀਅਨ, ਪੀ ਐਸ ਈ ਬੀ ਇੰਪਲਾਈਜ ਫੈਡਰੇਸ਼ਨ,ਪਾਵਰਕਾਮ ਐਂਡ ਟ੍ਰਾਂਸਕੋ ਠੇਕਾ ਮੁਲਾਜ਼ਮ ਯੂਨੀਅਨ ਦੇ ਆਗੂ ਬਲਵੀਰ ਸਿੰਘ, ਜਗਰੂਪ ਸਿੰਘ, ਹਰਪ੍ਰੀਤ ਸਿੰਘ ਨੇ ਸਾਂਝੇ ਤੌਰ 'ਤੇ ਪ੍ਰੈਸ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਕਿ ਬਿਜਲੀ ਸੋਧ ਬਿੱਲ 2025 ਵਿਰੁੱਧ ਟੈਕਨੀਕਲ ਸਰਵਿਸਜ਼ ਯੂਨੀਅਨ ਅਤੇ ਕੋਆਰਡੀਨੇਸ਼ਨ ਕਮੇਟੀ ਆਫ ਪਾਵਰਕਾਮ ਐਂਡ ਟਰਾਂਸਕੋ ਆਊਟਸੋਰਸਡ ਮੁਲਾਜ਼ਮ ਪੰਜਾਬ ਵੱਲੋਂ ਜੁਆਇੰਟ ਫ਼ੋਰਮ ਅਤੇ ਏਕਤਾ ਮੰਚ ਨਾਲ ਗੱਲਬਾਤ ਕਰਕੇ ਕੇਂਦਰ ਸਰਕਾਰ ਦੇ ਇਸ ਲੋਕ, ਮੁਲਾਜ਼ਮ ਦੋਖੀ ਫੈਸਲੇ ਦਾ ਸਾਂਝੇ ਤੌਰ 'ਤੇ ਵਿਰੋਧ ਕਰਨ ਦੇ ਕੀਤੇ ਫੈਸਲੇ ਨੂੰ ਲਾਗੂ ਕਰਦੇ ਹੋਏ ਰੈਗੂਲਰ ਮੁਲਾਜ਼ਮਾਂ ਦੀਆਂ ਜਥੇਬੰਦੀਆਂ ਅਤੇ ਆਊਟਸੋਰਸਡ ਬਿਜ਼ਲੀ ਮੁਲਾਜ਼ਮਾਂ ਦੀ ਜਥੇਬੰਦੀ ਨੇ ਸਾਂਝੇ ਤੌਰ 'ਤੇ ਡਵੀਜ਼ਨ ਦੋਰਾਹਾ ਵਿਖੇ ਇਕੱਠ ਕਰਕੇ ਰੋਸ ਕਰਕੇ ਉਪਰੰਤ ਬਿਜਲੀ ਸੋਧ ਬਿੱਲ ਦੀਆਂ ਕਾਪੀਆਂ ਸਾੜੀਆਂ।ਸਮੂਹ ਬਿਜਲੀ ਮੁਲਾਜ਼ਮਾਂ, ਕਿਸਾਨਾਂ ਅਤੇ ਹੋਰ ਮਿਹਨਤਕਸ਼ ਲੋਕਾਂ ਨੂੰ ਇਸ ਤਿੱਖੇ ਅਤੇ ਤਬਾਹਕੁੰਨ ਹਮਲੇ ਵਿਰੁੱਧ ਜ਼ੋਰਦਾਰ ਸਾਂਝੇ ਸੰਘਰਸ਼ ਦੀਆਂ ਤਿਆਰੀਆਂ ਵਿੱਚ ਜੁਟ ਜਾਣ ਲਈ ਪ੍ਰੇਰਿਤ ਕਰਨ ਦੇ ਨਾਲ ਨਾਲ ਕੇਂਦਰ ਸਰਕਾਰ ਨੂੰ ਚਿਤਾਵਨੀ ਦਿੱਤੀ ਕਿ ਜੇਕਰ ਸਰਕਾਰ ਇਸ ਬਿੱਲ ਨੂੰ ਵਾਪਿਸ ਨਹੀਂ ਲੈਂਦੀ ਤਾਂ ਬਿਜਲੀ ਮੁਲਾਜ਼ਮ ਅਣਮਿੱਥੇ ਸਮੇਂ ਦੀ ਹੜਤਾਲ 'ਤੇ ਜਾਣ ਲਈ ਮਜਬੂਰ ਹੋਣਗੇ।ਇਸ ਰੋਸ ਰੈਲੀ ਵਿੱਚ ਵੱਖ ਵੱਖ ਜਥੇਬੰਦੀਆਂ ਦੇ ਆਗੂ ਜਸਵਿੰਦਰ ਸਿੰਘ, ਲਖਵੀਰ ਸਿੰਘ, ਅਵਤਾਰ ਸਿੰਘ, ਸੁਖਜੀਤ ਸਿੰਘ, ਰਾਮਪਾਲ ਧਮੋਟ, ਧਰਮਪਾਲ ਸਿੰਘ, ਵੱਲੋਂ ਸੰਬੋਧਨ ਕੀਤਾ ਗਿਆ

## ਪੰਥ ਰਤਨ ਬਾਬਾ ਹਰਬੰਸ ਸਿੰਘ ਅਤੇ ਬਾਬਾ ਜਰਨੈਲ ਸਿੰਘ ਦੀ ਬਰਸੀ ਸ਼ਰਧਾ ਨਾਲ ਮਨਾਈ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਇਤਿਹਾਸਕ ਗੁਰਦੁਆਰਾ ਸ੍ਰੀ ਗਨੀ ਖਾਂ ਨਬੀ ਖਾਂ ਸਾਹਿਬ ਵਿਖੇ ਪੰਥ ਰਤਨ ਬਾਬਾ ਹਰਬੰਸ ਸਿੰਘ ਅਤੇ ਬਾਬਾ ਜਰਨੈਲ ਸਿੰਘ (ਕਾਰ ਸੇਵਾ ਦਿੱਲੀ ਵਾਲੇ) ਦੀ ਸਲਾਨਾ ਬਰਸੀ ਸੰਗਤਾਂ ਵਲੋਂ ਬੜੀ ਸ਼ਰਧਾ ਨਾਲ ਮਨਾਈ ਗਈ। ਇਸ ਮੌਕੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ ਉਪਰੰਤ ਦੀਵਾਨ ਹਾਲ ਵਿਚ ਗੁਰਮਤਿ ਸਮਾਗਮ ਕਰਵਾਇਆ ਗਿਆ। ਸਮਾਗਮ ਦੌਰਾਨ ਵਿਸ਼ੇਸ਼ ਤੌਰ 'ਤੇ ਬਾਬਾ ਬਚਨ ਸਿੰਘ ਕਾਰ ਸੇਵਾ ਦਿੱਲੀ ਵਾਲੇ, ਬਾਬਾ ਮਹਿੰਦਰ ਸਿੰਘ, ਬਾਬਾ ਸੁਰਿੰਦਰ ਸਿੰਘ, ਬਾਬਾ ਸੇਵਾ ਸਿੰਘ ਖਡੂਰ ਸਾਹਿਬ ਵਾਲੇ, ਬਾਬਾ ਸਤਨਾਮ ਸਿੰਘ ਨੰਦਗੜ੍ਹ ਵਾਲੇ, ਬਾਬਾ ਮੇਜਰ ਸਿੰਘ ਹਜ਼ੂਰ ਸਾਹਿਬ ਵਾਲੇ, ਬਾਬਾ ਲਖਵੀਰ ਸਿੰਘ ਲੱਖੀ, ਬਾਬਾ ਚਰਨ ਸਿੰਘ ਗੁਰੂ ਕਾ ਬਾਗ ਵਾਲੇ, ਬਾਬਾ ਸਰਵਣ ਸਿੰਘ ਰਸਾਲਦਾਰ ਮੁੱਖ ਸੇਵਾਦਾਰ ਗੁਰਦੁਆਰਾ ਸ੍ਰੀ ਕਿਰਪਾਨ ਭੇਟ ਸਾਹਿਬ ਪਹੁੰਚੇ ਅਤੇ ਰਾਗੀ, ਢਾਡੀ ਤੇ ਕਥਾਵਾਚਕਾਂ ਵਲੋਂ ਸੰਗਤ ਨੂੰ ਬਾਣੀ ਨਾਲ ਜੋੜਿਆ ਗਿਆ। ਕਥਾਵਾਚਕ ਭਾਈ ਸਰਬਜੀਤ ਸਿੰਘ ਲੁਧਿਆਣੇ ਵਾਲਿਆਂ ਨੇ ਗੁਰਬਾਣੀ ਦੇ ਨਾਲ-ਨਾਲ ਸੰਤਾਂ, ਮਹਾਂਪੁਰਸ਼ਾਂ ਦੀਆਂ ਸਾਖ਼ੀਆਂ ਵੀ ਸੁਣਾਈਆਂ ਅਤੇ ਸੰਗਤ ਨੂੰ ਰੋਜ਼ਾਨਾ ਨਿੱਤਨੇਮ ਕਰਨ ਲਈ ਪ੍ਰੇਰਿਤ ਕੀਤਾ। ਗੁਰਮਤਿ ਸਮਾਗਮ ਦੌਰਾਨ ਸਾਬਕਾ ਵਿਧਾਇਕ ਜਗਜੀਵਨ ਸਿੰਘ ਖੀਰਨੀਆਂ, ਹਰਜਤਿੰਦਰ ਸਿੰਘ ਬਾਜਵਾ, ਰਣਜੀਤ ਸਿੰਘ ਮੰਗਲੀ (ਦੋਵੇਂ ਸ਼੍ਰੋਮਣੀ ਕਮੇਟੀ ਮੈਂਬਰ), ਗੁਰਦੀਪ ਸਿੰਘ ਕੰਗ, ਮੈਨੇਜਰ ਗੁਰਦੁਆਰਾ ਸ੍ਰੀ ਕਟਾਣਾ ਸਾਹਿਬ ਕੇਹਰ ਸਿੰਘ, ਅਕਾਲੀ ਦਲ ਸ਼ਹਿਰੀ ਪ੍ਰਧਾਨ ਜਸਪਾਲ ਸਿੰਘ ਜੱਜ, ਚਿੱਤਰਕਾਰ ਜਗਦੀਸ਼ ਸਿੰਘ ਬਰਾੜ, ਜਸਵੀਰ ਸਿੰਘ ਢਿੱਲੋਂ, ਬਾਬਾ ਵਰਿੰਦਰ ਸਿੰਘ ਵਾਸੂ, ਬਲਵੀਰ ਸਿੰਘ ਟਾਂਡਾ, ਪਰਮਜੀਤ ਸਿੰਘ ਪੰਮਾ ਗੁਰਦੁਆਰਾ ਸ੍ਰੀ ਕਟਾਣਾ ਸਾਹਿਬ ਵੀ ਹਾਜ਼ਰ ਸਨ।

## ਡੀ ਸੀ ਵੱਲੋਂ ਵਧੀਆ ਸੇਵਾਵਾਂ ਨਿਭਾਉਣ ਵਾਲੀਆਂ ਮਹਿਲਾ ਬੀ ਐੱਲ ਓਜ਼ ਦਾ ਸਨਮਾਨ



**ਫ਼ਰੀਦਕੋਟ (ਐਲਿਗਜੈਂਡਰ ਡਿਸੂਜ਼ਾ)**-ਭਾਰਤ ਚੋਣ ਕਮਿਸ਼ਨ ਅਤੇ ਮੁੱਖ ਚੋਣ ਅਫ਼ਸਰ ਪੰਜਾਬ ਦੀਆਂ ਹਦਾਇਤਾਂ ਅਨੁਸਾਰ, ਅੰਤਰਰਾਸ਼ਟਰੀ ਮਹਿਲਾ ਦਿਵਸ ਨੂੰ ਸਮਰਪਿਤ ਇੱਕ ਵਿਸ਼ੇਸ਼ ਪ੍ਰੋਗਰਾਮ ਦੌਰਾਨ ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਮੈਡਮ ਪੂਨਮਦੀਪ ਕੌਰ ਵੱਲੋਂ ਚੋਣ ਪ੍ਰਕਿਰਿਆ ਵਿੱਚ ਸ਼ਾਨਦਾਰ ਸੇਵਾਵਾਂ ਨਿਭਾਉਣ ਵਾਲੀਆਂ ਮਹਿਲਾ ਬੂਥ ਲੈਵਲ ਅਫ਼ਸਰਾਂ (ਬੀ.ਐਲ.ਓਜ਼) ਨੂੰ ਪ੍ਰਸ਼ੰਸਾ ਪੱਤਰ ਦੇ ਕੇ ਸਨਮਾਨਿਤ ਕੀਤਾ ਗਿਆ।ਜ਼ਿਲ੍ਹੇ ਦੇ ਵੱਖ-ਵੱਖ ਵਿਧਾਨ ਸਭਾ ਹਲਕਿਆਂ ਤੋਂ ਚੁਣੀਆਂ ਗਈਆਂ ਮਹਿਲਾ ਬੀ.ਐਲ.ਓਜ਼, ਜਿਨ੍ਹਾਂ ਨੇ ਡਿਊਟੀ ਦੌਰਾਨ ਵਿਸ਼ੇਸ਼ ਲਗਨ ਦਿਖਾਈ, ਉਨ੍ਹਾਂ ਵਿੱਚ ਹਲਕਾ 87-ਫਰੀਦਕੋਟ: ਸ੍ਰੀਮਤੀ ਬੇਅੰਤ ਕੌਰ, ਸ੍ਰੀਮਤੀ ਸਰਬਜੀਤ ਕੌਰ ਅਤੇ ਸ੍ਰੀਮਤੀ ਕਰਮਜੀਤ ਕੌਰ, ਹਲਕਾ 88-ਕੋਟਕਪੂਰਾ: ਸ੍ਰੀਮਤੀ ਵੀਰਪਾਲ, ਸ੍ਰੀਮਤੀ ਰਮਨਦੀਪ ਕੌਰ ਅਤੇ ਸ੍ਰੀਮਤੀ ਵੀਰਪਾਲ ਕੌਰ, ਹਲਕਾ 89-ਜੈਤੋ: ਸ੍ਰੀਮਤੀ ਮਨਮੋਹਨ ਕੌਰ, ਸ੍ਰੀਮਤੀ ਹਰਮਨਦੀਪ ਕੌਰ ਅਤੇ ਸ੍ਰੀਮਤੀ ਸੁਖਬੀਰ ਕੌਰ ਸ਼ਾਮਿਲ ਹਨ। ਸਨਮਾਨ ਸਮਾਰੋਹ ਨੂੰ ਸੰਬੋਧਨ ਕਰਦਿਆਂ ਡਿਪਟੀ ਕਮਿਸ਼ਨਰ ਮੈਡਮ ਪੂਨਮਦੀਪ ਕੌਰ ਨੇ ਕਿਹਾ ਕਿ ਅੱਜ ਦੇ ਦੌਰ ਵਿੱਚ ਮਹਿਲਾਵਾਂ ਹਰ ਖੇਤਰ ਵਿੱਚ ਆਪਣੀ ਯੋਗਤਾ ਦਾ ਲੋਹਾ ਮਨਵਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਚੋਣ ਪ੍ਰਕਿਰਿਆ ਨੂੰ ਪਾਰਦਰਸ਼ੀ ਅਤੇ ਸੁਚਾਰੂ ਬਣਾਉਣ ਵਿੱਚ ਮਹਿਲਾ ਬੀ.ਐਲ.ਓਜ਼ ਦਾ ਯੋਗਦਾਨ ਬਹੁਤ ਹੀ ਸ਼ਲਾਘਾਯੋਗ ਹੈ।ਇਸ ਪ੍ਰੋਗਰਾਮ ਦੌਰਾਨ ਜ਼ਿਲ੍ਹਾ ਚੋਣ ਅਫ਼ਸਰ ਸ੍ਰੀ ਸੰਦੀਪ ਮਲਹੋਤਰਾ (ਏ.ਡੀ.ਸੀ. ਜਨਰਲ), ਚੋਣ ਤਹਿਸੀਲਦਾਰ ਸ੍ਰੀ ਭੂਸ਼ਣ ਕੁਮਾਰ, ਬੀ.ਡੀ.ਪੀ.ਓ ਸ੍ਰੀ ਨੱਥਾ ਸਿੰਘ ਅਤੇ ਚੋਣ ਵਿਭਾਗ ਦੇ ਹੋਰ ਕਰਮਚਾਰੀ ਵੀ ਮੌਜੂਦ ਸਨ।

## ਐਕਸੀਅਨ ਜੋਨੀ ਗਰਗ ਨੇ ਅਹੁਦਾ ਸੰਭਾਲਿਆ



**ਸੁਨਾਮ ਊਧਮ ਸਿੰਘ ਵਾਲਾ (ਅਸ਼ੋਕ ਬਾਂਸਲ, ਹਾਕਮ ਭੱਟੀ)**-ਸੁਨਾਮ ਪੀ ਐਸ ਪੀ ਸੀ ਐਲ ਬਿਜਲੀ ਬੋਰਡ ਦੇ ਐਕਸੀਅਨ ਸ੍ਰੀ ਜੋਨੀ ਗਰਗ ਨੇ ਸੁਨਾਮ ਦਫਤਰ ਵਿਖੇ ਆਪਣਾ ਅਹੁਦਾ ਸੰਭਾਲਿਆ ਇਸ ਮੌਕੇ ਉਨਾਂ ਦੇ ਇੱਥੇ ਪੁੱਜਣ 'ਤੇ ਸਟਾਫ ਵੱਲੋਂ ਉਹਨਾਂ ਦਾ ਸਵਾਗਤ ਕੀਤਾ ਗਿਆ। ਇਸ ਮੌਕੇ ਐਕਸੀਅਨ ਸ੍ਰੀ ਗਰਗ ਨੇ ਕਿਹਾ ਕਿ ਉਹ ਪਹਿਲਾਂ ਵਾਂਗ ਆਪਣਾ ਕੰਮ ਪੂਰੀ ਤਨਦੇਹੀ ਨਾਲ ਕਰਨਗੇ ਅਤੇ ਸਟਾਫ ਨਾਲ ਤਾਲਮੇਲ ਦੇ ਤਹਿਤ ਸ਼ਹਿਰ ਦੇ ਵਿੱਚ ਬਿਜਲੀ ਸਬੰਧੀ ਕਿਸੇ ਨੂੰ ਵੀ ਸਮੱਸਿਆ ਨਹੀਂ ਆਉਣ ਦਿੱਤੀ ਜਾਵੇਗੀ। ਸ੍ਰੀ ਜੋਨੀ ਗਰਗ ਪਹਿਲਾਂ ਵੀ ਸੁਨਾਮ ਦੇ ਵਿੱਚ ਦਿਹਾਤੀ ਐਸ ਡੀ ਓ ਦੇ ਤੌਰ 'ਤੇ ਕੰਮ ਕਰ ਚੁੱਕੇ ਹਨ।

## ਸ੍ਰੀ ਸ਼ੀਤਲਾ ਮਾਤਾ ਮੰਦਰ 'ਚ ਸਲਾਨਾ ਜਾਗਰਣ ਹੋਇਆ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਹਰ ਸਾਲ ਦੀ ਤਰ੍ਹਾਂ ਸਥਾਨਕ ਸ੍ਰੀ ਸ਼ੀਤਲਾ ਮਾਤਾ ਮੰਦਰ ਵਿਖੇ ਸਲਾਨਾ ਭਗਵਤੀ ਜਾਗਰਣ ਕਰਵਾਇਆ ਗਿਆ ਜਿਸ ਵਿਚ ਸੈਂਕੜੇ ਸਰਧਾਲੂਆਂ ਨੇ ਸ਼ਾਮਿਲ ਹੋ ਕੇ ਮਾਤਾ ਦਾ ਆਸ਼ੀਰਵਾਦ ਲਿਆ। ਇਸ ਮੌਕੇ ਜਾਗਰਣ ਤੋਂ ਪਹਿਲਾਂ ਕੰਜਕਾਂ ਦੀ ਪੂਜਾ ਕੀਤੀ ਗਈ। ਦੁਰਗਾ ਸ਼ਕਤੀ ਮੰਦਰ ਭਜਨ ਮੰਡਲੀ ਵਲੋਂ ਸਾਰੀ ਰਾਤ ਮਾਤਾ ਦੀ ਮਹਿਮਾ ਦਾ ਗੁਣਗਾਨ ਕੀਤਾ ਗਿਆ ਅਤੇ ਸ਼ਰਧਾਲੂ ਸਾਰੀ ਰਾਤ ਮਾਤਾ ਦੇ ਰੰਗ ਵਿਚ ਝੂਮਦੇ ਰਹੇ। ਹਲਕਾ ਸਮਰਾਲਾ ਤੋਂ ਕਾਂਗਰਸ ਪਾਰਟੀ ਇੰਚਾਰਜ਼ ਰੁਪਿੰਦਰ ਸਿੰਘ ਰਾਜਾ ਗਿੱਲ ਨੇ ਸ਼ਮੂਲੀਅਤ ਕੀਤੀ ਅਤੇ ਮੰਦਰ 'ਚ ਨਤਮਸਤਕ ਹੋ ਕੇ ਮਾਤਾ ਦਾ ਆਸ਼ੀਰਵਾਦ ਲਿਆ। ਇਸ ਮੌਕੇ ਮਾਤਾ ਦੀਆਂ ਸੁੰਦਰ ਝਾਕੀਆਂ ਆਕਰਸ਼ਣ ਦਾ ਕੇਂਦਰ ਰਹੀਆਂ। ਇਸ ਤੋਂ ਇਲਾਵਾ ਸ਼ਰਧਾਲੂਆਂ ਨੇ ਸ਼ੀਤਲਾ ਮਾਤਾ ਮੰਦਰ ਅਤੇ ਬੱਸ ਸਟੈਂਡ ਨੇੜ੍ਹੇ ਸਥਿਤ ਦੁਰਗਾ ਸ਼ਕਤੀ ਮੰਦਰ ਵਿਖੇ ਗੁਲਗਲਿਆਂ ਦਾ ਪ੍ਰਸ਼ਾਦ ਚੜ੍ਹਾਇਆ ਅਤੇ ਪਰਿਵਾਰ ਤੇ ਘਰ 'ਚ ਸੁੱਖ ਸ਼ਾਂਤੀ ਲਈ ਅਰਦਾਸ ਕੀਤੀ। ਇਸ ਮੌਕੇ ਹੋਰਨਾਂ ਤੋਂ ਇਲਾਵਾ ਕਾਂਗਰਸ ਦੇ ਸ਼ਹਿਰੀ ਪ੍ਰਧਾਨ ਐਡਵੋਕੇਟ ਕਪਿਲ ਆਨੰਦ, ਕ੍ਰਿਸ਼ਨ ਲਾਲ ਚੋਪੜਾ, ਵਿਜੈ ਕੁਮਾਰ ਮਹਿੰਦਰੂ, ਨੰਦ ਕਿਸ਼ੋਰ, ਪਰਮਿੰਦਰ ਤਿਵਾੜੀ, ਸੋਨੂੰ ਸੇਠੀ, ਰੋਜ਼ੀ ਮਹਿੰਦਰੂ, ਚੇਤਨ ਕੁਮਾਰ, ਨਰੇਸ਼ ਖੇੜਾ, ਹੈਪੀ ਚੋਪੜਾ, ਮਦਨ ਲਾਲ ਬਿੱਟੂ ਆਦਿ ਵੀ ਮੌਜੂਦ ਸਨ।

## ਨਸ਼ਾ ਤਸਕਰ ਤੇ ਮਾਹੌਲ ਖ਼ਰਾਬ ਕਰਨ ਵਾਲੇ ਬਖਸ਼ੇ ਨਹੀਂ ਜਾਣਗਾ : ਐੱਸ ਐੱਚ ਓ



**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**-ਪੁਲਸ ਥਾਣੇ ਦੇ ਨਵੇਂ ਨਿਯੁਕਤ ਹੋਏ ਮੁੱਖ ਅਫ਼ਸਰ ਇੰਸਪੈਕਟਰ ਕੁਲਵਿੰਦਰ ਸਿੰਘ ਧਾਲੀਵਾਲ ਨੇ ਪਲੇਠੀ ਮਿਲਣੀ ਦੌਰਾਨ ਸਪੱਸ਼ਟ ਸ਼ਬਦਾਂ ਵਿੱਚ ਚੇਤਾਵਨੀ ਦਿੱਤੀ ਹੈ ਕਿ ਇਲਾਕੇ ਦਾ ਮਹੌਲ ਖ਼ਰਾਬ ਕਰਨ ਵਾਲੇ ਅਨਸਰਾਂ ਨੂੰ ਕਿਸੇ ਵੀ ਕੀਮਤ 'ਤੇ ਬਖ਼ਸ਼ਿਆ ਨਹੀਂ ਜਾਵੇਗਾ। ਇੰਸਪੈਕਟਰ ਧਾਲੀਵਾਲ ਨੇ ਗ੍ਰਾਮ ਪੰਚਾਇਤਾਂ, ਯੂਥ ਕਲੱਬਾਂ ਅਤੇ ਇਲਾਕੇ ਦੇ ਪਤਵੰਤੇ ਸੱਜਣਾਂ ਨੂੰ ਅਪੀਲ ਕੀਤੀ ਕਿ ਉਹ ਸਮਾਜਿਕ ਬੁਰਾਈਆਂ ਵਿਰੁੱਧ ਪੁਲਿਸ ਦਾ ਸਹਿਯੋਗ ਦੇਣ ਅਤੇ ਨਾਲ ਹੀ ਭਰੋਸਾ ਦਿਵਾਇਆ ਕਿ ਥਾਣੇ ਆਉਣ ਵਾਲੇ ਹਰ ਵਿਅਕਤੀ ਦਾ ਪੂਰਾ ਮਾਣ-ਸਤਿਕਾਰ ਕੀਤਾ ਜਾਵੇਗਾ ਅਤੇ ਕਿਸੇ ਨਾਲ ਵੀ ਕੋਈ ਬੇਇਨਸਾਫ਼ੀ ਨਹੀਂ ਹੋਣ ਦਿੱਤੀ ਜਾਵੇਗੀ॥

## ਸਫਾ 1 ਦੇ ਬਾਕੀ...

### ਖਹਿਰਾ ਮੁਆਫ਼ੀ ਨਹੀਂ ...

ਦੇ ਸਪੀਕਰ ਨੂੰ ਇਸ ਸੰਬੰਧੀ ਸਖ਼ਤ ਅਨੁਸ਼ਾਸਨੀ ਕਾਰਵਾਈ ਦੀ ਅਪੀਲ ਕਰਦਾ ਹਾਂ ਅਤੇ ਜੇਕਰ ਸੁਖਪਾਲ ਸਿੰਘ ਖਹਿਰਾ ਆਪਣੀ ਅਤਿ-ਨਿੰਦਣਯੋਗ ਅਤੇ ਗੈਰ-ਸੰਸਦੀ ਬੋਲਬਾਣੀ ਲਈ ਬਿਨਾਂ ਸ਼ਰਤ ਜਨਤਕ ਤੌਰ 'ਤੇ ਮੁਆਫ਼ੀ ਨਹੀਂ ਮੰਗਦੇ ਤਾਂ ਵਿਧਾਨ ਸਭਾ ਵਿੱਚ ਉਨ੍ਹਾ ਦੀ ਮੈਂਬਰਸ਼ਿਪ ਰੱਦ ਕਰ ਦਿੱਤੀ ਜਾਵੇ।'

ਆਪਣੇ ਪਿਛੋਕੜ 'ਤੇ ਨਿੱਜੀ ਹਮਲੇ ਸੰਬੰਧੀ ਰੋਸ ਪ੍ਰਗਟ ਕਰਦਿਆਂ ਚੀਮਾ ਨੇ ਸਦਨ ਨੂੰ ਕਿਰਤ ਦੀ ਸ਼ਾਨ ਅਤੇ ਮਜ਼ਦੂਰ ਵਰਗ ਦੀ ਮਾਣਮੱਤੀ ਵਿਰਾਸਤ ਬਾਰੇ ਚੇਤੇ ਕਰਾਇਆ। ਉਨ੍ਹਾ ਕਿਹਾ, "ਮੈਂ ਇਸ ਸਦਨ ਦੇ ਮੈਂਬਰਾਂ, ਖਾਸ ਕਰਕੇ ਕਾਂਗਰਸ ਪਾਰਟੀ ਦੇ ਮੈਂਬਰਾਂ ਨੂੰ ਆਪਣੇ ਪਿਛੋਕੜ 'ਚ ਝਾਤੀ ਮਾਰਨ ਦੀ ਅਪੀਲ ਕਰਦਾ ਹਾਂ। ਬਹੁਤ ਸਾਰੇ ਚੁਣੇ ਹੋਏ ਨੁਮਾਇੰਦੇ ਮਜ਼ਦੂਰ ਅਤੇ ਕਿਰਤੀ ਪਰਵਾਰਾਂ ਨਾਲ ਸੰਬੰਧਤ ਹੋਣ ਦਾ ਮਾਣ ਰੱਖਦੇ ਹਨ। ਕੀ ਉਨ੍ਹਾਂ ਵਿੱਚੋਂ ਕੋਈ ਵੀ 'ਬੰਧੂਆ ਮਜ਼ਦੂਰ' ਵਜੋਂ ਸੰਬੋਧਿਤ ਕੀਤੇ ਜਾਣ ਨੂੰ ਸਵੀਕਾਰ ਕਰੇਗਾ? ਉਨ੍ਹਾ ਕਿਹਾ ਕਿ ਅਜਿਹੀ ਭੱਦੀ ਸ਼ਬਦਾਵਲੀ ਨਾ ਸਿਰਫ਼ ਇੱਕ ਵਿਅਕਤੀ, ਸਗੋਂ ਪੰਜਾਬ ਦੇ ਮਿਹਨਤੀ ਲੋਕਾਂ ਦੇ ਮਾਣ-ਸਨਮਾਨ ਨੂੰ ਡੂੰਘੀ ਸੱਟ ਮਾਰਦੀ ਹੈ।"

ਉਨ੍ਹਾ 'ਆਪ' ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਅਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਉਨ੍ਹਾ 'ਤੇ ਵਿਸ਼ਵਾਸ ਜਤਾਉਣ ਲਈ ਧੰਨਵਾਦ ਕੀਤਾ।ਉਨ੍ਹਾ ਕਿਹਾ, ਮੈਂ ਅਰਵਿੰਦ ਕੇਜਰੀਵਾਲ ਅਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਮੇਰੇ ਵਿੱਚ ਵਿਸ਼ਵਾਸ ਜਤਾਉਣ ਅਤੇ ਮੈਨੂੰ ਪੰਜਾਬ ਦੇ ਵਿੱਤ ਮੰਤਰੀ ਵਜੋਂ ਸੇਵਾ ਦਾ ਮੌਕਾ ਦੇਣ ਲਈ ਤਹਿ ਦਿਲੋਂ ਧੰਨਵਾਦੀ ਹਾਂ। ਮੈਨੂੰ ਬਹੁਤ ਮਾਣ ਹੈ ਕਿ ਮੈਂ ਪੰਜਾਬ ਦੀਆਂ ਮਾਵਾਂ, ਧੀਆਂ, ਨੌਜਵਾਨਾਂ, ਕਿਸਾਨਾਂ, ਮਜ਼ਦੂਰਾਂ, ਵਪਾਰੀਆਂ ਅਤੇ ਉਦਯੋਗਪਤੀਆਂ ਦੀ ਭਲਾਈ ਅਤੇ ਖੁਸ਼ਹਾਲੀ ਨੂੰ ਸਮਰਪਤ ਸੂਬੇ ਦੇ ਪੰਜ ਵਿਆਪਕ ਬਜਟ ਪੇਸ਼ ਕੀਤੇ ਹਨ।

ਚੀਮਾ ਨੇ ਖਹਿਰਾ ਨੂੰ ਆਪਣੀ ਯੋਗਤਾ ਸਰਟੀਫਿਕੇਟਾਂ ਦੀ ਜਾਂਚ ਕਰਵਾਉਣ ਦੀ ਚੁਣੌਤੀ ਵੀ ਦਿੱਤੀ। ਉਨ੍ਹਾ ਕਿਹਾ ਕਿ ਅਜਿਹੀਆਂ ਅਪਮਾਨਜਨਕ ਟਿੱਪਣੀਆਂ ਕਰਨ ਦੀ ਬਜਾਏ ਖਹਿਰਾ ਨੂੰ ਪਹਿਲਾਂ ਆਪਣੇ ਯੋਗਤਾ ਸਰਟੀਫਿਕੇਟ ਦੀ ਜਾਂਚ ਕਰਵਾਉਣੀ ਚਾਹੀਦੀ ਹੈ, ਕਿਉਂਕਿ ਭੁਲੱਥ ਦੇ ਵਿਧਾਇਕ ਦਾ ਖੁਦ ਇੱਕ ਸ਼ੱਕੀ ਵਿਦਿਅਕ ਅਤੇ ਕੈਰੀਅਰ ਪਿਛੋਕੜ ਹੈ।

### ਸਨਮਾਨਜਨਕ ਮੌਤ...

ਕੇਅਰ ਸੈਂਟਰ ਵਿੱਚ ਦਾਖਲ ਕਰਨ ਤਾਂ ਜੋ ਮਰੀਜ਼ ਨੂੰ ਦਿੱਤੀ ਜਾ ਰਹੀ ਖੁਰਾਕ ਅਤੇ ਹੋਰ ਡਾਕਟਰੀ ਸਹਾਇਤਾ ਨੂੰ ਹਟਾਉਣ ਦੀ ਪ੍ਰਕਿਰਿਆ ਸਨਮਾਨਜਨਕ ਤਰੀਕੇ ਨਾਲ ਪੂਰੀ ਕੀਤੀ ਜਾ ਸਕੇ। ਅਦਾਲਤ ਨੇ ਇਹ ਵੀ ਸਪੱਸ਼ਟ ਕੀਤਾ ਕਿ ਸਾਰੀਆਂ ਹਾਈ ਕੋਰਟਾਂ ਅਤੇ ਜ਼ਿਲ੍ਹਾ ਮੁੱਖ ਮੈਡੀਕਲ ਅਫਸਰਾਂ ਨੂੰ ਅਜਿਹੇ ਮਾਮਲਿਆਂ ਲਈ ਮੈਡੀਕਲ ਬੋਰਡਾਂ ਦੇ ਪੈਨਲ ਤਿਆਰ ਰੱਖਣੇ ਚਾਹੀਦੇ ਹਨ।

ਪੈਸਿਵ ਯੂਥੇਨੇਸ਼ੀਆ ਦਾ ਮਤਲਬ ਹੈ, ਕਿਸੇ ਅਜਿਹੇ ਮਰੀਜ਼ ਨੂੰ ਮਰਨ ਦੀ ਇਜਾਜ਼ਤ ਦੇਣਾ, ਜਿਸ ਦੇ ਬਚਣ ਦੀ ਉਮੀਦ ਨਾ ਹੋਵੇ ਅਤੇ ਉਸ ਨੂੰ ਜਿਉਂਦਾ ਰੱਖਣ ਵਾਲੀਆਂ ਮਸ਼ੀਨਾਂ ਜਾਂ ਇਲਾਜ ਨੂੰ ਰੋਕ ਦੇਣਾ।

### ਐਡਵੋਕੇਟ ਵਰਿੰਦਰ ਸਿੰਘ...

ਰਘਵੀਰ ਸਿੰਘ, ਰਘਵੀਰ ਸਿੰਘ ਕਲੀਜਪੁਰ ਅਤੇ ਬਲਬੀਰ ਸਿੰਘ ਰੰਧਾਵਾ ਨੇ ਵੀ ਵਰਿੰਦਰ ਸਿੰਘ ਨੂੰ ਸ਼ਰਧਾਂਜਲੀ ਭੇਟ ਕੀਤੀ ਅਤੇ ਉਨ੍ਹਾ ਦੇ ਪਰਵਾਰ ਨਾਲ ਹਰੇਕ ਸੁੱਖ-ਦੁੱਖ ਦੀ ਘੜੀ ਵਿੱਚ ਖੜ੍ਹਨ ਦਾ ਭਰੋਸਾ ਦਿੱਤਾ। ਅੰਤ ਵਿੱਚ ਵਰਿੰਦਰ ਸਿੰਘ ਦੇ ਪਿਤਾ ਬਲਬੀਰ ਸਿੰਘ ਕੱਤੋਵਾਲ ਨੇ ਬੜੇ ਹੀ ਭਾਵੁਕ ਸ਼ਬਦਾਂ ਵਿੱਚ ਸਾਰਿਆਂ ਦਾ ਧੰਨਵਾਦ ਕੀਤਾ ਅਤੇ ਆਪਣੇ ਪੁੱਤਰ ਦੀ ਇੱਛਾ ਮੁਤਾਬਕ ਆਖ਼ਰੀ ਸਾਹਾਂ ਤੱਕ ਪਾਰਟੀ ਨਾਲ ਖੜ੍ਹਨ ਦਾ ਐਲਾਨ ਕੀਤਾ। ਉਨ੍ਹਾ ਕਿਹਾ ਕਿ ਪਰਵਾਰਕ ਰੁਝੇਵਿਆਂ ਕਾਰਨ ਉਹ ਪਾਰਟੀ ਤੋਂ ਪਿੱਛੇ ਹਟਣਾ ਚਾਹੁੰਦੇ ਸਨ, ਪਰ ਉਨ੍ਹਾ ਦਾ ਪੁੱਤਰ ਕਹਿੰਦਾ ਸੀ ਕਿ ਪਿਤਾ ਜੀ ਜੇਕਰ ਪਾਰਟੀ ਹੈ ਤਾਂ ਅਸੀਂ ਹਾਂ, ਇਸ ਲਈ ਪਾਰਟੀ ਨੂੰ ਕਦੇ ਛੱਡਣ ਬਾਰੇ ਸੋਚਿਓ ਨਾ।

ਬਲਬੀਰ ਸਿੰਘ ਦੀਆਂ ਇਹਨਾਂ ਗੱਲਾਂ ਨੇ ਸਭਨਾਂ ਦੀਆਂ ਅੱਖਾਂ ਨਮ ਕਰ ਦਿੱਤੀਆਂ। ਇਸ ਦੌਰਾਨ ਸੀਟੂ ਦੇ ਜ਼ਿਲ੍ਹਾ ਪ੍ਰਧਾਨ ਮਾਇਆਧਾਰੀ ਸ਼ਰਮਾ ਸਮੇਤ ਹੋਰਨਾਂ ਜਥੇਬੰਦੀਆਂ ਦੇ ਸ਼ੋਕ ਸੁਨੇਹੇ ਵੀ ਪੜ੍ਹੇ ਗਏ। ਸਟੇਜ ਸਕੱਤਰ ਦੀ ਜ਼ਿੰਮੇਵਾਰੀ ਸੁਭਾਸ਼ ਕੈਰੇ ਵੱਲੋਂ ਨਿਭਾਈ ਗਈ।

ਇਸ ਮੌਕੇ ਸੁਖਦੇਵ ਸਿੰਘ ਕਾਹਲੋਂ, ਸਤਬੀਰ ਸਿੰਘ ਸੁਲਤਾਨੀ, ਮੁਰਾਰੀ ਲਾਲ ਸ਼ਰਮਾ, ਹਰਚਰਨ ਸਿੰਘ ਔਜਲਾ, ਮੱਖਣ ਸਿੰਘ ਕੋਹਾੜ, ਦਰਸ਼ਨ ਆਹਲੂਵਾਲੀਆ, ਸ਼ਿਵ ਦੱਤ, ਬਲਬੀਰ ਸਿੰਘ ਮੱਲ੍ਹੀ, ਤਰਲੋਕ ਸਿੰਘ ਰਊਵਾਲ, ਜਸਵੀਰ ਸਿੰਘ ਕੱਤੋਵਾਲ, ਸੋਹਨ ਲਾਲ ਬੇਰੀਆਂ, ਪ੍ਰੀਤਮ ਸਿੰਘ ਬਿਆਨਪੁਰ, ਠਾਕੁਰ ਧਿਆਨ ਸਿੰਘ, ਦਿਲਬਾਗ ਸਿੰਘ, ਬਲਦੇਵ ਸਿੰਘ ਖਹਿਰਾ, ਤਿਰਲੋਕ ਸਿੰਘ ਬਹਿਰਾਮਪੁਰ, ਦਿਲਬਾਗ ਸਿੰਘ ਭਾਘੜ, ਸੁਖਦੇਵ ਸਿੰਘ ਉਧੋਵਾਲੀ, ਬਲਦੇਵ ਸਿੰਘ ਕਾਲਾ ਅਫ਼ਗਾਨਾ, ਰਣਜੀਤ ਸਿੰਘ ਡੋਗਰ, ਜਸਵੰਤ ਸਿੰਘ, ਸੁਰਿੰਦਰ ਸਿੰਘ ਪੈਰੋਸ਼ਾਹ, ਜੋਗਿੰਦਰ ਪਾਲ ਪਨਿਆੜ, ਮੇਹਰਬਾਨ ਸਿੰਘ ਕਲੀਜਪੁਰ, ਮਦਨ ਲਾਲ, ਓਂਕਾਰ ਸਿੰਘ, ਜਗਦੀਸ਼ ਠਾਕੁਰ, ਐਡਵੋਕੇਟ ਸ਼ੰਮੀ ਧਿਆਨਪੁਰ, ਨਿਰਮਲ ਸਿੰਘ, ਸਵਰਨ ਸਿੰਘ ਸੱਮੂ ਚੱਕ, ਅਮਰਜੀਤ ਸ਼ਾਸਤਰੀ, ਬਿੱਟੂ ਵਾਲੀਆ ਸਿੱਧਪੁਰ, ਗੁਰਚਰਨ ਵਾਲੀਆ, ਐਡਵੋਕੇਟ ਰਣਜੀਤ ਸਿੰਘ ਗੋਰਾਇਆ, ਐਡਵੋਕੇਟ ਸੁਖਜਿੰਦਰ ਸਿੰਘ ਹੈਪੀ, ਪ੍ਰਦੀਪ ਕੁਮਾਰ ਕੈਰੇ ਅਤੇ ਅਸ਼ੋਕ ਕੁਮਾਰ ਮੰਜ ਹਾਜ਼ਰ ਸਨ।

### ਮੈਨਹੋਲ 'ਚ ਉਤਰੇ ...

ਦਾ ਮਮੇਰਾ ਭਰਾ ਅਲੀਮ ਮੌਕੇ 'ਤੇ ਪਹੁੰਚਿਆ ਅਤੇ ਆਪਣੇ ਭਰਾ ਨੂੰ ਲੱਭਣ ਲਈ ਉਹ ਵੀ ਬਿਨਾਂ ਕਿਸੇ ਸੁਰੱਖਿਆ ਉਪਕਰਨ ਦੇ ਮੈਨਹੋਲ ਵਿੱਚ ਉਤਰ ਗਿਆ, ਜਿੱਥੇ ਜ਼ਹਿਰੀਲੀ ਗੈਸ ਕਾਰਨ ਉਹ ਵੀ ਬੇਹੋਸ਼ ਹੋ ਗਿਆ।ਮੰਡੀ ਦੇ ਚੌਕੀਦਾਰ ਅਤੇ ਹੋਰ ਲੋਕਾਂ ਨੇ ਰੱਸੀ ਦੀ ਮਦਦ ਨਾਲ ਅਲੀਮ ਨੂੰ ਬਾਹਰ ਕੱਢਿਆ।ਅਲੀਮ ਨੇ ਦੋਸ਼ ਲਾਇਆ ਕਿ ਠੇਕੇਦਾਰ ਦਾ ਸੁਪਰਵਾਈਜਰ ਪ੍ਰਵੀਨ ਸਿੰਘ ਉਸ ਦੇ ਭਰਾ ਨੂੰ ਲੈ ਕੇ ਆਇਆ ਸੀ, ਪਰ ਉਸ ਨੇ ਬਿਨ੍ਹਾਂ ਕਿਸੇ ਸੁਰੱਖਿਆ ਉਪਕਰਨ ਦੇ ਉਸ ਦੇ ਭਰਾ ਨੂੰ ਮੈਨਹੋਲ 'ਚ ਉਤਾਰ ਦਿੱਤਾ ਅਤੇ ਮੌਕੇ ਤੋਂ ਫਰਾਰ ਹੋ ਗਿਆ। ਘਟਨਾ ਦੀ ਸੂਚਨਾ ਮਿਲਣ 'ਤੇ ਠੇਕੇਦਾਰ ਵੀ ਮੌਕੇ 'ਤੇ ਪਹੁੰਚ ਗਿਆ। ਪਰਵਾਰਕ ਮੈਂਬਰਾਂ ਵੱਲੋਂ ਜ਼ਿੰਮੇਵਾਰਾਂ ਵਿਰੁੱਧ ਕਾਰਵਾਈ ਦੀ ਮੰਗ ਕੀਤੀ ਗਈ ਹੈ।ਭੀਮ ਕ੍ਰਾਂਤੀ ਦੇ ਸੰਸਥਾਪਕ ਅਸ਼ੋਕ ਮਹਿੰਦਰਾ ਨੇ ਕਿਹਾ ਕਿ ਸੀਵਰ ਦੀ ਸਫਾਈ ਲਈ ਮਜ਼ਦੂਰ ਨੂੰ ਬਿਨਾਂ ਕਿਸੇ ਸੁਰੱਖਿਆ ਕਿੱਟ, ਮਾਸਕ ਜਾਂ ਬੈਲਟ ਦੇ ਮੈਨਹੋਲ ਵਿੱਚ ਉਤਾਰਨਾ ਗੰਭੀਰ ਲਾਪਰਵਾਹੀ ਹੈ।ਉਨ੍ਹਾ ਦੋਸ਼ ਲਾਇਆ ਕਿ ਸੰਬੰਧਤ ਅਧਿਕਾਰੀਆਂ ਅਤੇ ਠੇਕੇਦਾਰ ਦੀ ਲਾਪਰਵਾਹੀ ਕਾਰਨ ਮਜ਼ਦੂਰ ਦੀ ਜਾਨ ਗਈ ਹੈ।ਜ਼ਿੰਮੇਵਾਰ ਲੋਕਾਂ ਖਿਲਾਫ ਸਖਤ ਕਾਰਵਾਈ ਹੋਣੀ ਚਾਹੀਦੀ ਹੈ ਅਤੇ ਕਤਲ ਦਾ ਮਾਮਲਾ ਦਰਜ ਕੀਤਾ ਜਾਣਾ ਚਾਹੀਦਾ ਹੈ।ਐਕਸੀਅਨ ਕੇਵਲ ਕੁਮਾਰ ਗਰਗ ਨੇ ਕਿਹਾ ਕਿ ਇਥੇ ਸੀਵਰੇਜ ਦਾ ਕੰਮ ਚੱਲ ਰਿਹਾ ਸੀ ਅਤੇ ਠੇਕੇਦਾਰ ਕੰਮ ਕਰਵਾ ਰਿਹਾ ਸੀ। ਉਨ੍ਹਾ ਕਿਹਾ ਕਿ ਉਹ ਮਾਮਲੇ ਦੀ ਜਾਂਚ ਕਰਵਾਉਣਗੇ ਅਤੇ ਜਿਸ ਦੀ ਵੀ ਲਾਪਰਵਾਹੀ ਹੋਈ, ਉਸ ਵਿਰੁੱਧ ਕਾਰਵਾਈ ਕੀਤੀ ਜਾਵੇਗੀ।

### ਏਟਕ ਅਤੇ ਪ ਸ ਸ ਫ...

ਦੇ ਲਮਕ ਅਵਸਥਾ ਵਿੱਚ ਪਏ ਸਾਰੇ ਮਸਲੇ ਹੱਲ ਕੀਤੇ ਜਾਣ। ਰੈਲੀ ਉਪਰੰਤ ਪੰਜਾਬ ਵਿਧਾਨ ਸਭਾ ਵੱਲ ਪੰਜਾਬ ਸਰਕਾਰ ਦੇ ਖਿਲਾਫ ਤਿੱਖੀ ਨਾਹਰੇਬਾਜ਼ੀ ਕਰਕੇ ਰੋਸ ਮਾਰਚ ਕੀਤਾ ਗਿਆ।

ਆਗੂਆਂ ਨੇ ਅੱਗੇ ਕਿਹਾ ਕਿ 13 ਮਾਰਚ ਨੂੰ ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰ ਸਾਂਝਾ ਫਰੰਟ ਦੀ ਸ਼ਹੀਦ ਕਰਨੈਲ ਸਿੰਘ ਈਸੜੂ ਭਵਨ ਲੁਧਿਆਣਾ ਵਿਖੇ ਹੋਣ ਵਾਲੀ ਸੂਬਾ ਪੱਧਰੀ ਮੀਟਿੰਗ ਦੌਰਾਨ ਪੰਜਾਬ ਸਰਕਾਰ ਦੇ ਵਿਰੁੱਧ ਅਗਲੇ ਤਿੱਖੇ ਸੰਘਰਸ਼ਾਂ ਦਾ ਐਲਾਨ ਕੀਤਾ ਜਾਵੇਗਾ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਹਰਭਗਵਾਨ ਸ੍ਰੀ ਮੁਕਤਸਰ ਸਾਹਿਬ, ਡਿੰਪਲ ਰਹੇਲਾ, ਜਗਤਾਰ ਸਿੰਘ ਭੁੰਗਰਨੀ, ਗੁਰਜੀਤ ਸਿੰਘ ਘੋੜੇਵਾਹ, ਕੁਲਵੰਤ ਸਿੰਘ ਚਾਨੀ, ਜਸਪਾਲ ਗੜ੍ਹਹੇੜਾ, ਅਵਤਾਰ ਸਿੰਘ ਚੀਮਾ, ਮਨਜਿੰਦਰ ਕੌਰ ਹਰੀਕੇ, ਅਜੇ ਸਨੋਤਰਾ, ਸੁਖਦੇਵ ਸ਼ਰਮਾ ਸੰਗਰੂਰ, ਨਸੀਬ ਸਿੰਘ ਜੜੌਤ, ਸੁੱਚਾ ਸਿੰਘ ਅਜਨਾਲਾ, ਸਵਰਨ ਸਿੰਘ ਹਠੂਰ, ਸੋਮ ਨਾਥ ਅਰੋੜਾ, ਬਲਵੰਤ ਸਿੰਘ ਸੰਧੂ, ਪਿਰਤਪਾਲ ਸਿੰਘ ਪੰਡੋਰੀ, ਗੁਰਭੇਜ ਸਿੰਘ, ਹਰਪਾਲ ਸਿੰਘ, ਕੁਲਵਿੰਦਰ ਸਿੰਘ ਢਿੱਲੋਂ, ਸਵਰਨ ਸਿੰਘ ਤਰਨ ਤਾਰਨ, ਵਿਜੇ ਕੁਮਾਰ ਜਲੰਧਰ, ਗੁਰਬਖਸ਼ ਸਿੰਘ ਢਿੱਲੋਂ, ਸੀਤਾ ਰਾਮ ਸ਼ਰਮਾ, ਗੁਰਤੇਜ ਸਿੰਘ ਗਿੱਲ, ਸੰਜੀਵ ਕੁਮਾਰ, ਕ੍ਰਿਸ਼ਨ ਸਿੰਘ ਬਠਿੰਡਾ, ਸੁਰਿੰਦਰ ਸਿੰਘ ਬੈਂਸ, ਵਿਨੋਦ ਕੁਮਾਰ ਲੁਧਿਆਣਾ, ਹੰਸ ਰਾਜ ਦੀਦਾਰਗੜ੍ਹ, ਮੋਹਣ ਸਿੰਘ ਬਰਨਾਲਾ, ਸੁਖਦੇਵ ਫਾਜ਼ਿਲਕਾ, ਰਾਜ ਕੁਮਾਰ ਰੰਗਾ, ਕੁਲਵੰਤ ਸਿੰਘ ਘੁੱਕੇਵਾਲੀ, ਮਨਜੀਤ ਸਿੰਘ ਮਨਸੂਰਾਂ, ਦਰਸ਼ਨ ਸਿੰਘ ਥਰੀਕੇ, ਬਲਕਾਰ ਸਿੰਘ ਸਹੋਤਾ, ਸੋਮ ਨਾਥ ਅਰੋੜਾ, ਜੋਰਾ ਸਿੰਘ ਮਨਸੂਰਾਂ, ਲਾਭ ਸਿੰਘ ਮਲੌਦ, ਹਰੀ ਬਹਾਦਰ ਮੋਗਾ ਅਤੇ ਬਹੁਤ ਵੱਡੀ ਗਿਣਤੀ ਵਿੱਚ ਮੁਲਾਜ਼ਮ ਅਤੇ ਪੈਨਸ਼ਨਰ ਹਾਜ਼ਰ ਸਨ।

### ਔਰਤਾਂ ਨੂੰ 1000 ਰੁਪਏ ...

ਅਤੇ ਲੁਧਿਆਣਾ ਵਿੱਚ ਬਣਨਗੇ ਅਤੇ ਇਨ੍ਹਾਂ ਕਾਲਜਾਂ ਦੇ ਬਣਨ ਨਾਲ ਐਮ.ਬੀ.ਬੀ.ਐਸ. ਦੀਆਂ 600 ਸੀਟਾਂ ਵਧ ਜਾਣਗੀਆਂ। ਉਨ੍ਹਾਂ ਕਿਹਾ ਕਿ 881 ਆਮ ਆਦਮੀ ਕਲੀਨਿਕਾਂ ਵਿੱਚ 5 ਕਰੋੜ ਓ.ਪੀ.ਡੀ. ਐਂਟਰੀ ਦਰਜ ਕੀਤੀ ਹੈ ਜੋ ਸਿਹਤ ਸੇਵਾਵਾਂ ਵਿੱਚ ਲੋਕਾਂ ਦਾ ਭਰੋਸਾ ਜ਼ਾਹਰ ਕਰਦਾ ਹੈ।ਮੁੱਖ ਮੰਤਰੀ ਨੇ ਕਿਹਾ ਕਿ ਮੇਰੀ ਰਸੋਈ ਸਕੀਮ 40 ਲੱਖ ਪਰਿਵਾਰਾਂ ਖਾਸ ਕਰਕੇ ਉਨ੍ਹਾਂ ਦੇ ਬੱਚਿਆਂ ਲਈ ਪੌਸ਼ਟਿਕ ਖੁਰਾਕ ਯਕੀਨੀ ਬਣਾਏਗੀ। ਇਸ ਸਕੀਮ ਹੇਠ ਪਰਿਵਾਰ ਨੂੰ ਦੋ ਕਿਲੋ ਖੰਡ, ਦੋ ਕਿਲੋ ਦਾਲ, ਇਕ ਲੀਟਰ ਸਰ੍ਹੋਂ ਦਾ ਤੇਲ, 200 ਗ੍ਰਾਮ ਹਲਦੀ ਅਤੇ ਇਕ ਕਿਲੋ ਲੂਣ ਦੀ ਕਿੱਟ ਮਿਲੇਗੀ। ਪੰਜਾਬ ਪੁਲਿਸ ਵਿੱਚ 10,000 ਅਸਾਮੀ ਸਿਰਜਣ ਦਾ ਜ਼ਿਕਰ ਕਰਦਿਆਂ ਕਿਹਾ ਕਿ ਇਸ ਨਾਲ ਨੌਜਵਾਨਾਂ ਨੂੰ ਰੋਜ਼ਗਾਰ ਦੇ ਮੌਕੇ ਮਿਲਣਗੇ ਅਤੇ ਪੰਜਾਬ ਪੁਲਿਸ ਦੇ ਹੱਥ ਹੋਰ ਮਜ਼ਬੂਤ ਹੋਣਗੇ। ਉਨ੍ਹਾਂ ਕਿਹਾ ਕਿ ਸਾਡੀ ਸਰਕਾਰ ਹੁਣ ਤੱਕ ਲਗਪਗ 64000 ਨੌਜਵਾਨਾਂ ਨੂੰ ਸਰਕਾਰੀ ਨੌਕਰੀਆਂ ਦੇ ਚੁੱਕੀ ਹੈ। ਉਨ੍ਹਾਂ ਕਿਹਾ ਕਿ ਹੁਸ਼ਿਆਰਪੁਰ ਵਿਖੇ ਸਰਦਾਰ ਬਹਾਦਰ ਅਮੀਨ ਚੰਦ ਆਰਮਿਡ ਫੋਰਸਿਜ਼ ਪ੍ਰੈਪਰੇਟਰੀ ਇੰਸਟੀਚਿਊਟ ਬਣ ਕੇ ਤਿਆਰ ਹੋ ਚੁੱਕਾ ਅਤੇ ਇਸ ਸਾਲ ਤੋਂ ਸੰਸਥਾ ਵਿੱਚ ਦਾਖਲੇ ਸ਼ੁਰੂ ਹੋਣਗੇ। ਇਸ ਨਾਲ ਸਾਡੇ ਨੌਜਵਾਨਾਂ ਨੂੰ ਫੌਜ ਵਿੱਚ ਸੇਵਾ ਨਿਭਾਉਣ ਦਾ ਮੌਕਾ ਮਿਲੇਗਾ। ਸੂਬੇ ਵਿੱਚ ਟੇਲਾਂ ਉਤੇ ਨਹਿਰੀ ਪਾਣੀ ਪਹੁੰਚਾਉਣ ਅਤੇ ਧਰਤੀ ਹੇਠਲੇ ਪਾਣੀ ਦੀ ਵਰਤੋਂ ਘਟਾਉਣ ਦਾ ਜ਼ਿਕਰ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਇਹ ਸਮੁੱਚੇ ਪੰਜਾਬ ਲਈ ਖੁਸ਼ਖਬਰੀ ਹੈ ਕਿ ਰਾਜ ਸਭਾ ਵਿੱਚ ਪੇਸ਼ ਕੀਤੇ ਸੈਂਟਰਲ ਗਰਾਊਂਡ ਵਾਟਰ ਬੋਰਡ ਦੇ ਅੰਕੜਿਆਂ ਮੁਤਾਬਕ ਪੰਜਾਬ ਵਿੱਚ ਧਰਤੀ ਹੇਠਲੇ ਪਾਣੀ ਨੂੰ ਮਾਪਣ ਲਈ ਬਣੇ ਖੂਹਾਂ ਵਿੱਚੋਂ 57 ਫ਼ੀਸਦ ਵਿੱਚ ਪਾਣੀ ਦਾ ਪੱਧਰ ਵਧਿਆ ਹੈ। ਇਹ ਵਾਧਾ 0 ਤੋਂ 4 ਮੀਟਰ ਤੱਕ ਹੈ।ਸਦਨ ਵਿੱਚ ਵਿਰੋਧੀ ਧਿਰ ਦੀ ਗੈਰ-ਹਾਜ਼ਰੀ 'ਤੇ ਤਨਜ਼ ਕੱਸਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਵਿਰੋਧੀ ਆਪਣੇ ਇਲਾਕੇ ਦੇ ਲੋਕਾਂ ਦੇ ਮਸਲੇ ਚੁੱਕਣ ਲਈ ਕਦੇ ਵੀ ਗੰਭੀਰ ਨਹੀਂ ਹੋਏ ਅਤੇ ਸਾਲ 2027 ਵਿੱਚ ਸਿਆਸੀ ਨਕਸ਼ੇ ਤੋਂ ਵੀ ਗੈਰ-ਹਾਜ਼ਰ ਨਜ਼ਰ ਆਉਣਗੇ। ਉਨ੍ਹਾਂ ਕਿਹਾ ਕਿ ਕਾਂਗਰਸ ਪਾਟੋਧਾੜ ਦਾ ਸ਼ਿਕਾਰ ਹੈ ਜੋ ਕਦੇ ਵੀ ਸੱਤਾ ਵਿੱਚ ਨਹੀਂ ਆ ਸਕਦੀ ਹੈ। ਉਨ੍ਹਾਂ ਕਿਹਾ ਕਿ ਕਾਂਗਰਸ ਦੀ ਹਾਲਤ ਏਨੀ ਮਾੜੀ ਹੋ ਚੁੱਕੀ ਹੈ ਕਿ ਇਸ ਦੀ ਸਾਰੀ ਹਾਈਕਮਾਂਡ ਇਕ ਇਨੋਵਾ ਵਿੱਚ ਸਵਾਰ ਹੋ ਜਾਂਦੀ ਹੈ। ਉਨ੍ਹਾਂ ਕਿਹਾ ਕਿ ਪਾਰਟੀ ਵਿੱਚ ਕਲੇਸ਼ ਕਾਰਨ ਵਿਧਾਨ ਸਭਾ ਚੋਣਾਂ ਵਿੱਚ ਮੁੱਖ ਮੰਤਰੀ ਦੇ ਚਿਹਰੇ ਤੋਂ ਬਿਨਾਂ ਲੜਨਾ ਚਾਹੁੰਦੇ ਹਨ।

### ਕੇਜਰੀਵਾਲ, ਸਿਸੋਦੀਆ ਤੇ ...

ਦਰਜ ਕਰ ਲਿਆ ਕਿ ਹੇਠਲੀ ਅਦਾਲਤ ਦਾ ਵਿਸਤ੍ਰਿਤ ਫੈਸਲਾ ਗਲਤ ਸੀ। ਹਾਈ ਕੋਰਟ ਨੇ ਜਾਂਚ ਅਧਿਕਾਰੀ ਦੇ ਖਿਲਾਫ਼ ਹੇਠਲੀ ਅਦਾਲਤ ਦੀਆਂ ਟਿੱਪਣੀਆਂ ਅਤੇ ਨਿਰਦੇਸ਼ਾਂ 'ਤੇ ਵੀ ਰੋਕ ਲਗਾ ਦਿੱਤੀ। ਇਨ੍ਹਾਂ ਵਿੱਚ ਸੰਭਾਵੀ ਵਿਭਾਗੀ ਕਾਰਵਾਈ ਨਾਲ ਸਬੰਧਤ ਨਿਰਦੇਸ਼ ਵੀ ਸ਼ਾਮਲ ਸਨ, ਜਦੋਂ ਕਿ ਸੀ ਬੀ ਆਈ ਨੇ ਸਿਰਫ ਸੀਮਤ ਰੋਕ ਦੀ ਮੰਗ ਕੀਤੀ ਸੀ।

ਕੇਜਰੀਵਾਲ ਨੇ ਦੱਸਿਆ ਕਿ ਹਾਈ ਕੋਰਟ ਨੇ ਸੰਬੰਧਤ ਇਨਫੋਰਸਮੈਂਟ ਡਾਇਰੈਕਟੋਰੇਟ (ਈ ਡੀ) ਮਾਮਲੇ ਦੀ ਸੁਣਵਾਈ ਕਰ ਰਹੀ ਹੇਠਲੀ ਅਦਾਲਤ ਨੂੰ ਵੀ ਕਾਰਵਾਈ ਮੁਲਤਵੀ ਕਰਨ ਦਾ ਨਿਰਦੇਸ਼ ਦਿੱਤਾ। ਇਹ ਨਿਰਦੇਸ਼ ਉਦੋਂ ਤੱਕ ਲਈ ਹੈ, ਜਦੋਂ ਤੱਕ ਹਾਈ ਕੋਰਟ ਸੀਬੀਆਈ ਦੀ ਰਵੀਜ਼ਨ ਪਟੀਸ਼ਨ 'ਤੇ ਵਿਚਾਰ ਨਹੀਂ ਕਰ ਲੈਂਦੀ। ਪੱਤਰ ਵਿੱਚ ਕਿਹਾ ਗਿਆ ਹੈ ਕਿ ਈ ਡੀ ਰਵੀਜ਼ਨ ਕਾਰਵਾਈ ਵਿੱਚ ਕੋਈ ਧਿਰ ਨਹੀਂ ਸੀ ਅਤੇ ਸੀ ਬੀ ਆਈ ਨੇ ਵੀ ਅਜਿਹੀ ਕੋਈ ਰਾਹਤ ਨਹੀਂ ਮੰਗੀ ਸੀ।ਪੱਤਰ ਵਿੱਚ ਤਰਕ ਦਿੱਤਾ ਗਿਆ ਹੈ ਕਿ ਬਰੀ ਕੀਤੇ ਗਏ ਮੁਲਜ਼ਮਾਂ ਨੂੰ ਸੁਣੇ ਬਿਨਾਂ ਸ਼ੁਰੂਆਤੀ ਪੜਾਅ 'ਤੇ ਅਜਿਹੇ ਨਿਰਦੇਸ਼ ਜਾਰੀ ਕਰਨਾ ਚਿੰਤਾ ਪੈਦਾ ਕਰਦਾ ਹੈ। ਇਸ ਨਾਲ ਇਹ ਸਵਾਲ ਉਠਦਾ ਹੈ ਕਿ ਕੀ ਰਵੀਜ਼ਨ ਪਟੀਸ਼ਨ ਦੀ ਜਾਂਚ ਲੋੜੀਂਦੀ ਨਿਆਂਇਕ ਨਿਰਪੱਖਤਾ ਨਾਲ ਕੀਤੀ ਜਾਵੇਗੀ। ਇਸ ਵਿੱਚ ਇਹ ਵੀ ਜ਼ਿਕਰ ਕੀਤਾ ਗਿਆ ਹੈ ਕਿ ਇਸ ਮਾਮਲੇ ਵਿੱਚ ਕਈ ਚਾਰਜਸ਼ੀਟਾਂ ਅਤੇ 23 ਮੁਲਜ਼ਮ ਸ਼ਾਮਲ ਹਨ, ਇਸ ਦੇ ਬਾਵਜੂਦ ਜਵਾਬ ਦਾਇਰ ਕਰਨ ਲਈ ਸਿਰਫ਼ ਇੱਕ ਹਫ਼ਤੇ ਦਾ ਸਮਾਂ ਦਿੱਤਾ ਗਿਆ। ਪੱਤਰ ਵਿੱਚ ਇਸ ਨੂੰ ਏਨੇ ਵੱਡੇ ਮਾਮਲੇ ਵਿੱਚ ਅਸਧਾਰਨ ਕਾਹਲੀ ਦੱਸਿਆ ਗਿਆ ਹੈ।ਅਰਵਿੰਦ ਕੇਜਰੀਵਾਲ ਨੇ ਕਿਹਾ ਕਿ ਇਸੇ ਬੈਂਚ ਨੇ ਪਹਿਲਾਂ ਆਬਕਾਰੀ ਨੀਤੀ ਮਾਮਲੇ ਨਾਲ ਜੁੜੇ ਕਈ ਕੇਸਾਂ 'ਤੇ ਫੈਸਲਾ ਸੁਣਾਇਆ ਸੀ। ਇਨ੍ਹਾਂ ਵਿੱਚ ਸੰਜੇ ਸਿੰਘ, ਅਰਵਿੰਦ ਕੇਜਰੀਵਾਲ, ਅਮਨਦੀਪ ਸਿੰਘ ਢੱਲ, ਕੇ. ਕਵਿਤਾ ਅਤੇ ਮਨੀਸ਼ ਸਿਸੋਦੀਆ ਦੀਆਂ ਜ਼ਮਾਨਤ ਪਟੀਸ਼ਨਾਂ ਸ਼ਾਮਲ ਹਨ। ਪੱਤਰ ਅਨੁਸਾਰ ਉਨ੍ਹਾਂ ਮਾਮਲਿਆਂ ਵਿੱਚ ਅਦਾਲਤ ਨੇ ਸਰਕਾਰੀ ਪੱਖ ਦੇ ਦੋਸ਼ਾਂ ਨੂੰ ਸਵੀਕਾਰ ਕਰਦੇ ਹੋਏ ਵਿਆਪਕ ਮੁੱਢਲੀਆਂ ਟਿੱਪਣੀਆਂ ਕੀਤੀਆਂ ਸਨ। ਇਨ੍ਹਾਂ ਵਿੱਚ ਸਰਕਾਰੀ ਗਵਾਹਾਂ ਦੇ ਬਿਆਨਾਂ 'ਤੇ ਭਰੋਸਾ ਕਰਨਾ, ਕਥਿਤ ਨੀਤੀਗਤ ਹੇਰਾਫੇਰੀ, ਕਥਿਤ ਰਿਸ਼ਵਤ ਅਤੇ ਮਨੀ ਟ੍ਰੇਲ ਦੀ ਅਣਹੋਂਦ ਨਾਲ ਸਬੰਧਤ ਮੁੱਦੇ ਸ਼ਾਮਲ ਸਨ।

ਪੱਤਰ ਵਿੱਚ ਇਹ ਵੀ ਦੱਸਿਆ ਗਿਆ ਹੈ ਕਿ ਹਾਲਾਂਕਿ ਇਨ੍ਹਾਂ ਵਿੱਚੋਂ ਕੁਝ ਮਾਮਲੇ ਈ ਡੀ ਦੀ ਕਾਰਵਾਈ ਤੋਂ ਪੈਦਾ ਹੋਏ ਸਨ, ਪਰ ਉਹ ਕਾਰਵਾਈਆਂ ਉਸੇ ਸੀ ਬੀ ਆਈ ਐੱਫ ਆਈ ਆਰ 'ਤੇ ਅਧਾਰਤ ਸਨ। ਉਨ੍ਹਾਂ ਵਿੱਚ ਉਹੀ ਬੁਨਿਆਦੀ ਦੋਸ਼ ਸ਼ਾਮਲ ਸਨ, ਜੋ ਹੁਣ ਬਰੀ ਕਰਨ ਦੇ ਹੁਕਮ ਦੇ ਖਿਲਾਫ਼ ਸੀ ਬੀ ਆਈ ਦੀ ਰਵੀਜ਼ਨ ਪਟੀਸ਼ਨ ਦੇ ਕੇਂਦਰ ਵਿੱਚ ਹਨ।

ਪੱਤਰ ਵਿੱਚ ਅੱਗੇ ਕਿਹਾ ਗਿਆ ਹੈ ਕਿ ਇਨ੍ਹਾਂ ਵਿੱਚੋਂ ਕਈ ਫੈਸਲਿਆਂ ਨੂੰ ਬਾਅਦ ਵਿੱਚ ਸੁਪਰੀਮ ਕੋਰਟ ਨੇ ਰੱਦ ਕਰ ਦਿੱਤਾ ਸੀ ਅਤੇ ਮੁਲਜ਼ਮਾਂ ਨੂੰ ਰਾਹਤ ਦਿੱਤੀ ਸੀ। ਪੱਤਰ ਅਨੁਸਾਰ, ਇਸ ਨਾਲ ਇਹ ਚਿੰਤਾ ਹੋਰ ਪੱਕੀ ਹੁੰਦੀ ਹੈ ਕਿ ਇਸੇ ਵਿਵਾਦ ਨਾਲ ਜੁੜੇ ਮਾਮਲਿਆਂ ਵਿੱਚ ਅਪਣਾਇਆ ਗਿਆ ਪਿਛਲਾ ਨਜ਼ਰੀਆ ਪਹਿਲਾਂ ਹੀ ਕਾਨੂੰਨੀ ਤੌਰ 'ਤੇ ਕਮਜ਼ੋਰ ਪਾਇਆ ਜਾ ਚੁੱਕਾ ਹੈ।

ਮਨੀਸ਼ ਸਿਸੋਦੀਆ ਨੇ ਸਪੱਸ਼ਟ ਕੀਤਾ ਕਿ ਤਬਾਦਲੇ ਦੀ ਬੇਨਤੀ ਜੱਜ ਦੇ ਖਿਲਾਫ਼ ਕਿਸੇ ਨਿੱਜੀ ਦੋਸ਼ 'ਤੇ ਅਧਾਰਤ ਨਹੀਂ। ਇਹ ਇਸ ਕਾਨੂੰਨੀ ਸਿਧਾਂਤ 'ਤੇ ਅਧਾਰਤ ਹੈ ਕਿ ਅਦਾਲਤਾਂ ਨੂੰ ਇਹ ਵੀ ਵਿਚਾਰ ਕਰਨਾ ਚਾਹੀਦਾ ਹੈ ਕਿ ਕੀ ਹਾਲਾਤ ਕਿਸੇ ਨਿਰਪੱਖ ਪੱਖਕਾਰ ਨੂੰ ਪੱਖਪਾਤ ਦੀ ਸੰਭਾਵਨਾ ਮਹਿਸੂਸ ਕਰਵਾ ਸਕਦੇ ਹਨ।

ਪੱਤਰ ਵਿੱਚ ਅਰਵਿੰਦ ਕੇਜਰੀਵਾਲ ਬਨਾਮ ਸੀ ਬੀ ਆਈ ਮਾਮਲੇ ਵਿੱਚ ਸੁਪਰੀਮ ਕੋਰਟ ਦੁਆਰਾ ਕੀਤੀਆਂ ਟਿੱਪਣੀਆਂ ਦਾ ਵੀ ਜ਼ਿਕਰ ਕੀਤਾ ਗਿਆ ਹੈ। ਉੱਥੇ ਅਦਾਲਤ ਨੇ ਉਨ੍ਹਾਂ ਦੀ ਗ੍ਰਿਫ਼ਤਾਰੀ ਦੇ ਸਮੇਂ 'ਤੇ ਸਵਾਲ ਉਠਾਏ ਸਨ। ਸੁਪਰੀਮ ਕੋਰਟ ਨੇ ਮੰਨਿਆ ਸੀ ਕਿ ਸੀ ਬੀ ਆਈ ਨੂੰ 22 ਮਹੀਨਿਆਂ ਤੱਕ ਉਨ੍ਹਾਂ ਨੂੰ ਗ੍ਰਿਫ਼ਤਾਰ ਕਰਨਾ ਜ਼ਰੂਰੀ ਨਹੀਂ ਲੱਗਾ ਸੀ। ਜਦੋਂ ਈਡੀ ਮਾਮਲੇ ਵਿੱਚ ਉਨ੍ਹਾਂ ਨੂੰ ਰਿਹਾਅ ਕੀਤਾ ਜਾਣ ਵਾਲਾ ਸੀ, ਉਦੋਂ ਅਚਾਨਕ ਉਨ੍ਹਾਂ ਨੂੰ ਗ੍ਰਿਫ਼ਤਾਰ ਕਰਨ ਦੀ ਕਾਹਲੀ ਕਾਫ਼ੀ ਸ਼ੱਕੀ ਲੱਗਦੀ ਹੈ।

ਸੁਪਰੀਮ ਕੋਰਟ ਨੇ ਇਸ ਗੱਲ 'ਤੇ ਵੀ ਜ਼ੋਰ ਦਿੱਤਾ ਕਿ ਜਾਂਚ ਨਿਰਪੱਖ ਅਤੇ ਪਾਰਦਰਸ਼ੀ ਹੋਣੀ ਚਾਹੀਦੀ ਹੈ। ਅਦਾਲਤ ਨੇ ਕਿਹਾ ਸੀ ਕਿ ਸੀ ਬੀ ਆਈ ਨੂੰ ਨਾ ਸਿਰਫ ਨਿਰਪੱਖ ਹੋਣਾ ਚਾਹੀਦਾ ਹੈ, ਬਲਕਿ ਨਿਰਪੱਖ ਦਿਖਣਾ ਵੀ ਚਾਹੀਦਾ ਹੈ। ਕਾਨੂੰਨ ਦੇ ਰਾਜ ਵਾਲੇ ਲੋਕਤੰਤਰ ਵਿੱਚ ਜਨਤਾ ਦੀ ਰਾਏ ਇੱਕ ਮਹੱਤਵਪੂਰਨ ਭੂਮਿਕਾ ਨਿਭਾਉਂਦੀ ਹੈ।ਬਿਨੈਕਾਰਾਂ ਨੇ ਕਿਹਾ ਕਿ ਤਬਾਦਲੇ ਦੀ ਬੇਨਤੀ ਦਾ ਉਦੇਸ਼ ਇਹ ਯਕੀਨੀ ਬਣਾਉਣਾ ਹੈ ਕਿ ਮਾਮਲੇ ਦੀ ਸੁਣਵਾਈ ਨਿਰਪੱਖਤਾ ਨਾਲ ਹੋਵੇ। ਨਿਆਂ ਪ੍ਰਣਾਲੀ ਵਿੱਚ ਜਨਤਾ ਦਾ ਵਿਸ਼ਵਾਸ ਬਣਾਈ ਰੱਖਣਾ ਵੀ ਇਸ ਦਾ ਉਦੇਸ਼ ਹੈ। ਉਨ੍ਹਾ ਕਿਹਾ ਕਿ ਕਾਰਜ-ਸੂਚੀ (ਰੋਸਟਰ) ਦੇ ਮੁਖੀ ਵਜੋਂ ਮੁੱਖ ਜੱਜ ਕੋਲ ਮਾਮਲਿਆਂ ਦੀ ਵੰਡ ਕਰਨ ਅਤੇ ਉਨ੍ਹਾਂ ਨੂੰ ਉਚਿਤ ਬੈਂਚਾਂ ਨੂੰ ਸੌਂਪਣ ਦਾ ਅਧਿਕਾਰ ਹੈ। ਆਪਣੀ ਬੇਨਤੀ ਵਿੱਚ ਅਰਵਿੰਦ ਕੇਜਰੀਵਾਲ ਨੇ ਨਿਆਂ ਦੇ ਹਿੱਤ ਵਿੱਚ ਸੀ ਬੀ ਆਈ ਬਨਾਮ ਕੁਲਦੀਪ ਸਿੰਘ ਅਤੇ ਹੋਰ ਰਵੀਜ਼ਨ ਪਟੀਸ਼ਨ ਨੂੰ ਟ੍ਰਾਂਸਫਰ ਕਰਨ ਦੀ ਅਪੀਲ ਕੀਤੀ। ਉਨ੍ਹਾ ਨਿਆਂ ਪ੍ਰਕਿਰਿਆ ਦੀ ਨਿਰਪੱਖਤਾ ਵਿੱਚ ਵਿਸ਼ਵਾਸ ਬਣਾਈ ਰੱਖਣ ਲਈ ਮਾਮਲੇ ਨੂੰ ਜਸਟਿਸ ਸਵਰਨ ਕਾਂਤਾ ਸ਼ਰਮਾ ਦੀ ਅਦਾਲਤ ਤੋਂ ਕਿਸੇ ਹੋਰ ਉਚਿਤ ਬੈਂਚ ਵਿੱਚ ਤਬਦੀਲ ਕਰਨ ਦੀ ਮੰਗ ਕੀਤੀ ਹੈ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Printer, Publisher and Editor : **Chand Singh @ Chand Fatehpuri** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.
ਪ੍ਰਕਾਸ਼ਕ, ਛਾਪਕ ਤੇ ਸੰਪਾਦਕ : **ਚੰਦ ਸਿੰਘ ਉਰਫ ਚੰਦ ਫਤਿਹਪੁਰੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ।
ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

## ਆਰਟੀਓ ਦਫ਼ਤਰ 'ਚ ਲੋਕ ਹੋ ਰਹੇ ਪਰੇਸ਼ਾਨ : ਅਨੁਜ ਖੇਮਕਾ



ਛੇਹਰਟਾ, (ਮਨੋਜ ਕੁਮਾਰ)-ਰਾਸ਼ਟਰੀ ਹਿੰਦੂ ਚੇਤਨਾ ਮੰਚ ਪੰਜਾਬ ਦੇ ਪ੍ਰਧਾਨ ਤੇ ਸਮਾਜ ਸੇਵਕ ਅਨੁਜ ਖੇਮਕਾ ਨੇ ਕਿਹਾ ਹੈ ਕਿ ਆਰ. ਟੀ. ਓ. ਦਫ਼ਤਰ ਦੇ ਇਕ ਮੁਲਾਜ਼ਮ ਦੀ ਕਾਰਗੁਜ਼ਾਰੀ ਕਾਰਨ ਲੋਕ ਬਹੁਤ ਪਰੇਸ਼ਾਨ ਹਨ। ਉਨ੍ਹਾਂ ਦੱਸਿਆ ਕਿ ਇਸ ਸਬੰਧੀ ਇਕ ਸ਼ਿਕਾਇਤ ਮੁੱਖ ਮੰਤਰੀ ਭਗਵੰਤ ਮਾਨ ਨੂੰ ਭੇਜੀ ਗਈ ਹੈ। ਉਨ੍ਹਾਂ ਕਿਹਾ ਕਿ ਉਹ ਜਲਦੀ ਹੀ ਇਸ ਸਬੰਧ ਵਿਚ ਜਲਦੀ ਹੀ ਆਰ. ਟੀ. ਓ. ਅੰਮ੍ਰਿਤਸਰ ਨੂੰ ਵੀ ਮਿਲਣਗੇ।

## ਰੋਟੇਰੀਅਨ ਐੱਚ ਐੱਸ ਜੋਗੀ ਦੇ ਗਵਰਨਰ ਚੁਣੇ ਜਾਣ 'ਤੇ ਰੋਟਰੀ ਕਲੱਬਾਂ ਦੇ ਮੈਂਬਰਾਂ 'ਚ ਖੁਸ਼ੀ ਦੀ ਲਹਿਰ



ਅੰਮ੍ਰਿਤਸਰ (ਅਰੋੜਾ): ਰੋਟਰੀ ਇੰਟਰਨੈਸ਼ਨਲ ਵੱਲੋਂ ਨਿਰਧਾਰਿਤ ਨਿਯਮਾਂ ਦੇ ਅਨੁਸਾਰ ਹਰੇਕ ਰੋਟਰੀ ਦੇ ਗਵਰਨਰ ਦੀ ਚੋਣ ਦੋ ਸਾਲ ਪਹਿਲਾਂ ਹੋਣ ਦੀ ਪ੍ਰਥਾ ਹੈ। ਇਸੇ ਪ੍ਰਥਾ ਦੇ ਚੱਲਦੇ ਰੋਟਰੀ 3070 ਦੇ ਗਵਰਨਰ ਦੀ ਚੋਣ ਪੰਜਾਬ, ਹਿਮਾਚਲ, ਜੇ ਐਂਡ ਕੇ ਦੀਆਂ ਰੋਟਰੀ ਕਲੱਬਾਂ ਵੱਲੋਂ ਕੀਤੀ ਗਈ।ਇਹ ਚੋਣ ਸਾਰੇ ਰਾਜਾਂ ਦੇ ਅਹੁਦੇਦਾਰਾਂ ਵੱਲੋਂ ਜਲੰਧਰ ਕਾਨਫਰੰਸ ਵਿੱਚ ਕੀਤਾ ਗਿਆ।ਇਸ ਚੋਣ ਵਿੱਚ ਅੰਮ੍ਰਿਤਸਰ ਰੋਟਰੀ ਕਲੱਬ ਆਸਥਾ ਦੇ ਚਾਰਟਰਡ ਪ੍ਰਧਾਨ ਅਤੇ ਰੋਟਰੀ 3070 ਦੇ ਜ਼ਿਲ੍ਹਾ ਸਕੱਤਰ ਸੀਨੀਅਰ ਰੋਏਰੀਅਨ ਐੱਚ. ਐੱਸ ਜੋਗੀ ਨੂੰ ਆਉਣ ਵਾਲੇ ਜ਼ਿਲ੍ਹਾ ਗਰਵਨਰ ਨਿਯੁਕਤ ਕੀਤਾ ਗਿਆ।ਜੋਗੀ ਦੇ ਆਉਣ ਵਾਲੇ ਗਵਰਨਰ ਚੁਣੇ ਜਾਣ ਤੇ ਰੋਟਰੀ ਕਲੱਬ ਅੰਮ੍ਰਿਤਸਰ ਆਸਥਾ ਦੇ ਸਾਰੇ ਮੈਂਬਰ, ਰੋਟਰੀ ਕਲੱਬ ਨਾਰਥ ਦੇ ਸਾਰੇ ਮੈਂਬਰ ਅਤੇ ਨਗਰ ਦੀ ਹਰੇਕ ਰੋਟਰੀ ਕਲੱਬ ਦੇ ਮੈਂਬਰਾਂ ਵੱਲੋਂ ਉਨ੍ਹਾਂ ਨੂੰ ਮੁਬਾਰਕਬਾਦ ਦਿੱਤੀ ਗਈ।

## ਮੁੱਖ ਮੰਤਰੀ ਦੇ ਨਾਂਅ ਡਿਪਟੀ ਸੀਈਓ ਨੂੰ ਸੌਂਪਿਆ ਮੰਗ ਪੱਤਰ



ਅੰਮ੍ਰਿਤਸਰ (ਜਗਦੀਸ਼ ਕਮਲੇਸ਼)-ਰੂਰਲ ਹੈਲਥ ਫਾਰਮੇਸੀ ਆਫੀਸਰਜ਼ ਐਸੋਸੀਏਸ਼ਨ ਦੀ ਸੂਬਾ ਪੱਧਰੀ ਮੀਟਿੰਗ ਵਿੱਚ ਫੈਸਲਾ ਲਿਆ ਗਿਆ ਕਿ ਸਰਕਾਰ ਲੰਬੇ ਸਮੇਂ ਤੋਂ ਇਨ੍ਹਾਂ ਮੁਲਾਜ਼ਮਾਂ ਦੀਆਂ ਜਾਇਜ਼ ਮੰਗਾਂ ਨੂੰ ਨਜ਼ਰਅੰਦਾਜ਼ ਕਰਕੇ ਅਤੇ ਉਨ੍ਹਾਂ ਨਾਲ ਕੀਤੇ ਵਾਅਦੇ ਪੂਰੇ ਨਾ ਕਰਕੇ ਧੋਖਾ ਕਰ ਰਹੀ ਹੈ।ਸਰਕਾਰ ਨੇ ਸ਼ੁਰੂ ਵਿੱਚ ਸਰਕਾਰ ਬਣਨ 'ਤੇ ਇਨ੍ਹਾਂ ਮੁਲਾਜ਼ਮਾਂ ਨੂੰ ਰੈਗੂਲਰ ਕਰਨ ਦਾ ਵਾਅਦਾ ਕੀਤਾ ਸੀ, ਪਰ ਚਾਰ ਸਾਲ ਬਾਅਦ ਵੀ ਸਰਕਾਰ ਇਨ੍ਹਾਂ ਨੂੰ ਅਣਗੌਲਿਆ ਕਰ ਰਹੀ ਹੈ ਅਤੇ ਘਟੀਆ ਨੀਤੀਆਂ ਰਾਹੀਂ ਉਨ੍ਹਾਂ ਦਾ ਭਵਿੱਖ ਬਰਬਾਦ ਕਰ ਰਹੀ ਹੈ।ਜਦੋਂ ਕਿ ਹਾਈ ਕੋਰਟ ਦੇ ਹੁਕਮਾਂ ਵਿੱਚ ਇਨ੍ਹਾਂ ਮੁਲਾਜ਼ਮਾਂ ਨੂੰ 45,000 ਤੋਂ 50,000 ਰੁਪਏ ਤਨਖਾਹ ਮਿਲਣੀ ਲਾਜ਼ਮੀ ਸੀ। ਇਹ ਸਰਕਾਰ 20 ਸਾਲਾਂ ਦੇ ਤਜਰਬੇ ਵਾਲੇ ਇਨ੍ਹਾਂ ਮੁਲਾਜ਼ਮਾਂ ਨੂੰ ਸਿਰਫ਼ 20,000 ਰੁਪਏ ਪ੍ਰਤੀ ਮਹੀਨਾ ਦੇ ਕੇ ਉਨ੍ਹਾਂ ਦਾ ਵਿੱਤੀ ਅਤੇ ਮਾਨਸਿਕ ਸ਼ੋਸ਼ਣ ਕਰ ਰਹੀ ਹੈ।ਯੂਨੀਅਨ ਦੇ ਪ੍ਰਧਾਨ ਕਮਲਜੀਤ ਸਿੰਘ ਚੌਹਾਨ ਨੇ ਕਿਹਾ ਕਿ ਸੰਗਠਨ ਨੇ ਹੁਣ ਆਪਣੀਆਂ ਮੰਗਾਂ ਨੂੰ ਅੱਗੇ ਵਧਾਉਣ ਦਾ ਫੈਸਲਾ ਕੀਤਾ ਹੈ। ਮੁਲਾਜ਼ਮਾਂ ਨੇ ਆਪਣੇ ਸੂਬਾਈ ਪ੍ਰਧਾਨ ਕਮਲਜੀਤ ਸਿੰਘ, ਜ਼ਿਲ੍ਹਾ ਪ੍ਰਧਾਨ ਗੁਰਦੀਪ ਸਿੰਘ ਕਲੇਰ ਅਤੇ ਗ੍ਰੇਡ ਚਾਰ ਦੇ ਪ੍ਰਧਾਨ ਨਵਤੇਜ ਸਿੰਘ ਦੇ ਨਾਲ ਪੰਜਾਬ ਦੇ ਮੁੱਖ ਮੰਤਰੀ ਦੇ ਨਾਮ ਡਿਪਟੀ ਕਮਿਸ਼ਨਰ ਆਫ਼ ਪੁਲਸ (ਡੀਸੀ) ਨੂੰ ਇੱਕ ਮੰਗ ਪੱਤਰ ਸੌਂਪਿਆ, ਜਿਸ ਵਿੱਚ ਸਰਕਾਰ ਨੂੰ ਉਨ੍ਹਾਂ ਦੀਆਂ ਮੰਗਾਂ ਸੁਣਨ ਅਤੇ ਲਾਗੂ ਕਰਨ ਦੀ ਅਪੀਲ ਕੀਤੀ ਗਈ।ਨਹੀਂ ਤਾਂ 16 ਮਾਰਚ ਨੂੰ ਡਾਇਰੈਕਟਰ ਦਫ਼ਤਰ, ਵਿਕਾਸ ਭਵਨ, ਮੋਹਾਲੀ ਵਿਖੇ ਇੱਕ ਵਿਸ਼ਾਲ ਰੈਲੀ ਕੀਤੀ ਜਾਵੇਗੀ ਅਤੇ ਪੰਜਾਬ ਸਰਕਾਰ ਵਿਰੁੱਧ ਇੱਕ ਵੱਡਾ ਵਿਰੋਧ ਪ੍ਰਦਰਸ਼ਨ ਕੀਤਾ ਜਾਵੇਗਾ।ਇਸ ਮੌਕੇ ਸੁਖਜਿੰਦਰ ਸਿੰਘ, ਮਨੀਸ਼ ਸ਼ਰਮਾ, ਮਨਜਿੰਦਰ ਸਿੰਘ, ਬਲਜੀਤ ਸਿੰਘ, ਜਗਰੂਪ ਕੌਰ, ਹਰਪ੍ਰੀਤ ਕੌਰ, ਰੁਪਿੰਦਰਬੀਰ ਕੌਰ, ਰਵਦੀਪ ਸਿੰਘ, ਸੁਖਦੇਵ ਸਿੰਘ ਜੱਬੋਵਾਲ, ਅਮਿਤ ਕੁਮਾਰ ਆਦਿ ਮੌਜੂਦ ਸਨ।

## ਸਨਮਾਨ ਨਿਧੀ ਯੋਜਨਾ ਦਾ ਲਾਭ ਲੈਣ ਲਈ ਫਾਰਮਰ ਆਈ ਡੀ ਬਣਾਉਣਾ ਲਾਜ਼ਮੀ: ਮੁੱਖ ਖੇਤੀਬਾੜੀ ਅਫ਼ਸਰ



ਪੱਟੀ,(ਬਲਦੇਵ ਸਿੰਘ ਸੰਧੂ)- ਮੁੱਖ ਖੇਤੀਬਾੜੀ ਅਫ਼ਸਰ ਤਰਨ ਤਾਰਨ ਡਾ. ਤੇਜਬੀਰ ਸਿੰਘ ਭੰਗੂ ਨੇ ਜ਼ਿਲ੍ਹੇ ਦੇ ਕਿਸਾਨਾਂ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਕਿ ਪ੍ਰਧਾਨ ਮੰਤਰੀ ਕਿਸਾਨ ਸਨਮਾਨ ਨਿਧੀ ਯੋਜਨਾ ਦਾ ਲਾਭ ਲੈ ਰਹੇ ਹਰੇਕ ਕਿਸਾਨ ਲਈ ਐਗਰੀਸਟੈਕ ਦੇ ਆਨਲਾਈਨ ਪੋਰਟਲ ਤੇ ਫਾਰਮਰ ਰਜਿਸਟਰੀ ਤਹਿਤ ਰਜਿਸਟਰ ਹੋ ਕੇ ਆਪਣੀ ਫਾਰਮਰ ਆਈ.ਡੀ ਬਣਾਉਣਾ ਲਾਜ਼ਮੀ ਹੈ।ਉਨ੍ਹਾਂ ਦੱਸਿਆ ਕਿ ਫਾਰਮਰ ਰਜਿਸਟਰੀ ਦਾ ਮੁੱਖ ਉਦੇਸ਼ ਕਿਸਾਨਾਂ ਦਾ ਕੇਂਦਰੀ ਡਾਟਾ ਬੇਸ ਬਣਾਉਣਾ ਹੈ ਤਾਂ ਜੋ ਸਰਕਾਰੀ ਸਹਾਇਤਾ ਸਿੱਧੇ ਅਤੇ ਪਾਰਦਰਸ਼ੀ ਢੰਗ ਨਾਲ ਅਸਲ ਲਾਭਪਾਤਰੀਆਂ ਤੱਕ ਪਹੁੰਚਾਈ ਜਾ ਸਕੇ।ਉਨ੍ਹਾਂ ਦੱਸਿਆ ਕਿ ਵਿਭਾਗ ਵੱਲੋਂ ਇਹ ਸਪੱਸ਼ਟ ਕੀਤਾ ਗਿਆ ਹੈ ਕਿ ਭਵਿੱਖ ਵਿਚ ਕੇਵਲ ਉਨ੍ਹਾਂ ਹੀ ਕਿਸਾਨਾਂ ਨੂੰ ਪ੍ਰਧਾਨ ਮੰਤਰੀ ਕਿਸਾਨ ਸਨਮਾਨ ਨਿਧੀ ਯੋਜਨਾ ਤਹਿਤ ਮਿਲਣ ਵਾਲੀਆਂ ਵਿੱਤੀ ਕਿਸ਼ਤਾਂ ਜਾਰੀ ਕੀਤੀਆਂ ਜਾਣਗੀਆਂ, ਜਿਨ੍ਹਾਂ ਨੇ ਆਪਣੀ ਫਾਰਮਰ ਆਈਡੀ ਬਣਵਾ ਲਈ ਹੋਵੇਗੀ।ਇਸ ਰਜਿਸਟ੍ਰੇਸ਼ਨ ਪ੍ਰਕਿਰਿਆ ਦੌਰਾਨ ਹਰੇਕ ਲਾਭਪਾਤਰੀ ਕਿਸਾਨ ਨੂੰ ਇਕ ਵਿਲੱਖਣ ਕਿਸਾਨ ਆਈਡੀ ਜਾਰੀ ਕੀਤੀ ਜਾਵੇਗੀ।ਇਸ ਕਿਸਾਨ ਆਈਡੀ ਨੂੰ ਕਿਸਾਨ ਦੇ ਮੌਜੂਦਾ ਪੀ. ਐੱਮ. ਕਿਸਾਨ ਖਾਤੇ ਨਾਲ ਲਿੰਕ ਕੀਤਾ ਜਾਵੇਗਾ, ਜਿਸ ਨਾਲ ਕਿਸਾਨ ਦੀ ਪਹਿਚਾਣ ਅਤੇ ਜ਼ਮੀਨੀ ਰਿਕਾਰਡ ਤਸਦੀਕ ਕਰਨਾ ਆਸਾਨ ਹੋਵੇਗਾ।ਡਾ. ਤੇਜਬੀਰ ਸਿੰਘ ਭੰਗੂ ਨੇ ਕਿਹਾ ਕਿ ਜਿਨ੍ਹਾਂ ਕਿਸਾਨਾਂ ਵੱਲੋਂ ਇਹ ਰਜਿਸਟ੍ਰੇਸ਼ਨ ਨਹੀਂ ਕਰਵਾਈ ਜਾਵੇਗੀ, ਉਨ੍ਹਾਂ ਕਿਸਾਨਾਂ ਦੀਆਂ ਪੀ. ਐੱਮ. ਕਿਸਾਨ ਦੀਆਂ ਸਾਰੀਆਂ ਕਿਸ਼ਤਾਂ ਭਵਿੱਖ ਵਿੱਚ ਰੁਕ ਸਕਦੀਆਂ ਹਨ।

## ਕ੍ਰਿਸ਼ੀ ਵਿਗਿਆਨ ਕੇਂਦਰ ਨਾਗ ਕਲਾਂ ਵਿਖੇ ਸਾਉਣੀ ਦੀਆਂ ਫਸਲਾਂ ਲਈ ਕਿਸਾਨ ਮੇਲਿਆਂ ਦੀ ਸ਼ੁਰੂਆਤ



ਮਜੀਠਾ (ਸੋਇਮ ਆਨੰਦ)-ਪੀ. ਏ. ਯੂ. ਦੇ ਸਾਉਣੀ ਦੀਆਂ ਫਸਲਾਂ ਲਈ ਕਿਸਾਨ ਮੇਲਿਆਂ ਦੇ ਸਿਲਸਿਲੇ ਵਿਚ ਕ੍ਰਿਸ਼ੀ ਵਿਗਿਆਨ ਕੇਂਦਰ ਨਾਗ ਕਲਾਂ, ਅੰਮ੍ਰਿਤਸਰ ਵਿਖੇ ਕਿਸਾਨ ਮੇਲਾ ਲਗਾਇਆ ਗਿਆ।ਇਸ ਮੇਲੇ ਦੀ ਪ੍ਰਧਾਨਗੀ ਪੀ.ਏ.ਯੂ. ਦੇ ਵਾਈਸ ਚਾਂਸਲਰ ਡਾ. ਸਤਿਬੀਰ ਸਿੰਘ ਗੋਸਲ ਨੇ ਕੀਤੀ।ਇਸ ਮੇਲੇ ਵਿਚ ਐੱਸ. ਡੀ. ਐੱਮ. ਮਜੀਠਾ ਰਜਨੀਸ਼ ਅਰੋੜਾ ਵਿਸ਼ੇਸ਼ ਤੌਰ 'ਤੇ ਸ਼ਾਮਿਲ ਹੋਏ।ਇਸ ਤੋਂ ਇਲਾਵਾ ਨਿਰਦੇਸ਼ਕ ਖੋਜ ਡਾ. ਅਜਮੇਰ ਸਿੰਘ ਢੱਟ, ਨਿਰਦੇਸ਼ਕ ਪਸਾਰ ਸਿੱਖਿਆ ਡਾ ਮੱਖਣ ਸਿੰਘ ਭੁੱਲਰ, ਉਪ ਨਿਰਦੇਸ਼ਕ ਬਾਗਬਾਨੀ ਡਾ ਜਤਿੰਦਰ ਸਿੰਘ ਅਤੇ ਯੂਨੀਵਰਸਿਟੀ ਉਚ ਅਧਿਕਾਰੀ ਵੀ ਮੰਚ ਤੇ ਮੌਜੂਦ ਸਨ।ਇਸ ਮੌਕੇ ਵਾਈਸ ਚਾਂਸਲਰ ਡਾ. ਸਤਿਬੀਰ ਸਿੰਘ ਗੋਸਲ ਨੇ ਸੰਬੋਧਨ ਕਰਦਿਆਂ ਕਿਹਾ ਕਿ ਇਹ ਮੇਲੇ ਕਿਸਾਨਾਂ ਤੋਂ ਮਾਹਿਰਾਂ ਦੇ ਸਿੱਖਣ ਅਤੇ ਉਨ੍ਹਾਂ ਨੂੰ ਸਿਖਾਉਣ ਦਾ ਮੌਕਾ ਵੀ ਹਨ।ਉਨ੍ਹਾਂ ਕਿਹਾ ਕਿ ਯੂਨੀਵਰਸਿਟੀ ਨੇ ਇਨ੍ਹਾਂ ਮੇਲਿਆਂ ਦੀ ਸ਼ੁਰੂਆਤ ਕਰਕੇ ਦੇਸ਼ ਦੁਨੀਆਂ ਨੂੰ ਖੇਤੀ ਮਾਹਿਰਾਂ ਅਤੇ ਕਿਸਾਨਾਂ ਦੀ ਸਾਂਝ ਦਾ ਨਵਾਂ ਮਾਡਲ ਦਿੱਤਾ ਸੀ, ਜਿਸਦੀ ਪੈਰਵੀ ਅਨੇਕਾਂ ਸੰਸਥਾਵਾਂ ਨੇ ਬਾਅਦ ਵਿਚ ਕੀਤੀ ।ਇਨ੍ਹਾਂ ਮੇਲਿਆਂ ਵਿੱਚੋਂ ਅਣਗਿਣਤ ਕਿਸਾਨਾਂ ਨੇ ਖੇਤੀ ਵਿਗਿਆਨ ਦੀ ਚਿਣਗ ਲਈ ਅਤੇ ਅਗਾਂਹਵਧੂ ਖੇਤੀ ਕਰਕੇ ਪੰਜਾਬ ਨੂੰ ਇਸ ਖੇਤਰ ਦਾ ਸਿਰਕੱਢ ਸੂਬਾ ਬਣਾ ਦਿੱਤਾ।ਉਨ੍ਹਾਂ ਕਿਹਾ ਕਿ ਇਨ੍ਹਾਂ ਮੇਲਿਆਂ ਦਾ ਉਦੇਸ਼ ਖੇਤੀ ਵਿਭਿੰਨਤਾ ਅਪਨਾਓ, ਵਡਮੁੱਲਾ ਵਾਤਾਵਰਣ ਬਚਾਓ ਰੱਖਿਆ ਗਿਆ ਹੈ।ਇਸ ਦਾ ਮੁੱਖ ਮੰਤਵ ਕਿਸਾਨਾਂ ਨੂੰ ਕਣਕ ਝੋਨੇ ਦੇ ਫਸਲ ਦੀ ਥਾਂ ਬਦਲਵੀਆਂ ਫਸਲਾਂ, ਸਹਾਇਕ ਕਿੱਤਿਆਂ ਅਤੇ ਖੇਤੀ ਮੁਨਾਫਾ ਵਧਾਉਣ ਵਾਲੇ ਕਾਰੋਬਾਰ ਤਰੀਕਿਆਂ ਨਾਲ ਜੋੜਨਾ ਹੈ।

## ਕ੍ਰਿਕਟ ਐਸੋਸੀਏਸ਼ਨ ਪਠਾਨਕੋਟ ਵੱਲੋਂ ਮਹਿਲਾ ਕ੍ਰਿਕਟ ਟਰਾਇਲ 15 ਨੂੰ



ਪਠਾਨਕੋਟ (ਦਵਿੰਦਰ ਸਿੰਘ)-ਕ੍ਰਿਕਟ ਐਸੋਸੀਏਸ਼ਨ ਪਠਾਨਕੋਟ ਵੱਲੋਂ ਹਰ ਉਮਰ ਵਰਗ ਲਈ ਮਹਿਲਾ ਕ੍ਰਿਕਟ ਟਰਾਇਲ 15 ਮਾਰਚ ਨੂੰ ਸਵੇਰੇ 11:00 ਵਜੇ ਕ੍ਰਿਕਟ ਗ੍ਰਾਊਂਡ ਅਮਨ ਭੱਲਾ ਗਰੁੱਪ ਆਫ ਇੰਸਟੀਚਿਊਟਸ, ਕੋਟਲੀ (ਪਠਾਨਕੋਟ), ਭੋਆ ਰੋਡ, ਕੋਟਲੀ ਮੁਗਲਾਂ, ਪੰਜਾਬ ਵਿਖੇ ਕਰਵਾਏ ਜਾਣਗੇ।ਇਨ੍ਹਾਂ ਟਰਾਇਲਾਂ ਦਾ ਉਦੇਸ਼ ਜ਼ਿਲ੍ਹੇ ਦੀ ਪ੍ਰਤਿਭਾਸ਼ਾਲੀ ਮਹਿਲਾ ਕ੍ਰਿਕਟਰਾਂ ਦੀ ਪਹਿਚਾਣ ਕਰਨਾ, ਉਨ੍ਹਾਂ ਦੀ ਚੋਣ ਕਰਨਾ ਅਤੇ ਉਨ੍ਹਾਂ ਨੂੰ ਉੱਚ ਪੱਧਰ ਦੀਆਂ ਮੁਕਾਬਲਿਆਂ ਵਿੱਚ ਪਠਾਨਕੋਟ ਦੀ ਨੁਮਾਇੰਦਗੀ ਕਰਨ ਦੇ ਮੌਕੇ ਪ੍ਰਦਾਨ ਕਰਨਾ ਹੈ।ਅੰਡਰ-15 ਮਹਿਲਾ: 1 ਸਤੰਬਰ 2011 ਤੋਂ 31 ਅਗਸਤ 2014 ਦੇ ਵਿਚਕਾਰ ਜਨਮੀ ਖਿਡਾਰਨ ਅੰਡਰ-19 ਮਹਿਲਾ: ਖਿਡਾਰਨ ਦਾ ਜਨਮ 1 ਸਤੰਬਰ 2007 ਜਾਂ ਉਸ ਤੋਂ ਬਾਅਦ ਹੋਣਾ ਚਾਹੀਦਾ। ਸੀਨੀਅਰ ਮਹਿਲਾ ਦੀ ਕੋਈ ਉਮਰ ਸੀਮਾ ਨਹੀਂ ਹੈ।ਸਾਰੇ ਇੱਛੁਕ ਅਤੇ ਯੋਗ ਖਿਡਾਰਨਾਂ ਨੂੰ ਸਵੇਰੇ 10:30 ਵਜੇ ਤੱਕ ਮੈਦਾਨ ਵਿੱਚ ਪਹੁੰਚਣਾ ਹੋਵੇਗਾ ਕਿਉਂਕਿ ਟਰਾਇਲ ਸਵੇਰੇ 11:00 ਵਜੇ ਸਮੇਂ ਸਿਰ ਸ਼ੁਰੂ ਹੋਣਗੇ।ਸਭ ਖਿਡਾਰਨਾਂ ਨੂੰ ਸਫ਼ੈਦ ਕ੍ਰਿਕਟ ਯੂਨੀਫਾਰਮ ਪਹਿਨ ਕੇ ਆਉਣਾ ਹੋਵੇਗਾ ਅਤੇ ਆਪਣਾ ਨਿੱਜੀ ਕਿੱਟ ਬੈਗ ਨਾਲ ਲਿਆਉਣਾ ਲਾਜ਼ਮੀ ਹੈ।ਭਾਗ ਲੈਣ ਵਾਲੀਆਂ ਨੂੰ ਜਾਂਚ ਲਈ ਆਪਣਾ ਜਨਮ ਪ੍ਰਮਾਣ ਪੱਤਰ ਅਤੇ ਨਿਵਾਸ ਪ੍ਰਮਾਣ ਪੱਤਰ ਨਾਲ ਲਿਆਉਣਾ ਵੀ ਜ਼ਰੂਰੀ ਹੈ।ਸਕੱਤਰ ਸੰਨੀ ਮਹਾਜਨ ਨੇ ਕਿਹਾ ਕਿ ਕ੍ਰਿਕਟ ਐਸੋਸੀਏਸ਼ਨ ਪਠਾਨਕੋਟ ਖੇਤਰ ਦੇ ਉਭਰਦੇ ਕ੍ਰਿਕਟਰਾਂ ਨੂੰ ਉਤਸ਼ਾਹਿਤ ਕਰਨ ਲਈ ਨਿਯਮਿਤ ਟਰਾਇਲ, ਕੋਚਿੰਗ ਪ੍ਰੋਗਰਾਮ ਅਤੇ ਟੂਰਨਾਮੈਂਟ ਆਯੋਜਿਤ ਕਰਕੇ ਜ਼ਮੀਨੀ ਪੱਧਰ 'ਤੇ ਕ੍ਰਿਕਟ ਦੇ ਵਿਕਾਸ ਲਈ ਲਗਾਤਾਰ ਕੰਮ ਕਰ ਰਹੀ ਹੈ।



*ਅੱਡਾ ਝਬਾਲ ਵਿਖੇ ਬਾਬਾ ਵਰਿਆਮ ਸਿੰਘ ਦੀ ਭਾਂਡਿਆਂ ਦੀ ਦੁਕਾਨ 'ਤੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ, ਬੀਬੀ ਕੰਚਨਪ੍ਰੀਤ ਕੌਰ, ਗੌਰਵਦੀਪ ਸਿੰਘ ਵਲਟੋਹਾ ਨੂੰ ਸਨਮਾਨਿਤ ਕਰਦੇ ਹੋਏ ਬਾਬਾ ਵਰਿਆਮ ਸਿੰਘ ਝਬਾਲ, ਪੂਰਨ ਸਿੰਘ, ਸਾਬਕਾ ਚੇਅਰਮੈਨ ਗੁਰਬੀਰ ਸਿੰਘ, ਸਾਬਕਾ ਚੇਅਰਮੈਨ ਹਰਵੰਤ ਸਿੰਘ, ਸਾਬਕਾ ਸਰਪੰਚ ਮਨਜਿੰਦਰ ਸਿੰਘ ਐਮਾ, ਬਲਜਿੰਦਰ ਸਿੰਘ ਸੋਨੂੰ ਝਬਾਲ, ਸਿਮਰਨ ਧੁੰਨਾ, ਮਨਜਿੰਦਰ ਸਿੰਘ ਮੰਨਾ ਬੀੜ ਸਾਹਿਬ, ਵਰਿਆਮ ਸਿੰਘ ਫੌਜੀ ਮਾਲੂਵਾਲ, ਪੱਪੂ ਮਲਕ ਕਲਾਥ ਹਾਊਸ ਝਬਾਲ, ਬੀ. ਐੱਸ. ਟੇਲਰ, ਬਲਵਿੰਦਰ ਸਿੰਘ ਧੁੰਨਾ ਝਬਾਲ ਆਦਿ ।(ਫੋਟੋ ਤੇ ਵੇਰਵਾ: ਹਰਜਿੰਦਰ ਸਿੰਘ ਸੋਨੀ)*

## ਐੱਮ ਸੀ ਐੱਸ ਪਠਾਨਕੋਟ ਨੇ ਮਨਾਇਆ 'ਕਿੱਲਕਾਰੀ: ਦਿ ਗ੍ਰੈਜੂਏਸ਼ਨ ਗਾਲਾ'



ਪਠਾਨਕੋਟ (ਦਵਿੰਦਰ ਸਿੰਘ)-ਮੋਂਟੇਸਰੀ ਕੈਂਬਰਿਜ ਸਕੂਲ ਪਠਾਨਕੋਟ ਨੇ ਸਕੂਲ ਕੈਂਪਸ ਵਿੱਚ ਸੈਸ਼ਨ 2025-26 ਲਈ ਆਪਣਾ ਕਿੰਡਰਗਾਰਟਨ ਗ੍ਰੈਜੂਏਸ਼ਨ ਗਾਲਾ ਕਿਲਕਾਰੀ ਮਨਾਇਆ।ਇਹ ਸਮਾਗਮ ਮਾਣ ਅਤੇ ਭਾਵਨਾਵਾਂ ਨਾਲ ਭਰਿਆ ਇੱਕ ਮਹੱਤਵਪੂਰਨ ਮੋੜ ਸੀ ਕਿਉਂਕਿ ਨੰਨ੍ਹੇ ਸਿੱਖਿਆਰਥੀਆਂ ਨੇ ਆਪਣੀ ਬਾਲਵਾਟਿਕਾ ਦੀ ਯਾਤਰਾ ਪੂਰੀ ਕੀਤੀ ਅਤੇ ਆਪਣੇ ਅਕਾਦਮਿਕ ਜੀਵਨ ਦੇ ਅਗਲੇ ਪੜਾਅ ਵੱਲ ਕਦਮ ਵਧਾਉਣ ਲਈ ਤਿਆਰ ਹੋਏ।ਸਮਾਰੋਹ ਵਿੱਚ ਮੁੱਖ ਮਹਿਮਾਨ ਵਜੋਂ ਡਾ. ਸੌਰਭ ਸਿੰਘ ਠਾਕੁਰ, ਜੋ ਸਕੂਲ ਦੇ ਇੱਕ ਮਾਣਯੋਗ ਪੁਰਾਤਨ ਵਿਦਿਆਰਥੀ ਹਨ, ਨੇ ਸ਼ਿਰਕਤ ਕੀਤੀ।ਇਸ ਮੌਕੇ ਨੂੰ ਚੇਅਰਮੈਨ ਵਿਨੋਦ ਮਹਾਜਨ ਅਤੇ ਸੁਸ਼ਮਾ ਮਹਾਜਨ ਦੇ ਨਾਲ ਨਾਲ ਵਾਈਸ ਚੇਅਰਮੈਨ ਆਕਾਸ਼ ਮਹਾਜਨ ਅਤੇ ਰਾਹਤ ਮਹਾਜਨ ਦੀ ਮੌਜੂਦਗੀ ਨਾਲ ਹੋਰ ਵੀ ਮਾਣ ਮਿਲਿਆ।ਸਭਾ ਨੂੰ ਸੰਬੋਧਨ ਕਰਦੇ ਹੋਏ ਡਾ. ਸੌਰਭ ਸਿੰਘ ਠਾਕੁਰ ਨੇ ਸਕੂਲ ਵਿੱਚ ਬਿਤਾਏ ਆਪਣੇ ਦਿਨਾਂ ਦੀਆਂ ਦਿਲ ਨੂੰ ਛੂਹਣ ਵਾਲੀਆਂ ਯਾਦਾਂ ਸਾਂਝੀਆਂ ਕੀਤੀਆਂ।ਪ੍ਰਿੰਸੀਪਲ ਨੇ ਵੀ ਸਭਾ ਨੂੰ ਸੰਬੋਧਨ ਕੀਤਾ ਅਤੇ ਨੰਨ੍ਹੇ ਗ੍ਰੈਜੂਏਟਸ ਨੂੰ ਸਿੱਖਿਆ ਦੇ ਇਸ ਮਹੱਤਵਪੂਰਨ ਪੜਾਅ ਨੂੰ ਸਫਲਤਾਪੂਰਵਕ ਪੂਰਾ ਕਰਨ ਲਈ ਵਧਾਈ ਦਿੱਤੀ।ਉਨ੍ਹਾਂ ਨੇ ਅਧਿਆਪਕਾਂ ਅਤੇ ਮਾਪਿਆਂ ਦੀ ਵੀ ਸਰਾਹਨਾ ਕੀਤੀ, ਜਿਨ੍ਹਾਂ ਦੇ ਲਗਾਤਾਰ ਸਹਿਯੋਗ ਅਤੇ ਸਮਰਪਣ ਨੇ ਬੱਚਿਆਂ ਦੇ ਵਿਕਾਸ ਅਤੇ ਉਪਲਬਧੀਆਂ ਨੂੰ ਸੰਭਵ ਬਣਾਇਆ।ਨੰਨ੍ਹੇ ਕਲਾਕਾਰਾਂ ਨੇ ਆਪਣੇ ਸੁੰਦਰ ਨ੍ਰਿਤ ਪ੍ਰਦਰਸ਼ਨਾਂ ਨਾਲ ਸਭ ਨੂੰ ਮੋਹ ਲਿਆ ਅਤੇ ਮੰਚ 'ਤੇ ਭਰਪੂਰ ਆਤਮਵਿਸ਼ਵਾਸ ਅਤੇ ਉਤਸ਼ਾਹ ਦਿਖਾਇਆ।

ਕਿੰਡਰਗਾਰਟਨ ਗ੍ਰੈਜੂਏਸ਼ਨ ਗਾਲਾ ਕਿਲਕਾਰੀ ਖੁਸ਼ਗਵਾਰ ਮਾਹੌਲ ਵਿੱਚ ਸਮਾਪਤ ਹੋਇਆ ਅਤੇ ਵਿਦਿਆਰਥੀਆਂ, ਅਧਿਆਪਕਾਂ ਅਤੇ ਮਾਪਿਆਂ ਲਈ ਕਈ ਪਿਆਰੀਆਂ ਯਾਦਾਂ ਛੱਡ ਗਿਆ।ਇਸ ਸਮਾਗਮ ਨੇ ਨੌਜਵਾਨ ਮਨਾਂ ਨੂੰ ਸੰਵਾਰਨ ਅਤੇ ਉਨ੍ਹਾਂ ਦੇ ਚਮਕਦੇ ਭਵਿੱਖ ਲਈ ਮਜ਼ਬੂਤ ਨੀਂਹ ਰੱਖਣ ਲਈ ਮੋਂਟੇਸਰੀ ਕੈਂਬਰਿਜ ਸਕੂਲ

## ਸਾਥੀ ਬੂਟਾ ਸਿੰਘ ਦਾ ਵਿਛੋੜਾ ਅਸਹਿ: ਦੇਵੀ ਕੁਮਾਰੀ





ਤਰਨ ਤਾਰਨ (ਗਿਆਨ ਸੈਦਪੁਰੀ)-ਪਿਛਲੇ ਦਿਨੀਂ ਪੰਜਾਬ ਖੇਤ ਮਜ਼ਦੂਰ ਸਭਾ ਦੇ ਆਗੂ ਕਾਮਰੇਡ ਭੁਪਿੰਦਰ ਸਿੰਘ ਦਾ ਵੱਡਾ ਬੇਟਾ ਬੂਟਾ ਸਿੰਘ ਵਿਛੋੜਾ ਦੇ ਗਿਆ ਸੀ।ਬੂਟਾ ਸਿੰਘ ਦਾ ਭਰ ਜਵਾਨੀ ਵਿੱਚ ਚਲੇ ਜਾਣਾ ਜਿੱਥੇ ਪਰਿਵਾਰ ਲਈ ਅਸਹਿ ਦੁੱਖ ਦੀ ਘੜੀ ਹੈ, ਉੱਥੇ ਪੰਜਾਬ ਖੇਤ ਮਜ਼ਦੂਰ ਸਭਾ ਨੇ ਇੱਕ ਨੌਜਵਾਨ ਸਰਗਰਮ ਵਰਕਰ ਗੁਆ ਲਿਆ ਹੈ।ਉਨ੍ਹਾਂ ਦੇ ਪਿੰਡ ਸਰਹਾਲੀ ਕਲਾਂ ਵਿੱਚ ਸਾਥੀ ਬੂਟਾ ਸਿੰਘ ਨਮਿੱਤ ਸੁਖਮਨੀ ਸਾਹਿਬ ਦੇ ਪਾਠ ਦੇ ਭੋਗ ਪਾਏ ਗਏ।

ਇਸ ਮੌਕੇ ਵੱਖ-ਵੱਖ ਜਥੇਬੰਦੀਆਂ ਦੇ ਆਗੂਆਂ ਨੇ ਦੁਖੀ ਪਰਿਵਾਰ ਨਾਲ ਹਮਦਰਦੀ ਪ੍ਰਗਟ ਕਰਦਿਆਂ ਦੁੱਖ ਸਾਂਝਾ ਕੀਤਾ।ਇਸ ਮੌਕੇ ਪੰਜਾਬ ਖੇਤ ਮਜ਼ਦੂਰ ਸਭਾ ਦੇ ਜਨਰਲ ਸਕੱਤਰ ਕਾਮਰੇਡ ਦੇਵੀ ਕੁਮਾਰੀ ਸਰਹਾਲੀ ਕਲਾਂ ਨੇ ਕਿਹਾ ਕਿ ਵਿਛੋੜਾ ਦੇ ਗਏ ਬੂਟਾ ਸਿੰਘ ਦਾ ਪਰਿਵਾਰ ਲੰਮੇ ਸਮੇਂ ਤੋਂ ਸੀ. ਪੀ. ਆਈ. ਵਿੱਚ ਸਰਗਰਮ ਭੂਮਿਕਾ ਨਿਭਾਉਂਦਾ ਆ ਰਿਹਾ ਹੈ।ਬੂਟਾ ਸਿੰਘ ਦੇ ਦਾਦਾ ਕਾਮਰੇਡ ਕਰਤਾਰ ਸਿੰਘ ਕਈ ਸਾਲ ਸੀ. ਪੀ. ਆਈ. ਬਰਾਂਚ ਸਰਹਾਲੀ ਕਲਾਂ ਦੇ ਸਕੱਤਰ ਰਹੇ।ਇਸ ਵੇਲੇ ਵੀ ਕਾਮਰੇਡ ਭੁਪਿੰਦਰ ਸਿੰਘ, ਉਨ੍ਹਾਂ ਦਾ ਭਰਾ ਲਖਵਿੰਦਰ ਸਿੰਘ ਅਤੇ ਚਾਚਾ ਜਗੀਰ ਸਿੰਘ ਸੀ. ਪੀ. ਆਈ. ਅਤੇ ਪੰਜਾਬ ਖੇਤ ਮਜ਼ਦੂਰ ਸਭਾ ਵਿੱਚ ਸਰਗਰਮ ਭੂਮਿਕਾ ਨਿਭਾ ਰਹੇ ਹਨ।

ਕਾਮਰੇਡ ਦੇਵੀ ਕੁਮਾਰੀ ਨੇ ਪਰਿਵਾਰ ਨੂੰ ਵਿਸ਼ਵਾਸ ਦਿਵਾਇਆ ਕਿ ਪਾਰਟੀ ਅਤੇ ਸਭਾ ਹਮੇਸ਼ਾ ਉਨ੍ਹਾਂ ਦੇ ਦੁੱਖ-ਸੁੱਖ ਵਿੱਚ ਸਾਥ ਦੇਵੇਗੀ।ਇਸ ਮੌਕੇ ਪੰਜਾਬ ਖੇਤ ਮਜ਼ਦੂਰ ਸਭਾ ਦੇ ਜਨਰਲ ਸਕੱਤਰ ਕਾਮਰੇਡ ਸੁਖਦੇਵ ਸਿੰਘ ਕੋਟ ਧਰਮ ਚੰਦ ਕਲਾਂ, ਕਾਮਰੇਡ ਹੀਰਾ ਸਿੰਘ ਖਡੂਰ ਸਾਹਿਬ, ਕਾਮਰੇਡ ਸੁਖਵਿੰਦਰ ਕੌਰ, ਕਾਮਰੇਡ ਬਲਜਿੰਦਰ ਕੌਰ ਸਰਹਾਲੀ ਕਲਾਂ ਵੀ ਹਾਜ਼ਰ ਸਨ।ਭਾਰਤੀ ਖੇਤ ਮਜ਼ਦੂਰ ਯੂਨੀਅਨ ਦੇ ਜਨਰਲ ਸਕੱਤਰ ਕਾਮਰੇਡ ਗੁਲਜ਼ਾਰ ਸਿੰਘ ਗੋਰੀਆ ਨੇ ਪਰਿਵਾਰ ਦੇ ਦੁੱਖ ਵਿਚ ਸ਼ਾਮਲ ਹੁੰਦਿਆਂ ਸ਼ੋਕ ਸੰਦੇਸ਼ ਭੇਜਿਆ।

## ਪੈਟਰੋਲ, ਡੀਜ਼ਲ ਤੇ ਘਰੇਲੂ ਗੈਸ ਸਿਲੰਡਰਾਂ ਦੀ ਸਪਲਾਈ ਨੂੰ ਯਕੀਨੀ ਬਣਾਉਣ ਲਈ ਮੀਟਿੰਗ

ਮੋਰਿੰਡਾ, (ਨਿਹਾਲ ਸਿੰਘ ਕਲਸੀ)-ਮੋਰਿੰਡਾ ਦੇ ਐੱਸ ਡੀ ਐੱਮ ਚੇਤਨ ਬੰਗੜ ਦੀ ਅਗਵਾਈ ਹੇਠ ਅੱਜ ਜ਼ਿਲ੍ਹੇ ਵਿੱਚ ਪੈਟਰੋਲ, ਡੀਜ਼ਲ ਅਤੇ ਘਰੇਲੂ ਗੈਸ ਸਿਲੰਡਰਾਂ ਦੀ ਸਪਲਾਈ ਅਤੇ ਉਪਲਬਧਤਾ ਸੰਬੰਧੀ ਇੱਕ ਮਹੱਤਵਪੂਰਨ ਸਮੀਖਿਆ ਮੀਟਿੰਗ ਆਯੋਜਿਤ ਕੀਤੀ ਗਈ। ਇਸ ਮੀਟਿੰਗ ਵਿੱਚ ਜ਼ਿਲ੍ਹਾ ਫੂਡ ਸਪਲਾਈ ਅਤੇ ਖਪਤਕਾਰ ਮਾਮਲੇ ਵਿਭਾਗ ਦੇ ਅਧਿਕਾਰੀਆਂ, ਤੇਲ ਕੰਪਨੀਆਂ ਦੇ ਨੁਮਾਇੰਦਿਆਂ ਅਤੇ ਹੋਰ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੇ ਭਾਗ ਲਿਆ।ਮੀਟਿੰਗ ਦੌਰਾਨ ਜ਼ਿਲ੍ਹੇ ਵਿੱਚ ਪੈਟਰੋਲ, ਡੀਜ਼ਲ ਅਤੇ ਘਰੇਲੂ ਗੈਸ ਸਿਲੰਡਰਾਂ ਦੀ ਉਪਲਬਧਤਾ, ਸਟਾਕ ਦੀ ਸਥਿਤੀ ਅਤੇ ਸਪਲਾਈ ਪ੍ਰਬੰਧਾਂ ਬਾਰੇ ਵਿਸਥਾਰ ਨਾਲ ਸਮੀਖਿਆ ਕੀਤੀ ਗਈ। ਉਨ੍ਹਾਂ ਨੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਜ਼ਿਲ੍ਹੇ ਵਿੱਚ ਇਹਨਾਂ ਜ਼ਰੂਰੀ ਵਸਤੂਆਂ ਦੀ ਸਪਲਾਈ ਸੁਚਾਰੂ ਢੰਗ ਨਾਲ ਬਣਾਈ ਜਾਵੇ ਤੇ ਕਿਸੇ ਵੀ ਕਿਸਮ ਦੀ ਕਾਲਾਬਾਜ਼ਾਰੀ ਜਾਂ ਗ਼ੈਰਕਾਨੂੰਨੀ ਸਟੋਰੇਜ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਲੋਕਾਂ ਨੂੰ ਇਸ ਸਬੰਧੀ ਸੁਚੇਤ ਕੀਤਾ ਜਾਵੇ ਕਿ ਪੈਟਰੋਲ ਡੀਜ਼ਲ ਅਤੇ ਘਰੇਲੂ ਗੈਰ ਸਿਲੰਡਰ ਦੀ ਜ਼ਿਲ੍ਹੇ ਵਿੱਚ ਕੋਈ ਕਮੀ ਨਹੀਂ ਹੈ ਤੇ ਇਸ ਸਬੰਧੀ ਕੋਈ ਅਫਵਾਹ ਨਾ ਫੈਲਾਈ ਜਾਵੇ। ਉਨ੍ਹਾਂ ਕਿਹਾ ਕਿ ਜ਼ਰੂਰੀ ਵਸਤੂਆਂ ਦੀ ਸਪਲਾਈ ਅਤੇ ਵੰਡ ਉੱਤੇ ਨਿਗਰਾਨੀ ਰੱਖਣਾ ਪ੍ਰਸ਼ਾਸਨ ਦੀ ਜ਼ਿੰਮੇਵਾਰੀ ਹੈ ਤੇ ਨਿਯਮਾਂ ਦੀ ਉਲੰਘਣਾ ਕਰਨ ਵਾਲਿਆਂ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇਗੀ।ਐੱਸ ਡੀ ਐੱਮ ਨੇ ਪੈਟਰੋਲ ਪੰਪ ਅਤੇ ਗੈਸ ਏਜੰਸੀ ਮਾਲਕਾਂ ਨੂੰ ਹਦਾਇਤ ਕੀਤੀ ਕਿ ਉਹ ਸਰਕਾਰ ਵੱਲੋਂ ਜਾਰੀ ਨਿਯਮਾਂ ਦੀ ਪਾਲਣਾ ਕਰਦੇ ਹੋਏ ਖਪਤਕਾਰਾਂ ਨੂੰ ਪੈਟਰੋਲ, ਡੀਜ਼ਲ ਅਤੇ ਘਰੇਲੂ ਗੈਸ ਸਿਲੰਡਰ ਸਮੇਂ ਸਿਰ ਤੇ ਪੂਰੀ ਮਾਤਰਾ ਵਿੱਚ ਉਪਲਬਧ ਕਰਵਾਉਣ।

## ਵੀ ਸੀ ਡਾ. ਕਰਮਜੀਤ ਸਿੰਘ ਵੱਲੋਂ ਵਿਦਿਆਰਥਣਾਂ ਤੇ ਅਧਿਆਪਕਾਂ ਨੂੰ ਸਾਢੇ ਚਾਰ ਲੱਖ ਦੀਆਂ ਐੱਫ. ਡੀਜ਼ ਤਕਸੀਮ



ਧਾਰੀਵਾਲ, (ਮਨਦੀਪ ਵਿੱਕੀ)-ਬਾਬਾ ਆਇਆ ਸਿੰਘ ਰਿਆੜਕੀ ਕਾਲਜ ਤੁਗਲਵਾਲਾ ਵਿਖੇ ਮਾਂ ਦਿਵਸ ਬੜੀ ਸ਼ਰਧਾ, ਸ਼ਿੱਦਤ ਤੇ ਵਿਲੱਖਣ ਅੰਦਾਜ਼ ਵਿੱਚ ਮਨਾਇਆ ਗਿਆ ਜਿਸ ਦੀ ਪ੍ਰਧਾਨਗੀ ਡਾ. ਕਰਮਜੀਤ ਸਿੰਘ ਵਾਈਸ ਚਾਂਸਲਰ ਗੁਰੂ ਨਾਨਕ ਦੇਵ ਯੂਨੀਵਰਸਿਟੀ ਸ੍ਰੀ ਅੰਮ੍ਰਿਤਸਰ ਨੇ ਕੀਤੀ।ਪ੍ਰਧਾਨ ਬਖਤਾਵਰ ਸਿੰਘ, ਪ੍ਰਿੰਸੀਪਲ ਮੈਡਮ ਹਰਿੰਦਰ ਕੌਰ ਰਿਆੜ, ਐਡਵੋਕੇਟ ਪਰਮਪਾਲ ਸਿੰਘ ਹੁੰਦਲ, ਪਰਮਿੰਦਰ ਸਿੰਘ ਪੀਏ ਟੂ ਵੀਸੀ ਨੇ ਵੀ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ।ਇਸ ਸਾਲ ਦੇ ਪ੍ਰਤਿਭਾਸ਼ਾਲੀ, ਉਤਕ੍ਰਿਸ਼ਟ ਅਤੇ ਅਨੁਸ਼ਾਸਿਤ 40 ਵਿਦਿਆਰਥੀਆਂ ਅਧਿਆਪਕਾਂ ਨੂੰ 4,50,000 ਰੁਪਏ ਦੀਆਂ ਐੱਫ ਡੀ ਦਿੱਤੀਆਂ ਜਾ ਰਹੀਆਂ ਹਨ ਜਿਨ੍ਹਾਂ ਵਿੱਚੋਂ 5 ਵਿਦਿਆਰਥੀ-ਅਧਿਆਪਕਾਂ ਨੂੰ 30-30 ਹਜ਼ਾਰ ਦੀਆਂ, 5 ਨੂੰ 20-20 ਹਜ਼ਾਰ ਦੀਆਂ, 10 ਨੂੰ 10-10 ਹਜ਼ਾਰ ਦੀਆਂ ਅਤੇ 20 ਵਿਦਿਆਰਥੀ-ਅਧਿਆਪਕਾਂ ਨੂੰ 5-5 ਹਜ਼ਾਰ ਦੀਆਂ ਐੱਫ ਡੀ ਦਿੱਤੀਆਂ।ਡਾਕਟਰ ਕਰਮਜੀਤ ਸਿੰਘ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਅਕਸਰ ਉਹ ਵੱਖ-ਵੱਖ ਯੂਨੀਵਰਸਿਟੀਆਂ ਅਤੇ ਕਾਲਜਾਂ ਦੇ ਸੈਮੀਨਾਰਾਂ ਚ ਜਾਂਦੇ ਹਨ, ਉਥੇ ਜਾਣ ਦਾ ਮਕਸਦ ਵਿਦਿਆਰਥੀਆਂ ਨਾਲ ਆਪਣੇ ਤਜਰਬੇ ਸਾਂਝੇ ਕਰਨਾ, ਉਨ੍ਹਾਂ ਨੂੰ ਕੁਝ ਨਵਾਂ ਸਿਖਾਉਣ ਅਤੇ ਉਨ੍ਹਾਂ ਨੂੰ ਅੱਗੇ ਵਧਣ ਲਈ ਪ੍ਰੇਰਿਤ ਕਰਦਾ ਹਾਂ।ਪਰ ਅੱਜ ਰਿਆੜਕੀ ਕਾਲਜ ਵਿੱਚ ਆ ਕੇ ਇੱਕ ਵੱਖਰਾ ਹੀ ਅਨੁਭਵ ਹੋਇਆ ਹੈ।ਮੈਂ ਇੱਥੇ ਸਿਖਾਉਣ ਨਹੀਂ, ਸਗੋਂ ਖੁਦ ਸਿੱਖਣ ਲਈ ਆਇਆ ਹਾਂ।ਇਸ ਸੰਸਥਾ ਦੀ ਹਰ ਕਾਰਜ-ਸ਼ੈਲੀ ਬੇਹੱਦ, ਵਿਲੱਖਣ ਅਤੇ ਪ੍ਰੇਰਨਾਦਾਇਕ ਹੈ।ਇੱਥੇ ਸਿੱਖਿਆ ਨੂੰ ਸਿਰਫ਼ ਡਿਗਰੀ ਤੱਕ ਸੀਮਿਤ ਨਹੀਂ ਕੀਤਾ ਗਿਆ, ਸਗੋਂ ਇਸਨੂੰ ਇਮਾਨਦਾਰੀ, ਅਨੁਸ਼ਾਸਨ ਅਤੇ ਸੰਸਕਾਰਾਂ ਨਾਲ ਜੋੜਿਆ ਗਿਆ ਹੈ। ਉਪਰੰਤ ਸੈਮੀਨਾਰ ਦੌਰਾਨ ਵਿਦਿਆਰਥਣਾਂ ਵੱਲੋਂ 'ਮਾਂ ਦਾ ਸਮਾਜ ਵਿੱਚ ਮਹੱਤਵ', 'ਮਾਂ ਬੱਚੇ ਦੀ ਪਹਿਲੀ ਅਧਿਆਪਕ', 'ਆਧੁਨਿਕ ਸਮੇਂ ਵਿੱਚ ਮਾਂ ਦੀ ਭੂਮਿਕਾ', 'ਮਾਂ ਅਤੇ ਬੱਚੇ ਦੀ ਮਨੋਵਿਗਿਆਨਿਕ ਸਮਝ', 'ਮਾਂ ਦੇ ਸੰਸਕਾਰ ਅਤੇ ਬੱਚੇ ਦਾ ਭਵਿੱਖ', 'ਮਾਂ ਦਾ ਤਿਆਗ- ਸਮਰਪਣ' ਆਦਿ ਵੱਖ ਵੱਖ ਵਿਸ਼ਿਆਂ ਨਾਲ ਸੰਬੰਧਿਤ ਬਹੁਤ ਹੀ ਪ੍ਰਭਾਵਸ਼ਾਲੀ ਵਿਚਾਰ, ਗੀਤ ਅਤੇ ਕਵਿਤਾਵਾਂ ਵੀ ਪੇਸ਼ ਕੀਤੀਆਂ ਗਈਆਂ।ਅਖੀਰ ਪ੍ਰਿੰਸੀਪਲ ਸਵਰਨ ਸਿੰਘ ਵਿਰਕ, ਗਗਨਦੀਪ ਸਿੰਘ ਵਿਰਕ, ਮੈਡਮ ਮਨਪ੍ਰੀਤ ਕੌਰ ਵਿਰਕ ਅਤੇ ਸਟੂਡੈਂਟ ਕਮੇਟੀ ਦੁਆਰਾ ਮਹਿਮਾਨਾਂ ਦਾ ਸਿਰੋਪਾਓ, ਦੁਸ਼ਾਲੇ ਅਤੇ ਸਨਮਾਨ ਚਿੰਨ੍ਹ ਨਾਲ ਸਨਮਾਨ ਕੀਤਾ ਗਿਆ। ਇਸ ਮੌਕੇ ਵਿਦਿਆਰਥਣਾ ਵੱਲੋਂ ਹੱਥੀਂ ਤਿਆਰ ਕੀਤਾ ਗਿਆ ਲੰਗਰ ਵੀ ਛਕਾਇਆ ਗਿਆ।

## ਹਲਕਾ ਮਜੀਠਾ 'ਆਪ' ਸਰਕਾਰ ਦੀਆਂ ਨੀਤੀਆਂ ਤੋਂ ਖੁਸ਼: ਸਰਪੰਚ ਲਵਪ੍ਰੀਤ ਸਿੰਘ



ਚਵਿੰਡਾ ਦੇਵੀ (ਖੁਸ਼ਹਾਲ ਸੁੰਦਰ)-ਕੋਟ ਰਾਮ-ਹਿਰਦੇ ਦੇ ਸਰਪੰਚ ਲਵਪ੍ਰੀਤ ਸਿੰਘ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਕਿਹਾ ਕਿ ਸ. ਤਲਬੀਰ ਸਿੰਘ ਗਿੱਲ ਦੀ ਅਗਵਾਈ ਹੇਠ ਪਿੰਡ ਕੋਟ ਹਿਰਦੇ ਰਾਮ ਵਿੱਖੇ 10 ਲੱਖ ਪ੍ਰਤੀ ਵਿਅਕਤੀ ਦੀ ਸਿਹਤ ਬੀਮਾ ਯੋਜਨਾ ਦੇ ਕਾਰਡ ਬਣਵਾਉਣ ਲਈ ਕੈਂਪ ਲਗਾਇਆ ਗਿਆ ਜਿਸ ਦਾ ਲੋਕ ਲਾਭ ਉਠਾਉਣ ਲੱਗ ਪਏ ਹਨ। ਇਸ ਯੋਜਨਾ ਦਾ ਮਕਸਦ ਆਮ ਪਰਿਵਾਰ ਨੂੰ ਮਹਿੰਗੇ ਇਲਾਜ ਤੋਂ ਆਰਥਿਕ ਸੁਰੱਖਿਆ ਦੇਣਾ ਹੈ ਤਾਂ ਜੋ ਹਰ ਆਮ ਪਰਿਵਾਰ ਬਿਨ੍ਹਾਂ ਕਿਸੇ ਚਿੰਤਾ ਤੋਂ ਆਪਣਾ ਇਲਾਜ ਕਰਵਾ ਸਕੇ। ਲਵਪ੍ਰੀਤ ਸਿੰਘ ਸਰਪੰਚ ਨੇ ਦੱਸਿਆਂ ਕਿ ਪਿੰਡ ਦੀਆਂ ਨਾਲੀਆਂ ਨੂੰ ਸਮੇਂ ਸਮੇਂ 'ਤੇ ਸਾਫ ਕੀਤਾ ਜਾਂਦਾ ਹੈ ਤਾਂ ਕਿ ਗੰਦਾ ਪਾਣੀ ਗਲੀ ਵਿੱਚ ਨਾ ਖੜ ਸਕੇ ਅਤੇ ਜੋ ਕੱਚੇ ਪਏ ਸਨ, ਉਨ੍ਹਾਂ ਤੇ ਇੰਟਰਲੋਕ ਟਾਈਲਾਂ ਲਗਵਾ ਕੇ ਪੱਕਾ ਕਰਵਾਇਆ ਗਿਆ ਹੈ। ਉਨ੍ਹਾਂ ਕਿਹਾ ਕੀ ਆਮ ਆਦਮੀ ਪਾਰਟੀ ਨੇ ਪੰਜਾਬ ਦੇ ਹਰ ਵਰਗ ਦਾ ਵਿਕਾਸ ਕੀਤਾ ਹੈ ਅਤੇ ਪੰਜਾਬ ਨੂੰ ਆਰਥਿਕ ਤੋਰ ਤੇ ਮਜ਼ਬੂਤ ਕੀਤਾ ਹੈ।ਆਪ ਸਰਕਾਰ ਵਲੋਂ ਬਿਜਲੀ ਦੇ ਰੇਟਾਂ ਵਿੱਚ ਵੀ ਡੇਢ ਰੁਪਏ ਪ੍ਰਤੀ ਯੂਨਿਟ ਦੀ ਕਟੌਤੀ ਕੀਤੀ ਜਾ ਰਹੀ ਹੈ ਘਰੇਲੂ ਖਪਤਕਾਰਾਂ ਲਈ ਡੇਢ ਰੁਪਏ ਪ੍ਰਤੀ ਯੂਨਿਟ ਤੱਕ ਦੀ ਕਟੌਤੀ ਅਤੇ ਕਮਰਸ਼ੀਅਲ ਤੇ ਦੁਕਾਨਾਂ ਦੇ ਲਈ 79 ਪੈਸੇ ਪ੍ਰਤੀ ਯੂਨਿਟ ਤੱਕ ਦੀ ਕਟੌਤੀ ਕਰ ਦਿੱਤੀ ਗਈ ਹੈ ਤੇ ਇਹ ਨਵੀਆਂ ਦਰਾਂ 01 ਅਪ੍ਰੈਲ ਤੋਂ ਲਾਗੂ ਹੋਣਗੀਆਂ। ਪੰਜਾਬ ਦੇ ਵਿੱਚ ਹਾਲਾਂਕਿ 300 ਯੂਨਿਟ ਬਿਜਲੀ ਪਹਿਲਾਂ ਹੀ ਫਰੀ ਹੈ ਅਤੇ ਪ੍ਰਤੀ ਵਿਅਕਤੀ 10 ਲੱਖ ਦੀ ਸਿਹਤ ਬੀਮਾ ਯੋਜਨਾ ਦਾ ਸ਼ਲਾਘਾਯੋਗ ਫੈਸਲਾ ਲਿਆ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ "ਮਾਸਿਕ ਰਾਸ਼ੀ ਮਾਂਵਾਂ-ਧੀਆਂ ਸਤਿਕਾਰ ਯੋਜਨਾ" ਸ਼ੁਰੂ ਕੀਤੀ ਹੈ ਅਤੇ ਦਲਿਤ ਔਰਤਾਂ ਨੂੰ 1500 ਰੁਪਏ ਮਹੀਨਾ ਅਤੇ ਹੋਰਨਾਂ ਨੂੰ 1000 ਰੁਪਏ ਮਹੀਨਾ ਦੇਣ ਦਾ ਵਾਅਦਾ ਵੀ ਪੂਰਾ ਕੀਤਾ ਹੈ। ਸਰਕਾਰ ਦੀ ਯੋਜਨਾ ਮੁਤਾਬਕ, ਇਸ ਸਕੀਮ ਦਾ ਮੁੱਖ ਉਦੇਸ਼ ਆਰਥਿਕ ਤੌਰ 'ਤੇ ਕਮਜ਼ੋਰ ਵਰਗ ਦੀਆਂ ਔਰਤਾਂ ਨੂੰ ਆਤਮ-ਨਿਰਭਰ ਬਣਾਉਣਾ ਹੈ। ਉਨ੍ਹਾਂ ਕਿਹਾ ਕਿ ਸਮੁੱਚਾ ਹਲਕਾ ਮਜੀਠਾ ਆਪ ਸਰਕਾਰ ਦੀਆਂ ਨੀਤੀਆਂ ਤੋਂ ਖੁਸ਼ ਹੈ ਅਤੇ 2027 'ਚ ਆਪ ਸਰਕਾਰ 100 ਤੋਂ ਜ਼ਿਆਦਾ ਸੀਟਾਂ ਤੋਂ ਜਿੱਤੇਗੀ।

## ਹਰਦੀਪ ਗਿੱਲ ਨੇ ਤਰੁਣ ਚੁੱਘ ਤੋਂ ਲਿਆ ਆਸ਼ੀਰਵਾਦ



ਛੇਹਰਟਾ,(ਮਨੋਜ ਕੁਮਾਰ)-ਹਰਦੀਪ ਗਿੱਲ ਨੇ ਸਫ਼ਾਈ ਕਰਮਚਾਰੀ ਕਮਿਸ਼ਨ ਦੇ ਆਲ ਇੰਡੀਆ ਵਾਈਸ ਚੇਅਰਮੈਨ ਨਿਯੁਕਤ ਹੋਣ 'ਤੇ ਭਾਰਤੀ ਜਨਤਾ ਪਾਰਟੀ ਦੇ ਰਾਸ਼ਟਰੀ ਜਨਰਲ ਸਕੱਤਰ ਤਰੁਣ ਚੁੱਘ ਤੋਂ ਅਸ਼ੀਰਵਾਦ ਤੇ ਸ਼ੁਭਕਾਮਨਾਵਾਂ ਪ੍ਰਾਪਤ ਕੀਤੀਆਂ। ਇਸ ਮੌਕੇ ਹਰਦੀਪ ਗਿੱਲ ਨੇ ਭਾਜਪਾ ਹੈੱਡਕੁਆਰਟ ਵਿਚ ਤਰੁਣ ਚੁੱਘ ਨਾਲ ਮੁਲਾਕਾਤ ਕੀਤੀ ਅਤੇ ਉਨ੍ਹਾਂ ਨੂੰ ਵਿਸ਼ਵਾਸ ਦਿਵਾਇਆ ਕਿ ਉਹ ਦੇਸ਼ ਭਰ ਦੇ ਸਫ਼ਾਈ ਕਰਮਚਾਰੀਆਂ ਨੂੰ ਦਰਪੇਸ਼ ਸਮੱਸਿਆਵਾਂ ਦਾ ਹੱਲ ਕਰਨਗੇ। ਚੁੱਘ ਨੇ ਉਮੀਦ ਪ੍ਰਗਟਾਈ ਕਿ ਸਫ਼ਾਈ ਕਰਮਚਾਰੀ ਕਮਿਸ਼ਨ ਦੇ ਆਲ ਇੰਡੀਆ ਵਾਈਸ ਚੇਅਰਮੈਨ ਵਜੋਂ ਹਰਦੀਪ ਗਿੱਲ ਦੇਸ਼ ਭਰ ਦੇ ਸਫ਼ਾਈ ਕਰਮਚਾਰੀਆਂ ਦੀ ਭਲਾਈ, ਉਨ੍ਹਾਂ ਦੇ ਅਧਿਕਾਰਾਂ ਦੀ ਰੱਖਿਆ ਕਰਨ ਤੇ ਸਮਾਜਿਕ ਸਨਮਾਨ ਨੂੰ ਹੋਰ ਮਜ਼ਬੂਤ ਕਰਨ ਲਈ ਆਪਣੇ ਤਜਰਬੇ ਤੇ ਸਮਰਪਣ ਦੀ ਵਰਤੋਂ ਕਰਨਗੇ। ਚੁੱਘ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਹੇਠ ਕੇਂਦਰ ਸਰਕਾਰ ਨੇ ਸਫ਼ਾਈ ਕਰਮਚਾਰੀਆਂ ਦੇ ਜੀਵਨ ਪੱਧਰ ਨੂੰ ਬਿਹਤਰ ਬਣਾਉਣ, ਉਨ੍ਹਾਂ ਦੀ ਸਿਹਤ, ਸੁਰੱਖਿਆ ਅਤੇ ਸਮਾਜਿਕ ਸਨਮਾਨ ਨੂੰ ਯਕੀਨੀ ਬਣਾਉਣ ਲਈ ਕਈ ਮਹੱਤਵਪੂਰਨ ਕਦਮ ਚੁੱਕੇ ਹਨ। ਉਨ੍ਹਾਂ ਅੱਗੇ ਕਿਹਾ ਕਿ ਅਜਿਹੇ ਅਹੁਦਿਆਂ 'ਤੇ ਸਮਰਪਿਤ ਤੇ ਸੰਵੇਦਨਸ਼ੀਲ ਵਿਅਕਤੀਆਂ ਦੀ ਨਿਯੁਕਤੀ ਨਾਲ ਇਨ੍ਹਾਂ ਯਤਨਾਂ ਨੂੰ ਹੋਰ ਤੇਜ਼ ਕੀਤਾ ਜਾਵੇਗਾ।

ਚੁੱਘ ਨੇ ਉਮੀਦ ਪ੍ਰਗਟ ਕੀਤੀ ਕਿ ਹਰਦੀਪ ਗਿੱਲ ਆਪਣੀ ਨਵੀਂ ਜ਼ਿੰਮੇਵਾਰੀ ਨੂੰ ਸਫਲਤਾਪੂਰਵਕ ਨਿਭਾਉਂਦੇ ਹੋਏ ਸਮਾਜ ਦੇ ਪਛੜੇ ਵਰਗਾਂ ਦੇ ਵਿਕਾਸ ਲਈ ਲਗਾਤਾਰ ਕੰਮ ਕਰਦੇ ਰਹਿਣਗੇ। ਇਸ ਦੌਰਾਨ ਹਰਦੀਪ ਗਿੱਲ ਨੇ ਤਰੁਣ ਚੁੱਘ ਦਾ ਧੰਨਵਾਦ ਕੀਤਾ ਅਤੇ ਕਿਹਾ ਕਿ ਉਹ ਇਸ ਜ਼ਿੰਮੇਵਾਰੀ ਨੂੰ ਪੂਰੀ ਤਨਦੇਹੀ ਅਤੇ ਸਮਰਪਣ ਨਾਲ ਨਿਭਾਉਣ ਦੀ ਕੋਸ਼ਿਸ਼ ਕਰਨਗੇ।

## ਵਿਸ਼ਵ ਪੰਜਾਬੀ ਸਭਾ ਕੈਨੇਡਾ ਨੇ ਉੱਘੀਆਂ ਮਹਿਲਾ ਸ਼ਖਸੀਅਤਾਂ ਨੂੰ ਕੀਤਾ ਸਨਮਾਨਿਤ



ਅੰਮ੍ਰਿਤਸਰ, (ਜਗਦੀਸ਼ ਕਮਲੇਸ਼)-ਵਿਸ਼ਵ ਪੰਜਾਬੀ ਮਹਿਲਾ ਦਿਵਸ ਮੌਕੇ ਸਭਾ ਕੈਨੇਡਾ ਇਕਾਈ ਪੰਜਾਬ ਦੇ ਮਾਝਾ ਜ਼ੋਨ ਵੱਲੋਂ ਵਿਸ਼ੇਸ਼ ਮਹਿਲਾ ਸ਼ਖਸੀਅਤਾਂ ਦਾ ਸਨਮਾਨ ਕੀਤਾ ਗਿਆ।

ਸਮਾਗਮ ਦੀ ਅਗਵਾਈ ਪ੍ਰਧਾਨ ਸਤਬੀਰ ਸਿੰਘ ਸਿਫਰ ਅਤੇ ਮੁੱਖ ਸਕੱਤਰ ਡਾ: ਜਸਵਿੰਦਰ ਕੌਰ ਨੇ ਕੀਤੀ। ਇਸ ਮੌਕੇ ਸੀਨੀਅਰ ਡਿਪਟੀ ਮੇਅਰ ਪ੍ਰਿਅੰਕਾ ਸ਼ਰਮਾ, ਲਾਅ ਅਫ਼ਸਰ ਰਮਨ ਚੌਧਰੀ, ਸਾਬਕਾ ਪ੍ਰਿੰ. ਡਾ: ਸੁਖਬੀਰ ਕੌਰ ਮਾਹਲ, ਏਕਮ ਮੈਗਜ਼ੀਨ ਦੇ ਸੰਪਾਦਕ ਅਰਤਿੰਦਰ ਸੰਧੂ, ਜੀਐੱਨਡੀਯੂ ਦੇ ਸਹਾਇਕ ਪ੍ਰੋਫ਼ੈਸਰ ਡਾ: ਬਲਜੀਤ ਕੌਰ ਰਿਆੜ, ਸਾਬਕਾ ਚੀਫ਼ ਲਾਇਬ੍ਰੇਰੀਅਨ ਡਾ: ਪ੍ਰਭਜੋਤ ਕੌਰ ਸੰਧੂ ਅਤੇ ਪ੍ਰੋਫ਼ੈਸਰ ਆਰ.ਏ.ਕੰਵਲ ਡਾ. ਹਰਮੋਹਿੰਦਰ ਸਿੰਘ ਨਾਗਪਾਲ, ਪੰਜਾਬੀ ਲੇਖਕ, ਅਧਿਆਪਕ, ਮੋਟੀਵੇਸ਼ਨਲ ਸਪੀਕਰ ਡਾ: ਜਸਵਿੰਦਰ ਕੌਰ, ਆਸ਼ਾ ਫਾਊਂਡੇਸ਼ਨ ਦੇ ਸੰਸਥਾਪਕ ਹਾਜ਼ਰ ਸਨ।ਐਜੂਕੇਸ਼ਨ ਕੰਸਲਟੈਂਟ ਡਾ: ਨਿਧੀ ਪਾਠਕ, ਰਾਜ ਜੰਨਤ, ਡਾ: ਮੈਗੀ ਬੱਗਾ, ਪ੍ਰੋ: ਡਾ: ਗੁਰਪ੍ਰੀਤ ਕੌਰ, ਨਿਰਮਲ ਕੋਟਲਾ, ਰਾਜਬੀਰ ਕੌਰ ਗਰੇਵਾਲ, ਰੀਤੂ ਵਾਸੂਦੇਵ, ਰੁਪਿੰਦਰ ਕੌਰ ਮਾਹਲ, ਅੰਤਰਪ੍ਰੀਤ ਕੌਰ ਅਤੇ ਅਮਨਦੀਪ ਕੌਰ ਆਦਿ ਔਰਤਾਂ ਨੂੰ ਸਨਮਾਨਿਤ ਕੀਤਾ ਗਿਆ। ਇਸ ਤੋਂ ਇਲਾਵਾ ਕਮਿਸ਼ਨਰ ਪੰਜਾਬ ਰਾਜ ਫੂਡ ਕਮਿਸ਼ਨ ਵਿਜੇ ਦੱਤ, ਟ੍ਰੈਫਿਕ ਸੈੱਲ ਦੇ ਇੰਚਾਰਜ ਦਲਜੀਤ ਸਿੰਘ, ਹਾਸਰਸ ਕਲਾਕਾਰ ਸੁਰਿੰਦਰ ਫਰਿਸ਼ਤਾ ਉਰਫ ਘੁਲੇ ਸ਼ਾਹ, ਅੰਕਿਤਾ, ਡਾ: ਵਿਕਰਮਜੀਤ ਸਿੰਘ, ਰਜਿੰਦਰ ਸਿੰਘ ਮਰਵਾਹਾ, ਰਾਜਨ ਕਪੂਰ, ਸਤਿੰਦਰ ਸਿੰਘ ਓਠੀਆਂ, ਜਸਵੰਤ ਢੱਪ, ਦਲਬੀਰ ਸਿੰਘ ਰਿਆੜ, ਦਵਿੰਦਰ ਭੋਲਾ, ਹਰਜੀਤ ਸਿੰਘ ਕਲਾ, ਬਲਜੀਤ ਸਿੰਘ ਆਦਿ ਨੂੰ ਵੀ ਸਨਮਾਨਿਤ ਕੀਤਾ ਗਿਆ।ਸਮਾਗਮ ਵਿੱਚ ਸਟੇਜ ਦਾ ਸੰਚਾਲਨ ਸਤਨਾਮ ਕੌਰ ਅਤੇ ਸੁਖਰਾਜ ਕੌਰ ਨੇ ਕੀਤਾ।

## ਰੋਸ਼ ਇੰਡੀਆ ਨੇ ਪੰਜਾਬ ਸਰਕਾਰ ਨਾਲ ਸਾਂਝੇਦਾਰੀ ਕਰਕੇ ਨਿਊਰੋਸਖੀ ਦੀ ਕੀਤੀ ਸ਼ੁਰੂਆਤ

ਅੰਮ੍ਰਿਤਸਰ : ਨਿਊਰੋਲੋਜੀਕਲ ਦੇਖਭਾਲ ਨੂੰ ਮਜ਼ਬੂਤ ਕਰਨ ਵੱਲ ਇੱਕ ਮਹੱਤਵਪੂਰਨ ਕਦਮ ਦੇ ਤੌਰ ਤੇ ਪੰਜਾਬ ਸਰਕਾਰ ਅਤੇ ਰੋਸ਼ ਫਾਰਮਾ ਇੰਡੀਆ ਨੇ ਨਿਊਰੋਸਖੀ ਦੀ ਸ਼ੁਰੂਆਤ ਕੀਤੀ ਹੈ, ਜੋ ਮਰੀਜ਼ ਸਹਾਇਤਾ ਅਤੇ ਜਾਗਰੂਕਤਾ ਲਈ ਆਪਣੀ ਕਿਸਮ ਦੀ ਪਹਿਲੀ ਪਹਿਲ ਹੈ।ਇਹ ਪ੍ਰੋਗਰਾਮ ਰਾਜ ਵਿੱਚ ਮਲਟੀਪਲ ਸਕਲੇਰੋਸਿਸ (ਐੱਮਐੱਸ) ਨਾਲ ਜੀ ਰਹੀਆਂ ਮਹਿਲਾਵਾਂ ਲਈ ਦੇਖਭਾਲ ਅਤੇ ਸਹਾਇਤਾ ਪ੍ਰਣਾਲੀਆਂ ਨੂੰ ਮਜ਼ਬੂਤ ਕਰਨ ਲਈ ਤਿਆਰ ਕੀਤਾ ਗਿਆ ਹੈ।ਇਹ ਪ੍ਰੋਗਰਾਮ ਇਸ ਜਟਿਲ ਨਿਊਰੋਲੋਜੀਕਲ ਬਿਮਾਰੀ ਨਾਲ ਜੂਝ ਰਹੀਆਂ ਮਹਿਲਾਵਾਂ ਲਈ ਇਲਾਜੀ ਮਾਰਗਾਂ, ਜਾਗਰੂਕਤਾ ਅਤੇ ਸਹਾਇਤਾ ਪ੍ਰਣਾਲੀਆਂ ਨੂੰ ਮਜ਼ਬੂਤ ਕਰਨ ਦਾ ਉਦੇਸ਼ ਰੱਖਦਾ ਹੈ।ਇਸ ਪਹਿਲ ਨੂੰ ਪੰਜਾਬ ਸਿਵਲ ਸਕੱਤਰਾਲੇ ਵਿੱਚ ਡਾਇਰੈਕਟੋਰੇਟ ਆਫ ਮੈਡੀਕਲ ਐਜੂਕੇਸ਼ਨ ਐਂਡ ਰਿਸਰਚ ਪੰਜਾਬ ਸਰਕਾਰ ਅਤੇ ਰੋਸ਼ ਫਾਰਮਾ ਇੰਡੀਆ ਦਰਮਿਆਨ ਇਕ ਮੈਮੋਰੈਂਡਮ ਆਫ ਅੰਡਰਸਟੈਂਡਿੰਗ 'ਤੇ ਦਸਤਖਤ ਕਰਕੇ ਔਪਚਾਰਿਕ ਰੂਪ ਦਿੱਤਾ ਗਿਆ।

## ਬੱਸ ਅੱਡਾ ਤੇ ਪਾਰਕਿੰਗ ਦਾ ਠੇਕਾ ਜਮ੍ਹਾ ਨਾ ਕਰਵਾਉਣ 'ਤੇ ਠੇਕੇਦਾਰ ਖ਼ਿਲਾਫ਼ ਮਾਮਲਾ ਦਰਜ

ਗੁਰਦਾਸਪੁਰ (ਜਨਕ ਮਹਾਜਨ)-ਗੁਰਦਾਸਪੁਰ ਸ਼ਹਿਰ ਅੰਦਰ ਇਕ ਨਵਾਂ ਮਾਮਲਾ ਦੇਖਣ ਵਿਚ ਆਇਆ ਹੈ ਕਿ ਨਗਰ ਸੁਧਾਰ ਟਰੱਸਟ ਗੁਰਦਾਸਪੁਰ ਦੁਆਰਾ ਨਵਾਂ ਬੱਸ ਅੱਡਾ ਗੁਰਦਾਸਪੁਰ ਵਿਖੇ ਬਣਾਇਆ ਗਿਆ ਸੀ, ਜਿਸ ਦਾ ਨਾਂਅ ਬਾਬਾ ਬੰਦਾ ਸਿੰਘ ਬਹਾਦਰ ਇੰਟਰਸਟੇਟ ਬੱਸ ਟਰਮੀਨਲ ਗੁਰਦਾਸਪੁਰ ਰੱਖਿਆ ਗਿਆ ਸੀ। ਉਕਤ ਬੱਸ ਅੱਡਾ ਅਤੇ ਇਸ ਦੀ ਪਾਰਕਿੰਗ ਦਾ ਜ਼ਿੰਮਾ ਟਰੱਸਟ ਵਲੋਂ 2024 ਵਿਚ ਠੇਕੇਦਾਰ ਜੋ ਦਸੂਹਾ ਦਾ ਰਹਿਣ ਵਾਲਾ ਹੈ, ਨੂੰ ਦਿੱਤਾ ਗਿਆ ਪਰ ਹੁਣ ਠੇਕੇਦਾਰ ਵਲੋਂ ਉਕਤ ਬੱਸ ਅੱਡਾ ਅਤੇ ਪਾਰਕਿੰਗ ਦਾ ਠੇਕਾ 2024 ਤੋਂ ਟਰੱਸਟ ਕੋਲ ਜਮ੍ਹਾ ਨਾ ਕਰਵਾਉਣ 'ਤੇ ਸਿਟੀ ਗੁਰਦਾਸਪੁਰ ਪੁਲਿਸ ਵੱਲੋਂ ਠੇਕੇਦਾਰ ਖ਼ਿਲਾਫ਼ ਮਾਮਲਾ ਦਰਜ ਕੀਤਾ ਗਿਆ ਹੈ। ਸ਼ਿਕਾਇਤ ਵਿਚ ਚੇਅਰਮੈਨ ਇੰਪਰੂਵਮੈਂਟ ਟਰੱਸਟ ਗੁਰਦਾਸਪੁਰ ਨੇ ਦੱਸਿਆ ਕਿ ਠੇਕੇਦਾਰ ਨੇ ਸਾਲ 14 ਜੂਨ 2024 ਤੋਂ ਸਾਲ 13 ਜੂਨ 2026 ਤੱਕ ਬਾਬਾ ਬੰਦਾ ਸਿੰਘ ਬਹਾਦਰ ਇੰਟਰਸਟੇਟ ਬੱਸ ਟਰਮੀਨਲ ਗੁਰਦਾਸਪੁਰ ਅਤੇ ਪਾਰਕਿੰਗ ਦੇ ਠੇਕੇ ਦੇ ਪੈਸੇ ਮਹਿਕਮੇ ਨੂੰ ਜਮ੍ਹਾ ਨਾ ਕਰਵਾ ਕੇ 83,73,786 ਰੁਪਏ ਦੀ ਧੋਖਾਧੜੀ ਕੀਤੀ ਹੈ। ਥਾਣਾ ਸਿਟੀ ਗੁਰਦਾਸਪੁਰ ਪੁਲਿਸ ਨੇ ਠੇਕੇਦਾਰ ਖ਼ਿਲਾਫ਼ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਅਰੰਭ ਕਰ ਦਿੱਤੀ ਹੈ।

## ਬਹੁ-ਮੰਤਵੀ ਸੁਸਾਇਟੀ ਚੋਗਾਵਾਂ ਸਾਧਪੁਰ ਦੀ ਚੋਣ 'ਚ ਅਮੋਲਕ ਸਿੰਘ ਬਾਠ ਪ੍ਰਧਾਨ ਬਣੇ



ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)-ਬਹੁ-ਮੰਤਵੀ ਸੋਸਾਇਟੀ (ਕੋਪਰੇਟਿਵ ਸੋਸਾਇਟੀ) ਚੋਗਾਵਾਂ, ਸਾਧਪੁਰ, ਤਰਫਾਨ ਨੂੰ ਸੁਚੱਜੇ ਢੰਗ ਨਾਲ ਚਲਾਉਣ ਲਈ ਕਮੇਟੀ ਦੀ ਚੋਣ ਕੀਤੀ ਗਈ ਜਿਸ ਵਿੱਚ 11 ਮੈਂਬਰ ਸ਼ਾਮਿਲ ਕੀਤੇ ਗਏ। ਚੋਣ ਵਿੱਚ ਸਰਬਸੰਮਤੀ ਨਾਲ ਅਮੋਲਕ ਸਿੰਘ ਨੰਬਰਦਾਰ ਚੋਗਾਵਾਂ ਨੂੰ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ, ਉਪ ਪ੍ਰਧਾਨ ਗੁਰਭੇਜ ਸਿੰਘ ਸਾਧਪੁਰ ਨੂੰ ਨਿਯੁਕਤ ਕੀਤਾ ਗਿਆ।ਇਸ ਮੌਕੇ ਸਰਪੰਚ ਪ੍ਰੇਮ ਸਿੰਘ ਤਰਫਾਨ ਨੇ ਨਵੇਂ ਚੁਣੇ ਗਏ ਅਹੁਦੇਦਾਰਾਂ ਨੂੰ ਮੁਬਾਰਕਬਾਦ ਦਿੰਦਿਆਂ ਹਰ ਪੱਖ ਤੋਂ ਸਹਿਯੋਗ ਦੇਣ ਦਾ ਭਰੋਸਾ ਦਿੱਤਾ। ਚੁਣੇ ਹੋਏ ਮੈਂਬਰਾਂ ਨੇ ਕਿਹਾ ਕਿ ਜੋ ਜ਼ਿੰਮੇਵਾਰੀ ਉਨ੍ਹਾਂ ਨੂੰ ਸੌਂਪੀ ਗਈ ਹੈ ਉਹ ਬੜੀ ਹੀ ਤਨਦੇਹੀ ਨਾਲ ਨਿਭਾਉਣਗੇ। ਇਸੇ ਤਰ੍ਹਾਂ ਬਾਕੀ ਮੈਂਬਰਾਂ ਵਿੱਚ ਗੁਰਬਾਜ ਸਿੰਘ ਬਾਜਾ, ਕੁਲਵਿੰਦਰ ਸਿੰਘ, ਸਾਬਕਾ ਸਰਪੰਚ ਸਵਿੰਦਰ ਸਿੰਘ, ਸਰਵਣ ਸਿੰਘ ਤਰਫਾਨ, ਕਵਲਜੀਤ ਕੌਰ, ਨਿਸ਼ਾਨ ਸਿੰਘ ਨਾਮਧਾਰੀ, ਸਿਕੰਦਰ ਸਿੰਘ ਚੁਗਾਵਾਂ, ਬਲਵਿੰਦਰ ਸਿੰਘ, ਸਰਮੁੱਖ ਸਿੰਘ ਸਾਧਪੁਰ ਸ਼ਾਮਲ ਹਨ। ਇਸ ਮੌਕੇ ਬਲਾਕ ਸੰਮਤੀ ਮੈਂਬਰ ਸਰਵਨ ਸਿੰਘ, ਬਲਦੇਵ ਸਿੰਘ ਬਾਠ, ਸਰਪੰਚ ਪ੍ਰੇਮ ਸਿੰਘ ਤਰਫਾਨ ਆਦਿ ਆਗੂ ਹਾਜ਼ਰ ਸਨ।

## 27 ਨੂੰ ਗੁਰਦਾਸਪੁਰ 'ਚ ਲੱਗੇਗਾ ਕਿਸਾਨ ਮੇਲਾ

**ਗੁਰਦਾਸਪੁਰ (ਜਨਕ ਮਹਾਜਨ)**- ਖੇਤੀ ਵਿਭਿੰਨਤਾ ਅਪਨਾਉ, ਵਡਮੁੱਲਾ ਵਾਤਾਵਰਣ ਬਚਾਉ ਦੇ ਉਦੇਸ਼ ਨਾਲ ਕਿਸਾਨ ਮੇਲਾ ਖੇਤੀਬਾੜੀ ਯੂਨੀਵਰਸਿਟੀ ਦੇ ਰਿਜਨਲ ਸਟੇਸ਼ਨ ਗੁਰਦਾਸਪੁਰ ਵਿਖੇ 27 ਮਾਰਚ ਨੂੰ ਲਗਾਇਆ ਜਾ ਰਿਹਾ ਹੈ। ਇਸ ਸਬੰਧੀ ਰਿਜਨਲ ਸਟੇਸ਼ਨ ਦੇ ਡਾਇਰੈਕਟਰ ਡਾ. ਹਰਪਾਲ ਸਿੰਘ ਰੰਧਾਵਾ ਨੇ ਦੱਸਿਆ ਹੈ ਕਿ ਮੇਲੇ ਵਿਚ ਸਾਉਣੀ ਦੀਆਂ ਫ਼ਸਲਾਂ/ਸਬਜੀਆਂ ਦੇ ਸੁਧਰੇ ਬੀਜ ਅਤੇ ਸਦਾਬਹਾਰ ਫ਼ਲਦਾਰ ਬੂਟੇ ਉਪਲਬਧ ਕਰਵਾਏ ਜਾਣਗੇ। ਖੇਤੀ ਵਿਸ਼ਾ ਮਾਹਿਰਾਂ ਵਲੋਂ ਸਾਉਣੀ ਦੀਆਂ ਫ਼ਸਲਾਂ ਦੀ ਕਾਸ਼ਤ ਬਾਰੇ ਤਕਨੀਕੀ ਜਾਣਕਾਰੀ ਦਿੱਤੀ ਜਾਵੇਗੀ ਅਤੇ ਕਿਸਾਨਾਂ ਦੀਆਂ ਖੇਤੀ ਮੁਸ਼ਕਲਾਂ ਬਾਰੇ ਸੁਆਲ-ਜੁਆਬ ਵੀ ਹੋਣਗੇ। ਇਸ ਤੋਂ ਇਲਾਵਾ ਪੀ ਏ ਯੂ, ਸਰਕਾਰੀ ਵਿਭਾਗਾਂ ਅਤੇ ਪ੍ਰਾਈਵੇਟ ਕੰਪਨੀਆਂ ਵਲੋਂ ਖੇਤੀ ਅਧਾਰਿਤ ਸਟਾਲ/ਪ੍ਰਦਰਸ਼ਨੀਆਂ ਵੀ ਲਗਾਏ ਜਾਣਗੇ, ਮੇਲੇ ਵਿਚ ਹਾੜੀ ਦੀਆਂ ਫ਼ਸਲਾਂ ਦੀਆਂ ਕਿਸਮਾਂ ਅਤੇ ਹੋਰ ਖੇਤੀ ਤਕਨੀਕਾਂ ਦੀਆਂ ਲਾਈਵ ਪ੍ਰਦਰਸ਼ਨੀਆਂ ਵੀ ਦਿਖਾਈਆਂ ਜਾਣਗੀਆਂ, ਜਿਸ ਵਿਚ ਕਿਸਾਨ ਵੀਰਾਂ ਅਤੇ ਬੀਬੀਆਂ ਲਈ ਬਹੁਤ ਕੀਮਤੀ ਜਾਣਕਾਰੀ ਹੋਵੇਗੀ। ਉਨ੍ਹਾਂ ਦੱਸਿਆ ਕਿ ਇਸ ਮੇਲੇ ਵਿਚ ਪੰਜਾਬ ਸਰਕਾਰ ਦੇ ਮੰਤਰੀ ਸਾਹਿਬਾਨ ਅਤੇ ਡਾਕਟਰ ਸਤਬੀਰ ਸਿੰਘ ਗੋਸ਼ਲ ਕੁਲਪਤੀ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ ਵਿਸ਼ੇਸ ਤੌਰ 'ਤੇ ਪਹੁੰਚ ਰਹੇ ਹਨ।

## ਜ਼ਿਲ੍ਹਾ ਲੋਕ ਸੰਪਰਕ ਅਧਿਕਾਰੀ ਹਰਜਿੰਦਰ ਸਿੰਘ ਕਲਸੀ ਗੁ. ਸ਼੍ਰੀ ਚੋਲਾ ਸਾਹਿਬ ਵਿਖੇ ਹੋਏ ਨਤਮਸਤਕ



**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**-ਗੁਰਦਾਸਪੁਰ ਜ਼ਿਲ੍ਹੇ ਦੇ ਲੋਕ ਸੰਪਰਕ ਅਧਿਕਾਰੀ ਹਰਜਿੰਦਰ ਸਿੰਘ ਕਲਸੀ ਆਪਣੇ ਪੱਤਰਕਾਰ ਸਾਥੀਆਂ ਸਮੇਤ ਗੁਰਦੁਆਰਾ ਸ਼੍ਰੀ ਚੋਲਾ ਸਾਹਿਬ ਵਿਖੇ ਨਤਮਸਤਕ ਹੋਏ ਅਤੇ ਗੁਰੂ ਘਰ ਦਾ ਅਸ਼ੀਰਵਾਦ ਪ੍ਰਾਪਤ ਕੀਤਾ।ਇਸ ਮੌਕੇ ਇਸ ਵਾਰ ਦੇ ਮੇਲਾ ਮੁੱਖ ਪ੍ਰਬੰਧਕ ਸਵ. ਬਾਬਾ ਸੰਤ ਸਿੰਘ ਬੇਦੀ ਸ਼੍ਰੀ ਚੋਲਾ ਸਾਹਿਬ ਵਾਲਿਆਂ ਦੇ ਪਰਿਵਾਰਕ ਮੈਂਬਰ ਬਾਬਾ ਰਣਜੀਤ ਸਿੰਘ ਬੇਦੀ, ਡਾ. ਸੁਖਵਿੰਦਰ ਸਿੰਘ ਬੇਦੀ ਤੇ ਬਾਬਾ ਹਰਪ੍ਰੀਤ ਸਿੰਘ ਵੱਲੋਂ ਹਰਜਿੰਦਰ ਸਿੰਘ ਕਲਸੀ ਨੂੰ ਗੁਰੂ ਘਰ ਦੀ ਬਖਸ਼ਿਸ਼ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ।ਇਸ ਮੌਕੇ ਸ਼੍ਰੀ ਕਲਸੀ ਸ਼੍ਰੀ ਚੋਲਾ ਸਾਹਿਬ ਦੇ ਦਰਸ਼ਨ ਕਰਨ ਉਪਰੰਤ ਸੱਚਖੰਡ ਵਾਸੀ ਬਾਬਾ ਅਨੂਪ ਸਿੰਘ ਬੇਦੀ ਦੇ ਗ੍ਰਹਿ ਵਿਖੇ ਪਹੁੰਚੇ, ਜਿੱਥੇ ਬਾਬਾ ਅਵਤਾਰ ਸਿੰਘ ਬੇਦੀ ਸ਼੍ਰੀ ਚੋਲਾ ਸਾਹਿਬ ਵਾਲਿਆਂ ਵੱਲੋਂ ਹਰਜਿੰਦਰ ਸਿੰਘ ਕਲਸੀ, ਦਲਜੀਤ ਸਿੰਘ ਫਤਿਹਗੜ੍ਹ ਚੂੜੀਆਂ, ਪੱਤਰਕਾਰ ਸੁਸ਼ੀਲ ਬੱਬਰ, ਪੱਤਰਕਾਰ ਰਿੰਕਾ ਵਾਲੀਆ, ਪੱਤਰਕਾਰ ਰਮੇਸ਼ ਸ਼ਰਮਾ ਨੂੰ ਗੁਰੂ ਘਰ ਦੀ ਬਖਸ਼ਿਸ਼ ਸਿਰਪਾਓ ਦੇ ਕੇ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਜ਼ਿਲ੍ਹਾ ਲੋਕ ਸੰਪਰਕ ਅਧਿਕਾਰੀ ਹਰਜਿੰਦਰ ਸਿੰਘ ਕਲਸੀ ਨੇ ਇਲਾਕੇ ਅਤੇ ਦੇਸ਼ਾਂ-ਵਿਦੇਸ਼ਾਂ ਦੀਆਂ ਸੰਗਤਾਂ ਨੂੰ ਮੇਲਾ ਸ਼੍ਰੀ ਚੋਲਾ ਸਾਹਿਬ ਦੇ ਸਾਲਾਨਾ ਜੋੜ ਮੇਲੇ ਦੀ ਵਧਾਈ ਦਿੰਦਿਆਂ ਕਿਹਾ ਕਿ ਸਾਨੂੰ ਮਨੁੱਖਾ ਜੀਵਨ ਸਫਲ ਕਰਨ ਲਈ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਫਲਸਫ਼ੇ ਤੇ ਚੱਲਦਿਆਂ ਹੋਇਆਂ ਨਾਮ ਜਪਣ, ਵੰਡ ਛਕਣ ਅਤੇ ਕਿਰਤ ਕਰਨ ਨੂੰ ਪਹਿਲ ਦੇਣੀ ਚਾਹੀਦੀ ਹੈ

## ਮਹਿਲਾ ਦਿਵਸ ਮੌਕੇ ਨਾਟਕ 'ਫਾਰਐਵਰ ਮਹਾਰਾਣੀ ਜਿੰਦਾਂ' ਦਾ ਸਫ਼ਲ ਮੰਚਨ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਅੰਤਰਰਾਸ਼ਟਰੀ ਮਹਿਲਾ ਦਿਵਸ ਮੌਕੇ ਅਨਾਮਿਕਾ ਆਰਟਸ ਐਸੋਸੀਏਸ਼ਨ ਅੰਮ੍ਰਿਤਸਰ ਵੱਲੋਂ ਸਰੂਪ ਰਾਣੀ ਸਰਕਾਰੀ ਕਾਲਜ ਵੋਮੈਨ ਅੰਮ੍ਰਿਤਸਰ ਦੇ ਸਹਿਯੋਗ ਨਾਲ ਔਰਤ ਦੇ ਸੰਘਰਸ਼ ਦੀ ਕਹਾਣੀ ਬਿਆਨ ਕਰਦੇ ਨਾਟਕ ਫਾਰਐਵਰ ਮਹਾਰਾਣੀ ਜਿੰਦਾਂ ਦਾ ਮੰਚਨ ਕੀਤਾ ਗਿਆ।

ਡਾ. ਆਤਮਾ ਸਿੰਘ ਗਿੱਲ ਦੁਆਰਾ ਲਿਖੇ ਅਤੇ ਈਮੈਨੂਅਲ ਸਿੰਘ ਦੁਆਰਾ ਨਿਰਦੇਸ਼ਤ ਨਾਟਕ 'ਮਹਾਰਾਣੀ ਜਿੰਦਾਂ' ਰਾਹੀਂ ਅੱਜ ਦੀ ਨਵੀਂ ਪੀੜ੍ਹੀ ਨੂੰ ਪੰਜਾਬ ਦੇ ਉਸ ਸੁਨਹਿਰੀ ਦੌਰ ਨਾਲ ਜਾਣੂ ਕਰਵਾਉਣ ਦਾ ਸਫ਼ਲ ਯਤਨ ਕੀਤਾ ਗਿਆ ਜਿਸ ਨੂੰ ਖ਼ਾਲਸਾ ਰਾਜ ਜਾਂ ਸ਼ੇਰੇ ਪੰਜਾਬ ਮਹਾਰਾਜਾ ਰਣਜੀਤ ਸਿੰਘ ਦੇ ਨਾਂ ਨਾਲ ਜਾਣਿਆ ਜਾਂਦਾ ਹੈ।ਨਾਟਕ ਵਿੱਚ ਸਿੱਖ ਰਾਜ ਦੀ ਅਧੋਗਤੀ ਦੇ ਨਾਲ ਮਹਾਰਾਣੀ ਜਿੰਦਾਂ ਅਤੇ ਮਹਾਰਾਜਾ ਦਲੀਪ ਸਿੰਘ ਦੇ ਦੁਖਾਂਤ ਨੂੰ ਵਿਭਿੰਨ ਨਾਟਕੀ ਜੁਗਤਾਂ ਰਾਹੀਂ ਪ੍ਰਸਤੁਤ ਕੀਤਾ ਗਿਆ।ਨਾਟਕ ਵਿੱਚ ਮਹਾਰਾਣੀ ਜਿੰਦਾਂ ਦੇ ਜੀਵਨ ਸੰਘਰਸ਼ ਅਤੇ ਖੁੱਸੇ ਹੋਏ ਸਿੱਖ ਰਾਜ ਦੀ ਮੁੜ ਪ੍ਰਾਪਤੀ ਲਈ ਅਤੇ ਬਾਲਕ ਮਹਾਰਾਜੇ ਦਲੀਪ ਸਿੰਘ ਨੂੰ ਉਸਦੇ ਹੱਕ ਹਕੂਕ ਦਿਵਾਉਣ ਲਈ ਜੱਦੋ-ਜਹਿਦ ਦ੍ਰਿਸ਼ਟੀਗੋਚਰ ਹੁੰਦੀ ਹੈ।

## ਮੁੱਖ ਮੰਤਰੀ ਸਿਹਤ ਯੋਜਨਾ ਦੇ ਕਾਰਡ ਬਣਾਉਣ ਲਈ ਜ਼ਿਲ੍ਹਾ ਪ੍ਰਸ਼ਾਸਨ ਨੇ ਵਿਸ਼ੇਸ਼ ਮੁਹਿੰਮ ਚਲਾਈ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਪੰਜਾਬ ਸਰਕਾਰ ਦੀਆਂ ਹਦਾਇਤਾਂ ਤਹਿਤ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਮੁੱਖ ਮੰਤਰੀ ਸਿਹਤ ਯੋਜਨਾ ਦੇ ਕਾਰਡ ਬਣਾਉਣ ਲਈ ਵਿਸ਼ੇਸ਼ ਕੈਂਪ ਲਗਾਏ ਜਾ ਰਹੇ ਹਨ। ਇਸ ਸਬੰਧੀ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਅੰਮ੍ਰਿਤਸਰ ਦਲਵਿੰਦਰਜੀਤ ਸਿੰਘ ਨੇ ਦੱਸਿਆ ਕਿ ਮੁੱਖ ਮੰਤਰੀ ਸਿਹਤ ਯੋਜਨਾ ਦੇ ਕਾਰਡ ਬਣਾਉਣ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਪਿੰਡਾਂ ਅਤੇ ਸ਼ਹਿਰਾਂ ਵਿੱਚ 58 ਸੁਵਿਧਾ ਕੈਂਪ ਲਗਾਏ ਗਏ ਹਨ।ਇਸ ਤੋਂ ਇਲਾਵਾ ਜ਼ਿਲ੍ਹੇ ਵਿੱਚ 544 ਕਾਮਨ ਸੈਂਟਰਾਂ ਵਿੱਚ ਵੀ ਇਹ ਕਾਰਡ ਬਣਾਏ ਜਾ ਰਹੇ ਹਨ।ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਦੇ ਸਾਰੇ ਡਵੀਜ਼ਨਲ ਅਤੇ ਸਬ ਡਵੀਜ਼ਨਲ ਹਸਪਤਾਲਾਂ ਵਿੱਚ ਵੀ ਮੁੱਖ ਮੰਤਰੀ ਸਿਹਤ ਯੋਜਨਾ ਦੇ ਕਾਰਡ ਬਣਾਏ ਜਾ ਰਹੇ ਹਨ ਅਤੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਅੰਮ੍ਰਿਤਸਰ ਵਿਖੇ ਸਥਿਤ ਸੇਵਾ ਕੇਂਦਰ ਵਿੱਚ ਵੀ ਮੁੱਖ ਮੰਤਰੀ ਸਿਹਤ ਯੋਜਨਾ ਦੇ ਕਾਰਡ ਬਣਾਉਣ ਦੀ ਸਹੂਲਤ ਦਿੱਤੀ ਗਈ ਹੈ।ਉਨ੍ਹਾਂ ਦੱਸਿਆ ਕਿ ਇਸ ਯੋਜਨਾ ਤਹਿਤ ਸੂਬੇ ਦੇ ਹਰ ਪਰਿਵਾਰ ਨੂੰ ਸਾਲਾਨਾ 10 ਲੱਖ ਰੁਪਏ ਦੇ ਮੁਫ਼ਤ ਇਲਾਜ ਦੀ ਸਹੂਲਤ ਮਿਲੇਗੀ। ਉਨ੍ਹਾਂ ਦੱਸਿਆ ਕਿ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਲਾਭਪਾਤਰੀ ਸਰਕਾਰੀ ਹਸਪਤਾਲਾਂ ਦੇ ਨਾਲ ਨਾਮੀ ਪ੍ਰਾਈਵੇਟ ਹਸਪਤਾਲਾਂ ਵਿੱਚ ਵੀ ਆਪਣਾ ਮੁਫ਼ਤ ਇਲਾਜ ਕਰਵਾ ਸਕਣਗੇ।ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਦੇ 89 ਨਾਮੀਗ੍ਰਾਮੀ ਹਸਪਤਾਲ ਮੁਫ਼ਤ ਇਲਾਜ ਲਈ ਸੂਚੀਬੱਧ ਕੀਤੇ ਗਏ ਹਨ।ਇਨਾਂ ਸੂਚੀਬੱਧ ਸੰਸਥਾਵਾਂ ਵਿਚੋਂ ਕਿਸੇ ਵੀ ਸੰਸਥਾਨ ਵਿਚੋਂ ਲਾਭਪਾਤਰੀ ਆਪਣਾ ਮੁਫ਼ਤ ਇਲਾਜ ਕਰਵਾ ਸਕਦੇ ਹਨ।

## ਪੈਨਸ਼ਨਰ ਐਸੋ: ਪੀ.ਐੱਸ.ਪੀ. ਸੀ.ਐੱਲ. ਸਰਕਲ ਦਾ ਜੱਥਾ ਮੋਹਾਲੀ ਧਰਨੇ ਲਈ ਰਵਾਨਾ



ਪੱਟੀ, (ਬਲਦੇਵ ਸਿੰਘ ਸੰਧੂ)-ਆਮ ਆਦਮੀ ਪਾਰਟੀ ਵੱਲੋਂ ਆਪਣੇ ਰਾਜ ਭਾਗ ਦੇ ਪੇਸ਼ ਕੀਤੇ ਗਏ ਅਖੀਰਲੇ ਬਜਟ ਨੇ ਪੈਨਸ਼ਨਰਾਂ, ਮੁਲਾਜ਼ਮਾਂ, ਆਊਟ ਸੋਰਸਿੰਗ, ਠੇਕਾ ਆਧਾਰਤ, ਅਤੇ ਕੰਟਰੈਕਟ ਤੇ ਅਧਾਰ ਤੇ ਕੰਮ ਕਰਦੇ ਮੁਲਾਜ਼ਮਾਂ-ਪੈਨਸ਼ਨਰਾਂ ਦੇ ਪੱਲੇ ਨਿਰਾਸ਼ਾ ਹੀ ਪਾਈ ਹੈ।ਇਲੈਕਸ਼ਨਾਂ ਤੋਂ ਪਹਿਲਾਂ ਭਗਵੰਤ ਸਿੰਘ ਮਾਨ ਵੱਲੋਂ ਰਾਜ ਦੇ ਮੁਲਾਜ਼ਮਾਂ, ਪੈਨਸ਼ਨਰਾਂ, ਠੇਕਾ ਮੁਲਾਜ਼ਮਾਂ ਅਤੇ ਆਊਟ ਸੋਰਸਿੰਗ ਕਾਮਿਆਂ ਨਾਲ ਗਾਰੰਟੀ ਕੀਤੀ ਸੀ ਕਿ ਆਪ ਦੀ ਸਰਕਾਰ ਆਉਣ ਤੇ ਕਿਸੇ ਮੁਲਾਜ਼ਮ ਪੈਨਸ਼ਨਰ ਨੂੰ ਮੰਗਾਂ ਸਬੰਧੀ ਧਰਨਾ ਮੁਜ਼ਾਹਰਾ ਨਹੀਂ ਕਰਨਾ ਪਏਗਾ ਪ੍ਰੰਤੂ ਅੱਠ ਮਾਰਚ ਨੂੰ ਚੰਡੀਗੜ੍ਹ ਵਿਖੇ ਮੁਲਾਜ਼ਮਾਂ ਪੈਨਸ਼ਨਰਾਂ ਅਤੇ ਕੱਚੇ ਮੁਲਾਜ਼ਮਾਂ ਉੱਪਰ ਪਾਣੀ ਦੀਆਂ ਬੁਛਾੜਾਂ ਤੇ ਅੱਥਰੂ ਗੈਸ ਦੇ ਗੋਲੇ ਦਾਗ ਕੇ ਮੁਲਾਜ਼ਮਾ ਪੈਨਸ਼ਨਰਾਂ ਨੂੰ ਫੱਟੜ ਕਰਨ, ਧੀਆਂ ਭੈਣਾਂ ਦੀਆਂ ਚੁੰਨੀਆਂ ਅਤੇ ਮਰਦਾਂ ਦੀਆਂ ਪੱਗਾਂ ਪੈਰਾਂ ਹੇਠ ਰੋਲਣ ਦੇ ਕਾਰਨਾਮਿਆਂ ਨੇ ਸਾਬਤ ਕਰ ਦਿੱਤਾ ਹੈ ਕਿ ਆਪਣੇ ਆਪ ਨੂੰ ਇਨਕਲਾਬੀ ਅਤੇ ਇਮਾਨਦਾਰ ਦੱਸਣ ਵਾਲੀ ਪਾਰਟੀ ਨਿਰਾ ਝੂਠ ਦਾ ਬੁਲੰਦਾ ਹੈ।ਉਪਰੋਕਤ ਸ਼ਬਦਾਂ ਦਾ ਪ੍ਰਗਟਾਵਾ ਪੈਨਸ਼ਨਰ ਐਸੋਸੀਏਸ਼ਨ ਪੀ.ਐਸ.ਪੀ.ਸੀ. ਐੱਲ ਸਰਕਲ ਤਰਨ ਤਾਰਨ ਦੇ ਪ੍ਰਧਾਨ ਗੁਰਪ੍ਰੀਤ ਸਿੰਘ ਮੰਨਣ ਅਤੇ ਸਰਕਲ ਵਿੱਤ ਸਕੱਤਰ ਹਰਭਜਨ ਸਿੰਘ ਪੱਟੀ ਨੇ ਮੁਹਾਲੀ ਵਿਖੇ ਮੁਲਾਜ਼ਮਾਂ ਪੈਨਸ਼ਨਰਾਂ ਦੇ ਸਾਂਝੇ ਫਰੰਟ ਵੱਲੋਂ ਮੰਗਾਂ ਨੂੰ ਲੈ ਕੇ ਕੀਤੀ ਜਾ ਰਹੀ ਰੈਲੀ ਵਿੱਚ ਹਿੱਸਾ ਲੈਣ ਜਾਣ ਸਮੇਂ ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ।ਇਸ ਮੌਕੇ ਹੋਰਨ ਤੋਂ ਇਲਾਵਾ ਸੋਹਣ ਸਿੰਘ ਰੱਖੜਾ, ਸਰਜੀਤ ਸਿੰਘ ਵਰਪਾਲ, ਸਵਰਨ ਸਿੰਘ ਪੱਟੀ, ਗਿਆਨ ਸਿੰਘ, ਬਲਵਿੰਦਰ ਸਿੰਘ ਮੰਡ ,ਚੰਨਣ ਸਿੰਘ, ਜਗਤਾਰ ਸਿੰਘ ਜੱਗਾ, ਬਾਬਾ ਜਸਵੰਤ ਸਿੰਘ, ਬਲਬੀਰ ਸਿੰਘ ਮਰਹਾਣਾ, ਅਲਵਿੰਦਰ ਸਿੰਘ ਜੌਹਲ, ਪ੍ਰਮਜੀਤ ਸਿੰਘ ਜੱਸਲ ਅਤੇ ਪ੍ਰਗਟ ਸਿੰਘ ਆਦਿ ਮੌਜੂਦ ਸਨ।

# ਪੇਪਰ ਮਿੱਲ ਬਨਾਂ ਦੀ ਮੈਨੇਜਮੈਂਟ ਵੱਲੋਂ ਕਿਰਤ ਕਾਨੂੰਨਾਂ ਦੀਆਂ ਉਲੰਘਣਾਵਾਂ ਖ਼ਿਲਾਫ਼ ਸੀਟੂ ਵੱਲੋਂ ਗੇਟ ਰੈਲੀ

**ਪੋਜੇਵਾਲ (ਰਾਮ ਲਾਲ)**- ਸ੍ਰੀ ਹਾਂਸ ਪੇਪਰ ਮਿੱਲ ਬਨਾਂ ਦੀ ਮੈਨੇਜਮੈਂਟ ਵੱਲੋਂ ਵਰਕਰਾਂ ਦੀਆਂ ਸਹੂਲਤਾਂ ਵਿੱਚ ਕੀਤੀ ਜਾ ਰਹੀ ਕਟੌਤੀ ਅਤੇ ਕਿਰਤ ਕਾਨੂੰਨਾਂ ਦੀ ਸ਼ਰੇਆਮ ਉਲੰਘਣਾ ਦੇ ਵਿਰੋਧ ਵਿੱਚ ਪੇਪਰ ਮਿੱਲ ਵਰਕਰ ਯੂਨੀਅਨ ਸੀਟੂ ਵੱਲੋਂ ਇੱਕ ਵਿਸ਼ਾਲ ਗੇਟ ਰੈਲੀ ਕੀਤੀ ਗਈ। ਇਸ ਰੈਲੀ ਨੂੰ ਸੰਬੋਧਨ ਕਰਦਿਆਂ ਸੀਟੂ ਦੇ ਸੂਬਾਈ ਜਨਰਲ ਸਕੱਤਰ ਮਹਾਂ ਸਿੰਘ ਰੋੜੀ ਨੇ ਮੈਨੇਜਮੈਂਟ ਦੇ ਅੜੀਅਲ ਰਵੱਈਏ ਦੀ ਸਖ਼ਤ ਨਿਖੇਧੀ ਕੀਤੀ। 60 ਸਾਲ ਦੀ ਉਮਰ ਪੂਰੀ ਕਰ ਚੁੱਕੇ ਵਰਕਰਾਂ ਨੂੰ ਮੁੜ ਕੰਮ 'ਤੇ ਰੱਖ ਕੇ ਪੁਰਾਣੇ ਕੱਚੇ ਮੁਲਾਜ਼ਮਾਂ ਦੇ ਹੱਕ ਮਾਰੇ ਜਾ ਰਹੇ ਹਨ। ਫੈਕਟਰੀ ਵਿੱਚ ਕੰਮ ਕਰਦੇ ਵਰਕਰਾਂ ਨੂੰ ਸਰਕਾਰ ਵੱਲੋਂ ਨਿਰਧਾਰਤ ਘੱਟੋ-ਘੱਟ ਉਜਰਤਾਂ ਵੀ ਨਹੀਂ ਦਿੱਤੀਆਂ ਜਾ ਰਹੀਆਂ।ਮੁਲਾਜ਼ਮਾਂ ਦਾ ਨਾ ਤਾਂ ਪ੍ਰੋਵੀਡੈਂਟ ਫੰਡ ਕੱਟਿਆ ਜਾ ਰਿਹਾ ਹੈ ਅਤੇ ਨਾ ਹੀ ਉਨ੍ਹਾਂ 'ਤੇ ਈ ਐਸ ਆਈ ਦੀਆਂ ਸਹੂਲਤਾਂ ਲਾਗੂ ਕੀਤੀਆਂ ਗਈਆਂ ਹਨ। ਬਿਮਾਰ ਹੋਣ ਦੀ ਸੂਰਤ ਵਿੱਚ ਵਰਕਰਾਂ ਨੂੰ ਕੋਈ ਮੈਡੀਕਲ ਭੱਤਾ ਜਾਂ ਇਲਾਜ ਦੀ ਸਹੂਲਤ ਨਹੀਂ ਦਿੱਤੀ ਜਾਂਦੀ। ਕੱਚੇ ਮੁਲਾਜ਼ਮਾਂ ਤੋਂ ਪੂਰਾ ਕੰਮ ਲਿਆ ਜਾ ਰਿਹਾ ਹੈ, ਪਰ ਉਨ੍ਹਾਂ ਨੂੰ ਨਾ ਤਾਂ ਕੋਈ ਆਫਰ ਲੈਟਰ ਦਿੱਤਾ ਗਿਆ ਹੈ ਅਤੇ ਨਾ ਹੀ ਬਣਦੀ ਤਨਖਾਹ।ਯੂਨੀਅਨ ਦੇ ਸੈਕਟਰੀ ਹਰੇ ਰਾਮ ਯਾਦਵ ਅਤੇ ਹੋਰ ਆਗੂਆਂ ਨੇ ਸਪੱਸ਼ਟ ਕੀਤਾ ਕਿ ਮੈਨੇਜਮੈਂਟ ਦੀ ਇਹ ਧੱਕੇਸ਼ਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ।ਜੇਕਰ ਮੈਨੇਜਮੈਂਟ ਨੇ ਰਿਟਾਇਰ ਹੋ ਚੁੱਕੇ ਵਰਕਰਾਂ ਨੂੰ ਤੁਰੰਤ ਕੰਮ ਤੋਂ ਨਾ ਹਟਾਇਆ ਅਤੇ ਕੱਚੇ ਮੁਲਾਜ਼ਮਾਂ ਨੂੰ ਪੱਕਾ ਕਰਨ ਦੀ ਪ੍ਰਕਿਰਿਆ ਸ਼ੁਰੂ ਨਾ ਕੀਤੀ, ਤਾਂ ਜਥੇਬੰਦੀ ਤਿੱਖਾ ਸੰਘਰਸ਼ ਵਿੱਢਣ ਲਈ ਮਜਬੂਰ ਹੋਵੇਗੀ।ਆਗੂਆਂ ਨੇ ਸਮੂਹ ਵਰਕਰਾਂ ਨੂੰ ਅਪੀਲ ਕੀਤੀ ਕਿ ਉਹ ਆਪਣੀਆਂ ਹੱਕੀ ਮੰਗਾਂ ਲਈ ਲਾਮਬੰਦ ਹੋਣ ਅਤੇ ਆਉਣ ਵਾਲੇ ਸਮੇਂ ਵਿੱਚ ਕਿਸੇ ਵੀ ਵੱਡੇ ਸੰਘਰਸ਼ ਲਈ ਤਿਆਰ ਰਹਿਣ।



# ਅੱਖਾਂ ਦੀ ਜਾਂਚ ਸੰਬੰਧੀ ਕੈਂਪ



**ਕਪੂਰਥਲਾ (ਪ੍ਰੀਤ ਸੰਗੋਜਲਾ)**- ਸਿਵਲ ਸਰਜਨ ਡਾ. ਸੰਜੀਵ ਭਗਤ ਦੀ ਅਗਵਾਈ ਹੇਠ ਸਿਵਲ ਹਸਪਤਾਲ ਕਪੂਰਥਲਾ ਵਿਖੇ ਵਿਸ਼ਵ ਗੁਲਕੋਮਾ ਹਫਤੇ ਅੱਖਾਂ ਦੀ ਜਾਂਚ ਸਬੰਧੀ ਵਿਸ਼ੇਸ਼ ਕੈਂਪ ਲਗਾਇਆ ਗਿਆ। ਇਸ ਮੌਕੇ ਸਿਵਲ ਸਰਜਨ ਡਾਕਟਰ ਸੰਜੀਵ ਭਗਤ ਦੱਸਿਆ ਕਿ 8 ਤੋਂ 14 ਮਾਰਚ ਤੱਕ ਵਿਸ਼ਵ ਗੁਲਕੋਮਾ ਹਫਤਾ ਮਨਾਇਆ ਜਾ ਰਿਹਾ ਹੈ। ਹਾਜ਼ਰੀਨਾਂ ਨੂੰ ਸੰਬੋਧਨ ਕਰਦਿਆਂ ਉਨ੍ਹਾਂ ਕਿਹਾ ਕਿ ਭਾਰਤ 'ਚ ਗੁਲਕੋਮਾ ਸਥਾਈ ਨੇਤਰਹੀਣਤਾ ਦੇ ਮੁੱਖ ਕਾਰਨਾਂ ਵਿਚੋਂ ਇਕ ਅਹਿਮ ਕਾਰਨ ਹੈ। ਸਿਵਲ ਸਰਜਨ ਡਾਕਟਰ ਸੰਜੀਵ ਭਗਤ ਨੇ ਗੁਲਕੋਮਾ ਦੇ ਲੱਛਣਾਂ ਬਾਰੇ ਦੱਸਦਿਆ ਉਨ੍ਹਾਂ ਕਿਹਾ ਕਿ ਅਸਾਧਾਰਨ ਸਿਰ ਦਰਦ ਜਾਂ ਅੱਖਾਂ 'ਚ ਦਰਦ ,ਪੜਨ ਵਾਲੇ ਚਸ਼ਮਿਆਂ ਦਾ ਵਾਰ ਵਾਰ ਬਦਲਨਾ,ਦ੍ਰਿਸ਼ਟੀ ਦੇ ਖੇਤਰ ਦਾ ਸੀਮਤ ਹੋਣਾ ਆਦਿ ਇਸ ਦੇ ਮੁੱਖ ਲੱਛਣ ਹਨ। ਉਨ੍ਹਾਂ ਕਿਹਾ ਕਿ ਗੁਲਕੋਮਾ ਦਾ ਇਲਾਜ ਸਫਲ ਤਰੀਕੇ ਨਾਲ ਹੋ ਸਕਦਾ ਹੈ ਜੇਕਰ ਸਮੇਂ ਸਿਰ ਇਸ ਦਾ ਪਤਾ ਲੱਗ ਜਾਵੇ ।ਇਸ ਮੌਕੇ ਹਸਪਤਾਲ 'ਚ ਆਏ ਮਰੀਜ਼ਾਂ ਨੂੰ ਚੈਕ ਕਰਨ ਉਪਰੰਤ ਡਾ. ਸਾਲੂ ਸਾਮਰੀਆ ਨੇ ਦੱਸਿਆ ਕਿ ਜੇਕਰ ਤੁਹਾਡਾ ਕੋਈ ਰਿਸ਼ਤੇਦਾਰ, ਗਵਾਂਢੀ ਜਾਂ ਜਾਣਕਾਰ ਗੁਲਕੋਮਾ ਨਾਲ ਪੀੜਤ ਹੈ ਤਾਂ ਉਸ ਨੂੰ ਤੁਰੰਤ ਡਾਕਟਰ ਤੋਂ ਜਾਂਚ ਕਰਵਾਉਣ ਦੀ ਸਲਾਹ ਦਿਓ ਤਾਂ ਕਿ ਸਮਾਂ ਰਹਿੰਦਿਆਂ ਉਸ ਦੀ ਅੱਖਾਂ ਦੀ ਰੋਸ਼ਨੀ ਨੂੰ ਬਚਾਇਆ ਜਾ ਸਕੇ।ਇਸ ਮੌਕੇ ਏਸੀਐਸ ਡਾਕਟਰ ਅੰਨੂ ਸ਼ਰਮਾ, ਸੀਨੀਅਰ ਮੈਡੀਕਲ ਅਫਸਰ ਡਾਕਟਰ ਪਰਮਿੰਦਰ ਕੌਰ, ਸੁਪਰਡੈਂਟ ਰਾਮ ਅਵਤਾਰ, ਮਾਸ ਮੀਡੀਆ ਅਫ਼ਸਰ ਸ਼ਰਨਦੀਪ ਸਿੰਘ, ਸੁਖਦਿਆਲ ਸਿੰਘ, ਬੀ ਸੀ ਸੀ ਜੋਤੀ ਅਨੰਦ ਆਦਿ ਹਾਜ਼ਰ ਸਨ।

# ਇਤਿਹਾਸਕ ਬੇਗਮਪੁਰਾ ਦਮੜੀ ਸ਼ੋਭਾ ਯਾਤਰਾ ਦੇ ਪ੍ਰਬੰਧਾਂ ਲਈ ਸੁਸਾਇਟੀ ਦੀ ਮੀਟਿੰਗ

**ਹੁਸ਼ਿਆਰਪੁਰ (ਓ ਪੀ ਰਾਣਾ)**- ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ ਪੰਜਾਬ ਦੀ ਵਿਸ਼ੇਸ਼ ਮੀਟਿੰਗ ਡੇਰਾ ਸੰਤ ਸੀਤਲ ਦਾਸ ਬੋਹਣ ਵਿਖੇ ਸੰਤ ਸਰਵਣ ਦਾਸ ਚੇਅਰਮੈਨ, ਸੰਤ ਨਿਰਮਲ ਦਾਸ ਬਾਬੇ ਜੌੜੇ ਪ੍ਰਧਾਨ ਦੀ ਪ੍ਰਧਾਨਗੀ ਹੇਠ ਹੋਈ। 3 ਅਪ੍ਰੈਲ ਨੂੰ ਜਲੰਧਰ ਤੋਂ ਹਰਿਦੁਆਰ ਤੱਕ ਆਰੰਭ ਹੋਣ ਵਾਲੀ ਇਤਿਹਾਸਕ ਬੇਗਮਪੁਰਾ ਦਮੜੀ ਸ਼ੋਭਾ ਯਾਤਰਾ ਦੇ ਪ੍ਰਬੰਧਾਂ ਤੇ ਰੇਲ ਟਿਕਟਾਂ ਦੀ ਬੁਕਿੰਗ ਸਬੰਧੀ ਵਿਚਾਰ ਚਰਚਾ ਕੀਤੀ ਗਈ।ਇਤਿਹਾਸਕ ਬੇਗਮਪੁਰਾ ਦਮੜੀ ਯਾਤਰਾ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ ਪੰਜਾਬ ਦੇ ਪ੍ਰਧਾਨ ਸੰਤ ਨਿਰਮਲ ਦਾਸ ਬਾਬੇਜੌੜੇ ਅਤੇ ਜਨਰਲ ਸਕੱਤਰ ਸੰਤ ਇੰਦਰ ਦਾਸ ਸੇਖੈ ਨੇ ਦੱਸਿਆ ਕਿ ਹਰ ਸਾਲ ਦੀ ਤਰਾਂ ਸਤਿਗੁਰੂ ਰਵਿਦਾਸ ਮਹਾਰਾਜ ਜੀ ਦਾ ਪ੍ਰਕਾਸ਼ ਪੁਰਬ ਹਰਿਦੁਆਰ ਵਿਖੇ ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ ਵਲੋਂ ਦੇਸ਼ ਵਿਦੇਸ਼ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਸ਼ਰਧਾ ਪੂਰਵਕ ਮਨਾਏ ਜਾਂਦੇ ਹਨ । ਉਹਨਾਂ ਦੱਸਿਆ ਕਿ 3 ਅਪ੍ਰੈਲ ਨੂੰ ਰੇਲਵੇ ਸਟੇਸ਼ਨ ਜਲੰਧਰ ਤੋਂ ਭਾਰੀ ਗਿਣਤੀ ਵਿੱਚ ਸੰਗਤਾਂ ਦਮੜੀ ਸ਼ੋਭਾ ਯਾਤਰਾ ਵਿਚ ਸ਼ਾਮਲ ਹੋ ਕੇ ਹਰਿਦੁਆਰ ਜਾਣਗੀਆਂ ਜਿਥੇ 4 ਅਪ੍ਰੈਲ ਗੁਰੂ ਰਵਿਦਾਸ ਬੇਗਮਪੁਰਾ ਆਸ਼ਰਮ ਤੋਂ ਹਰਿ ਕੀ ਪਉੜੀ ਤੱਕ ਪੈਦਲ ਸ਼ੋਭਾ ਯਾਤਰਾ ਕੱਢੀ ਜਾਵੇਗੀ ਤੇ 5 ਅਪ੍ਰੈਲ ਨੂੰ ਸ੍ਰੀ ਆਖੰਡ ਪਾਠ ਸਾਹਿਬ ਭੋਗ ਤੋਂ ਉਪਰੰਤ ਕੀਰਤਨ ਦੇ ਦੀਵਾਨ ਸਜਾਏ ਜਾਣਗੇ ਜਿਸ ਵਿੱਚ ਰਾਗੀ ਜਥੇ ਅਤੇ ਸੰਤ ਮਹਾਂਪੁਰਸ਼ ਸੰਗਤਾਂ ਨੂੰ ਨਿਹਾਲ ਕਰਨਗੇ। ਉਨ੍ਹਾਂ ਕਿਹਾ ਸ਼ੋਭਾ ਯਾਤਰਾ ਵਿੱਚ ਸ਼ਾਮਲ ਹੋਣ ਲਈ ਧਾਰਮਿਕ, ਸਮਾਜਿਕ ਅਤੇ ਰਾਜਨੀਤਕ ਸਖਸ਼ੀਅਤਾਂ ਨੂੰ ਖੁੱਲਾ ਸੱਦਾ ਦਿੱਤਾ ਗਿਆ ਹੈ।ਸੰਤ ਸਰਵਣ ਦਾਸ ਬੋਹਣ ਚੇਅਰਮੈਨ, ਸੰਤ ਪਰਮਜੀਤ ਦਾਸ ਕੈਸ਼ੀਅਰ, ਸੰਤ ਸਰਵਣ ਦਾਸ ਸਲੇਮਟਾਵਰੀ ਸੀਨੀ.ਮੀਤ ਪ੍ਰਧਾਨ,ਮਹੰਤ ਪ੍ਰਸ਼ੋਤਮ ਲਾਲ ਚੱਕ ਹਕੀਮ, ਸੰਤ ਬਲਵੰਤ ਸਿੰਘ ਡਿੰਗਰੀਆਂ ਮੀਤ ਪ੍ਰਧਾਨ, ਸੰਤ ਰਮੇਸ਼ ਦਾਸ ਸ਼ੇਰਪੁਰ ਢਕੋਂ, , ਸੰਤ ਧਰਮਪਾਲ ਸ਼ੇਰਗੜ, ਸੰਤ ਬੀਬੀ ਕੁਲਦੀਪ ਕੌਰ ਮਹਿਨਾ, ਸੰਤ ਜਗੀਰ ਸਿੰਘ ਸਰਬੱਤ ਭਲਾ ਆਸ਼ਰਮ ਨੰਦਾਚੌਰ, ਸੰਤ ਮਨੋਹਰ ਦਾਸ, ਸੰਤ ਬੀਬੀ ਕਮਲੇਸ਼ ਕੌਰ ਨਾਹਲਾਂ, ਸੰਤ ਗੁਰਮੀਤ ਦਾਸ, ਸੰਤ ਪ੍ਰੇਮ ਦਾਸ, ਸੰਤ ਪ੍ਰਮੇਸ਼ਵਰੀ ਦਾਸ ਸੇਖੈ, ਡੇਰਾ ਬੋਹਣ ਦੇ ਸੇਵਾਦਾਰ ਲਵਪ੍ਰੀਤ ਤੇ ਵੱਡੀ ਗਿਣਤੀ 'ਚ ਸੰਗਤਾਂ ਵੀ ਹਾਜ਼ਰ ਸਨ।



# ਬਾਦਲ ਨੇ ਭੁਲੇਵਾਲ ਰਾਠਾਂ ਦਾ ਅਕਾਲੀ ਦਲ 'ਚ ਵਾਪਸੀ ਦਾ ਕੀਤਾ ਸਵਾਗਤ

**ਹੁਸ਼ਿਆਰਪੁਰ/ਗੜ੍ਹਸ਼ੰਕਰ (ਬਲਵੀਰ ਸਿੰਘ ਸੈਣੀ)**- ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਮੈਂਬਰ ਤੇ ਸਾਬਕਾ ਵਿਧਾਇਕ ਸੁਰਿੰਦਰ ਸਿੰਘ ਭੁੱਲੇਵਾਲ ਰਾਠਾਂ ਦੀ 22 ਡੈਲੀਗੇਟਾਂ ਤੇ ਹੋਰ ਸਾਥੀਆਂ ਸਮੇਤ ਹੁਸ਼ਿਆਰਪੁਰ ਦੀ ਸਮੁੱਚੀ ਇਕਾਈ ਦੀ ਪਾਰਟੀ ਵਿਚ ਵਾਪਸੀ 'ਤੇ ਬਾਗੋ ਬਾਗ ਹੁੰਦਿਆਂ ਐਲਾਨ ਕੀਤਾ ਕਿ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਬਣਨ 'ਤੇ ਕੰਢੀ ਇਲਾਕੇ ਵਾਸਤੇ ਵਿਸ਼ੇਸ਼ ਉਦਯੋਗਿਕ ਪੈਕੇਜ ਦਾ ਪ੍ਰਬੰਧ ਕੀਤਾ ਜਾਵੇਗਾ ਅਤੇ ਪਠਾਨਕੋਟ-ਚੰਡੀਗੜ੍ਹ, ਅੰਮ੍ਰਿਤਸਰ- ਆਨੰਦਪੁਰ ਸਾਹਿਬ ਹਾਈਵੇ ਦੀ ਉਸਾਰੀ ਕੀਤੀ ਜਾਵੇਗੀ । ਹੁਸ਼ਿਆਰਪੁਰ ਦੇ ਨਜ਼ਦੀਕੀ ਕਸਬਾ ਸੈਲਾ ਖੁਰਦ ਅਨਾਜ ਮੰਡੀ ਵਿਚ ਵਿਸ਼ਾਲ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਨੇ ਕਿਹਾ ਕਿ ਦੁਆਬੇ ਵਿਚ ਅਕਾਲੀ ਦਲ ਦਾ ਮੁੜ ਉਭਾਰ ਹੋ ਰਿਹਾ ਹੈ ਤੇ ਅਕਾਲੀ ਦਲ ਦੇ ਆਗੂਆਂ ਦੀ ਘਰ ਵਾਪਸੀ ਦੀ ਲਹਿਰ ਚਲ ਰਹੀ ਹੈ ਤੇ ਪੁਨਰ ਸੁਰਜੀਤ ਦਲ ਦਾ ਪੰਜਾਬ ਵਿਚ ਸਫਾਇਆ ਹੋ ਰਿਹਾ ਹੈ। ਉਹਨਾਂ ਨੇ ਭੁੱਲੇਵਾਲ ਰਾਠਾਂ ਨੂੰ ਗੜ੍ਹਸ਼ੰਕਰ ਹਲਕੇ ਦਾ ਇੰਚਾਰਜ ਨਿਯੁਕਤ ਕਰਨ ਦਾ ਵੀ ਐਲਾਨ ਕੀਤਾ। ਬਾਦਲ ਨੇ ਕਿਹਾ ਕਿ ਇਕ ਵਾਰ 2027 ਵਿਚ ਅਕਾਲੀ ਦਲ ਦੀ ਸਰਕਾਰ ਬਣ ਗਈ ਤਾਂ ਅਸੀਂ ਇਸ ਪੱਟੀ ਵਾਸਤੇ ਵਿਸ਼ੇਸ਼ ਉਦਯੋਗਿਕ ਵਿਕਾਸ ਪੈਕੇਜ ਦਾ ਐਲਾਨ ਕਰਾਂਗੇ ਜਿਸ ਵਿਚ ਬਿਜਲੀ ਤੇ ਟੈਕਸ ਰਿਆਇਤਾਂ ਵੀ ਸ਼ਾਮਲ ਹੋਣਗੀਆਂ । ਇਕ ਹੋਰ ਅਹਿਮ ਐਲਾਨ ਕਰਦਿਆਂ ਬਾਦਲ ਨੇ ਕਿਹਾ ਕਿ ਅਕਾਲੀ ਦਲ ਮਾਹਿਲਪੁਰ ਵਿਖੇ ਸੈਂਟਰ ਫਾਰ ਐਕਸੀਲੈਂਸ ਸਥਾਪਿਤ ਕਰੇਗਾ ਜਿਸ ਦਾ ਫੁੱਟਬਾਲ ਖੇਡ ਵਾਸਤੇ ਬਹੁਤ ਲਾਭ ਮਿਲੇਗਾ। ਉਹਨਾਂ ਨੂੰ ਵਿਸ਼ਵਾਸ ਹੈ ਕਿ ਇਸ ਕੇਂਦਰ ਵਿਚ ਹਾਕੀ ਵਾਸਤੇ 17 ਐਸਟਰੋ ਫਾਰਮ ਸਥਾਪਿਤ ਹੋਣਗੇ ਜੋ ਕਿ ਪਿਛਲੀ ਅਕਾਲੀ ਦਲ ਦੀ ਸਰਕਾਰ ਨੇ ਇਸ ਕੇਂਦਰ ਨੂੰ ਕੌਮਾਂਤਰੀ ਕੇਂਦਰ ਵਜੋਂ ਵਿਕਸਤ ਕਰਨ ਵਾਸਤੇ ਬਣਾਏ ਸਨ। ਮੁੱਖ ਮੰਤਰੀ ਭਗਵੰਤ ਮਾਨ 'ਤੇ ਆਸਟਰੇਲੀਆ ਵਿਚ ਭ੍ਰਿਸ਼ਟ ਸਾਧਨਾਂ ਰਾਹੀਂ 2500 ਏਕੜ ਜ਼ਮੀਨ ਬਣਾਉਣ ਦਾ ਦੋਸ਼ ਲਾਉਂਦਿਆਂ ਬਾਦਲ ਨੇ ਕਿਹਾ ਕਿ ਆਪ ਸਰਕਾਰ ਕੋਲ ਬੁਢਾਪਾ ਪੈਨਸ਼ਨ, ਸ਼ਗਨ ਸਕੀਮ ਜਾਂ ਫਿਰ ਸੜਕਾਂ ਤੇ ਸੀਵਰੇਜ ਦੇ ਕੰਮਾਂ ਵਾਸਤੇ ਪੈਸਾ ਨਹੀਂ ਹੈ ਪਰ ਉਸ ਨੇ ਪਿਛਲੇ ਚਾਰ ਸਾਲਾਂ ਵਿਚ ਇਸ਼ਤਿਹਾਰਬਾਜ਼ੀ 'ਤੇ 4400 ਕਰੋੜ ਰੁਪਏ ਦਾ ਖਰਚਾ ਕਰ ਦਿੱਤਾ ਹੈ। ਇਸ ਨੇ ਇਸੇ ਸਾਲ 52000 ਕਰੋੜ ਰੁਪਏ ਦਾ ਕਰਜ਼ਾ ਲੈ ਲਿਆ ਹੈ ਤੇ ਸਰਕਾਰੀ ਜਾਇਦਾਦਾਂ ਵੇਚ ਰਹੀ ਹੈ। ਉਹਨਾਂ ਕਿਹਾ ਕਿ ਕਾਂਗਰਸ ਪੰਜਾਬ ਦੇ ਪਾਣੀ ਰਾਜਸਥਾਨ ਨੂੰ ਦੇਣ ਵਾਸਤੇ ਜ਼ਿੰਮੇਵਾਰ ਹੈ ਅਤੇ ਉਹ ਇਹ ਯਕੀਨੀ ਬਣਾਉਣਗੇ ਕਿ ਇਸ ਇਤਿਹਾਸਕ ਅਨਿਆਂ ਨੂੰ ਦਰੁੱਸਤ ਕੀਤਾ ਜਾਵੇ। ਉਹਨਾਂ ਕਿਹਾ ਕਿ ਰਾਜਸਥਾਨ ਨਹਿਰ ਰਾਹੀਂ ਜਾਂਦਾ ਸਾਰਾ ਪਾਣੀ ਪੰਜਾਬ ਦੇ ਖੇਤਾਂ ਵਾਸਤੇ ਦਿੱਤਾ ਜਾਵੇਗਾ। ਉਹਨਾਂ ਇਹ ਵੀ ਐਲਾਨ ਕੀਤਾ ਕਿ ਪਿਛਲੀ ਅਕਾਲੀ ਸਰਕਾਰ ਵੱਲੋਂ ਵਪਾਰੀਆਂ ਵਾਸਤੇ ਸ਼ੁਰੂ ਕੀਤੀ ਗਈ 'ਰਾਹਤ' ਸਕੀਮ ਮੁੜ ਸ਼ੁਰੂ ਕੀਤੀ ਜਾਵੇਗੀ ਜੋ ਕਿ ਕਾਂਗਰਸ ਤੇ ਆਪ ਸਰਕਾਰ ਦੇ ਰਾਜ ਵਿਚ ਬੰਦ ਕੀਤੀ ਗਈ। ਉਹਨਾਂ ਇਹ ਵੀ ਐਲਾਨ ਕੀਤਾ ਕਿ ਸਰਕਾਰੀ ਅਤੇ ਪ੍ਰਾਈਵੇਟ ਮੈਡੀਕਲ ਤੇ ਇੰਜੀਨੀਅਰਿੰਗ ਕਾਲਜਾਂ ਵਿਚ 50 ਫੀਸਦੀ ਸੀਟਾਂ ਪੰਜਾਬੀਆਂ ਵਾਸਤੇ ਰਾਖਵੀਂਆਂ ਕੀਤੀਆਂ ਜਾਣਗੀਆਂ ਤੇ ਪੰਜਾਬੀਆਂ ਨੂੰ ਪ੍ਰੋਫੈਸ਼ਨਲ ਸਿੱਖਿਆ ਮੁਫਤ ਪ੍ਰਦਾਨ ਕੀਤੀ ਜਾਵੇਗੀ।ਇਸ ਮੌਕੇ ਰੈਲੀ ਨੂੰ ਸ਼੍ਰੋਮਣੀ ਕਮੇਟੀ ਪ੍ਰਧਾਨ ਹਰਜਿੰਦਰ ਸਿੰਘ ਧਾਮੀ, ਸਾਬਕਾ ਮੰਤਰੀ ਸੋਹਣ ਸਿੰਘ ਠੰਢਲ, ਜਤਿੰਦਰ ਸਿੰਘ ਲਾਲੀ ਬਾਜਵਾ, ਵਰਿੰਦਰ ਸਿੰਘ ਬਾਜਵਾ, ਵਿਨਰਜੀਤ ਸਿੰਘ ਗੋਲਡੀ, ਤੇਜਿੰਦਰ ਸਿੰਘ ਮਿੱਡੂਖੇੜਾ ਅਤੇ ਰਵਿੰਦਰ ਸਿੰਘ ਚੱਕ ਤੇ ਬਿਕਰਮ ਸਿੰਘ ਅੱਲ੍ਹਾਬਖਸ਼ ਨੇ ਵੀ ਸੰਬੋਧਨ ਕੀਤਾ।



# ਲੋਕ ਹਿਤੈਸ਼ੀ ਕਾਫ਼ਲਾ ਫ਼ਗਵਾੜਾ ਵੱਲੋਂ ਭਗਤ ਸਿੰਘ, ਰਾਜਗੁਰੂ, ਸੁਖਦੇਵ ਦਾ ਸ਼ਹੀਦੀ ਦਿਹਾੜਾ ਮਨਾਉਣ ਦਾ ਐਲਾਨ

**ਫ਼ਗਵਾੜਾ (ਜਸਵਿੰਦਰ ਢੱਡਾ)**- ਲੋਕ ਹਿਤੈਸ਼ੀ ਕਾਫ਼ਲਾ ਫ਼ਗਵਾੜਾ ਵਲੋਂ ਰੈਸਟ ਹਾਊਸ ਫ਼ਗਵਾੜਾ ਵਿਖੇ ਮੀਟਿੰਗ ਕਰਕੇ, ਵਿਚਾਰ ਵਟਾਂਦਰਾ ਕਰਨ ਉਪਰੰਤ ਸ਼ਹੀਦ ਭਗਤ ਸਿੰਘ, ਰਾਜਗੁਰੂ ਅਤੇ ਸੁਖਦੇਵ ਦਾ ਸ਼ਹੀਦੀ ਦਿਹਾੜਾ 23 ਮਾਰਚ ਨੂੰ ਠੀਕ 3:45 ਵਜੇ ਟਾਊਨ ਹਾਲ ਫ਼ਗਵਾੜਾ ਦੇ ਪਾਰਕ ਵਿੱਚ ਇਕੱਠੇ ਹੋ ਕੇ ਮਨਾਉਣ ਦਾ ਫੈਸਲਾ ਕੀਤਾ ਗਿਆ।ਲੋਕ ਹਿਤੈਸ਼ੀ ਕਾਫ਼ਲਾ ਦੇ ਆਗੂਆਂ ਵਲੋਂ ਇਲਾਕੇ ਦੇ ਸਭ ਸੂਝਵਾਨ ਲੋਕਾਂ ਨੂੰ ਸ਼ਹੀਦਾਂ ਦੇ ਸੁਪਨਿਆਂ ਨੂੰ ਸਾਕਾਰ ਕਰਨ ਦਾ ਪ੍ਰਣ ਲੈਣ ਲਈ ਸ਼ਹੀਦਾਂ ਨੂੰ ਸ਼ਰਧਾ ਸੁਮਨ ਭੇਟ ਕਰਨ ਲਈ ਠੀਕ ਸਮੇਂ ਸਿਰ ਸਮਾਗਮ ਵਿੱਚ ਆਉਣ ਦੀ ਪੁਰਜ਼ੋਰ ਅਪੀਲ ਕੀਤੀ ਜਾਂਦੀ ਹੈ ਤਾਂ ਜੋ ਸ਼ਹੀਦਾਂ ਦੀ ਵਿਚਾਰਧਾਰਾ ਨੂੰ ਪ੍ਰਫੁੱਲਤ ਕਰਨ ਦੇ ਅਧੂਰੇ ਕਾਰਜ ਨੂੰ ਅੱਗੇ ਵਧਾਇਆ ਜਾ ਸਕੇ। ਸ਼ਹੀਦੀ ਦਿਹਾੜਾ ਮਨਾਉਣ ਦਾ ਐਲਾਨ ਕਰਨ ਅਤੇ ਸਮਾਗਮ ਵਿੱਚ ਸਮਾਜ ਸੇਵੀ ਜਥੇਬੰਦੀਆਂ ਨੂੰ ਸ਼ਾਮਲ ਹੋਣ ਦੀ ਅਪੀਲ ਕਰਨ ਦੇ ਮੌਕੇ ਲੋਕ ਹਿਤੈਸ਼ੀ ਕਾਫ਼ਲਾ ਫ਼ਗਵਾੜਾ ਦੇ ਸੁਖਦੇਵ ਸਿੰਘ, ਜਸਵਿੰਦਰ ਸਿੰਘ ਫ਼ਗਵਾੜਾ, ਹਰਚਰਨ ਭਾਰਤੀ, ਫ਼ਗਵਾੜਾ ਦੇ ਨਾਮਵਰ ਲੇਖਕ ਰਵਿੰਦਰ ਸਿੰਘ ਚੋਟ, ਕੁਲਦੀਪ ਸਿੰਘ ਕੌੜਾ ਆਦਿ ਸਾਥੀ ਸ਼ਾਮਲ ਹੋਏ।ਇਹ ਜਾਣਕਾਰੀ ਕਾਫਲੇ ਦੇ ਆਗੂ ਸੁਖਦੇਵ ਸਿੰਘ ਨੇ ਲਿਖਤੀ ਰੂਪ ਵਿੱਚ ਪ੍ਰੈਸ ਨੂੰ ਜਾਰੀ ਕੀਤੀ ।



## ਮੇਹਰ ਚੰਦ ਪੋਲੀਟੈਕਨਿਕ ਕਾਲਜ ਵਿਖੇ ਮਾਨਸਿਕ ਸਿਹਤ 'ਤੇ ਸੈਮੀਨਾਰ

**ਜਲੰਧਰ (ਸ਼ੈਲੀ ਐਲਬਰਟ)**- ਮੇਹਰ ਚੰਦ ਪੋਲੀਟੈਕਨਿਕ ਕਾਲਜ ਵਿਖੇ ਕਾਲਜ ਦੇ ਰੈੱਡ ਰਿਬਨ ਕਲੱਬ ਦੇ ਸਹਿਯੋਗ ਨਾਲ ਮਾਨਸਿਕ ਸਿਹਤ 'ਤੇ ਇਕ ਸੈਮੀਨਾਰ ਦਾ ਆਯੋਜਨ ਕੀਤਾ ਗਿਆ। ਇਸ ਵਿੱਚ ਕੰਵਰਦੀਪ ਸਿੰਘ ਭਾਟੀਆ ਤੇ ਮਿਸ ਰੂਹੀ ਨੇ ਵਿਦਿਆਰਥੀਆਂ ਨੂੰ ਮਾਨਸਿਕ ਸਿਹਤ ਨਾਲ ਸੰਬੰਧਿਤ ਆ ਰਹੀਆਂ ਸਮੱਸਿਆਵਾਂ ਨੂੰ ਦੂਰ ਕਰਨ ਦੇ ਤਰੀਕਿਆਂ ਬਾਰੇ ਜਾਣਕਾਰੀ ਦਿੱਤੀ। ਪ੍ਰਿੰਸੀਪਲ ਡਾ. ਜਗਰੂਪ ਸਿੰਘ ਨੇ ਕੰਵਰਦੀਪ ਸਿੰਘ ਭਾਟੀਆ ਤੇ ਮਿਸ ਰੂਹੀ ਦਾ ਕਾਲਜ ਪਹੁੰਚਣ 'ਤੇ ਸਵਾਗਤ ਕੀਤਾ। ਉਨ੍ਹਾਂ ਕਿਹਾ ਕਿ ਵਰਤਮਾਨ ਸਮੇਂ ਵਿੱਚ ਮਾਨਸਿਕ ਸਿਹਤ ਇੱਕ ਵੱਡਾ ਚੈਲੇਂਜ ਬਣ ਚੁੱਕੀ ਹੈ ਤੇ ਵਿਦਿਆਰਥੀ ਚਿੰਤਾ ਅਤੇ ਡਿਪਰੈਸ਼ਨ ਦਾ ਸ਼ਿਕਾਰ ਹੋ ਰਹੇ ਹਨ। ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਨੂੰ ਕਿਸੇ ਵੀ ਕਿਸਮ ਦੀ ਝਿਜਕ ਨਹੀਂ ਹੋਣੀ ਚਾਹੀਦੀ ਅਤੇ ਉਹ ਆਪਣੇ ਅਧਿਆਪਕਾਂ ਨਾਲ ਖੁੱਲ੍ਹ ਕੇ ਗੱਲਬਾਤ ਕਰਨ। ਨਾਲ ਹੀ ਕਿਸੇ ਨਾ ਕਿਸੇ ਖੇਡ ਗਤੀਵਿਧੀ ਵਿੱਚ ਭਾਗ ਲੈਣਾ ਵੀ ਮਾਨਸਿਕ ਸਿਹਤ ਲਈ ਲਾਭਦਾਇਕ ਹੈ।ਇਸ ਮੌਕੇ 'ਤੇ ਰੈੱਡ ਰਿਬਨ ਕਲੱਬ ਦੇ ਪ੍ਰੋਫੈਸਰ ਸੰਦੀਪ ਕੁਮਾਰ ਨੇ ਕਿਹਾ ਕਿ ਮੋਬਾਈਲ ਦੀ ਦੁਰਵਰਤੋਂ ਵੀ ਮਾਨਸਿਕ ਸਿਹਤ 'ਤੇ ਬੁਰਾ ਅਸਰ ਪਾ ਰਹੀ ਹੈ। ਰੈੱਡ ਰਿਬਨ ਕਲੱਬ ਦੇ ਪ੍ਰਧਾਨ ਪ੍ਰੋਫੈਸਰ ਸੰਦੀਪ ਕੁਮਾਰ, ਜਨਰਲ ਸਕੱਤਰ ਮੇਜਰ ਪੰਕਜ ਗੁਪਤਾ ਅਤੇ ਜੁਆਇੰਟ ਸਕੱਤਰ ਅਭਿਸ਼ੇਕ ਸ਼ਰਮਾ ਨੇ ਸਭ ਦਾ ਧੰਨਵਾਦ ਕੀਤਾ।



## 'ਆਪ' ਸਰਕਾਰ ਨੇ ਮਹਿਲਾਵਾਂ ਨਾਲ ਵਾਅਦਾ ਕੀਤਾ ਪੂਰਾ : ਦੁੱਗਲ

**ਫਿਲੌਰ (ਨਿਰਮਲ)**- ਆਮ ਆਦਮੀ ਪਾਰਟੀ ਜਿਲ੍ਹਾਂ ਜਲੰਧਰ ਦੇ ਪ੍ਰਧਾਨ ਪ੍ਰਦੀਪ ਦੁੱਗਲ ਨੇ ਕਿਹਾ ਕਿ ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ ਤਹਿਤ ਪੰਜਾਬ ਸਰਕਾਰ ਨੇ ਰਾਜ ਦੀਆਂ ਮਹਿਲਾਵਾਂ ਨੂੰ ਆਰਥਿਕ ਤੌਰ 'ਤੇ ਮਜਬੂਤ ਬਣਾਉਣ ਲਈ ਇਤਿਹਾਸਕ ਫੈਸਲਾ ਲਿਆ ਹੈ। ਉਨ੍ਹਾਂ ਕਿਹਾ ਕਿ ਇਸ ਯੋਜਨਾ ਦੇ ਤਹਿਤ 18 ਸਾਲ ਤੋਂ ਵੱਧ ਉਮਰ ਦੀ ਜਨਰਲ ਕੈਟਾਗਰੀ ਦੀਆਂ ਮਾਵਾਂ-ਭੈਣਾਂ ਨੂੰ ਹਰ ਮਹੀਨੇ 1000 ਰੁਪਏ ਤੇ ਅਨੁਸੂਚਿਤ ਜਾਤੀ ਵਰਗ ਨਾਲ ਸੰਬੰਧਿਤ ਮਾਵਾਂ-ਭੈਣਾਂ ਨੂੰ 1500 ਰੁਪਏ ਦੀ ਵਿੱਤੀ ਸਹਾਇਤਾ ਪ੍ਰਦਾਨ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਇਸ ਮਹੱਤਵਪੂਰਨ ਯੋਜਨਾ ਲਈ ਸਰਕਾਰ ਵੱਲੋਂ ਲਗਭਗ 9300 ਕਰੋੜ ਰੁਪਏ ਦਾ ਬਜਟ ਪ੍ਰਸਤਾਵਿਤ ਕੀਤਾ ਗਿਆ ਹੈ, ਜੋ ਮਹਿਲਾਵਾਂ ਦੇ ਸਸ਼ਕਤੀਕਰਨ ਦੀ ਦਿਸ਼ਾ ਵੱਲ ਇਕ ਵੱਡਾ ਕਦਮ ਹੈ। ਉਨ੍ਹਾਂ ਕਿਹਾ ਕਿ ਇਸ ਯੋਜਨਾ ਲਈ ਰਜਿਸਟ੍ਰੇਸ਼ਨ ਪ੍ਰਕਿਰਿਆ ਵਿਸਾਖੀ ਦੇ ਸ਼ੁਭ ਮੌਕੇ 'ਤੇ ਸ਼ੁਰੂ ਕੀਤੀ ਜਾਵੇਗੀ ਅਤੇ ਸਰਕਾਰ ਦਾ ਟੀਚਾ ਹੈ ਕਿ ਜਲਦੀ ਤੋਂ ਜਲਦੀ ਯੋਗ ਮਹਿਲਾਵਾਂ ਦੇ ਖਾਤਿਆਂ ਵਿੱਚ ਇਹ ਰਕਮ ਪਹੁੰਚਾਈ ਜਾਵੇ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਚੋਣਾਂ ਦੌਰਾਨ ਮਹਿਲਾਵਾਂ ਨਾਲ ਜੋ ਵਾਅਦਾ ਕੀਤਾ ਸੀ, ਉਸ ਨੂੰ ਪੂਰਾ ਕਰਦਿਆਂ ਵਿਸ਼ਵ ਮਹਿਲਾ ਦਿਵਸ ਦੇ ਮੌਕੇ 'ਤੇ ਰਾਜ ਦੀਆਂ ਮਹਿਲਾਵਾਂ ਨੂੰ ਵੱਡਾ ਤੋਹਫਾ ਦਿੱਤਾ ਹੈ।



## ਕੇਜਰੀਵਾਲ ਦੀ ਗਰੰਟੀ ਸਿਰਫ਼ ਇੱਕ ਨਾਅਰਾ ਨਹੀਂ, ਲੋਕਾਂ ਦਾ ਵਿਸ਼ਵਾਸ : ਅੰਮ੍ਰਿਤਪਾਲ ਸਿੰਘ

**ਜਲੰਧਰ (ਸ਼ੈਲੀ ਐਲਬਰਟ, ਇਕਬਾਲ ਸਿੰਘ ਉੱਭੀ)**- ਆਮ ਆਦਮੀ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਜਲੰਧਰ ਸ਼ਹਿਰੀ ਅੰਮ੍ਰਿਤਪਾਲ ਸਿੰਘ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਰਾਜਨੀਤੀ ਭਰੋਸੇ, ਇਮਾਨਦਾਰੀ ਅਤੇ ਲੋਕਾਂ ਨਾਲ ਕੀਤੇ ਵਾਅਦਿਆਂ ਨੂੰ ਪੂਰਾ ਕਰਨ ਦੀ ਵਚਨਬੱਧਤਾ 'ਤੇ ਆਧਾਰਿਤ ਹੈ। ਉਨ੍ਹਾਂ ਕਿਹਾ ਕਿ ਕੇਜਰੀਵਾਲ ਦੀ ਗਰੰਟੀ ਸਿਰਫ਼ ਚੋਣੀ ਨਾਰਾ ਨਹੀਂ, ਸਗੋਂ ਲੋਕਾਂ ਨਾਲ ਕੀਤਾ ਗਿਆ ਉਹ ਵਾਅਦਾ ਹੈ ਜਿਸ ਨੂੰ ਪੂਰਾ ਕਰਨਾ ਪਾਰਟੀ ਦੀ ਜ਼ਿੰਮੇਵਾਰੀ ਹੈ ਅਤੇ ਆਮ ਆਦਮੀ ਪਾਰਟੀ ਦੀ ਸਰਕਾਰ ਹਰ ਵਾਅਦੇ ਨੂੰ ਪੂਰਾ ਕਰਕੇ ਦਿਖਾ ਰਹੀ ਹੈ। ਅੰਮ੍ਰਿਤਪਾਲ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸਮਾਜਿਕ ਨਿਆਂ ਅਤੇ ਮਹਿਲਾਵਾਂ ਦੇ ਵਧੇਰੇ ਸਸ਼ਕਤੀਕਰਨ ਨੂੰ ਯਕੀਨੀ ਬਣਾਉਣ ਲਈ ਇਤਿਹਾਸਕ ਫੈਸਲਾ ਲਿਆ ਗਿਆ ਹੈ। ਇਸ ਯੋਜਨਾ ਤਹਿਤ ਅਨੁਸੂਚਿਤ ਜਾਤੀ ਦੀਆਂ ਮਹਿਲਾਵਾਂ ਨੂੰ ਪ੍ਰਤੀ ਮਹੀਨਾ 1500 ਅਤੇ 18 ਸਾਲ ਤੋਂ ਵੱਧ ਉਮਰ ਦੀਆਂ ਹੋਰ ਮਹਿਲਾਵਾਂ ਨੂੰ ਪ੍ਰਤੀ ਮਹੀਨਾ 1000 ਦੀ ਸਿੱਧੀ ਵਿੱਤੀ ਸਹਾਇਤਾ ਦਿੱਤੀ ਜਾਵੇਗੀ।ਇਸ ਮੌਕੇ ਦਿਹਾਤੀ ਪ੍ਰਧਾਨ ਪ੍ਰਦੀਪ ਦੁੱਗਲ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਮਹਿਲਾਵਾਂ ਨੂੰ ਆਰਥਿਕ ਤੌਰ 'ਤੇ ਮਜ਼ਬੂਤ ਬਣਾਉਣ ਲਈ ਲਏ ਗਏ ਫੈਸਲੇ ਇਤਿਹਾਸਕ ਹਨ।



# ਲੌਂਗੋਵਾਲ ਗਰੁੱਪ ਆਫ਼ ਕਾਲਜਿਜ਼ ਵਿਖੇ ਕੌਮਾਂਤਰੀ ਮਹਿਲਾ ਦਿਵਸ ਮਨਾਇਆ




**ਡੇਰਾਬੱਸੀ, (ਵਿਨੈ ਕੁਮਾਰ ਜੈਨ)**- ਸਥਾਨਕ ਲੌਂਗੋਵਾਲ ਗਰੁੱਪ ਆਫ਼ ਕਾਲਜਿਜ਼ ਦੇ ਈਵੈਂਟ ਮੈਨੇਜਮੈਂਟ ਸੈੱਲ ਵੱਲੋਂ ਇੰਸਟੀਚਿਊਟ ਇਨੋਵੇਸ਼ਨ ਕੌਂਸਲ (ਆਈ ਆਈ ਸੀ) ਦੇ ਸਹਿਯੋਗ ਨਾਲ ਕੌਮਾਂਤਰੀ ਮਹਿਲਾ ਦਿਵਸ ਦੇ ਸਬੰਧ ਵਿੱਚ ਇੱਕ ਪ੍ਰਭਾਵਸ਼ਾਲੀ ਸਮਾਗਮ ਕਰਵਾਇਆ ਗਿਆ। ਬੀਤੇ ਦਿਨ ਆਯੋਜਿਤ ਇਸ ਪ੍ਰੋਗਰਾਮ ਦੌਰਾਨ ਵਿਦਿਆਰਥੀਆਂ ਅਤੇ ਸਟਾਫ ਨੇ ਮਿਲ ਕੇ ਸਮਾਜ ਵਿੱਚ ਔਰਤਾਂ ਦੇ ਵਡਮੁੱਲੇ ਯੋਗਦਾਨ ਅਤੇ ਮਹਿਲਾ ਸਸ਼ਕਤੀਕਰਨ ਦੇ ਸੰਕਲਪ ਨੂੰ ਸਲਾਹਿਆ। ਸਮਾਗਮ ਦੀ ਪ੍ਰਧਾਨਗੀ ਸੰਸਥਾ ਦੀ ਚੇਅਰਪਰਸਨ ਕਾਂਤਾ ਕਾਤਿਆਲ ਨੇ ਮੁੱਖ ਮਹਿਮਾਨ ਵਜੋਂ ਕੀਤੀ। ਉਨ੍ਹਾਂ ਦੇ ਨਾਲ ਆਰ.ਕੇ. ਪਬਲਿਕ ਸਕੂਲ ਦੀ ਡਾਇਰੈਕਟਰ ਪੂਨਮ ਕਾਤਿਆਲ ਵਿਸ਼ੇਸ਼ ਮਹਿਮਾਨ ਵਜੋਂ ਹਾਜ਼ਰ ਹੋਏ। ਇਸ ਮੌਕੇ ਐਲ.ਪੀ.ਪੀ.ਸੀ. (ਐਲ ਪੀ ਪੀ ਸੀ ) ਦੀ ਪ੍ਰਿੰਸੀਪਲ ਡਾ. ਰੋਜ਼ੀ ਕਾਤਿਆਲ ਨੇ ਵੀ ਸ਼ਿਰਕਤ ਕੀਤੀ ਅਤੇ ਵਿਦਿਆਰਥੀਆਂ ਦਾ ਮਾਰਗਦਰਸ਼ਨ ਕੀਤਾ।ਮੁੱਖ ਮਹਿਮਾਨ ਕਾਂਤਾ ਕਾਤਿਆਲ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਔਰਤਾਂ ਅੱਜ ਹਰ ਖੇਤਰ ਵਿੱਚ ਆਪਣੀ ਕਾਬਲੀਅਤ ਦਾ ਲੋਹਾ ਮਨਵਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਸਮਾਜ ਦੀ ਤਰੱਕੀ ਉਦੋਂ ਹੀ ਸੰਭਵ ਹੈ ਜਦੋਂ ਔਰਤਾਂ ਨੂੰ ਬਰਾਬਰ ਦੇ ਅਧਿਕਾਰ ਅਤੇ ਸਨਮਾਨ ਮਿਲੇ। ਪੂਨਮ ਕਾਤਿਆਲ ਅਤੇ ਡਾ. ਰੋਜ਼ੀ ਕਾਤਿਆਲ ਨੇ ਵੀ ਵਿਦਿਆਰਥੀਆਂ ਨੂੰ ਪ੍ਰੇਰਿਤ ਕਰਦਿਆਂ ਕਿਹਾ ਕਿ ਮਹਿਲਾ ਸਸ਼ਕਤੀਕਰਨ ਸਿਰਫ ਨਾਅਰਾ ਨਹੀਂ ਬਲਕਿ ਇੱਕ ਅਮਲੀ ਅੰਦੋਲਨ ਹੋਣਾ ਚਾਹੀਦਾ ਹੈ। ਉਨ੍ਹਾਂ ਔਰਤਾਂ ਨੂੰ ਆਪਣੇ ਹੱਕਾਂ ਪ੍ਰਤੀ ਜਾਗਰੂਕ ਹੋਣ ਅਤੇ ਸਮਾਜ ਸਿਰਜਣਾ ਵਿੱਚ ਆਪਣੀ ਅਹਿਮ ਭੂਮਿਕਾ ਨਿਭਾਉਣ ਦਾ ਸੱਦਾ ਦਿੱਤਾ। ? ਵਿਦਿਆਰਥੀਆਂ ਨੇ 'ਔਰਤਾਂ ਦੀ ਬਰਾਬਰੀ ਅਤੇ ਚੁਣੌਤੀਆਂ' ਵਿਸ਼ੇ 'ਤੇ ਗੰਭੀਰ ਚਰਚਾ ਕੀਤੀ ਤੇ ਵੱਖ-ਵੱਖ ਖੇਤਰਾਂ ਵਿੱਚ ਨਾਮ ਕਮਾਉਣ ਵਾਲੀਆਂ ਸਫਲ ਔਰਤਾਂ ਦੇ ਰੂਪ ਵਿੱਚ ਪੇਸ਼ ਹੋ ਕੇ ਉਨ੍ਹਾਂ ਦੇ ਜੀਵਨ ਬਾਰੇ ਦੱਸਿਆ। ਵਿਦਿਆਰਥੀਆਂ ਨੇ ਆਪਣੀਆਂ ਤਕਰੀਰਾਂ ਰਾਹੀਂ ਔਰਤਾਂ ਦੀਆਂ ਪ੍ਰਾਪਤੀਆਂ ਅਤੇ ਸਮਾਜਿਕ ਬਰਾਬਰੀ ਦੇ ਮਹੱਤਵ 'ਤੇ ਚਾਨਣਾ ਪਾਇਆ। ਅੰਤ ਵਿੱਚ ਜੇਤੂ ਵਿਦਿਆਰਥੀਆਂ ਨੂੰ ਸਨਮਾਨਤ ਵੀ ਕੀਤਾ ਗਿਆ।

# ਸਵਿਤਰੀ ਬਾਈ ਫੂਲੇ ਦੇ ਪ੍ਰੀ- ਨਿਰਵਾਨ ਦਿਵਸ 'ਤੇ ਜਾਗਰੂਕ ਸਮਾਗਮ ਕਰਵਾਇਆ

**ਜੇਜੋਂ ਦੋਆਬਾ (ਨਿਰਮਲ ਸਿੰਘ ਮੁੱਗੋਵਾਲ)**- ਜੈ ਭੀਮ ਕਾਰਵਾਂ ਚੈਰੀਟੇਬਲ ਸੁਸਾਇਟੀ ਰਜਿ. ਮਾਹਿਲਪੁਰ ਵੱਲੋਂ ਦੇਸ਼ ਦੀ ਪਹਿਲੀ ਮਹਿਲਾ ਔਰਤ ਮਾਤਾ ਸਵਿਤਰੀ ਬਾਈ ਫੂਲੇ ਦੇ ਪ੍ਰੀ-ਨਿਰਵਾਣ ਦਿਵਸ ਦੇ ਸੰਬੰਧ ਵਿੱਚ ਵਿਸ਼ੇਸ਼ ਪ੍ਰੋਗਰਾਮ ਗੁਰਦੁਆਰਾ ਸਤਿਗੁਰੂ ਰਵਿਦਾਸ ਮਹਾਰਾਜ ਵਾਰਡ ਨੰਬਰ 11- 12 ਬੀ.ਡੀ.ਓ ਕਾਲੋਨੀ ਮਾਹਿਲਪੁਰ ਵਿਖੇ ਸ਼ਰਧਾ ਤੇ ਉਤਸ਼ਾਹ ਪੂਰਵਕ ਢੰਗ ਨਾਲ ਕਰਵਾਇਆ ਗਿਆ। ਇਸ ਮੌਕੇ ਪਹਿਲਾਂ ਮਾਤਾ ਸਵਿਤਰੀ ਬਾਈ ਫੂਲੇ ਦੀ ਤਸਵੀਰ ਅੱਗੇ ਪ੍ਰਣਾਮ ਕੀਤਾ ਗਿਆ ਅਤੇ ਫੁੱਲ ਮਲਾਵਾਂ ਅਰਪਿਤ ਕੀਤੀਆਂ ਗਈਆਂ। ਉਸ ਤੋਂ ਬਾਅਦ ਮਾਤਾ ਸਵਿਤਰੀ ਬਾਈ ਫੂਲੇ ਵੱਲੋਂ ਦਰਸਾਏ ਮਾਰਗ ਤੇ ਚੱਲਣ ਦਾ ਪ੍ਰਣ ਕੀਤਾ। ਇਸ ਮੌਕੇ ਰੇਖਾ ਰਾਣੀ ਪ੍ਰਧਾਨ ਜੈ ਭੀਮ ਕਾਰਵਾਂ ਚੈਰੀਟੇਬਲ ਸੁਸਾਇਟੀ ਰਜਿ. ਮਾਹਿਲਪੁਰ, ਨਿਰਮਲ ਕੌਰ ਬੋਧ, ਮਾਸਟਰ ਜੈ ਰਾਮ ਬਾੜੀਆਂ, ਹੰਸ ਰਾਜ, ਅਮਰਜੀਤ ਕੌਰ, ਸੁਮੀਤਾ, ਸੀਮਾ ਰਾਣੀ, ਗਗਨਦੀਪ ਕੌਰ, ਸੁਮਨ, ਪਰਮਜੀਤ ਕੌਰ, ਰੰਜਨਾ ਦੇਵੀ, ਸਤਵਿੰਦਰ ਕੌਰ, ਸੁਰਜੀਤ ਕੌਰ, ਸੁਰਿੰਦਰ ਕੌਰ ਐਮ.ਸੀ, ਗੁਰਪ੍ਰੀਤ ਕੌਰ, ਰਾਜ ਕੁਮਾਰੀ, ਮਨਜਿੰਦਰ ਕੌਰ, ਤਰਸੇਮ ਕੌਰ, ਨਿਰਮਲ ਸਿੰਘ ਮੁੱਗੋਵਾਲ ਸੰਚਾਲਕ ਨਿਰਵਾਣੁ ਕੁਟੀਆ ਮਾਹਿਲਪੁਰ ਸਮੇਤ ਜੈ ਭੀਮ ਕਾਰਵਾਂ ਚੈਰੀਟੇਬਲ ਸੁਸਾਇਟੀ ਰਜਿ. ਮਾਹਿਲਪੁਰ ਦੇ ਮੈਂਬਰ ਅਤੇ ਸਮੱਰਥਕ ਹਾਜ਼ਰ ਸਨ। ਇਸ ਮੌਕੇ ਰੇਖਾ ਰਾਣੀ, ਨਿਰਮਲ ਕੌਰ ਬੋਧ ਅਤੇ ਮਾਸਟਰ ਜੈ ਰਾਮ ਬਾੜੀਆਂ ਨੇ ਮਾਤਾ ਸਵਿਤਰੀ ਬਾਈ ਫੂਲੇ ਦੇ ਸੰਘਰਸ਼ਮਈ ਜੀਵਨ 'ਤੇ ਚਾਨਣਾ ਪਾਉਂਦਿਆਂ ਕਿਹਾ ਕਿ ਮਾਤਾ ਫੂਲੇ ਦਾ ਜਨਮ 3 ਜਨਵਰੀ 1831 ਨੂੰ ਮਹਾਰਾਸ਼ਟਰ ਦੇ ਸਿਤਾਰਾ ਜ਼ਿਲ੍ਹੇ ਵਿੱਚ ਹੋਇਆ। ਉਹਨਾਂ ਨੇ ਆਪਣੇ ਪਤੀ ਮਹਾਤਮਾ ਜੋਤੀ ਰਾਓ ਫੂਲੇ ਦੇ ਨਾਲ ਮਿਲ ਕੇ 1848 ਵਿੱਚ ਪੂਨੇ ਵਿਖੇ ਔਰਤਾਂ ਲਈ ਪਹਿਲਾ ਸਕੂਲ ਖੋਲ੍ਹਿਆ, ਜਿੱਥੇ ਵੱਖ-ਵੱਖ ਜਾਤੀ ਦੀਆਂ ਕੁੜੀਆਂ ਪੜ੍ਹਨ ਆਉਂਦੀਆਂ ਸਨ। ਉਹਨਾਂ ਨੇ ਆਪਣੇ ਪਤੀ ਨਾਲ ਮਿਲ ਕੇ ਕੁੱਲ 18 ਸਕੂਲ ਖੋਲ੍ਹੇ। ਵਿਰੋਧੀ ਲੋਕਾਂ ਵੱਲੋਂ ਉਹਨਾਂ ਦੇ ਇਸ ਫੈਸਲੇ ਦਾ ਵਿਰੋਧ ਕਰਦੇ ਹੋਏ ਉਹਨਾਂ ਤੇ ਗੰਦ ਸੁੱਟਿਆ ਜਾਂਦਾ ਰਿਹਾ ਪਰ ਉਹ ਆਪਣੇ ਮਿਸ਼ਨ ਪ੍ਰਤੀ ਅਡੋਲ ਰਹੇ। ਉਨ੍ਹਾ ਸਤੀ ਪ੍ਰਥਾ, ਵਿਧਵਾ ਵਿਆਹ ਅਤੇ ਜਾਤ- ਪਾਤ ਦੇ ਵਿਰੋਧ ਵਿੱਚ ਆਵਾਜ਼ ਉਠਾਉਂਦੇ ਹੋਏ ਸਦੀਆਂ ਤੋਂ ਲਤਾੜੀ ਗਈ ਔਰਤ ਜਾਤੀ ਦੇ ਹੱਕ ਵਿੱਚ ਹਾਅ ਦਾ ਨਾਅਰਾ ਮਾਰਿਆ। ਉਹਨਾਂ ਦੱਸਿਆ ਕਿ ਮਾਰਚ 1897 ਨੂੰ ਪਲੇਗ ਦੇ ਮਰੀਜ਼ਾਂ ਦੀ ਸੇਵਾ ਕਰਦਿਆਂ ਉਹਨਾਂ ਦੀ ਮੌਤ ਹੋ ਗਈ ਸੀ। ਮਾਤਾ ਸਵਿਤਰੀ ਬਾਈ ਫੂਲੇ ਨੂੰ ਹਮੇਸ਼ਾ ਹੀ ਔਰਤਾਂ ਦੇ ਹੱਕਾਂ ਦੀ ਮਸੀਹਾ ਕਰਕੇ ਜਾਣਿਆ ਜਾਂਦਾ ਰਹੇਗਾ।



# ਮੁਲਾਜ਼ਮਾਂ ਤੇ ਪੈਨਸ਼ਨਰਾਂ 'ਤੇ ਕੀਤੇ ਜਬਰ ਦਾ ਵਿਰੋਧ

**ਬੰਗਾ (ਅਵਤਾਰ ਕਲੇਰ)**- ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰਾਂ ਦੇ ਸਾਂਝੇ ਫਰੰਟ ਵਲੋਂ 8 ਤੋਂ 11 ਮਾਰਚ ਤੱਕ ਬਜਟ ਸੈਸ਼ਨ ਦੌਰਾਨ ਰੋਸ ਰੈਲੀਆਂ ਕਰਨ ਅਤੇ ਵਿਧਾਨ ਸਭਾ ਵੱਲ ਮਾਰਚ ਕਰਨ ਦਾ ਸੱਦਾ ਦਿੱਤਾ ਗਿਆ ਸੀ । ਮੁਹਾਲੀ ਵਿਖੇ ਹਜ਼ਾਰਾਂ ਮੁਲਾਜ਼ਮਾਂ, ਪੈਨਸ਼ਨਰਾਂ, ਮਿਡ ਡੇ ਮੀਲ ਵਰਕਰਾਂ, ਆਂਗਨਵਾੜੀ, ਮਨਿਸਟਰੀਅਲ ਅਤੇ ਕੱਚੇ ਕਾਮਿਆਂ ਵਲੋਂ ਰੈਲੀ ਉਪਰੰਤ ਵਿਧਾਨ ਸਭਾ ਵੱਲ ਮਾਰਚ ਕੀਤਾ ਗਿਆ। ਜਿਸ ਤੇ ਪੁਲਸ ਵਲੋਂ ਡਾਂਗਾਂ, ਪਾਣੀ ਦੀਆਂ ਬੁਛਾੜਾਂ ਅਤੇ ਅੱਥਰੂ ਗੈਸ ਦੇ ਗੋਲਿਆਂ ਨਾਲ ਧਾਵਾ ਬੋਲ ਦਿੱਤਾ। ਇਸ ਦੌਰਾਨ ਕਈ ਮੁਲਾਜ਼ਮ ਜਖ਼ਮੀ ਹੋ ਗਏ। ਪੰਜਾਬ ਪੈਨਸ਼ਨਰਜ਼ ਵੈਲਫੇਅਰ ਐਸੋਸੀਏਸ਼ਨ ਬੰਗਾ ਵਲੋਂ ਇਸ ਜਬਰ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕਰਦੀ ਹੈ। ਸਰਕਾਰ ਵਲੋਂ ਮੰਗਾਂ ਮੰਨਣੀਆਂ ਤਾਂ ਕੀ ਗੱਲਬਾਤ ਕਰਨ ਨੂੰ ਵੀ ਤਿਆਰ ਨਹੀਂ। ਪੇ-ਕਮਿਸ਼ਨ ਦੇ ਬਕਾਏ ਅਤੇ ਡੀ.ਏ.ਕਿਸ਼ਤਾਂ ਪ੍ਰਤੀ ਚੁੱਪ ਧਾਰੀ ਹੋਈ ਹੈ। ਪੁਰਾਣੀ ਪੈਨਸ਼ਨ ਲਾਗੂ ਕਰਨ ਹੁਣ ਤੱਕ ਪ੍ਰਚਾਰ ਹੀ ਕੀਤਾ ਹੈ। ਕੱਚੇ ਮੁਲਾਜ਼ਮ ਪੱਕੇ ਕਰਨ ਤੋਂ ਆਨਾਕਾਨੀ ਕਰ ਰਹੀ ਹੈ। ਇਹ ਸਰਕਾਰ ਹੁਣ ਤੱਕ ਦੀ ਸਭ ਤੋਂ ਮਾੜੀ ਸਿੱਧ ਹੋਈ ਹੈ। ਇਸ ਮੀਟਿੰਗ ਵਿੱਚ ਰਾਮ ਮਿੱਤਰ ਕੋਹਲੀ, ਪਰਮਜੀਤ ਸਿੰਘ ਜੌਹਰ, ਤਰਲੋਕ ਫਿਲੋਰਾ, ਸੁਰਜੀਤ ਸਿੰਘ, ਡਾ. ਹਰੀਬਿਲਾਸ, ਪਰਮਜੀਤ ਪੱਲੀ ਝਿੱਕੀ, ਡਾ. ਭਾਗ ਰਾਮ ਸਿੱਧੂ, ਜਸਵੀਰ ਸਿੰਘ ਮੋਰੋਂ, ਚਮਨ ਲਾਲ, ਮਾ. ਹਰਜੋਗ ਸਿੰਘ, ਰਾਮ ਰਤਨ, ਅਰਜਨ ਦੇਵ, ਪ੍ਰਿੰਸੀਪਲ ਨਰੇਸ਼ ਕੁਮਾਰ ਆਦਿ ਹਾਜ਼ਰ ਹੋਏ। ਮੁਲਾਜ਼ਮ ਜਥੇਬੰਦੀਆਂ ਵਲੋਂ 13 ਮਾਰਚ ਨੂੰ ਮੀਟਿੰਗ ਕਰਕੇ ਅਗਲੇ ਸੰਘਰਸ਼ ਦਾ ਐਲਾਨ ਕੀਤਾ ਜਾਵੇਗਾ ਮੰਗਾਂ ਮੰਨਣ ਤੱਕ ਸੰਘਰਸ਼ ਜਾਰੀ ਰੱਖਿਆ ਜਾਵੇਗਾ ।

# ਜ਼ਿਲ੍ਹਾ ਮੈਜਿਸਟਰੇਟ ਵੱਲੋਂ ਵੱਖ-ਵੱਖ ਪਾਬੰਦੀਆਂ ਦੇ ਹੁਕਮ ਜਾਰੀ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)** ਜ਼ਿਲ੍ਹਾ ਮੈਜਿਸਟਰੇਟ ਹੁਸ਼ਿਆਰਪੁਰ ਆਸ਼ਿਕਾ ਜੈਨ ਵੱਲੋਂ ਭਾਰਤੀਯ ਨਾਗਰਿਕ ਸੁਰੱਖਿਆ ਸਹਿੰਤਾ 2023 ਦੀ ਧਾਰਾ 163 ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦਿਆਂ ਜ਼ਿਲ੍ਹੇ ਵਿਚ ਵੱਖ-ਵੱਖ ਪਾਬੰਦੀਆਂ ਦੇ ਹੁਕਮ ਜਾਰੀ ਕੀਤੇ ਗਏ ਹਨ।ਜਾਰੀ ਕੀਤੇ ਹੁਕਮਾਂ ਤਹਿਤ ਜ਼ਿਲ੍ਹਾ ਮੈਜਿਸਟਰੇਟ ਨੇ ਜ਼ਿਲ੍ਹੇ ਵਿਚ ਪ੍ਰੈਗਾਬਲਿਨ ਕੈਪਸੂਲਾਂ ਨੂੰ ਬਿਨਾਂ ਲਾਇਸੰਸ ਰੱਖਣ, ਮਨਜ਼ੂਰਸ਼ੁਦਾ ਮਾਤਰਾ ਤੋਂ ਵੱਧ ਰੱਖਣ/ਵੇਚਣ ਅਤੇ ਇਹ ਦਵਾਈ ਬਿਨਾਂ ਡਾਕਟਰ ਦੀ ਪਰਚੀ ਤੋਂ ਵੇਚਣ 'ਤੇ ਪਾਬੰਦੀ ਦੇ ਹੁਕਮ ਜਾਰੀ ਕੀਤੇ ਹਨ। ਇਨ੍ਹਾਂ ਹੁਕਮਾਂ ਦੀ ਉਲੰਘਣਾਂ 'ਤੇ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।ਜ਼ਿਲ੍ਹੇ ਵਿਚ ਗਰਮੀਆਂ ਨੂੰ ਸ਼ਾਮ 6 ਵਜੇ ਤੋਂ ਸਵੇਰੇ 6 ਵਜੇ ਤੱਕ ਅਤੇ ਸਰਦੀਆਂ ਨੂੰ ਸ਼ਾਮ 5 ਵਜੇ ਤੋਂ ਸਵੇਰੇ 7 ਵਜੇ ਤੱਕ ਗਊ ਵੰਸ਼ ਦੀ ਢੋਆ-ਢੁਆਈ 'ਤੇ ਪੂਰਨ ਪਾਬੰਦੀ ਦੇ ਨਾਲ-ਨਾਲ ਜਿਨ੍ਹਾਂ ਲੋਕਾਂ ਨੇ ਗਊ ਵੰਸ਼ ਰੱਖੇ ਹੋਏ ਹਨ, ਉਨ੍ਹਾਂ ਨੂੰ ਪਸ਼ੂ ਪਾਲਣ ਵਿਭਾਗ ਪਾਸ ਰਜਿਸਟਰਡ ਕਰਾਉਣ ਦੇ ਆਦੇਸ਼ ਵੀ ਦਿੱਤੇ ਗਏ ਹਨ।ਇਸ ਤੋਂ ਇਲਾਵਾ ਜ਼ਿਲ੍ਹਾ ਮੈਜਿਸਟਰੇਟ ਨੇ ਹੁਕਮ ਜਾਰੀ ਕੀਤੇ ਹਨ ਕਿ ਕੋਈ ਵੀ ਵਿਅਕਤੀ / ਸਮਾਜਿਕ ਜਾਂ ਧਾਰਮਿਕ ਜਥੇਬੰਦੀ ਜਨਤਕ ਇਕੱਠਾਂ, ਧਾਰਮਿਕ ਸਥਾਨਾਂ, ਵਿਆਹ ਪਾਰਟੀਆਂ ਜਾਂ ਹੋਰ ਸਮਾਗਮਾਂ ਵਿਚ ਕਿਸੇ ਵੀ ਭਾਈਚਾਰੇ ਵਿਰੁੱਧ ਨਫ਼ਰਤ ਭਰਿਆ ਭਾਸ਼ਣ ਦੇਣ 'ਤੇ ਪੂਰਨ ਪਾਬੰਦੀ ਰਹੇਗੀ। ਅਜਿਹਾ ਕਰਨ ਦੀ ਸੂਰਤ ਵਿਚ ਸਬੰਧਤ / ਉਲੰਘਣਾ ਕਰਨ ਵਾਲੇ ਵਿਅਕਤੀ ਖਿਲਾਫ਼ ਕਾਨੂੰਨੀ ਕਾਰਵਾਈ ਅਮਲ ਵਿਚ ਲਿਆਂਦੀ ਜਾਵੇਗੀ।ਜ਼ਿਲ੍ਹਾ ਮੈਜਿਸਟਰੇਟ ਵਲੋਂ ਜਾਰੀ ਕੀਤੇ ਹੁਕਮ ਤਹਿਤ ਜ਼ਿਲ੍ਹਾ ਹੁਸ਼ਿਆਰਪੁਰ ਦੇ ਪੇਂਡੂ ਅਤੇ ਸ਼ਹਿਰੀ ਖੇਤਰਾਂ ਵਿੱਚ ਕੋਈ ਵੀ ਵਿਅਕਤੀ ਜਾਂ ਪੰਚਾਇਤ ਜਾਂ ਨਗਰ ਕੌਂਸਲ ਜਾਂ ਨਗਰ ਪੰਚਾਇਤ ਸਬੰਧਤ ਉਪ-ਮੰਡਲ ਮੈਜਿਸਟਰੇਟ ਦੀ ਲਿਖਤੀ ਪੂਰਵ ਪ੍ਰਵਾਨਗੀ ਤੋਂ ਬਿਨਾਂ ਛੱਪੜ ਨਹੀਂ ਪੂਰੇਗਾ। ਜ਼ਿਲ੍ਹਾ ਮੈਜਿਸਟਰੇਟ ਨੇ ਜ਼ਿਲ੍ਹੇ ਦੇ ਸਾਰੇ ਪਿੰਡਾਂ ਵਿਚ ਗਲੀਆਂ/ਰਸਤਿਆਂ ਵਿਚ ਨਜ਼ਾਇਜ ਬੋਰ ਕਰਨ 'ਤੇ ਵੀ ਪਾਬੰਦੀ ਲਗਾ ਦਿੱਤੀ ਹੈ। ਇਹ ਸਾਰੇ ਹੁਕਮ 7 ਮਈ 2026 ਤੱਕ ਲਾਗੂ ਰਹਿਣਗੇ।



# ਸੰਤ ਸਮਾਜ ਵੈੱਲਫੇਅਰ ਸੁਸਾਇਟੀ ਦੇ ਅਹੁਦੇਦਾਰਾਂ ਦੀ ਮੀਟਿੰਗ

**ਨਕੋਦਰ (ਮਨਜੀਤ ਮਾਨ)**- ਤਹਿਸੀਲ ਨਕੋਦਰ ਅਧੀਨ ਪੈਂਦੇ ਪਿੰਡ ਉੱਗੀ ਦੇ ਦਰਬਾਰ ਬਾਬਾ ਦਾਦਾ ਪੇਂਦਾ ਜੀ ਦੇ ਅਸਥਾਨ ਦੇ ਮੁੱਖ ਸੰਚਾਲਕ ਬਾਵਾ ਜੀ ਉੱਗੀ ਵਾਲਿਆ ਦੀ ਰਹਿਨੁਮਾਈ ਹੇਠ ਹੋਈ। ਮੀਟਿੰਗ ਵਿੱਚ ਸੰਤ ਸਮਾਜ ਵੈਲਫੇਅਰ ਸੁਸਾਇਟੀ ਰਜਿ ਪੰਜਾਬ ਦੇ ਸੂਬਾ ਪ੍ਰਧਾਨ ਸੁਰਿੰਦਰ ਸਾਗਰ, ਚੇਅਰਮੈਨ ਸਾਈਂ ਮਧੂ,ਕੁੱਲਾ ਸ਼ਰੀਫ਼ ਕੁਲੇ ਵਾਲੀ ਸਰਕਾਰ ਦੇ ਮੁੱਖ ਸੇਵਾਦਾਰ ਸੋਮ ਨਾਥ ਸਿੱਧੂ ਦੀ ਰਹਿਨੁਮਾਈ ਹੇਠ ਹੋਈ ਜਿਸ ਵਿੱਚ ਇਲਾਕੇ ਦੇ ਸੰਤਾਂ ਮਹਾਂਪੁਰਸ਼ਾਂ ਤੇ ਫ਼ਕੀਰਾਂ ਨੇ ਸ਼ਮੂਲੀਅਤ ਕੀਤੀ। ਇਸ ਮੌਕੇ ਸੂਬਾ ਪ੍ਰਧਾਨ ਸੁਰਿੰਦਰ ਸਾਗਰ ਨੇ ਕਿਹਾ ਕਿ ਸੂਬੇ ਅੰਦਰ ਸੰਤ ਸਮਾਜ ਵੈਲਫੇਅਰ ਸੁਸਾਇਟੀ ਪੰਜਾਬ ਵੱਲੋਂ ਸੰਤਾਂ ਮਹਾਪੁਰਸ਼ਾਂ, ਸੰਤ ਫ਼ਕੀਰਾਂ ਨੂੰ ਇੱਕ ਮੰਚ ਤੇ ਇਕੱਠੇ ਕੀਤਾ ਜਾ ਰਿਹਾ ਹੈ।

ਉਨ੍ਹਾਂ ਕਿਹਾ ਸੰਤ ਫ਼ਕੀਰਾਂ ਨੂੰ ਜੋ ਵੀ ਮੁਸ਼ਕਿਲਾਂ ਆਉਣਗੀਆਂ ਉਨ੍ਹਾਂ ਦੇ ਹੱਲ ਪਹਿਲ ਦੇ ਆਧਾਰ ਤੇ ਕਰਵਾਏ ਜਾਣਗੇ। ਉਨ੍ਹਾਂ ਕਿਹਾ ਸੰਤ ਸਮਾਜ ਵੈਲਫੇਅਰ ਸੁਸਾਇਟੀ ਸੰਤਾਂ ਫ਼ਕੀਰਾਂ ਦੀ ਸੇਵਾ ਵਿਚ ਦਿਨ ਰਾਤ ਹਾਜ਼ਰ ਰਹੇਗੀ।ਸੰਤ ਸਮਾਜ ਵੈਲਫੇਅਰ ਸੁਸਾਇਟੀ ਪੰਜਾਬ ਵੱਲੋਂ ਸੰਤ ਬੇਦੀ ਰਾਮ ਹੇਰਾਂ ਵਾਲਿਆ ਨੂੰ ਸਮਾਜ ਦਾ ਚੀਫ਼ ਪੈਟਰਨ,ਜਨਰਲ ਸਕੱਤਰ ਗਿਆਨੀ ਹਰਜਿੰਦਰ ਸਿੰਘ ਫੱਕਰ ਯੂ ਐਸ ਏ ਤੇ ਸਰਕਲ ਉੱਗੀ ਦੇ ਪ੍ਰਧਾਨ ਸੁਰਿੰਦਰ ਸਿੰਘ, ਨਿਰਮਲ ਬਾਬਾ ਉਰਫ਼ ਬਾਵਾ ਜੀ ਉੱਗੀ ਨੂੰ ਵਾਇਸ ਪ੍ਰਧਾਨ ਤੇ ਸਕੱਤਰ ਸਾਈਂ ਜਿੰਦਰ ਨੂੰ ਨਿਯੁਕਤ ਕੀਤਾ ਗਿਆ। ਸੂਬਾ ਚੇਅਰਮੈਨ ਸਾਈਂ ਮਧੂ ਜੀ ਜਲੰਧਰ ਵਾਲਿਆ ਨੇ ਕਿਹਾ ਕਿ ਸੰਤਾਂ ਮਹਾਪੁਰਸ਼ਾਂ ਤੇ ਸੰਤ ਫ਼ਕੀਰਾਂ ਨੂੰ ਆ ਰਹੀਆ ਮੁਸ਼ਕਿਲਾਂ ਨੂੰ ਹੱਲ ਕਰਵਾਉਣ ਲਈ ਸੂਬੇ ਅੰਦਰ ਹੋਰ ਜਲਦੀ ਨਿਯੁਕਤੀਆਂ ਕੀਤੀਆਂ ਜਾਣਗੀਆਂ।



## ਖੇਡ ਸਟੇਡੀਅਮ ਦਾ ਨੀਂਹ ਪੱਥਰ ਰੱਖਿਆ

**ਪੋਜੇਵਾਲ/ਬਲਾਚੌਰ (ਰਾਮ ਲਾਲ/ਜਸਵਿੰਦਰ ਬੈਂਸ)**- ਹਲਕਾ ਬਲਾਚੌਰ ਦੇ ਸਰਵਪੱਖੀ ਵਿਕਾਸ ਦੀ ਲੜੀ ਨੂੰ ਅੱਗੇ ਤੋਰਦਿਆਂ ਅੱਜ ਪਿੰਡ ਬਛੋੜੀ ਵਿਖੇ ਖੁਸ਼ੀ ਦੀ ਲਹਿਰ ਦੌੜ ਗਈ। ਹਲਕਾ ਵਿਧਾਇਕਾ ਸੰਤੋਸ਼ ਕਟਾਰੀਆ ਨੇ 28.75 ਲੱਖ ਰੁਪਏ ਦੀ ਭਾਰੀ ਲਾਗਤ ਨਾਲ ਤਿਆਰ ਹੋਣ ਵਾਲੇ ਅਧੁਨਿਕ ਖੇਡ ਸਟੇਡੀਅਮ ਦਾ ਨੀਂਹ ਪੱਥਰ ਰੱਖਿਆ।ਇਸ ਮੌਕੇ ਵਿਧਾਇਕਾ ਸੰਤੋਸ਼ ਕਟਾਰੀਆ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਸਰਕਾਰ ਦਾ ਮਨੋਰਥ ਪੰਜਾਬ ਨੂੰ ਮੁੜ 'ਰੰਗਲਾ ਪੰਜਾਬ' ਬਣਾਉਣਾ ਹੈ। ਉਨ੍ਹਾਂ ਇੱਕ ਅਹਿਮ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ ਪੂਰੇ ਪੰਜਾਬ ਵਿੱਚ 3000 ਖੇਡ ਸਟੇਡੀਅਮ ਬਣਾਏ ਜਾ ਰਹੇ ਹਨ, ਜਿਨ੍ਹਾਂ ਵਿੱਚੋਂ ਇਕੱਲੇ ਬਲਾਚੌਰ ਹਲਕੇ ਵਿੱਚ 35 ਸਟੇਡੀਅਮਾਂ ਦਾ ਨਿਰਮਾਣ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਇਹ ਸਟੇਡੀਅਮ ਨੌਜਵਾਨਾਂ ਨੂੰ ਨਸ਼ਿਆਂ ਵਰਗੀਆਂ ਅਲਾਮਤਾਂ ਤੋਂ ਦੂਰ ਰੱਖ ਕੇ ਖੇਡਾਂ ਨਾਲ ਜੋੜਨਗੇ।ਹਲਕਾ ਯੂਥ ਪ੍ਰਧਾਨ ਕਰਨਵੀਰ ਕਟਾਰੀਆ ਨੇ ਸੰਬੋਧਨ ਕਰਦਿਆਂ ਕਿਹਾ ਕਿ 'ਆਮ ਆਦਮੀ ਪਾਰਟੀ' ਦੀ ਸਰਕਾਰ ਆਪਣੇ ਕੀਤੇ ਵਾਅਦਿਆਂ ਨੂੰ ਅਮਲੀ ਜਾਮਾ ਪਹਿਨਾ ਰਹੀ ਹੈ। ਹੋਰਨਾਂ ਤੋਂ ਇਲਾਵਾ ਹਰਸ਼ਦੀਪ ਸਿੰਘ ਜੇ ਈ ਗਗਨਦੀਪ ਸਿੰਘ ਬੱਲ, ਅਰਵਿੰਦਰ ਸਿੰਘ ਬੈਂਸ, ਅਮਰਜੀਤ ਸਿੰਘ ਬੈਂਸ ਕਮਲਜੀਤ ਸਿੰਘ ਬੈਂਸ, ਆਰ ਵੀਰ ਸਿੰਘ ਬੈਂਸ, ਕਸ਼ਮੀਰ ਸਿੰਘ ਪਟਵਾਰੀ, ਮਹਿੰਦਰ ਸਿੰਘ ਸਾਬਕਾ ਸਰਪੰਚ, ਗੁਰਪ੍ਰੀਤ ਸਿੰਘ ਮਲਹੋਤਰਾ, ਸੁਲੱਖਣ ਸਿੰਘ ਸਰਪੰਚ ਕਮਲਜੀਤ ਸਿੰਘ ਢਾਹ, ਪ੍ਰਦੀਪ ਸਿੰਘ ਕਲੇਰ ਤੇ ਵੱਡੀ ਗਿਣਤੀ ਵਿੱਚ ਇਲਾਕਾ ਨਿਵਾਸੀ ਤੇ ਪਤਵੰਤੇ ਸੱਜਣ ਹਾਜ਼ਰ ਸਨ।



# ਸਰਕਾਰ ਦੇ ਲੋਕ ਪੱਖੀ ਫੈਸਲਿਆਂ ਨੇ ਸਮੁੱਚੇ ਪੰਜਾਬੀਆਂ ਦਾ ਦਿਲ ਜਿੱਤਿਆ : ਡਾ. ਵਿਪਨ ਪੰਚਨੰਗਲ

**ਜੇਜੋਂ ਦੋਆਬਾ (ਨਿਰਮਲ ਸਿੰਘ ਮੁੱਗੋਵਾਲ)**- ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਯੋਗ ਅਗਵਾਈ ਹੇਠ ਪੰਜਾਬ ਦੀਆਂ ਮਾਵਾਂ ਅਤੇ ਭੈਣਾਂ ਨੂੰ ਅੰਤਰਰਾਸ਼ਟਰੀ ਮਹਿਲਾ ਦਿਵਸ ਤੇ, ਜੋ ਦਲਿਤ ਔਰਤਾਂ ਨੂੰ 1500 ਰੁਪਏ ਅਤੇ ਜਰਨਲ ਵਰਗ ਦੀਆਂ ਔਰਤਾਂ ਨੂੰ 1000 ਰੁ. ਦੇਣ ਦਾ ਐਲਾਨ ਕੀਤਾ ਹੈ ਉਸ ਦੀ ਸਰਾਹਨਾ ਕਰਦਿਆਂ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਡਾ. ਵਿਪਨ ਕੁਮਾਰ ਪਚਨੰਗਲ ਨੇ ਕਿਹਾ ਕਿ ਸਰਕਾਰ ਦੇ ਇਸ ਫੈਸਲੇ ਤੋਂ ਪੰਜਾਬ ਦੀਆਂ ਸਮੁੱਚੀਆਂ ਔਰਤਾਂ ਵਿੱਚ ਖੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ। ਉਹਨਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਸਮਾਜ ਦੇ ਹਰ ਵਰਗ ਦੀਆਂ ਲੋੜਾਂ ਨੂੰ ਪੂਰੀਆਂ ਕਰਦੀ ਹੋਈ ਪੰਜਾਬ ਦੇ ਵਿਕਾਸ ਵੱਲ ਪੂਰਾ ਧਿਆਨ ਦੇ ਰਹੀ ਹੈ। ਉਹਨਾਂ ਕਿਹਾ ਕਿ ਪੰਜਾਬ ਦੇ ਪੇਂਡੂ ਅਤੇ ਸ਼ਹਿਰੀ ਖੇਤਰਾਂ ਦੀਆਂ ਸੜਕਾਂ ਨੂੰ ਕਰੋੜਾਂ ਰੁਪਏ ਦੀ ਲਾਗਤ ਨਾਲ ਬਣਾਇਆ ਜਾ ਰਿਹਾ ਹੈ। ਉਹਨਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਜੋ ਪੰਜਾਬ ਦੇ ਹਰ ਵਿਅਕਤੀ ਨੂੰ 10 ਲੱਖ ਰੁਪਏ ਤੱਕ ਕੈਸ਼ਲੈਸ ਸਕੀਮ ਤਹਿਤ ਇਲਾਜ ਕਰਾਉਣ ਦੀ ਸਹੂਲਤ ਦਿੱਤੀ ਗਈ ਹੈ ਉਸ ਨਾਲ ਵੀ ਪੰਜਾਬ ਵਾਸੀਆਂ ਨੂੰ ਬਹੁਤ ਲਾਭ ਪਹੁੰਚ ਰਿਹਾ ਹੈ।ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਨਿਰੰਤਰ ਵਿਕਾਸ ਦੇ ਕਾਰਜ ਹੋ ਰਹੇ ਹਨ। ਉਹਨਾਂ ਕਿਹਾ ਕਿ ਵਿਧਾਨ ਸਭਾ ਹਲਕਾ ਗੜ੍ਹਸ਼ੰਕਰ ਵਿੱਚ ਜੈ ਕ੍ਰਿਸ਼ਨ ਸਿੰਘ ਰੌੜੀ ਅਤੇ ਵਿਧਾਨ ਸਭਾ ਹਲਕਾ ਚੱਬੇਵਾਲ ਤੋਂ ਵਿਧਾਇਕ ਡਾ. ਇਸ਼ਾਂਕ ਕੁਮਾਰ ਅਤੇ ਮੈਂਬਰ ਪਾਰਲੀਮੈਂਟ ਡਾ. ਰਾਜ ਕੁਮਾਰ ਚੱਬੇਵਾਲ ਦੀ ਯੋਗ ਅਗਵਾਈ ਹੇਠ ਪਿੰਡਾਂ ਵਿੱਚ ਵਿਕਾਸ ਦੇ ਕਾਰਜ ਨਿਰੰਤਰ ਜਾਰੀ ਹਨ। ਪੰਜਾਬ ਵਾਸੀਆਂ ਵੱਲੋਂ ਮਿਲਦੇ ਭਰਪੂਰ ਸਹਿਯੋਗ ਸਦਕਾ ਇਹ ਗੱਲ ਪੱਕੀ ਹੈ ਕਿ ਪੰਜਾਬ ਵਿੱਚ ਦੁਬਾਰਾ ਫਿਰ ਆਮ ਆਦਮੀ ਪਾਰਟੀ ਦੀ ਹੀ ਸਰਕਾਰ ਬਣੇਗੀ।



# ਪ੍ਰਮਾਤਮਾ ਨੂੰ ਜਾਣਿਆ ਜਾ ਸਕਦੇ : ਮਹਾਤਮਾ ਇੰਦਰਜੀਤ ਸ਼ਰਮਾ

**ਫਿਲੌਰ (ਨਿਰਮਲ)**- ਸੰਤ ਨਿਰੰਕਾਰੀ ਸਤਸੰਗ ਭਵਨ ਫਿਲੌਰ ਵਿਖੇ ਸਤਸੰਗ ਕਰਵਾਇਆ ਗਿਆ, ਜਿਸ ਵਿੱਚ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਸ਼ਿਰਕਤ ਕਰਕੇ ਆਤਮਿਕ ਲਾਹਾ ਪ੍ਰਾਪਤ ਕੀਤਾ। ਇਸ ਮੌਕੇ ਸਤਿਗੁਰੂ ਮਾਤਾ ਸੁਦੀਕਸ਼ਾ ਜੀ ਮਹਾਰਾਜ ਦੇ ਪਵਿੱਤਰ ਸੰਦੇਸ਼ ਨੂੰ ਲੈ ਕੇ ਪਹੁੰਚੇ ਮਹਾਤਮਾ ਇੰਦਰਜੀਤ ਸ਼ਰਮਾ (ਦਿੱਲੀ ਵਾਲਿਆਂ) ਨੇ ਸੰਗਤਾਂ ਨੂੰ ਸੰਬੋਧਨ ਕਰਦਿਆਂ ਫ਼ਰਮਾਇਆ ਕਿ ਪ੍ਰਮਾਤਮਾ ਨੂੰ ਜਾਣਿਆ ਜਾ ਸਕਦਾ ਹੈ। ਨਿਰੰਕਾਰ ਦਾ ਆਧਾਰ ਲੈਣ ਨਾਲ ਭਗਤੀ ਮਜ਼ਬੂਤ ਹੁੰਦੀ ਹੈ ਅਤੇ ਮਨੁੱਖ ਦਾ ਜੀਵਨ ਖੁਸ਼ਹਾਲ ਬਣਦਾ ਹੈ। ਉਨ੍ਹਾਂ ਨੇ ਪ੍ਰੇਰਨਾ ਦਿੱਤੀ ਕਿ ਜੀਵਨ ਨੂੰ ਸਫਲ ਬਣਾਉਣ ਲਈ ਪ੍ਰਮਾਤਮਾ ਨਾਲ ਨਾਤਾ ਜੋੜਨਾ ਬਹੁਤ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਧਰਤੀ ਉੱਤੇ ਸਤਸੰਗ ਵਰਗੀ ਹੋਰ ਕੋਈ ਪਵਿੱਤਰ ਜਗ੍ਹਾ ਨਹੀਂ, ਕਿਉਂਕਿ ਇੱਥੇ ਆ ਕੇ ਮਨੁੱਖ ਸਤਿਗੁਰੂ ਪ੍ਰਤੀ ਆਪਣੀ ਸ਼ਰਧਾ ਅਤੇ ਭਾਵਨਾ ਪ੍ਰਗਟ ਕਰਦਾ ਹੈ। ਸਤਸੰਗ ਮਨੁੱਖ ਦੇ ਜੀਵਨ ਨੂੰ ਸਹੀ ਦਿਸ਼ਾ ਦਿੰਦਾ ਹੈ ਅਤੇ ਆਤਮਿਕ ਉਚਾਈਆਂ ਵੱਲ ਪ੍ਰੇਰਿਤ ਕਰਦਾ ਹੈ। ਜਿਸ ਮਨੁੱਖ ਦਾ ਦੁਨੀਆ ਵਿੱਚ ਕੋਈ ਸਹਾਰਾ ਨਹੀਂ ਹੁੰਦਾ, ਉਸ ਦੀ ਬਾਂਹ ਸਤਿਗੁਰੂ ਫੜਦਾ ਹੈ ਅਤੇ ਉਸ ਦਾ ਸੱਚਾ ਸਹਾਰਾ ਬਣਦਾ ਹੈ। ਉਨ੍ਹਾਂ ਦੱਸਿਆ ਕਿ ਸਤਿਗੁਰੂ ਮਨੁੱਖ ਦੇ ਜੀਵਨ ਵਿੱਚੋਂ ਔਗੁਣਾਂ ਦਾ ਨਾਸ ਕਰਕੇ ਗੁਣਾਂ ਦੀ ਵਰਖਾ ਕਰਦਾ ਹੈ, ਜਿਸ ਨਾਲ ਭਗਤ ਦੀ ਮਹਿਮਾ ਵਧਦੀ ਹੈ।ਇਸ ਮੌਕੇ ਬ੍ਰਾਂਚ ਮੁਖੀ ਫਿਲੌਰ ਭਾਈ ਸਾਹਿਬ ਜਗਤਾਰ ਸਿੰਘ, ਬ੍ਰਾਂਚ ਸੰਚਾਲਕ ਅਮਨਦੀਪ ਸਿੰਘ, ਸ਼ਿਕਸ਼ਕ ਕੁਲਵੰਤ ਰਾਏ, ਬ੍ਰਾਂਚ ਮੁਖੀ ਅੱਪਰਾ ਭਾਈ ਸਾਹਿਬ ਕੁਲਦੀਪ ਸਿੰਘ, ਬ੍ਰਾਂਚ ਮੁਖੀ ਗੁਰਾਇਆਂ ਭਾਈ ਸਾਹਿਬ ਜਸਵੀਰ ਕੁਮਾਰ, ਪ੍ਰਚਾਰਕ ਰਾਮ ਜੀ ਦਾਸ ਗੰਨਾ ਪਿੰਡ, ਰਾਮ ਸਰੂਪ, ਲਖਵੀਰ ਲਾਲ, ਅਮਰਜੀਤ ਸਿੰਘ, ਸੁਭਾਸ਼ ਚੰਦਰ, ਸੁਰਿੰਦਰ ਮਾਹਲਾ , ਪੱਤਕਾਰ ਰਵੀ ਕੁਮਾਰ (ਗੁਰਾਇਆਂ) ਅਤੇ ਭਾਰੀ ਗਿਣਤੀ ਵਿੱਚ ਹਾਜ਼ਰ ਹੋਈ ਸੰਗਤ ਦਾ ਬ੍ਰਾਂਚ ਮੁਖੀ ਭਾਈ ਸਾਹਿਬ ਜਗਤਾਰ ਸਿੰਘ ਨੇ ਧੰਨਵਾਦ ਕੀਤਾ।




# ਅੰਤਰਰਾਸ਼ਟਰੀ ਮਹਿਲਾ ਦਿਵਸ 'ਤੇ ਮਹਿਲਾ ਬੀ ਐੱਲ ਓਜ਼ ਸਨਮਾਨਤ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**- ਮੁੱਖ ਚੋਣ ਅਫ਼ਸਰ ਪੰਜਾਬ ਦੇ ਨਿਰਦੇਸ਼ਾਂ ਅਨੁਸਾਰ ਅੰਤਰਰਾਸ਼ਟਰੀ ਮਹਿਲਾ ਦਿਵਸ ਦੇ ਮੌਕੇ 'ਤੇ ਜ਼ਿਲ੍ਹਾ ਪ੍ਰਸ਼ਾਸਨਿਕ ਕੰਪਲੈਕਸ ਵਿੱਚ ਜ਼ਿਲ੍ਹੇ ਦੀਆਂ 21 ਸਭ ਤੋਂ ਵਧੀਆ ਪ੍ਰਦਰਸ਼ਨ ਕਰਨ ਵਾਲੀਆਂ ਮਹਿਲਾ ਬੂਥ ਲੈਵਲ ਅਧਿਕਾਰੀਆਂ (ਬੀਐਲਓਜ਼) ਨੂੰ ਸਨਮਾਨਿਤ ਕੀਤਾ ਗਿਆ। ਇਹ ਸਨਮਾਨ ਡਿਪਟੀ ਕਮਿਸ਼ਨਰ ਕਮ-ਜ਼ਿਲ੍ਹਾ ਚੋਣ ਅਧਿਕਾਰੀ ਆਸ਼ਿਕਾ ਜੈਨ ਦੇ ਨਿਰਦੇਸ਼ਾਂ 'ਤੇ ਨਗਰ ਨਿਗਮ ਕਮਿਸ਼ਨਰ ਜਯੋਤੀ ਬਾਲਾ ਮੱਟੂ ਵੱਲੋਂ ਕੀਤਾ ਗਿਆ। ਇਸ ਵਿੱਚ ਮਹਿਲਾ ਬੀਐਲਓਜ਼ ਨੂੰ ਪ੍ਰਸ਼ੰਸਾ ਪੱਤਰ ਦੇ ਕੇ ਉਨ੍ਹਾਂ ਦੇ ਕੰਮ ਦੀ ਸਰਾਹਨਾ ਕੀਤੀ ਗਈ। ਇਸ ਮੌਕੇ 'ਤੇ ਨਗਰ ਨਿਗਮ ਕਮਿਸ਼ਨਰ ਜਯੋਤੀ ਬਾਲਾ ਮੱਟੂ ਨੇ ਕਿਹਾ ਕਿ ਚੋਣ ਪ੍ਰਕਿਰਿਆ ਨੂੰ ਸੁਚਾਰੂ ਅਤੇ ਪਾਰਦਰਸ਼ੀ ਬਣਾਉਣ ਵਿੱਚ ਬੂਥ ਲੈਵਲ ਅਧਿਕਾਰੀਆਂ ਦੀ ਭੂਮਿਕਾ ਬਹੁਤ ਮਹੱਤਵਪੂਰਨ ਹੁੰਦੀ ਹੈ। ਉਨ੍ਹਾਂ ਕਿਹਾ ਕਿ ਮਹਿਲਾ ਬੀਐਲਓਜ਼ ਨੇ ਆਪਣੀਆਂ ਜ਼ਿੰਮੇਵਾਰੀਆਂ ਨੂੰ ਪੂਰੀ ਲਗਨ, ਮਿਹਨਤ ਅਤੇ ਈਮਾਨਦਾਰੀ ਨਾਲ ਨਿਭਾਇਆ ਹੈ, ਜੋ ਲੋਕਤੰਤਰ ਨੂੰ ਮਜ਼ਬੂਤ ਬਣਾਉਣ ਵਿੱਚ ਅਹਿਮ ਯੋਗਦਾਨ ਹੈ। ਵਿਧਾਨ ਸਭਾ ਹਲਕਾ 40-ਦਸੂਹਾ ਤੋਂ ਕਮਲਾ ਦੇਵੀ, ਨੀਲਮ ਦੇਵੀ, ਅਗਮ ਕੁਮਾਰੀ ਨੂੰ, ਵਿਧਾਨ ਸਭਾ ਹਲਕਾ 41-ਉੜਮੁੜ ਤੋਂ ਹਰਨੀਸ਼ ਕੌਰ, ਗੁਰਦੀਪ ਕੌਰ, ਸਰਬਜੀਤ ਕੌਰ ਨੂੰ ਸਨਮਾਨਿਤ ਕੀਤਾ ਗਿਆ। ਵਿਧਾਨ ਸਭਾ ਹਲਕਾ 42-ਸ਼ਾਮ ਚੌਰਾਸੀ ਤੋਂ ਨੀਲਮ ਕੁਮਾਰੀ, ਸੁਮਨ ਕੁਮਾਰੀ, ਸ਼ਾਂਤੀ ਦੇਵੀ, ਵਿਧਾਨ ਸਭਾ ਹਲਕਾ 43-ਹੁਸ਼ਿਆਰਪੁਰ ਤੋਂ ਗੁਰਪ੍ਰੀਤ ਕੌਰ, ਅਬਨਿੰਦਰ ਕੌਰ, ਕੁਲਵਿੰਦਰ ਕੌਰ ਨੂੰ ਸਨਮਾਨਿਤ ਕੀਤਾ ਗਿਆ। ਇਸੇ ਤਰ੍ਹਾਂ ਵਿਧਾਨ ਸਭਾ ਹਲਕਾ 44-ਚੱਬੇਵਾਲ ਤੋਂ ਅਮਿਤਾ ਚੱਢਾ, ਬਲਵਿੰਦਰ ਕੌਰ, ਅਬਿਨਾਸ਼ ਕੌਰ ਅਤੇ ਵਿਧਾਨ ਸਭਾ ਹਲਕਾ 45-ਗੜ੍ਹਸ਼ੰਕਰ ਤੋਂ ਅਮਰਜੀਤ ਕੌਰ, ਇੰਦਰਜੀਤ ਕੌਰ ਤੇ ਸਰਬਜੀਤ ਕੌਰ ਨੂੰ ਸਨਮਾਨਿਤ ਕੀਤਾ ਗਿਆ। ਇਸ ਮੌਕੇ 'ਤੇ ਚੋਣ ਤਹਿਸੀਲਦਾਰ ਹਰਮਿੰਦਰ ਸਿੰਘ, ਚੋਣ ਕਾਨੂੰਗੋ ਦੀਪਕ ਕੁਮਾਰ, ਹਰਪ੍ਰੀਤ ਕੌਰ, ਲਖਵੀਰ ਸਿੰਘ ਵੀ ਹਾਜ਼ਰ ਸਨ।



# ਆਸ਼ਾ ਵਰਕਰਜ਼ ਸਾਂਝਾ ਮੋਰਚੇ ਵੱਲੋਂ ਵਿਧਾਨ ਸਭਾ ਦੇ ਘਿਰਾਓ ਲਈ ਚੰਡੀਗੜ੍ਹ ਵੱਲ ਕੂਚ

**ਪੱਟੀ** (**ਬਲਦੇਵ ਸਿੰਘ ਸੰਧੂ**)- ਆਸ਼ਾ ਵਰਕਰਜ ਯੂਨੀਅਨ ਸਾਂਝਾ ਮੋਰਚਾ ਪੰਜਾਬ ਦੀ ਜ਼ਿਲ੍ਹਾ ਪ੍ਰਧਾਨ ਮਨਜਿੰਦਰ ਕੌਰ ਹਰੀਕੇ ਦੀ ਅਗਵਾਈ ਵਿਚ ਆਪਣੀਆਂ ਹੱਕੀ ਮੰਗਾਂ ਮਨਵਾਉਣ ਲਈ ਵਿਧਾਨ ਸਭਾ ਦੇ ਘਿਰਾਓ



ਲਈ ਵੱਡੀ ਗਿਣਤੀ ਵਿੱਚ ਹਰੀਕੇ ਤੋਂ ਚੰਡੀਗੜ੍ਹ ਵੱਲ ਕੂਚ ਕੀਤਾ ਗਿਆ ।ਰਵਾਨਾ ਹੋਣ ਸਮੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਮਨਜਿੰਦਰ ਕੌਰ ਹਰੀਕੇ ਨੇ ਦੱਸਿਆ ਕਿ ਰਵਾਇਤੀ ਪਾਰਟੀਆਂ ਵਾਂਗ ਪੰਜਾਬ ਦੀ ਅਗਵਾਈ ਕਰ ਰਹੀ ਨਕਲੀ ਇਨਕਲਾਬੀ ਆਮ ਆਦਮੀ ਪਾਰਟੀ ਵੱਲੋਂ ਸੱਤਾ ਹਾਸਲ ਕਰਨ ਤੋਂ ਪਹਿਲਾਂ ਵੱਡੇ-ਵੱਡੇ ਲਾਰੇ ਲਗਾਏ ਗਏ ਪਰ ਸੱਤਾ ਹਾਸਲ ਕਰਨ ਤੋਂ ਬਾਅਦ ਆਪ ਵੀ ਰਵਾਇਤੀ ਪਾਰਟੀਆਂ ਵਾਂਗ ਸਾਫ ਮੁੱਕਰ ਰਹੀ ।ਉਨ੍ਹਾਂ ਦੀਆਂ ਹੱਕੀ ਮੰਗਾਂ ਜਿਵੇਂ ਆਸ਼ਾ ਵਰਕਰਜ/ਫੈਸੀਲਿਟੇਟਰਜ਼ ਨੂੰ ਦਸ ਸਾਲ ਦੀ ਸੇਵਾ ਪੂਰੀ ਹੋਣ ਉਪਰੰਤ ਘੱਟੋ-ਘੱਟ ਉਜਰਤਾਂ ਦੇ ਕਾਨੂੰਨ ਵਿਚ ਲਿਆ ਕੇ ਛੇਵੇਂ ਤਨਖਾਹ ਕਮਿਸ਼ਨ ਅਨੁਸਾਰ 26000ਰੁਪਏ ਦੇ ਕੇ ਰੈਗੂਲਰ ਕਰਨ ਤੋਂ ਇਲਾਵਾ ਹੋਰ ਵੀ ਅਨੇਕਾਂ ਮੰਗਾਂ ਹਨ।ਇਸ ਸਮੇਂ ਹਰਸਿਮਰਨਜੀਤ ਕੌਰ ਮੀਆਂਵਿੰਡ, ਅਮਨਦੀਪ ਕੌਰ ਕੋਟਬੁੱਢਾ, ਰਾਜਵਿੰਦਰ ਕੌਰ ਘਰਿਆਲਾ, ਪਲਵਿੰਦਰ ਕੌਰ ਘਰਿਆਲਾ, ਗੁਰਪ੍ਰੀਤ ਕੌਰ ਸ਼ਹੀਦ, ਦਲਬੀਰ ਕੌਰ,ਰਣਜੀਤ ਕੌਰ ਕੋਟਦਾਤਾ, ਕੁਲਦੀਪ ਕੌਰ ਸਭਰਾ, ਪਰਮਜੀਤ ਕੌਰ ਰੱਤਾਗੁਦਾ, ਰਮਨੀਕ ਕੌਰ ਸਭਰਾ, ਲਖਵਿੰਦਰ ਕੌਰ ਸ਼ਹੀਦ, ਕੁਲਜੀਤ ਕੌਰ ਬੂਹ, ਗੀਤਾ, ਅਨੀਤਾ, ਭਗਵੰਤ ਕੌਰ ਪੱਖੋਕੇ, ਅਮਨ ਕੁਮਾਰੀ ਆਸਲ ਅਤੇ ਪੰਜਾਬ ਸੁਬਾਰਡੀਨੇਟ ਸਰਸਵਿਜ ਫੈਡਰੇਸ਼ਨ ਦੇ ਜ਼ਿਲ੍ਹਾ ਪ੍ਰਧਾਨ ਕਾਰਜ ਸਿੰਘ ਕੈਰੋਂ ਆਦਿ ਆਗੂ ਹਾਜ਼ਰ ਸਨ।

# 400 ਗੁਆਚੇ ਮੋਬਾਈਲ ਫੋਨ ਉਨ੍ਹਾਂ ਦੇ ਮਾਲਕਾਂ ਨੂੰ ਸੌਂਪੇ



**ਅੰਮ੍ਰਿਤਸਰ** (**ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ**)- ਇੱਕ ਹੋਰ ਜਨਤਕ-ਪੱਖੀ ਪਹਿਲਕਦਮੀ ਕਰਦੇ ਹੋਏ, ਕਮਿਸ਼ਨਰੇਟ ਪੁਲਸ ਅੰਮ੍ਰਿਤਸਰ ਨੇ ਨਾਗਰਿਕਾਂ ਦੇ ਗੁੰਮ ਹੋਏ 400 ਮੋਬਾਈਲ ਫੋਨਾਂ ਦਾ ਸਫਲਤਾਪੂਰਵਕ ਪਤਾ ਲਗਾਇਆ ਹੈ।ਇਹ ਫੋਨ ਰਾਜਸਥਾਨ, ਉੱਤਰ ਪ੍ਰਦੇਸ਼, ਉੱਤਰਾਖੰਡ ਅਤੇ ਪੰਜਾਬ ਦੇ ਜ਼ਿਲ੍ਹਿਆਂ ਜਿਵੇਂ ਕਿ ਲੁਧਿਆਣਾ, ਜਲੰਧਰ ਅਤੇ ਅੰਮ੍ਰਿਤਸਰ ਦਿਹਾਤੀ ਤੋਂ ਬਰਾਮਦ ਕੀਤੇ ਗਏ ਸਨ, ਅਤੇ ਹੁਣ ਉਨ੍ਹਾਂ ਦੇ ਮਾਲਕਾਂ ਨੂੰ ਵਾਪਸ ਕਰ ਦਿੱਤੇ ਗਏ ਹਨ।ਇਹ ਤੀਜੀ ਵੱਡੀ ਪਹਿਲ ਹੈ ਜਿਸ ਵਿੱਚ ਗੁੰਮ ਹੋਏ ਮੋਬਾਈਲ ਫੋਨਾਂ ਦਾ ਪਤਾ ਲਗਾਇਆ ਗਿਆ ਹੈ ਅਤੇ ਨਾਗਰਿਕਾਂ ਨੂੰ ਵਾਪਸ ਸੌਂਪੇ ਗਏ ਹਨ।ਇਸ ਤੋਂ ਪਹਿਲਾਂ, ਪਹਿਲੇ ਪੜਾਅ ਵਿੱਚ 100 ਮੋਬਾਈਲ ਫੋਨ ਅਤੇ ਦੂਜੇ ਪੜਾਅ ਵਿੱਚ 200 ਮੋਬਾਈਲ ਫੋਨ ਵਾਪਸ ਕੀਤੇ ਗਏ ਸਨ, ਜਦੋਂ ਕਿ ਹੁਣ 400 ਮੋਬਾਈਲ ਫੋਨ ਸਫਲਤਾਪੂਰਵਕ ਲੱਭੇ ਗਏ ਹਨ ਅਤੇ ਤੀਜੇ ਪੜਾਅ ਵਿੱਚ ਵਾਪਸ ਕੀਤੇ ਗਏ ਹਨ।ਗੁਰਪ੍ਰੀਤ ਸਿੰਘ ਭੁੱਲਰ ਆਈਪੀਐੱਸ ਪੁਲਸ ਕਮਿਸ਼ਨਰ, ਅੰਮ੍ਰਿਤਸਰ ਦੇ ਨਿਰਦੇਸ਼ਾਂ ਅਨੁਸਾਰ ਕਮਿਸ਼ਨਰੇਟ ਪੁਲਸ ਅੰਮ੍ਰਿਤਸਰ ਦੀਆਂ ਪੁਲਿਸ ਟੀਮਾਂ ਨੇ ਗੁੰਮ ਹੋਏ ਡਿਵਾਈਸਾਂ ਦਾ ਪਤਾ ਲਗਾਉਣ ਲਈ ਨਿਰੰਤਰ ਤਕਨੀਕੀ ਯਤਨ ਕੀਤੇ।ਕੁੱਲ 400 ਮੋਬਾਈਲ ਫੋਨਾਂ ਵਿੱਚੋਂ 269 ਮੋਬਾਈਲ ਫੋਨ ਪੁਲਸ ਸਟੇਸ਼ਨ ਸਾਈਬਰ ਕ੍ਰਾਈਮ ਟੀਮ ਦੁਆਰਾ, 85 ਸਬ-ਡਵੀਜ਼ਨ ਈਸਟ ਦੁਆਰਾ, 29 ਸਬ-ਡਵੀਜ਼ਨ ਸੈਂਟਰਲ ਦੁਆਰਾ ਅਤੇ 17 ਸਬ-ਡਵੀਜ਼ਨ ਨੌਰਥ ਦੁਆਰਾ ਟਰੇਸ ਕੀਤੇ ਗਏ।

# ਗੰਦਗੀ ਦੇ ਢੇਰਾਂ ਤੋਂ ਕਿਸੇ ਵੇਲੇ ਵੀ ਸ਼ਹਿਰ ਕਾਦੀਆਂ 'ਚ ਫੈਲ ਸਕਦੀ ਹੈ ਭਿਆਨਕ ਬਿਮਾਰੀ

**ਕਾਦੀਆਂ** (**ਯਾਦਵਿੰਦਰ ਸਿੰਘ ਮਲਹੋਤਰਾ**)- ਬੇਸ਼ੱਕ ਨਗਰ ਕੌਂਸਲ ਦੇ ਵੱਲੋਂ ਕੂੜੇ ਦੇ ਲਈ ਕਾਦੀਆਂ ਸ਼ਹਿਰ ਦੇ ਵਿੱਚ ਕੂੜਾ ਡੰਪ ਬਣਾਇਆ ਹੋਇਆ ਪਰ ਇਸ ਦੇ ਬਾਵਜੂਦ ਸ਼ਹਿਰ ਦੇ ਵੱਖ-ਵੱਖ ਚੌਕਾਂ ਵਿੱਚ ਅਤੇ ਸਕੂਲਾਂ ਦੇ ਨਜ਼ਦੀਕ ਗੰਦਗੀ ਦੇ ਢੇਰ ਲਗਾ ਕੇ ਨਿਯਮਾਂ ਦੀਆਂ ਧੱਜੀਆਂ ਉਡਾਈਆਂ ਜਾ ਰਹੀਆਂ ਹਨ।ਸ਼ਹਿਰ ਦੇ ਕੁਝ ਵਸਨੀਕਾਂ ਨੇ ਦੱਸਿਆ ਕਿ ਸ਼ਹਿਰ ਵਿੱਚ ਵੱਖ-ਵੱਖ ਥਾਵਾਂ ਤੇ ਲੋਕਾਂ ਦੇ ਵੱਲੋਂ ਗੰਦਗੀ ਦੇ ਢੇਰ ਲਗਾਏ ਹੋਏ ਹਨ।ਜਿਵੇਂ ਕਿ ਕਾਲਜ ਰੋਡ ਅਤੇ ਬੁੱਟਰ ਰੋਡ ਸਮੇਤ ਮੁਹੱਲਾ ਧਰਮਪੁਰਾ ਪੱਠਿਆਂ ਵਾਲੀ ਮੰਡੀ ਅਤੇ ਜੱਸਾ ਸਿੰਘ ਰਾਮਗੜ੍ਹੀਆ ਚੌਕ ਸਮੇਤ ਬੱਸ ਸਟੈਂਡ ਅਤੇ ਹੋਰਨਾਂ ਵੱਖ-ਵੱਖ ਥਾਵਾਂ ਤੇ ਅਜਿਹੇ ਗੰਦਗੀ ਦੇ ਢੇਰਾਂ ਤੋਂ ਉਠਦੀ ਬਦਬੂ ਕਾਰਨ ਸਥਾਨਕ ਰਾਹਗੀਰ ਅਤੇ ਸਕੂਲੀ ਵਿਦਿਆਰਥੀਆਂ ਨੂੰ ਭਾਰੀ ਦਿੱਕਤਾਂ ਦਾ ਸਾਹਮਣਾ ਕਰਨਾ ਪੈ ਰਿਹਾ। ਇੱਕ ਪਾਸੇ ਜਿੱਥੇ ਸਰਕਾਰਾਂ ਵੱਲੋਂ ਅਤੇ ਸੰਬੰਧਿਤ ਪ੍ਰਸ਼ਾਸਨ ਵੱਲੋਂ ਇਲਾਕੇ ਦੀ ਸਾਫ ਸਫਾਈ ਰੱਖਣ ਦੇ ਲਈ ਪੁਖਤਾ ਪ੍ਰਬੰਧ ਕੀਤੇ ਹੋਏ ਹਨ ਅਤੇ ਵੱਡੇ ਵੱਡੇ ਦਾਅਵੇ ਕੀਤੇ ਜਾਂਦੇ ਹਨ ਪਰ ਜਦੋਂ ਅਜਿਹੀਆਂ ਤਸਵੀਰਾਂ ਸਾਹਮਣੇ ਆਉਂਦੀਆਂ ਹਨ ਤਾਂ ਇਹ ਸਾਰੇ ਦਾਅਵੇ ਖੋਖਲੇ ਨਜ਼ਰ ਆਉਂਦੇ ਹਨ।ਸਥਾਨਕ ਲੋਕਾਂ ਨੇ ਮੰਗ ਕੀਤੀ ਹੈ ਕਿ ਸ਼ਹਿਰ ਵਿੱਚੋਂ ਅਤੇ ਸਕੂਲਾਂ ਕਾਲਜਾਂ ਦੇ ਨਜ਼ਦੀਕ ਲੱਗਦੇ ਗੰਦਗੀ ਦੇ ਢੇਰਾਂ ਨੂੰ ਚੁਕਵਾਇਆ ਜਾਵੇ ਤਾਂ ਜੋ ਰਾਹਗੀਰਾਂ ਨੂੰ ਅਤੇ ਸਕੂਲੀ ਵਿਦਿਆਰਥੀਆਂ ਨੂੰ ਕਿਸੇ ਤਰ੍ਹਾਂ ਦੀਆਂ ਪਰੇਸ਼ਾਨੀਆਂ ਦਾ ਸਾਹਮਣਾ ਨਾ ਕਰਨਾ ਪਵੇ। ਉਨ੍ਹਾਂ ਨਗਰ ਕੌਂਸਲ ਕਾਦੀਆਂ ਨੂੰ ਵੀ ਅਪੀਲ ਕੀਤੀ ਕਿ ਕਾਲਜ ਰੋਡ ਸਥਿਤ ਅਤੇ ਹੋਰਨਾਂ ਥਾਵਾਂ ਦੇ ਉਪਰ ਕੁਝ ਦੁਕਾਨਦਾਰਾਂ ਵੱਲੋਂ ਆਪਣੀਆਂ ਦੁਕਾਨਾਂ ਦੇ ਬਾਹਰ ਫਲ ਫਰੂਟ ਅਤੇ ਹੋਰ ਸਾਮਾਨ ਵਧਾ ਚੜ੍ਹਾ ਕੇ ਲਗਾਇਆ ਹੋਇਆ ਹੈ ਜਿਸ ਕਾਰਨ ਲੋਕਾਂ ਨੂੰ ਸਕੂਲ ਜਾਣ ਵੇਲੇ ਭਾਰੀ



# ਔਰਤਾਂ ਨੂੰ ਹਜ਼ਾਰ ਰੁਪਏ ਦੇਣ ਦਾ ਐਲਾਨ ਨਿਵੇਕਲਾ ਕਦਮ : ਸਰਪੰਚ ਬੂਟਾ ਮਸੀਹ

**ਕਾਦੀਆਂ** (**ਯਾਦਵਿੰਦਰ ਸਿੰਘ ਮਲਹੋਤਰਾ**)- ਪੰਜਾਬ ਸਰਕਾਰ ਵੱਲੋਂ ਬਜਟ ਵਿਚ ਔਰਤਾਂ ਲਈ ਐਲਾਨੇ ਗਏ ਹਜ਼ਾਰ ਰੁਪਏ ਪ੍ਰਤੀ ਮਹੀਨਾ ਦੇ ਸੰਬੰਧੀ ਵਿਧਾਨ ਸਭਾ ਹਲਕਾ ਬਟਾਲਾ ਅਧੀਨ ਪੈਂਦੇ ਨਜ਼ਦੀਕੀ ਪਿੰਡ ਠੀਕਰੀਵਾਲ ਉਚਾ ਤੋਂ ਕ੍ਰਿਸਚਨ ਪੱਤੀ ਸਰਪੰਚ ਸੁਖਵਿੰਦਰ ਮਸੀਹ ਉਰਫ ਬੂਟਾ ਮਸੀਹ ਵੱਲੋਂ ਇੱਕ ਵਿਸ਼ੇਸ਼ ਮੀਟਿੰਗ ਦਾ ਆਯੋਜਨ ਕੀਤਾ ਗਿਆ ਜਿਸ ਵਿੱਚ ਮਹਿਲਾਵਾਂ ਵੱਲੋਂ ਹਿੱਸਾ ਲਿਆ ਗਿਆ ਅਤੇ ਪਹੁੰਚੀਆਂ ਮਹਿਲਾਵਾਂ ਨੇ ਪੰਜਾਬ ਸਰਕਾਰ ਅਤੇ ਸਮੁੱਚੀ ਲੀਡਰਸ਼ਿਪ ਸਮੇਤ ਸਰਪੰਚ ਦਾ ਤਹਿ ਦਿਲ ਤੋਂ ਧੰਨਵਾਦ ਕੀਤਾ।ਇਸ ਮੌਕੇ ਸਰਪੰਚ ਬੂਟਾ ਮਸੀਹ ਨੇ ਗੱਲਬਾਤ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਦਾ ਇਹ ਇੱਕ ਨਿਵੇਕਲਾ ਕਦਮ ਹੈ। ਉਨ੍ਹਾਂ ਕਿਹਾ ਕਿ ਬਿਜਲੀ ਸਬੰਧੀ ਸੁਵਿਧਾ ਅਤੇ 10 ਲੱਖ ਰੁਪਏ ਦਾ ਸਿਹਤ ਕਾਰਡ, ਮੇਰੀ ਰਸੋਈ ਸਕੀਮ ਤਹਿਤ ਲੋੜਵੰਦ ਪਰਿਵਾਰਾਂ ਨੂੰ ਮੁਫ਼ਤ ਰਾਸ਼ਨ ਕਿੱਟਾਂ ਵੰਡਣ ਆਦਿ ਦੇ ਫ਼ੈਸਲੇ ਲੈ ਕੇ ਮਾਨ ਸਰਕਾਰ ਨੇ ਇਹ ਸਾਬਤ ਕਰ ਦਿੱਤਾ ਹੈ ਕਿ ਇਹ ਸੱਚਮੁੱਚ ਲੋਕ ਪੱਖੀ ਸਰਕਾਰ ਹੈ।





# ਹੋਟਲ-ਰੈਸਟੋਰੈਂਟ ਕਾਰੋਬਾਰ ਨੂੰ ਬਚਾਉਣ ਲਈ ਸੰਸਦ ਮੈਂਬਰ ਔਜਲਾ ਨੇ ਪੈਟਰੋਲੀਅਮ ਮੰਤਰੀ ਨੂੰ ਲਿਖਿਆ ਪੱਤਰ

**ਅੰਮ੍ਰਿਤਸਰ** (**ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ**)- ਅੰਮ੍ਰਿਤਸਰ ਤੋਂ ਲੋਕ ਸਭਾ ਮੈਂਬਰ ਗੁਰਜੀਤ ਸਿੰਘ ਔਜਲਾ ਨੇ ਦੇਸ਼ ਦੇ ਪੈਟਰੋਲੀਅਮ ਅਤੇ ਕੁਦਰਤੀ ਗੈਸ ਮੰਤਰੀ ਹਰਦੀਪ ਸਿੰਘ ਪੁਰੀ ਨੂੰ ਪੱਤਰ ਲਿਖ ਕੇ ਅੰਮ੍ਰਿਤਸਰ ਅਤੇ ਪੰਜਾਬ ਵਿੱਚ ਕਮਰਸ਼ੀਅਲ ਐੱਲਪੀਜੀ ਸਿਲੰਡਰਾਂ ਦੀ ਸਪਲਾਈ ਜਾਰੀ ਰੱਖਣ ਦੀ ਮੰਗ ਕੀਤੀ ਹੈ।ਇਸ ਮਾਮਲੇ ਨੂੰ ਲੈ ਕੇ ਲੋਕ ਸਭਾ ਦੇ ਬਾਹਰ ਵੀ ਵਿਰੋਧੀ ਸੰਸਦ ਮੈਂਬਰਾਂ ਵੱਲੋਂ ਪ੍ਰਦਰਸ਼ਨ ਕੀਤਾ ਗਿਆ। ਸੰਸਦ ਮੈਂਬਰ ਔਜਲਾ ਨੇ ਆਪਣੇ ਪੱਤਰ ਵਿੱਚ ਕਿਹਾ ਕਿ ਹਾਲ ਹੀ ਵਿੱਚ ਦੇਸ਼ ਭਰ ਵਿੱਚ ਕਮਰਸ਼ੀਅਲ ਐੱਲਪੀਜੀ ਸਿਲੰਡਰਾਂ ਦੀ ਸਪਲਾਈ 'ਤੇ ਲੱਗੀਆਂ ਪਾਬੰਦੀਆਂ ਕਾਰਨ ਅੰਮ੍ਰਿਤਸਰ ਦੇ ਹੋਟਲਾਂ, ਰੈਸਟੋਰੈਂਟਾਂ ਅਤੇ ਸੈਰ-ਸਪਾਟੇ ਨਾਲ ਜੁੜੇ ਕਾਰੋਬਾਰੀਆਂ ਨੂੰ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਉਨ੍ਹਾਂ ਦੱਸਿਆ ਕਿ ਅੰਮ੍ਰਿਤਸਰ ਭਾਰਤ ਦੇ ਮਹੱਤਵਪੂਰਨ ਧਾਰਮਿਕ ਅਤੇ ਸੈਰ-ਸਪਾਟਾ ਸਥਾਨਾਂ ਵਿੱਚੋਂ ਇੱਕ ਹੈ, ਜਿੱਥੇ ਹਰ ਰੋਜ਼ ਲੱਖਾਂ ਸ਼ਰਧਾਲੂ ਅਤੇ ਸੈਲਾਨੀ ਸ੍ਰੀ ਹਰਿਮੰਦਰ ਸਾਹਿਬ, ਜਲਿਆਂਵਾਲਾ ਬਾਗ, ਵਾਘਾ ਬਾਰਡਰ, ਰਾਮ ਤੀਰਥ ਮੰਦਰ ਅਤੇ ਦੁਰਗਿਆਣਾ ਮੰਦਰ ਵਰਗੇ ਪਵਿੱਤਰ ਅਤੇ ਇਤਿਹਾਸਕ ਸਥਾਨਾਂ ਦੇ ਦਰਸ਼ਨ ਲਈ ਆਉਂਦੇ ਹਨ।ਇਸ ਕਰਕੇ ਸ਼ਹਿਰ ਦੀ ਅਰਥਵਿਵਸਥਾ ਵੱਡੇ ਪੱਧਰ 'ਤੇ ਸੈਰ-ਸਪਾਟੇ ਤੇ ਨਿਰਭਰ ਕਰਦੀ ਹੈ।ਔਜਲਾ ਨੇ ਪੱਤਰ ਵਿੱਚ ਲਿਖਿਆ ਕਿ ਅੰਮ੍ਰਿਤਸਰ ਇੱਕ ਸਰਹੱਦੀ ਜ਼ਿਲ੍ਹਾ ਹੈ ਜਿੱਥੇ ਉਦਯੋਗਿਕ ਵਿਕਾਸ ਸੀਮਿਤ ਹੈ ਅਤੇ ਵੱਡੀ ਗਿਣਤੀ ਵਿੱਚ ਲੋਕਾਂ ਦੀ ਰੋਜ਼ੀ-ਰੋਟੀ ਹੋਟਲਾਂ, ਢਾਬਿਆਂ, ਲੰਗਰਾਂ, ਮੋਟਲਾਂ ਅਤੇ ਕੇਟਰਿੰਗ ਕਾਰੋਬਾਰ ਨਾਲ ਜੁੜੀ ਹੋਈ ਹੈ।ਜੇਕਰ ਕਮਰਸ਼ੀਅਲ ਐੱਲਪੀਜੀ ਦੀ ਸਪਲਾਈ ਘਟਾਈ ਜਾਂ ਬੰਦ ਕੀਤੀ ਜਾਂਦੀ ਹੈ ਤਾਂ ਇਸ ਨਾਲ ਨਾ ਸਿਰਫ ਕਾਰੋਬਾਰ ਪ੍ਰਭਾਵਿਤ ਹੋਵੇਗਾ, ਸਗੋਂ ਸ਼ਹਿਰ ਆਉਣ ਵਾਲੇ ਸ਼ਰਧਾਲੂਆਂ ਅਤੇ ਸੈਲਾਨੀਆਂ ਨੂੰ ਵੀ ਵੱਡੀਆਂ ਦਿੱਕਤਾਂ ਦਾ ਸਾਹਮਣਾ ਕਰਨਾ ਪਵੇਗਾ।ਸੰਸਦ ਮੈਂਬਰ ਨੇ ਕੇਂਦਰੀ ਮੰਤਰੀ ਨੂੰ ਅਪੀਲ ਕੀਤੀ ਕਿ ਅੰਮ੍ਰਿਤਸਰ ਦੀ ਧਾਰਮਿਕ ਅਤੇ ਸੈਰ-ਸਪਾਟਾ ਮਹੱਤਤਾ ਨੂੰ ਧਿਆਨ ਵਿੱਚ ਰੱਖਦੇ ਹੋਏ ਸ਼ਹਿਰ ਲਈ ਕਮਰਸ਼ੀਅਲ ਐਲਪੀਜੀ ਸਪਲਾਈ ਵਿੱਚ ਵਿਸ਼ੇਸ਼ ਛੂਟ ਜਾਂ ਤਰਜੀਹ ਦਿੱਤੀ ਜਾਵੇ।



# ਮਹਿਲਾ ਦਿਵਸ ਮੌਕੇ ਜ਼ਿਲ੍ਹਾ ਪੱਧਰੀ ਸਮਾਗਮ 'ਚ ਡੀ ਸੀ ਨੇ ਮਹਿਲਾ ਬੀ ਐੱਲ ਓਜ਼ ਨੂੰ ਸੌਂਪੇ ਪ੍ਰਸ਼ੰਸਾ ਪੱਤਰ

**ਪੱਟੀ**, (**ਬਲਦੇਵ ਸਿੰਘ ਸੰਧੂ**)- ਅੰਤਰਰਾਸ਼ਟਰੀ ਮਹਿਲਾ ਦਿਵਸ ਨੂੰ ਸਮਰਪਿਤ ਮੁੱਖ ਚੋਣ ਅਫਸਰ, ਪੰਜਾਬ ਦੇ ਆਦੇਸ਼ਾਂ ਅਨੁਸਾਰ ਜ਼ਿਲ੍ਹਾ ਤਰਨ ਤਾਰਨ ਦੇ ਚਾਰ



ਵਿਧਾਨ ਸਭਾ ਚੋਣ ਹਲਕਿਆਂ 21-ਤਰਨ ਤਾਰਨ, 22-ਖੇਮਕਰਨ, 23-ਪੱਟੀ ਅਤੇ 24-ਖਡੂਰ ਸਾਹਿਬ) ਦੇ ਪ੍ਰੀ.ਐੱਸ.ਆਈ.ਆਰ. ਮੈਪਿੰਗ ਵਿਚ ਵਧੀਆ ਕੰਮ ਕਰਨ ਵਾਲੀਆਂ ਤਿੰਨ-ਤਿੰਨ ਮਹਿਲਾ ਬੀ.ਐੱਲ.ਓਜ਼ ਨੂੰ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਜ਼ਿਲ੍ਹਾ ਪੱਧਰੀ ਸਮਾਗਮ ਦੌਰਾਨ ਸਨਮਾਨਿਤ ਕੀਤਾ ਗਿਆ ਹੈ।ਇਸ ਮੌਕੇ ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਤਰਨ ਤਾਰਨ ਰਾਹੁਲ ਨੇ ਉਨ੍ਹਾਂ ਦੀਆਂ ਸੇਵਾਵਾਂ ਦੀ ਸ਼ਲਾਘਾ ਕਰਦਿਆ ਕਿਹਾ ਗਿਆ ਹੈ ਕਿ ਲੋਕਤੰਤਰ ਨੂੰ ਮਜ਼ਬੂਤ ਕਰਨ ਲਈ ਬੀ. ਐੱਲ. ਓਜ਼ ਦੀ ਅਹਿਮ ਭੂਮਿਕਾ ਰਹੀ ਹੈ।ਉਨ੍ਹਾਂ ਕਿਹਾ ਕਿ ਮਹਿਲਾਵਾਂ ਅੱਜ ਹਰ ਖੇਤਰ ਵਿਚ ਅੱਗੇ ਵੱਧ ਰਹੀਆਂ ਹਨ ਅਤੇ ਸਮਾਜ ਦੀ ਤਰੱਕੀ ਵਿਚ ਮਹੱਤਵਪੂਰਨ ਯੋਗਦਾਨ ਪਾ ਰਹੀਆਂ ਹਨ।ਉਨ੍ਹਾਂ ਕਿਹਾ ਕਿ ਚੋਣ ਪ੍ਰਕਿਰਿਆ ਨੂੰ ਪਾਰਦਰਸ਼ੀ ਅਤੇ ਸੁਚਾਰੂ ਢੰਗ ਨਾਲ ਚਲਾਉਣ 'ਚ ਮਹਿਲਾ ਬੀ. ਐੱਲ. ਓਜ਼ ਵੱਲੋਂ ਨਿਭਾਈਆਂ ਜਾ ਰਹੀਆਂ ਸੇਵਾਵਾਂ ਕਾਬਿਲ-ਏ-ਤਾਰੀਫ਼ ਹਨ।ਇਸ ਮੌਕੇ ਸਨਮਾਨਿਤ ਹੋਈਆਂ ਬੀ. ਐੱਲ. ਓਜ਼ ਵਿਚ ਵਿਧਾਨ ਸਭਾ ਚੋਣ ਹਲਕਾ 21-ਤਰਨ ਤਾਰਨ ਤੋਂ ਅਰਵਿੰਦਰ ਕੌਰ ਬੂਥ ਨੰਬਰ 80, ਜਸਬੀਰ ਕੌਰ ਬੂਥ ਨੰਬਰ 81 ਤੇ ਹਰਪ੍ਰੀਤ ਕੌਰ ਬੂਥ ਨੰਬਰ 13, ਵਿਧਾਨ ਸਭਾ ਚੋਣ ਹਲਕਾ 22-ਖੇਮਕਰਨ ਤੋਂ ਨਵਨੀਤ ਕੌਰ ਬੂਥ ਨੰਬਰ 38, ਲਖਵਿੰਦਰ ਕੌਰ ਬੂਥ ਨੰਬਰ 40 ਤੇ ਕੁਲਦੀਪ ਕੌਰ ਬੂਥ ਨੰਬਰ 74, ਵਿਧਾਨ ਸਭਾ ਚੋਣ ਹਲਕਾ 23-ਪੱਟੀ ਤੋਂ ਰਣਜੀਤ ਕੌਰ ਬੂਥ ਨੰਬਰ 24, ਲਖਵਿੰਦਰ ਕੌਰ ਬੂਥ ਨੰਬਰ 176 ਤੇ ਕਰਮਜੀਤ ਕੌਰ ਬੂਥ ਨੰਬਰ 214, ਵਿਧਾਨ ਸਭਾ ਚੋਣ ਹਲਕਾ 24-ਖਡੂਰ ਸਾਹਿਬ ਤੋਂ ਰਣਜੀਤ ਕੌਰ ਬੂਥ ਨੰਬਰ 62, ਸਰਬਜੀਤ ਕੌਰ ਬੂਥ ਨੰਬਰ 194 ਤੇ ਪਰਮਜੀਤ ਕੌਰ ਬੂਥ ਨੰਬਰ 195 ਸ਼ਾਮਲ ਸਨ।ਇਸ ਤੋਂ ਇਲਾਵਾ ਅਰਮਿੰਦਰਪਾਲ ਸਿੰਘ ਚੋਣ ਤਹਿਸੀਲਦਾਰ, ਮਨਮੋਹਨ ਸਿੰਘ ਚੋਣ ਕਾਨੂੰਗੋ, ਕੁਲਵਿੰਦਰ ਸਿੰਘ ਚੋਣ ਕਲਰਕ, ਗੁਰਵਿੰਦਰ ਕੌਰ ਕਲਰਕ ਅਤੇ ਰਣਜੀਤ ਕੌਰ ਕਲਰਕ ਹਾਜ਼ਰ ਸਨ।

## ਕੇਮੈਕਸ ਹਸਪਤਾਲ ਨੇ ਹੱਡੀਆਂ ਤੇ ਜੋੜਾਂ ਸੰਬਧੀ ਮੈਡੀਕਲ ਕੈਂਪ ਲਗਾਇਆ

**ਬਟਾਲਾ** (**ਡਾ. ਮਲਵਿੰਦਰ ਸਿੰਘ**)- ਹੱਡੀਆਂ ਤੇ ਜੋੜਾਂ ਦੇ ਵਿਦੇਸ਼ੀ ਤਕਨੀਕਾਂ ਦੇ ਸਪੈਸ਼ਲਿਸਟ ਡਾ. ਐੱਚ. ਪੀ. ਸਿੰਘ ਨੇ ਦੱਸਿਆ ਕਿ ਕੇਮੈਕਸ ਅਮੈਰੀਕਨ ਹਸਪਤਾਲ ਮਾਲ ਰੋਡ ਅੰਮ੍ਰਿਤਸਰ



ਵਿਖੇ ਹੱਡੀਆਂ ਅਤੇ ਜੋੜਾਂ ਨਾਲ ਸੰਬੰਧਿਤ ਬਿਮਾਰੀਆਂ ਦਾ ਬਿਲਕੁਲ ਸਸਤਾ ਤੇ ਵਿਸ਼ਾਲ ਮੈਡੀਕਲ ਕੈਂਪ, ਸੋਮਵਾਰ ਤੋਂ ਸ਼ੁੱਕਰਵਾਰ ਸਵੇਰੇ 10 ਵਜੇ ਤੋਂ 12 ਵਜੇ ਤੱਕ ਰੋਜ਼ਾਨਾ ਲਗਾਇਆ ਜਾ ਰਿਹਾ ਹੈ, ਜਿਸ ਵਿੱਚ ਵਿਸ਼ੇਸ਼ ਤੌਰ 'ਤੇ ਗੋਡਿਆਂ, ਚੂਲਿਆਂ, ਮੋਢਿਆਂ, ਕੱਦ ਲੰਬਾ ਕਰਨ, ਛੋਟੀ ਲੱਤ ਨੂੰ ਬਰਾਬਰ ਕਰਨ ਅਤੇ ਹਰ ਤਰ੍ਹਾਂ ਦੀਆਂ ਹੱਡੀਆਂ ਦੀਆਂ ਬਿਮਾਰੀਆਂ ਦਾ ਚੈਕਅਪ ਹੋਵੇਗਾ।ਡਾ. ਐੱਚ. ਪੀ. ਸਿੰਘ ਨੇ ਅੱਗੇ ਦੱਸਿਆ ਕਿ ਲੋੜਵੰਦ ਜ਼ਿਆਦਾ ਖਰਾਬ ਹੋ ਚੁੱਕੇ ਗੋਡਿਆਂ ਤੇ ਚੂਲਿਆਂ ਵਾਲੇ ਮਰੀਜ਼ਾਂ ਦਾ ਮੈਡੀਕਲ ਕੈਂਪ ਦੌਰਾਨ, ਪਹਿਲੇ 100 ਮਰੀਜ਼ਾਂ ਦੇ ਗੋਡੇ ਚੂਲੇ ਬਿਨਾਂ ਕਿਸੇ ਵਾਧੂ ਖਰਚੇ, ਜਿਵੇਂ ਹਸਪਤਾਲ ਖਰਚੇ, ਬੈੱਡ ਚਾਰਜਿਜ਼, ਕਮਰੇ ਦਾ ਖਰਚਾ, ਸਰਜਰੀ ਚਾਰਜਿਜ਼; ਸਿਰਫ ਤੇ ਸਿਰਫ ਇੰਪਲਾਂਟ ਤੇ ਦਵਾਈਆਂ ਦੀ ਕੀਮਤ ਨਾਲ ਹੀ ਬਦਲੇ ਜਾਣਗੇ, ਜਿਸ ਵਾਸਤੇ ਪਹਿਲ ਦੇ ਅਧਾਰ ਤੇ ਤੁਰੰਤ ਆਪਣਾ ਚੈੱਕਅਪ ਕਰਵਾ ਕੇ ਆਪਣੀ ਬੁਕਿੰਗ ਕਰਵਾ ਲਓ ਅਤੇ ਮੈਡੀਕਲ ਕੈਂਪ ਦਾ ਲਾਭ ਪ੍ਰਾਪਤ ਕਰੋ।

## ਮਾਵਾਂ-ਧੀਆਂ ਸਤਿਕਾਰ ਯੋਜਨਾ ਔਰਤਾਂ ਦੇ ਹੱਕ 'ਚ ਚੰਗਾ ਫੈਸਲਾ : ਸਹੋਤਾ



**ਬਿਆਸ** (**ਪਰਮਜੀਤ ਸਿੰਘ ਰੱਖੜਾ**)- ਪੰਜਾਬ ਦੀ ਭਗਵੰਤ ਸਿੰਘ ਮਾਨ ਸਰਕਾਰ ਨੇ ਆਪਣੀਆਂ ਸਾਰੀਆਂ ਗਰੰਟੀਆਂ ਪੂਰੀਆਂ ਕਰਕੇ ਇਹ ਸਾਬਿਤ ਕਰ ਦਿੱਤਾ ਹੈ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਇੱਕ ਸੱਚੀ ਤੇ ਕੱਟੜ ਇਮਾਨਦਾਰ ਸਰਕਾਰ ਹੈ। ਉਕਤ ਸ਼ਬਦਾਂ ਦਾ ਪ੍ਰਗਟਾਵਾ ਹਲਕਾ ਬਾਬਾ ਬਕਾਲਾ ਸਾਹਿਬ ਦੇ ਆਪ ਦੇ ਸੀਨੀਅਰ ਆਗੂ ਰਜਿੰਦਰ ਸਿੰਘ ਸਹੋਤਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ ਹੈ।ਉਨ੍ਹਾਂ ਕਿਹਾ ਕਿ ਮਾਨ ਸਰਕਾਰ ਨੇ ਮਹਿਲਾ ਦਿਵਸ 'ਤੇ ਪੰਜਾਬ ਦੀਆਂ ਔਰਤਾਂ ਨਾਲ ਕੀਤਾ ਵਾਅਦਾ ਪੂਰਾ ਕਰ ਦਿੱਤਾ ਹੈ ।ਇਸ ਯੋਜਨਾ ਤਹਿਤ 18 ਸਾਲ ਤੋਂ ਉਪਰ ਦੀਆਂ ਜਨਰਲ ਵਰਗ ਦੀਆਂ ਔਰਤਾਂ ਨੂੰ 1000 ਰੁਪਿਆ ਪ੍ਰਤੀ ਮਹੀਨਾ ਅਤੇ ਦਲਿਤ ਵਰਗ ਦੀਆਂ ਔਰਤਾਂ ਨੂੰ 1500 ਰੁਪਿਆ ਪ੍ਰਤੀ ਮਹੀਨਾ ਪੰਜਾਬ ਸਰਕਾਰ ਵੱਲੋਂ ਦਿੱਤਾ ਜਾਵੇਗਾ ।ਇਸ ਮੌਕੇ ਬਾਬਾ ਸੁੱਚਾ ਸਿੰਘ, ਮਹਿੰਦਰ ਕੁਮਾਰ, ਜੁਗਰਾਜ ਸਿੰਘ, ਸਵਿੰਦਰ ਸਿੰਘ, ਡਾ. ਅਜੇ ਕੁਮਾਰ, ਕਰਤਾਰ ਸਿੰਘ, ਕੁਲਦੀਪ ਸਿੰਘ, ਤਰਸੇਮ ਸਿੰਘ, ਮਲਕੀਤ ਸਿੰਘ, ਦਲਜੀਤ ਸਿੰਘ, ਸਰਪੰਚ ਸੁਰਜਨ ਸਿੰਘ, ਸੁਰਜੀਤ ਸਿੰਘ, ਨਿਸ਼ਾਨ ਸਿੰਘ, ਕੁਲਵੰਤ ਸਿੰਘ ਆਦਿ ਆਗੂ ਹਾਜ਼ਰ ਸਨ।

## ਟਾਟਾ ਏਆਈਏ ਲਾਈਫ ਇੰਸ਼ੋਰੈਂਸ ਵੱਲੋਂ ਸ਼ੁਭ ਫਲੈਕਸੀ ਪੈਨਸ਼ਨ ਯੋਜਨਾ ਲਾਂਚ

**ਅੰਮ੍ਰਿਤਸਰ**: ਇੱਕ ਅਜਿਹੀ ਰਿਟਾਇਰਮੈਂਟ ਦੀ ਕਲਪਨਾ ਕਰੋ ਜਿੱਥੇ ਤੁਹਾਨੂੰ ਪੈਸੇ ਦੀ ਕਮੀ ਬਾਰੇ ਚਿੰਤਾ ਕਰਨ ਦੀ ਲੋੜ ਨਹੀਂ ਹੈ—ਇੱਕ ਬੁਢਾਪਾ ਜਿੱਥੇ ਤੁਹਾਡੀ ਬੱਚਤ ਨਾ ਸਿਰਫ਼ ਸਥਿਰਤਾ ਪ੍ਰਦਾਨ ਕਰਦੀ ਹੈ ਸਗੋਂ ਤੁਹਾਡੀ ਜੀਵਨ ਸ਼ੈਲੀ ਨੂੰ ਬਣਾਈ ਰੱਖਣ ਲਈ ਮਹਿੰਗਾਈ ਦੇ ਨਾਲ ਵੀ ਵਧਦੀ ਹੈ।ਟਾਟਾ ਏਆਈਏ ਲਾਈਫ ਇੰਸ਼ੋਰੈਂਸ ਨੇ ਸ਼ੁਭ ਫਲੈਕਸੀ ਪੈਨਸ਼ਨ ਯੋਜਨਾ ਨਾਲ ਇਸ ਸੁਪਨੇ ਨੂੰ ਸਾਕਾਰ ਕੀਤਾ ਹੈ।ਇਹ ਇੱਕ ਅਜਿਹਾ ਹੱਲ ਹੈ ਜੋ ਤੁਹਾਨੂੰ ਵਿਸ਼ਵਾਸ, ਲਚਕਤਾ ਅਤੇ ਪੂਰੀ ਵਿੱਤੀ ਸੁਰੱਖਿਆ ਨਾਲ ਰਿਟਾਇਰ ਹੋਣ ਵਿੱਚ ਮਦਦ ਕਰਦਾ ਹੈ।ਟਾਟਾ ਏਆਈਏ ਲਾਈਫ ਇੰਸ਼ੋਰੈਂਸ ਦੇ ਵਿਕਲਪਕ ਅਤੇ ਉੱਭਰ ਰਹੇ ਚੈਨਲਾਂ ਦੇ ਪ੍ਰਧਾਨ ਅਤੇ ਮੁੱਖ ਵੰਡ ਅਧਿਕਾਰੀ (ਸੀਡੀਓ) ਜਿਲਾਨੀ ਬਾਸ਼ਾ ਨੇ ਕਿਹਾ ਕਿ ਭਾਰਤ ਵਿੱਚ ਰਿਟਾਇਰਮੈਂਟ ਯੋਜਨਾ ਬਦਲ ਰਹੀ ਹੈ।ਵਧਦੀ ਔਸਤ ਉਮਰ, ਵਧਦੇ ਡਾਕਟਰੀ ਖਰਚਿਆਂ ਅਤੇ ਉਤਰਾਅ-ਚੜ੍ਹਾਅ ਵਾਲੀਆਂ ਵਿਆਜ ਦਰਾਂ ਨੂੰ ਦੇਖਦੇ ਹੋਏ, ਲੋਕ ਹੁਣ ਅਜਿਹੇ ਹੱਲ ਲੱਭਦੇ ਹਨ ਜੋ ਨਾ ਸਿਰਫ਼ ਸਥਿਰਤਾ ਪ੍ਰਦਾਨ ਕਰਦੇ ਹਨ ਸਗੋਂ ਉਨ੍ਹਾਂ ਦੇ ਨਾਲ ਵਧਦੇ ਵੀ ਹਨ।

# ਵਾਰਡ ਨੰਬਰ 22 ਦੇ ਡਰੀਮ ਲੈਂਡ ਵਿਖੇ ਚਿਰਾਂ ਤੋਂ ਰੁਕੇ ਵਿਕਾਸ ਕਾਰਜ ਜਾਰੀ

**ਬਟਾਲਾ**, (**ਡਾ. ਮਲਵਿੰਦਰ ਸਿੰਘ**)- ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਦੀ ਅਗਵਾਈ ਹੇਠ ਬਟਾਲਾ ਹਲਕੇ ਅੰਦਰ ਜਿਥੇ ਸਰਬਪੱਖੀ ਵਿਕਾਸ ਤੇਜ਼ੀ ਨਾਲ ਚੱਲ ਰਹੇ ਹਨ, ਜਿਸ ਦੇ ਚੱਲਦਿਆਂ ਬਟਾਲਾ ਸ਼ਹਿਰ ਅੰਦਰ ਵਿਕਾਸ ਕਾਰਜ ਜਾਰੀ ਹਨ।ਇਹ ਪ੍ਰਗਟਾਵਾ ਅੰਮ੍ਰਿਤ ਕਲਸੀ ਭਰਾ ਵਿਧਾਇਕ ਸ਼ੈਰੀ ਕਲਸੀ ਨੇ ਵਾਰਡ ਨੰਬਰ 22 ਡਰੀਮ ਲੈਂਡ ਵਿਖੇ ਚੱਲ ਰਹੇ ਵਿਕਾਸ ਕਾਰਜਾਂ ਨੂੰ ਵਾਰਡ ਵਾਸੀਆਂ ਦੀ ਮੌਜੂਦਗੀ ਵਿੱਚ ਦੇਖਣ ਉਪਰੰਤ ਕੀਤਾ।ਕਲਸੀ ਨੇ ਦੱਸਿਆ ਕਿ ਵਿਧਾਇਕ ਸ਼ੈਰੀ ਕਲਸੀ ਦੀ ਅਗਵਾਈ ਹੇਠਾਂ ਹਲਕਾ ਬਟਾਲਾ ਖਾਸਕਰਕੇ ਸ਼ਹਿਰ ਬਟਾਲਾ ਵਿੱਚ ਵਿਕਾਸ ਕਾਰਜ ਜਾਰੀ ਹਨ ਅਤੇ ਲੋਕਾਂ ਦੀਆਂ ਲੰਮੇ ਸਮੇਂ ਤੋਂ ਰਹਿੰਦੇ ਕਾਰਜਾਂ ਨੂੰ ਮੁਕੰਮਲ ਕਰਵਾਇਆ ਜਾ ਰਿਹਾ ਹੈ।ਉਨ੍ਹਾਂ ਦੱਸਿਆ ਕਿ ਵਿਧਾਇਕ ਸ਼ੈਰੀ ਕਲਸੀ ਵੱਲੋਂ ਬਟਾਲਾ ਸ਼ਹਿਰ ਅੰਦਰ ਵੱਖ-ਵੱਖ ਵਿਕਾਸ ਕੰਮ ਕਰਵਾਏ ਗਏ ਹਨ ਅਤੇ ਸ਼ਹਿਰ ਵਾਸੀਆਂ ਦੀ ਸਹੂਲਤ ਨੂੰ ਮੁੱਖ ਰੱਖਦਿਆਂ ਵਿਕਾਸ ਕਾਰਜ ਨਿਰੰਤਰ ਜਾਰੀ ਹਨ ਅਤੇ ਚੱਲ ਰਹੇ ਵਿਕਾਸ ਕਾਰਜ ਨਿਰਧਾਰਿਤ ਸਮੇਂ ਅੰਦਰ ਮੁਕੰਮਲ ਕਰ ਲਏ ਜਾਣਗੇ।ਉਨ੍ਹਾਂ ਦੱਸਿਆ ਕਿ ਮਹਿਜ਼ ਚਾਰ ਸਾਲਾਂ ਦੇ ਕਾਰਜਕਾਲ ਦੌਰਾਨ ਬਟਾਲਾ ਸ਼ਹਿਰ ਅੰਦਰ ਟਰੈਫਿਕ ਦੀ ਸਮੱਸਿਆ ਦੇ ਹੱਲ ਲਈ ਸੜਕਾਂ ਅਤੇ ਚੌਕਾਂ ਨੂੰ ਖੁੱਲ੍ਹਾ ਕੀਤਾ ਗਿਆ ਹੈ।ਲੋਕਾਂ ਨੂੰ ਇੱਕ ਛੱਤ ਹੇਠਾਂ ਵੱਖ-ਵੱਖ ਸਰਕਾਰੀ ਸੇਵਾਵਾਂ ਦਾ ਲਾਭ ਦੇਣ ਲਈ ਨਵਾਂ ਤਹਿਸੀਲ ਕੰਪਲੈਕਸ ਉਸਾਰਿਆ ਗਿਆ ਹੈ।ਸ਼ਹਿਰ ਵਾਸੀਆਂ ਨੂੰ ਸਾਫ ਸੁਥਰਾ ਪਾਣੀ ਮੁਹੱਈਆ ਕਰਵਾਉਣ ਲਈ ਕਰੀਬ 24 ਕਰੋੜ ਰੁਪਏ ਦੀ ਲਾਗਤ ਨਾਲ ਨਵਾਂ ਪ੍ਰੋਜੈਕਟ ਸ਼ੁਰੂ ਕੀਤਾ ਗਿਆ ਹੈ, ਜਿਸ ਨਾਲ ਲੋਕਾਂ ਨੂੰ ਪੀਣ ਲਈ ਸਾਫ ਸੁਥਰਾ ਪਾਣੀ ਮਿਲੇਗਾ।ਸਕੂਲ ਆਫ ਐਮੀਨੈਂਸ ਤੋਂ ਇਲਾਵਾ ਆਮ ਆਦਮੀ ਕਲੀਨਿਕਾਂ ਵਿੱਚ ਮਰੀਜ਼ ਰੋਜ਼ਾਨਾ ਆਪਣੇ ਘਰਾਂ ਦੇ ਨੇੜੇ ਹੀ ਆਪਣਾ ਇਲਾਜ ਕਰਵਾਇਆ ਰਹੇ ਹਨ।ਸ਼ਾਨਦਾਰ ਪਾਰਕਾਂ ਦੀ, ਉਸਾਰੀ ਕਰਵਾਈ ਗਈ ਹੈ ਸਮੇਤ ਵੱਖ ਵੱਖ ਵਿਕਾਸ ਕਾਰਜ ਕਰਵਾਏ ਗਏ ਹਨ।



# ਬਾਘਾ ਪੁਰਾਣਾ ਰੈਲੀ 'ਚ ਹੋਵੇਗਾ ਲੋਕਾਂ ਦਾ ਇਤਿਹਾਸਕ ਇਕੱਠ : ਤਲਵਾੜ ਬਰਾੜ

**ਬਾਘਾ ਪੁਰਾਣਾ**, (**ਮਨੀ ਸਿੰਗਲਾ**)- ਸ਼੍ਰੋਮਣੀ ਅਕਾਲੀ ਦਲ ਵੱਲੋਂ 12 ਮਾਰਚ ਨੂੰ ਬਾਘਾ ਪੁਰਾਣਾ ਦੀ ਮੁੱਖ ਅਨਾਜ ਮੰਡੀ ਵਿਚ ਕਰਵਾਈ ਜਾ ਰਹੀ 'ਪੰਜਾਬ ਬਚਾਓ ਰੈਲੀ' ਨੂੰ ਲੈ ਕੇ ਪਾਰਟੀ ਆਗੂਆਂ ਵੱਲੋਂ ਤਿਆਰੀਆਂ ਨੂੰ ਅੰਤਿਮ ਰੂਪ ਦਿੱਤਾ ਜਾ ਰਿਹਾ ਹੈ।ਇਸ ਸੰਬੰਧੀ ਗੱਲਬਾਤ ਕਰਦਿਆਂ ਅਕਾਲੀ ਆਗੂ ਤਲਵਾੜ ਬਰਾੜ ਨੇ ਦੱਸਿਆ ਕਿ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਹੇਠ ਹੋਣ ਵਾਲੀ ਇਹ ਰੈਲੀ ਇਤਿਹਾਸਕ ਸਾਬਤ ਹੋਵੇਗੀ ਅਤੇ ਇਸ ਵਿਚ ਹਲਕੇ ਦੇ ਲੋਕ ਵੱਡੀ ਗਿਣਤੀ ਵਿਚ ਲੋਕ ਸ਼ਮੂਲੀਅਤ ਕਰਨਗੇ।ਉਨ੍ਹਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਹਮੇਸ਼ਾ ਪੰਜਾਬ ਅਤੇ ਪੰਜਾਬੀਅਤ ਦੇ ਹੱਕਾਂ ਲਈ ਸੰਘਰਸ਼ ਕਰਦਾ ਆਇਆ ਹੈ ਅਤੇ ਮੌਜੂਦਾ ਹਾਲਾਤਾਂ ਵਿਚ ਲੋਕਾਂ ਨੂੰ ਇਕੱਠਾ ਹੋ ਕੇ ਸੂਬੇ ਦੇ ਮੁੱਦਿਆਂ ਬਾਰੇ ਆਪਣੀ ਆਵਾਜ਼ ਬੁਲੰਦ ਕਰਨ ਦੀ ਲੋੜ ਹੈ। ਤਲਵਾੜ ਬਰਾੜ ਨੇ ਦੱਸਿਆ ਕਿ ਰੈਲੀ ਨੂੰ ਕਾਮਯਾਬ ਬਣਾਉਣ ਲਈ ਪਾਰਟੀ ਵਰਕਰਾਂ ਵੱਲੋਂ ਪਿੰਡ-ਪਿੰਡ ਜਾ ਕੇ ਲੋਕਾਂ ਨੂੰ ਸ਼ਾਮਲ ਹੋਣ ਦੀ ਅਪੀਲ ਕੀਤੀ ਜਾ ਰਹੀ ਹੈ ਅਤੇ ਵਰਕਰਾਂ ਵਿਚ ਭਾਰੀ ਉਤਸ਼ਾਹ ਦੇਖਣ ਨੂੰ ਮਿਲ ਰਿਹਾ ਹੈ।ਇਸ ਮੌਕੇ ਉਨ੍ਹਾਂ ਨਾਲ ਮੌਜੂਦ ਅਕਾਲੀ ਆਗੂ ਰਾਜੂ ਬਰਾੜ ਨੇ ਕਿਹਾ ਕਿ ਵਿਧਾਨ ਸਭਾ ਹਲਕਾ ਬਾਘਾ ਪੁਰਾਣਾ ਦੇ ਇੰਚਾਰਜ ਜਥੇਦਾਰ ਤੀਰਥ ਸਿੰਘ ਮਾਹਲਾ ਨੇ ਹਮੇਸ਼ਾ ਲੋਕਾਂ ਦੇ ਦੁੱਖ-ਦਰਦ ਵਿਚ ਖੜ੍ਹ ਕੇ ਆਪਣੀ ਵੱਖਰੀ ਪਛਾਣ ਬਣਾਈ ਹੈ।ਉਨ੍ਹਾਂ ਕਿਹਾ ਕਿ ਅੱਜ ਮਾਹਲਾ ਹਲਕੇ ਦੇ ਲੋਕਾਂ ਦੇ ਮਹਿਬੂਬ ਨੇਤਾ ਬਣ ਚੁੱਕੇ ਹਨ ਅਤੇ ਲੋਕਾਂ ਵੱਲੋਂ ਉਨ੍ਹਾਂ ਨੂੰ ਮਿਲ ਰਹੇ ਸਮਰਥਨ ਨਾਲ ਪਾਰਟੀ ਹੋਰ ਮਜ਼ਬੂਤ ਹੋ ਰਹੀ ਹੈ।ਰਾਜੂ ਬਰਾੜ ਨੇ ਦੱਸਿਆ ਕਿ ਰੈਲੀ ਵਿਚ ਹਲਕੇ ਦੇ ਸਾਰੇ ਪਿੰਡਾਂ ਤੋਂ ਵੱਡੀ ਗਿਣਤੀ ਵਿਚ ਲੋਕ ਟਰੈਕਟਰ-ਟਰਾਲੀਆਂ, ਬੱਸਾਂ ਅਤੇ ਨਿੱਜੀ ਵਾਹਨਾਂ ਰਾਹੀਂ ਪਹੁੰਚਣਗੇ। ਅਕਾਲੀ ਆਗੂਆਂ ਨੇ ਦਾਅਵਾ ਕੀਤਾ ਕਿ 12 ਮਾਰਚ ਨੂੰ ਮੁੱਖ ਅਨਾਜ ਮੰਡੀ ਬਾਘਾ ਪੁਰਾਣਾ ਵਿਚ ਹੋਣ ਵਾਲੀ 'ਪੰਜਾਬ ਬਚਾਓ ਰੈਲੀ' ਵਿਚ ਭਾਰੀ ਇਕੱਠ ਦੇ ਨਾਲ ਲੋਕ ਆਪਣਾ ਪੂਰਾ ਸਮਰਥਨ ਦਰਸਾਉਣਗੇ।ਉਨ੍ਹਾਂ ਕਿਹਾ ਕਿ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੇ ਸੰਬੋਧਨ ਨਾਲ ਵਰਕਰਾਂ ਵਿਚ ਨਵਾਂ ਜੋਸ਼ ਪੈਦਾ ਹੋਵੇਗਾ ਅਤੇ ਸ਼੍ਰੋਮਣੀ ਅਕਾਲੀ ਦਲ ਦੀਆਂ ਗਤੀਵਿਧੀਆਂ ਨੂੰ ਹੋਰ ਤਾਕਤ ਮਿਲੇਗੀ।ਪਾਰਟੀ ਆਗੂਆਂ ਨੇ ਹਲਕੇ ਦੇ ਲੋਕਾਂ ਨੂੰ ਵੱਡੀ ਗਿਣਤੀ ਵਿਚ ਰੈਲੀ ਵਿਚ ਸ਼ਾਮਲ ਹੋਣ ਦੀ ਅਪੀਲ ਕੀਤੀ।



## ਪੰਜਾਬ ਸਰਕਾਰ ਨੇ ਬਜਟ 'ਚ ਆਪਣੇ ਸਾਰੇ ਚੋਣ ਵਾਅਦੇ ਪੂਰੇ ਕੀਤੇ : ਬੰਦੇਸ਼ਾ

**ਅੰਮ੍ਰਿਤਸਰ** (**ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ**)- ਪੰਜਾਬ ਸਰਕਾਰ ਵੱਲੋਂ ਬੀਤੇ ਦਿਨੀਂ ਪੇਸ਼ ਕੀਤੇ ਗਏ ਬਜਟ ਨੂੰ ਉਦਯੋਗ ਅਤੇ ਲੋਕ ਪੱਖੀ ਦੱਸਦੇ ਹੋਏ ਪੰਜਾਬ ਲਘੂ ਉਦਯੋਗ ਤੇ ਨਿਰਯਾਤ ਨਿਗਮ ਦੇ ਵਾਈਸ ਚੇਅਰਮੈਨ ਜਸਕਰਨ ਸਿੰਘ ਬੰਦੇਸ਼ਾ ਨੇ ਕਿਹਾ ਹੈ ਕਿ ਮਾਨ ਸਰਕਾਰ ਨੇ ਇਸ ਬਜਟ ਵਿੱਚ ਉਦਯੋਗਿਕ ਸੈਕਟਰ ਦਾ ਖਾਸ ਖਿਆਲ ਰੱਖਿਆ ਹੈ, ਜਿਸਦਾ ਉਦੇਸ਼ ਆਉਣ ਵਾਲੇ ਸਮੇਂ ਵਿੱਚ ਇਸ ਸੈਕਟਰ ਦੇ ਵੱਧ ਤੋਂ ਵੱਧ ਵਿਕਾਸ ਨੂੰ ਯਕੀਨੀ ਬਣਾਉਣਾ ਹੈ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੇ ਇਹ ਅਗਾਂਹ ਵਧੂ ਬਜਟ ਪੇਸ਼ ਕਰਕੇ ਆਪਣੀਆਂ ਸਾਰੀਆਂ ਗੰਰਟੀਆਂ ਪੂਰੀਆਂ ਕਰ ਦਿੱਤੀਆਂ ਹਨ।ਉਨ੍ਹਾਂ ਕਿਹਾ ਕਿ ਇਹ ਇੱਕ ਲੋਕ-ਪੱਖੀ ਬਜਟ ਹੈ, ਜਿਸ ਵਿੱਚ ਹਰ ਵਰਗ ਅਤੇ ਖੇਤਰ ਨੂੰ ਵਿਸ਼ੇਸ਼ ਤਵੱਜੋ ਦਿੱਤੀ ਗਈ ਹੈ।ਇਹ ਬਜਟ ਪੰਜਾਬ ਦੇ ਹਰ ਨਾਗਰਿਕ ਨੂੰ ਸ਼ਸ਼ਕਤ ਬਣਾਉਂਦਿਆਂ ਸੂਬੇ ਦੇ ਆਰਥਿਕ ਵਿਕਾਸ ਨੂੰ ਹੋਰ ਤੇਜ਼ ਕਰੇਗਾ।ਵਾਈਸ ਚੇਅਰਮੈਨ ਜਸਕਰਨ ਸਿੰਘ ਬੰਦੇਸ਼ਾ ਨੇ ਕਿਹਾ ਕਿ ਬਜਟ ਵਿੱਚ ਉਦਯੋਗਿਕ ਖੇਤਰ ਨੂੰ ਵਿਸ਼ੇਸ਼ ਤਰਜੀਹ ਦਿੱਤੀ ਗਈ ਹੈ ਤਾਂ ਜੋ ਇਹ ਵੱਧ ਤੋਂ ਵੱਧ ਤਰੱਕੀ ਕਰ ਸਕੇ ਅਤੇ ਪੰਜਾਬ ਨਿਵੇਸ਼ਕਾਂ ਦੀ ਪਹਿਲੀ ਪਸੰਦ ਬਣ ਕੇ ਉੱਭਰੇ।ਉਨ੍ਹਾਂ ਦੱਸਿਆ ਕਿ ਪੰਜਾਬ ਨੂੰ ਇਕੱਲੇ 2025 ਵਿੱਚ ਹੀ 55,000 ਕਰੋੜ ਰੁਪਏ ਦਾ ਨਿਵੇਸ਼ ਪ੍ਰਾਪਤ ਹੋਇਆ ਹੈ।ਉਨ੍ਹਾਂ ਕਿਹਾ ਕਿ ਇਹ ਬਜਟ ਉਦਯੋਗਪਤੀ-ਪੱਖੀ ਹੈ, ਜੋ ਪੰਜਾਬ ਦੇ ਉਦਯੋਗ ਨੂੰ ਖ਼ੁਸ਼ਹਾਲ ਵੱਲ ਲੈ ਕੇ ਜਾਏਗਾ।ਉਨ੍ਹਾਂ ਕਿਹਾ ਕਿ ਇਸ ਮੰਤਵ ਲਈ ਪੰਜਾਬ ਸਰਕਾਰ ਨੇ ਨਵੀਂ ਉਦਯੋਗਿਕ ਨੀਤੀ ਵੀ ਪੇਸ਼ ਕੀਤੀ ਹੈ ਜੋ ਕਾਰੋਬਾਰੀਆਂ ਦੀਆਂ ਸਾਰੀਆਂ ਜਾਇਜ਼ ਮੰਗਾਂ ਨੂੰ ਪੂਰਾ ਕਰੇਗੀ।ਉਦਯੋਗ ਅਤੇ ਲੋਕ ਪੱਖੀ ਬਜਟ ਪੇਸ਼ ਕਰਨ ਲਈ ਵਾਈਸ ਚੇਅਰਮੈਨ ਜਸਕਰਨ ਸਿੰਘ ਬੰਦੇਸ਼ਾ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਦਾ ਧੰਨਵਾਦ ਕੀਤਾ।



# ਐੱਸ ਡੀ ਕਾਲਜ ਗੁਰਦਾਸਪੁਰ 'ਚ ਅੰਤਰਰਾਸ਼ਟਰੀ ਮਹਿਲਾ ਦਿਵਸ ਮਨਾਇਆ

**ਬਟਾਲਾ** (**ਤਰਲੋਕ ਬੱਗਾ**)- ਪੰਡਿਤ ਮੋਹਨ ਲਾਲ ਐੱਸ ਡੀ ਕਾਲਜ ਫਾਰ ਵੁਮੈਨ, ਗੁਰਦਾਸਪੁਰ ਵਿੱਚ ਐੱਨ.ਐੱਸ.ਐੱਸ. ਯੂਨਿਟ , ਰੈੱਡ ਰਿਬਨ ਕਲੱਬ ਅਤੇ ਆਈਆਈਸੀ ਵੱਲੋਂ ਅੰਤਰਰਾਸ਼ਟਰੀ ਮਹਿਲਾ ਦਿਵਸ



ਕਾਲਜ ਪ੍ਰਿੰਸੀਪਲ ਡਾ. ਨੀਰੂ ਸ਼ਰਮਾ ਦੀ ਯੋਗ ਅਗਵਾਈ ਅਤੇ ਰਹਿਨੁਮਾਈ ਹੇਠ ਆਯੋਜਿਤ ਕੀਤਾ ਗਿਆ।ਲੈਕਚਰ ਦਾ ਵਿਸ਼ਾ ਨਿਊਰਾਨ ਰੀਵਾਇਰਿੰਗ : ਸੈਲੀਬ੍ਰੇਟਿੰਗ ਵੋਮੇਨ ਐਜ਼ ਏ ਹੋਲ (ਨਿਊਰਾਨ ਰੀਵਾਇਰਿੰਗ :ਸਮੂਹਿਕ ਰੂਪ ਵਿੱਚ ਮਹਿਲਾ ਦਾ ਜਸ਼ਨ) ਸੀ ਅਤੇ ਇਸ ਮੌਕੇ ਸਿਵਲ ਹਸਪਤਾਲ ਗੁਰਦਾਸਪੁਰ ਦੇ ਮੈਡੀਕਲ ਅਫ਼ਸਰ ਡਾ. ਮੀਰਾ ਕੌਸ਼ਲ ਮੁੱਖ ਬੁਲਾਰੇ ਵਜੋਂ ਸ਼ਾਮਲ ਹੋਏ।ਪ੍ਰੋਗਰਾਮ ਦੀ ਸ਼ੁਰੂਆਤ ਵਿੱਚ ਉਨ੍ਹਾਂ ਨੂੰ ਕਾਲਜ ਦੀ ਰੀਤ ਅਨੁਸਾਰ ਪੌਦਾ ਦੇ ਕੇ ਜੀ ਆਇਆ ਕਿਹਾ ਗਿਆ।ਉਸ ਤੋਂ ਬਾਅਦ ਉਨ੍ਹਾਂ ਦੇ ਆਪਣੇ ਸੰਬੋਧਨ ਦੌਰਾਨ ਮਹਿਲਾਵਾਂ ਵਿੱਚ ਆਤਮ-ਵਿਸ਼ਵਾਸ, ਸਵੈ-ਪਿਆਰ ਅਤੇ ਆਪਣੇ ਆਪ ਨੂੰ ਸਵੀਕਾਰ ਕਰਨ ਦੀ ਮਹੱਤਤਾ ਉਤੇ ਜ਼ੋਰ ਦਿੱਤਾ। ਉਨ੍ਹਾਂ ਨੇ ਦੱਸਿਆ ਕਿ ਮਾਨਸਿਕ ਸਿਹਤ ਦੀ ਸੰਭਾਲ ਕਰਨਾ, ਸਕਾਰਾਤਮਕ ਸੋਚ ਵਿਕਸਿਤ ਕਰਨਾ ਅਤੇ ਲਗਾਤਾਰ ਸਿੱਖਣ ਦੀ ਪ੍ਰਕਿਰਿਆ ਜਾਰੀ ਰੱਖਣਾ ਮਹਿਲਾਵਾਂ ਨੂੰ ਜੀਵਨ ਵਿੱਚ ਅੱਗੇ ਵਧਣ ਲਈ ਪ੍ਰੇਰਿਤ ਕਰਦਾ ਹੈ।ਡਾ. ਮੀਰਾ ਕੌਸ਼ਲ ਨੇ ਵਿਦਿਆਰਥਣਾਂ ਨੂੰ ਕਰੀਅਰ ਵਿਕਾਸ, ਸਵੈ-ਸੰਭਾਲ ਅਤੇ ਫੈਸਲਾ ਲੈਣ ਦੀ ਸਮਰਥਾ ਨੂੰ ਮਜ਼ਬੂਤ ਕਰਨ ਬਾਰੇ ਵੀ ਜਾਣਕਾਰੀ ਦਿੱਤੀ।ਇਸ ਮੌਕੇ ਵਿਦਿਆਰਥਣਾਂ ਨਾਲ ਇੱਕ ਸੰਵਾਦ ਸੈਸ਼ਨ ਵੀ ਆਯੋਜਿਤ ਕੀਤਾ ਗਿਆ ਜਿਸ ਵਿੱਚ ਉਨ੍ਹਾਂ ਨੇ ਆਪਣੇ ਸਵਾਲ ਪੁੱਛੇ ਅਤੇ ਡਾ. ਮੀਰਾ ਕੌਸ਼ਲ ਨੇ ਉਨ੍ਹਾਂ ਨੂੰ ਜੀਵਨ ਵਿੱਚ ਸਕਾਰਾਤਮਕ ਸੋਚ ਅਪਣਾਉਣ ਲਈ ਪ੍ਰੇਰਿਤ ਕੀਤਾ।ਅੰਤ ਵਿੱਚ ਕਾਲਜ ਦੇ ਪ੍ਰਿੰਸੀਪਲ ਡਾ. ਨੀਰੂ ਸ਼ਰਮਾ ਨੇ ਡਾ. ਮੀਰਾ ਕੌਸ਼ਲ ਦਾ ਧੰਨਵਾਦ ਕੀਤਾ ਅਤੇ ਕਿਹਾ ਕਿ ਇਸ ਤਰ੍ਹਾਂ ਦੇ ਪ੍ਰੇਰਨਾਦਾਇਕ ਲੈਕਚਰ ਵਿਦਿਆਰਥਣਾਂ ਦੇ ਵਿਅਕਤੀਤਵ ਵਿਕਾਸ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ।

# ਫੂਡ ਸੇਫਟੀ ਵਿੰਗ ਤਰਨਤਾਰਨ ਦੀ ਸਾਂਝੀ ਟੀਮ ਵੱਲੋਂ ਸਟ੍ਰੀਟ ਫੂਡ ਵਿਕਰੇਤਾਵਾਂ ਦਾ ਨਿਰੀਖਣ

**ਤਰਨਤਾਰਨ** (**ਪ੍ਰਿਤਪਾਲ ਸਿੰਘ**)- ਡਿਪਟੀ ਕਮਿਸ਼ਨਰ ਰਾਹੁਲ ਅਤੇ ਸਿਵਲ ਸਰਜਨ ਡਾ. ਗੁਰਪ੍ਰੀਤ ਸਿੰਘ ਰਾਏ ਦੇ ਨਿਰਦੇਸ਼ਾਂ ਅਨੁਸਾਰ ਫੂਡ ਸੇਫਟੀ ਵਿੰਗ ਤਰਨਤਾਰਨ ਦੀ ਸਾਂਝੀ ਟੀਮ ਨੇ ਡੀਸੀ ਤਰਨ ਤਾਰਨ ਦੁਆਰਾ ਗਠਿਤ ਹੋਰ ਵਿਭਾਗਾਂ ਦੇ ਅਧਿਕਾਰੀਆਂ ਦੇ ਨਾਲ, ਡਾ. ਹਰਜੋਤ ਪਾਲ ਸਿੰਘ, ਸਹਾਇਕ ਕਮਿਸ਼ਨਰ ਫੂਡ ਦੀ ਅਗਵਾਈ ਵਿਚ, ਅਸ਼ਵਨੀ ਕੁਮਾਰ ਅਤੇ ਸਾਕਸ਼ੀ ਖੋਸਲਾ (ਦੋਵੇਂ ਫੂਡ ਸੇਫਟੀ ਅਫਸਰਾਂ) ਦੇ ਨਾਲ ਸਟ੍ਰੀਟ ਫੂਡ ਵਿਕਰੇਤਾਵਾਂ, ਖਾਸ ਕਰਕੇ ਗਾਹਕਾਂ ਨੂੰ ਤਿਆਰ ਫਾਸਟ ਫੂਡ ਵਸਤਾਂ ਵੇਚਣ ਵਾਲਿਆਂ ਦਾ ਨਿਰੀਖਣ ਕੀਤਾ।ਇਹ ਵਿਸ਼ੇਸ਼ ਜਾਂਚ ਮੁਹਿੰਮ ਜਸਵਿੰਦਰ ਸਿੰਘ, ਜੇ.ਈ ਪੀ.ਪੀ.ਸੀ.ਬੀ. ਅਤੇ ਅੰਗਰੇਜ ਸਿੰਘ ਨਗਰ ਨਿਗਮ ਤਰਨ ਤਾਰਨ ਦੇ ਨਾਲ ਚਲਾਈ ਗਈ।ਟੀਮ ਨੇ ਸਰਹਾਲੀ ਰੋਡ, ਬੋਹੜੀ ਚੌਕ, ਗੋਇੰਦਵਾਲ ਸਾਹਿਬ ਬਾਈਪਾਸ ਅਤੇ ਅੰਮ੍ਰਿਤਸਰ ਰੋਡ ਸਮੇਤ ਸ਼ਹਿਰ ਦੇ ਵੱਖ-ਵੱਖ ਖੇਤਰਾਂ ਦਾ ਦੌਰਾ ਕੀਤਾ ਅਤੇ ਸੋਇਆ ਚਾਪ, ਮੋਮੋਜ਼, ਸਪਰਿੰਗ ਰੋਲ ਅਤੇ ਨੂਡਲਜ਼ ਨਾਮਕ ਵੱਖ-ਵੱਖ ਫਾਸਟ ਫੂਡ ਵਸਤਾਂ ਦੇ ਨਮੂਨੇ ਭਰੇ।ਸਾਰੇ ਭੋਜਨ ਕਾਰੋਬਾਰ ਸੰਚਾਲਕਾਂ ਖਾਸ ਕਰਕੇ ਸਟ੍ਰੀਟ ਫੂਡ ਨੂੰ ਸਖ਼ਤ ਹਦਾਇਤਾਂ ਦਿੱਤੀਆਂ ਗਈਆਂ।ਵਧਦੇ ਤਾਪਮਾਨ ਨੂੰ ਧਿਆਨ ਵਿੱਚ ਰੱਖਦੇ ਹੋਏ, ਸਹਾਇਕ ਕਮਿਸ਼ਨਰ ਨੇ ਸਾਰਿਆਂ ਨੂੰ ਹਦਾਇਤ ਕੀਤੀ ਕਿ ਉਹ ਉਸ ਮਾਤਰਾ ਵਿਚ ਭੋਜਨ ਪਦਾਰਥ ਤਿਆਰ ਕਰਨ, ਜੋ ਤਾਜ਼ੇ ਪਰੋਸੇ/ਵੇਚਣ ਦੀ ਸੰਭਾਵਨਾ ਹੋਵੇ। ਨਮੂਨੇ ਵਿਸ਼ਲੇਸ਼ਣ ਅਤੇ ਰਿਪੋਰਟ ਲਈ ਸਟੇਟ ਫੂਡ ਲੈਬਾਰਟਰੀ ਖਰੜ ਭੇਜੇ ਗਏ ਹਨ ਅਤੇ ਵਿਸ਼ਲੇਸ਼ਣ ਰਿਪੋਰਟ ਪ੍ਰਾਪਤ ਹੋਣ ਤੇ ਉਲੰਘਣਾ ਕਰਨ ਵਾਲਿਆਂ ਵਿਰੁੱਧ ਅਗਲੇਰੀ ਕਾਨੂੰਨੀ ਕਾਰਵਾਈ ਸ਼ੁਰੂ ਕੀਤੀ ਜਾਵੇਗੀ।ਟੀਮ ਨੇ 9 ਮਾਰਚ ਨੂੰ ਫਾਸਟ ਫੂਡ ਵਸਤੂਆਂ ਦੇ 4 ਨਮੂਨੇ ਵੀ ਲਏ।ਆਮ ਲੋਕਾਂ ਲਈ ਸੁਰੱਖਿਅਤ, ਗੁਣਵੱਤਾ ਅਤੇ ਸ਼ੁੱਧ ਭੋਜਨ ਪਦਾਰਥਾਂ ਦੀ ਉਪਲਬੱਧਤਾ ਨੂੰ ਯਕੀਨੀ ਬਣਾਉਣ ਦੀ ਕੋਸ਼ਿਸ਼ ਵਿਚ ਫੂਡ ਸੇਫਟੀ ਐਂਡ ਸਟੈਂਡਰਡਜ਼ ਐਕਟ ਦੀ ਪਾਲਣਾ ਨੂੰ ਯਕੀਨੀ ਬਣਾਉਣ ਲਈ ਮੁਹਿੰਮ ਜਾਰੀ ਰੱਖੀ ਜਾਵੇਗੀ ਅਤੇ ਭਵਿੱਖ ਵਿਚ ਅਚਨਚੇਤ ਜਾਂਚ ਕੀਤੀ ਜਾਵੇਗੀ।



## ਸਟਿੰਗ ਨੇ ਦਿਖਾਈ ਭਾਰਤ ਦੀਆਂ ਛੇ ਜਿੱਤਾਂ ਦੀ ਤਾਕਤ

**ਅੰਮ੍ਰਿਤਸਰ** : ਪੈਪਸੀਕੋ ਇੰਡੀਆ ਦੇ ਹਾਈ-ਵੋਲਟੇਜ ਐਨਰਜੀ ਡ੍ਰਿੰਕ ਸਟਿੰਗ ਐਨਰਜੀ ਨੇ ਆਪਣੇ ਐਕਸਪਲੋਸਿਵ ਇੰਸਟਾਗ੍ਰਾਮ ਪੋਸਟ ਰਾਹੀਂ ਕ੍ਰਿਕਟ ਦਾ ਜੋਸ਼ ਹੋਰ ਵਧਾ ਦਿੱਤਾ ਹੈ।ਇਸ ਪੋਸਟ ਵਿੱਚ 2025 ਵਿੱਚ ਮਹਿਲਾ ਟੀਮ ਦੀ ਜਿੱਤ ਸਮੇਤ ਕ੍ਰਿਕਟ ਵਿੱਚ ਭਾਰਤ ਦੀ ਛੇਵੀਂ ਚੈਂਪੀਅਨਸ਼ਿਪ ਜਿੱਤ ਦਾ ਜਸ਼ਨ ਮਨਾਇਆ ਗਿਆ ਹੈ।ਸ਼ਾਨਦਾਰ ਵਿਜ਼ੁਅਲਾਂ ਰਾਹੀਂ ਖੇਡਾਂ ਵਿੱਚ ਆਏ ਨਿਖਾਰ ਦਾ ਵੀ ਜਸ਼ਨ ਮਨਾਇਆ ਗਿਆ।ਇਸ ਵਿੱਚ ਬ੍ਰਾਂਡ ਦੇ ਸਿਗਨੇਚਰ ਸਟਿੰਗ ਸੋਨਿਕ ਐਨਰਜੀ ਨਾਲ ਮਹਿਲਾ ਅਤੇ ਪੁਰਸ਼ ਟੀਮਾਂ ਦੀ ਜਿੱਤ ਦੇ ਯਾਦਗਾਰ ਛੱਕਿਆਂ ਦੀ ਵਿਰਾਸਤ ਦਿਖਾਈ ਗਈ ਹੈ।ਯੁਵਰਾਜ ਸਿੰਘ ਅਤੇ ਰਵੀ ਸ਼ਾਸਤਰੀ ਨਾਲ ਸਟਿੰਗ ਐਨਰਜੀ ਦੇ ਲਾਂਗਰ ਦ ਸਿਕਸ, ਲਾਊਡਰ ਦ ਸਟਿੰਗ ਸੋਨਿਕ ਕੈਂਪੇਨ ਨਾਲ ਮਿਲਦੀ-ਜੁਲਦੀ ਇਸ ਪੋਸਟ ਵਿੱਚ ਕ੍ਰਿਕਟ ਦੇ ਕਈ ਖਾਸ ਪਲਾਂ ਨੂੰ ਯਾਦ ਕੀਤਾ ਗਿਆ ਹੈ।ਇਸ ਵਿੱਚ ਭਾਰਤ ਦੀਆਂ ਇਤਿਹਾਸਕ ਜਿੱਤਾਂ—1983, 2007, 2011, 2024, ਮਹਿਲਾ ਦਿਵਸ 'ਤੇ ਮਿਲੀ ਜਿੱਤ ਅਤੇ 2025 ਵਿੱਚ ਮਹਿਲਾ ਕ੍ਰਿਕਟ ਟੀਮ ਦੀ ਜਿੱਤ ਨੂੰ ਦਰਸਾਇਆ ਗਿਆ ਹੈ।

# 'ਮੁੱਖ ਮੰਤਰੀ ਮਾਵਾਂ ਧੀਆਂ ਸਤਿਕਾਰ ਯੋਜਨਾ' ਸਰਕਾਰ ਦਾ ਇਤਿਹਾਸਕ ਫੈਸਲਾ : ਧਾਲੀਵਾਲ

**ਅੰਮ੍ਰਿਤਸਰ** (**ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ**)- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਨੇ ਆਪਣਾ ਸਭ ਤੋਂ ਵੱਡਾ ਚੋਣ ਵਾਅਦਾ ਪੂਰਾ ਕਰਦਿਆਂ ਇਸ ਬਜਟ ਵਿੱਚ ਪੰਜਾਬ ਭਰ ਦੀਆਂ ਮਹਿਲਾਵਾਂ ਨੂੰ ਮਹੀਨਾਵਾਰ ਵਿੱਤੀ ਸਹਾਇਤਾ ਪ੍ਰਦਾਨ ਕਰਨ ਲਈ 'ਮੁੱਖ ਮੰਤਰੀ ਮਾਵਾਂ ਧੀਆਂ ਸਤਿਕਾਰ ਯੋਜਨਾ' ਸ਼ੁਰੂ ਕਰਕੇ ਇੱਕ ਇਤਿਹਾਸਕ ਫੈਸਲਾ ਕੀਤਾ ਹੈ।ਇਸ ਯੋਜਨਾ ਤਹਿਤ ਮਹਿਲਾਵਾਂ ਨੂੰ ਪ੍ਰਤੀ ਮਹੀਨਾ 1,000 ਰੁਪਏ, ਜਦਕਿ ਅਨੁਸੂਚਿਤ ਜਾਤੀ ਭਾਈਚਾਰਿਆਂ ਨਾਲ ਸਬੰਧਤ ਔਰਤਾਂ ਨੂੰ 1,500 ਪ੍ਰਾਪਤ ਮਿਲਣਗੇ, ਜਿਸ ਲਈ ਬਜਟ ਵਿੱਚ 9,300 ਕਰੋੜ ਰੁਪਏ ਦੀ ਵਿਵਸਥਾ ਕੀਤੀ ਗਈ ਹੈ।ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਧੰਨਵਾਦ ਕਰਦਿਆਂ ਵਿਧਾਨ ਸਭਾ ਹਲਕਾ ਅਜਨਾਲਾ ਦੇ ਵਿਧਾਇਕ ਕੁਲਦੀਪ ਸਿੰਘ ਧਾਲੀਵਾਲ ਨੇ ਕਿਹਾ ਕਿ ਆਪ ਸਰਕਾਰ ਦਾ ਸਾਰੀਆਂ ਗਰੰਟੀਆਂ ਪੂਰੀਆਂ ਬਜਟ ਚੋਣ ਵਾਅਦਿਆਂ ਨੂੰ ਪੂਰਾ ਕਰਨ ਸਬੰਧੀ ਆਮ ਆਦਮੀ ਪਾਰਟੀ ਦੀ ਵਚਨਬੱਧਤਾ ਨੂੰ ਦਰਸਾਉਂਦਾ ਹੈ।ਉਨ੍ਹਾਂ ਕਿਹਾ ਕਿ ਇਸਦੇ ਨਾਲ ਹੀ ਬਜਟ ਵਿੱਚ ਸੂਬੇ ਭਰ ਦੀਆਂ ਔਰਤਾਂ ਨੂੰ ਸਸਕਤ ਬਣਾਉਣ ਅਤੇ ਹਰ ਇੱਕ ਪੰਜਾਬੀ ਪਰਿਵਾਰ ਨੂੰ ਸਮਰਥਨ ਦੇਣ ਲਈ ਮੁਫ਼ਤ ਬੱਸ ਯਾਤਰਾ, ਮੁਫਤ ਬਿਜਲੀ ਅਤੇ ਨਕਦੀ ਰਹਿਤ ਸਿਹਤ ਸੰਭਾਲ ਵਰਗੀਆਂ ਸਹੂਲਤਾਂ ਨੂੰ ਵਿਸ਼ੇਸ਼ ਤਵੱਜੋ ਦਿੱਤੀ ਗਈ ਹੈ।ਧਾਲੀਵਾਲ ਨੇ ਕਿਹਾ ਕਿ ਸੂਬੇ ਦੀਆਂ ਮਹਿਲਾਵਾਂ ਨੂੰ ਹੁਣ 'ਮੁੱਖ ਮੰਤਰੀ ਮਾਵਾਂ ਧੀਆਂ ਸਤਿਕਾਰ ਯੋਜਨਾ' ਤਹਿਤ 1,000 ਪ੍ਰਤੀ ਮਹੀਨਾ ਮਿਲੇਣਗੇ, ਜਦੋਂ ਕਿ ਅਨੁਸੂਚਿਤ ਜਾਤੀ ਭਾਈਚਾਰੇ ਨਾਲ ਸਬੰਧਤ ਮਹਿਲਾਵਾਂ ਨੂੰ 1,500 ਰੁਪਏ ਪ੍ਰਤੀ ਮਹੀਨਾ ਮਿਲੇਣਗੇ।ਉਨ੍ਹਾਂ ਕਿਹਾ ਕਿ ਮਹਿਲਾਵਾਂ ਨੂੰ ਇਸ ਯੋਜਨਾ ਅਧੀਨ ਸੁਖਾਲੇ ਢੰਗ ਨਾਲ ਰਜਿਸਟ੍ਰੇਸ਼ਨ ਦੀ ਸੁਵਿਧਾ ਪ੍ਰਦਾਨ ਕਰਨ ਲਈ ਸੂਬੇ ਭਰ ਵਿੱਚ ਵਿਸੇਸ ਕੈਂਪ ਲਾਏ ਜਾਣਗੇ।

# ਪਿੰਡ ਸੁਰ ਸਿੰਘ ਵਿਖੇ ਜਥਾ ਮਾਰਚ ਲਈ ਝਬਾਲ ਪੁਖਤਾ ਤੋਂ ਵੱਡਾ ਕਾਫ਼ਲਾ ਰਵਾਨਾ

**ਸਰਾਏ ਅਮਾਨਤ ਖਾਂ/ਝਬਾਲ** (**ਮੱਖਣ ਮਨੋਜ**)- ਸੀ. ਪੀ. ਆਈ. (ਐੱਮ) ਤੇ ਕੁੱਲ ਹਿੰਦ ਖੇਤ ਮਜ਼ਦੂਰ ਯੂਨੀਅਨ ਵੱਲੋਂ ਗਦਰੀ ਬਾਬਿਆਂ ਦੇ ਪਿੰਡ ਸੁਰ ਸਿੰਘ ਵਿਖੇ ਹੋਣ ਜਾ ਰਹੇ ਜਥਾ ਮਾਰਚ ਵਿੱਚ ਪਿੰਡ ਝਬਾਲ ਪੁਖਤਾ ਤੋਂ ਵੱਡਾ ਕਾਫ਼ਲਾ ਜ਼ਿਲ੍ਹਾ ਜੁਆਇੰਟ ਸਕੱਤਰ ਕਾਮਰੇਡ ਮਨਜੀਤ ਸਿੰਘ ਝਬਾਲ ਦੀ ਅਗਵਾਈ ਵਿੱਚ ਪਹੁੰਚਿਆ।ਇਸ ਸੰਬਧੀ ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਕਾਮਰੇਡ ਮਨਜੀਤ ਸਿੰਘ ਝਬਾਲ ਨੇ ਦੱਸਿਆ ਕਿ ਸਾਡੀ ਯੂਨੀਅਨ ਦੇਸ਼ ਦੀ ਵੱਡੀ ਜਥੇਬੰਦੀ ਹੈ ਜਿਸ ਦੀ ਲੱਖਾਂ ਮੈਂਬਰਸ਼ਿਪ ਹੈ ਅਤੇ ਸਾਰੇ ਰਾਜਾ ਵਿੱਚ ਦਲਿਤਾਂ, ਖੇਤ ਮਜ਼ਦੂਰਾਂ ਤੇ ਬੇਜ਼ਮੀਨਿਆਂ ਦੇ ਮਸਲਿਆਂ ਨੂੰ ਲੈ ਕੇ ਸੰਘਰਸ਼ ਕੀਤਾ ਤੇ ਜਿੱਤਾਂ ਵੀ ਪ੍ਰਾਪਤ ਕੀਤੀਆਂ। ਮਨਰੇਗਾ ਕਾਨੂੰਨ ਬਣਾ ਕੇ ਕਰੋੜਾਂ ਲੋਕਾਂ ਨੂੰ ਰੁਜ਼ਗਾਰ ਦਿਵਾਇਆ ਹੈ ਪਰ ਮੋਦੀ ਸਰਕਾਰ ਨੇ ਮਨਰੇਗਾ ਕਾਨੂੰਨ ਨੂੰ ਤੋੜ ਕੇ ਮਨਰੇਗਾ ਮਜ਼ਦੂਰਾਂ ਦੇ ਮੂੰਹ ਵਿੱਚੋਂ ਰੋਟੀ ਖੋਹੀ ਹੈ। ਆਗੂਆਂ ਨੇ ਕਿਹਾ ਕਿ ਵੀ ਬੀ ਜੀ ਰਾਮ ਜੀ ਕਾਨੂੰਨ ਵਾਪਸ ਲਿਆ ਜਾਵੇ, ਮਨਰੇਗਾ ਕਾਨੂੰਨ ਸਰਕਾਰ ਬਹਾਲ ਕਰੇ ਤੇ ਚਾਰ ਲੇਬਰ ਕੋਡ ਰੱਦ ਕਰਕੇ 29 ਕਾਨੂੰਨ ਲਾਗੂ ਕੀਤੇ ਜਾਣ, ਬਿਜਲੀ ਸੋਧ ਬਿੱਲ ਤੇ ਬੀਜ ਸੋਧ ਬਿੱਲ ਰੱਦ ਕੀਤੇ ਜਾਣ। ਇਨ੍ਹਾਂ ਮੰਗਾਂ ਨੂੰ ਲੈ ਕੇ ਸੀ. ਪੀ. ਆਈ. (ਐੱਮ) ਦੇ 11 ਮਾਰਚ ਨੂੰ ਗ਼ਦਰੀ ਬਾਬਿਆਂ ਦੇ ਪਿੰਡ ਸੁਰਸਿੰਘ ਤੋਂ ਜਥਾ ਮਾਰਚ ਚੱਲੇਗਾ। ਇਸ ਜਥੇ ਮਾਰਚ ਵਿੱਚ ਪਿੰਡ ਝਬਾਲ ਤੋਂ ਖੇਤ ਮਜ਼ਦੂਰ ਵੱਡੀ ਗਿਣਤੀ ਵਿੱਚ ਸ਼ਾਮਲ ਹੋਣਗੇ।ਆਗੂਆਂ ਨੇ ਕਿਹਾ ਕਿ ਬੁਢਾਪਾ, ਵਿਧਵਾ, ਅੰਗਹੀਣ ਪੈਨਸ਼ਨ ਘੱਟੋ-ਘੱਟ ਪੰਜ ਹਜ਼ਾਰ ਰੁਪਏ ਪ੍ਰਤੀ ਮਹੀਨਾ ਦਿੱਤੀ ਜਾਵੇ, ਬੇਘਰਿਆ ਨੂੰ ਦਸ ਦਸ ਮਰਲੇ ਦੇ ਪਲਾਟ ਦਿੱਤੇ ਜਾਣ, ਪਲਾਟ ਦੀ ਉਸਾਰੀ ਵਾਸਤੇ ਪੰਜ ਲੱਖ ਰੁਪਏ ਦੀ ਗ੍ਰਾਂਟ ਦਿੱਤੀ ਜਾਵੇ, ਜ਼ਮੀਨੀ ਸੁਧਾਰ ਲਾਗੂ ਕਰਕੇ ਵਾਧੂ ਜ਼ਮੀਨ ਬੇਜ਼ਮੀਨਿਆਂ ਵਿੱਚ ਵੰਡੀ ਜਾਵੇ, ਪੰਚਾਇਤੀ ਜ਼ਮੀਨ ਦਾ ਤੀਜਾ ਹਿੱਸਾ ਮਜ਼ਦੂਰਾਂ ਨੂੰ ਦਿੱਤਾ ਜਾਵੇ ।ਇਸ ਮੌਕੇ ਜਸਬੀਰ ਸਿੰਘ ਬਿੱਟੂ ਝਬਾਲ, ਕਾਮਰੇਡ ਕੁਲਦੀਪ ਸਿੰਘ ਝਬਾਲ, ਮਲੂਕ ਸਿੰਘ ਝਬਾਲ, ਬਲਦੇਵ ਸਿੰਘ ਝਬਾਲ, ਇੰਦਰ ਸਿੰਘ ਕੋਟ,ਅਰੂ ਸਿੰਘ ਕੋਟ, ਗੁਰਦੇਵ ਸਿੰਘ, ਸੁਖਦੇਵ ਸਿੰਘ ਮੀਆਂਪੁਰ, ਸਾਹਿਬ ਸਿੰਘ ਮੀਆਂਪੁਰ, ਸਤਨਾਮ ਸਿੰਘ ਮੀਆਂਪੁਰ, ਗੁਰਦੇਵ ਸਿੰਘ ਮੀਆਂਪੁਰ,ਜਸਪਾਲ ਸਿੰਘ ਮੀਆਂਪੁਰ, ਮੇਜਰ ਸਿੰਘ ਮੰਨਣ, ਦਿਲਬਾਗ ਸਿੰਘ ਮੰਨਣ, ਅਵਤਾਰ ਸਿੰਘ ਮੰਨਣ, ਸਵਰਨ ਕੌਰ ਮੰਨਣ, ਸੁਰਜੀਤ ਕੌਰ ਮੰਨਣ, ਪ੍ਰਕਾਸ਼ ਕੌਰ, ਮਨਦੀਪ ਕੌਰ, ਮਨਜੀਤ ਕੌਰ, ਸਰਬਜੀਤ ਕੌਰ, ਮਨਪ੍ਰੀਤ ਕੌਰ ਝਬਾਲ, ਕੰਵਲਜੀਤ ਕੌਰ ਝਬਾਲ ਆਦਿ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਲੋਕ ਹਾਜ਼ਰ ਹਨ।



# ਪ੍ਰਭੂ ਮੰਡਲੀ ਪਰਿਵਾਰ ਨੇ ਬਜ਼ੁਰਗਾਂ ਦੇ ਵਿਹੜੇ 'ਚ ਮਨਾਇਆ ਹੋਲੀ ਦਾ ਤਿਉਹਾਰ

**ਦੀਨਾਨਗਰ** (**ਬਲਵਿੰਦਰ ਸਿੰਘ ਬਿੱਲਾ**)- ਬਜ਼ੁਰਗਾਂ ਦਾ ਵਿਹੜਾ ਆਦਰਸ਼ ਬਿਰਧ ਆਸ਼ਰਮ ਝਾਖੋਲਾੜੀ ਜੋ ਕੇ ਪਿਛਲੇ ਪੰਜ ਸਾਲ ਤੋਂ ਮਾਨਵਤਾ ਦੀ ਸੇਵਾ ਵਿੱਚ ਆਪਣਾ ਯੋਗਦਾਨ ਦਿੰਦਾ ਆ ਰਿਹਾ ਹੈ, ਵਿੱਚ ਲਗਭਗ 25 ਦੇ ਕਰੀਬ ਬਜ਼ੁਰਗ ਰਹਿ ਰਹੇ ਹਨ।ਇਨ੍ਹਾਂ ਬਜ਼ੁਰਗਾਂ ਨੂੰ ਹਰ ਇੱਕ ਤਿਉਹਾਰ ਦੇ ਮੌਕੇ ਆਸ਼ਰਮ ਪ੍ਰਬੰਧਕਾਂ ਵੱਲੋਂ ਸਾਂਝ ਪਾ ਕੇ ਤਿਉਹਾਰ ਖੁਸ਼ੀ-ਖੁਸ਼ੀ ਮਨਾਇਆ ਜਾਂਦਾ ਹੈ।ਇਸੇ ਤਰ੍ਹਾਂ ਪਠਾਨਕੋਟ ਤੋਂ ਪ੍ਰਭੂ ਮੰਡਲੀ ਪਰਿਵਾਰ ਸੰਸਥਾ ਦੇ ਵੱਲੋਂ ਬਿਰਧ ਘਰ ਵਿੱਚ ਰਹਿ ਰਹੇ ਬਜ਼ੁਰਗਾਂ ਲਈ ਹੋਲੀ ਦੇ ਤਿਉਹਾਰ ਮੌਕੇ ਕੁੱਝ ਰਾਸ਼ਨ ਸਮੱਗਰੀ ਭੇਟ ਕੀਤੀ ਗਈ।ਬਜ਼ੁਰਗ ਮਾਂ ਬਾਪ ਦੇ ਨਾਲ ਮਿਲ ਕੇ ਪਰਮਾਤਮਾ ਦੇ ਚਰਨਾਂ ਵਿੱਚ ਹਾਜ਼ਰੀ ਲਗਾਉਂਦੇ ਹੋਏ ਸਤਿਸੰਗ ਕੀਤਾ ਅਤੇ ਫੁੱਲਾਂ ਦੀ ਹੋਲੀ ਖੇਡੀ।ਉਨ੍ਹਾਂ ਨੇ ਕਿਹਾ ਕਿ ਸਾਨੂੰ ਇੱਥੇ ਆ ਕੇ ਬਹੁਤ ਵਧੀਆ ਲੱਗਿਆ ਹੈ।ਅਸੀਂ ਆਪ ਵੱਲੋਂ ਕੀਤੀ ਜਾ ਰਹੀ ਸੇਵਾ ਤੋਂ ਬਹੁਤ ਪ੍ਰਸੰਨ ਹੋਏ ਹਾਂ।ਉਨ੍ਹਾਂ ਕਿਹਾ ਕਿ ਅਸੀਂ ਤੁਹਾਡੇ ਨਾਲ ਜ਼ਰੂਰ ਮਿਲ ਕੇ ਇਨ੍ਹਾਂ ਬਜ਼ੁਰਗਾਂ ਦੀ ਸੇਵਾ ਵਿੱਚ ਯੋਗਦਾਨ ਦਿਆਂਗੇ।ਆਈ ਹੋਈ ਟੀਮ ਦਾ ਆਸ਼ਰਮ ਪ੍ਰਬੰਧਕ ਸੁਪਰਡੈਂਟ ਮੈਡਮ ਅੰਜਲੀ ਸ਼ਰਮਾ ਵੱਲੋਂ ਤਹਿ ਦਿਲੋਂ ਧੰਨਵਾਦ ਕੀਤਾ ਗਿਆ।ਇਸ ਮੌਕੇ ਆਸ਼ਰਮ ਚੇਅਰਪਰਸਨ ਮੈਡਮ ਰੀਨਾ ਸਰਮਾਲ, ਆਸ਼ਰਮ ਪ੍ਰਧਾਨ ਸਤਨਾਮ ਸਿੰਘ, ਸਵਿਤਾ, ਪ੍ਰੀਆ ਚੰਦ ਦੇਵ, ਸੁਰਜੀਤ ਕੌਰ, ਜਸਵੀਰ ਕੌਰ, ਆਸ਼ਾ ਰਾਣੀ, ਵਿਪਨ ਕੁਮਾਰ, ਰਮੇਸ਼ ਚੰਦਰ, ਪ੍ਰਧਾਨ ਰਿਤੂ ਦੀਮਾਨ, ਮੋਨਿਕਾ ਸੈਣੀ, ਚਕਸ਼ੂ, ਅਸ਼ਵਨੀ ਕੁਮਾਰ, ਗੋਲਡੀ ਵਰਮਾ, ਨਿੰਮੀ ਸ਼ਰਮਾ ਅਤੇ ਅੰਜਨਾ ਮਹਾਜਨ ਮੌਜੂਦ ਸਨ।



# ਜੱਗੂ ਭਗਵਾਨਪੁਰੀਆ ਦੇ ਪਰਿਵਾਰ ਨੇ ਸੌ ਧੀਆਂ ਦੇ ਅਨੰਦ ਕਾਰਜ ਕਰਵਾਉਣ ਦਾ ਪੁੰਨ ਖੱਟਿਆ

**ਫਤਿਹਗੜ੍ਹ ਚੂੜੀਆਂ** (**ਜਸਦੇਵ ਮਾਨ**)- ਭਗਵਾਨਪੁਰੀਆ ਦੇ ਪਰਿਵਾਰ ਵੱਲੋਂ ਆਪਣੇ ਸਵ: ਮਾਤਾ ਹਰਜੀਤ ਕੌਰ ਤੇ ਸਵ: ਪਿਤਾ ਸਵਿੰਦਰ ਸਿੰਘ ਦੀ ਯਾਦ 'ਚ ਆਪਣੇ ਪਿੰਡ ਭਗਵਾਨਪੁਰ 'ਚ 100 ਲੋੜਵੰਦ ਪਰਿਵਾਰਾਂ ਦੀਆਂ ਲੜਕੀਆਂ ਦੇ ਸਮੂਹਿਕ ਵਿਆਹ ਕਾਰਜ ਕਰਵਾਏ ਗਏ ਜਿਸ ਵਿੱਚ ਹਜ਼ਾਰਾਂ ਦੀ ਗਿਣਤੀ ਵਿੱਚ ਸੰਗਤ ਨੇ ਹਾਜ਼ਰੀ ਲਗਵਾਈ।ਲੜਕੀਆ ਨੂੰ ਘਰੇਲੂ ਵਰਤੋਂ ਦਾ ਸਾਮਾਨ ਵੀ ਦਿੱਤਾ ਗਿਆ।ਬਰਾਤਾਂ ਦਾ ਪੂਰਾ ਸਤਿਕਾਰ ਪ੍ਰਬੰਧਕ ਕਮੇਟੀ ਵੱਲੋਂ ਕੀਤਾ ਗਿਆ।ਦੱਸਣਯੋਗ ਹੈ ਕਿ ਮਾਤਾ ਸਵ: ਹਰਜੀਤ ਕੌਰ ਵੀ ਲੋੜਵੰਦ ਪਰਿਵਾਰਾਂ ਦੀਆਂ ਲੜਕੀਆਂ ਦੇ ਵਿਆਹ ਤੇ ਲੋਕਾਂ ਦੀ ਬਹੁਤ ਮਦਦ ਕਰਦੇ ਸਨ ਤੇ ਉਨ੍ਹਾਂ ਦੇ ਨਕਸ਼ੇ ਕਦਮ ਤੇ ਪਰਿਵਾਰ ਵੱਲੋਂ ਅਜਿਹਾ ਸ਼ਲਾਘਾਯੋਗ ਕਾਰਜ ਕੀਤਾ ਗਿਆ।ਇਸ ਮੌਕੇ 100 ਦੇ ਕਰੀਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਲੋੜਵੰਦ ਧੀਆਂ ਦੇ ਵਿਆਹ ਕੀਤੇ ਗਏ।ਇਸ ਮੌਕੇ ਬਾਬਾ ਬੁੱਧ ਸਿੰਘ ਜੀ ਨਿੱਕੇ ਘੁੰਮਣਾਂ ਵਾਲੇ, ਬਾਬਾ ਗੁਰਬਚਨ ਸਿੰਘ ਸੁਰ ਸਿੰਘ ਵਾਲੇ, ਗਿਆਨੀ ਸੰਤੋਖ ਸਿੰਘ, ਬਾਬਾ ਸੁਖਵਿੰਦਰ ਸਿੰਘ ਅਗਵਾਨ, ਬਾਬਾ ਯਾਦਵਿੰਦਰ ਸਿੰਘ ਨਡਾਲਾ ਹੋਤੀ ਮਰਦਾਨ, ਬਾਬਾ ਗੁਰਸੇਵਕ ਸਿੰਘ ਮਛਰਾਲੇ ਵਾਲੇ, ਬਾਬਾ ਪ੍ਰੇਮ ਸਿੰਘ, ਬਾਬਾ ਸ਼ਰਨਜੀਤ ਸਿੰਘ ਜੇਕੇ, ਬਾਬਾ ਜਗਜੀਤ ਸਿੰਘ ਮੜੀਆਂਵਾਲ ਵਾਲੇ, ਬਾਬਾ ਸਤਨਾਮ ਸਿੰਘ ਦਰਗਾਬਾਦ, ਬਾਬਾ ਕਰਮ ਸਿੰਘ ਕਾਰ ਸੇਵਾ ਪੱਟੀ ਖੇਮਕਰਨਾ ਤੋਂ ਇਲਾਵਾ ਅਨੇਕਾਂ ਸਮਾਜਿਕ ਤੇ ਧਾਰਮਿਕ ਸ਼ਖ਼ਸੀਅਤਾਂ ਹਾਜ਼ਰ ਸਨ।



# ਰੈਸਟੋਰੈਂਟ ਤੇ ਕਲੱਬ ਰਾਤ 12 ਵਜੇ ਤੱਕ ਮੁਕੰਮਲ ਬੰਦ ਕਰਨ ਦੇ ਹੁਕਮ

**ਜਲੰਧਰ (ਸ਼ੈਲੀ ਐਲਬਰਟ)**- ਪੁਲਸ ਕਮਿਸ਼ਨਰ ਜਲੰਧਰ ਧਨਪ੍ਰੀਤ ਕੌਰ ਵਲੋਂ ਪੁਲਿਸ ਕਮਿਸ਼ਨਰੇਟ ਜਲੰਧਰ ਦੇ ਅਧਿਕਾਰ ਖੇਤਰ ਵਿੱਚ ਅਮਨ-ਕਾਨੂੰਨ ਦੀ ਵਿਵਸਥਾ ਬਣਾਈ ਰੱਖਣ ਲਈ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ, 2023 ਦੀ ਧਾਰਾ 163 ਅਧੀਨ ਪ੍ਰਾਪਤ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਸਮੂਹ ਰੈਸਟੋਰੈਂਟ, ਕਲੱਬ ਅਤੇ ਹੋਰ ਅਜਿਹੀਆਂ ਲਾਇਸੰਸਸ਼ੁਦਾ ਖਾਣ-ਪੀਣ ਵਾਲੀਆਂ ਥਾਵਾਂ ਅੱਧੀ ਰਾਤ 12 ਵਜੇ ਤੱਕ ਮੁਕੰਮਲ ਬੰਦ ਕਰਨ ਦੇ ਹੁਕਮ ਜਾਰੀ ਕੀਤੇ ਗਏ ਹਨ। ਹੁਕਮਾਂ ਵਿੱਚ ਕਿਹਾ ਗਿਆ ਹੈ ਕਿ ਪੁਲਿਸ ਕਮਿਸ਼ਨਰੇਟ ਦੀ ਹੱਦ ਅੰਦਰ ਕਿਸੇ ਵੀ ਰੈਸਟੋਰੈਂਟ, ਕਲੱਬ ਜਾਂ ਹੋਰ ਖਾਣ-ਪੀਣ ਵਾਲੀਆਂ ਥਾਵਾਂ ਵਿੱਚ ਰਾਤ 11:30 ਵਜੇ ਤੋਂ ਬਾਅਦ ਭੋਜਨ, ਪੀਣ ਵਾਲੇ ਪਦਾਰਥ ਆਦਿ ਦਾ ਕੋਈ ਆਰਡਰ ਨਹੀਂ ਲਿਆ ਜਾਵੇਗਾ ਅਤੇ ਨਾ ਹੀ ਕਿਸੇ ਵੀ ਨਵੇਂ ਗਾਹਕ ਨੂੰ ਰਾਤ 11:30 ਤੋਂ ਬਾਅਦ ਰੈਸਟੋਰੈਂਟਾਂ, ਕਲੱਬਾਂ ਜਾਂ ਹੋਰ ਖਾਣ-ਪੀਣ ਵਾਲੀ ਥਾਵਾਂ ਵਿੱਚ ਦਾਖ਼ਲ ਹੋਣ ਦੀ ਇਜਾਜ਼ਤ ਹੋਵੇਗੀ। ਸ਼ਰਾਬ ਦੀਆਂ ਦੁਕਾਨਾਂ ਨਾਲ ਲੱਗਦੇ ਅਹਾਤੇ ਰਾਤ 12 ਵਜੇ ਜਾਂ ਲਾਇਸੰਸ ਦੀਆਂ ਸ਼ਰਤਾਂ ਅਨੁਸਾਰ ਮੁਕੰਮਲ ਬੰਦ ਹੋ ਜਾਣੇ ਚਾਹੀਦੇ ਹਨ। ਹੁਕਮਾਂ ਵਿੱਚ ਸਾਰੀਆਂ ਸੰਸਥਾਵਾਂ ਨੂੰ ਆਵਾਜ਼ ਦਾ ਪੱਧਰ 10 ਡੀ.ਬੀ. (ਏ) ਦੀ ਪਾਲਣਾ ਕਰਨ ਦੇ ਨਿਰਦੇਸ਼ ਦਿੱਤੇ ਗਏ ਹਨ। ਹੁਕਮਾਂ ਵਿੱਚ ਇਹ ਵੀ ਕਿਹਾ ਗਿਆ ਹੈ ਕਿ ਡੀ.ਜੇ., ਲਾਈਵ ਆਰਕੈਸਟਰਾ/ਸਿੰਗਰ ਸਮੇਤ ਆਵਾਜ਼ ਪੈਦਾ ਕਰਨ ਵਾਲੇ ਸਾਰੇ ਸਰੋਤ ਰਾਤ 10 ਵਜੇ ਬੰਦ ਹੋਣੇ ਚਾਹੀਦੇ ਹਨ ਜਾਂ




ਉਨ੍ਹਾਂ ਦੀ ਆਵਾਜ਼ ਘੱਟ ਹੋਣੀ ਚਾਹੀਦੀ ਹੈ। ਰਾਤ 10 ਵਜੇ ਤੋਂ ਬਾਅਦ ਕਿਸੇ ਵੀ ਇਮਾਰਤ ਜਾਂ ਕੈਂਪਸ ਦੇ ਅੰਦਰ ਪੈਦਾ ਹੋਣ ਵਾਲੀ ਆਵਾਜ਼ ਉਸਦੀ ਚਾਰਦਿਵਾਰੀ ਤੋਂ ਬਾਹਰ ਸੁਣਾਈ ਨਹੀਂ ਦੇਣੀ ਚਾਹੀਦੀ। ਮਿਊਜ਼ਿਕ ਸਿਸਟਮ ਵਾਲੇ ਵਾਹਨਾਂ ਦੇ ਮਾਮਲੇ ਵਿੱਚ, ਇਹ ਯਕੀਨੀ ਬਣਾਇਆ ਜਾਣਾ ਚਾਹੀਦਾ ਹੈ ਕਿ ਮਿਊਜ਼ਿਕ ਸਿਸਟਮ ਰਾਹੀਂ ਪੈਦਾ ਹੋਣ ਵਾਲੀ ਆਵਾਜ਼ ਦਿਨ ਦੇ ਕਿਸੇ ਵੀ ਸਮੇਂ ਵਾਹਨ ਦੇ ਬਾਹਰ ਸੁਣਾਈ ਨਾ ਦੇਵੇ। ਪੁਲਿਸ ਕਮਿਸ਼ਨਰ ਵੱਲੋਂ ਭਾਰਤੀ ਨਾਗਰਿਕ ਸੁਰੱਖਿਆ ਸਹਿੰਤਾ, 2023 ਦੀ ਧਾਰਾ 163 ਅਤੇ ਆਰਮਜ਼ ਰੂਲਜ਼ 2016 ਦੇ ਰੂਲ ਨੰਬਰ 32 ਅਧੀਨ ਪ੍ਰਾਪਤ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਪੁਲਿਸ ਕਮਿਸ਼ਨਰੇਟ ਦੇ ਇਲਾਕੇ ਵਿੱਚ ਕਿਸੇ ਵੀ ਵਿਅਕਤੀ ਵਲੋਂ ਜਨਤਕ ਅਤੇ ਧਾਰਮਿਕ ਥਾਵਾਂ, ਵਿਆਹਾਂ-ਸ਼ਾਦੀਆਂ/ਪਾਰਟੀਆਂ ਦੇ ਮੌਕੇ 'ਤੇ ਮੈਰਿਜ ਪੈਲਸਾਂ/ਹੋਟਲਾਂ/ਹਾਲਾਂ ਆਦਿ ਵਿੱਚ ਅਤੇ ਹੋਰ ਇਕੱਠ ਵਾਲੀਆਂ ਥਾਵਾਂ ਵਿੱਚ ਹਥਿਆਰ ਲੈ ਕੇ ਜਾਣ ਅਤੇ ਹਥਿਆਰਾਂ ਦਾ ਪ੍ਰਦਰਸ਼ਨ ਕਰਨ 'ਤੇ ਪੂਰਨ ਪਾਬੰਦੀ ਲਗਾਈ ਗਈ ਹੈ। ਹੁਕਮਾਂ ਵਿੱਚ ਇਹ ਵੀ ਕਿਹਾ ਗਿਆ ਹੈ ਕਿ ਕੋਈ ਵੀ ਵਿਅਕਤੀ ਹਥਿਆਰਾਂ ਨੂੰ ਪ੍ਰਮੋਟ ਕਰਨ ਵਾਲੇ ਅਤੇ ਹਿੰਸਾ/ਲੜਾਈਆਂ-ਝਗੜਿਆਂ ਦੀ ਵਡਿਆਈ ਕਰਨ ਵਾਲੇ ਗੀਤਾਂ ਅਤੇ ਹਥਿਆਰਾਂ ਨੂੰ ਲੈ ਕੇ ਫੋਟੋ ਆਦਿ ਖਿਚਵਾ ਕੇ ਜਾਂ ਵੀਡੀਓ ਕਲਿੱਪ ਆਦਿ ਬਣਾ ਕੇ ਸੋਸ਼ਲ ਮੀਡੀਆ ਜਿਵੇਂ ਫੇਸਬੁੱਕ, ਵਟਸਐਪ, ਸਨੈਪਚੈਟ ਅਤੇ ਇੰਸਟਰਾਗ੍ਰਾਮ ਆਦਿ 'ਤੇ ਅਪਲੋਡ ਨਹੀਂ ਕਰੇਗਾ, ਅਜਿਹਾ ਕਰਨ 'ਤੇ ਵੀ ਪੂਰਨ ਪਾਬੰਦੀ ਹੈ। ਇਸ ਤੋਂ ਇਲਾਵਾ ਕੋਈ ਵੀ ਵਿਅਕਤੀ ਕਿਸੇ ਵੀ ਭਾਈਚਾਰੇ ਵਿਰੁੱਧ ਨਫ਼ਰਤ ਭਰਿਆ ਭਾਸ਼ਣ ਨਹੀਂ ਦੇਵੇਗਾ। ਉਪਰੋਕਤ ਸਾਰੇ ਹੁਕਮ 7 ਮਈ 2026 ਤੱਕ ਲਾਗੂ ਰਹਿਣਗੇ।

# ਅੰਤਰਰਾਸ਼ਟਰੀ ਮਹਿਲਾ ਦਿਵਸ ਮਨਾਇਆ

**ਆਦਮਪੁਰ (ਪਰਮਜੀਤ ਸਿੰਘ)**- ਸਤਿਕਾਰ ਯੋਗ ਸੰਤ ਬਾਬਾ ਮਲਕੀਤ ਸਿੰਘ (ਬਾਨੀ ਚਾਂਸਲਰ) ਅਤੇ ਸੰਤ ਬਾਬਾ ਦਿਲਾਵਰ ਸਿੰਘ ਜੀ (ਬ੍ਰਹਮ ਜੀ) ਦੇ ਆਸ਼ੀਰਵਾਦ ਨਾਲ, ਮਾਣਯੋਗ ਕੁਲਪਤੀ ਸੰਤ ਮਨਮੋਹਨ ਸਿੰਘ ਦੀ ਪ੍ਰੇਰਨਾ ਨਾਲ ਅਤੇ ਉਪ-ਕੁਲਪਤੀ ਪ੍ਰੋ. (ਡਾ.) ਵਿਜੈ ਧੀਰ ਤੇ ਹਰਦਮਨ ਸਿੰਘ ਮਿਨਹਾਸ (ਸਕੱਤਰ) ਦੀ ਅਗਵਾਈ



ਹੇਠ ਸੰਤ ਬਾਬਾ ਭਾਗ ਸਿੰਘ ਯੂਨੀਵਰਸਿਟੀ ਵਲੋਂ ਮਹਿਲਾ ਦਿਵਸ ਦੇ ਵਿਸ਼ੇਸ਼ ਮੌਕੇ 'ਤੇ ਸੰਤ ਬਾਬਾ ਭਾਗ ਸਿੰਘ ਯੂਨੀਵਰਸਿਟੀ ਕੈਂਪਸ ਦੇ ਮੈਮੋਰੀਅਲ ਆਡੀਟੋਰੀਅਮ 'ਸੰਤ ਬਾਬਾ ਹਰਦਿਆਲ ਸਿੰਘ (ਮੁਸਾਫ਼ਰ ਜੀ)' ਵਿਚ ਮਹਿਲਾਵਾਂ ਦੀ ਉੱਨਤੀ ਅਤੇ ਆਤਮਨਿਰਭਰਤਾ ਨੂੰ ਸਮਰਪਿਤ ਇੱਕ ਵਿਸ਼ੇਸ਼ ਸਮਾਗਮ ਦਾ ਆਯੋਜਨ ਕੀਤਾ ਗਿਆ। ਸਮਾਗਮ ਦੀ ਸ਼ੁਰੂਆਤ 'ਸੋ ਕਿਉਂ ਮੰਦਾ ਆਖੀਐ ਜਿਤੁ ਜੰਮਹਿ ਰਾਜਾਨ' ਸ਼ਬਦ ਗਾਇਨ ਰਾਹੀਂ ਕੀਤੀ ਗਈ। ਯੂਨੀਵਰਸਿਟੀ ਦੀਆਂ ਮਾਨਮੱਤੀਆ ਸਖਸ਼ੀਅਤਾਂ ਦੁਆਰਾ ਸ਼ਮ੍ਹਾਂ ਰੋਸ਼ਨ ਕੀਤੀ ਗਈ ਅਤੇ ਯੂਨੀਵਰਸਿਟੀ ਦੇ ਚਾਂਸਲਰ ਸੰਤ ਮਨਮੋਹਨ ਸਿੰਘ ਨੂੰ ਫੁੱਲਾਂ ਦਾ ਗੁਲਦਸਤਾ ਭੇਟ ਕਰਕੇ ਸਨਮਾਨਤ ਕੀਤਾ ਗਿਆ। ਉਪ ਕੁਲਪਤੀ ਡਾ. ਵਿਜੈ ਧੀਰ ਨੇ ਅੰਤਰਰਾਸ਼ਟਰੀ ਮਹਿਲਾ ਦਿਵਸ ਦੀ ਮਹਤੱਤਾ ਅਤੇ ਇਤਿਹਾਸ ਬਾਰੇ ਦੱਸਦੇ ਹੋਏ ਆਪਣੇ ਭਾਸ਼ਣ ਵਿੱਚ ਮਹਿਲਾਵਾਂ ਦੇ ਹੁਨਰ ਅਤੇ ਉਨ੍ਹਾਂ ਦੀ ਮਿਹਨਤ ਨੂੰ ਸਲਾਮ ਕੀਤਾ। ਸਭਿਆਚਾਰਕ ਸਮਾਗਮ ਦੀ ਸ਼ੁਰੂਆਤ ਵਿਚ ਯੂਨੀਵਰਸਿਟੀ ਦੀਆਂ ਵਿਦਿਆਰਥਣਾਂ ਵਲੋ ਇੱਕ ਨਾਟਕ ਪੇਸ਼ ਕੀਤਾ ਗਿਆ, ਜਿਸ ਦਾ ਸਿਰਲੇਖ 'ਅੰਧਕਾਰ ਤੋਂ ਉਜਾਲਾ' ਅਤੇ ਵਿਸ਼ਾ ਸਵਿਤਰੀ ਬਾਈ ਫੂਲੇ ਅਤੇ ਜੋਤਿਬਾ ਫੂਲੇ ਦੇ ਜੀਵਨ ਅਤੇ ਸ਼ੰਘਰਸ਼ ਨੂੰ ਦਰਸਾਉਣਾ ਸੀ। ਇਸ ਸਮਾਗਮ ਦੌਰਾਨ ਵੱਖ-ਵੱਖ ਵਿਭਾਗਾਂ ਵਿਚ ਲੰਬੇ ਅਰਸੇ ਤੋਂ ਕਾਰਜ ਕਰ ਰਹੀਆਂ ਮਹਿਲਾ ਕਰਮਚਾਰੀਆਂ ਨੂੰ ਸਨਮਾਨਤ ਕੀਤਾ ਗਿਆ। ਉਪਰੰਤ ਵੱਖ-ਵੱਖ ਵਿਭਾਗਾਂ ਦੀਆਂ ਵਿਦਿਆਰਥਣਾਂ ਵਲੋਂ ਫੈਂਸੀ ਡ੍ਰੈੱਸ ਮੁਕਾਬਲਾ,ਮਾਡਲਿੰਗ, ਸਕਿੱਟ, ਨਾਚ, ਗੀਤ ਅਤੇ ਹੋਰ ਸ਼ਾਨਦਾਰ ਸਭਿਆਚਾਰਕ ਪ੍ਰਸਤੁਤੀਆਂ ਪੇਸ਼ ਕੀਤੀਆਂ ਗਈਆਂ।ਇਸ ਮੌਕੇ ਡੀਨ ਅਕਾਦਮਿਕ ਡਾ. ਗੁਰਮਾਨਿਕ ਕੌਰ, ਡਿਪਟੀ ਰਜਿਸਟਰਾਰ ਰੂਪ ਸਿੰਘ, ਪ੍ਰਿੰਸੀਪਲ, ਰਣਜੀਤ ਸਿੰਘ ਸੰਤ ਬਾਬਾ ਭਾਗ ਸਿੰਘ ਇੰਟਰਨੈਸ਼ਨਲ ਸਕੂਲ, ਨਰਸਿੰਗ ਕਾਲਜ ਦੇ ਪ੍ਰਿੰਸੀਪਲ ਡਾ. ਮੰਜੂ ਚਾਵਲਾ ਅਤੇ ਵੱਖ-ਵੱਖ ਵਿਭਾਗਾਂ ਦੇ ਡੀਨ, ਮੁਖੀ, ਪ੍ਰੋਫ਼ੈਸਰ ਸਹਿਬਾਨ ਵੀ ਹਾਜ਼ਰ ਸਨ।ਇਸ ਮੌਕੇ ਡਾ. ਸਮ੍ਰਿਤੀ ਠਾਕੁਰ ਅਤੇ ਡਾ.ਹਰਪੀਤ ਕੌਰ ਨੇ ਮੰਚ ਸੰਚਾਲਨ ਦੀ ਭੂਮਿਕਾ ਬਾਖੂਬੀ ਨਿਭਾਈ।

# ਡਾ. ਪ੍ਰਦੀਪ ਨਾਂਗਲੂ ਐੱਨ ਆਈ ਐੱਚ ਵੱਲੋਂ ਅਮਰੀਕਾ ਦਾ ਕੰਟਰੀ ਹੈੱਡ ਨਿਯੁਕਤ

**ਨਵੀਂ ਦਿੱਲੀ/ਕੈਲੀਫੋਰਨੀਆ**- ਨੈਸ਼ਨਲ ਇੰਸਟੀਚਿਊਟ ਆਫ ਹੋਲਿਸਟਿਕ ਹੈਲਥ (ਐੱਨ ਆਈ ਐੱਚ), ਨਵੀਂ ਦਿੱਲੀ ਵੱਲੋਂ ਕੈਲੀਫੋਰਨੀਆ (ਅਮਰੀਕਾ) ਵਿੱਚ ਰਹਿੰਦੇ ਪ੍ਰਸਿੱਧ ਮਨੋਵਿਗਿਆਨੀ ਅਤੇ ਹੋਲਿਸਟਿਕ ਹੈਲਥ ਐਜੂਕੇਟਰ ਡਾ. ਪ੍ਰਦੀਪ ਨਾਂਗਲੂ ਨੂੰ ਸੰਸਥਾ ਦਾ ਕੰਟਰੀ ਹੈੱਡ (ਯੂ ਐੱਸ ਏ) ਨਿਯੁਕਤ ਕੀਤਾ ਗਿਆ ਹੈ।ਇਹ ਨਿਯੁਕਤੀ ਸੰਸਥਾ ਦੇ ਚੇਅਰਮੈਨ ਡਾ. ਵਿਨੋਦ ਕਸ਼ਯਪ ਵੱਲੋਂ 10 ਮਾਰਚ ਨੂੰ ਜਾਰੀ ਕੀਤੇ ਗਏ ਅਧਿਕਾਰਿਕ ਪੱਤਰ ਰਾਹੀਂ ਕੀਤੀ ਗਈ। ਸੰਸਥਾ ਦੀ ਕੋਰ ਕਮੇਟੀ ਨੇ ਡਾ. ਨਾਂਗਲੂ ਦੀ ਸਿਹਤ ਅਤੇ ਸਮਾਜਿਕ ਵਿਕਾਸ ਲਈ ਕੀਤੀ ਜਾ ਰਹੀ ਮਹੱਤਵਪੂਰਨ ਸੇਵਾ ਨੂੰ ਦੇਖਦਿਆਂ ਇਹ ਫੈਸਲਾ ਲਿਆ। ਪੱਤਰ ਵਿੱਚ ਕਿਹਾ ਗਿਆ ਹੈ ਕਿ ਡਾ. ਪਰਦੀਪ ਨਾਂਗਲੂ ਯੋਗਾ, ਨੇਚਰੋਪੈਥੀ ਅਤੇ ਅਧਿਆਤਮਿਕਤਾ ਰਾਹੀਂ ਸਮਾਜ ਵਿੱਚ ਸਿਹਤ ਜਾਗਰੂਕਤਾ ਫੈਲਾਉਣ ਲਈ ਕਾਬਿਲ-ਏ-ਤਾਰੀਫ਼ ਕੰਮ ਕਰ ਰਹੇ ਹਨ, ਜਿਸ ਦੀ ਅੰਤਰਰਾਸ਼ਟਰੀ ਪੱਧਰ 'ਤੇ ਵੀ ਪ੍ਰਸ਼ੰਸਾ ਹੋ ਰਹੀ ਹੈ। ਡਾ. ਵਿਨੋਦ ਕਸ਼ਯਪ ਨੇ ਉਮੀਦ ਜਤਾਈ ਕਿ ਡਾ. ਨਾਂਗਲੂ ਦੀ ਅਗਵਾਈ ਹੇਠ ਨੈਸ਼ਨਲ ਇੰਸਟੀਚਿਊਟ ਆਫ ਹੋਲਿਸਟਿਕ ਹੈਲਥ ਸਮਾਜ ਨੂੰ ਸਿਹਤ ਪ੍ਰਤੀ ਹੋਰ ਜਾਗਰੂਕ ਬਣਾਉਣ ਅਤੇ ਲੋਕਾਂ ਨੂੰ ਕੁਦਰਤੀ ਤੇ ਹੋਲਿਸਟਿਕ ਸਿਹਤ ਪ੍ਰਣਾਲੀਆਂ ਵੱਲ ਪ੍ਰੇਰਿਤ ਕਰਨ ਵਿੱਚ ਅਹਿਮ ਭੂਮਿਕਾ ਨਿਭਾਏਗਾ।



# ਸੁਭਾਸ਼ ਭਗਤ ਨੇ ਆਪਣੇ ਜਨਮ ਦਿਨ 'ਤੇ ਭਰਿਆ ਨੇਤਰਦਾਨ ਪ੍ਰਣ ਪੱਤਰ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਰੋਟਰੀ ਆਈ ਬੈਂਕ ਅਤੇ ਕੌਰਨੀਆ ਟ੍ਰਾਂਸਪਲਾਂਟੇਸ਼ਨ ਸੋਸਾਇਟੀ ਦੇ ਮੈਂਬਰਾਂ ਨੇ ਪ੍ਰਧਾਨ ਜੇ. ਬੀ. ਬਹਲ ਅਤੇ ਚੇਅਰਮੈਨ ਸੰਜੀਵ ਅਰੋੜਾ ਦੀ ਅਗਵਾਈ ਹੇਠ ਸੁਭਾਸ਼ ਭਗਤ ਇੰਚਾਰਜ ਮਹਿਲਾ ਵਿੰਗ (ਐਸ. ਆਈ.) ਨਾਲ ਮੁਲਾਕਾਤ ਕੀਤੀ। ਇਸ ਮੌਕੇ ਸੁਭਾਸ਼ ਭਗਤ ਨੇ ਆਪਣੇ ਜਨਮ ਦਿਨ ਦੇ ਮੌਕੇ ਤੇ ਨੇਤਰਦਾਨ ਪ੍ਰਣ ਪੱਤਰ ਭਰੇ। ਉਨ੍ਹਾਂ ਸੋਸਾਇਟੀ ਦੇ ਕੰਮਾਂ ਦੀ ਸਰਾਹਨਾ ਕਰਦੇ ਹੋਏ ਕਿਹਾ ਕਿ ਕਿਸੇ ਦੀ ਹਨ੍ਹੇਰੀ ਜ਼ਿੰਦਗੀ ਨੂੰ ਰੋਸ਼ਨ ਕਰਨਾ ਸਭ ਤੋਂ ਵੱਡਾ ਪੁੰਨ ਦਾ ਕੰਮ ਹੈ। ਸੁਭਾਸ਼ ਭਗਤ ਨੇ ਕਿਹਾ ਕਿ ਇਕ ਵਾਰ ਉਨ੍ਹਾਂ ਨੇ ਸੋਸਾਇਟੀ ਦੇ ਨੇਤਰਦਾਨ ਸੰਬੰਧੀ ਸੈਮੀਨਾਰ ਵਿੱਚ ਭਾਗ ਲਿਆ ਸੀ, ਜਿਸ ਤੋਂ ਪ੍ਰਭਾਵਿਤ ਹੋ ਕੇ ਉਨ੍ਹਾਂ ਨੇ ਫੈਸਲਾ ਕਰ ਲਿਆ ਸੀ ਕਿ ਉਹ ਆਪਣੇ ਜਨਮ ਦਿਨ 'ਤੇ ਨੇਤਰਦਾਨ ਪ੍ਰਣ ਪੱਤਰ ਭਰਨਗੇ ਅਤੇ ਉਨਾਂ ਨੇ ਹੋਰ ਲੋਕਾਂ ਨੂੰ ਵੀ ਅਪੀਲ ਕੀਤੀ ਕਿ ਉਹ ਵੀ ਆਪਣੇ ਖੁਸ਼ੀ ਦੇ ਮੌਕਿਆਂ ਨੂੰ ਨੇਤਰਦਾਨ ਪ੍ਰਣ ਪੱਤਰ ਭਰ ਕੇ ਮਨਾਉਣ। ਇਸ ਮੌਕੇ ਪ੍ਰਧਾਨ ਜੇ ਬੀ ਬਹਲ ਤੇ ਚੇਅਰਮੈਨ ਅਤੇ ਪ੍ਰਮੁੱਖ ਸਮਾਜਸੇਵੀ ਸੰਜੀਵ ਅਰੋੜਾ ਨੇ ਸੁਭਾਸ਼ ਭਗਤ ਵੱਲੋਂ ਨੇਤਰਦਾਨ ਪ੍ਰਣ ਪੱਤਰ ਭਰਨ 'ਤੇ ਕਿਹਾ ਕਿ ਉਨ੍ਹਾਂ ਦੀ ਪ੍ਰੇਰਣਾ ਨਾਲ ਹੋਰ ਲੋਕ ਵੀ ਨੇਤਰਦਾਨ ਪ੍ਰਣ ਪੱਤਰ ਭਰਨ ਲਈ ਅੱਗੇ ਆਉਣਗੇ। ਸ੍ਰੀ ਅਰੋੜਾ ਨੇ ਕਿਹਾ ਕਿ ਉੱਥੇ ਮੌਜੂਦ ਲੋਕਾਂ ਨੇ ਵੀ ਇੱਛਾ ਜਤਾਈ ਕਿ ਉਹ ਵੀ ਨੇਤਰਦਾਨ ਪ੍ਰਣ ਪੱਤਰ ਭਰਨ ਲਈ ਸੋਸਾਇਟੀ ਦੇ ਦਫ਼ਤਰ ਵਿੱਚ ਆਉਣਗੇ ਅਤੇ ਪ੍ਰਣ ਪੱਤਰ ਭਰਨ ਦੇ ਨਾਲ-ਨਾਲ ਹੋਰ ਲੋਕਾਂ ਨੂੰ ਵੀ ਜਾਗਰੂਕ ਕਰਨਗੇ, ਤਾਂ ਜੋ ਸੋਸਾਇਟੀ ਨੇ ਜੋ ਬੀੜਾ ਚੁੱਕਿਆ ਹੈ ਉਸਨੂੰ ਪੂਰਾ ਕਰਨ ਵਿੱਚ ਉਹ ਵੀ ਆਪਣਾ ਯੋਗਦਾਨ ਪਾ ਸਕਣ। ਸ਼੍ਰੀ ਅਰੋੜਾ ਨੇ ਕਿਹਾ ਕਿ ਜੇ ਇਹੀ ਸੋਚ ਸਾਡੀ ਸਭ ਦੀ ਹੋ ਜਾਵੇ ਤਾਂ ਉਹ ਦਿਨ ਦੂਰ ਨਹੀਂ ਜਦੋਂ ਸਾਡਾ ਦੇਸ਼ ਸੌ ਫ਼ੀਸਦੀ ਕੌਰਨੀਆ ਬਲਾਈਂਡਨੈੱਸ ਫ੍ਰੀ ਹੋ ਜਾਵੇਗਾ। ਇਸ ਮੌਕੇ ਸੁਭਾਸ਼ ਭਗਤ ਨੂੰ ਪ੍ਰਮਾਣ ਪੱਤਰ ਦੇ ਕੇ ਸਨਮਾਨਤ ਵੀ ਕੀਤਾ ਗਿਆ। ਇਸ ਮੌਕੇ ਇੰਸਪੈਕਟਰ ਸੰਜੀਵ ਕੁਮਾਰ, ਪ੍ਰੋ. ਦਲਜੀਤ ਸਿੰਘ, ਮਦਨ ਲਾਲ ਮਹਾਜਨ, ਵਿਜੇ ਅਰੋੜਾ, ਜਸਬੀਰ ਕੰਵਰ , ਪ੍ਰੋ. ਰਾਜੀਵ ਸ਼ਰਮਾ, ਕ੍ਰਿਸ਼ਨ ਕਿਸ਼ੋਰ, ਮਹਾਵੀਰ ਸਿੰਘ ਤੇ ਹੋਰ ਵੀ ਹਾਜ਼ਰ ਸਨ।



# ਹਰਿਆਣਾ ਦੇ ਸ਼ਰਧਾਲੂਆਂ ਨੂੰ ਟ੍ਰੇਨ ਰਾਹੀਂ ਕਰਵਾਏ ਜਾਣਗੇ ਤੀਰਥ ਸਥਾਨਾਂ ਦੇ ਮੁਫਤ ਦਰਸ਼ਨ

**ਚੰਡੀਗੜ੍ਹ, (ਕ੍ਰਿਸ਼ਨ ਗਰਗ)**- ਹਰਿਆਣਾ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਸੂਬੇ ਦੇ ਯੋਗ ਬਜ਼ੁਰਗ ਸ਼ਰਧਾਲੂਆਂ ਨੂੰ ਹੁਣ ਟ੍ਰੇਨ ਰਾਹੀਂ ਵੱਖ ਵੱਖ ਤੀਰਥ ਸਥਲਾਂ ਦੇ ਦਰਸ਼ਨ ਕਰਾਵੇਗੀ। ਇਸ ਦੇ ਲਈ ਹਰਿਆਣਾ ਸਰਕਾਰ ਅਤੇ ਆਈ ਆਰ ਸੀ ਟੀ ਸੀ ਵਿੱਚਕਾਰ ਸਮਝੌਤਾ ਮੈਮੋ 'ਤੇ ਹਸਤਾਖਰ ਕੀਤੇ ਗਏ ਹਨ। ਸਰਕਾਰ ਵੱਲੋਂ ਸੂਚਨਾ, ਜਨਸੰਪਰਕ ਅਤੇ ਭਾਸ਼ਾ ਵਿਭਾਗ ਦੇ ਡਾਇਰੈਕਟਰ ਜਨਰਲ ਕੇ. ਮਕਰੰਦ ਪਾਂਡੁਰੰਗ ਅਤੇ ਆਈ ਆਰ ਸੀ ਟੀ ਸੀ ਵੱਲੋਂ ਸਰਕਲ ਰਿਜਨਲ ਮੈਨੇਜਰ ਹਰਜੋਤ ਸਿੰਘ ਸੰਧੂ ਨੇ ਐਮ ਓ ਯੂ 'ਤੇ ਹਸਤਾਖਰ ਕੀਤੇ। ਡਾਇਰੈਕਟਰ ਜਨਰਲ ਕੇ. ਮਕਰੰਦ ਪਾਂਡੁਰੰਗ ਨੇ ਦੱਸਿਆ ਕਿ ਹਰਿਆਣਾ ਸਰਕਾਰ ਵੱਲੋਂ ਸੂਬੇ ਦੇ ਯੋਗ ਬਜ਼ੁਰਗ ਸ਼ਰਧਾਲੂਆਂ ਨੂੰ ਵੱਖ ਵੱਖ ਤੀਰਥ ਸਥਲਾਂ ਦੀ ਮੁਫਤ ਯਾਤਰਾ ਕਰਵਾਉਣ ਲਈ ਹਰਿਆਣਾ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਸ਼ੁਰੂ ਕੀਤੀ ਹੈ। ਇਸ ਦੇ ਤਹਿਤ ਹੁਣ ਤੱਕ ਵੱਖ ਵੱਖ ਜ਼ਿਲ੍ਹਿਆਂ ਤੋਂ ਹਰਿਆਣਾ ਟ੍ਰਾਂਸਪੋਰਟ ਵਿਭਾਗ ਦੀ ਵੋਲਵੋ ਬੱਸਾਂ ਰਾਹੀਂ ਹਜ਼ਾਰਾਂ ਯੋਗ ਬਜ਼ੁਰਗਾਂ ਨੂੰ ਅਯੋਧਿਆ ਸਮੇਤ ਵੱਖ ਵੱਖ ਤੀਰਥ ਸਥਲਾਂ ਦੇ ਮੁਫਤ ਦਰਸ਼ਨ ਕਰਵਾਏ ਜਾ ਚੁੱਕੇ ਹਨ।

# ਸਰਵਾਈਕਲ ਕੈਂਸਰ ਦੀ ਰੋਕਥਾਮ ਲਈ ਡਿਪਟੀ ਕਮਿਸ਼ਨਰ ਵੱਲੋਂ ਸਮੇਂ ਸਿਰ ਟੀਕਾਕਰਨ ਦੀ ਅਪੀਲ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਔਰਤਾਂ ਨੂੰ ਸਰਵਾਈਕਲ ਕੈਂਸਰ ਵਰਗੀ ਗੰਭੀਰ ਬਿਮਾਰੀ ਤੋਂ ਬਚਾਉਣ ਲਈ ਲੋਕਾਂ ਨੂੰ ਅਪੀਲ ਕੀਤੀ ਕਿ 14 ਸਾਲ ਤੱਕ ਦੀਆਂ ਬੱਚੀਆਂ ਨੂੰ ਐਚ.ਪੀ.ਵੀ. (ਹਿਊਮਨ ਪੈਪਿਲੋਮਾ ਵਾਇਰਸ) ਟੀਕਾਕਰਨ ਲਾਜ਼ਮੀ ਲਗਵਾਇਆ ਜਾਵੇ ਜਿਸ ਲਈ ਜ਼ਿਲ੍ਹੇ ਵਿਚ 28 ਫਰਵਰੀ ਤੋਂ ਟੀਕਾਕਰਨ ਮੁਹਿੰਮ ਲਗਾਤਾਰ ਚੱਲ ਰਹੀ ਹੈ।ਡਿਪਟੀ ਕਮਿਸ਼ਨਰ ਨੇ ਕਿਹਾ ਕਿ ਇਸ ਮਹਿੰਮ ਤਹਿਤ 14 ਸਾਲ ਦੀਆਂ ਉਨ੍ਹਾਂ ਬੱਚੀਆਂ ਨੂੰ ਟੀਕਾ ਲਗਾਇਆ ਜਾ ਰਿਹਾ ਹੈ ਜਿਨ੍ਹਾਂ ਦੀ ਉਮਰ ਅਜੇ 15 ਸਾਲ ਨਹੀਂ ਹੋਈ। ਉਨ੍ਹਾਂ ਕਿਹਾ ਕਿ ਔਰਤਾਂ ਨੂੰ ਸਰਵਾਈਕਲ ਕੈਂਸਰ ਤੋਂ ਬਚਾਅ ਲਈ ਟੀਕਾਕਰਨ ਸਭ ਤੋਂ ਅਸਰਦਾਰ ਢੰਗ ਹੈ ਅਤੇ ਇਹ ਵੈਕਸੀਨ ਇਕ ਹੀ ਖੁਰਾਕ ਵਜੋਂ ਦਿੱਤੀ ਜਾਂਦੀ ਹੈ ਜੋ ਕਿ ਪੂਰੀ ਤਰ੍ਹਾਂ ਸੁਰੱਖਿਅਤ ਹੈ। ਉਨ੍ਹਾਂ ਦੱਸਿਆ ਕਿ ਸਰਕਾਰ ਨੇ ਸਾਲ 2030 ਤੱਕ ਸਰਵਾਈਕਲ ਕੈਂਸਰ ਨੂੰ ਖਤਮ ਕਰਨ ਦਾ ਟੀਚਾ ਰੱਖਿਆ ਹੈ ਅਤੇ ਇਹ ਮੁਹਿੰਮ ਉਸੇ ਦਿਸ਼ਾ ਵਿਚ ਇਕ ਮਹੱਤਵਪੂਰਨ ਕਦਮ ਹੈ।ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਵਿਚ ਸੀ.ਐਚ.ਸੀ. ਟਾਂਡਾ, ਪੀ.ਐਚ.ਯੂ ਪਾਲਦੀ, ਪੀ.ਐਸ.ਸੀ ਮੰਡਮੰਡੇਰ, ਪੀ.ਪੀ. ਯੂਨਿਟ ਸਿਵਲ ਹਸਪਤਾਲ ਹੁਸ਼ਿਆਰਪੁਰ, ਸੀ.ਐਚ.ਸੀ. ਹਾਰਟਾ ਬਡਲਾ, ਪੀ.ਐਚ.ਸੀ. ਹਾਜੀਪੁਰ, ਸੀ.ਐਚ.ਸੀ. ਸ਼ਾਮ ਚੁਰਾਸੀ, ਪੀ.ਐਚ.ਸੀ. ਚੱਕੋਵਾਲ, ਪੀ.ਐਚ.ਸੀ. ਬੁੱਢਾਵੜ, ਸੀ.ਐਚ.ਸੀ. ਭੂੰਗਾ, ਅਰਬਨ ਪ੍ਰਾਇਮਰੀ ਹੈਲਥ ਸੈਂਟਰ ਪੁਰਹੀਰਾਂ, ਪੀ.ਐਚ.ਸੀ.ਪੋਸੀ, ਸਬ ਡਵੀਜ਼ਨਲ ਹਸਪਤਾਲ ਮੁਕੇਰੀਆਂ, ਸੀ.ਐਚ.ਸੀ. ਮਾਹਿਲਪੁਰ, ਪੀ.ਐਚ.ਸੀ. ਕਮਾਹੀ ਦੇਵੀ, ਸਬ ਡਵੀਜ਼ਨਲ ਹਸਪਤਾਲ ਗੜ੍ਹਸ਼ੰਕਰ, ਅਰਬਨ ਪ੍ਰਾਇਮਰੀ ਹੈਲਥ ਸੈਂਟਰ ਇਸਲਾਮਾਬਾਦ, ਸਬ ਡਵੀਜ਼ਨਲ ਹਸਪਤਾਲ ਦਸੂਹਾ, ਸੀ.ਐਚ.ਸੀ. ਬੀਨੇਵਾਲ ਅਤੇ ਸੀ.ਐਚ.ਸੀ. ਭੋਲ ਕਲੋਤਾ ਸਮੇਤ ਵੱਖ-ਵੱਖ ਸਿਹਤ ਕੇਂਦਰਾਂ ਵਿਚ ਇਹ ਟੀਕਾਕਰਨ ਕੀਤਾ ਜਾ ਰਿਹਾ ਹੈ।



# ਬੀਨੂੰ ਢਿੱਲੋਂ ਨੂੰ 'ਸ਼੍ਰੀਮਦ ਭਾਗਵਤ ਕਥਾਮ੍ਰਿਤ' ਦਾ ਸੱਦਾ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**- ਦਿਵਿਆ ਜਯੋਤੀ ਜਾਗ੍ਰਿਤੀ ਸੰਸਥਾਨ ਤੇ ਹੁਸ਼ਿਆਰਪੁਰ ਨਿਵਾਸੀਆਂ ਵੱਲੋਂ ਕਰਵਾਈ ਜਾਣ ਵਾਲੀ ਸੱਤ ਰੋਜ਼ਾ 'ਸ਼੍ਰੀਮਦ ਭਾਗਵਤ ਕਥਾਮ੍ਰਿਤ' ਦੇ ਸ਼ੁਭ ਆਯੋਜਨ ਲਈ ਪ੍ਰਸਿੱਧ ਪੰਜਾਬੀ ਫ਼ਿਲਮ ਅਦਾਕਾਰ ਬੀਨੂੰ ਢਿੱਲੋਂ ਨੂੰ ਸੁਆਮੀ ਸੱਜਣਾਨੰਦ ਜੀ ਵੱਲੋਂ ਰਸਮੀ ਤੌਰ 'ਤੇ ਸੱਦਾ ਦਿੱਤਾ ਗਿਆ। ਸੰਸਥਾ ਦੇ ਨੁਮਾਇੰਦਿਆਂ ਨੇ ਉਨ੍ਹਾਂ ਨੂੰ ਇਸ ਅਧਿਆਤਮਿਕ ਮਹੋਤਸਵ ਦਾ ਰਸਮੀ ਸੱਦਾ ਪੱਤਰ ਅਤੇ ਪੋਸਟਰ ਭੇਟ ਕੀਤਾ। ਇਹ ਵਿਸ਼ਾਲ ਅਧਿਆਤਮਿਕ ਸਮਾਗਮ 14 ਅਪ੍ਰੈਲ ਤੋਂ 20 ਅਪ੍ਰੈਲ 2026 ਤੱਕ ਰੌਸ਼ਨ ਗਰਾਊਂਡ, ਮਾਡਲ ਟਾਊਨ, ਹੁਸ਼ਿਆਰਪੁਰ ਵਿਖੇ ਕਰਵਾਇਆ ਜਾ ਰਿਹਾ ਹੈ।ਕਥਾ ਦਾ ਸਮਾਂ ਰੋਜ਼ਾਨਾ ਸ਼ਾਮ 7:00 ਵਜੇ ਤੋਂ ਰਾਤ 10:00 ਵਜੇ ਤੱਕ ਨਿਰਧਾਰਤ ਕੀਤਾ ਗਿਆ ਹੈ। ਇਸ ਸੱਤ ਰੋਜ਼ਾ ਅੰਮ੍ਰਿਤਮਈ ਕਥਾ ਦਾ ਪ੍ਰਵਚਨ ਵਿਸ਼ਵ ਪ੍ਰਸਿੱਧ ਭਾਗਵਤ ਭਾਸਕਰ ਸਾਧਵੀ ਸੁਸ਼੍ਰੀ ਵੈਸ਼ਨਵੀ ਭਾਰਤੀ ਆਪਣੀ ਸੰਤ ਮੰਡਲੀ ਸਮੇਤ ਕਰਨਗੇ। ਉਹ ਭਗਵਾਨ ਸ੍ਰੀ ਕ੍ਰਿਸ਼ਨ ਦੀਆਂ ਲੀਲਾਵਾਂ ਰਾਹੀਂ ਮਨੁੱਖਤਾ, ਸ਼ਾਂਤੀ ਤੇ ਭਗਤੀ ਦਾ ਬ੍ਰਹਮ ਸੰਦੇਸ਼ ਜਨ-ਜਨ ਤੱਕ ਪਹੁੰਚਾਉਣਗੇ। ਕਥਾ ਦੇ ਸ਼ੁਰੂ ਹੋਣ ਤੋਂ ਪਹਿਲਾਂ ਇੱਕ ਵਿਸ਼ਾਲ ਕਲਸ਼ ਯਾਤਰਾ 10 ਅਪ੍ਰੈਲ 2026 ਨੂੰ ਦੁਪਹਿਰ 3:00 ਵਜੇ ਕੱਢੀ ਜਾਵੇਗੀ। ਇਹ ਯਾਤਰਾ ਰੌਸ਼ਨ ਗਰਾਊਂਡ ਤੋਂ ਸ਼ੁਰੂ ਹੋ ਕੇ ਸ਼ਹਿਰ ਦੇ ਮੁੱਖ ਮਾਰਗਾਂ ਤੋਂ ਹੁੰਦੀ ਹੋਈ ਵਾਪਸ ਕਥਾ ਵਾਲੀ ਥਾਂ 'ਤੇ ਸਮਾਪਤ ਹੋਵੇਗੀ।



# ਅੱਖਾਂ ਦਾ ਮੁਫ਼ਤ ਮੈਡੀਕਲ ਕੈਂਪ ਅੱਜ

**ਬਲਾਚੌਰ, (ਜਸਵਿੰਦਰ ਬੈਂਸ)**- ਧੰਨ ਧੰਨ ਸ਼੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350 ਸਾਲਾ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਤੇ ਸਵ. ਸ. ਧੰਨਾ ਸਿੰਘ ਬੱਲ ਤੇ ਬੀਬੀ ਸੁਰਜੀਤ ਕੌਰ ਬੱਲ ਦੀ ਮਿੱਠੀ ਯਾਦ ਵਿੱਚ ਪਿੰਡ ਬਛੌੜੀ ਵਿਖੇ ਅੱਖਾਂ ਦਾ ਵਿਸ਼ਾਲ ਮੁਫ਼ਤ ਮੈਡੀਕਲ ਕੈਂਪ ਲਗਾਇਆ ਜਾ ਰਿਹਾ ਹੈ। ਇਹ ਕੈਂਪ ਸੂਰੀ ਹਸਪਤਾਲ ਬਲਾਚੌਰ ਦੇ ਸਹਿਯੋਗ ਨਾਲ ਤੇ ਸਮੂਹ ਬੱਲ ਪਰਿਵਾਰ ਵੱਲੋਂ ਇਲਾਕਾ ਨਿਵਾਸੀਆਂ ਦੇ ਸਹਿਯੋਗ ਨਾਲ ਆਯੋਜਿਤ ਕੀਤਾ ਜਾਵੇਗਾ।ਇਹ ਕੈਂਪ ਮਿਤੀ 12 ਮਾਰਚ ਦਿਨ ਵੀਰਵਾਰ ਨੂੰ ਸਵੇਰੇ 7 ਵਜੇ ਤੋਂ ਦੁਪਹਿਰ 2 ਵਜੇ ਤੱਕ ਸ਼੍ਰੀ ਗੁਰੂ ਤੇਗ ਬਹਾਦਰ ਸਾਹਿਬ ਗੁਰਦੁਆਰਾ, ਪਿੰਡ ਬਛੌੜੀ ਵਿਖੇ ਲਗਾਇਆ ਜਾਵੇਗਾ। ?ਕੈਂਪ ਦੌਰਾਨ ਮਾਹਰ ਡਾ. ਭੁਪਿੰਦਰ ਸਿੰਘ ਸੂਰੀ ਅਤੇ ਉਨ੍ਹਾਂ ਦੀ ਟੀਮ ਵੱਲੋਂ ਅੱਖਾਂ ਦੀਆਂ ਬਿਮਾਰੀਆਂ ਦਾ ਬਾਰੀਕੀ ਨਾਲ ਚੈੱਕਅਪ ਕੀਤਾ ਜਾਵੇਗਾ। ਇਸ ਦੌਰਾਨ ਲੋੜਵੰਦ ਮਰੀਜ਼ਾਂ ਦੇ ਅਪ੍ਰੇਸ਼ਨ, ਲੈਂਜ਼ ਅਤੇ ਐਨਕਾਂ ਦਾ ਸਾਰਾ ਪ੍ਰਬੰਧ ਬਿਲਕੁਲ ਮੁਫ਼ਤ ਕੀਤਾ ਜਾਵੇਗਾ।ਇਸ ਨੇਕ ਕਾਰਜ ਵਿੱਚ ਅਜੀਤ ਸਿੰਘ ਗਿੱਲ ਮਜਾਰੀ ਤੇ ਸੋਨੀ ਬੱਲ ਵੱਲੋਂ ਵਿਸ਼ੇਸ਼ ਸਹਿਯੋਗ ਦਿੱਤਾ ਜਾ ਰਿਹਾ ਹੈ। ਕੈਂਪ ਦੌਰਾਨ ਗੁਰੂ ਕਾ ਲੰਗਰ ਅਤੁੱਟ ਵਰਤੇਗਾ।



# ਮੇਹਰ ਚੰਦ ਪੌਲੀਟੈਕਨਿਕ ਕਾਲਜ ਵਿਖੇ ਮਾਨਸਿਕ ਸਿਹਤ 'ਤੇ ਸੈਮੀਨਾਰ



**ਜਲੰਧਰ (ਸ਼ੈਲੀ ਐਲਬਰਟ)**- ਮੇਹਰ ਚੰਦ ਪੋਲੀਟੈਕਨਿਕ ਕਾਲਜ ਵਿਖੇ ਕਾਲਜ ਦੇ ਰੈੱਡ ਰਿਬਨ ਕਲੱਬ ਦੇ ਸਹਿਯੋਗ ਨਾਲ ਮਾਨਸਿਕ ਸਿਹਤ 'ਤੇ ਇਕ ਸੈਮੀਨਾਰ ਦਾ ਆਯੋਜਨ ਕੀਤਾ ਗਿਆ। ਇਸ ਵਿੱਚ ਕੰਵਰਦੀਪ ਸਿੰਘ ਭਾਟੀਆ ਅਤੇ ਮਿਸ ਰੂਹੀ ਨੇ ਵਿਦਿਆਰਥੀਆਂ ਨੂੰ ਮਾਨਸਿਕ ਸਿਹਤ ਨਾਲ ਸੰਬੰਧਿਤ ਆ ਰਹੀਆਂ ਸਮੱਸਿਆਵਾਂ ਨੂੰ ਦੂਰ ਕਰਨ ਦੇ ਤਰੀਕਿਆਂ ਬਾਰੇ ਜਾਣਕਾਰੀ ਦਿੱਤੀ। ਪ੍ਰਿੰਸੀਪਲ ਡਾ. ਜਗਰੂਪ ਸਿੰਘ ਨੇ ਸ਼੍ਰੀ ਕੰਵਰਦੀਪ ਸਿੰਘ ਭਾਟੀਆ ਤੇ ਮਿਸ ਰੂਹੀ ਦਾ ਕਾਲਜ ਪਹੁੰਚਣ 'ਤੇ ਸਵਾਗਤ ਕੀਤਾ। ਉਨ੍ਹਾਂ ਕਿਹਾ ਕਿ ਵਰਤਮਾਨ ਸਮੇਂ ਵਿੱਚ ਮਾਨਸਿਕ ਸਿਹਤ ਇੱਕ ਵੱਡਾ ਚੈਲੇਂਜ ਬਣ ਚੁੱਕੀ ਹੈ ਤੇ ਵਿਦਿਆਰਥੀ ਚਿੰਤਾ ਅਤੇ ਡਿਪਰੈਸ਼ਨ ਦਾ ਸ਼ਿਕਾਰ ਹੋ ਰਹੇ ਹਨ। ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਨੂੰ ਕਿਸੇ ਵੀ ਕਿਸਮ ਦੀ ਝਿਜਕ ਨਹੀਂ ਹੋਣੀ ਚਾਹੀਦੀ ਅਤੇ ਉਹ ਆਪਣੇ ਅਧਿਆਪਕਾਂ ਨਾਲ ਖੁੱਲ੍ਹ ਕੇ ਗੱਲਬਾਤ ਕਰਨ। ਨਾਲ ਹੀ ਕਿਸੇ ਨਾ ਕਿਸੇ ਖੇਡ ਗਤੀਵਿਧੀ ਵਿੱਚ ਭਾਗ ਲੈਣਾ ਵੀ ਮਾਨਸਿਕ ਸਿਹਤ ਲਈ ਲਾਭਦਾਇਕ ਹੈ। ਇਸ ਮੌਕੇ 'ਤੇ ਰੈੱਡ ਰਿਬਨ ਕਲੱਬ ਦੇ ਪ੍ਰੋਫੈਸਰ ਸੰਦੀਪ ਕੁਮਾਰ ਨੇ ਕਿਹਾ ਕਿ ਮੋਬਾਈਲ ਦੀ ਦੁਰਵਰਤੋਂ ਵੀ ਮਾਨਸਿਕ ਸਿਹਤ 'ਤੇ ਬੁਰਾ ਅਸਰ ਪਾ ਰਹੀ ਹੈ। ਰੈੱਡ ਰਿਬਨ ਕਲੱਬ ਦੇ ਪ੍ਰਧਾਨ ਪ੍ਰੋਫੈਸਰ ਸੰਦੀਪ ਕੁਮਾਰ, ਜਨਰਲ ਸਕੱਤਰ ਮੇਜਰ ਪੰਕਜ ਗੁਪਤਾ ਅਤੇ ਜੁਆਇੰਟ ਸਕੱਤਰ ਅਭਿਸ਼ੇਕ ਸ਼ਰਮਾ ਨੇ ਸਭ ਦਾ ਧੰਨਵਾਦ ਕੀਤਾ। ਇਸ ਮੌਕੇ 'ਤੇ ਕਾਲਜ ਦੇ ਵੱਖ-ਵੱਖ ਵਿਭਾਗਾਂ ਦੇ ਵਿਦਿਆਰਥੀ ਅਤੇ ਸਟਾਫ਼ ਮੈਂਬਰ ਮੌਜੂਦ ਸਨ।

# ਪੀ ਡਬਲਯੂ ਡੀ ਫੀਲਡ ਐਂਡ ਵਰਕਸ਼ਾਪ ਵਰਕਰਜ਼ ਯੂਨੀਅਨ ਨੇ ਵਿਭਾਗ ਦੇ ਮੁਖੀ ਨੂੰ ਭੇਜਿਆ ਮੰਗ ਪੱਤਰ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**- ਪੀ ਡਬਲਯੂ ਡੀ ਫੀਲਡ ਐਂਡ ਵਰਕਸ਼ਾਪ ਵਰਕਰ ਯੂਨੀਅਨ ਬਰਾਂਚ ਤਲਵਾੜਾ ਵੱਲੋਂ ਫੀਲਡ ਕਾਮਿਆਂ ਦੀਆਂ ਮੰਗਾਂ ਨੂੰ ਅਣਗੌਲਿਆ ਕਰਨ ਕਰਕੇ ਸੂਬਾ ਪੱਧਰੀ ਸੰਘਰਸ਼ ਦੀ ਲੜੀ ਵਜੋਂ ਬ੍ਰਾਂਚ ਤਲਵਾੜਾ ਵੱਲੋਂ ਕਾਰਜਕਾਰੀ ਇੰਜੀਨੀਅਰ ਅਨੁਜ ਸ਼ਰਮਾ ਰਾਹੀਂ ਵਿਭਾਗ ਦੇ ਮੁਖੀ ਨੂੰ ਮੰਗ ਪੱਤਰ ਭੇਜਿਆ ਗਿਆ। ਇਕੱਠੇ ਹੋਏ ਮੁਲਾਜ਼ਮਾਂ ਨੂੰ ਸੰਬੋਧਨ ਕਰਦਿਆਂ ਬ੍ਰਾਂਚ ਆਗੂ ਸ਼ਾਮ ਸਿੰਘ, ਜਗਦੀਸ਼ ਸਿੰਘ, ਰਾਜਕੁਮਾਰ ਤੇ ਅਕਸ਼ੇ ਕੁਮਾਰ ਨੇ ਕਿਹਾ ਕਿ ਵਾਟਰ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਦੇ ਮੁਖੀ ਵੱਲੋਂ ਕਿਸੇ ਵੀ ਮੰਗ ਦਾ ਹੱਲ ਨਹੀਂ ਕੀਤਾ ਜਾ ਰਿਹਾ। ਆਗੂਆਂ ਨੇ ਅੱਗੇ ਦੱਸਿਆ ਕਿ ਉਨ੍ਹਾਂ ਦੀਆਂ ਮੁੱਖ ਮੰਗਾਂ ਵਿੱਚ ਮ੍ਰਿਤਕਾ ਦੇ ਵਾਰਸਾਂ ਨੂੰ ਨੌਕਰੀ ਦੇਣਾ, ਇਨਲਿਸਟਮਿੰਟ ਠੇਕਾ ਮੁਲਾਜਮ ਜਿਨ੍ਹਾਂ ਦੀ ਉਮਰ 58 ਸਾਲ ਤੋਂ ਉੱਪਰ ਹੋ ਚੁੱਕੀ ਹੈ ਉਹਨਾਂ ਨੂੰ ਨੌਕਰੀ ਤੋਂ ਕਢਣ ਦੀ ਤਿਆਰੀ ਕਰ ਰਹੀ ਤੇ ਜਲ ਸਪਲਾਈ ਸਕੀਮਾਂ ਪੰਚਾਇਤਾਂ ਦੇ ਹਵਾਲੇ ਕਰਨ ਦੀ ਤਿਆਰੀ ਕਰ ਰਹੀ ਹੈ। ਆਗੂਆਂ ਨੇ ਦੱਸਿਆ ਕਿ ਕੱਚੇ ਮੁਲਾਜ਼ਮਾਂ ਨੂੰ ਵਿਭਾਗ ਵਿੱਚ ਲੈ ਕੇ ਪੱਕੇ ਨਾ ਕਰਨਾ, ਦਰਜਾ ਤਿੰਨ ਅਤੇ ਚਾਰ ਮੁਲਾਜ਼ਮਾਂ ਨੂੰ ਟੈਸਟ ਪਾਸ ਕਰਵਾ ਕੇ ਤਰੱਕੀ ਨਾ ਦੇਣਾ, ਦਫਤਰੀ ਸੇਵਾਦਾਰਾਂ ਨੂੰ ਤਰੱਕੀ ਨਾ ਕਰਨ ਆਦਿ ਮੰਗਾਂ ਦਾ ਹੱਲ ਨਾ ਕਰਨ ਦੇ ਵਿਰੋਧ ਵਿੱਚ ਵਿਭਾਗ ਦੇ ਅਧਿਕਾਰੀਆਂ ਨੂੰ ਮੰਗ ਪੱਤਰ ਭੇਜੇ ਜਾ ਰਹੇ ਹਨ। ਇਸ ਦੇ ਨਾਲ ਹੀ 18 ਮਾਰਚ ਨੂੰ ਵਿਭਾਗ ਦੇ ਮੁਖੀ ਦੇ ਦਫਤਰ ਮਹਾਲੀ ਵਿਖੇ ਲਾ-ਮਿਸਾਲ ਧਰਨਾ ਲਗਾਇਆ ਜਾਵੇਗਾ। ਪ੍ਰਧਾਨ ਰਾਜੀਵ ਸ਼ਰਮਾ ਨੇ ਪੰਜਾਬ ਸਰਕਾਰ ਵਲੋਂ ਪਾਸ ਕੀਤੇ ਬਜਟ ਵਿੱਚ ਮੁਲਾਜ਼ਮਾਂ ਨੂੰ ਅਣਗੌਲਿਆ ਕਰਨ ਤੇ ਬਜਟ ਦੀਆਂ ਕਾਪੀਆ ਨੂੰ ਸਾੜ ਕੇ ਪੰਜਾਬ ਸਰਕਾਰ ਦੇ ਖਿਲਾਫ ਜਮ ਕੇ ਨਾਅਰੇਬਾਜੀ ਕੀਤੀ। ਇਸ ਮੌਕੇ ਬਿੰਦਰ, ਮਿਲਾਪ ਚੰਦ, ਅਮਰੀਕ ਸਿੰਘ, ਅਵਤਾਰ ਸਿੰਘ, ਨਰਿੰਦਰ ਸਿੰਘ, ਰਾਜਨ ਸ਼ਰਮਾ, ਅਵਿਨਾਸ਼ ਕੁਮਾਰ, ਗਿਆਨ ਸਿੰਘ, ਸੋਹਣ ਸਿੰਘ, ਮੇਜਰ ਸਿੰਘ ਅਤੇ ਹੋਰ ਮੁਲਾਜ਼ਮ ਮੌਜੂਦ ਸਨ।




# ਹਰਿਆਣਾ ਦੇ ਕਰਮਚਾਰੀਆਂ ਤੇ ਪੈਨਸ਼ਨਰਾਂ ਨੂੰ ਪੰਜਾਬ ਦੇ ਚਾਰ ਵੱਡੇ ਹਸਪਤਾਲਾਂ 'ਚ ਮਿਲੇਗਾ ਇਲਾਜ : ਸਿਹਤ ਮੰਤਰੀ

**ਚੰਡੀਗੜ੍ਹ, (ਕ੍ਰਿਸ਼ਨ ਗਰਗ)**- ਹਰਿਆਣਾ ਸਰਕਾਰ ਦੇ ਕਰਮਚਾਰੀਆਂ, ਪੇਨਸ਼ਨਰਾਂ ਅਤੇ ਉਨ੍ਹਾਂ ਦੇ ਪਰਵਾਰਜਨਾਂ ਲਈ ਸਿਹਤ ਸਹੂਲਤਾਂ ਨੂੰ ਹੋਰ ਬੇਹਤਰ ਬਨਾਉਣ ਦੀ ਦਿਸ਼ਾ ਵਿੱਚ ਹਰਿਆਣਾ ਦੀ ਸਿਹਤ ਮੰਤਰੀ ਆਰਤੀ ਸਿੰਘ ਰਾਓ ਨੇ ਇੱਕ ਮਹਤੱਵਪੂਰਨ ਕਦਮ ਚੁੱਕਿਆ ਹੈ। ਉਨ੍ਹਾਂ ਦੇ ਯਤਨਾਂ ਨਾਲ ਹੁਣ ਹਰਿਆਣਾ ਸਰਕਾਰ ਦੇ ਕਰਮਚਾਰੀਆਂ, ਪੇਨਸ਼ਨਰਾਂ ਅਤੇ ਉਨ੍ਹਾਂ ਦੇ ਪਰਿਵਾਰਜਨਾਂ ਨੂੰ ਪੰਜਾਬ ਦੇ ਚਾਰ ਪ੍ਰਮੁੱਖ ਹਸਪਤਾਲਾਂ ਵਿੱਚ ਇਲਾਜ ਦੀ ਸਹੂਲਤ ਮਿਲ ਸਕੇਗੀ। ਸਿਹਤ ਮੰਤਰੀ ਨੇ ਦੱਸਿਆ ਕਿ ਹਰਿਆਣਾ ਸਰਕਾਰ ਨੇ ਪੰਜਾਬ ਦੇ ਚਾਰ ਪ੍ਰਮੁੱਖ ਹਸਪਤਾਲਾਂ ਨੂੰ ਇਲਾਜ ਲਈ ਲਿਸਟਿਡ ਕੀਤਾ ਹੈ। ਇਨ੍ਹਾਂ ਵਿੱਚ ਹੋਮੀ ਭਾਭਾ ਕੈਂਸਰ ਹਸਪਤਾਲ ਐਂਡ ਰਿਸਰਚ ਸੇਂਟਰ, ਮੁੱਲਾਂਪੁਰ, ਪੰਜਾਬ (ਇਹ ਟਾਟਾ ਮੇਮੋਰਿਅਲ ਸੇਂਟਰ ਮੁੰਬਈ ਦੀ ਯੂਨਿਟ ਹੈ), ਹੋਮੀ ਭਾਭਾ ਕੈਂਸਰ ਹਸਪਤਾਲ, ਸੰਗਰੂਰ, ਪੰਜਾਬ (ਇਹ ਵੀ ਟਾਟਾ ਮੇਮੋਰਿਅਲ ਸੇਂਟਰ ਮੁੰਬਈ ਦੀ ਯੂਨਿਟ ਹੈ ), ਰੀਜਨਲ ਸਪਾਇਨਲ ਇੰਜਰੀਜ ਸੇਂਟਰ, ਸੈਕਟਰ-70 ਮੋਹਾਲੀ ਅਤੇ ਪੰਜਾਬ ਇੰਸਟੀਟਊਟ ਆਫ਼ ਲਿਵਰ ਐਂਡ ਬਿਲਿਅਰੀ ਸਾਇੰਸ, ਫੇਜ-3 ਬੀ 1, ਸੈਕਟਰ-60 ਮੋਹਾਲੀ ਸ਼ਾਮਲ ਹਨ।

# ਸਾਲਾਨਾ ਜੋੜ ਮੇਲਾ 16-17 ਨੂੰ

**ਆਦਮਪੁਰ, (ਪਰਮਜੀਤ ਸਿੰਘ)**- ਡੇਰਾ ਬਾਬਾ ਗੁਰਮੁਖ ਦਾਸ ਜੀ ਦੇ ਮੁੱਖ ਸੇਵਾਦਾਰ ਪ੍ਰੇਮ ਦਾਸ ਜੀ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਬਾਬਾ ਜੀ ਦਾ ਮੇਲਾ, ਹਰ ਸਾਲ ਦੀ ਤਰ੍ਹਾਂ ਬੜੀ ਸ਼ਰਧਾ ਨਾਲ ਮਨਾਇਆ ਜਾ ਰਿਹਾ ਹੈ ਪਿੰਡ ਰਾਮਨਗਰ ਚੋਮੋਂ ਫਤਿਹਪੁਰ (ਆਦਮਪੁਰ) ਤੇ ਇਲਾਕਾ ਵਾਸੀ ਸੰਗਤਾਂ ਦੇ ਸਹਿਯੋਗ ਨਾਲ ਡੇਰਾ ਬਾਬਾ ਗੁਰਮੁਖ ਦਾਸ ਜੀ ਦਾ ਸਲਾਨਾ ਮੇਲਾ 16 ਮਾਰਚ ਨੂੰ ਨਿਸ਼ਾਨ ਸਾਹਿਬ ਜੀ ਦੀ ਰਸਮ ਕੀਤੀ ਜਾਵੇਗੀ। ਬਾਬਾ ਗੁਰਮੁਖ ਦਾਸ ਦੇ ਮੇਲੇ ਤੇ ਵੱਖ ਵੱਖ ਕਲਾਕਾਰ ਪੇਜੀ ਸ਼ਾਹਕੋਟੀ, ਡੌਲੀਸ਼ਾ, ਅਰਮਾਨ ਬੈਂਸ, ਰੋਹਾਨ, ਰਿਸ਼ਬ, ਕਿਰਨ ਹਾਜ਼ਰੀ ਲਗਵਾਉਣਗੇ। ਉਪਰੰਤ ਦਿਨ ਰਾਤ ਸੰਗੀਤ ਦਰਬਾਰ ਚੱਲੇਗਾ। ਵੱਖ ਵੱਖ ਕਲਾਕਾਰ ਸੰਗਤਾਂ ਨੂੰ ਨਿਹਾਲ ਕਰਨਗੇ। 17 ਮਾਰਚ ਰਾਤ ਨੂੰ (ਰਾਜੀ ਰਹੋ ਮੇਲਾ- ਬਾਬਾ ਗੁਰਮੁਖ ਦਾਸ ਜੀ ਦੀ ਜੀਵਨੀ ਤੇ ਆਧਾਰਿਤ 8 ਸਟੇਜਾਂ ਤੇ ਕਰੀਬ 100 ਕਲਾਕਾਰਾਂ ਨਾਲ ਲਾਈਟ ਐਂਡ ਸਾਊਂਡ ਸ਼ੋਅ ਪੇਸ਼ ਕੀਤਾ ਜਾਵੇਗਾ। ਲੇਖਕ ਮਦਾਰ ਕਰਤਾਰਵੀ, ਨਿਰਦੇਸ਼ਕ ਕਸ਼ਮੀਰ ਕਮਲ, ਸ਼ੋਅ ਮੈਨੇਜਰ ਰਾਮਜੀਤ ਸੱਲਣ ਈ.ਉ. ਆਦਮਪੁਰ ਵੱਲੋਂ ਸਮੂਹ ਸੰਗਤਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਹੁੰਮ ਹੁਮਾ ਕੇ ਮੇਲੇ ਦੀ ਰੌਣਕ ਨੂੰ ਵਧਾਉ। ਗੁਰੂ ਕਾ ਅਟੁੱਟ ਲੰਗਰ ਵਰਤਾਇਆ ਜਾਵੇਗਾ।

# ਟਰੱਸਟ ਨੇ 6 ਲੱਖ ਰੁਪਏ ਹੋਣਹਾਰ ਵਿਦਿਆਰਥੀਆਂ ਲਈ ਦਿੱਤੇ

**ਫਗਵਾੜਾ (ਜਸਵਿੰਦਰ ਢੱਡਾ, ਡਾ. ਰਮਨ)**- ਚਰਨਜੀਤ ਸਿੰਘ ਬਾਸੀ ਮੈਮੋਰੀਅਲ ਚੈਰੀਟੇਬਲ ਟਰੱਸਟ ਫਗਵਾੜਾ ਵੱਲੋਂ ਫਗਵਾੜਾ ਦੇ ਸੀਨੀਅਰ ਸੈਕੰਡਰੀ ਸਕੂਲਾਂ ਅਤੇ ਕਾਲਜਾਂ ਦੇ ਉਹਨਾਂ ਵਿਦਿਆਰਥੀਆਂ ਨੂੰ ਜਿਹਨਾਂ ਬੋਰਡ ਪ੍ਰੀਖਿਆਵਾਂ ਵਿੱਚ 80 ਫ਼ੀਸਦੀ ਤੋਂ ਉੱਪਰ ਨੰਬਰ ਪ੍ਰਾਪਤ ਕੀਤੇ ਹਨ, 6 ਲੱਖ ਰੁਪਏ ਦੀ ਰਾਸ਼ੀ ਮਨਜ਼ੂਰ ਕੀਤੀ ਹੈ, ਜਿਸ ਦਾ ਚੈੱਕ ਅਮਰਜੀਤ ਸਿੰਘ ਪ੍ਰਬੰਧਕ ਕੈਂਬਰਿਜ ਇੰਟਰਨੈਸ਼ਨਲ ਸਕੂਲ ਫਗਵਾੜਾ ਨੇ ਮਲਕੀਅਤ ਸਿੰਘ ਰਗਬੋਤਰਾ ਪ੍ਰਧਾਨ ਬਲੱਡ ਬੈਂਕ ਅਤੇ ਜਨਰਲ ਸਕੱਤਰ ਫਗਵਾੜਾ ਇਨਵਾਇਰਨਮੈਂਟ ਐਸੋਸੀਏਸ਼ਨ ਨੂੰ ਦਿੱਤਾ। ਕੇ.ਕੇ. ਸਰਦਾਨਾ ਚੇਅਰਮੈਨ ਬਲੱਡ ਬੈਂਕ ਅਤੇ ਪ੍ਰਧਾਨ ਫਗਵਾੜਾ ਇਨਵਾਇਰਨਮੈਂਟ ਐਸੋਸੀਏਸ਼ਨ ਅਤੇ ਪ੍ਰੋ: ਜਸਵੰਤ ਸਿੰਘ ਗੰਡਮ ਸਕੱਤਰ ਬਾਸੀ ਟਰੱਸਟ ਅਤੇ ਮੈਂਬਰ ਸਕਾਲਰਸ਼ਿਪ ਕਮੇਟੀ ਨੇ ਸ. ਚਰਨਜੀਤ ਸਿੰਘ ਬਾਸੀ ਮੈਮੋਰੀਅਲ ਟਰੱਸਟ ਫਗਵਾੜਾ ਦਾ ਧੰਨਵਾਦ ਕੀਤਾ ਅਤੇ ਦੱਸਿਆ ਕਿ ਇਹ ਰਕਮ ਹੋਣਹਾਰ ਵਿਦਿਆਰਥੀਆਂ ਨੂੰ ਇੱਕ ਸਮਾਗਮ ਦੌਰਾਨ ਦਿੱਤੀ ਜਾਵੇਗੀ।



# ਸਿਵਲ ਸਰਜਨ ਵੱਲੋਂ ਧੀਆਂ ਦਾ ਐੱਚ ਪੀ ਵੀ ਟੀਕਾਕਰਨ ਕਰਵਾਉਣ ਦੀ ਅਪੀਲ

**ਮੋਹਾਲੀ, (ਗੁਰਜੀਤ ਬਿੱਲਾ)**- ਜ਼ਿਲ੍ਹੇ ਦੀਆਂ ਵੱਖ-ਵੱਖ ਸਰਕਾਰੀ ਸਿਹਤ ਸੰਸਥਾਵਾਂ ਵਿਚ ਬੱਚੇਦਾਨੀ ਦੇ ਮੂੰਹ ਦੇ ਕੈਂਸਰ (ਸਰਵਾਈਕਲ ਕੈਂਸਰ) ਤੋਂ ਰੋਕਥਾਮ ਲਈ ਟੀਕਾਕਰਨ ਜਾਰੀ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸਿਵਲ ਸਰਜਨ ਡਾ. ਸੰਗੀਤਾ ਜੈਨ ਨੇ ਦਸਿਆ ਕਿ ਸਰਕਾਰ ਵਲੋਂ 28 ਫ਼ਰਵਰੀ ਤੋਂ ਐੱਚ ਪੀ ਵੀ ਟੀਕਾਕਰਨ ਦੀ ਦੇਸ਼ਵਿਆਪੀ ਮੁਹਿੰਮ ਸ਼ੁਰੂ ਕੀਤੀ ਗਈ ਹੈ। ਜ਼ਿਕਰਯੋਗ ਹੈ ਕਿ ਇਹ ਟੀਕਾ 14 ਤੋਂ 15 ਸਾਲ ਤਕ ਦੀਆਂ ਕੁੜੀਆਂ ਨੂੰ ਲਗਾਇਆ ਜਾ ਰਿਹਾ ਹੈ ਯਾਨੀ ਜਿਨ੍ਹਾਂ ਦਾ 14ਵਾਂ ਜਨਮ ਦਿਨ ਲੰਘ ਚੁੱਕਾ ਹੈ ਤੇ 15ਵਾਂ ਹਾਲੇ ਆਉਣਾ ਹੈ। ਸਿਵਲ ਸਰਜਨ ਨੇ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਇਸ ਉਮਰ ਦੀਆਂ ਆਪਣੀਆਂ ਬੱਚੀਆਂ ਦਾ ਟੀਕਾਕਰਨ ਜ਼ਰੂਰ ਕਰਵਾਉਣ ਕਿਉਂਕਿ ਇਹ ਦਵਾਈ ਔਰਤਾਂ ਨੂੰ ਜਾਨਲੇਵਾ ਬੀਮਾਰੀ ਤੋਂ ਬਚਾਉਂਦੀ ਹੈ। ਉਨ੍ਹਾਂ ਦੱਸਿਆ ਕਿ ਜ਼ਿਲ੍ਹੇ 'ਚ ਇਸ ਮੁਹਿੰਮ ਅਧੀਨ ਯੋਗ ਕੁੜੀਆਂ ਨੂੰ ਮੁਫ਼ਤ ਟੀਕਾਕਰਨ ਮੁਹੱਈਆ ਕਰਵਾਉਣ ਲਈ ਲੋੜੀਂਦੇ ਪ੍ਰਬੰਧ ਕੀਤੇ ਗਏ ਹਨ। ਇਹ ਪ੍ਰੋਗਰਾਮ 90 ਦਿਨਾਂ ਤੱਕ ਸਰਕਾਰੀ ਸਿਹਤ ਸੰਸਥਾਵਾਂ ਵਿੱਚ ਚੱਲੇਗਾ। ਟੀਕਾਕਰਨ ਲਈ ਮੁੱਖ ਕੇਂਦਰਾਂ ਵਿੱਚ ਜ਼ਿਲ੍ਹਾ ਹਸਪਤਾਲ, ਸਬ-ਡਵਿਜ਼ਨਲ ਹਸਪਤਾਲ, ਕਮਿਊਨਿਟੀ ਹੈਲਥ ਸੈਂਟਰ ਆਦਿ ਸ਼ਾਮਲ ਹਨ। ਉਨ੍ਹਾਂ ਦਸਿਆ ਕਿ ਸਿਹਤ ਵਿਭਾਗ ਦੁਆਰਾ ਜ਼ਿਲ੍ਹੇ ਦੇ ਸਰਕਾਰੀ ਅਤੇ ਨਿੱਜੀ ਸਕੂਲਾਂ ਦੇ ਮੁਖੀਆਂ ਨਾਲ ਰਾਬਤਾ ਕਾਇਮ ਕਰਦਿਆਂ ਉਨ੍ਹਾਂ ਨੂੰ ਟੀਕਾਕਰਨ ਵਾਸਤੇ ਕੁੜੀਆਂ ਨੂੰ ਉਤਸ਼ਾਹਤ ਕਰਨ ਲਈ ਕਿਹਾ ਗਿਆ ਹੈ।



# ਨੇਤਰਹੀਣ ਬਿਰਧ ਆਸ਼ਰਮ ਵਿਖੇ ਕਰਵਾਇਆ ਸਾਲਾਨਾ ਸਮਾਗਮ

**ਫਗਵਾੜਾ (ਡਾ. ਰਮਨ)**- ਗੁਰੂ ਨਾਨਕ ਮਿਸ਼ਨ ਨੇਤਰਹੀਨ ਬਿਰਧ ਆਸ਼ਰਮ ਅਤੇ ਸੰਗੀਤ ਅਕੈਡਮੀ ਸਪਰੋੜ ਵਿਖੇ ਇਲਾਕੇ ਦੀਆਂ ਸਮੂਹ ਗੁਰਦੁਆਰਾ ਕਮੇਟੀਆਂ ਦੇ ਸਹਿਯੋਗ ਸਦਕਾ 37ਵਾਂ ਸਾਲਾਨਾ ਧਾਰਮਿਕ ਸਮਾਗਮ ਹਰ ਸਾਲ ਦੀ ਤਰ੍ਹਾਂ ਬੜੀ ਸ਼ਰਧਾ 'ਤੇ ਉਤਸ਼ਾਹ ਦੇ ਨਾਲ ਕਰਵਾਇਆ ਗਿਆ। ਆਸ਼ਰਮ ਦੇ ਸੰਚਾਲਕ ਬਾਬਾ ਮੁਖਤਿਆਰ ਸਿੰਘ ਦੀ ਅਗਵਾਈ ਹੇਠ ਸਵੇਰੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਕੀਰਤਨ ਦਰਬਾਰ ਸਜਾਇਆ ਗਿਆ। ਜਿਸ ਵਿੱਚ ਭਾਈ ਬਲਜਿੰਦਰ ਸਿੰਘ, ਭਾਈ ਸਨਬੀਰ ਸਿੰਘ ਜਲੰਧਰ, ਭਾਈ ਜੈਦੀਪ ਸਿੰਘ ਕਥਾ ਵਾਚਕ ਫਗਵਾੜਾ, ਭਾਈ ਜਬਰਤੋੜ ਸਿੰਘ ਹਜ਼ੂਰੀ ਰਾਗੀ ਦਰਬਾਰ ਸਾਹਿਬ ਅੰਮ੍ਰਿਤਸਰ, ਭਾਈ ਸ਼ਮਸ਼ੇਰ ਸਿੰਘ, ਭਾਈ ਦਵਿੰਦਰ ਸਿੰਘ ਸੋਢੀ ਲੁਧਿਆਣਾ ਤੋਂ ਇਲਾਵਾ ਨੇਤਰਹੀਣ ਬਿਰਧ ਆਸ਼ਰਮ ਸੰਗੀਤ ਅਕੈਡਮੀ ਦੇ ਬੱਚੇ ਅਤੇ ਬੱਚੀਆਂ ਨੇ ਹਾਜ਼ਰੀ ਭਰਦੇ ਹੋਏ ਸੰਗਤਾਂ ਨੂੰ ਕਥਾ, ਕੀਰਤਨ ਅਤੇ ਗੁਰੂ ਸ਼ਬਦ ਨਾਲ ਜੋੜਿਆ। ਵੱਖ-ਵੱਖ ਸੰਤ ਮਹਾਪੁਰਸ਼ਾਂ ਵਿੱਚ ਸੰਤ ਬਾਬਾ ਬਲਵਿੰਦਰ ਸਿੰਘ ਹਜ਼ੂਰ ਸਾਹਿਬ ਨੰਦੇੜ ਵਾਲੇ, ਸੰਤ ਬਾਬਾ ਸਤਨਾਮ ਸਿੰਘ ਕਿਲ੍ਹਾ ਆਨੰਦਗੜ੍ਹ ਸ਼੍ਰੀ ਆਨੰਦਪੁਰ ਸਾਹਿਬ, ਸੰਤ ਬਾਬਾ ਗੁਰਬਚਨ ਸਿੰਘ ਪੰਡਵਾ ਵਾਲੇ, ਸੰਤ ਬਾਬਾ ਤਲਵਿੰਦਰ ਸਿੰਘ ਪਰਮੇਸ਼ਰ ਭੋਗਪੁਰ, ਸੰਤ ਬਾਬਾ ਤੀਰਥ ਸਿੰਘ 8ਵੀਂ ਅੰਸ ਬੰਸ ਭਾਈ ਜੀਵਨ ਸਿੰਘ ਜੀ ਆਦਿ ਨੇ ਸੰਗਤਾਂ ਨੂੰ ਪ੍ਰਵਚਨਾਂ ਰਾਹੀਂ ਨਿਹਾਲ ਕੀਤਾ। ਇਸ ਦੌਰਾਨ ਧਾਰਮਿਕ ਕਵੀ ਦਰਬਾਰ ਵੀ ਕਰਵਾਇਆ ਗਿਆ। ਸਾਲਾਨਾ ਸਮਾਗਮ ਦੌਰਾਨ ਡਾ. ਮਿੱਤਰਾ ਅੱਖਾਂ ਦਾ ਹਸਪਤਾਲ ਫਗਵਾੜਾ ਦੇ ਸਹਿਯੋਗ ਸਦਕਾ ਅੱਖਾਂ ਦਾ ਫਰੀ ਚੈਕਅਪ ਅਤੇ ਆਪ੍ਰੇਸ਼ਨ ਕੈਂਪ, ਡਾ. ਸੰਦੀਪ ਸ਼ਰਮਾ ਨੇ ਹੋਮਿਓਪੈਥੀ ਕੈਂਪ, ਡਾ. ਵਸੀਮ ਅਹਿਮਦ (ਖਾਨ ਹਸਪਤਾਲ) ਨੇ ਹੱਡੀ ਰੋਗਾਂ ਦਾ ਕੈਂਪ, ਡਾ. ਅਮਨਦੀਪ ਕੌਰ ਐਮ.ਡੀ. (ਸੁਪਰ ਸਪੈਸ਼ਲਿਟੀ ਹਸਪਤਾਲ) ਵੱਲੋਂ ਵੀ ਕੈਂਪ ਲਗਾ ਕੇ ਲੋੜਵੰਦ ਮਰੀਜ਼ਾਂ ਦਾ ਚੈੱਕਅਪ ਕਰਕੇ ਲੋੜ ਅਨੁਸਾਰ ਦਵਾਈਆਂ ਦਿੱਤੀਆਂ। ਬਲੱਡ ਬੈਂਕ ਸਿਵਲ ਹਸਪਤਾਲ ਜਲੰਧਰ ਦੇ ਸਹਿਯੋਗ ਨਾਲ ਖ਼ੂਨਦਾਨ ਕੈਂਪ ਵੀ ਲਗਾਇਆ ਗਿਆ। ਸਮਾਗਮ ਦੌਰਾਨ ਸੰਗਤਾਂ ਲਈ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ। ਪ੍ਰਬੰਧਕਾਂ ਵਲੋਂ ਪਹੁੰਚੀਆਂ ਪ੍ਰਮੁੱਖ ਸ਼ਖਸੀਅਤਾਂ ਨੂੰ ਗੁਰੂ ਬਖਸ਼ਿਸ਼ ਸਿਰੋਪੇ ਅਤੇ ਸਨਮਾਨ ਚਿੰਨ੍ਹ ਭੇਟ ਕਰਕੇ ਸਨਮਾਨਤ ਕੀਤਾ ਗਿਆ ਇਸ ਮੌਕੇ ਸੁਰਿੰਦਰ ਪਾਲ ਸਿੰਘ ਤਹਿਸੀਲਦਾਰ ਸਪਰੋੜ, ਕੁਲਵੰਤ ਸਿੰਘ ਸਪਰੋੜ, ਸੰਤ ਬਾਬਾ ਕਮਲੇਸ਼ ਗਿਰੀ, ਕੁਲਦੀਪ ਸਿੰਘ ਜੌਹਲ ਸਪਰੋੜ, ਕੁਲਦੀਪ ਰਾਮ ਸਪਰੋੜ, ਪਰਮਿੰਦਰ ਸਿੰਘ ਲਾਡੀ ਨੰਗਲ ਮੱਝਾ, ਹਰਵਿੰਦਰ ਸਿੰਘ ਪ੍ਰਧਾਨ ਨੰਗਲ ਮੱਝਾ, ਭਾਈ ਜਤਿੰਦਰ ਸਿੰਘ ਪਿਪਲੀ ਸਾਹਿਬ, ਸੁਰਜੀਤ ਸਿੰਘ ਖਾਲਸਾ, ਬਾਬਾ ਮਹਿੰਦਰ ਸਿੰਘ ਨਿਹੰਗ ਚਿਹੇੜੂ, ਬਾਬਾ ਅਮਰਜੀਤ ਸਿੰਘ ਚਿਹੇੜੂ, ਸਤਪਾਲ ਸਿੰਘ ਸਰਪੰਚ ਸਲੇਮਪੁਰ, ਜੱਥੇਦਾਰ ਤਜਿੰਦਰ ਸਿੰਘ ਪਲਾਹੀ, ਬਲਵੀਰ ਸਿੰਘ ਗੰਡਵਾ, ਹਰਜੀਤ ਸਿੰਘ ਗੰਡਵਾ, ਇਕਬਾਲ ਸਿੰਘ ਭਾਈ ਘਨੱਈਆ ਜੀ ਸੇਵਾ ਸਿਮਰਨ ਕੇਂਦਰ, ਸੁਰਜੀਤ ਸਿੰਘ ਖਾਲਸਾ, ਭਾਈ ਲਾਲ ਸਿੰਘ ਅਕਾਲਗੜ੍ਹ, ਭਾਈ ਦਲਜੀਤ ਸਿੰਘ ਹੈੱਡ ਗ੍ਰੰਥੀ ਚੋੜਾ ਖੂਹ ਸਮੇਤ ਵੱਡੀ ਗਿਣਤੀ ਵਿੱਚ ਇਲਾਕੇ ਭਰ ਦੀਆਂ ਸੰਗਤਾਂ ਹਾਜ਼ਰ ਸਨ।



# ਐੱਚ ਪੀ ਵੀ ਟੀਕਾਕਰਣ ਮੁਹਿੰਮ ਲਈ ਮੀਡੀਆ ਦਾ ਸਹਿਯੋਗ ਜ਼ਰੂਰੀ : ਐੱਨ ਐੱਚ ਐੱਮ ਹਰਿਆਣਾ

**ਚੰਡੀਗੜ੍ਹ, (ਕ੍ਰਿਸ਼ਨ ਗਰਗ)**- ਨੈਸ਼ਨਲ ਹੈਲਥ ਮਿਸ਼ਨ, ਹਰਿਆਣਾ ਦੇ ਮਿਸ਼ਨ ਨਿਦੇਸ਼ਕ ਨੇ ਰਾਜ ਵਿੱਚ ਚਲਾਏ ਜਾ ਰਹੇ ਐਚਪੀਵੀ (ਹਿਊਮਨ ਪੈਪਿਲੋਮਾ ਵਾਇਰਸ) ਟੀਕਾਕਰਣ ਮੁਹਿੰਮ ਦੀ ਸਫਲਤਾ ਲਈ ਮੀਡੀਆ ਤੇ ਜਨਸੰਪਰਕ ਸਰੋਤਾਂ ਨਾਲ ਸਹਿਯੋਗ ਦੀ ਅਪੀਲ ਕੀਤੀ ਹੈ। ਉਨ੍ਹਾਂ ਨੇ ਇੱਥੇ ਜਾਰੀ ਬਿਆਨ ਵਿੱਚ ਦਸਿਆ ਕਿ ਭਾਰਤ ਸਰਕਾਰ ਨੇ ਐੱਚ ਪੀ ਵੀ ਵੈਕਸੀਨ ਨੂੰ ਨਿਯਮਤ ਟੀਕਾਕਰਣ ਪ੍ਰੋਗਰਾਮ ਵਿੱਚ ਸ਼ਾਮਿਲ ਕਰਨ ਦਾ ਫੈਸਲਾ ਕੀਤਾ ਹੈ। ਵਿਸ਼ਵ ਪੱਧਰ 'ਤੇ ਸਰਵਾਈਕਲ ਕੈਂਸਰ ਮਹਿਲਾਵਾਂ ਵਿੱਚ ਚੌਥਾ ਸੱਭ ਤੋਂ ਆਮ ਕੈਂਸਰ ਹੈ, ਜਦੋਂ ਕਿ ਭਾਰਤ ਵਿੱਚ ਇਹ ਮਹਿਲਾਵਾਂ ਵਿੱਚ ਹੋਣ ਵਾਲਾ ਦੂਜਾ ਸੱਭ ਤੋਂ ਵੱਡਾ ਕੈਂਸਰ ਹੈ। ਮਾਹਰਾਂ ਅਨੁਸਾਰ ਜਿਆਦਾਤਰ ਸਰਵਾਈਕਲ ਕੈਂਸਰ ਦੇ ਮਾਮਲੇ ਜਨਨਾਂਗ ਮਾਰਗ ਵਿੱਚ ਉੱਚ ਜੋਖਿਮ ਵਾਲੇ ਹਿਯੂਮਲ ਪੈਪਿਲੋਕਾ ਵਾਇਰਸ ਸੰਕ੍ਰਮਣ ਦੇ ਕਾਰਨ ਹੁੰਦੇ ਹਨ। ਉਨ੍ਹਾਂ ਨੇ ਦਸਿਆ ਕਿ ਐਚਪੀਵੀ ਵੈਕਸੀਨ ਦਾ ਵਿਸ਼ੇਸ਼ ਮੁਹਿੰਮ 28 ਫਰਵਰੀ, 2026 ਤੋਂ ਸ਼ੁਰੂ ਕੀਤੀ ਗਈ ਹੈ, ਜੋ ਤਿੰਨ ਮਹੀਨੇ ਤੱਕ ਚੱਲੇਗੀ।

# ਸੀ ਪੀ ਆਈ (ਐੱਮ) ਵੱਲੋਂ ਰੈਲੀ 24 ਨੂੰ

**20 ਮਾਰਚ ਤੱਕ ਪੰਜਾਬ ਭਰ ਵਿੱਚ ਜੱਥਾ ਮਾਰਚ ਕੀਤਾ ਜਾਵੇਗਾ : ਕਾਮਰੇਡ ਸੁਖਵਿੰਦਰ ਸਿੰਘ ਸੇਖੋਂ**

**ਜਲੰਧਰ (ਰਾਜੇਸ਼ ਥਾਪਾ)**- ਭਾਰਤ ਦੀ ਕਮਿਊਨਿਸਟ ਪਾਰਟੀ (ਮਾਰਕਸਵਾਦੀ) ਸੀ ਪੀ ਆਈ (ਐੱਮ) ਵੱਲੋਂ ਮੋਦੀ ਸਰਕਾਰ ਦੀਆਂ ਲੋਕ ਵਿਰੋਧੀ ਫਿਰਕੂ ਅਤੇ ਕਾਰਪੋਰੇਟ ਪੱਖੀ ਨੀਤੀਆਂ ਵਿਰੁੱਧ ਵਿਸ਼ਾਲ ਜਨਤਕ ਸੰਘਰਸ਼ ਕਰਨ ਲਈ 24 ਮਾਰਚ ਨੂੰ ਰਾਮਲੀਲਾ ਗਰਾਊਂਡ ਨਵੀਂ ਦਿੱਲੀ ਵਿਖੇ ਇੱਕ ਰੋਹ ਭਰੀ ਰੈਲੀ ਕੀਤੀ ਜਾ ਰਹੀ ਹੈ ਜਿਸ ਵਿੱਚ ਦੇਸ਼ ਭਰ ਵਿੱਚੋਂ ਲੱਖਾਂ ਲੋਕ ਸ਼ਾਮਿਲ ਹੋਣਗੇ। ਇਹ ਜਾਣਕਾਰੀ ਸੀ ਪੀ ਆਈ ( ਐੱਮ ) ਦੇ ਸੂਬਾ ਸਕੱਤਰ ਤੇ ਕੇਂਦਰੀ ਕਮੇਟੀ ਮੈਂਬਰ ਕਾਮਰੇਡ ਸੁਖਵਿੰਦਰ ਸਿੰਘ ਸੇਖੋਂ ਨੇ ਇੱਥੇ ਪ੍ਰੈਸ ਕਲੱਬ ਜਲੰਧਰ ਵਿਖੇ ਇੱਕ ਭਰੀ ਹੋਈ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦੇ ਹੋਏ ਦਿੱਤੀ। ਕਾਮਰੇਡ ਸੇਖੋਂ ਨੇ ਦੱਸਿਆ ਕਿ ਨਵੀਂ ਦਿੱਲੀ ਰੈਲੀ ਵਿੱਚ ਪੰਜਾਬ ਵਿੱਚੋਂ ਵੀ ਹਜ਼ਾਰਾਂ ਮਜ਼ਦੂਰ ਕਿਸਾਨ ਤੇ ਹੋਰ ਮਿਹਨਤਕਸ਼ ਲੋਕ ਸ਼ਾਮਿਲ ਹੋਣਗੇ। ਕਾਮਰੇਡ ਸੇਖੋਂ ਨੇ ਅੱਗੇ ਦੱਸਿਆ ਕਿ ਨਵੀਂ ਦਿੱਲੀ ਰੈਲੀ ਲਈ ਜਨਤਕ ਲਾਮਬੰਦੀ ਕਰਨ ਲਈ ਪੰਜਾਬ ਦੀ ਪਾਰਟੀ ਵੱਲੋਂ ਪੰਜਾਬ ਭਰ ਵਿੱਚ 11 ਮਾਰਚ ਤੋਂ 20 ਮਾਰਚ ਤੱਕ ਜਥਾ ਮਾਰਚ ਕੀਤਾ ਜਾਵੇਗਾ । ਇਹ ਜਥਾ ਮਾਰਚ 11 ਮਾਰਚ ਨੂੰ ਗਦਰੀ ਬਾਬਿਆਂ ਦੇ ਪਿੰਡ ਸੁਰ ਸਿੰਘ ਤੋਂ ਆਰੰਭ ਹੋਵੇਗਾ ਤੇ ਪੰਜਾਬ ਦੇ ਸੈਂਕੜੇ ਪਿੰਡਾਂ ਵਿੱਚ ਰੈਲੀਆਂ , ਜਲਸੇ , ਮੀਟਿੰਗਾਂ ਕਰਦਾ ਹੋਇਆ 20 ਮਾਰਚ ਨੂੰ ਸ਼ਹੀਦ-ਏ-ਆਜ਼ਮ ਸਰਦਾਰ ਭਗਤ ਸਿੰਘ ਦੇ ਜੱਦੀ ਪਿੰਡ ਖਟਕੜ ਕਲਾਂ ਪੁੱਜ ਕੇ ਸਮਾਪਤ ਹੋਵੇਗਾ । ਜਥਾ ਮਾਰਚ ਦੌਰਾਨ ਪੰਜਾਬ ਦੇ ਸਮੂਹ ਲੋਕਾਂ ਨੂੰ '24 ਮਾਰਚ ਨੂੰ ਦਿੱਲੀ ਚਲੋ ' ਦਾ ਹੋਕਾ ਦਿੱਤਾ ਜਾਵੇਗਾ। ਇਸ ਮੰਤਵ ਲਈ ਪਾਰਟੀ ਵੱਲੋਂ ਲੋਕਾਂ ਦੀਆਂ ਮੰਗਾਂ ਦੀ ਜਾਣਕਾਰੀ ਦਿੰਦੇ ਹੋਏ ਛਪੇ ਹੋਏ ਪੈਂਫਲੈਟ ਅਤੇ ਪਰਚੇ ਲੱਖਾਂ ਦੀ ਗਿਣਤੀ ਵਿੱਚ ਲੋਕਾਂ ਵਿੱਚ ਵੰਡੇ ਜਾਣਗੇ ਕਾਮਰੇਡ ਸੇਖੋਂ ਨੇ ਜਥਾ ਮਾਰਚ ਤੇ ਨਵੀਂ ਦਿੱਲੀ ਰੈਲੀ ਦੀਆਂ ਮੰਗਾਂ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਹਨਾਂ ਸੰਘਰਸ਼ੀ ਐਕਸ਼ਨਾਂ ਵਿੱਚ ਮੰਗ ਕੀਤੀ ਜਾਵੇਗੀ ਕਿ ਮਜ਼ਦੂਰ ਜਮਾਤ ਵਿਰੋਧੀ ਚਾਰ ਲੇਬਰ ਕੋਡ ਵਾਪਸ ਲਏ ਜਾਣ , ਮਨਰੇਗਾ ਕਾਨੂੰਨ ਬਚਾਓ ਅਤੇ ਵੀਬੀ ਜੀ ਰਾਮ ਜੀ ਵਾਪਸ ਲਓ , ਬਿਜਲੀ ਸੋਧ ਬਿਲ 2025 ਵਾਪਸ ਲਓ , ਬੀਜ ਬਿਲ 2026 ਵਾਪਸ ਲਓ , ਭਾਰਤ ਅਮਰੀਕਾ ਵਪਾਰ ਸਮਝੌਤਾ ਰੱਦ ਕੀਤਾ ਜਾਵ।



# ਡੈਮੋਕ੍ਰੇਟਿਕ ਮੁਲਾਜ਼ਮ ਫੈਡਰੇਸ਼ਨ ਦਾ ਜਥਾ ਵਿਧਾਨ ਸਭਾ ਵੱਲ ਮਾਰਚ ਲਈ ਰਵਾਨਾ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**- ਪੰਜਾਬ ਮੁਲਾਜ਼ਮ ਤੇ ਪੈਨਸ਼ਨਰਜ਼ ਸਾਂਝੇ ਮੋਰਚੇ ਵੱਲੋਂ 8 ਤੋਂ 11 ਮਾਰਚ ਤੱਕ ਚੰਡੀਗੜ੍ਹ ਵਿਖੇ ਪੰਜਾਬ ਵਿਧਾਨ ਸਭਾ ਦੇ ਬਜਟ ਸੈਸ਼ਨ ਦੌਰਾਨ ਆਪਣੀਆਂ ਮੰਗਾਂ ਲਈ ਵਿਧਾਨ ਸਭਾ ਵੱਲ ਕੀਤੇ ਜਾਣ ਵਾਲੇ ਰੋਸ ਮਾਰਚ ਵਿੱਚ ਭਾਗ ਲੈਣ ਲਈ ਮੁਲਾਜ਼ਮਾਂ ਦਾ ਜਥਾ ਡੈਮੋਕ੍ਰੇਟਿਕ ਮੁਲਾਜ਼ਮ ਫੈਡਰੇਸ਼ਨ (ਡੀ ਐੱਮ ਐੱਫ਼) ਦੇ ਜ਼ਿਲ੍ਹਾ ਪ੍ਰਧਾਨ ਮਨਜੀਤ ਸਿੰਘ ਦਸੂਹਾ, ਪੁਰਾਣੀ ਪੈਨਸ਼ਨ ਪ੍ਰਾਪਤੀ ਫ਼ਰੰਟ ਪੰਜਾਬ (ਪੀ ਪੀ ਪੀ ਐੱਫ਼) ਦੇ ਦੋਆਬਾ ਜੋਨ ਦੇ ਕਨਵੀਨਰ ਇੰਦਰ ਸੁਖਦੀਪ ਸਿੰਘ ਓਢਰਾ, ਡੈਮੋਕ੍ਰੇਟਿਕ ਟੀਚਰਜ਼ ਫ਼ਰੰਟ (ਡੀ ਟੀ ਐੱਫ਼) ਦੇ ਜੁਆਇੰਟ ਸਕੱਤਰ ਪ੍ਰਵੀਨ ਸ਼ੇਰਪੁਰ ਅਤੇ ਡੈਮੋਕ੍ਰੇਟਿਕ ਜੰਗਲਾਤ ਮੁਲਾਜ਼ਮ ਯੂਨੀਅਨ ਦੇ ਜਨਰਲ ਸਕੱਤਰ ਸ਼ਿਵ ਦਿਆਲ ਆਦਿ ਆਗੂਆਂ ਦੀ ਅਗਵਾਈ ਹੇਠ ਹੁਸ਼ਿਆਰਪੁਰ ਤੋਂ ਚੰਡੀਗੜ੍ਹ ਲਈ ਰਵਾਨਾ ਹੋਇਆ। ਰਵਾਨਾ ਹੋਣ ਸਮੇਂ ਆਗੂਆਂ ਨੇ ਦੱਸਿਆ ਕਿ ਸਰਕਾਰ ਵੱਲੋਂ ਪੰਜਾਬ ਦੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਨੂੰ ਭਰੋਸਾ ਦਿੱਤਾ ਸੀ ਕਿ ਮਾਣਭੱਤਾ ਵਰਕਰਾਂ ਦੀਆਂ ਉਜਰਤਾਂ ਵਿੱਚ ਵਾਧਾ ਕੀਤਾ ਜਾਵੇਗਾ ਅਤੇ ਕੱਚੇ ਮੁਲਾਜ਼ਮ ਪੱਕੇ ਕੀਤੇ ਜਾਣਗੇ, ਛੇਵੇਂ ਪੰਜਾਬ ਤਨਖਾਹ ਕਮਿਸ਼ਨ ਨੂੰ ਸੋਧ ਕੇ ਮੁਲਾਜ਼ਮ ਤੇ ਪੈਨਸ਼ਨਰ ਪੱਖੀ ਬਣਾਇਆ ਜਾਵੇਗਾ ਅਤੇ ਪੁਰਾਣੀ ਪੈਨਸ਼ਨ ਸਕੀਮ ਬਹਾਲ ਕੀਤੀ ਜਾਵੇਗੀ ਅਤੇ ਪੰਜਾਬ ਦੇ ਪੇਂਡੂ ਭੱਤਾ, ਸਫਰੀ ਭੱਤਾ ਤੇ ਬਾਰਡਰ ਏਰੀਆ ਭੱਤੇ ਸਮੇਤ ਕੱਟੇ ਗਏ 37 ਕਿਸਮਾਂ ਦੇ ਭੱਤੇ ਅਤੇ ਏ.ਸੀ.ਪੀ. (4-9-14 ਸਾਲਾਂ ਲਾਭ) ਆਦਿ ਬਹਾਲ ਕੀਤੇ ਜਾਣਗੇ, ਪ੍ਰੰਤੂ ਅਜੇ ਤੱਕ ਇਹ ਸਾਰੇ ਮਾਮਲੇ ਜਿਉਂ ਦੇ ਤਿਉਂ ਖੜ੍ਹੇ ਹਨ। ਉਨ੍ਹਾਂ ਕਿਹਾ ਕਿ ਸਰਕਾਰ ਮੁਲਾਜ਼ਮ ਮੰਗਾਂ ਦਾ ਜਲਦ ਹੱਲ ਕਰੇ ਨਹੀਂ ਤਾਂ ਉਸ ਨੂੰ ਮੁਲਾਜ਼ਮਾਂ ਦੇ ਵੱਡੇ ਰੋਹ ਦਾ ਸਾਹਮਣਾ ਕਰਨਾ ਪਵੇਗਾ। ਇਸ ਜਥੇ ਵਿੱਚ ਮਨਜੀਤ ਸਿੰਘ ਬਾਬਾ, ਰੇਸ਼ਮ ਸਿੰਘ ਧੁੱਗਾ, ਵਰਿੰਦਰ ਸੈਣੀ, ਡਾ. ਸੰਜੀਵ ਕਲਸੀ, ਮਹਿੰਦਰਪਾਲ ਜੋਗੀਆਣਾ, ਜਗਤਾਰ ਸਿੰਘ, ਪਰਮਜੀਤ ਸਿੰਘ ਬੋਦਲ ਅਤੇ ਸੁਰਿੰਦਰ ਕੁਮਾਰ ਪੰਡੋਰੀ ਆਦਿ ਆਗੂ ਵੀ ਸ਼ਾਮਿਲ ਸਨ।



# 'ਪੋਸ਼ਣ ਵੀ ਅਤੇ ਪੜ੍ਹਾਈ ਵੀ' ਅਭਿਆਨ ਤਹਿਤ 620 ਆਂਗਣਵਾੜੀ ਵਰਕਰਾਂ ਨੂੰ ਸਿਖ਼ਲਾਈ ਪ੍ਰਦਾਨ

**ਜਲੰਧਰ, (ਸੁਰਿੰਦਰ ਕੁਮਾਰ)**- ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਵਿਭਾਗ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਆਂਗਣਵਾੜੀ ਵਰਕਰਾਂ ਦੀ ਸਮਰੱਥਾ ਵਿੱਚ ਵਾਧਾ ਕਰਨ ਦੇ ਉਦੇਸ਼ ਨਾਲ ਸ਼ੁਰੂ ਕੀਤੇ 'ਪੋਸ਼ਣ ਵੀ ਅਤੇ ਪੜ੍ਹਾਈ ਵੀ' ਅਭਿਆਨ ਤਹਿਤ ਜ਼ਿਲ੍ਹਾ ਜਲੰਧਰ ਵਿਖੇ 620 ਆਂਗਣਵਾੜੀ ਵਰਕਰਾਂ ਨੂੰ ਸਿਖ਼ਲਾਈ ਪ੍ਰਦਾਨ ਕੀਤੀ ਗਈ। ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਮਨਜਿੰਦਰ ਸਿੰਘ ਨੇ ਇਸ ਸਬੰਧੀ ਵਧੇਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਅਭਿਆਨ ਤਹਿਤ 100-100 ਆਂਗਣਵਾੜੀ ਵਰਕਰਾਂ ਦੇ ਬੈਚ ਨੂੰ ਸਥਾਨਕ ਗਾਂਧੀ ਵਨੀਤਾ ਆਸ਼ਰਮ ਸਥਿਤ ਟ੍ਰੇਨਿੰਗ ਕੇਂਦਰ ਵਿਖੇ ਸਿਖ਼ਲਾਈ ਦਿੱਤੀ ਗਈ ਹੈ। ਸਿਖ਼ਲਾਈ ਦੀ ਮਹੱਤਤਾ 'ਤੇ ਚਾਨਣਾ ਪਾਉਂਦਿਆਂ ਉਨ੍ਹਾਂ ਕਿਹਾ ਕਿ 3 ਤੋਂ 6 ਸਾਲ ਦੇ ਬੱਚਿਆਂ ਦੇ ਸਮੁੱਚੇ ਵਿਕਾਸ ਲਈ ਮੁੱਖ ਚੀਜ਼ ਪੋਸ਼ਣ ਤੇ ਪੜ੍ਹਾਈ 'ਤੇ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਆਂਗਣਵਾੜੀ ਕੇਂਦਰ ਬੱਚਿਆਂ ਦੀ ਸਿਹਤ ਅਤੇ ਸ਼ੁਰੂਆਤੀ ਸਿੱਖਿਆ ਦੀ ਨੀਂਹ ਹਨ, ਇਸ ਲਈ ਵਰਕਰਾਂ ਨੂੰ ਵਿਗਿਆਨਕ ਅਤੇ ਬਾਲ-ਕੇਂਦਰਿਤ ਤਰੀਕਿਆਂ ਨਾਲ ਟ੍ਰੇਨਿੰਗ ਦੇਣਾ ਬਹੁਤ ਜ਼ਰੂਰੀ ਹੈ। ਉਨ੍ਹਾਂ ਦੱਸਿਆ ਕਿ ਟ੍ਰੇਨਿੰਗ ਦੌਰਾਨ ਪ੍ਰਥਮ ਟੀਮ ਸੋਨਾਲੀ (ਜ਼ਿਲ੍ਹਾ ਕੋਆਡੀਨੇਟਰ) ਤੇ ਮੁਨੀਸ਼ਾ ਬੱਧਣ (ਬਲਾਕ ਕੋਆਡੀਨੇਟਰ) ਵੱਲੋਂ ਆਂਗਣਵਾੜੀ ਕੇਂਦਰਾਂ ਦੀ ਵਰਕਿੰਗ, ਬੱਚਿਆਂ ਦੀ ਪੋਸ਼ਣ ਸਥਿਤੀ ਦੀ ਨਿਗਰਾਨੀ, ਸ਼ੁਰੂਆਤੀ ਬਾਲ ਸਿੱਖਿਆ, ਖੇਡ ਦਾ ਅਰਥ, ਖੇਡ ਆਧਾਰਿਤ ਸਿੱਖਣ ਦੀਆਂ ਵਿਧੀਆਂ ਅਤੇ ਬੱਚਾ ਕੇਂਦਰਿਤ ਗਤੀਵਿਧੀਆਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ।

